ਵੀਰਵਾਰ, 3 ਸਤੰਬਰ, 2026

18 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 75

ਅੰਕ/NO. : 93

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • THURSDAY, 3 SEPTEMBER, 2026

ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਦਿੱਲੀ ਵਾਂਗ ਚੱਲੇਗਾ ਮੁਹਾਲੀ-ਚੰਡੀਗੜ੍ਹ ਦਾ ਮੋਰਚਾ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ) :** ਸੰਯੁਕਤ ਕਿਸਾਨ ਮੋਰਚੇ ਵੱਲੋਂ ਮੁਹਾਲੀ ਦੇ ਫੇਜ਼ 11 ਤੋਂ ਲੈ ਕੇ ਚੰਡੀਗੜ੍ਹ ਦੇ ਸੈਕਟਰ 48 ਤੱਕ ਸੜਕ ਦੇ ਇੱਕ ਪਾਸੇ ਸੈਂਕੜੇ ਟਰੈਕਟਰ-ਟਰਾਲੀਆਂ ਖੜ੍ਹੀਆਂ ਕਰ ਕੇ ਪੱਕੇ ਡੇਰੇ ਲਾਏ ਜਾਣ ਕਾਰਨ ਮੁਹਾਲੀ ਪੁਲਸ ਨੇ ਸੜਕ ਦਾ ਇੱਕ ਪਾਸਾ ਮੁਕੰਮਲ ਤੌਰ ’ਤੇ ਬੰਦ ਕਰ ਦਿੱਤਾ ਹੈ। ਚੰਡੀਗੜ੍ਹ ਪੁਲਸ ਨੇ ਸੈਕਟਰ 48 ਦੀ ਸੜਕ ’ਤੇ ਕਿਸਾਨਾਂ ਦੀ ਸਟੇਜ ਅਤੇ ਪੰਡਾਲ ਦੇ ਪਿਛਲੇ ਪਾਸੇ ਕੰਡੇਦਾਰ ਤਾਰਾਂ ਦੀ ਤੀਹਰੀ ਬੈਰੀਕੇਡਿੰਗ ਕਰ ਦਿੱਤੀ ਹੈ ਅਤੇ ਇੱਥੇ ਆਰ ਏ ਐੱਫ ਦੇ ਜਵਾਨ ਤਾਇਨਾਤ ਕੀਤੇ ਗਏ ਹਨ। ਹਾਲਾਂਕਿ, ਕਿਸਾਨ ਆਗੂਆਂ ਨੇ ਭਰੋਸਾ ਦਿੱਤਾ ਹੈ ਕਿ ਉਹ ਆਵਾਜਾਈ ਵਿੱਚ ਕੋਈ ਵਿਘਨ ਨਹੀਂ ਪੈਣ ਦੇਣਗੇ ਅਤੇ ਸੜਕ ਦੇ ਦੂਜੇ ਹਿੱਸੇ ’ਤੇ ਟਰੈਫਿਕ ਚਾਲੂ ਰੱਖਣ ਲਈ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦੇਣਗੇ। ਸੰਯੁਕਤ ਕਿਸਾਨ ਮੋਰਚੇ ਨੇ ਕਿਸਾਨੀ ਅਤੇ ਪੰਜਾਬ ਨਾਲ ਸੰਬੰਧਤ ਭਖਦੇ ਮੁੱਦਿਆਂ ’ਤੇ ਚੰਡੀਗੜ੍ਹ-ਮੁਹਾਲੀ ਹੱਦ ’ਤੇ ਸੱਤ ਦਿਨਾ ਪੱਕਾ ਮੋਰਚਾ ਸ਼ੁਰੂ ਕੀਤਾ ਹੈ। ਪੰਜਾਬ ਭਰ ਤੋਂ ਸੈਂਕੜੇ ਟਰੈਕਟਰ-ਟਰਾਲੀਆਂ ਲੈ ਕੇ ਪਹੁੰਚੇ ਕਿਸਾਨਾਂ ਨੇ 2 ਕਿੱਲੋਮੀਟਰ ਤੋਂ ਵੱਧ ਲੰਮੇ ਖੇਤਰ ਵਿੱਚ ਆਪਣੇ ਰਹਿਣ-ਸਹਿਣ ਦਾ ਪੂਰਾ ਇੰਤਜ਼ਾਮ ਕਰ ਲਿਆ ਹੈ। ਇਸ ਮੋਰਚੇ ਵਿੱਚ ਕਿਸਾਨਾਂ ਦੇ ਨਾਲ-ਨਾਲ ਔਰਤਾਂ ਵੀ ਬਹੁਤ ਵੱਡੀ ਗਿਣਤੀ ਵਿੱਚ ਸ਼ਾਮਲ ਹਨ। ਇਸ ਦੌਰਾਨ ਏਅਰਪੋਰਟ ਰੋਡ ’ਤੇ ਕਿਸਾਨਾਂ ਦੇ ਵੱਡੀ ਗਿਣਤੀ ਟਰੈਕਟਰ-ਟਰਾਲੀਆਂ ਦੇਖਣ ਨੂੰ ਮਿਲ ਰਹੇ ਹਨ।



ਕਿਸਾਨ ਆਗੂਆਂ ਨੇ ਦੱਸਿਆ ਕਿ ਦਿੱਲੀ ਮੋਰਚੇ ਦੀ ਤਰਜ਼ ’ਤੇ ਰੋਜ਼ਾਨਾ ਚਾਰ ਘੰਟੇ ਸਟੇਜ ਚਲਾਈ ਜਾਵੇਗੀ, ਜਿਸ ਦਾ ਮੰਚ ਸੰਚਾਲਨ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦੇ ਵਾਰੋ-ਵਾਰੀ ਕਰਨਗੇ। ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਨੇ ਸਪੱਸ਼ਟ ਕੀਤਾ ਕਿ ਉਗਰਾਹਾਂ ਧੜੇ ਨੂੰ ਛੱਡ ਕੇ ਸੰਯੁਕਤ ਕਿਸਾਨ ਮੋਰਚੇ ਦੀਆਂ ਬਾਕੀ ਸਾਰੀਆਂ ਜਥੇਬੰਦੀਆਂ ਇਸ ਸੰਘਰਸ਼ ਵਿੱਚ ਸਰਗਰਮੀ ਨਾਲ ਸ਼ਾਮਲ ਹਨ।

ਕਿਸਾਨਾਂ ਦੀਆਂ ਮੁੱਖ ਮੰਗਾਂ ਹਨ : ਪੰਜਾਬ ਦੇ ਪਾਣੀਆਂ ਦੇ ਸਮਝੌਤੇ ਰੱਦ ਕੀਤੇ ਜਾਣ, ਸਾਰੀਆਂ ਫਸਲਾਂ ’ਤੇ ਐੱਮ ਐੱਸ ਪੀ ਦੀ ਕਾਨੂੰਨੀ ਗਾਰੰਟੀ ਦਿੱਤੀ ਜਾਵੇ, ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਬੀ ਬੀ ਐੱਮ ਬੀ ਵਿੱਚ ਪੰਜਾਬ ਦੀ ਸਥਾਈ ਮੈਂਬਰੀ ਬਹਾਲ ਕੀਤੀ ਜਾਵੇ।

ਇਸ ਤੋਂ ਇਲਾਵਾ, ਕਿਸਾਨ ਜਥੇਬੰਦੀਆਂ ਨੇ ਪੰਜਾਬ ਸਰਕਾਰ ਵੱਲੋਂ ਹੜਤਾਲੀ ਮੁਲਾਜ਼ਮਾਂ ਦੀਆਂ ਬਦਲੀਆਂ ਕਰਨ ਅਤੇ ਉਨ੍ਹਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਦੀ ਸਖਤ ਨਿਖੇਧੀ ਕਰਦਿਆਂ ਮੁਲਾਜ਼ਮਾਂ ਦਾ ਡਟਵਾਂ ਸਮਰਥਨ ਕਰਨ ਦਾ ਫੈਸਲਾ ਕੀਤਾ ਹੈ। ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਨੇ ਚਿਤਾਵਨੀ ਦਿੱਤੀ ਹੈ ਕਿ ਜੇ ਕੇਂਦਰ ਅਤੇ ਸੂਬਾ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਇਹ ਧਰਨਾ 7 ਸਤੰਬਰ ਤੋਂ ਬਾਅਦ ਵੀ ਅਣਮਿੱਥੇ ਸਮੇਂ ਲਈ ਜਾਰੀ ਰੱਖਿਆ ਜਾ ਸਕਦਾ ਹੈ। ਕਿਸਾਨ ਆਗੂਆਂ ਬਲਬੀਰ ਸਿੰਘ ਰਾਜੇਵਾਲ, ਪਰਮਿੰਦਰ ਸਿੰਘ ਚਲਾਕੀ, ਪਰਮਦੀਪ ਸਿੰਘ ਬੈਦਵਾਣ, ਕਿਰਪਾਲ ਸਿੰਘ ਸਿਆਊ ਅਤੇ ਲਖਵਿੰਦਰ ਸਿੰਘ ਕਰਾਲਾ ਨੇ ਮੁਹਾਲੀ ਪ੍ਰਸ਼ਾਸਨ ’ਤੇ ਸਹਿਯੋਗ ਨਾ ਦੇਣ ਦਾ ਗੰਭੀਰ ਦੋਸ਼ ਲਗਾਇਆ ਹੈ। ਉਨ੍ਹਾਂ ਕਿਹਾ ਕਿ ਜਿੱਥੇ ਚੰਡੀਗੜ੍ਹ ਪ੍ਰਸ਼ਾਸਨ ਨੇ ਆਪਣੇ ਵਾਅਦੇ ਮੁਤਾਬਕ ਬਿਜਲੀ ਅਤੇ ਸਫਾਈ ਦਾ ਪ੍ਰਬੰਧ ਕੀਤਾ ਹੈ, ਉੱਥੇ ਹੀ ਮੁਹਾਲੀ ਪ੍ਰਸ਼ਾਸਨ ਨੇ ਅਜੇ ਤੱਕ ਬਿਜਲੀ, ਮੋਬਾਈਲ, ਪਖਾਨੇ, ਸਫਾਈ ਅਤੇ ਫੌਗਿੰਗ ਵਰਗੀ ਕੋਈ ਵੀ ਸਹੂਲਤ ਮੁਹੱਈਆ ਨਹੀਂ ਕਰਵਾਈ। ਚੰਡੀਗੜ੍ਹ ਟਰੈਫਿਕ ਪੁਲਸ ਨੇ ਫੈਦਾਂ ਬੈਰੀਅਰ ਤੋਂ ਪੂਰਵ ਮਾਰਗ ਰਾਹੀਂ ਚੰਡੀਗੜ੍ਹ ਵੱਲ ਜਾਣ ਵਾਲੀ ਸੜਕ ਦੇ ਹਿੱਸੇ ’ਤੇ ਟਰੈਫਿਕ ਨੂੰ ਪੂਰੀ ਤਰ੍ਹਾਂ ਡਾਇਵਰਟ ਕਰ ਦਿੱਤਾ ਹੈ। ਇਸ ਤੋਂ ਇਲਾਵਾ ਟੀ-ਪੁਆਇੰਟ, ਸੈਕਟਰ 48 ਲਾਈਟ ਪੁਆਇੰਟ (ਵਾਈਨ ਸ਼ਾਪ ਨੇੜੇ) ਤੋਂ ਸੈਕਟਰ 48 ਦੀ ਅੰਦਰੂਨੀ ਸੜਕ ਵੱਲ ਜਾਣ ਵਾਲੀ ਆਵਾਜਾਈ ਨੂੰ ਪੂਰੀ ਤਰ੍ਹਾਂ ਸੀਮਤ ਕੀਤਾ ਗਿਆ ਹੈ। ਸੈਕਟਰ 48/49 ਅਤੇ ਸੈਕਟਰ 49/50 ਦੀਆਂ ਵੰਡਣ ਵਾਲੀਆਂ ਸੜਕਾਂ ਤੋਂ ਚੰਡੀਗੜ੍ਹ ਵੱਲ ਜਾਣ ਵਾਲੀ ਆਵਾਜਾਈ ’ਤੇ ਵੀ ਪਾਬੰਦੀ ਲਗਾਈ ਗਈ ਹੈ।

## ਬੇਟੀਆਂ ਦੇ ਰੌਸ਼ਨ ਭਵਿੱਖ ਲਈ ਨੰਗੇ ਪੈਰੀਂ ਮੈਰਾਥਨ



**ਮੁੰਬਈ :** ਮਹਾਰਾਸ਼ਟਰ ਦੇ ਬੀੜ ਜ਼ਿਲ੍ਹੇ ਦੇ ਅੰਬਾਜੋਗਾਈ ’ਚ ਇੱਕ ਮਾਂ ਦੀ ਹਿੰਮਤ ਅਤੇ ਬੇਟੀਆਂ ਦੇ ਬਿਹਤਰ ਭਵਿੱਖ ਲਈ ਉਸ ਦਾ ਸੰਘਰਸ਼ ਲੋਕਾਂ ’ਚ ਚਰਚਾ ਦਾ ਵਿਸ਼ਾ ਬਣਾਇਆ ਹੋਇਆ ਹੈ। 47 ਸਾਲਾ ਰਾਮਾਬਾਈ ਰਣਵੀਰ ਨੇ ਆਪਣੀਆਂ ਲੜਕੀਆਂ ਦੀ ਪੜ੍ਹਾਈ ਲਈ ਇਸ ਤਰ੍ਹਾਂ ਦੌੜ ਲਾਈ ਕਿ ਦੇਖਣ ਵਾਲੇ ਵੀ ਹੈਰਾਨ ਰਹਿ ਗਏ। ਸਧਾਰਨ ਸਾੜ੍ਹੀ ਅਤੇ ਪੈਰਾਂ ’ਚ ਚੱਪਲ ਸੀ ਅਤੇ ਮਨ ’ਚ ਬੇਟੀਆਂ ਦਾ ਉਜਲ ਭਵਿੱਖ ਦੀ ਚਿੰਤਾ। ਮੈਰਾਥਨ ਸ਼ੁਰੂ ਹੋਈ ਤਾਂ ਕੁਝ ਦੂਰ ਤੱਕ ਉਹ ਚੱਪਲਾਂ ਪਹਿਨ ਕੇ ਦੌੜੀ, ਪਰ ਜਦ ਚੱਪਲ ਤਿਲਕਣ ਲੱਗੀ ਤਾਂ ਉਨ੍ਹਾ ਉਸ ਨੂੰ ਹੱਥਾਂ ’ਚ ਫੜ ਲਿਆ ਅਤੇ ਨੰਗੇ ਪੈਰ ਹੀ ਦੌੜਦੀ ਰਹੀ। ਰਾਮਾਬਾਈ ਨੇ ਨੌਜਵਾਨ ਖਿਡਾਰੀਆਂ ਦੇ ਨਾਲ ਦੌੜਦੇ ਹੋਏ ਸਾਰਿਆਂ ਨੂੰ ਪਿੱਛੇ ਛੱਡ ਦਿੱਤਾ ਅਤੇ ਸਭ ਤੋਂ ਪਹਿਲਾਂ ਫਿਨੀਸਿੰਗ ਲਾਈਨ ’ਤੇ ਪਹੁੰਚ ਕੇ ਪਹਿਲਾ ਸਥਾਨ ਹਾਸਲ ਕੀਤਾ। ਇਸ ਜਿੱਤ ਦੇ ਨਾਲ ਉਸ ਨੇ ਤਿੰਨ ਹਜ਼ਾਰ ਰੁਪਏ ਦਾ ਪਹਿਲਾ ਇਨਾਮ ਜਿੱਤਿਆ, ਪਰ ਰਮਾਬਾਈ ਲਈ ਇਹ ਸਿਰਫ਼ ਇੱਕ ਮੈਰਾਥਨ ਨਹੀਂ ਸੀ। ਇਸ ਦੇ ਪਿੱਛੇ ਬੇਟੀਆਂ ਦੀ ਪੜ੍ਹਾਈ ਅਤੇ ਉਨ੍ਹਾਂ ਦੇ ਬੇਹਤਰ ਭਵਿੱਖ ਦੀ ਚਿੰਤਾ ਸੀ।

ਰਮਾਬਾਈ ਅੰਬਾਜੋਗਾਈ ਸ਼ਹਿਰ ਦੀ ਇੱਕ ਅਕਾਦਮੀ ’ਚ ਖਾਣਾ ਬਣਾਉਣ ਦਾ ਕੰਮ ਕਰਦੀ ਹੈ। ਪਤੀ ਦੇ ਦੇਹਾਂਤ ਤੋਂ ਬਾਅਦ ਰਮਾਬਾਈ ਦੀ ਜ਼ਿੰਦਗੀ ’ਚ ਜ਼ਿੰਮੇਵਾਰੀਆਂ ਹੋਰ ਵਧ ਗਈਆਂ। ਦੋਵਾਂ ਬੇਟੀਆਂ ਦੀ ਪਾਲਣ-ਪੋਸਣ ਅਤੇ ਉਨ੍ਹਾਂ ਦੀ ਪੜ੍ਹਾਈ ਦੀ ਪੂਰੀ ਜ਼ਿੰਮੇਵਾਰੀ ਰਮਾਬਾਈ ’ਤੇ ਆ ਗਈ। ਇਸੇ ਦੌਰਾਨ ਇੱਕ ਸਥਾਨਕ ਸੰਸਥਾ ਨੇ ਮੈਰਾਥਨ ਦੌੜ

• ਬਾਕੀ ਸਫਾ 2 ’ਤੇ

## ਸਾਬਕਾ ਏਅਰ ਮਾਰਸ਼ਲ ਜਿਤੇਂਦਰ ਮਿਸ਼ਰਾ ਰਾਮ ਮੰਦਰ ਟਰੱਸਟ ਦੇ ਸੀ ਈ ਓ ਨਾਮਜ਼ਦ

**ਅਯੁੱਧਿਆ (ਨ ਜ਼ ਸ) :** ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੇ ਪਹਿਲੇ ਸੀ ਈ ਓ ਵਜੋਂ ਸੇਵਾਮੁਕਤ ਏਅਰ ਮਾਰਸ਼ਲ ਜਿਤੇਂਦਰ ਮਿਸ਼ਰਾ ਨੂੰ ਚੁਣਿਆ ਗਿਆ ਹੈ। ਇਹ ਕਦਮ ਚੜ੍ਹਾਵੇ ਦੀ ਕਥਿਤ ਚੋਰੀ ਦੇ ਵਿਵਾਦ ਤੋਂ ਬਾਅਦ ਚੁੱਕਿਆ ਗਿਆ ਹੈ, ਜਿਸ ਦੇ ਨਤੀਜੇ ਵਜੋਂ ਟਰੱਸਟ ਦੇ ਜਨਰਲ ਸਕੱਤਰ ਚੰਪਤ ਰਾਏ ਸਮੇਤ ਤਿੰਨ ਅਹੁਦੇਦਾਰਾਂ ਨੂੰ ਅਸਤੀਫਾ ਦੇਣਾ ਪਿਆ ਸੀ। ਤਿੰਨ ਮੈਂਬਰੀ ਚੋਣ ਕਮੇਟੀ ਵਿੱਚ ਸੁਪਰੀਮ ਕੋਰਟ ਦੇ ਸੇਵਾਮੁਕਤ ਜਸਟਿਸ ਪ੍ਰਮੋਦ ਕੋਹਲੀ, ਲੈਫਟੀਨੈਂਟ ਜਨਰਲ (ਸੇਵਾਮੁਕਤ) ਵਿਸ਼ਨੂੰਕਾਂਤ ਚਤੁਰਵੇਦੀ ਅਤੇ ਪ੍ਰਮਾਣੂ ਵਿਗਿਆਨੀ ਡਾ. ਸੁਰੇਸ਼ ਹਵਾਰੇ ਸ਼ਾਮਲ ਸਨ। ਹਵਾਰੇ ਨੇ ਦੱਸਿਆ ਕਿ ਜਿਤੇਂਦਰ ਮਿਸ਼ਰਾ ਨੇ ਅਪ੍ਰੇਸ਼ਨ ਸਿੰਧੂਰ ਦੌਰਾਨ ਮਹੱਤਵਪੂਰਨ ਭੂਮਿਕਾ ਨਿਭਾਈ।



ਯੂ ਪੀ ਦੇ ਦੇਵਰੀਆ ਜ਼ਿਲ੍ਹੇ ਦੇ ਮਿਸ਼ਰਾ 30 ਅਪ੍ਰੈਲ, 2026 ਨੂੰ ਭਾਰਤੀ ਹਵਾਈ ਸੈਨਾ ਤੋਂ ਪੱਛਮੀ ਹਵਾਈ ਕਮਾਂਡ ਦੇ ਏਅਰ ਅਫਸਰ ਕਮਾਂਡਿੰਗ-ਇਨ-ਚੀਫ ਵਜੋਂ ਸੇਵਾਮੁਕਤ ਹੋਏ। ਉਨ੍ਹਾ ਏਕੀਕ੍ਰਿਤ ਰੱਖਿਆ ਸਟਾਫ (ਅਪ੍ਰੇਸ਼ਨ) ਦੇ ਡਿਪਟੀ ਚੀਫ ਵਜੋਂ ਵੀ ਸੇਵਾ ਨਿਭਾਈ। ਉਨ੍ਹਾ ਦੀ ਨਿਯੁਕਤੀ 5,585 ਬਿਨੈਕਾਰਾਂ ਦੀ ਇੱਕ ਸਖਤ ਚੋਣ ਪ੍ਰਕਿਰਿਆ ਤੋਂ ਬਾਅਦ ਹੋਈ, ਜਿਸ ਦੌਰਾਨ ਚੋਣ ਪੈਨਲ ਨੇ ਅਖੀਰ ਵਿੱਚ ਤਿੰਨ ਉਮੀਦਵਾਰ ਛਾਂਟੇ। ਟਰੱਸਟ ਨੇ ਦਿੱਲੀ ਦੇ ਮਹੇਸ਼ ਭਾਗਚੰਦਕਾ, ਅਯੁੱਧਿਆ ਦੇ ਸਾਬਕਾ ਐਡੀਸ਼ਨਲ ਐਡਵੋਕੇਟ ਜਨਰਲ ਮਦਨ ਮੋਹਨ ਪਾਂਡੇ ਅਤੇ ਨਿਰਮਲਾ ਯਾਦਵ ਨੂੰ ਨਵੇਂ ਟਰੱਸਟੀ ਵਜੋਂ ਸ਼ਾਮਲ ਕੀਤਾ ਹੈ। ਇੱਕ ਪੂਰੇ ਸਮੇਂ ਦੇ ਸੀ ਈ ਓ ਦੀ ਨਿਯੁਕਤੀ ਨੂੰ ਮੰਦਰ ਪ੍ਰਸ਼ਾਸਨ ਵਿੱਚ ਵਧੇਰੇ ਪੇਸ਼ੇਵਰ ਪ੍ਰਬੰਧਨ, ਵਿੱਤੀ ਅਨੁਸ਼ਾਸਨ ਅਤੇ ਪਾਰਦਰਸ਼ਤਾ ਲਿਆਉਣ ਦੇ ਯਤਨ ਵਜੋਂ ਦੇਖਿਆ ਜਾ ਰਿਹਾ ਹੈ। ਰਾਮ ਮੰਦਰ ਨਿਰਮਾਣ ਕਮੇਟੀ ਦੇ ਚੇਅਰਮੈਨ ਨ੍ਰਿਪੇਂਦਰ ਮਿਸ਼ਰਾ ਨੇ ਪਹਿਲਾਂ ਮੰਦਰ ਦੇ ਵਿਆਪਕ ਕਾਰਜਾਂ ਦੀ ਨਿਗਰਾਨੀ ਲਈ ਇੱਕ ਸਮਰਪਤ ਅਧਿਕਾਰੀ ਦੀ ਜ਼ਰੂਰਤ ’ਤੇ ਜ਼ੋਰ ਦਿੱਤਾ ਸੀ।

ਚੋਣ ਪ੍ਰਕਿਰਿਆ ਢਾਂਚਾਗਤ ਮੁਲਾਂਕਣ ਪ੍ਰਣਾਲੀ ਦੇ ਆਲੇ-ਦੁਆਲੇ ਤਿਆਰ ਕੀਤੀ ਗਈ ਸੀ। ਅਰਜ਼ੀਆਂ ਦੀ ਸ਼ੁਰੂਆਤ ਵਿੱਚ ਏ ਆਈ-ਸਹਾਇਤਾ ਪ੍ਰਾਪਤ ਸਾਧਨਾਂ ਦੀ ਵਰਤੋਂ ਕਰਕੇ ਜਾਂਚ ਕੀਤੀ ਗਈ ਸੀ ਅਤੇ ਫਿਰ 600 ਅੰਕਾਂ ਦੇ ਮੁਲਾਂਕਣ ਢਾਂਚੇ ਦੇ ਤਹਿਤ ਹੱਥੀਂ ਜਾਂਚ ਕੀਤੀ ਗਈ ਸੀ। 5,585 ਬਿਨੈਕਾਰਾਂ ਵਿੱਚੋਂ 3,577 ਨੇ ਸ਼ੁਰੂਆਤੀ ਮੁਲਾਂਕਣ ਵਿੱਚ ਹਿੱਸਾ ਲਿਆ। ਘੱਟੋ-ਘੱਟ 470 ਅੰਕ ਪ੍ਰਾਪਤ ਕਰਨ ਵਾਲਿਆਂ ਨੂੰ ਸ਼ਾਰਟਲਿਸਟ ਕੀਤਾ ਗਿਆ, ਜਿਸ ਦੇ ਨਤੀਜੇ ਵਜੋਂ 108 ਉਮੀਦਵਾਰਾਂ ਨਾਲ ਵਰਚੁਅਲ ਗੱਲਬਾਤ ਹੋਈ। ਅੰਤਮ ਦੌਰ ਵਿੱਚ 11 ਅਤੇ 12 ਅਗਸਤ ਨੂੰ ਅਯੁੱਧਿਆ ਵਿੱਚ 16 ਉਮੀਦਵਾਰਾਂ ਦੀ ਇੰਟਰਵਿਊ ਲਈ ਗਈ, ਜਿਸ ਤੋਂ ਬਾਅਦ ਦਾਇਰੇ ਨੂੰ ਛੋਟਾ ਕਰ ਦਿੱਤਾ

• ਬਾਕੀ ਸਫਾ 2 ’ਤੇ

## ਅੱਲ੍ਹੜਾਂ ਨੂੰ ਸੋਸ਼ਲ ਮੀਡੀਆ ਦੇ ਮਾੜੇ ਪ੍ਰਭਾਵਾਂ ਤੋਂ ਬਚਾਉਣ ਲਈ ਮਤਾ ਪਾਸ

**ਲਾਹੌਰ :** ਸਾਈਬਰ ਬੁਲਿੰਗ, ਆਨਲਾਈਨ ਸ਼ੋਸ਼ਣ ਅਤੇ ਨਾਬਾਲਗਾਂ ’ਤੇ ਬਹੁਤ ਜ਼ਿਆਦਾ ਸਕ੍ਰੀਨ ਸਮੇਂ ਦੇ ਮਾੜੇ ਪ੍ਰਭਾਵਾਂ ਨੂੰ ਲੈ ਕੇ ਵਧ ਰਹੀਆਂ ਚਿੰਤਾਵਾਂ ਦੇ ਵਿਚਕਾਰ ਪਾਕਿਸਤਾਨ ਦੀ ਪੰਜਾਬ ਅਸੈਂਬਲੀ ਨੇ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਸੋਸ਼ਲ ਮੀਡੀਆ ਖਾਤਿਆਂ ’ਤੇ ਪ੍ਰਭਾਵਸ਼ਾਲੀ ਕਾਨੂੰਨੀ ਪਾਬੰਦੀ ਦੀ ਮੰਗ ਕਰਨ ਵਾਲਾ ਇੱਕ ਮਤਾ ਪਾਸ ਕਰ ਦਿੱਤਾ ਹੈ। ਵਿਰੋਧੀ ਧਿਰ ਪਾਕਿਸਤਾਨ ਤਹਿਰੀਕ-ਏ-ਇਨਸਾਫ ਦੇ ਸਮਰਥਨ ਨਾਲ ਸਰਬਸੰਮਤੀ ਨਾਲ ਇਸ ਮਤੇ ਨੂੰ ਅਪਨਾ ਲਿਆ ਗਿਆ। ਮਤੇ ਵਿੱਚ ਆਸਟਰੇਲੀਆ, ਫਰਾਂਸ, ਚੀਨ ਅਤੇ ਅਮਰੀਕਾ ਦੇ ਕਈ ਰਾਜਾਂ ਵੱਲੋਂ ਬੱਚਿਆਂ ਦੀ ਸੋਸ਼ਲ ਮੀਡੀਆ ਤੱਕ ਪਹੁੰਚ ਨੂੰ ਨਿਯੰਤ੍ਰਿਤ ਕਰਨ ਲਈ ਅਪਣਾਏ ਗਏ ਉਪਾਵਾਂ ਦਾ ਹਵਾਲਾ ਦਿੱਤਾ ਗਿਆ ਅਤੇ ਸਰਕਾਰ ਨੂੰ ਪਾਕਿਸਤਾਨ ਵਿੱਚ ਵੀ ਅਜਿਹੇ ਹੀ ਕਾਨੂੰਨੀ ਸੁਰੱਖਿਆ ਉਪਾਅ ਪੇਸ਼ ਕਰਨ ਦੀ ਅਪੀਲ ਕੀਤੀ ਗਈ।

## ਅਜਮੇਰ ਸਿੰਘ ਸਮਰਾ ਨਹੀਂ ਰਹੇ, ਸਸਕਾਰ ਅੱਜ

**ਜਲੰਧਰ/ ਨੂਰਮਹਿਲ (ਕੇਸਰ, ਗਿਆਨ ਸੈਦਪੁਰੀ/ ਬਾਲ ਕ੍ਰਿਸ਼ਨ ਬਾਲੀ)**



ਦੇਸ਼ ਭਗਤ ਯਾਦਗਾਰ ਕਮੇਟੀ ਦੇ ਦੋ ਵਾਰ ਪ੍ਰਧਾਨ ਰਹੇ ਅਤੇ ਅੱਜਕੱਲ੍ਹ ਟਰੱਸਟੀ ਅਜਮੇਰ ਸਿੰਘ ਸਮਰਾ ਮੰਗਲਵਾਰ ਰਾਤ ਡੀ ਐੱਮ ਸੀ ਹਸਪਤਾਲ ਲੁਧਿਆਣਾ ਵਿਖੇ ਸਦੀਵੀ ਵਿਛੋੜਾ ਦੇ ਗਏ। ਜ਼ਿਕਰਯੋਗ ਹੈ ਕਿ ਉਹ ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰੇਸੀ ਦੇ ਸਿਰਮੌਰ ਆਗੂ ਸਨ। ਉਹ ਇਨਕਲਾਬੀ ਪੱਤ੍ਰਿਕਾ ‘ਰੋਹਲੇ ਬਾਣ’ ਅਤੇ ‘ਇਨਕਲਾਬੀ ਸਾਡਾ ਰਾਹ’ ਦੇ ਵੀ ਮੁੱਖ ਸੰਪਾਦਕ ਰਹੇ। ਬੁੱਧਵਾਰ ਦੇਸ਼ ਭਗਤ ਯਾਦਗਾਰ ਹਾਲ ਵਿੱਚ ਹੋਈ ਸ਼ੋਕ ਬੈਠਕ ਵਿਚ ਅਜਮੇਰ ਸਿੰਘ ਸਮਰਾ ਦੀ ਅਣਥੱਕ ਜੀਵਨ ਘਾਲਣਾ ਨੂੰ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸਿਜਦਾ ਕੀਤਾ ਗਿਆ। ਕਮੇਟੀ ਦੇ ਅਹੁਦੇਦਾਰਾਂ, ਸਮੂਹ ਟਰੱਸਟੀ ਅਤੇ ਮੈਂਬਰਾਂ ਨੇ ਅਜਮੇਰ ਸਿੰਘ ਦੀ ਦਹਾਕਿਆਂ ਲੰਮੀ ਮਾਣਮੱਤੀ ਅਮਿੱਟ ਦੇਣ ਨੂੰ ਸਲਾਮ ਕਰਦਿਆਂ ਕਿਹਾ ਕਿ ਉਹ ਮੁਲਕ ਵਿਚੋਂ ਸਾਮਰਾਜ ਅਤੇ ਉਸ ਦੇ ਥੰਮ੍ਹ ਬਣ ਕੇ ਕੰਮ ਕਰਦੀਆਂ ਦੇਸੀ ਹਾਕਮ ਜਮਾਤਾਂ ਦਾ ਜਕੜ-ਪੰਜਾ ਤੋੜ ਕੇ ਉਹ ਖ਼ਰੇ ਆਜ਼ਾਦ, ਧਰਮ-ਨਿਰਪੱਖ, ਜਮਹੂਰੀ ਅਤੇ ਨਿਆਂਸ਼ੀਲ ਰਾਜ ਅਤੇ ਸਮਾਜ ਦੀ ਸਿਰਜਣਾ ਕਰਨ ਲਈ ਮੌਜੂਦਾ ਗਲੇ-ਸੜੇ ਪ੍ਰਬੰਧ ਨੂੰ ਮੂਲੋਂ ਬਦਲਣ ਲਈ ਸਦਾ ਅਰੁਕ ਸੰਗਰਾਮੀ ਸਫ਼ਰ ’ਤੇ ਰਹੇ। ਕਮਿਊਨਿਸਟ ਇਨਕਲਾਬੀ, ਇਨਕਲਾਬੀ ਜਮਹੂਰੀ, ਦੇਸ਼ ਭਗਤ ਅਤੇ ਲੋਕ-ਪੱਖੀ ਸੰਸਥਾਵਾਂ ਲਈ ਉਹਨਾ ਦੀ ਸ਼ਾਨਾਮੱਤੀ ਦੇਣ ਨੂੰ ਸਦਾ ਬੁਲੰਦ ਰੱਖਣ ਦਾ ਅੱਜ ਦੀ ਸ਼ੋਕ ਬੈਠਕ ਵਿੱਚ ਅਹਿਦ ਲਿਆ ਗਿਆ।

ਸ਼ੋਕ ਬੈਠਕ ਵੱਲੋਂ

• ਬਾਕੀ ਸਫਾ 2 ’ਤੇ

### ਦਿਨੇਸ਼ ਢੱਲ ਹੁਣ ਭਾਜਪਾ ’ਚ

**ਜਲੰਧਰ :** ਆਮ ਆਦਮੀ ਪਾਰਟੀ ਦੇ ਉੱਤਰੀ ਜਲੰਧਰ ਅਸੈਂਬਲੀ ਹਲਕੇ ਦੇ ਸਾਬਕਾ ਇੰਚਾਰਜ ਦਿਨੇਸ਼ ਢੱਲ ਬੁੱਧਵਾਰ ਭਾਜਪਾ ਵਿੱਚ ਸ਼ਾਮਲ ਹੋ ਗਏ। ‘ਆਪ’ ਨੇ ਹਾਲ ਹੀ ਵਿੱਚ ਢੱਲ ਨੂੰ ਹਟਾ ਕੇ ਮੇਅਰ ਵਿਨੀਤ ਧੀਰ ਨੂੰ ਹਲਕਾ ਇੰਚਾਰਜ ਬਣਾ ਦਿੱਤਾ ਸੀ। ਢੱਲ ਤੇ ਉਸ ਦੇ ਭਰਾ ਕੌਂਸਲਰ ਅਮਿਤ ਢੱਲ ਨੂੰ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਢਿੱਲੋਂ ਤੇ ਜਲੰਧਰ ਉੱਤਰੀ ਦੇ ਸਾਬਕਾ ਵਿਧਾਇਕ ਕੇ ਡੀ ਭੰਡਾਰੀ ਨੇ ਭਾਜਪਾ ਵਿੱਚ ਸ਼ਾਮਲ ਕਰਵਾਇਆ। ਦਿਨੇਸ਼ ਢੱਲ ਨੇ 2022 ਦੀ ਵਿਧਾਨ ਸਭਾ ਚੋਣ ‘ਆਪ’ ਦੀ ਟਿਕਟ ’ਤੇ ਲੜੀ ਸੀ ਤੇ ਕਾਂਗਰਸ ਦੇ ਬਾਬਾ ਹੈਨਰੀ ਤੋਂ ਹਾਰ ਗਏ ਸੀ। ਕਾਂਗਰਸੀ ਕੌਂਸਲਰ ਰਹਿ ਚੁੱਕੇ ਢੱਲ ਨੇ ਸਾਬਕਾ ਮੰਤਰੀ ਅਵਤਾਰ ਹੈਨਰੀ ਨਾਲ ਮੱਤਭੇਦਾਂ ਕਾਰਨ 2012 ਵਿੱਚ ਕਾਂਗਰਸ ਤੋਂ ਬਾਗੀ ਹੋ ਕੇ ਵੀ ਚੋਣ ਲੜੀ ਸੀ।



### ਹਿਮਾਚਲ ’ਚ ਚਾਰ ਝੀਲਾਂ ਤੋਂ ਖਤਰਾ

**ਮੰਡੀ :** ਆਈ ਆਈ ਟੀ ਮੰਡੀ ਨੇ 2,000 ਗਲੇਸ਼ੀਅਰ ਝੀਲਾਂ ’ਤੇ ਇੱਕ ਅਧਿਐਨ ਕੀਤਾ ਹੈ ਅਤੇ ਗਲੇਸ਼ੀਅਰ ਪਿਘਲਣ ਕਾਰਨ ਜਲ ਸਰੋਤਾਂ ਦੇ ਵਿਸਥਾਰ ਦੇ ਵਿਚਕਾਰ ਨੌਂ ਤੋਂ ਬਾਰਾਂ ਝੀਲਾਂ ਨੂੰ ਗੰਭੀਰ ਦੱਸਿਆ ਹੈ। ਆਈ ਆਈ ਟੀ ਮੰਡੀ ਦੇ ਸਿਵਲ ਅਤੇ ਵਾਤਾਵਰਣ ਇੰਜੀਨੀਅਰਿੰਗ ਸਕੂਲ ਦੇ ਬਾਨੀ ਚੇਅਰਪਰਸਨ ਤੇ ਐਸੋਸੀਏਟ ਪ੍ਰੋਫੈਸਰ ਡੇਰਿਕਸ ਪੀ ਸ਼ੁਕਲਾ ਨੇ ਦੱਸਿਆ ਹੈ, “ਗਲੇਸ਼ੀਅਰ ਪਿਘਲ ਰਹੇ ਹਨ, ਅਤੇ ਸੈਰ-ਸਪਾਟੇ ਵਿੱਚ ਵਾਧੇ ਦੇ ਨਾਲ ਕਾਰਬਨ ਅਤੇ ਧੂੜ ਜਮ੍ਹਾਂ ਹੋ ਰਹੀ ਹੈ। ਇਹ ਗਲੇਸ਼ੀਅਰ ਪਿਘਲਣ ਨੂੰ ਵਧਾ ਰਹੀ ਹੈ। ਉਨ੍ਹਾਂ ਖੇਤਰਾਂ ਵਿੱਚ ਪਰਮਾਫਰੌਸਟ ਹੈ, ਜਿੱਥੇ ਦੋ ਸਾਲਾਂ ਲਈ ਔਸਤ ਤਾਪਮਾਨ ਜ਼ੀਰੋ ਡਿਗਰੀ ਤੋਂ ਘੱਟ ਹੈ। ਹਿਮਾਲੀਅਨ ਖੇਤਰ ਵਿੱਚ ਪਰਮਾਫਰੌਸਟ ਹੈ ਅਤੇ ਜਦੋਂ ਇਹ ਪਿਘਲਦਾ ਹੈ ਤਾਂ ਉੱਪਰਲੀ ਪਰਤ ਹਿੱਲ ਜਾਂਦੀ ਹੈ ਅਤੇ ਭੂਮੀ ਵਿੱਚ ਅਸਥਿਰਤਾ ਪੈਦਾ ਕਰਦੀ ਹੈ। ਨੇਪਾਲ ਵਿੱਚ 26 ਅਗਸਤ ਨੂੰ ਆਏ ਹੜ੍ਹ ਤੋਂ ਪਹਿਲਾਂ ਪਰਮਾਫਰੌਸਟ ਪਿਘਲਿਆ ਸੀ।” ਉਨ੍ਹਾ ਕਿਹਾ, “ਅਸੀਂ ਹਿਮਾਚਲ ਵਿੱਚ 2,000 ਤੋਂ ਵੱਧ ਝੀਲਾਂ ’ਤੇ ਖੋਜ ਕੀਤੀ ਅਤੇ ਕਈ ਗਲੇਸ਼ੀਅਰਾਂ ਦਾ ਅਧਿਐਨ ਕੀਤਾ। ਚਾਰ ਗਲੇਸ਼ੀਅਰ ਝੀਲਾਂ ਭਵਿੱਖ ਵਿੱਚ ਖਤਰਾ ਪੈਦਾ ਕਰ ਸਕਦੀਆਂ ਹਨ: ਘੇਪਨ ਝੀਲ, ਵਾਸੂਕੀ ਝੀਲ, ਕਸ਼ੰਗ ਝੀਲ, ਅਤੇ ਬਾਸਪਾ ਦੇ ਨੇੜੇ ਇੱਕ ਝੀਲ। ਇਨ੍ਹਾਂ ’ਤੇ ਤੁਰੰਤ ਧਿਆਨ ਦੇਣ ਦੀ ਲੋੜ ਹੈ। ਹਾਲਾਂਕਿ, ਦੋ ਤਰ੍ਹਾਂ ਦੇ ਸਰਵੇਖਣਾਂ ਦੇ ਆਧਾਰ ’ਤੇ 9 ਤੋਂ 12 ਝੀਲਾਂ ਦੀ ਪਛਾਣ ਕੀਤੀ ਹੈ, ਜਿਨ੍ਹਾਂ ਨੂੰ ਨਾਜ਼ੁਕ ਵਜੋਂ ਸ਼੍ਰੇਣੀਬੱਧ ਕੀਤਾ ਜਾ ਸਕਦਾ ਹੈ।

## ਸਬੂਤ ਪੇਸ਼ ਕਰਨ ਦੀ ਬਜਾਏ ਈ ਡੀ ‘ਆਪ’ ਲੀਡਰਸ਼ਿਪ ਨੂੰ ਬਦਨਾਮ ਕਰ ਰਹੀ : ਅਮਨ ਅਰੋੜਾ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਬੁੱਧਵਾਰ ਕਿਹਾ ਕਿ ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਠੋਸ ਸਬੂਤ ਪੇਸ਼ ਕਰਨ ਦੀ ਬਜਾਏ ਵਾਰ-ਵਾਰ ਚਿੱਠੀਆਂ, ਮੀਡੀਆ ਲੀਕ ਅਤੇ ਅਸਪੱਸ਼ਟ ਦੋਸ਼ਾਂ ਰਾਹੀਂ ਆਪ ਲੀਡਰਸ਼ਿਪ ਨੂੰ ਬਦਨਾਮ ਕਰ ਰਹੀ ਹੈ। ਪੰਜਾਬ ਪੁਲਸ ਪਹਿਲਾਂ ਹੀ ਏਜੰਸੀ ਤੋਂ ਪੂਰੇ ਦਸਤਾਵੇਜ਼ ਅਤੇ ਇਲੈਕਟ੍ਰੋਨਿਕ ਡਾਟਾ ਮੰਗ ਚੁੱਕੀ ਹੈ, ਪਰ ਈ ਡੀ ਸਪੱਸ਼ਟ ਅਤੇ ਵਰਤੋਂ ਯੋਗ ਸਬੂਤ ਦੇਣ ਵਿੱਚ ਅਸਫਲ ਰਹੀ ਹੈ। ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਦਾ ਵੱਡਾ ਮਕਸਦ ਅਰਾਜਕਤਾ ਪੈਦਾ ਕਰਨਾ, ਸਿਆਸੀ ਲੀਡਰਸ਼ਿਪ ਨੂੰ ਡਰਾਉਣਾ ਅਤੇ ਸਰਕਾਰੀ ਅਧਿਕਾਰੀਆਂ ਨੂੰ ਦਬਾਅ ਹੇਠ ਰੱਖਣਾ ਹੈ, ਤਾਂ ਜੋ ਚੁਣੀ ਹੋਈ ਪੰਜਾਬ ਸਰਕਾਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਨਾ ਕਰ ਸਕੇ। ਅਰੋੜਾ ਨੇ ਕਿਹਾ, ‘ਈਡੀ ਵੱਲੋਂ ਪੰਜਾਬ ਦੇ ਡੀ ਜੀ ਪੀ ਨੂੰ ਭੇਜੀਆਂ ਗਈਆਂ ਵਾਰ-ਵਾਰ ਚਿੱਠੀਆਂ, ਜਿਸ ਵਿੱਚ ਧਾਰਾ 66 (2) ਤਹਿਤ ਐੱਫ ਆਈ ਆਰ ਦਰਜ ਕਰਨ ਦੀ ਮੰਗ ਕਰਨ ਵਾਲੀ ਤਾਜ਼ਾ ਚਿੱਠੀ ਵੀ ਸ਼ਾਮਲ ਹੈ, ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਬੁਖਲਾਹਟ ਅਤੇ ਨਿਰਾਸ਼ਾ ਨੂੰ ਦਰਸਾਉਂਦੀ ਹੈ। ਪੰਜਾਬ ਪੁਲਸ ਨੇ ਦੋਸ਼ਾਂ ਦੇ ਸਮਰਥਨ ਵਿੱਚ ਪੂਰੇ ਦਸਤਾਵੇਜ਼ੀ ਅਤੇ ਇਲੈਕਟ੍ਰੋਨਿਕ ਸਬੂਤ ਮੰਗਣ ਲਈ 28 ਅਗਸਤ ਨੂੰ ਹੀ ਈਡੀ ਨੂੰ ਪੱਤਰ ਲਿਖਿਆ ਸੀ।’ ਪੰਜਾਬ ਪੁਲਸ ਨੇ ਈਡੀ ਨੂੰ ਸਪੱਸ਼ਟ ਤੌਰ ’ਤੇ ਕਿਹਾ ਕਿ ਹੁਣ ਤੱਕ ਮੁਹੱਈਆ ਕਰਵਾਈ ਗਈ ਸਮੱਗਰੀ ਅਸਪੱਸ਼ਟ ਹੈ ਅਤੇ ਛਾਪੇਮਾਰੀ ਦੌਰਾਨ ਜ਼ਬਤ ਕੀਤੇ ਗਏ ਪੂਰੇ ਸਬੂਤ, ਦਸਤਾਵੇਜ਼ ਅਤੇ ਇਲੈਕਟ੍ਰੋਨਿਕ ਡਾਟਾ ਦਿੱਤਾ ਜਾਵੇ, ਤਾਂ ਜੋ ਯੋਗ ਜਾਂਚ ਕੀਤੀ ਜਾ ਸਕੇ। ਈਡੀ ਨੂੰ 1 ਸਤੰਬਰ ਨੂੰ ਸੰਬੰਧਤ ਸਮੱਗਰੀ ਸਮੇਤ ਇੱਕ ਅਧਿਕਾਰੀ ਭੇਜਣ ਲਈ ਕਿਹਾ ਗਿਆ ਸੀ, ਪਰ ਅਜਿਹਾ ਕੋਈ ਅਧਿਕਾਰੀ ਪੇਸ਼ ਨਹੀਂ ਹੋਇਆ।



ਅਰੋੜਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਦਿੱਤੇ ਉਸ ਬਿਆਨ ਨੂੰ ਯਾਦ ਕਰਵਾਇਆ, ਜਿਸ ਵਿੱਚ ਉਨ੍ਹਾ ਸੀ ਬੀ ਆਈ ਨੂੰ ਕੇਂਦਰ ਸਰਕਾਰ ਦਾ ‘ਤੋਤਾ’ ਦੱਸਿਆ ਸੀ। ਉਨ੍ਹਾ ਕਿਹਾ, ‘ਅੱਜ ਮੈਂ ਨਰਿੰਦਰ ਮੋਦੀ ਦੁਆਰਾ ਉਦੋਂ ਕਹੀ ਗਈ ਗੱਲ ਨਾਲ 100 ਫੀਸਦੀ ਸਹਿਮਤ ਹਾਂ। ਚਾਹੇ ਈਡੀ ਹੋਵੇ, ਸੀ ਬੀ ਆਈ ਹੋਵੇ ਜਾਂ ਹੋਰ ਕੇਂਦਰੀ ਏਜੰਸੀਆਂ, ਇਹ ਸਾਰੀਆਂ ਭਾਜਪਾ ਸਰਕਾਰ ਦੇ ਤੋਤਿਆਂ ਵਾਂਗ ਕੰਮ ਕਰ ਰਹੀਆਂ ਹਨ।’ ਅਮਨ ਅਰੋੜਾ ਨੇ ਕਿਹਾ ਕਿ ਈਡੀ ਬਿਨਾਂ ਕੋਈ ਗੜਬੜੀ ਸਾਬਤ ਕੀਤੇ ਮੀਡੀਆ ਵਿੱਚ ਸੰਜੀਵ ਅਰੋੜਾ, ਲਾਲ ਚੰਦ ਕਟਾਰੂ ਚੱਕ ਅਤੇ ਉਨ੍ਹਾਂ ਸਮੇਤ ਆਪ

• ਬਾਕੀ ਸਫਾ 2 ’ਤੇ

### ਭਾਜਪਾ ਪੰਜਾਬ ਦੀ ਦੁਸ਼ਮਣ ਨੰਬਰ 1 : ਧਾਲੀਵਾਲ



**ਚੰਡੀਗੜ੍ਹ :** ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕੇਂਦਰ ਦੀ ਸੱਤਾਧਾਰੀ ਭਾਰਤੀ ਜਨਤਾ ਪਾਰਟੀ ਅਤੇ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ’ਤੇ ਕਰਾਰਾ ਹਮਲਾ ਬੋਲਿਆ ਹੈ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਭਾਜਪਾ ਦਾ ਆਪਣਾ ਕੋਈ ਜਨਾਧਾਰ ਨਹੀਂ ਬਚਿਆ, ਇਸ ਲਈ ਉਹ

• ਬਾਕੀ ਸਫਾ 2 ’ਤੇ

### ਜਨਤਾ ਮਾਨ ਸਰਕਾਰ ਦੇ ਨਾਲ ਚਟਾਨ ਵਾਂਗ ਖੜ੍ਹੀ: ਬਲਤੇਜ ਪੰਨੂ



**ਚੰਡੀਗੜ੍ਹ:** ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕੇਂਦਰ ਸਰਕਾਰ ’ਤੇ ਸੂਬੇ ਦੇ ਫ਼ੰਡ ਰੋਕ ਕੇ, ਸਿਆਸੀ ਮਨੋਰਥਾਂ ਲਈ ਕੇਂਦਰੀ ਜਾਂਚ ਏਜੰਸੀਆਂ ਦੀ ਦੁਰਵਰਤੋਂ ਕਰਕੇ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੂੰ ਬਦਨਾਮ ਕਰਨ ਲਈ ਲਗਾਤਾਰ ਮੁਹਿੰਮ ਚਲਾ ਕੇ ਪੰਜਾਬ ਸਰਕਾਰ ਨੂੰ ਜਾਣਬੁੱਝ ਕੇ ਕਮਜ਼ੋਰ ਕਰਨ ਦੀ ਕੋਸ਼ਿਸ਼

• ਬਾਕੀ ਸਫਾ 2 ’ਤੇ

## ਵੋਟਰ ਲਿਸਟਾਂ ’ਚ ਵੱਡੀ ਪੱਧਰ ’ਤੇ ਛੰਗਾਈ ਖ਼ਤਰਨਾਕ : ਸਿੱਬਲ

**ਨਵੀਂ ਦਿੱਲੀ (ਨ ਜ਼ ਸ) :** ਰਾਜ ਸਭਾ ਮੈਂਬਰ ਕਪਿਲ ਸਿੱਬਲ ਨੇ ਬੁੱਧਵਾਰ ਦੋਸ਼ ਲਾਇਆ ਕਿ ਚੋਣ ਕਮਿਸ਼ਨ ਵੱਲੋਂ ਕੀਤੀ ਜਾ ਰਹੀ ਐੱਸ ਆਈ ਆਰ ਇੱਕ ਅਜਿਹੀ ਕਵਾਇਦ ਹੈ, ਜਿਸ ਦਾ ਮਕਸਦ ਭਾਜਪਾ ਨੂੰ ਚੋਣਾਂ ਜਿਤਾਉਣ ਵਿੱਚ ਮਦਦ ਕਰਨਾ ਹੈ ਅਤੇ ਉਨ੍ਹਾ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਕਿ ਉਹ ਇਸ ਤਹਿਤ ਹੋ ਰਹੀਆਂ ‘ਵੱਡੇ ਪੱਧਰ ’ਤੇ ਨਾਂਅ ਕੱਟਣ ਦੀਆਂ ਕਾਰਵਾਈਆਂ’ ਨੂੰ ਰੋਕੇ। ਸਾਬਕਾ ਕੇਂਦਰੀ ਮੰਤਰੀ ਸਿੱਬਲ ਨੇ ਇਹ ਗੱਲ ‘ਦੀ ਇੰਡੀਅਨ ਐਕਸਪ੍ਰੈਸ’ ਦੀ ਇੱਕ ਰਿਪੋਰਟ ਦੇ ਹਵਾਲੇ ਨਾਲ ਕਹੀ ਹੈ, ਜਿਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਝਾਰਖੰਡ ਦੇ ਗੋਡਾ ਜ਼ਿਲ੍ਹੇ ਵਿੱਚ, ਭਾਜਪਾ ਦੇ ਏਜੰਟ ਬੂਥ ਲੇਵਲ ਅਫਸਰਾਂ (ਬੀ ਐੱਲ ਓ), ਜੋ ਕਿ ਜੇ ਐੱਮ ਐੱਮ-ਕਾਂਗਰਸ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਮੁਲਾਜ਼ਮ ਹਨ, ਨਾਲ ਮਿਲ ਕੇ ਜ਼ਿਆਦਾਤਰ ਘੱਟ-ਗਿਣਤੀ ਭਾਈਚਾਰੇ ਦੇ ਵੋਟਰਾਂ ਦੇ ਨਾਂਅ ਕਟਵਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਜਿਸ ’ਤੇ ਬੀ ਐੱਲ ਓ ਨੇ ਇਤਰਾਜ਼ ਵੀ ਜਤਾਏ ਹਨ। ਸਿੱਬਲ ਨੇ ਐੱਕਸ ’ਤੇ ਲਿਖਿਆ ਹੈ, “ਬਾਹਰ ਰੱਖਣ ਦੀ ਰਾਜਨੀਤੀ। ਭਾਜਪਾ ਏਜੰਟ : ਮੁਸਲਮਾਨਾਂ ਨੂੰ ਨਿਸ਼ਾਨਾ ਬਣਾਓ, ਵੱਡੇ ਪੱਧਰ ’ਤੇ ਨਾਂਅ ਕਟਵਾਓ। ਸੁਪਰੀਮ ਕੋਰਟ ਨੂੰ ਇਸ ਨੂੰ ਰੋਕਣ ਦੀ ਲੋੜ ਹੈ!” ਬਾਅਦ ਵਿੱਚ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿੱਬਲ ਨੇ ਕਿਹਾ ਕਿ ਝਾਰਖੰਡ ਵਿੱਚ ਭਾਜਪਾ ਵਰਕਰਾਂ ਵੱਲੋਂ ਵੋਟਰਾਂ ਦੇ ਨਾਂਅ ਕਟਵਾਉਣ ਲਈ ਫਾਰਮ 7 ਵੱਡੀ ਗਿਣਤੀ ਵਿੱਚ ਭਰੇ ਜਾ ਰਹੇ ਹਨ। ਸਿੱਬਲ ਨੇ ਕਿਹਾ, “ਇਹ ਇੱਕ ਬਹੁਤ ਹੀ ਗੰਭੀਰ ਮਾਮਲਾ ਹੈ ਅਤੇ ਜੇ ਅਦਾਲਤਾਂ ਇਸ ਮਾਮਲੇ ਵੱਲ ਧਿਆਨ ਨਹੀਂ ਦਿੰਦੀਆਂ, ਜੇ ਅਦਾਲਤਾਂ ਸਿਰਫ ਇਹ ਮੰਨਦੀਆਂ ਹਨ ਕਿ ਐੱਸ ਆਈ ਆਰ ਦੀ ਕਵਾਇਦ ਭਾਰਤ ਦੇ ਇੱਕ ਨਿਰਪੱਖ ਚੋਣ ਕਮਿਸ਼ਨ ਵੱਲੋਂ ਕੀਤੀ ਜਾ ਰਹੀ ਹੈ, ਤਾਂ ਮੈਨੂੰ ਲੱਗਦਾ ਹੈ ਕਿ ਅਸੀਂ ਡੂੰਘੀ ਮੁਸੀਬਤ ਵਿੱਚ ਹਾਂ, ਲੋਕਤੰਤਰ ਡੂੰਘੀ ਮੁਸੀਬਤ ਵਿੱਚ ਫਸ ਜਾਵੇਗਾ। ਮਿਸਾਲ ਵਜੋਂ ਦਿੱਲੀ ਵਿੱਚ ਹੀ, ਲੱਗਭੱਗ 45 ਲੱਖ ਤੋਂ 47 ਲੱਖ ਨਾਂਅ ਕੱਟ ਦਿੱਤੇ ਗਏ ਹਨ, ਡਿਲੀਟ ਕਰ ਦਿੱਤੇ ਗਏ ਹਨ। ਹੁਣ ਕਿੰਨੇ ਬਹਾਲ ਕੀਤੇ ਜਾਣਗੇ, ਮੈਨੂੰ ਨਹੀਂ ਪਤਾ, ਪਰ ਇਹ ਦਿੱਲੀ ਦੇ ਪੂਰੇ ਵੋਟਰ ਵਰਗ, ਜੋ ਕਿ 1.5 ਕਰੋੜ ਹੈ, ਦਾ ਲੱਗਭੱਗ 23-24 ਫੀਸਦੀ ਬਣਦਾ ਹੈ। ਯੂ ਪੀ ਵਿੱਚ 2.05 ਕਰੋੜ ਨਾਂਅ ਕੱਟੇ ਗਏ ਹਨ। ਹੁਣ ਤੱਕ ਲੱਗਭੱਗ ਪੰਜ ਤੋਂ ਛੇ ਕਰੋੜ ਨਾਂਅ ਕੁੱਲ ਮਿਲਾ ਕੇ ਕੱਟੇ ਜਾ ਚੁੱਕੇ ਹਨ, ਜਦੋਂ ਤੋਂ ਐੱਸ ਆਈ ਆਰ ਦੀ ਇਹ ਪ੍ਰਕਿਰਿਆ ਸ਼ੁਰੂ ਹੋਈ ਹੈ ਅਤੇ ਜਾਂਚ ਤੋਂ ਪਤਾ ਲੱਗਦਾ ਹੈ ਕਿ ਨਾਂਅ ਕਟਵਾਉਣ ਦੇ ਫਾਰਮ ਵੱਡੀ ਪੱਧਰ ’ਤੇ ਭਾਜਪਾ ਵਰਕਰਾਂ ਵੱਲੋਂ ਭਰੇ ਜਾ ਰਹੇ ਹਨ, ਜੋ ਕਿ ਸੋਸ਼ਲ ਮੀਡੀਆ ਰਾਹੀਂ ਸਬੂਤਾਂ ਅਤੇ ਰਾਸ਼ਟਰੀ ਅਖ਼ਬਾਰਾਂ ਦੋਵਾਂ ਦੁਆਰਾ ਸਾਬਤ ਹੋ ਚੁੱਕਾ ਹੈ। ਤਾਂ ਅਸੀਂ ਇੱਥੋਂ ਕਿੱਥੇ ਜਾਈਏ?”

## ਮਾਨ ਵੱਲੋਂ ਪੀ ਏ ਯੂ ’ਚ ਹਾਰਟੀਕਲਚਰ ਨਾਲੇਜ ਸੈਂਟਰ ਨੂੰ ਮਨਜ਼ੂਰੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਵਿੱਚ ਫ਼ਸਲੀ ਵਿਭਿੰਨਤਾ ਨੂੰ ਵੱਡੇ ਪੱਧਰ ’ਤੇ ਹੁਲਾਰਾ ਦੇਣ ਅਤੇ ਸੂਬੇ ਦੇ ਬਾਗ਼ਬਾਨੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਲਈ ਵੱਡੀ ਪਹਿਲਕਦਮੀ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਜਾਪਾਨ ਇੰਟਰਨੈਸ਼ਨਲ ਕੋਆਪਰੇਸ਼ਨ ਏਜੰਸੀ (ਜੇ ਆਈ ਸੀ ਏ) ਦੇ ਸਹਿਯੋਗ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਇੱਕ ਹਾਰਟੀਕਲਚਰ ਨਾਲੇਜ ਸੈਂਟਰ ਸਥਾਪਤ ਕਰਨ ਨੂੰ ਮਨਜ਼ੂਰੀ ਦਿੱਤੀ। ਇਹ ਪਹਿਲਕਦਮੀ 1300 ਕਰੋੜ ਰੁਪਏ ਦੇ ਪ੍ਰਾਜੈਕਟ ਦਾ ਹਿੱਸਾ ਹੈ, ਜਿਸ ਦਾ ਉਦੇਸ਼ ਬਾਗਬਾਨੀ ਦਾ ਵਿਸਥਾਰ ਕਰਨਾ, ਵੈਲਯੂ ਚੇਨ ਨੂੰ ਮਜ਼ਬੂਤ ਕਰਨਾ ਅਤੇ ਕਿਸਾਨਾਂ ਦੀ ਆਮਦਨ ਨੂੰ ਵਧਾਉਣਾ ਹੈ। ਜ਼ਿਕਰਯੋਗ ਹੈ ਕਿ ਪੰਜਾਬ ਨੇ 2036 ਤੱਕ ਬਾਗਬਾਨੀ ਹੇਠਲੇ ਰਕਬੇ ਨੂੰ 16 ਲੱਖ ਹੈਕਟੇਅਰ ਤੱਕ ਵਧਾਉਣ ਦਾ ਟੀਚਾ ਰੱਖਿਆ ਹੈ। ਬਾਗ਼ਬਾਨੀ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ, ‘ਪ੍ਰਾਜੈਕਟ ਦਾ ਮੁੱਖ ਉਦੇਸ਼ ਬਾਗ਼ਬਾਨੀ ਹੇਠਲੇ ਰਕਬੇ ਦਾ ਵਿਸਥਾਰ ਅਤੇ ਮਜ਼ਬੂਤ ਵੈਲਯੂ ਚੇਨ ਬੁਨਿਆਦੀ ਢਾਂਚੇ ਰਾਹੀਂ ਬਾਗਬਾਨੀ ਫ਼ਸਲਾਂ ਨੂੰ ਉਤਸ਼ਾਹਤ ਕਰਨਾ ਹੈ। ਇਹ ਨਾ ਸਿਰਫ਼ ਫਸਲੀ ਵਿਭਿੰਨਤਾ ਲਿਆ ਕੇ ਕਿਸਾਨਾਂ ਦੀ ਆਮਦਨ ਵਧਾਏਗਾ, ਸਗੋਂ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਵਿੱਚ ਸੁਧਾਰ



• ਬਾਕੀ ਸਫਾ 2 ’ਤੇ

## ਅੱਜ-ਨਾਮਾ

ਮੰਦਰ ਕਮੇਟੀ ਨੇ ਅੱਜ ਆ ਕਰੀ ਮੀਟਿੰਗ,<br>
ਨਵੇਂ ਪ੍ਰਬੰਧਕ ਲਈ ਚੋਣ ਆ ਕਰੀ ਭਾਈ।<br>
ਪਹਿਲੇ ਪ੍ਰਬੰਧਕ ਵਿਵਾਦ ਵਿੱਚ ਫਸੇ ਹੋਏ,<br>
ਚੜ੍ਹਾਵਾ ਜਾਂਦੇ ਸੀ ਜੇਬ ਵਿੱਚ ਭਰੀ ਭਾਈ।<br>
ਪਿਆ ਸੀ ਰੌਲਾ ਤਾਂ ਰਹੇ ਇਨਕਾਰ ਕਰਦੇ,<br>
ਜ਼ਮੀਰ ਜਿਨ੍ਹਾਂ ਦੀ ਅਸਲੋਂ ਸੀ ਮਰੀ ਭਾਈ।<br>
ਪੂਰੀ ਪ੍ਰਸ਼ਾਸਨ ਦੀ ਜਿਹੜੇ ਕਮਾਂਡ ਕਰਦੇ,<br>
ਕਰਦੇ ਬਾਤ ਉਹ ਕਦੀ ਨਹੀਂ ਖਰੀ ਭਾਈ।<br>
ਚੁਣ ਲਿਆ ਨਵਾਂ ਪ੍ਰਬੰਧਕ ਵੀ ਅੱਜ ਭਾਵੇਂ,<br>
’ਕੱਲਾ ਬੰਦਾ ਨਾ ਸਿਸਟਮ ਸੁਧਾਰ ਸਕਦਾ।<br>
ਓਹੜ-ਪੋਹੜ ਜਦ ਕੀਤੇ ਫਿਰ ਪਤਾ ਲੱਗੂ,<br>
ਕਿੰਨੀ ਕੁ ਲੰਮੀ ਉਡਾਰੀ ਆ ਮਾਰ ਸਕਦਾ।

-ਤੀਸ ਮਾਰ ਖਾਂ

## ਸਰਹਿੰਦ ਨਹਿਰ ’ਚ 20 ਫੁੱਟ ਪਾੜ, ਬਾਈਕ ਸਵਾਰ ਤੇਜ਼ ਵਹਾਅ ਦੀ ਲਪੇਟ ’ਚ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ) -** ਨੇੜਲੇ ਪਿੰਡ ਭੈਰੋਮਾਜਰਾ ਅਤੇ ਜਟਾਣਾ ਦੇ ਕੋਲ ਸਰਹਿੰਦ ਨਹਿਰ ਵਿੱਚ ਬੁੱਧਵਾਰ ਤੜਕੇ ਕਰੀਬ 4 ਤੋਂ 5 ਵਜੇ ਦੇ ਵਿਚਕਾਰ ਇੱਕ ਵੱਡਾ ਪਾੜ ਪੈ ਜਾਣ ਕਾਰਨ ਪਾਣੀ ਓਵਰਫਲੋਅ ਹੋ ਕੇ ਪਿੰਡਾਂ ਦੀਆਂ ਫਸਲਾਂ ਅਤੇ ਮੁੱਖ ਸੜਕ ਵੱਲ ਵਗਣ ਲੱਗ ਪਿਆ, ਜਿਸ ਕਾਰਨ ਚਮਕੌਰ ਸਾਹਿਬ ਤੋਂ ਰੂਪਨਗਰ ਜਾਣ ਵਾਲੀ ਮੁੱਖ ਸੜਕ ਪਿੰਡ ਭੈਰੋਮਾਜਰਾ ਕੋਲੋਂ ਲਗਭਗ 15 ਤੋਂ 20 ਫੁੱਟ ਤੱਕ ਧਸ ਕੇ ਬੁਰੀ ਤਰ੍ਹਾਂ ਟੁੱਟ ਗਈ, ਜਿਸ ਨਾਲ ਇਲਾਕੇ ਦੇ ਡੇਢ ਦਰਜਨ ਪਿੰਡਾਂ ਨੂੰ ਨੁਕਸਾਨ ਦਾ ਖਤਰਾ ਪੈਦਾ ਹੋ ਗਿਆ ਹੈ। ਸਵੇਰੇ ਡਿਊਟੀ ਅਤੇ ਜਿਮ ਜਾਣ ਲਈ ਨਿਕਲੇ ਤਿੰਨ ਮੋਟਰਸਾਈਕਲ ਸਵਾਰ, ਜਿਨ੍ਹਾਂ ਵਿੱਚ ਇੱਕ ਮਹਿਲਾ ਵੀ ਸ਼ਾਮਲ ਸਨ, ਅਚਾਨਕ ਧਸੀ ਹੋਈ ਸੜਕ ਅਤੇ ਪਾਣੀ ਦੇ ਤੇਜ਼ ਵਹਾਅ ਦੀ ਲਪੇਟ ਵਿੱਚ ਆ ਗਏ। 21 ਸਾਲਾ ਨੌਜਵਾਨ ਹਰਪ੍ਰੀਤ ਸਿੰਘ ਦੀ ਲੱਤ ਟੁੱਟ ਗਈ, ਜਦੋਂਕਿ ਉਸ ਦੀ ਮਾਤਾ ਕਰਮਜੀਤ ਕੌਰ (45) ਦੇ ਗੋਡੇ ’ਤੇ ਗੰਭੀਰ ਸੱਟ ਲੱਗੀ ਹੈ। ਦੋ ਹੋਰ ਗੰਭੀਰ ਜ਼ਖਮੀ ਨੌਜਵਾਨ ਜਸਕਰਨ ਸਿੰਘ (23), ਜਸ਼ਨਪ੍ਰੀਤ ਸਿੰਘ (25) ਨੂੰ ਡਾਕਟਰਾਂ ਵੱਲੋਂ ਪੀ ਜੀ ਆਈ ਚੰਡੀਗੜ੍ਹ ਰੈਫਰ ਕੀਤਾ ਗਿਆ ਹੈ। ਘਟਨਾ ਦੌਰਾਨ ਦੋ ਤੋਂ ਤਿੰਨ ਮੋਟਰਸਾਈਕਲ ਪਾਣੀ ’ਚ ਡੁੱਬ ਕੇ ਬੁਰੀ ਤਰ੍ਹਾਂ ਨੁਕਸਾਨੇ ਗਏ, ਜਦੋ ਕਿ ਇੱਕ ਮੋਬਾਇਲ ਫੋਨ ਵੀ ਪਾਣੀ ਵਿੱਚ ਡੁੱਬ ਗਿਆ। ਪਿੰਡ ਭੈਰੋਮਾਜਰਾ ਦੇ ਸਰਪੰਚ ਰਜਿੰਦਰ ਸਿੰਘ ਅਤੇ ਪਿੰਡ ਜਟਾਣਾ ਦੇ ਸਰਪੰਚ ਹਰਿੰਦਰ ਸਿੰਘ ਕਾਕਾ ਸਮੇਤ ਇਲਾਕਾ ਵਾਸੀਆਂ ਨੇ ਦੱਸਿਆ ਕਿ ਨਹਿਰ ਦੇ ਕੰਢੇ ਚੂਹਿਆਂ ਦੀਆਂ ਖੁੱਡਾਂ ਹੋਣ ਕਾਰਨ ਪਿਛਲੇ ਕਈ ਦਿਨਾਂ ਤੋਂ ਪਾਣੀ ਸੜਕ ਦੇ ਹੇਠਾਂ ਰਿਸ ਰਿਹਾ ਸੀ। ਇਸ ਸੰਬੰਧੀ ਐੱਸ ਡੀ ਐੱਮ ਅਤੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਨੂੰ ਪਹਿਲਾਂ ਹੀ ਲਿਖਤੀ ਅਤੇ ਜ਼ਬਾਨੀ ਖ਼ਤਰੇ ਤੋਂ ਜਾਣੂ ਕਰਵਾਇਆ ਗਿਆ ਸੀ। ਉਕਤ ਸਰਪੰਚਾਂ ਅਤੇ ਪਿੰਡਾਂ ਦੇ ਲੋਕਾਂ ਦਾ ਦੋਸ਼ ਹੈ ਕਿ ਅਧਿਕਾਰੀਆਂ ਨੇ ਇਸ ਸਮੱਸਿਆ ਨੂੰ ਸੰਜੀਦਗੀ ਨਾਲ ਨਹੀਂ ਲਿਆ ਅਤੇ ਸਿਰਫ਼ ਇੱਕ ਜੇ ਸੀ ਬੀ ਭੇਜ ਕੇ ਲਿਪਾਪੋਚੀ ਕਰਕੇ ਪੱਲਾ ਝਾੜ ਲਿਆ। ਵਿਭਾਗ ਦੀ ਇਸ ਲਾਪਰਵਾਹੀ ਦਾ ਨਤੀਜਾ ਏਨੇ ਵੱਡੇ ਪਾੜ ਅਤੇ ਹਾਦਸੇ ਦੇ ਰੂਪ ਵਿੱਚ ਸਾਹਮਣੇ ਆਇਆ ਹੈ। ?





ਖੇਤਾਂ ਵੱਲ ਜਾ ਰਿਹਾ ਪਾਣੀ (ਸੱਜੇ) ਅਧਿਕਾਰੀਆਂ ਖਿਲਾਫ਼ ਧਰਨੇ ’ਤੇ ਬੈਠੇ ਲੋਕ।

ਘਟਨਾ ਦੀ ਖ਼ਬਰ ਮਿਲਦਿਆਂ ਹੀ ਪ੍ਰਸ਼ਾਸਨ ਦੀ ਉਡੀਕ ਕੀਤੇ ਬਿਨਾਂ ਪਿੰਡਾਂ ਦੇ ਲੋਕਾਂ ਨੇ ਸਵੇਰੇ 5 ਵਜੇ ਤੋਂ ਹੀ ਇਕੱਠੇ ਹੋ ਕੇ ਰੇਤ ਦੇ ਥੈਲੇ ਭਰ ਕੇ ਨਹਿਰ ਦੇ ਪਾੜ ਨੂੰ ਬੰਨ੍ਹਣ ਦਾ ਕੰਮ ਆਪਣੇ ਪੱਧਰ ’ਤੇ ਸ਼ੁਰੂ ਕਰ ਦਿੱਤਾ, ਜਿਸ ਨਾਲ ਪਾਣੀ ਦੇ ਵਹਾਅ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ। ? ਅਧਿਕਾਰੀਆਂ ਦੇ ਦੇਰੀ ਨਾਲ ਪਹੁੰਚਣ ਕਾਰਨ ਭੜਕੇ ਪਿੰਡਾਂ ਦੇ ਲੋਕਾਂ ਨੇ ਨਹਿਰ ਪੁਲ ’ਤੇ ਧਰਨਾ ਲਗਾ ਕੇ ਆਵਾਜਾਈ ਮੁਕੰਮਲ ਠੱਪ ਕਰ ਦਿੱਤੀ, ਜਿਸ ਨਾਲ ਪੁਲ ਦੇ ਦੋਵੇਂ ਪਾਸੇ ਵਾਹਨਾਂ ਦੀਆਂ ਲੰਮੀਆਂ ਲਾਈਨਾਂ ਲੱਗ ਗਈਆਂ। ?ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਧਰਨੇ ਵਿੱਚ ਸ਼ਮੂਲੀਅਤ ਕਰਦਿਆਂ ਪੰਜਾਬ ਸਰਕਾਰ ਅਤੇ ਵਿਭਾਗ ਦੀ ਕਾਰਗੁਜ਼ਾਰੀ ’ਤੇ ਤਿੱਖੇ ਨਿਸ਼ਾਨੇ ਸਾਧੇ ਅਤੇ ਪੀੜਤਾਂ ਲਈ ਮੁਆਵਜ਼ੇ ਦੀ ਮੰਗ ਕੀਤੀ।

ਹਲਕਾ ਇੰਚਾਰਜ ਜਸਬੀਰ ਸਿੰਘ ਗੜ੍ਹੀ ਤੁਰੰਤ ਮੌਕੇ ’ਤੇ ਪਹੁੰਚੇ ਅਤੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ। ਉਹ ਹਸਪਤਾਲ ਵਿੱਚ ਜ਼ਖਮੀਆਂ ਦਾ ਹਾਲ-ਚਾਲ ਪੁੱਛਣ ਵੀ ਗਏ। ਗੜ੍ਹੀ ਨੇ ਡਿਪਟੀ ਕਮਿਸ਼ਨਰ, ਡੀ ਐੱਸ ਪੀ, ਐਕਸੀਅਨ ਅਤੇ ਜੇ ਈ. ਡਰੇਨੇਜ ਸਮੇਤ ਸਮੁੱਚੇ ਪ੍ਰਸ਼ਾਸਨ ਨੂੰ ਮੌਕੇ ’ਤੇ ਲਗਾ ਕੇ ਰਾਹਤ ਕਾਰਜ ਤੇਜ਼ ਕਰਵਾਏ। ਗੜ੍ਹੀ ਅਤੇ ਸੰਗਠਨ ਇੰਚਾਰਜ ਅਮਨਦੀਪ ਸਿੰਘ ਮਾਂਗਟ ਖੁਦ ਲੋਕਾਂ ਨਾਲ ਪਾੜ ਪੂਰਨ ਲਈ ਮਿੱਟੀ ਦੇ ਥੈਲੇ ਲਗਾਉਣ ਲਈ ਜੁਟ ਗਏ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਅਣਗਹਿਲੀ ਵਰਤਣ ਵਾਲੇ ਸੰਬੰਧਤ ਅਧਿਕਾਰੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ? ਜ਼ਖਮੀ ਨੌਜਵਾਨਾਂ ਦਾ ਸਾਰਾ ਇਲਾਜ ‘ਰੈੱਡ ਕਰਾਸ ਫੰਡ’ ਵਿਚੋਂ ਸਰਕਾਰੀ ਖ਼ਰਚੇ ’ਤੇ ਕਰਵਾਇਆ ਜਾਵੇਗਾ ਅਤੇ ਪੀੜਤਾਂ ਨੂੰ ਯੋਗ ਮੁਆਵਜ਼ਾ ਦਿਵਾਇਆ ਜਾਵੇਗਾ। ਇਸ ਮੌਕੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ, ਐੱਸ ਡੀ ਐੱਮ ਪ੍ਰਦੀਪ ਸਿੰਘ ਬੈਂਸ, ਡੀ ਐੱਸ ਪੀ ਮਨਜੀਤ ਸਿੰਘ ਔਲਖ, ਤਹਿਸੀਲਦਾਰ ਕੁਲਵਿੰਦਰ ਸਿੰਘ ਅਤੇ ਥਾਣਾ ਮੁਖੀ ਸ਼ਵਿੰਦਰ ਸਿੰਘ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਪੰਜਾਬੀ ਯੂਨੀਵਰਸਿਟੀ ਵਿਖੇ ਪ੍ਰੋ. ਹਿਮੰਦਰ ਭਾਰਤੀ ਨੇ ਅਹੁਦਾ ਸੰਭਾਲਿਆ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬੀ ਯੂਨੀਵਰਸਿਟੀ ਵਿਖੇ ਪ੍ਰੋ. ਹਿਮੰਦਰ ਭਾਰਤੀ ਨੇ ਮੰਗਲਵਾਰ ਨੂੰ ਯੂਨੀਵਰਸਿਟੀ ਦੇ ਕੰਟਰੋਲਰ ਪ੍ਰੀਖਿਆਵਾਂ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਉਹ ਯੂਨੀਵਰਸਿਟੀ ਦੇ ਜੀਵ ਵਿਗਿਆਨ ਅਤੇ ਵਾਤਾਵਰਣ ਵਿਗਿਆਨ ਵਿਭਾਗ ਵਿਖੇ ਅਧਿਆਪਕ ਵਜੋਂ ਕਾਰਜਸ਼ੀਲ ਹਨ। ਉਨ੍ਹਾਂ ਵੱਲੋਂ ਅਹੁਦਾ ਸੰਭਾਲੇ ਜਾਣ ਮੌਕੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਉਚੇਚੇ ਤੌਰ 'ਤੇ ਪਹੁੰਚੇ। ਉਨ੍ਹਾਂ ਪ੍ਰੋ. ਭਾਰਤੀ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਮੀਦ ਪ੍ਰਗਟਾਈ ਕਿ ਉਨ੍ਹਾਂ ਵੱਲੋਂ ਅਹੁਦਾ ਸੰਭਾਲੇ ਜਾਣ ਨਾਲ ਪ੍ਰੀਖਿਆ ਸ਼ਾਖਾ ਦਾ ਕੰਮਕਾਜ ਹੋਰ ਵੀ ਸੁਚਾਰੂ, ਪਾਰਦਰਸ਼ੀ ਅਤੇ ਸਮੇਂ ਸਿਰ ਪੂਰਾ ਹੋਵੇਗਾ।

## ਕਾਤਰੋਂ ਤੇ ਕਿਲ੍ਹਾ ਹਕੀਮਾਂ ਦੇ ਖੇਡ ਸਟੇਡੀਅਮ ਨੌਜਵਾਨਾਂ ਨੂੰ ਸਮਰਪਤ



ਧੂਰੀ (ਮਨੋਹਰ ਸਿੰਘ ਸੱਗੂ)- ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਪਿੰਡ ਕਾਤਰੋਂ ਅਤੇ ਕਿਲ੍ਹਾ ਹਕੀਮਾਂ ਵਿਖੇ ਨਵੇਂ ਬਣੇ ਖੇਡ ਸਟੇਡੀਅਮਾਂ ਦਾ ਉਦਘਾਟਨ ਕਰਕੇ ਇਨ੍ਹਾਂ ਨੂੰ ਨੌਜਵਾਨਾਂ ਨੂੰ ਸਮਰਪਿਤ ਕੀਤਾ। ਉਨ੍ਹਾਂ ਦੱਸਿਆ ਕਿ ਕਿਲ੍ਹਾ ਹਕੀਮਾਂ ਦਾ ਸਟੇਡੀਅਮ 25.87 ਲੱਖ ਰੁਪਏ ਅਤੇ ਕਾਤਰੋਂ ਦਾ ਸਟੇਡੀਅਮ 12.51 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਹੈ। ਸੁਖਵੀਰ ਸਿੰਘ ਨੇ ਕਿਹਾ ਕਿ ਪਿੰਡ ਪੱਧਰ 'ਤੇ ਖੇਡ ਸਹੂਲਤਾਂ ਮਿਲਣ ਨਾਲ ਨੌਜਵਾਨ ਆਪਣੀ ਖੇਡ ਪ੍ਰਤਿਭਾ ਨਿਖਾਰ ਸਕਣਗੇ ਅਤੇ ਨਸ਼ਿਆਂ ਤੋਂ ਦੂਰ ਰਹਿਣਗੇ।

## ਤੁਹਾਡੇ ਵੱਲੋਂ ਮਿਲੇ ਪਿਆਰ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ : ਸੇਖੋਂ



ਮੱਖੂ, (ਰਛਪਾਲ ਸਿੰਘ ਸੰਧੂ):- ਵਿਧਾਨ ਸਭਾ ਹਲਕਾ ਜ਼ੀਰਾ ਤੋਂ ਆਜ਼ਾਦ ਉਮੀਦਵਾਰ ਗੁਰਪ੍ਰੀਤ ਸਿੰਘ ਸੇਖੋਂ ਵੱਲੋਂ ਵਿਧਾਨ ਸਭਾ ਹਲਕਾ ਜ਼ੀਰਾ ਦੇ ਸ਼ਹਿਰਾਂ ਅਤੇ ਪਿੰਡਾਂ ਦੇ ਲੋਕਾਂ ਨਾਲ ਸੰਪਰਕ ਬਣਾਉਣ ਦੀ ਚਲਾਈ ਹੋਈ ਮੁਹਿੰਮ ਤਹਿਤ ਜਦ ਦਾਣਾ ਮੰਡੀ ਮੱਖੂ ਵਿਖੇ ਪਹੁੰਚੇ ਤਾਂ ਦਾਣਾ ਮੰਡੀ ਮੱਖੂ ਵਿਖੇ ਨਗਰ ਪੰਚਾਇਤ ਮੱਖੂ ਦੇ ਸਾਬਕਾ ਪ੍ਰਧਾਨ ਵਰਿੰਦਰ ਠੁਕਰਾਲ ਵੱਲੋਂ ਆਪਣੀ ਆੜ੍ਹਤ ਦੀ ਦੁਕਾਨ 'ਤੇ ਵੱਡੀ ਗਿਣਤੀ ਵਿੱਚ ਇੱਕਠੇ ਹੋਏ ਇਲਾਕਾ ਨਿਵਾਸੀਆਂ, ਸ਼ਹਿਰ ਵਾਸੀ ਅਤੇ ਆੜ੍ਹਤੀਆਂ ਦੀ ਹਾਜ਼ਰੀ ਵਿੱਚ ਗੁਰਪ੍ਰੀਤ ਸਿੰਘ ਸੇਖੋਂ ਦਾ ਸਿਰਪਾਓ ਭੇਟ ਕਰਕੇ ਸਵਾਗਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਗੁਰਪ੍ਰੀਤ ਸਿੰਘ ਸੇਖੋਂ ਨੇ ਕਿਹਾ ਕਿ ਤੁਹਾਡਾ ਪਿਆਰ ਜੋ ਮੈਨੂੰ ਮਿਲ ਰਿਹਾ ਹੈ ਉਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਮੈਂ ਤੁਹਾਡਾ ਹਮੇਸ਼ਾ ਹੀ ਦੇਣ ਦਾ ਹਾਜ਼ਰ ਰਹਾਂਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਜੋ ਨਸ਼ਿਆਂ ਦਾ ਛੇਵਾਂ ਦਰਿਆ ਵੱਗ ਰਿਹਾ ਹੈ ਉਸ ਨੂੰ ਖ਼ਤਮ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਨਾਮੁਰਾਦ ਬਿਮਾਰੀ ਤੋਂ ਦੂਰ ਕਰਨਾ ਉਸ ਦਾ ਮੁੱਖ ਮਕਸਦ ਹੈ। ਇਸ ਮੌਕੇ ਨਛੱਤਰ ਸਿੰਘ ਚੇਅਰਮੈਨ ਮਾਰਕਿਟ ਕਮੇਟੀ ਮੱਖੂ, ਜਰਨੈਲ ਸਿੰਘ ਸੰਧੂ, ਪਵਨ ਕਟਾਰੀਆ, ਸੁਖਦੇਵ ਸਿੰਘ ਲੋਹਕਾ, ਮਨਜਿੰਦਰ ਸਿੰਘ ਕੰਸਲਰ, ਕਰਨ ਠੁਕਰਾਲ, ਸ਼ਿਵ ਠੁਕਰਾਲ, ਦਰਸ਼ਨਜੀਤ ਛਾਬੜਾ, ਸਤੀਸ਼ ਆਹੂਜਾ, ਰਾਜੀਵ ਠੁਕਰਾਲ ਲੱਕੀ, ਕੁਲਦੀਪ ਮਸੀਤ, ਭਰਤ ਛਾਬੜਾ ਆਦਿ ਹਾਜ਼ਰ ਸਨ।

## ਪਿੰਡ ਦੇ ਮੁੰਡੇ ਤੋਂ ਪਰੇਸ਼ਾਨ ਕੁੜੀ ਨੇ ਚੁੱਕਿਆ ਖੌਫਨਾਕ ਕਦਮ

ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ) - ਫਰੀਦਕੋਟ ਜ਼ਿਲ੍ਹੇ ਦੇ ਪਿੰਡ ਅਰਾਈਆਂਵਾਲਾ ਦੇ ਮੁੰਡੇ ਤੋਂ ਪਰੇਸ਼ਾਨ ਕੁੜੀ ਨੇ ਖੌਫਨਾਕ ਕਦਮ ਚੁੱਕਦਿਆਂ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਪੁਲਿਸ ਨੇ ਇਸ ਮਾਮਲੇ ਦੇ ਵਿੱਚ ਲੜਕੀ ਦੀ ਮਾਤਾ ਦੇ ਬਿਆਨਾਂ 'ਤੇ ਸੰਬੰਧਿਤ ਲੜਕੇ ਖ਼ਿਲਾਫ਼ ਥਾਣਾ ਸਦਰ ਫਰੀਦਕੋਟ ਵਿੱਚ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਲੜਕੀ ਦੀ ਮਾਤਾ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਸ ਦੀ ਲੜਕੀ ਨੂੰ ਅਰਾਈਆਂਵਾਲਾ ਦਾ ਲੜਕਾ ਪਰੇਸ਼ਾਨ ਕਰਦਾ ਸੀ ਅਤੇ ਉਸ ਦੇ ਘਰ ਕਈ ਵਾਰ ਉਹਨਾਂ ਨੇ ਉਸਨੂੰ ਵੀ ਦਿੱਤਾ ਸੀ ਤੇ ਅਜਿਹਾ ਕਰਨ ਤੋਂ ਰੋਕਿਆ ਵੀ ਸੀ ਪਰ ਉਹ ਨਹੀਂ ਰੁਕਿਆ, ਜਿਸ ਕਰਕੇ ਲੜਕੀ ਇਹ ਖੌਫਨਾਕ ਕਦਮ ਚੁੱਕਣ ਲਈ ਮਜਬੂਰ ਹੋਈ।

## ਗਿੱਦੜਬਾਹਾ ਬਾਰ ਐਸੋਸੀਏਸ਼ਨ ਦੀਆਂ ਚੋਣਾਂ 11 ਸਤੰਬਰ ਨੂੰ

ਗਿੱਦੜਬਾਹਾ (ਜਸਵੰਤ ਗਿੱਲ ਛੱਤੇਆਣਾ) - ਗਿੱਦੜਬਾਹਾ ਬਾਰ ਐਸੋਸੀਏਸ਼ਨ ਦੀਆਂ ਚੋਣਾਂ ਨੂੰ ਲੈ ਕੇ ਚੋਣ ਪ੍ਰਚਾਰ ਪੂਰੀ ਤਰ੍ਹਾਂ ਭਖ ਗਿਆ ਹੈ। ਪ੍ਰਧਾਨ ਦੇ ਅਹੁਦੇ ਲਈ ਐਡਵੋਕੇਟ ਸਤਬੀਰ ਸਿੰਘ ਔਲਖ ਅਤੇ ਐਡਵੋਕੇਟ ਕੁਲਜਿੰਦਰ ਸਿੰਘ ਸੰਧੂ ਚੋਣ ਮੈਦਾਨ ਵਿੱਚ ਆਹਮੋ-ਸਾਹਮਣੇ ਹਨ।



ਇਸੇ ਤਰ੍ਹਾਂ ਵਾਈਸ ਪ੍ਰਧਾਨ ਦੇ ਅਹੁਦੇ ਲਈ ਐਡਵੋਕੇਟ ਅਨੰਤਰੂਪ ਸਿੰਘ ਅਤੇ ਐਡਵੋਕੇਟ ਤਿਲਕ ਰਾਜ ਅਤੇ ਸਕੱਤਰ ਦੇ ਅਹੁਦੇ ਲਈ ਐਡਵੋਕੇਟ ਗਗਨਦੀਪ ਸਿੰਘ ਧਾਲੀਵਾਲ ਤੇ ਐਡਵੋਕੇਟ ਸਾਗਰ ਕੁਮਾਰ ਵਿਚਕਾਰ ਮੁਕਾਬਲਾ ਹੋਵੇਗਾ। ਚੋਣ ਪ੍ਰਕਿਰਿਆ ਸਬੰਧੀ ਜਾਣਕਾਰੀ ਦਿੰਦਿਆਂ ਰਿਟਰਨਿੰਗ ਅਫਸਰ ਐਡਵੋਕੇਟ ਸਨੇਹਪ੍ਰੀਤ ਸਿੰਘ ਮਾਨ ਅਤੇ ਐਡਵੋਕੇਟ ਗੁਰਮੀਤ ਸਿੰਘ ਮਾਨ ਨੇ ਦੱਸਿਆ ਕਿ ਬਾਰ ਐਸੋਸੀਏਸ਼ਨ ਦੀਆਂ ਚੋਣਾਂ 11 ਸਤੰਬਰ ਨੂੰ ਬਾਰ ਰੂਮ ਗਿੱਦੜਬਾਹਾ ਵਿਖੇ ਕਰਵਾਈਆਂ ਜਾਣਗੀਆਂ। ਪੋਲਿੰਗ ਦਾ ਸਮਾਂ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਨਿਰਧਾਰਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ ਕੁੱਲ 142 ਵੋਟਰ ਆਪਣੀ ਵੋਟ ਦੇ ਹੱਕ ਦੀ ਵਰਤੋਂ ਕਰਨਗੇ।

## ਬਿਜਲੀ ਉਪ-ਮੰਡਲ ਨੂੰ ਦੋ ਹਿੱਸਿਆਂ ਵਿੱਚ ਵੰਡਣ ਦੀ ਮੰਗ

ਧੂਰੀ (ਮਹਿੰਦਰ ਗਰਗ, ਮਨੋਹਰ ਸੱਗੂ, ਬਿਨੀ ਗਰਗ)-ਧੂਰੀ ਸ਼ਹਿਰ ਦੇ ਵਿਕਾਸ ਅਤੇ ਲੋਕ ਹਿੱਤਾਂ ਲਈ ਕਾਰਜਸ਼ੀਲ ਗੈਰ-ਸਿਆਸੀ ਜਥੇਬੰਦੀ 'ਧੂਰੀ ਵਿਕਾਸ ਮੰਚ (ਰਜਿ.)' ਵੱਲੋਂ ਇਲਾਕਾ ਵਾਸੀਆਂ ਦੀ ਖੱਪਤਕਾਰ ਸਹੂਲਤ ਅਤੇ ਬਿਜਲੀ ਪ੍ਰਬੰਧ ਨੂੰ ਸੁਚਾਰੂ ਬਣਾਉਣ ਲਈ ਮੁੱਖ ਮੰਤਰੀ ਨੂੰ ਇੱਕ ਮੰਗ ਪੱਤਰ ਭੇਜਿਆ ਗਿਆ ਹੈ। ਮੰਚ ਨੇ ਧੂਰੀ ਦੇ ਵਧ ਰਹੇ ਖੇਤਰਫਲ ਨੂੰ ਦੇਖਦਿਆਂ ਪਾਵਰਕਾਮ ਦੇ ਵੱਡ ਉਪ-ਮੰਡਲ ਸ਼ਹਿਰੀ ਧੂਰੀ ਨੂੰ ਦੋ ਹਿੱਸਿਆਂ (ਸ਼ਹਿਰੀ-1 ਅਤੇ ਸ਼ਹਿਰੀ-2) ਵਿੱਚ ਵੰਡਣ ਅਤੇ ਖਾਲੀ ਪਈਆਂ ਅਸਾਮੀਆਂ ਭਰਨ ਦੀ ਅਪੀਲ ਕੀਤੀ ਹੈ।

## ਪੰਜਾਬ ਵਿਚ ਮੁੜ ਬਣੇਗੀ ਆਪ ਸਰਕਾਰ : ਚੱਠਾ


ਧੂਰੀ, (ਮਹਿੰਦਰ ਗਰਗ, ਮਨੋਹਰ ਸੱਗੂ, ਬਿਨੀ ਗਰਗ)-ਆਲ ਇੰਡੀਆ ਐਸ.ਸੀ.ਆਈ. ਐਗਜ਼ੀਕਿਊਟਿਵ ਯੂਨੀਅਨ ਦੇ ਕੌਮੀ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਸੂਬਾਈ ਆਗੂ ਸੁਖਵਿੰਦਰ ਸਿੰਘ ਚੱਠਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਾਅਵਾ ਕੀਤਾ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਹਿੱਤੂ ਕੰਮਾਂ ਦੀ ਬਦੌਲਤ ਹੀ ਸੂਬੇ ਦੇ ਲੋਕ ਆਗਾਮੀ ਚੋਣਾਂ ਵਿੱਚ ਇੱਕ ਵਾਰ ਫਿਰ 'ਆਪ' ਦੀ ਝੋਲੀ ਵਿੱਚ ਫ਼ਤਵਾ ਪਾਉਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਤਰੱਕੀ ਦੀਆਂ ਨਵੀਆਂ ਬੁਲੰਦੀਆਂ ਛੂਹ ਰਿਹਾ ਹੈ।

## ਪੰਜਾਬ ਦੇ ਲੋਕ ਮੁੱਖ ਮੰਤਰੀ ਮਾਨ ਨਾਲ : ਹੈਪੀ ਗਰਗ

ਧੂਰੀ (ਮਹਿੰਦਰ ਗਰਗ, ਮਨੋਹਰ ਸੱਗੂ, ਬਿਨੀ ਗਰਗ)-ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੂਬਾਈ ਆਗੂ ਐਡਵੋਕੇਟ ਹੈਪੀ ਗਰਗ ਨੇ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ-ਪੱਖੀ ਨੀਤੀਆਂ ਅਤੇ ਇਮਾਨਦਾਰ ਸ਼ਾਸਨ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਮੀਡੀਆ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਗਰਗ ਨੇ ਆਖਿਆ ਕਿ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ 300 ਯੂਨਿਟ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ ਰਾਹੀਂ ਬਿਹਤਰ ਸਿਹਤ ਸਹੂਲਤਾਂ, ਅਤੇ ਹਜ਼ਾਰਾਂ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਸਰਕਾਰੀ ਨੌਕਰੀਆਂ ਦੇ ਕੇ ਇਤਿਹਾਸ ਰਚਿਆ ਹੈ।

## ਏ ਜੀ ਪੰਜਾਬ ਦੀ ਸ੍ਰੀ ਮੁਕਤਸਰ ਸਾਹਿਬ ਵਿਖੇ ਅਦਾਲਤ 24 ਨੂੰ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ / ਪੂਜਾ) -ਏ.ਜੀ. ਪੰਜਾਬ ਅਤੇ ਪੰਜਾਬ ਸਰਕਾਰ ਦੇ ਗੌਰਮਿੰਟ ਪੈਨਸ਼ਨਰਜ਼ ਭਲਾਈ ਵਿਭਾਗ ਵੱਲੋਂ 24 ਸਤੰਬਰ 2026 ਨੂੰ 10ਵਜੇ ਸਵੇਰੇ ਡੀ.ਸੀ.ਦਫ਼ਤਰ ਵਿਖੇ ਪੈਨਸ਼ਨਰਜ਼ ਦੀਆਂ ਮੁਸ਼ਕਲਾਂ ਸੁਣ ਕੇ ਬਕਾਇਆ ਦੇ ਕੇਸਾਂ/ਕੰਮਾਂ ਦਾ ਮੌਕੇ 'ਤੇ ਨਿਪਟਾਰਾ ਕਰਨ ਹਿੱਤ ਗੌਰਮਿੰਟ ਪੈਨਸ਼ਨਰਜ਼ ਅਦਾਲਤ ਲੱਗ ਰਹੀ ਹੈ।



ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹੇ ਦੇ ਸਾਰੇ ਸਰਕਾਰੀ ਪੈਨਸ਼ਨਰਜ਼ ਨੂੰ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਆਪਣੀ ਅਰਜ਼ੀ ਵੇਰਵੇ ਸਹਿਤ ਤਿਆਰ ਕਰਕੇ ਲੋੜੀਂਦੇ ਦਸਤਾਵੇਜ਼ ਲਗਾਕੇ ਦਿ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਦਫ਼ਤਰ (ਪੈਨਸ਼ਨਰਜ਼ ਭਵਨ) ਵਿਖੇ ਐਤਵਾਰ ਨੂੰ ਛੱਡ ਕੇ ਕਿਸੇ ਵੀ ਕੰਮ ਵਾਲੇ ਦਿਨ 12: 30 ਵਜੇ ਦੁਪਹਿਰ ਤੋਂ 2:30 ਵਜੇ ਦੁਪਹਿਰ ਤੱਕ ਤਿੰਨ ਦਸਤੀ ਵਿੱਚ ਮੁਕੰਮਲ ਦਰਜ ਕਰਵਾਉਣ।

## ਸਰਕਾਰੀ ਬਰਜਿੰਦਰਾ ਕਾਲਜ 'ਚ ਸੋਮਨਾਥ ਸਵਾਭੀਮਾਨ ਪਰਵ ਆਯੋਜਿਤ

ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ) - ਸਰਕਾਰੀ ਬਰਜਿੰਦਰਾ ਕਾਲਜ ਫਰੀਦਕੋਟ ਵਿਖੇ ਪ੍ਰਿੰਸੀਪਲ ਡਾ. ਪ੍ਰਸਨ ਕੁਮਾਰ ਤੇਲਗਾ ਦੀ ਯੋਗ ਅਗਵਾਈ ਹੇਠ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਉਚੇਰੀ ਸਿੱਖਿਆ ਵਿਭਾਗ ਵੱਲੋਂ 'ਸੋਮਨਾਥ ਸਵਾਭੀਮਾਨ ਪਰਵ' ਆਯੋਜਿਤ ਕੀਤਾ ਗਿਆ।



ਕਾਲਜ ਦੇ ਇਤਿਹਾਸ ਵਿਭਾਗ ਦੁਆਰਾ ਡਾ.ਪਰਮਜੀਤ ਸਿੱਧੂ ਵੱਲੋਂ ਸੋਮਨਾਥ ਮੰਦਰ ਉੱਪਰ ਲੈਕਚਰ ਕਰਵਾਇਆ ਗਿਆ। ਜਿਸ ਵਿੱਚ ਇਤਿਹਾਸ ਵਿਭਾਗ ਦੇ ਡਾ. ਇੰਦਰਦੀਪ ਸਿੰਘ ਬਰਾੜ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ। ਇਸ ਪਰਵ ਨੂੰ ਸਫਲਤਾ ਪੂਰਵਕ ਸੰਪੂਰਨ ਕਰਾਉਣ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਕਾਲਜ ਦੇ ਪ੍ਰੋ. ਮਹਿੰਦਰਜੀਤ ਕੌਰ ਬਰਾੜ, ਡਾ. ਅਮਰਜੀਤ ਕੌਰ ਸੰਧੂ, ਪ੍ਰੋ. ਰਮਨਦੀਪ ਕੌਰ ਸੰਧੂ, ਪ੍ਰੋ. ਅਰਵਿੰਦਰ ਸਿੰਘ, ਪ੍ਰੋ. ਦੀਵਿਕਾ ਸ਼ਰਮਾ, ਪ੍ਰੋ. ਮਲਕੀਤ ਸਿੰਘ, ਪ੍ਰੋ. ਕੰਵਲ ਗਰਗੀ, ਡਾ. ਸੋਨਿਕਾ ਰਾਣੀ. ਪ੍ਰੋ. ਹਰਪ੍ਰੀਤ ਸਿੰਘ ਸਵੀ, ਡਾ. ਗਗਨਦੀਪ ਕੌਰ (ਇਕਨਾਮਿਕਸ), ਪ੍ਰੋ. ਸੁਸ਼ੀਲ ਕੁਮਾਰ, ਪ੍ਰੋ. ਪ੍ਰਕਤੀ, ਪ੍ਰੋ. ਗੁਰਮੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਭਾਕਿਯੂ ਏਕਤਾ ਉਗਰਾਹਾਂ ਵੱਲੋਂ ਡੀ ਸੀ ਦਫ਼ਤਰ ਅੱਗੇ ਅਣਮਿੱਥੇ ਸਮੇਂ ਪੱਕਾ ਮੋਰਚਾ ਚੌਥੇ ਦਿਨ-ਰਾਤ ਜਾਰੀ

### ਜਗਸੀਰ ਜੀਦਾ ਨੇ ਸ਼ਹੀਦ ਊਧਮ ਸਿੰਘ ਨੂੰ ਯਾਦ ਕਰਦਿਆਂ ਵਾਰਾਂ ਗਾ ਕੇ ਰੰਗ ਬੰਨ੍ਹਿਆ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਸੂਬਾ ਕਮੇਟੀ ਦੇ ਸੱਦੇ 'ਤੇ ਕਰ ਮੁਕਤ ਡੇਅਰੀ ਫਾਰਮਿੰਗ ਸਮਝੌਤਾ ਵਾਰਤਾ ਲੈਂਡ ਪੂਲਿੰਗ, ਨਿੱਜੀ ਕਰਨ ਦੀਆਂ ਨੀਤੀਆਂ ਵਿਰੁੱਧ ਕਿਸਾਨਾਂ ਮਜ਼ਦੂਰਾਂ ਪੱਖੀ ਖੇਤੀ ਨੀਤੀ ਬਣਾਉਣ ਕਰਜ਼ਾ ਮੁਕਤੀ ਆਦਿ ਮੰਗਾਂ ਲਾਗੂ ਕਰਾਉਣ ਲਈ 30 ਅਗਸਤ ਤੋਂ ਜ਼ਿਲ੍ਹਾ ਹੈਡਕੁਆਰਟਰਾਂ ਵਿਖੇ ਅਣਮਿੱਥੇ ਸਮੇਂ ਲਈ ਦਿਨ ਰਾਤ ਪੱਕਾ ਮੋਰਚਾ ਚੌਥੇ ਦਿਨ ਵੀ ਜਾਰੀ ਰਿਹਾ।ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ, ਸੀਨੀਅਰ ਮੀਤ ਪ੍ਰਧਾਨ ਗੁਰਪਾਸ ਸਿੰਘ ਸਿੰਘੇਵਾਲਾ, ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਨੇ ਪੰਜਾਬ ਤੇ ਕੇਂਦਰ ਸਰਕਾਰ ਤੇ ਦੋਸ਼ ਲਾਉਂਦਿਆਂ ਕਿਹਾ ਕਿ ਜ਼ਮੀਨਾਂ ਖੋਹਣ ਵਾਲੀ ਲੁਟੇਰੀ ਲੈਂਡ ਪੂਲਿੰਗ ਨੀਤੀ ਦੁਬਾਰਾ ਲਿਆਂਦੀ ਜਾ ਰਹੀ ਹੈ, ਉੱਥੇ ਕੇਂਦਰ ਸਰਕਾਰ ਵੱਲੋਂ ਅਮਰੀਕਾ ਕਰ ਮੁਕਤ ਡੇਅਰੀ ਫਾਰਮਿੰਗ ਸਮਝੌਤਾ ਵਾਰਤਾ ਨੂੰ ਅੱਗੇ ਵਧਾਇਆ ਜਾ ਰਿਹਾ ਹੈ, ਜਿਸ ਨਾਲ ਦੇਸ਼ ਦੇ ਕਰੋੜਾਂ ਕਰੋੜ ਲੋਕਾਂ ਤੇ ਭਾਰੀ ਬੋਝ ਪਾਇਆ ਜਾ ਰਿਹਾ ਹੈ, ਜਿਸ ਨਾਲ ਜਿੱਥੇ ਦਾਣਾ ਮੰਡੀਆਂ ਖ਼ਤਮ ਹੋਣਗੀਆਂ, ਉਥੇ ਮੰਡੀ ਨਾਲ ਜੁੜੇ ਕਿਸਾਨਾਂ ਮਜ਼ਦੂਰਾਂ ਦਾ ਉਜਾੜਾ, ਆੜਤੀਏ ਮੁਨੀਮ ਵਪਾਰੀ ਲੇਬਰ ਮਜ਼ਦੂਰ ਬੇਰੁਜ਼ਗਾਰ ਹੋਣਗੇ ਉਥੇ ਛੋਟੀ ਵੱਡੀ ਸਨਅਤ ਡੇਅਰੀ ਫਾਰਮਿੰਗ ਦੁੱਧ ਦਾ ਧੰਦਾ ਵੀ ਪ੍ਰਭਾਵਿਤ ਹੋਵੇਗਾ, ਜਿਸ ਨੂੰ ਸੰਘਰਸ਼ੀਲ ਕਿਸਾਨ ਮਜ਼ਦੂਰ ਜਥੇਬੰਦੀਆਂ ਬਰਦਾਸ਼ਤ ਨਹੀਂ ਕਰਨਗੀਆਂ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਕਿਸਾਨਾਂ ਦੇ ਖੇਤਾਂ ਵਿੱਚ ਕੰਪਨੀਆਂ ਰਾਹੀਂ ਮੈਪ ਪੈਮਾਇਸ਼ ਲਈ ਡਰੋਨ ਚਲਾਏ ਜਾ ਰਹੇ ਹਨ। ਉਨ੍ਹਾਂ ਮੰਗ ਕੀਤੀ ਹਰ ਤਰ੍ਹਾਂ ਦੇ ਕਾਲੇ ਕਾਨੂੰਨਾਂ ਤੇ ਅੰਦੋਲਨ ਕਾਰੀ ਪਰਾਲੀ ਸਾੜਨ ਵਾਲੇ ਕਿਸਾਨਾਂ ਮਜ਼ਦੂਰਾਂ ਤੇ ਦਰਜ਼ ਪੁਲਿਸ ਕੇਸ, ਨਿੱਜੀਕਰਨ ਦੀਆਂ ਨੀਤੀਆਂ ਨੂੰ ਰੱਦ ਕੀਤਾ ਜਾਵੇ।

ਅੰਦੋਲਨ ਕਾਰੀ ਕਿਸਾਨਾਂ ਮਜ਼ਦੂਰਾਂ ਤੇ ਦਰਜ਼ ਪੁਲਿਸ ਕੇਸ ਰੱਦ ਕਰਨ ਜ਼ਮੀਨਾਂ ਤੇ ਡਰੋਨ ਚਲਾਉਣ ਦੀ ਨੀਤੀ ਰੱਦ ਕਰਨ ਫਸਲਾਂ ਦੇ ਭਾਅ ਡਾ ਸੁਆਮੀ ਨਾਥਨ ਦੀ ਰੀਪੋਰਟ ਸੀਟੂ +50% ਨਾਲ ਭਾਅ ਗਾਰੰਟੀ ਕਾਨੂੰਨ ਲਾਗੂ ਕੀਤਾ ਜਾਵੇ, ਕਾਸ਼ਤਕਾਰਾਂ ਕਿਸਾਨਾਂ ਮਜ਼ਦੂਰਾਂ ਨੂੰ ਜ਼ਮੀਨੀ ਮਾਲਕੀ ਹੱਕ ਦਿੱਤੇ ਜਾਣ, ਖੁਦਕੁਸ਼ੀ ਪੀੜਤ ਪਰਵਾਰਾਂ ਨੂੰ 10-10 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ, ਕਿਸਾਨਾਂ-ਮਜ਼ਦੂਰਾਂ ਦੇ ਸਾਰੇ ਕਰਜ਼ੇ ਖ਼ਤਮ ਕੀਤੇ ਜਾਣ, 60 ਸਾਲ ਤੇ 10,000/- ਰੁਪਏ ਬੁਢਾਪਾ ਤੇ ਵਿਧਵਾ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਗੜ੍ਹੇਮਾਰੀ ਮੀਹਾਂ ਨਾਲ ਫਸਲਾਂ ਦੇ ਮੁਆਵਜ਼ੇ ਦਿੱਤੇ ਜਾਣ, ਉਨ੍ਹਾਂ ਭਰਾਤਰੀ ਜਥੇਬੰਦੀਆਂ ਕਿਸਾਨਾਂ ਮਜ਼ਦੂਰਾਂ ਮੁਲਾਜ਼ਮਾਂ ਮਿਹਨਤਕਸ਼ ਲੋਕਾਂ ਨੂੰ ਮੋਰਚੇ ਵਿੱਚ ਵੱਡੀ ਗਿਣਤੀ ਸ਼ਾਮਲ ਹੋਣ ਦਾ ਸੱਦਾ ਵੀ ਦਿੱਤਾ।

## ਸਰਕਾਰੀ ਕਾਲਜ (ਲੜਕੀਆਂ) ਵਿਖੇ ਫਾਊਂਡੇਸ਼ਨ ਡੇਅ ਸਮਾਰੋਹ ਸ਼ਾਨੋ-ਸ਼ੌਕਤ ਨਾਲ ਮਨਾਇਆ



ਜਲਾਲਾਬਾਦ, (ਰਣਬੀਰ ਕੌਰ ਢਾਬਾਂ)- ਸਰਕਾਰੀ ਕਾਲਜ (ਲੜਕੀਆਂ) ਵਿਖੇ ਕਾਲਜ ਦਾ ਫਾਊਂਡੇਸ਼ਨ ਡੇਅ ਸਮਾਰੋਹ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਰੋਹ ਦੀ ਅਗਵਾਈ ਕਾਲਜ ਦੀ ਪ੍ਰਿੰਸੀਪਲ ਡਾ. ਜਯੋਤਸਨਾ ਵੱਲੋਂ ਕੀਤੀ ਗਈ।ਕਾਲਜ ਇੰਚਾਰਜ ਡਾ. ਰਾਜੀਵ ਕੁਮਾਰ ਤੇ ਕਾਲਜ ਦਾ ਸਮੂਹ ਸਟਾਫ਼ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਿਹਾ। ਸਮਾਰੋਹ ਦੌਰਾਨ ਵਿਦਿਆਰਥਣਾਂ ਵੱਲੋਂ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। ਵਿਦਿਆਰਥਣਾਂ ਨੇ ਡਾਂਸ, ਕਵਿਤਾ ਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਨ੍ਹਾਂ ਪੇਸ਼ਕਾਰੀਆਂ ਨੇ ਸਮਾਰੋਹ ਨੂੰ ਹੋਰ ਵੀ ਰੰਗਾਰੰਗ ਅਤੇ ਯਾਦਗਾਰੀ ਬਣਾ ਦਿੱਤਾ। ਕਾਲਜ ਦੀਆਂ ਵੱਖ-ਵੱਖ ਪ੍ਰਾਪਤੀਆਂ ਨੂੰ ਵੀ ਉਜਾਗਰ ਕੀਤਾ ਗਿਆ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਤ ਕੀਤਾ ਗਿਆ।ਸਾਲ 2025 ਦੇ ਯੂਥ ਫੈਸਟੀਵਲ ਵਿੱਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਰਟੀਫਿਕੇਟ ਪ੍ਰਦਾਨ ਕੀਤੇ ਗਏ ਕਾਲਜ ਵੱਲੋਂ ਵਿਦਿਆਰਥੀਆਂ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਸਹਿਯੋਗ ਦੇਣ ਵਾਲੀ ਸੰਸਥਾ ਦੇ ਨੁਮਾਇੰਦਿਆਂ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ।ਲੋੜਵੰਦ ਵਿਦਿਆਰਥੀਆਂ ਦੀ ਦਾਖਲਾ ਫ਼ੀਸ ਵਿੱਚ ਕੀਤੀ ਗਈ ਸਹਾਇਤਾ ਲਈ ਕਾਲਜ ਵੱਲੋਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ ਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਪ੍ਰਿੰਸੀਪਲ ਡਾ. ਜਯੋਤਸਨਾ ਨੇ ਕਾਲਜ ਦੇ ਸਮੂਹ ਵਿਦਿਆਰਥੀਆਂ ਤੇ ਸਟਾਫ਼ ਨੂੰ ਫਾਊਂਡੇਸ਼ਨ ਡੇਅ ਦੀ ਵਧਾਈ ਦਿੰਦਿਆਂ ਕਿਹਾ ਕਿ ਕਿਸੇ ਵੀ ਸੰਸਥਾ ਦੀ ਤਰੱਕੀ ਉਸ ਨਾਲ ਜੁੜੇ ਹਰ ਵਿਅਕਤੀ ਦੀ ਮਿਹਨਤ ਤੇ ਸਾਂਝੇ ਯਤਨਾਂ ਦਾ ਨਤੀਜਾ ਹੁੰਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਸੱਭਿਆਚਾਰਕ ਤੇ ਹੋਰ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਕਾਲਜ ਇੰਚਾਰਜ ਡਾ. ਰਾਜੀਵ ਕੁਮਾਰ ਨੇ ਵੀ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਤੇ ਕਾਲਜ ਦੀਆਂ ਗਤੀਵਿਧੀਆਂ ਤੇ ਉਪਲਬਧੀਆਂ ਦੀ ਸ਼ਲਾਘਾ ਕੀਤੀ।

## ਡਾ. ਵਿੱਦਿਆ ਰਤਨ ਬਣੇ ਪੀ ਜੀ ਆਈ ਦੇ ਓਰਲ ਹੈਲਥ ਸਾਇੰਸਿਜ਼ ਸੈਂਟਰ ਦੇ ਮੁਖੀ



ਸਮਰਾਲਾ, (ਸੁਰਜੀਤ ਸਿੰਘ)- ਪ੍ਰਸਿੱਧ ਓਰਲ ਤੇ ਮੈਕਸਿਲੋਫੇਸ਼ੀਅਲ ਸਰਜਨ ਡਾ. ਵਿਦਿਆ ਰਤਨ ਨੇ ਪੀਜੀਆਈ ਚੰਡੀਗੜ੍ਹ ਦੇ ਓਰਲ ਹੈਲਥ ਸਾਇੰਸਿਜ਼ ਸੈਂਟਰ ਦੇ ਨਵੇਂ ਮੁਖੀ ਵਜੋਂ ਅਧਿਕਾਰਤ ਤੌਰ 'ਤੇ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਸੇਵਾਮੁਕਤੀ ਉਪਰੰਤ ਅਹੁਦੇ ਤੋਂ ਮੁਕਤ ਹੋਏ ਪ੍ਰੋ. ਸਤਿੰਦਰ ਪਾਲ ਸਿੰਘ ਦੀ ਥਾਂ ਲਈ ਹੈ। ਡਾ. ਰਤਨ ਆਪਣੇ ਨਾਲ ਦਹਾਕਿਆਂ ਦਾ ਸ਼ਾਨਦਾਰ ਕਲੀਨਿਕਲ ਤਜਰਬਾ, ਮੈਡੀਕਲ ਖੇਤਰ ਵਿੱਚ ਮਹੱਤਵਪੂਰਨ ਨਵੀਨਤਾਵਾਂ ਤੇ ਇੱਕ ਸ਼ਾਨਦਾਰ ਅਕਾਦਮਿਕ ਰਿਕਾਰਡ ਲੈ ਕੇ ਇਸ ਅਗਵਾਈ ਵਾਲੀ ਭੂਮਿਕਾ ਵਿੱਚ ਆਏ ਹਨ। ਪੀਜੀਆਈ ਵਿੱਚ ਆਪਣੇ ਵਿਲੱਖਣ ਕਾਰਜਕਾਲ ਦੌਰਾਨ ਡਾ. ਵਿਦਿਆ ਰਤਨ ਨੇ ਜਟਿਲ ਟੈਂਪੋਰੋਮੈਂਡੀਬਿਊਲਰ ਜੌਇੰਟ ਸਰਜਰੀ, ਚਿਹਰੇ ਤੇ ਜਬਾੜੇ ਦੀਆਂ ਵਿਗਾੜਾਂ ਨੂੰ ਠੀਕ ਕਰਨ ਅਤੇ ਓਰਲ ਤੇ ਫੇਸ਼ੀਅਲ ਟਰੌਮਾ ਦੇ ਪ੍ਰਬੰਧਨ ਦੇ ਖੇਤਰ ਵਿੱਚ ਕਾਫ਼ੀ ਨਾਮਣਾ ਖੱਟਿਆ ਹੈ।ਉਨ੍ਹਾਂ ਨੇ ਪੀਜੀਆਈ ਦੀਆਂ ਵੱਖ-ਵੱਖ ਮਹੱਤਵਪੂਰਨ ਪ੍ਰਸ਼ਾਸਨਿਕ ਕਮੇਟੀਆਂ ਵਿੱਚ ਵੀ ਸਰਗਰਮ ਭੂਮਿਕਾ ਨਿਭਾਈ ਹੈ, ਜਿਸ ਵਿੱਚ ਬਾਇਓਮੈਡੀਕਲ ਇਨੋਵੇਸ਼ਨ ਹੱਬ ਦੇ ਪ੍ਰਧਾਨ ਵਜੋਂ ਇਸ ਦੀਆਂ ਗਤੀਵਿਧੀਆਂ ਦਾ ਪ੍ਰਬੰਧਨ ਵੀ ਸ਼ਾਮਲ ਹੈ।ਉਹ ਆਰਥੋਗਨੈਥਿਕ ਸਰਜਰੀ ਨਾਲ ਸਬੰਧਤ ਵਿਕਾਰਾਂ, ਕੱਟੇ ਹੋਏ ਬੁੱਲ੍ਹ ਤੇ ਤਾਲੂ ਦੇ ਇਲਾਜ, ਓਰਲ ਔਨਕੋਲੋਜੀ ਅਤੇ ਜਟਿਲ ਡੈਂਟਲ ਇੰਪਲਾਂਟੋਲੋਜੀ ਦੇ ਖੇਤਰ ਵਿੱਚ ਆਪਣੇ ਯੋਗਦਾਨ ਲਈ ਵਿਆਪਕ ਤੌਰ 'ਤੇ ਜਾਣੇ ਜਾਂਦੇ ਹਨ। ਉਨ੍ਹਾਂ ਨੇ ਅਜਿਹੀਆਂ ਸਰਜੀਕਲ ਤਕਨੀਕਾਂ ਵਿਕਸਿਤ ਕੀਤੀਆਂ ਹਨ, ਜਿਨ੍ਹਾਂ ਨਾਲ ਟੈਂਪੋਰੋਮੈਂਡੀਬਿਊਲਰ ਜੌਇੰਟ ਐਂਕਾਈਲੋਸਿਸ ਦੇ ਦੁਬਾਰਾ ਹੋਣ ਦੀ ਸੰਭਾਵਨਾ ਖਤਮ ਹੋ ਗਈ ਹੈ। ਜਬਾੜੇ ਵਿੱਚ ਹੋਣ ਵਾਲੇ ਜਾਇੰਟ ਸੈੱਲ ਲੀਜ਼ਨਜ਼ ਦੇ ਪ੍ਰਬੰਧਨ ਵਿੱਚ ਇੰਟ੍ਰਾਲੀਜ਼ਨਲ ਡੇਨੋਸੁਮੈਬ ਇੰਜੈਕਸ਼ਨ ਦੀ ਉਨ੍ਹਾਂ ਦੀ ਨਵੀਨਤਾ ਨੇ ਵਿਗਾੜ ਪੈਦਾ ਕਰਨ ਵਾਲੀ ਵੱਡੀ ਸਰਜਰੀ ਦੀ ਲੋੜ ਨੂੰ ਖਤਮ ਕਰਨ ਵਿੱਚ ਮਦਦ ਕੀਤੀ ਹੈ। ਅਹੁਦਾ ਸੰਭਾਲਣ ਮੌਕੇ ਡਾ. ਵਿਦਿਆ ਰਤਨ ਨੇ ਓਰਲ ਹੈਲਥ ਸਾਇੰਸਿਜ਼ ਸੈਂਟਰ ਨੂੰ ਮਰੀਜ਼ਾਂ ਲਈ ਪਹੁੰਚਯੋਗ ਸਿਹਤ ਸੇਵਾਵਾਂ ਤੇ ਸਭ ਤੋਂ ਵਧੀਆ ਸੰਭਵ ਇਲਾਜ ਮੁਹੱਈਆ ਕਰਾਉਣ ਦੀ ਦਿਸ਼ਾ ਵਿੱਚ ਅੱਗੇ ਲਿਜਾਣ ਲਈ ਆਪਣੀ ਵਚਨਬੱਧਤਾ ਪ੍ਰਗਟਾਈ।

## ਅਜਮੇਰ ਸਿੰਘ ਸਮਰਾ ਨਹੀਂ ਰਹੇ, ਸਸਕਾਰ ਅੱਜ

ਪਰਵਾਰ, ਸਾਕ-ਸੰਬੰਧੀਆਂ ਅਤੇ ਸੰਗੀ-ਸਾਥੀਆਂ ਨਾਲ ਗਹਿਰੇ ਦੁੱਖ਼ ਦਾ ਇਜ਼ਹਾਰ ਕਰਦਿਆਂ ਅਜਮੇਰ ਸਿੰਘ ਸਮਰਾ ਦੇ ਅਧੂਰੇ ਸੁਪਨੇ ਸਾਕਾਰ ਕਰਨ ਦਾ ਅਹਿਦ ਕੀਤਾ ਗਿਆ। ਗਹਿਰੇ ਦੁੱਖ਼ ਦਾ ਪ੍ਰਗਟਾਵਾ ਕਰਨ ਅਤੇ ਸ਼ਰਧਾਂਜ਼ਲੀ ਦੇਣ ਵਾਲਿਆਂ 'ਚ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ, ਮੀਤ ਪ੍ਰਧਾਨ ਡਾ. ਪਰਮਿੰਦਰ ਸਿੰਘ, ਖਜ਼ਾਨਚੀ ਇੰਜ. ਸੀਤਲ ਸਿੰਘ ਸੰਘਾ, ਸਹਾਇਕ ਸਕੱਤਰ ਡਾ. ਗੋਪਾਲ ਸਿੰਘ ਬੁੱਟਰ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਤੋਂ ਇਲਾਵਾ ਕਮੇਟੀ ਦੇ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ, ਸੁਰਿੰਦਰ ਜਲਾਲਦੀਵਾਲ, ਸੁਵਰਨ ਸਿੰਘ ਵਿਰਕ, ਜਗਰੂਪ, ਮੰਗਤ ਰਾਮ ਪਾਸਲਾ, ਸੁਖਵਿੰਦਰ ਸੇਖੋਂ, ਚਰੰਜੀ ਲਾਲ ਕੰਗਣੀਵਾਲ, ਪ੍ਰੋ. ਵਰਿਆਮ ਸਿੰਘ ਸੰਧੂ, ਦਲਬੀਰ ਕੌਰ, ਬਲਬੀਰ ਕੌਰ ਬੁੰਡਾਲਾ, ਪ੍ਰਗਟ ਸਿੰਘ ਜਾਮਾਰਾਏ, ਦਰਸ਼ਨ ਖਟਕੜ, ਰਮਿੰਦਰ ਸਿੰਘ ਪਟਿਆਲਾ, ਹਰਮੇਸ਼ ਮਾਲੜੀ, ਹਰਵਿੰਦਰ ਭੰਡਾਲ, ਵਿਜੈ ਬੰਬਲੀ, ਪ੍ਰੋ. ਤੇਜਿੰਦਰ ਵਿਰਲੀ, ਰਣਜੀਤ ਸਿੰਘ ਔਲਖ ਤੇ ਡਾ. ਸੈਲੇਸ਼ ਆਦਿ ਹਾਜ਼ਰ ਸਨ। ਇਸ ਤੋਂ ਇਲਾਵਾ ਸ਼ਹੀਦ ਊਧਮ ਸਿੰਘ ਸੈਂਟਰ ਆਈ ਡਬਲਯੂ ਏ (ਗ੍ਰੇਟ ਬ੍ਰਿਟੇਨ), ਤਰਕਸ਼ੀਲ, ਜਮਹੂਰੀ ਅਤੇ ਲੋਕ-ਪੱਖੀ ਜਮਹੂਰੀ ਇਨਕਲਾਬੀ ਸੰਸਥਾਵਾਂ ਨੇ ਦਿਨ ਭਰ ਦੇਸ਼ ਭਗਤ ਯਾਦਗਾਰ ਹਾਲ ਫੋਨ ਕਰਕੇ ਜਾਂ ਮਿਲ ਕੇ ਸਾਥੀ ਅਜਮੇਰ ਨੂੰ ਭਾਵਭਿੰਨੀ ਸ਼ਰਧਾਂਜਲੀ ਦੇ ਬੋਲ ਸਾਂਝੇ ਕੀਤੇ। 3 ਸਤੰਬਰ ਦਿਨੇ 1 ਵਜੇ ਫਗਵਾੜਾ-ਨਕੋਦਰ ਰੋਡ 'ਤੇ ਜੱਦੀ ਪਿੰਡ ਸਮਰਾਵਾਂ ਵਿਖੇ ਉਹਨਾ ਨੂੰ ਅੰਤਿਮ ਵਿਦਾਇਗੀ ਦਿੱਤੀ ਜਾਏਗੀ।

ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਗ਼ਦਰ ਪਾਰਟੀ ਦਾ ਝੰਡਾ ਉਹਨਾ ਦੀ ਮ੍ਰਿਤਕ ਦੇਹ 'ਤੇ ਸਨਮਾਨ ਵਜੋਂ ਪਾਇਆ ਜਾਏਗਾ। ਰੋਜ਼ਾਨਾ 'ਨਵਾਂ ਜ਼ਮਾਨਾ' ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਸਾਬਕਾ ਜਨਰਲ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਮੇਟੀ ਦੇ ਸਾਬਕਾ ਪ੍ਰਧਾਨ ਅਜਮੇਰ ਸਿੰਘ ਅਤੇ ਆਰ ਐੱਮ ਪੀ ਆਈ ਦੇ ਕੇਂਦਰੀ ਕਮੇਟੀ ਮੈਂਬਰ ਤੇ ਖੇਤ ਮਜ਼ਦੂਰਾਂ ਦੇ ਸਿਰਮੌਰ ਆਗੂ ਗੁਰਨਾਮ ਸਿੰਘ ਦਾਊਦ ਦੀ ਮੌਤ 'ਤੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ। ਦੋਵੇਂ ਮਰਹੂਮ ਕਮਿਊਨਿਸਟਾਂ ਨੇ ਆਪਣੇ ਘਰੇਲੂ ਕੰਮਾਂ ਨੂੰ ਪਹਿਲ ਦੇਣ ਦੀ ਥਾਂ ਮਿਹਨਤਕਸ਼ ਆਵਾਮ ਦੀ ਜ਼ਿੰਦਗੀ ਖ਼ੁਸ਼ਹਾਲ ਬਣਾਉਣ ਹਿੱਤ ਕੰਮ ਕੀਤਾ। ਅਜਮੇਰ ਸਿੰਘ ਨੇ ਗਦਰੀ ਬਾਬਿਆਂ ਦੀ ਸੰਸਥਾ ਜਲੰਧਰ ਵਿੱਚ ਕਮੇਟੀ ਦੇ ਪ੍ਰਧਾਨ ਦੇ ਤੌਰ 'ਤੇ ਬਾਖ਼ੂਬੀ ਫਰਜ਼ ਨਿਭਾਏ। ਉਨ੍ਹਾ ਦੀ ਰਹਿਨੁਮਾਈ ਹੇਠ ਦੇਸ਼ ਭਗਤ ਯਾਦਗਾਰ ਕੰਪਲੈਕਸ ਦੇ ਕਈ ਅਧੂਰੇ ਕੰਮ ਪੂਰੇ ਹੋਏ। ਗੁਰਨਾਮ ਸਿੰਘ ਦਾਊਦ ਦਾ ਐਕਸੀਡੈਂਟ ਵਿੱਚ ਵਿਛੜ ਜਾਣਾ ਇਹ ਦਰਸਾਉਂਦਾ ਹੈ ਕਿ ਐਕਸੀਡੈਂਟ ਸਮੇਂ ਵੀ ਉਹ ਪਾਰਟੀ ਦੀ ਡਿਊਟੀ ਨਿਭਾ ਰਹੇ ਸਨ। ਉਹਨਾ ਨੂੰ ਪਾਰਟੀ ਦੇ ਕੰਮ ਜਾਂਦੇ ਹੋਏ ਪੰਜਾਬ ਦੇ ਵੱਡੇ ਧਨਾਢ ਦੀ ਬੱਸ ਨੇ ਕੁਚਲ ਦਿੱਤਾ ਤੇ ਉਹਨਾ ਦੀ ਮੌਕੇ 'ਤੇ ਮੌਤ ਹੋ ਗਈ। ਮਾੜੀਮੇਘਾ ਨੇ ਦੋਵਾਂ ਕਮਿਊਨਿਸਟ ਆਗੂਆਂ ਨੂੰ ਸ਼ਰਧਾਂਜਲੀ ਅਰਪਿਤ ਕਰਦਿਆਂ ਪਰਵਾਰਾਂ ਨਾਲ ਦਿਲੀ ਹਮਦਰਦੀ ਪ੍ਰਗਟ ਕੀਤੀ ਹੈ।

ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰੇਸੀ ਦੇ ਸੂਬਾ ਆਗੂ ਕੁਲਵਿੰਦਰ ਸਿੰਘ ਵੜੈਚ ਤੇ ਗੁਰਮੁੱਖ ਸਿੰਘ ਮਾਨ ਨੇ ਦੱਸਿਆ ਕਿ ਉਹਨਾ ਸਾਰੀ ਜ਼ਿੰਦਗੀ ਦੱਬੇ-ਕੁਚਲੇ ਲੋਕਾਂ ਅਤੇ ਕਿਰਤੀ ਜਮਾਤ ਦੇ ਲੇਖੇ ਲਗਾ ਦਿੱਤੀ। ਕਾਲਜ ਸਮੇਂ ਤੋਂ ਲੈ ਕੇ ਹੁਣ ਤੱਕ ਉਹਨਾ ਬਹੁਤ ਸਾਰੇ ਸੰਘਰਸ਼ਾਂ ਦੀ ਅਗਵਾਈ ਕੀਤੀ। ਉਹਨਾ ਦੇ ਜਾਣ ਨਾਲ ਕਮਿਊਨਿਸਟ ਇਨਕਲਾਬੀ ਲੋਕ ਲਹਿਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਹੰਸ ਰਾਜ ਪੱਬਵਾਂ, ਤਰਸੇਮ ਪੀਟਰ, ਕਸ਼ਮੀਰ ਘੁੱਗਸ਼ੋਰ, ਜਸਵਿੰਦਰ ਸਿੰਘ ਭੋਗਲ, ਚੇਅਰਮੈਨ ਬਲਵੀਰ ਸਿੰਘ ਚੀਮਾ, ਸੁਰਜੀਤ ਸਿੰਘ ਸਮਰਾ, ਸੰਤੋਖ ਸਿੰਘ ਸੰਧੂ, ਮੰਗਲਜੀਤ ਪੰਡੋਰੀ, ਰਮਨਦੀਪ ਕੌਰ ਪੰਡੋਰੀ, ਕੁਲਵੰਤ ਕੌਰ ਪੱਬਵਾਂ, ਨਵਜੋਤ ਸਿੰਘ ਸਾਈਨਵਾਲ, ਗੁਰਨਾਮ ਸਿੰਘ ਤੱਗੜ, ਗੁਰਕਮਲ ਸਿੰਘ ਨੂਰਮਹਿਲ, ਚੰਨਣ ਸਿੰਘ ਬੁੱਟਰ, ਸੋਮਪਾਲ ਸਿੰਘ ਪੱਬਵਾਂ, ਤੀਰਥ ਸਿੰਘ ਬਾਸੀ, ਨਿਰਮਲ ਸਿੰਘ ਤੱਗੜ, ਦਰਸ਼ਨਪਾਲ ਸਿੰਘ ਬੰਡਾਲਾ, ਤੇਜਦੀਪ ਸਿੰਘ ਪੱਬਵਾਂ, ਜੁਗਿੰਦਰਪਾਲ, ਸੋਮਾ ਲਗਾਹ, ਸ਼ਿੰਗਾਰਾ ਰਾਮ ਸੁੰਨੜ ਕਲਾਂ, ਕੁਲਦੀਪ ਸਿੰਘ ਭੰਗਾਲਾ, ਤਰਲੋਚਨ ਸਿੰਘ ਬਾਂਸਲ ਆਦਿ ਨੇ ਅਜਮੇਰ ਸਿੰਘ ਦੇ ਪਰਵਾਰ ਨਾਲ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ।

## ਸਫਾ 1 ਦੇ ਬਾਕੀ...

### ਸਬੂਤ ਪੇਸ਼ ਕਰਨ ਦੀ ਬਜਾਏ ਈ ਡੀ 'ਆਪ' ਲੀਡਰਸ਼ਿਪ ਨੂੰ ਬਦਨਾਮ ਕਰ ਰਹੀ : ਅਮਨ ਅਰੋੜਾ

ਆਗੂਆਂ ਦੇ ਨਾਂਅ ਜਾਣਬੁੱਝ ਕੇ ਉਛਾਲ ਰਹੀ ਹੈ। ਉਨ੍ਹਾ ਇਹ ਵੀ ਨੋਟ ਕੀਤਾ ਕਿ ਉਨ੍ਹਾ ਦੇ ਪੁਰਾਣੇ ਦੋਸਤ ਗੌਰਵ ਧੀਰ ਰਾਹੀਂ ਉਨ੍ਹਾ ਤੱਕ ਪਹੁੰਚਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

ਕੇਸ ਦੇ ਤੱਥ ਪੇਸ਼ ਕਰਦਿਆਂ ਅਰੋੜਾ ਨੇ ਦੱਸਿਆ ਕਿ ਐਲਟਸ ਪ੍ਰੋਜੈਕਟ ਨਾਲ ਸੰਬੰਧਤ ਚੇਂਜ ਆਫ਼ ਲੈਂਡ ਯੂਜ਼ (ਸੀ ਐੱਲ ਯੂ) ਦੀਆਂ ਮਨਜ਼ੂਰੀਆਂ ਛੇ ਵਾਰ ਦਿੱਤੀਆਂ ਗਈਆਂ ਸਨ, ਪਰ ਆਪ ਸਰਕਾਰ ਦੇ ਕਾਰਜਕਾਲ ਦੌਰਾਨ ਇੱਕ ਵੀ ਸੀ ਐੱਲ ਯੂ ਨਹੀਂ ਦਿੱਤੀ ਗਈ। ਉਨ੍ਹਾ ਦੱਸਿਆ ਕਿ 17 ਨਵੰਬਰ 2000, 14 ਮਈ 2012, 25 ਜੂਨ 2013, 17 ਫਰਵਰੀ 2018, 7 ਮਾਰਚ 2018 ਅਤੇ 7 ਮਾਰਚ 2022 ਦੀਆਂ ਮਨਜ਼ੂਰੀਆਂ ਪਿਛਲੀਆਂ ਕਾਂਗਰਸ ਜਾਂ ਅਕਾਲੀ-ਭਾਜਪਾ ਸਰਕਾਰਾਂ ਦੇ ਸਮੇਂ ਦਿੱਤੀਆਂ ਗਈਆਂ ਸਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਲੇਆਊਟ ਪਲਾਨ 2011 ਅਤੇ 2025 ਦੇ ਵਿਚਕਾਰ ਕਈ ਵਾਰ ਬਦਲੇ ਗਏ ਸਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਬਦਲਾਅ ਪਿਛਲੀਆਂ ਸਰਕਾਰਾਂ ਵੇਲੇ ਹੋਏ ਸਨ। ਅਮਨ ਅਰੋੜਾ ਨੇ ਕਿਹਾ, 'ਜੇਕਰ ਈਡੀ ਮੰਨਦੀ ਹੈ ਕਿ ਇਹ ਮਨਜ਼ੂਰੀਆਂ ਅਤੇ ਬਦਲਾਅ ਗੈਰ-ਕਾਨੂੰਨੀ ਸਨ, ਤਾਂ ਉਸ ਨੂੰ ਪੂਰੇ ਘਟਨਾਕ੍ਰਮ ਦੀ ਜਾਂਚ ਕਰਨੀ ਚਾਹੀਦੀ ਹੈ, ਨਾ ਕਿ ਸਿਰਫ਼ ਆਪ ਸਰਕਾਰ ਨੂੰ ਨਿਸ਼ਾਨਾ ਬਣਾਉਣਾ ਚਾਹੀਦਾ ਹੈ।' ਅਮਨ ਅਰੋੜਾ ਨੇ ਡਿਵੈਲਪਰਾਂ ਲਈ 25 ਫੀਸਦੀ ਜ਼ਮੀਨ ਦੀ ਮਲਕੀਅਤ ਵਾਲੀ ਨੀਤੀ 'ਤੇ ਈਡੀ ਦੇ ਬਿਆਨ ਤੇ ਵੀ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਇਹ ਨੀਤੀ 2012 ਦੀ ਅਕਾਲੀ-ਭਾਜਪਾ ਸਰਕਾਰ ਵੇਲੇ ਸ਼ੁਰੂ ਹੋਈ ਸੀ ਅਤੇ 2025 ਵਿੱਚ ਆਪ ਸਰਕਾਰ ਨੇ ਇਸ ਵਿੱਚ ਸੁਧਾਰ ਕੀਤਾ। ਉਨ੍ਹਾ ਦਾਅਵਾ ਕੀਤਾ ਕਿ ਆਪ ਸਰਕਾਰ ਨੇ ਨੀਤੀ ਵਿੱਚ ਬਦਲਾਅ ਕਰਕੇ ਲਾਇਸੈਂਸ ਅਤੇ ਸੀ ਐੱਲ ਯੂ ਪ੍ਰਾਪਤ ਕਰਨ ਲਈ ਡਿਵੈੱਲਪਰਾਂ ਕੋਲ 100 ਫੀਸਦੀ ਜ਼ਮੀਨ ਦੀ ਮਲਕੀਅਤ ਹੋਣਾ ਲਾਜ਼ਮੀ ਕੀਤਾ, ਜਿਸ ਨਾਲ ਪਹਿਲਾਂ ਦੀ ਖਾਮੀਆਂ ਭਰੀ ਨੀਤੀ ਨੂੰ ਠੀਕ ਕੀਤਾ ਗਿਆ। ਅਮਨ ਅਰੋੜਾ ਨੇ ਕੇਸ ਨਾਲ ਸੰਬੰਧਤ ਐੱਫ ਆਈ ਆਰ 'ਤੇ ਈਡੀ ਦੇ ਨਿਰਭਰ ਹੋਣ 'ਤੇ ਵੀ ਸਵਾਲ ਚੁੱਕੇ ਅਤੇ ਕਿਹਾ ਕਿ ਸਬੰਧਤ ਐੱਫ ਆਈ ਆਰ ਨੂੰ ਹਾਈ ਕੋਰਟ ਪਹਿਲਾਂ ਹੀ ਰੱਦ ਕਰ ਚੁੱਕੀ ਹੈ। ਉਨ੍ਹਾ ਪੁੱਛਿਆ ਕਿ ਜੇਕਰ ਐੱਫ ਆਈ ਆਰ ਹੀ ਰੱਦ ਹੋ ਚੁੱਕੀ ਹੈ, ਤਾਂ ਈ ਸੀ ਆਈ ਆਰ ਦਾ ਕੀ ਆਧਾਰ ਰਹਿ ਜਾਂਦਾ ਹੈ?

ਪੂਰੀ ਤੇ ਨਿਰਪੱਖ ਜਾਂਚ ਦੀ ਮੰਗ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਈਡੀ ਨੂੰ ਮੌਜੂਦਾ ਸਰਕਾਰ ਨੂੰ ਚੋਣਵੇਂ ਢੰਗ ਨਾਲ ਨਿਸ਼ਾਨਾ ਬਣਾਉਣ ਦੀ ਬਜਾਏ ਉਸ ਪੂਰੇ ਸਮੇਂ ਦੀ ਜਾਂਚ ਕਰਨੀ ਚਾਹੀਦੀ ਹੈ, ਜਿਸ ਦੌਰਾਨ ਇਹ ਮਨਜ਼ੂਰੀਆਂ ਅਤੇ ਨੀਤੀਗਤ ਫੈਸਲੇ ਲਏ ਗਏ ਸਨ। ਉਨ੍ਹਾ ਪੰਜਾਬ ਦੇ ਪੁਰਾਣੇ ਮੁੱਖ ਮੰਤਰੀਆਂ ਅਤੇ ਮੰਤਰੀਆਂ ਸੁਖਬੀਰ ਸਿੰਘ ਬਾਦਲ, ਕੈਪਟਨ ਅਮਰਿੰਦਰ ਸਿੰਘ, ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਅਤੇ ਸੁਖਜਿੰਦਰ ਸਿੰਘ ਸਰਕਾਰੀਆ ਦੇ ਨਾਂਅ ਲੈਂਦਿਆਂ ਕਿਹਾ ਕਿ ਜੇਕਰ ਤੁਹਾਡੀ ਜਾਂਚ ਸੱਚੀ ਹੈ, ਤਾਂ ਸਭ ਦੀ ਜਾਂਚ ਕਰੋ। 2012 ਤੋਂ ਬਾਅਦ ਜਿੰਨੇ ਵੀ ਜ਼ਿੰਮੇਵਾਰ ਰਹੇ ਹਨ, ਸਾਰਿਆਂ ਨੂੰ ਬੁਲਾਓ, ਤਦ ਹੀ ਸੱਚ ਸਾਹਮਣੇ ਆਵੇਗਾ।

ਗੌਰਵ ਧੀਰ ਦਾ ਨਾਂਅ ਆਪਣੇ ਨਾਲ ਜੋੜ ਕੇ ਸਿਆਸੀ ਬਿਰਤਾਂਤ ਸਿਰਜਣ ਦੀਆਂ ਕੋਸ਼ਿਸ਼ਾਂ ਨੂੰ ਖਾਰਜ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾ ਦੀ ਦੋਸਤੀ ਦਾ ਕਿਸੇ ਕਥਿਤ ਗੜਬੜੀ ਨਾਲ ਕੋਈ ਲੈਣਾ-ਦੇਣਾ ਨਹੀਂ। ਉਨ੍ਹਾ ਕਿਹਾ—ਗੌਰਵ ਕੱਲ੍ਹ ਵੀ ਮੇਰਾ ਦੋਸਤ ਸੀ, ਅੱਜ ਵੀ ਮੇਰਾ ਦੋਸਤ ਹੈ ਅਤੇ ਕੱਲ੍ਹ ਵੀ ਮੇਰਾ ਦੋਸਤ ਰਹੇਗਾ। ਜੇਕਰ ਈਡੀ ਕੋਲ ਅਮਨ ਅਰੋੜਾ ਖਿਲਾਫ ਕੋਈ ਸਬੂਤ ਹੈ ਤਾਂ ਉਹ ਮੇਰੇ ਤੱਕ ਪਹੁੰਚਣ ਲਈ ਕਿਸੇ ਹੋਰ ਦਾ ਨਾਂਅ ਵਰਤਣ ਦੀ ਬਜਾਏ ਸਿੱਧਾ ਅਮਨ ਅਰੋੜਾ ਨਾਲ ਗੱਲ ਕਰੇ। ਅਮਨ ਅਰੋੜਾ ਨੇ ਪ੍ਰਿੰਟ, ਇਲੈਕਟ੍ਰੋਨਿਕ ਅਤੇ ਸੋਸ਼ਲ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਉਹ ਖ਼ਬਰਾਂ ਪ੍ਰਕਾਸ਼ਤ ਕਰਨ ਤੋਂ ਪਹਿਲਾਂ ਈਡੀ ਦੁਆਰਾ ਲਗਾਏ ਗਏ ਦੋਸ਼ਾਂ ਦੀ ਸੁਤੰਤਰ ਤੌਰ 'ਤੇ ਪੁਸ਼ਟੀ ਕਰਨ ਅਤੇ ਸੰਬੰਧਤ ਆਪ ਆਗੂਆਂ ਦਾ ਪੱਖ ਜ਼ਰੂਰ ਲੈਣ। ਉਨ੍ਹਾ ਕਿਹਾ ਕਿ ਬਿਨਾਂ ਪੁਸ਼ਟੀ ਕੀਤੇ ਦੋਸ਼ਾਂ ਦੀ ਵਾਰ-ਵਾਰ ਪ੍ਰਕਾਸ਼ਨਾ ਨਾਲ ਅਕਸ ਨੂੰ ਨੁਕਸਾਨ ਪਹੁੰਚ ਰਿਹਾ ਹੈ ਅਤੇ ਪ੍ਰਭਾਵਤ ਵਿਅਕਤੀ ਮਾਣਹਾਨੀ ਦੀ ਕਾਨੂੰਨੀ ਕਾਰਵਾਈ ਕਰਨ ਲਈ ਮਜਬੂਰ ਹੋ ਸਕਦੇ ਹਨ। ਅਮਨ ਅਰੋੜਾ ਨੇ ਕਿਹਾ—ਇਹ ਜਾਂਚ ਤੋਂ ਭੱਜਣ ਦੀ ਗੱਲ ਨਹੀਂ ਹੈ। ਅਸੀਂ ਤੱਥਾਂ ਅਤੇ ਸਬੂਤਾਂ 'ਤੇ ਆਧਾਰਤ ਨਿਰਪੱਖ ਜਾਂਚ ਦਾ ਸਵਾਗਤ ਕਰਦੇ ਹਾਂ, ਪਰ ਚੋਣਵੇਂ ਢੰਗ ਨਾਲ ਨਿਸ਼ਾਨਾ ਬਣਾਉਣਾ, ਮੀਡੀਆ ਲੀਕ ਅਤੇ ਚਰਿੱਤਰ ਹੱਤਿਆ ਦੀਆਂ ਕੋਸ਼ਿਸ਼ਾਂ ਸਬੂਤਾਂ ਦਾ ਵਿਕਲਪ ਨਹੀਂ ਹੋ ਸਕਦੀਆਂ। ਈ ਡੀ ਨੇ ਇੱਕ ਬਿਆਨ ਜਾਰੀ ਕਰਕੇ ਕਿਹਾ ਹੈ ਕਿ ਉਸ ਨੇ ਪ੍ਰੀਵੈਨਸ਼ਨ ਆਫ ਮਨੀ ਲਾਂਡਰਿੰਗ ਐਕਟ ਦੀ ਧਾਰਾ 66(2) ਅਧੀਨ 30 ਜੁਲਾਈ ਅਤੇ 7 ਅਗਸਤ, 2026 ਨੂੰ ਪੰਜਾਬ ਦੇ ਡੀ ਜੀ ਪੀ ਨਾਲ ਅਧਿਕਾਰਤ ਤੌਰ 'ਤੇ ਸਾਰੇ ਸਬੂਤ ਸਾਂਝੇ ਕੀਤੇ ਸਨ। ਇਕੱਠੀ ਕੀਤੀ ਸਮੱਗਰੀ ਤੋਂ ਪਤਾ ਲੱਗਦਾ ਹੈ ਕਿ ਕਿਵੇਂ ਵਿਚੋਲੇ ਨਿਤਿਨ ਗੋਹਲ ਨੇ ਪੁਲਸ ਬਦਲੀਆਂ ਦੀਆਂ ਅਰਜ਼ੀਆਂ ਇਕੱਠੀਆਂ ਕੀਤੀਆਂ, ਪਹਿਲਾਂ ਤੋਂ ਦਸਤਖਤ ਕੀਤੇ ਟਰਾਂਸਫਰ ਆਰਡਰ ਲੀਕ ਕੀਤੇ, ਹਵਾਲਾ ਰਕਮ ਦਾ ਅਦਾਨ-ਪ੍ਰਦਾਨ ਕਰਵਾਇਆ, ਜ਼ਮੀਨੀ ਸੌਦੇ ਕੀਤੇ ਅਤੇ ਯਾਤਰਾਵਾਂ ਤੇ ਹੋਟਲਾਂ ਦੇ ਖਰਚਿਆਂ ਲਈ ਨਕਦ ਭੁਗਤਾਨ ਦਾ ਪ੍ਰਬੰਧ ਕੀਤਾ। ਵਾਰ-ਵਾਰ ਲਿਖਤੀ ਸੁਨੇਹੇ ਭੇਜਣ ਦੇ ਬਾਵਜੂਦ ਪੰਜਾਬ ਪੁਲਸ ਵੱਲੋਂ ਮਾਮਲਾ ਦਰਜ ਨਾ ਕਰਨਾ ਇੱਕ ਜ਼ਰੂਰੀ ਕਾਨੂੰਨੀ ਪ੍ਰਕਿਰਿਆ ਦੀ ਉਲੰਘਣਾ ਹੈ। ਪਹਿਲੀ ਸਤੰਬਰ ਨੂੰ ਜਦੋਂ ਏਜੰਸੀ ਦਾ ਨੁਮਾਇੰਦਾ ਜਾਂਚ ਰਿਪੋਰਟਾਂ ਹੱਥੀਂ ਸੌਂਪਣ ਗਿਆ ਤਾਂ ਪੁਲਸ ਅਧਿਕਾਰੀਆਂ ਨੇ ਉਸ ਦੀ ਰਸੀਦ ਤੱਕ ਦੇਣ ਤੋਂ ਇਨਕਾਰ ਕਰ ਦਿੱਤਾ। ਇਸ ਤੋਂ ਬਾਅਦ ਈ ਡੀ ਨੂੰ ਇਹ ਸਾਰੇ ਦਸਤਾਵੇਜ਼ ਈਮੇਲ ਰਾਹੀਂ ਅਧਿਕਾਰਤ ਤੌਰ 'ਤੇ ਭੇਜਣੇ ਪਏ।

## ਖੇਡ ਮੁਕਾਬਲਿਆਂ ਵਿੱਚ ਸੈਂਟੀਨਲ ਸਕੂਲ ਦੀ ਸ਼ਾਨਦਾਰ ਕਾਰਗੁਜ਼ਾਰੀ



ਸਮਰਾਲਾ (ਸੁਰਜੀਤ ਸਿੰਘ)- ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰ'ਤੇ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਨੇ ਤਾਇਕਵਾਂਡੋ, ਕਰਾਟੇ ਅਤੇ ਹੈਂਡਬਾਲ ਮੁਕਾਬਲਿਆਂ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਈ ਪੁਜ਼ੀਸ਼ਨਾਂ ਹਾਸਲ ਕੀਤੀਆਂ।ਜ਼ਿਲ੍ਹਾ ਪੱਧਰੀ ਤਾਇਕਵਾਂਡੋ ਮੁਕਾਬਲਿਆਂ ਵਿੱਚ ਸਾਹਿਬਪ੍ਰੀਤ ਸਿੰਘ ਨੇ 60 ਕਿਲੋਗ੍ਰਾਮ ਭਾਰ ਵਰਗ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਇਸੇ ਮੁਕਾਬਲੇ ਵਿੱਚ ਸਹਿਜਪ੍ਰੀਤ ਸਿੰਘ ਨੇ 80 ਕਿਲੋਗ੍ਰਾਮ ਭਾਰ ਵਰਗ, ਹਰਜੋਤ ਸਿੰਘ ਨੇ 25 ਕਿਲੋਗ੍ਰਾਮ ਭਾਰ ਵਰਗ ਅਤੇ ਗੁਰਬਖ਼ਸ਼ਿਸ਼ ਸਿੰਘ ਨੇ 30 ਕਿਲੋਗ੍ਰਾਮ ਭਾਰ ਵਰਗ ਵਿੱਚ ਤੀਜਾ ਸਥਾਨ ਹਾਸਲ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਕਰਾਟੇ ਮੁਕਾਬਲੇ ਵਿੱਚ ਸੁਕਰਨ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।ਜ਼ਿਲ੍ਹਾ ਪੱਧਰੀ ਅੰਡਰ-19 ਹੈਂਡਬਾਲ ਮੁਕਾਬਲੇ ਵਿੱਚ ਹਸਨਜੋਤ ਸਿੰਘ ਕੂਨਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫਲਤਾ 'ਤੇ ਸਕੂਲ ਦੇ ਪ੍ਰਧਾਨ ਕਰਨਵੀਰ ਸਿੰਘ ਢਿੱਲੋਂ ਅਤੇ ਐਮ. ਡੀ. ਅਮ੍ਰਿਤਪਾਲ ਕੌਰ ਢਿੱਲੋਂ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਹਾਰਦਿਕ ਵਧਾਈ ਦਿੱਤੀ।ਸਕੂਲ ਦੀ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਸਾਰੇ ਜੇਤੂ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿਚ ਵੀ ਸਖ਼ਤ ਮਿਹਨਤ ਕਰਨ ਲਈ ਕਿਹਾ।

## ਆੜ੍ਹਤੀਏ ਪ੍ਰਕਾਸ਼ ਸਿੰਘ ਤੇ ਜੱਜਬੀਰ ਸਿੰਘ ਦੀ ਮਾਤਾ ਦਾ ਦੇਹਾਂਤ




ਮਮਦੋਟ (ਜਸਬੀਰ ਸਿੰਘ ਕੰਬੋਜ )- ਮਮਦੋਟ ਖੇਤਰ ਵਿੱਚ ਆੜ੍ਹਤ ਦਾ ਕਾਰੋਬਾਰ ਕਰਦੇ ਉੱਘੇ ਕਾਰੋਬਾਰੀ ਪ੍ਰਕਾਸ਼ ਸਿੰਘ ਅਤੇ ਜੱਜਬੀਰ ਸਿੰਘ ਮੁਰਕ ਵਾਲਾ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ ਜਦ ਉਹਨਾਂ ਦੇ ਮਾਤਾ ਬਖਸ਼ੀਸ਼ ਕੌਰ ਦਾ ਦਿਹਾਂਤ ਹੋ ਗਿਆ। ਉਹ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜੋਗਾ ਸਿੰਘ ਮੁਰਕਵਾਲਾ ਮੌਜੂਦਾ ਮੈਂਬਰ ਬਲਾਕ ਸੰਮਤੀ ਅਤੇ ਸਾਬਕਾ ਵਾਈਸ ਚੇਅਰਮੈਨ ਬਲਾਕ ਸੰਮਤੀ ਮਮਦੋਟ ਦੇ ਚਾਚੀ ਜੀ ਸਨ ।

## ਰਾਜਿੰਦਰ ਸਿੰਘ ਬਰਾੜ ਦਾ ਸੇਵਾਮੁਕਤੀ ਮੌਕੇ ਸਨਮਾਨ



ਕੋਟਕਪੂਰਾ, (ਰਛਪਾਲ ਭੁੱਲਰ) ਅਰਵਿੰਦ ਨਗਰ ਵਿਕਾਸ ਕਮੇਟੀ ਦੇ ਕਾਰਜਕਾਰਨੀ ਕਮੇਟੀ ਮੈਂਬਰ ਰਾਜਿੰਦਰ ਸਿੰਘ ਬਰਾੜ ਸਬ ਇੰਸਪੈਕਟਰ ਪੰਜਾਬ ਪੁਲਿਸ ਆਪਣੀਆਂ 37 ਸਾਲ ਦੀਆਂ ਸ਼ਾਨਦਾਰ ਸੇਵਾਵਾਂ ਨਿਭਾਉਣ ਉਪਰੰਤ 31 ਅਗਸਤ ਨੂੰ ਸੇਵਾਮੁਕਤ ਹੋ ਗਏ ਹਨ।ਉਨ੍ਹਾਂ ਦੇ ਮਾਣ-ਸਤਿਕਾਰ ਵਿੱਚ ਇੱਕ ਨਿੱਜੀ ਰੈਸਟੋਰੈਂਟ ਵਿੱਚ ਵਿਦਾਇਗੀ ਪਾਰਟੀ ਤੇ ਸਨਮਾਨ ਸਮਾਰੋਹ ਕੀਤਾ ਗਿਆ।ਸਨਮਾਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਵਿਕਾਸ ਕਮੇਟੀ ਦੇ ਸਰਪ੍ਰਸਤ ਨਾਜ਼ਰ ਸਿੰਘ ਸਿੱਧੂ, ਚੇਅਰਮੈਨ ਓਮ ਪ੍ਰਕਾਸ਼ ਗੋਇਲ, ਪ੍ਰਧਾਨ ਸੰਤੋਖ ਸਿੰਘ ਚਾਨਾ, ਜਨਰਲ ਸਕੱਤਰ ਪ੍ਰੇਮ ਚਾਵਲਾ, ਸੀਨੀਅਰ ਮੈਂਬਰ ਅਜਮੇਰ ਸਿੰਘ ਬਰਾੜ, ਪ੍ਰੋਫੈਸਰ ਮਨਵਿੰਦਰ ਸਿੰਘ ਤੇ ਅਸ਼ੋਕ ਦਾਬੜਾ ਬਿੱਟੂ ਨੇ ਕਿਹਾ ਕਿ ਰਾਜਿੰਦਰ ਸਿੰਘ ਬਰਾੜ ਨੇ ਆਪਣੀ ਸਰਵਿਸ ਦਾ ਵਧੇਰੇ ਸਮਾਂ ਰੇਲਵੇ ਪੁਲਿਸ ਵਿੱਚ ਸੇਵਾਵਾਂ ਨਿਭਾਉਣ ਤੇ ਲਗਾਤਾਰ ਸਮਾਜ ਸੇਵੀ ਕੰਮਾਂ ਵਿੱਚ ਪੂਰੀ ਤਨਦੇਹੀ ਨਾਲ ਮਹੱਤਵਪੂਰਨ ਭੂਮਿਕਾ ਨਿਭਾਉਣ ਦੀ ਭਰਪੂਰ ਸ਼ਲਾਘਾ ਕੀਤੀ।ਸਮਾਗਮ ਦੌਰਾਨ ਸਮੂਹ ਹਾਜ਼ਰੀਨ ਨੇ ਸਮਾਰੋਹ ਦੇ ਮੁੱਖ ਮਹਿਮਾਨ ਰਾਜਿੰਦਰ ਸਿੰਘ ਬਰਾੜ ਨੂੰ ਸ਼ਾਨਦਾਰ ਸਨਮਾਨ ਚਿੰਨ੍ਹ, ਲੋਈ ਤੇ ਯਾਦਗਾਰੀ ਤੋਹਫੇ ਦੇ ਕੇ ਸਨਮਾਨਤ ਕੀਤਾ ਗਿਆ।

## ਮਾਨ ਵੱਲੋਂ ਪੀ ਏ ਯੂ 'ਚ ਹਾਰਟੀਕਲਚਰ ਨਾਲੇਜ ਸੈਂਟਰ ਨੂੰ ਮਨਜ਼ੂਰੀ

ਲਿਆਉਣ ਅਤੇ ਪਾਣੀ ਦੀ ਸੰਭਾਲ ਲਈ ਟਿਕਾਊ ਖੇਤੀਬਾੜੀ ਅਭਿਆਸਾਂ ਵੱਲ ਵੀ ਉਤਸ਼ਾਹਤ ਕਰੇਗਾ।' ਮੁੱਖ ਮੰਤਰੀ ਨੇ ਕਿਹਾ, 'ਪੰਜਾਬ ਵਿੱਚ ਇਸ ਸਮੇਂ 41.25 ਲੱਖ ਹੈਕਟੇਅਰ ਰਕਬਾ ਕਾਸ਼ਤ ਅਧੀਨ ਹੈ, ਜਿਸ ਵਿੱਚੋਂ 5.27 ਲੱਖ ਹੈਕਟੇਅਰ ਖੇਤਰ ਬਾਗ਼ਬਾਨੀ ਹੇਠ ਹੈ, ਜਿਸ ਦਾ ਉਤਪਾਦਨ 106.10 ਲੱਖ ਮੀਟ੍ਰਿਕ ਟਨ ਹੈ।' ਉਹਨਾ ਕਿਹਾ— ਬਾਗ਼ਬਾਨੀ ਵਿੱਚ ਫਲ, ਸਬਜ਼ੀਆਂ, ਮਸਾਲੇ ਅਤੇ ਖ਼ੁਸ਼ਬੂਦਾਰ ਪਦਾਰਥ, ਫੁੱਲ ਅਤੇ ਹੋਰ ਵਸਤਾਂ ਦੀ ਕਾਸ਼ਤ ਕੀਤੀ ਜਾਂਦੀ ਹੈ। ਇਸ ਵਿੱਚ ਮੁੱਖ ਫਲ ਕਿੰਨੂ ਅਤੇ ਅਮਰੂਦ ਹਨ, ਜਦੋਂ ਕਿ ਮੁੱਖ ਸਬਜ਼ੀਆਂ ਆਲੂ ਅਤੇ ਮਟਰ ਹਨ। ਇਸ ਤੋਂ ਇਲਾਵ ਮਧੂ-ਮੱਖੀ ਪਾਲਣ ਅਤੇ ਖੁੰਬਾਂ ਦੀ ਕਾਸ਼ਤਕਾਰੀ ਵੀ ਬਾਗ਼ਬਾਨੀ ਦਾ ਹੀ ਹਿੱਸਾ ਹੈ।

## ਸਾਬਕਾ ਏਅਰ ਮਾਰਸ਼ਲ ਜਿਤੇਂਦਰ ਮਿਸ਼ਰਾ ਰਾਮ ਮੰਦਰ...

ਗਿਆ। ਫਿਰ ਕਮੇਟੀ ਨੇ ਟਰੱਸਟ ਨੂੰ ਤਿੰਨ ਨਾਵਾਂ ਦੀ ਸਿਫ਼ਾਰਸ਼ ਕੀਤੀ। ਮਿਸ਼ਰਾ ਦੀ ਨਿਯੁਕਤੀ ਦਾ ਫੈਸਲਾ ਟਰੱਸਟ ਦੇ ਪ੍ਰਧਾਨ ਮਹੰਤ ਨ੍ਰਿਤਿਆ ਗੋਪਾਲ ਦਾਸ, ਸਵਾਮੀ ਕਮਲਨਯਨ ਦਾਸ, ਅੰਤਰਮ ਜਨਰਲ ਸਕੱਤਰ ਡਾ. ਕ੍ਰਿਸ਼ਨ ਮੋਹਨ, ਟਰੱਸਟੀ ਮਹੰਤ ਦਿਨੇਂਦਰ ਦਾਸ ਅਤੇ ਖ਼ਜ਼ਾਨਚੀ ਸਵਾਮੀ ਗੋਵਿੰਦ ਦੇਵ ਗਿਰੀ ਸਮੇਤ ਹੋਰਨਾਂ ਦੀ ਹਾਜ਼ਰੀ ਵਿੱਚ ਲਿਆ ਗਿਆ। ਟਰੱਸਟ ਦੇ ਅਨੁਸਾਰ ਸੀ ਈ ਓ ਦੀ ਜ਼ਿੰਮੇਵਾਰੀ ਹੋਵੇਗੀ ਕਿ ਉਹ ਸੰਗਠਨ ਦੀ ਪ੍ਰਕਿਰਤੀ ਅਤੇ ਪੈਮਾਨੇ ਦੇ ਅਨੁਕੂਲ ਪ੍ਰਣਾਲੀਆਂ, ਪ੍ਰਕਿਰਿਆਵਾਂ ਅਤੇ ਸੰਚਾਲਨ ਅਭਿਆਸਾਂ ਨੂੰ ਵਿਕਸਤ ਕਰੇ, ਸੰਸਥਾ ਦੇ ਉਦੇਸ਼ਾਂ, ਪ੍ਰਕਿਰਤੀ ਅਤੇ ਆਕਾਰ ਦੇ ਅਨੁਸਾਰ ਸੰਗਠਨਾਤਮਕ ਢਾਂਚੇ ਨੂੰ ਬਣਾਏ ਅਤੇ ਮਜ਼ਬੂਤ ਕਰੇ। ਹੋਰ ਜ਼ਿੰਮੇਵਾਰੀਆਂ ਦੇ ਨਾਲ ਸੀ ਈ ਓ ਸੰਗਠਨ ਦੇ ਅਧਿਕਾਰੀਆਂ, ਕਰਮਚਾਰੀਆਂ ਤੇ ਸਟਾਫ ਲਈ ਜ਼ਿੰਮੇਵਾਰ ਸਰਵਉੱਚ ਕਾਰਜਕਾਰੀ ਅਥਾਰਟੀ ਵਜੋਂ ਕੰਮ ਕਰੇਗਾ।

## ਬੇਟੀਆਂ ਦੇ ਰੌਸ਼ਨ ਭਵਿੱਖ ਲਈ ਨੰਗੇ ਪੈਰੀਂ ਮੈਰਾਥਨ

ਦਾ ਆਯੋਜਨ ਕੀਤਾ। ਇਸ ਦੌੜ 'ਚ ਪਹਿਲਾ ਇਨਾਮ 3 ਹਜ਼ਾਰ ਰੁਪਏ ਸੀ। ਰਮਾਬਾਈ ਨੇ ਇਸ ਦੌੜ 'ਚ ਹਿੱਸਾ ਲੈਣ ਦਾ ਫੈਸਲਾ ਕੀਤਾ। ਰਮਾਬਾਈ ਨੂੰ ਸ਼ਾਇਦ ਇਹ ਅੰਦਾਜ਼ਾ ਨਹੀਂ ਸੀ ਕਿ ਉਸ ਦੀ ਇਹ ਕੋਸ਼ਿਸ਼ ਪੂਰੇ ਇਲਾਕੇ 'ਚ ਉਸ ਨੂੰ ਮਸ਼ਹੂਰ ਕਰ ਦੇਵੇਗੀ। ਜਦ ਨੌਜਵਾਨ ਖਿਡਾਰੀਆਂ ਅਤੇ ਐਥਲੀਟਾਂ ਵਿਚਾਲੇ ਰਮਾਬਾਈ ਸਧਾਰਨ ਸਾੜ੍ਹੀ ਪਹਿਨ ਕੇ ਪਹੁੰਚੀ ਤਾਂ ਸ਼ੁਰੂਆਤ 'ਚ ਲੋਕ ਉਸ ਨੂੰ ਦੇਖ ਕੇ ਹੈਰਾਨ ਰਹਿ ਗਏ। ਬਾਕੀ ਐਥਲੀਟ ਟ੍ਰੈਕਸੂਟ ਪਾ ਕੇ ਤਿਆਰ ਸਨ, ਜਦਕਿ ਰਮਾਬਾਈ ਸਾੜ੍ਹੀ 'ਚ ਦੌੜਨ ਲਈ ਖੜ੍ਹੀ ਸੀ। ਕਿਸੇ ਨੂੰ ਅੰਦਾਜ਼ਾ ਨਹੀਂ ਸੀ ਕਿ ਇਹ ਔਰਤ ਕੁਝ ਦੇਰ ਬਾਅਦ ਦੌੜ 'ਚ ਸਭ ਤੋਂ ਅੱਗੇ ਨਿਕਲ ਜਾਵੇਗੀ। ਰਮਾਬਾਈ ਦੀ ਕਹਾਣੀ ਇਸ ਲਈ ਵੀ ਖਾਸ ਹੈ, ਕਿਉਂਕਿ ਉਸ ਲਈ ਦੌੜ ਸਿਰਫ਼ ਜਿੱਤ ਹਾਸਲ ਕਰਨ ਦਾ ਜ਼ਰੀਆ ਨਹੀਂ ਸੀ। ਉਹ ਆਪਣੀਆਂ ਬੇਟੀਆਂ ਦੇ ਸੁਪਨਿਆਂ ਲਈ ਦੌੜੀ, ਜਦ ਪੈਰਾਂ ਦੀ ਚੱਪਲ ਨੇ ਸਾਥ ਛੱਡ ਦਿੱਤਾ ਤਾਂ ਉਸ ਨੇ ਚੱਪਲਾਂ ਨੂੰ ਆਪਣੇ ਹੱਥਾਂ 'ਚ ਫੜ ਲਿਆ, ਪਰ ਆਪਣੇ ਕਦਮ ਨਹੀਂ ਰੋਕੇ। ਰਮਾਬਾਈ ਦੀ ਇਸ ਦੌੜ ਨੇ ਇੱਕ ਵਾਰ ਫਿਰ ਦਿਖਾਇਆ ਕਿ ਕਿਸੇ ਟੀਚੇ ਤੱਕ ਪਹੁੰਚਣ ਲਈ ਸਾਧਨ ਪੂਰੇ ਹੋਣੇ ਜ਼ਰੂਰੀ ਨਹੀਂ। ਰਮਾਬਾਈ ਨੇ 3 ਹਜ਼ਾਰ ਰੁਪਏ ਦਾ ਪੁਰਸਕਾਰ ਜਿੱਤ ਕੇ ਸਿਰਫ਼ ਮੈਰਾਥਨ ਦੀ ਦੌੜ ਨਹੀਂ ਜਿੱਤੀ, ਬਲਕਿ ਆਪਣੀਆਂ ਬੇਟੀਆਂ ਦੇ ਸੁਪਨਿਆਂ ਲਈ ਕੀਤੇ ਜਾ ਰਹੇ ਸੰਘਰਸ਼ ਦੀ ਇੱਕ ਤਸਵੀਰ ਵੀ ਸਾਹਮਣੇ ਰੱਖੀ।

## ਭਾਜਪਾ ਪੰਜਾਬ ਦੀ ਦੁਸ਼ਮਣ ਨੰਬਰ 1 : ਧਾਲੀਵਾਲ

ਈਡੀ ਦਾ ਸਹਾਰਾ ਲੈ ਰਹੀ ਹੈ। ਈਡੀ ਹੁਣ ਨਿਰਪੱਖ ਏਜੰਸੀ ਨਾ ਰਹਿ ਕੇ ਪੂਰੀ ਤਰ੍ਹਾਂ ਨਾਲ ਭਾਜਪਾ ਦੀ ਸਹਿਯੋਗੀ ਪਾਰਟੀ ਬਣ ਚੁੱਕੀ ਹੈ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਬਦਨਾਮ ਕਰਨ ਅਤੇ ਸਾਡੇ ਮੁੱਖ ਮੰਤਰੀ ਭਗਵੰਤ ਮਾਨ ਤੇ ਹੋਰ ਸੀਨੀਅਰ ਆਗੂਆਂ ਨੂੰ ਝੂਠੇ ਮਾਮਲਿਆਂ ਵਿੱਚ ਫਸਾਉਣ ਲਈ ਕੇਂਦਰ ਸਰਕਾਰ ਲਗਾਤਾਰ ਗੰਦੀਆਂ ਰਾਜਨੀਤਕ ਸਾਜ਼ਿਸ਼ਾਂ ਰਚ ਰਹੀ ਹੈ। ਪੰਜਾਬ ਸਰਕਾਰ ਦਾ ਅਕਸ ਖਰਾਬ ਕਰਨ ਦੇ ਉਦੇਸ਼ ਨਾਲ ਵਾਰ-ਵਾਰ ਪੱਤਰ ਭੇਜਣ ਦਾ ਨਾਟਕ ਕੀਤਾ ਜਾ ਰਹਾ ਹੈ। ਬੁੱਧਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਈਡੀ ਅਤੇ ਭਾਜਪਾ ਦਾ ਇੱਕੋ-ਇੱਕ ਮੁੱਖ ਮਕਸਦ ਪੰਜਾਬ ਵਿੱਚ ਹੋ ਰਹੇ ਅਭੂਤਪੂਰਵ ਵਿਕਾਸ ਕਾਰਜਾਂ ਨੂੰ ਰੋਕਣਾ ਅਤੇ ਮੁੱਖ ਮੰਤਰੀ ਭਗਵੰਤ ਮਾਨ ਤੇ ਉਨ੍ਹਾ ਦੇ ਪਰਵਾਰ ਨੂੰ ਮਾਨਸਿਕ ਤੌਰ ਤੇ ਪਰੇਸ਼ਾਨ ਕਰਕੇ ਬਦਨਾਮ ਕਰਨਾ ਹੈ। ਧਾਲੀਵਾਲ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਭਾਜਪਾ ਇਹ ਨਾ ਭੁੱਲੇ ਕਿ ਉਸ ਨੇ ਸਾਡੇ ਸੀਨੀਅਰ ਆਗੂਆਂ ਨੂੰ ਜੇਲ੍ਹਾਂ ਵਿੱਚ ਬੰਦ ਕਰਕੇ ਦੇਖ ਲਿਆ ਹੈ, ਪਰ ਆਮ ਆਦਮੀ ਪਾਰਟੀ ਚੱਟਾਨ ਵਾਂਗ ਇੱਕਜੁੱਟ ਹੋ ਕੇ ਖੜ੍ਹੀ ਰਹੀ। ਈਡੀ ਅਤੇ ਸੀ ਬੀ ਆਈ ਚਾਹੇ ਜਿੰਨੀਆਂ ਵੀ ਕੋਸ਼ਿਸ਼ਾਂ ਕਰ ਲੈਣ, 2027 ਦੀਆਂ ਚੋਣਾਂ ਵਿੱਚ ਪੰਜਾਬ ਦੀ ਜਨਤਾ ਫਿਰ ਤੋਂ ਆਮ ਆਦਮੀ ਪਾਰਟੀ ਦੀ ਹੀ ਸਰਕਾਰ ਬਣਾਏਗੀ। ਸਾਡੇ ਆਗੂਆਂ ਨੇ ਜੇਲ੍ਹ ਜਾਣਾ ਸਵੀਕਾਰ ਕੀਤਾ, ਪਰ ਭਾਜਪਾ ਦੀ ਤਾਨਾਸ਼ਾਹੀ ਅੱਗੇ ਝੁਕਣਾ ਪਸੰਦ ਨਹੀਂ ਕੀਤਾ। ਭਾਜਪਾ ਨੂੰ ਪੰਜਾਬ ਦਾ ਦੁਸ਼ਮਣ ਨੰਬਰ-1 ਕਰਾਰ ਦਿੰਦਿਆਂ ਧਾਲੀਵਾਲ ਨੇ ਕਿਹਾ ਕਿ ਇਸ ਪਾਰਟੀ ਨੇ ਕਿਸਾਨ ਅੰਦੋਲਨ ਦੌਰਾਨ ਪੰਜਾਬ ਦੇ 750 ਤੋਂ ਵੱਧ ਕਿਸਾਨਾਂ ਨੂੰ ਸ਼ਹੀਦ ਕੀਤਾ, ਪੰਜਾਬ ਦੇ ਵਿਕਾਸ ਫੰਡ ਰੋਕ ਦਿੱਤੇ ਅਤੇ ਰਾਜ ਦੇ ਵਿਕਾਸ ਵਿੱਚ ਹਰ ਕਦਮ 'ਤੇ ਰੋੜੇ ਅਟਕਾਏ। ਉਨ੍ਹਾ ਸਪੱਸ਼ਟ ਕੀਤਾ ਕਿ ਈਡੀ ਦੀਆਂ ਵੈਸਾਖੀਆਂ ਦੇ ਸਹਾਰੇ ਭਾਜਪਾ ਆਮ ਆਦਮੀ ਪਾਰਟੀ ਦੇ ਯੋਧਿਆਂ ਨੂੰ ਡਰਾ ਨਹੀਂ ਸਕਦੀ।

## ਜਨਤਾ ਮਾਨ ਸਰਕਾਰ ਦੇ ਨਾਲ ਚਟਾਨ ਵਾਂਗ ਖੜ੍ਹੀ: ਬਲਤੇਜ ਪੰਨੂ

ਕਰਨ ਦਾ ਦੋਸ਼ ਲਾਇਆ ਹੈ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਾਜਪਾ ਅਤੇ ਉਸ ਦੇ ਸਮਰਥਕਾਂ ਨੇ ਇਹ ਦਾਅਵਾ ਕਰਕੇ ਲੋਕਾਂ ਵਿੱਚ ਡਰ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਸੀ ਕਿ 'ਆਪ' ਸਰਕਾਰ ਕੋਲ ਤਜਰਬੇ ਦੀ ਘਾਟ ਹੈ ਅਤੇ ਉਹ ਸੁਚੱਜੇ ਢੰਗ ਨਾਲ ਕੰਮ ਨਹੀਂ ਕਰ ਸਕੇਗੀ। ਪੰਜਾਬ ਦੇ ਲੋਕਾਂ ਨੇ ਉਸ ਬਿਰਤਾਂਤ ਨੂੰ ਨਕਾਰ ਦਿੱਤਾ ਅਤੇ 'ਆਪ' ਨੂੰ ਸਪੱਸ਼ਟ ਫਤਵਾ ਦਿੱਤਾ।

ਉਹਨਾ ਕਿਹਾ ਕਿ ਭਾਜਪਾ ਮੁੱਖ ਮੰਤਰੀ ਨੂੰ ਬਦਨਾਮ ਕਰਨ ਦੀਆਂ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖ ਸਕਦੀ ਹੈ, ਪਰ ਲੋਕਾਂ ਨੇ ਪਹਿਲਾਂ ਹੀ ਮਨ ਬਣਾ ਲਿਆ ਹੈ। ਲੋਕ ਸਰਕਾਰ ਨਾਲ ਚੱਟਾਨ ਵਾਂਗ ਖੜ੍ਹੇ ਹਨ। ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਸੂਬੇ ਦੀ ਸੇਵਾ ਜਾਰੀ ਰੱਖਣ ਲਈ ਇੱਕ ਵਾਰ ਫਿਰ ਭਗਵੰਤ ਸਿੰਘ ਮਾਨ ਨੂੰ ਚੁਣੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਜਮਹੂਰੀ ਕਿਸਾਨ ਸਭਾ ਪੰਜਾਬ ਏਰੀਆ ਕਮੇਟੀ ਮੱਲੂ ਨੰਗਲ ਤੇ ਚੇਤਨਪੁਰਾ ਦੀ ਮੀਟਿੰਗ

**ਚੇਤਨਪੁਰਾ, (ਸੁਖਵੰਤ ਚੇਤਨਪੁਰੀ)** ਜਮਹੂਰੀ ਕਿਸਾਨ ਸਭਾ ਪੰਜਾਬ ਦੀ ਏਰੀਆ ਕਮੇਟੀ ਮੱਲੂ ਨੰਗਲ ਚੇਤਨਪੁਰਾ ਦੀ ਮੀਟਿੰਗ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਮਹਿਲ ਜੰਡਿਆਲਾ ਵਿਖੇ ਗੁਰਜੀਤ ਸਿੰਘ ਬੁਰਜੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਕਰੀਬ 10 ਪਿੰਡਾਂ ਦੇ ਕਿਸਾਨ ਹਾਜ਼ਰ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਭਾ ਦੇ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਮੱਲੂ ਨੰਗਲ ਨੇ ਦੱਸਿਆ ਕਿ ਇਹ ਮੀਟਿੰਗਾਂ '20 ਸਤੰਬਰ ਚਲੋ ਜਲੰਧਰ' ਦੇ ਨਾਅਰੇ ਹੇਠ ਪਿੰਡ-ਪਿੰਡ ਕੀਤੀਆਂ ਜਾਣਗੀਆਂ, ਜਿਸ ਦਾ ਮਕਸਦ ਆਉਣ ਵਾਲੀ 20 ਸਤੰਬਰ ਨੂੰ ਪੰਜਾਬ ਦੀਆਂ ਦੋ ਵੱਡੀਆਂ ਜਥੇਬੰਦੀਆਂ ਦਾ ਰਲੇਵਾਂ ਹੋਣ ਜਾ ਰਿਹਾ ਹੈ ਅਤੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਵੱਡੀ ਰੈਲੀ ਕਰਕੇ ਭਾਰਤ ਦੀ ਇੱਕ ਵੱਡੀ ਜਥੇਬੰਦੀ ਦੇ ਰੂਪ ਵਿੱਚ 21 ਅਤੇ 22 ਸਤੰਬਰ ਨੂੰ ਦੇਸ਼ ਭਰ ਦੇ ਵੱਖ-ਵੱਖ ਸਟੇਟਾਂ ਤੋਂ ਕਰੀਬ 800 ਡੈਲੀਗੇਟ ਦੋ ਦਿਨ ਦੇ ਇਜਲਾਸ ਉਪਰੰਤ ਆਲ ਇੰਡੀਆ ਦੀ ਕਮੇਟੀ ਬਣਾਈ ਜਾਵੇਗੀ। ਉਹਨਾਂ ਕਿਹਾ ਕਿ ਇਹ ਕਿਸਾਨ ਲਹਿਰ ਲਈ ਖੁਸ਼ੀ ਦੀ ਗੱਲ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਮੋਦੀ ਸਰਕਾਰ ਵੱਲੋਂ ਆਰੰਭੇ ਖੇਤੀ ਹਮਲਿਆਂ ਵਿਰੁੱਧ ਲਗਾਤਾਰਤਾ ਨਾਲ ਲੜਾਈ ਆਰੰਭੀ ਜਾਵੇਗੀ। ਇਸ ਮੌਕੇ ਸਮਾਜ ਸੇਵੀ ਇੰਦਰਜੀਤ ਸਿੰਘ ਬੰਬ ਨੇ ਦੱਸਿਆ ਕਿ ਕਾਰਪੋਰੇਟ ਜਗਤ ਹੌਲੀ-ਹੌਲੀ ਖੇਤੀ ਉੱਤੇ ਕਬਜ਼ਾ ਕਰਨਾ ਚਾਹੁੰਦਾ ਹੈ ਤੇ ਮੋਦੀ ਸਰਕਾਰ ਅਤੇ ਸਟੇਟ ਦੀਆਂ ਸਰਕਾਰਾਂ ਵੀ ਖੇਤੀ ਨੂੰ ਕਾਰਪੋਰੇਟ ਜਗਤ ਵੱਲ ਧੱਕਣ ਦੀ ਤਿਆਰੀ ਕਰ ਰਹੀਆਂ ਹਨ, ਜਿਸ ਦਾ ਵਿਰੋਧ ਵੱਡੀ ਲਾਮਬੰਦੀ ਤੋ ਬਿਨਾਂ ਨਹੀਂ ਹੋ ਸਕਦਾ, ਇਸ ਕਰਕੇ ਸਾਨੂੰ ਪਿੰਡ-ਪਿੰਡ ਇਕਾਈਆਂ ਬਣਾ ਕੇ ਕਿਸਾਨਾਂ ਨੂੰ ਜਥੇਬੰਦ ਕਰਨ ਦੀ ਲੋੜ ਹੈ। ਇਸ ਮੌਕੇ ਸਤਨਾਮ ਸਿੰਘ ਬੂਆ ਨੰਗਲੀ ਸਾਬਕਾ ਸਰਪੰਚ ਨੇ ਵੀ ਸੰਬੋਧਨ ਕੀਤਾ, ਉਪਰੰਤ ਏਰੀਆ ਕਮੇਟੀ ਦੀ ਚੋਣ ਕੀਤੀ ਗਈ, ਜਿਸ ਅਨੁਸਾਰ ਗੁਰਜੀਤ ਸਿੰਘ ਦਬੁਰਜੀ ਪ੍ਰਧਾਨ, ਸੁਖਦੇਵ ਸਿੰਘ ਸੰਤੂ ਨੰਗਲ ਸਕੱਤਰ, ਨਿਰੰਜਨ ਸਿੰਘ ਦਬੁਰਜੀ ਮੀਤ ਪ੍ਰਧਾਨ, ਸਤਨਾਮ ਸਿੰਘ ਬੂਆ ਨੰਗਲੀ ਸੀਨੀਅਰ ਮੀਤ ਪ੍ਰਧਾਨ, ਜੋਗਾ ਸਿੰਘ ਸੰਤੂ ਨੰਗਲ ਵਿੱਤ ਸਕੱਤਰ, ਟਹਿਲ ਸਿੰਘ ਚੇਤਨਪੁਰਾ ਸਹਾਇਤ ਵਿੱਤ ਸਕੱਤਰ ਚੁਣੇ ਗਏ। ਇਸ ਤੋਂ ਇਲਾਵਾ ਬਲਰਾਜ ਸਿੰਘ ਸੀਨੀਅਰ ਕਾਰਜਕਾਰਨੀ ਮੈਂਬਰ, ਅਜਮੇਰ ਸਿੰਘ ਇੰਸਪੈਕਟਰ, ਸਤਵੰਤ ਸਿੰਘ ਗਿੱਲ, ਬਚਿੱਤਰ ਸਿੰਘ, ਕਸ਼ਮੀਰ ਸਿੰਘ ਪਠਾਣ ਨੰਗਲ, ਮਲਕੀਤ ਸਿੰਘ, ਜੰਗ ਸਿੰਘ, ਭਜਨ ਸਿੰਘ ਲੁਹਾਰਕਾ, ਸੁਖਵਿੰਦਰ ਸਿੰਘ ਜਗਦੇਵ ਕਲਾਂ, ਅਮਰਜੀਤ ਸਿੰਘ ਚੇਤਨਪੁਰਾ, ਰਸ਼ਪਾਲ ਸਿੰਘ ਦਾਦੂਪੁਰਾ, ਹਰਪਾਲ ਸਿੰਘ ਫੌਜੀ ਬੂਆ ਨੰਗਲੀ, ਜੱਸਾ ਸਿੰਘ, ਬੇਅੰਤ ਸਿੰਘ ਅਤੇ ਲਖਵਿੰਦਰ ਸਿੰਘ ਲੁਹਾਰਕਾ ਕਾਰਜਕਾਰਨੀ ਮੈਂਬਰ ਚੁਣੇ ਗਏ। ਇੰਦਰਜੀਤ ਸਿੰਘ ਬੰਬ ਜਗਦੇਵ ਕਲਾਂ ਨੂੰ ਮੁੱਖ ਸਲਾਹਕਾਰ ਦੀ ਜ਼ਿੰਮੇਵਾਰੀ ਲਗਾਈ ਗਈ। ਅਖੀਰ ਵਿੱਚ ਏਰੀਆ ਪ੍ਰਧਾਨ ਗੁਰਜੀਤ ਸਿੰਘ ਨੇ ਵੱਖ-ਵੱਖ ਪਿੰਡਾਂ ਦੀਆਂ ਮੀਟਿੰਗਾਂ ਦੀਆਂ ਤਰੀਕਾਂ ਤੈਅ ਕੀਤੀਆਂ ਅਤੇ ਮੀਟਿੰਗ ਵਿੱਚ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ।




# ਹਰਲੀਨ ਕੌਰ ਨੇ ਕਰਾਟੇ ਚੈਂਪੀਅਨਸ਼ਿਪ 'ਚ ਜਿੱਤਿਆ ਗੋਲਡ ਮੈਡਲ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਪਿੰਡ ਕੱਥੂਨੰਗਲ ਦੀ ਹੋਣਹਾਰ ਬੇਟੀ ਹਰਲੀਨ ਕੌਰ, ਜੋ ਸੇਂਟ ਸੋਵੀਅਰਨ ਕੋਨਵੇਂਟ ਸਕੂਲ, ਚਵਿੰਡਾ ਦੇਵੀ ਵਿਖੇ 12ਵੀਂ ਜਮਾਤ ਦੀ ਵਿਦਿਆਰਥਣ ਹੈ, ਨੇ ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਕੇ ਆਪਣੇ ਪਰਵਾਰ, ਸਕੂਲ ਅਤੇ ਪੂਰੇ ਪਿੰਡ ਦਾ ਨਾਂਅ ਰੌਸ਼ਨ ਕੀਤਾ ਹੈ।ਹਰਲੀਨ ਕੌਰ ਨੇ 2026 ਦੇ ਨੈਸ਼ਨਲ ਪੱਧਰ ਦੇ ਕਿਊ ਰਿਨ ਕਰਾਟੇ ਚੈਂਪੀਅਨਸ਼ਿਪ ਮੁਕਾਬਲਿਆਂ ਵਿੱਚ ਗੋਲਡ ਮੈਡਲ ਹਾਸਲ ਕੀਤਾ। ਇਸ ਤੋਂ ਇਲਾਵਾ ਉਸ ਨੇ ਸੀਬੀਐਸਈ ਕਲੱਸਟਰ ਜ਼ੋਨ ਹਰਿਆਣਾ ਤਾਇਕਵਾਂਡੋ ਮੁਕਾਬਲਿਆਂ ਵਿੱਚ ਬਰਾਂਜ਼ ਮੈਡਲ ਸਮੇਤ ਕਈ ਹੋਰ ਮੈਡਲ ਜਿੱਤ ਕੇ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਇੰਚਾਰਜ ਮਜੀਠਾ ਭਗਵੰਤ ਪਾਲ ਸਿੰਘ ਸੱਚਰ ਨੇ ਸਰਪੰਚ ਜਤਿੰਦਰ ਪਾਲ ਸਿੰਘ ਅਤੇ ਪਿੰਡ ਵਾਸੀਆਂ ਦੇ ਨਾਲ ਹਰਲੀਨ ਕੌਰ ਦੇ ਘਰ ਪਹੁੰਚ ਕੇ ਉਸ ਨੂੰ ਅਤੇ ਉਸ ਦੇ ਪਿਤਾ ਦਵਿੰਦਰ ਸਿੰਘ ਤੇ ਮਾਤਾ ਬਲਜੀਤ ਕੌਰ ਤੇ ਪਰਵਾਰ ਨੂੰ ਇਸ ਮਾਣਮੱਤੀ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਅਤੇ ਬੇਟੀ ਦਾ ਵਿਸ਼ੇਸ਼ ਸਨਮਾਨ ਕੀਤਾ।ਸੱਚਰ ਨੇ ਕਿਹਾ ਕਿ ਹਰਲੀਨ ਕੌਰ ਦੀ ਇਹ ਪ੍ਰਾਪਤੀ ਸਿਰਫ਼ ਉਸਦੇ ਪਰਿਵਾਰ ਅਤੇ ਸਕੂਲ ਲਈ ਹੀ ਨਹੀਂ, ਸਗੋਂ ਪੂਰੇ ਕੱਥੂਨੰਗਲ ਪਿੰਡ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਮਾਪਿਆਂ ਨੂੰ ਬੱਚਿਆਂ ਦੀ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਨੂੰ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ।ਇਸ ਮੌਕੇ ਸਰਪੰਚ ਜਤਿੰਦਰ ਪਾਲ ਸਿੰਘ ਕੱਥੂਨੰਗਲ, ਸੁਲੱਖਣ ਸਿੰਘ ਕੱਥੂਨੰਗਲ, ਬਿਕਰਮਜੀਤ ਸਿੰਘ ਬਿੱਕਾ ਕੱਥੂਨੰਗਲ, ਡਾ. ਸੁਖਵਿੰਦਰ ਸਿੰਘ ਰੰਧਾਵਾ , ਅਵਤਾਰ ਸਿੰਘ ਕੱਥੂਨੰਗਲ, ਡਾ. ਮੋਹਨ ਸਿੰਘ ਕੱਥੂਨੰਗਲ ਤੋਂ ਇਲਾਵਾ ਹੋਰ ਵੀ ਪਿੰਡ ਵਾਸੀ ਹਾਜ਼ਰ ਸਨ ਸਾਰਿਆਂ ਨੇ ਹਰਲੀਨ ਕੌਰ ਅਤੇ ਉਸ ਦੇ ਪਰਵਾਰ ਨੂੰ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੰਦਿਆਂ ਉਸ ਦੇ ਉੱਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।



# ਡਾ. ਨਿੱਜਰ ਵੱਲੋਂ ਸਮਾਜ ਸੇਵੀਆਂ ਤੇ ਮੈਡੀਕਲ ਟੀਮ ਦਾ ਸਨਮਾਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਬੀਤੀ 30 ਅਗਸਤ ਨੂੰ ਸ਼ਹੀਦ ਊਧਮ ਸਿੰਘ ਯਾਦਗਾਰੀ ਭਵਨ, ਅੰਮ੍ਰਿਤਸਰ ਵਿਖੇ ਲੋਕਾਂ ਨੂੰ ਮੁਫ਼ਤ ਅਤੇ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਲਗਾਏ ਗਏ ਮੈਗਾ ਮੈਡੀਕਲ ਕੈਂਪ ਲਈ ਸਹਿਯੋਗ ਦੇਣ ਵਾਲੇ ਸਮਾਜ ਸੇਵੀਆਂ ਅਤੇ ਮੈਡੀਕਲ ਟੀਮ ਨੂੰ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬਿਲਾਸ ਫਾਊਂਡੇਸ਼ਨ ਤੋਂ ਡਾ. ਗੁਰਬਿਲਾਸ ਪੀ. ਸਿੰਘ, ਤੇਰਾ ਹੀ ਤੇਰਾ ਮਿਸ਼ਨ ਹਸਪਤਾਲ ਤੋਂ ਡਾ. ਟੀ.ਪੀ. ਸਿੰਘ ਸਮੇਤ ਸਮੁੱਚੀ ਮੈਡੀਕਲ ਟੀਮ ਅਤੇ ਸ਼ਹੀਦ ਊਧਮ ਸਿੰਘ ਫਾਊਂਡੇਸ਼ਨ ਦੇ ਪ੍ਰਧਾਨ ਦੀਪ ਸਿੰਘ ਕੰਬੋਜ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਬਿਲਾਸ ਫਾਊਂਡੇਸ਼ਨ ਵੱਲੋਂ 'ਤੇਰਾ ਹੀ ਤੇਰਾ ਮਿਸ਼ਨ ਹਸਪਤਾਲ, ਚੰਡੀਗੜ੍ਹ' ਅਤੇ 'ਸ਼ਹੀਦ ਊਧਮ ਸਿੰਘ ਫਾਊਂਡੇਸ਼ਨ, ਅੰਮ੍ਰਿਤਸਰ' ਦੇ ਸਾਂਝੇ ਸਹਿਯੋਗ ਨਾਲ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਫ਼ਤ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਇਹ ਮੈਗਾ ਮੈਡੀਕਲ ਕੈਂਪ ਲਗਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਲੋਕਾਂ ਨੂੰ ਵੱਖ-ਵੱਖ ਸਿਹਤ ਜਾਂਚ ਸਹੂਲਤਾਂ ਮੁਫ਼ਤ ਪ੍ਰਦਾਨ ਕੀਤੀਆਂ ਗਈਆਂ। ਇਨ੍ਹਾਂ ਵਿੱਚ ਫਿਬਰੋ ਸਕੈਨ, ਹੱਡੀਆਂ ਦੀ ਜਾਂਚ, ਬਲੱਡ ਪ੍ਰੈਸ਼ਰ ਦੀ ਜਾਂਚ, ਮੈਮੋਗ੍ਰਾਫੀ ਅਤੇ ਨਿਊਰੋ ਸਕੈਨ ਸਮੇਤ ਹੋਰ ਲੋੜੀਂਦੇ ਟੈਸਟ ਕੀਤੇ ਗਏ।

ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ। ਡਾ. ਨਿੱਜਰ ਨੇ ਕਿਹਾ ਕਿ ਸਮਾਜ ਦੇ ਲੋੜਵੰਦ ਵਰਗਾਂ ਤੱਕ ਸਿਹਤ ਸਹੂਲਤਾਂ ਪਹੁੰਚਾਉਣ ਲਈ ਸਮਾਜ ਸੇਵੀ ਸੰਸਥਾਵਾਂ ਵੱਲੋਂ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਉਨ੍ਹਾਂ ਮੈਡੀਕਲ ਕੈਂਪ ਨੂੰ ਸਫਲ ਬਣਾਉਣ ਲਈ ਬਿਲਾਸ ਫਾਊਂਡੇਸ਼ਨ, ਤੇਰਾ ਹੀ ਤੇਰਾ ਮਿਸ਼ਨ ਹਸਪਤਾਲ, ਸ਼ਹੀਦ ਊਧਮ ਸਿੰਘ ਫਾਊਂਡੇਸ਼ਨ ਅਤੇ ਸਮੁੱਚੀ ਮੈਡੀਕਲ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਫਾਊਂਡੇਸ਼ਨ ਵੱਲੋਂ ਡਾ. ਸੁਖਦੇਵ ਸਿੰਘ ਬਿੱਟੂ, ਜਨਰਲ ਸਕੱਤਰ; ਕੰਵਰ ਜਗਦੀਪ ਸਿੰਘ, ਸੀਨੀਅਰ ਮੀਤ ਪ੍ਰਧਾਨ; ਪਰਮਜੀਤ ਸਿੰਘ ਕੋਲਡ ਸਟੋਰ ਵਾਲੇ, ਮੀਤ ਪ੍ਰਧਾਨ; ਕੁਲਜੀਤ ਸਿੰਘ, ਦਫ਼ਤਰ ਸਕੱਤਰ; ਪਰਮਜੀਤ ਸਿੰਘ ਬਿੱਲਾ ਮਹੰਤ; ਜਸਵਿੰਦਰ ਸਿੰਘ ਰੰਦੇ ਵਾਲੇ; ਧਿਆਨ ਸਿੰਘ ਸਮੇਤ ਹੋਰ ਮੈਂਬਰ ਹਾਜ਼ਰ ਸਨ।



# ਕਿਰਿਆਤਮਕ ਖੋਜ ਦੀ ਇੱਕ ਦਿਨਾ ਓਰੀਐਂਟੇਸ਼ਨ ਵਰਕਸ਼ਾਪ ਲਗਾਈ

**ਝਬਾਲ (ਹਰਜਿੰਦਰ ਸਿੰਘ ਸੋਨੀ)** ਜ਼ਿਲ੍ਹਾ ਸਿਖਲਾਈ ਸੰਸਥਾ ਡਾਇਟ ਕੈਰੋਂ ਤਰਨ ਤਾਰਨ ਵਿਖੇ ਇੱਕ ਦਿਨਾਂ ਓਰੀਐਂਟੇਸ਼ਨ ਵਰਕਸ਼ਾਪ ਵਿੱਚ ਪ੍ਰਿੰਸੀਪਲ ਮੰਗਤ ਸਿੰਘ ਦੀ ਯੋਗ ਅਗਵਾਈ ਵਿੱਚ ਜ਼ਿਲ੍ਹੇ ਦੇ ਵੱਖ-ਵੱਖ-ਵੱਖ ਪ੍ਰਾਇਮਰੀ ਅਤੇ ਸੈਕੰਡਰੀ ਸਕੂਲਾਂ ਕਰੀਬ ਵੀਹ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ।ਇਸ ਵਰਕਸ਼ਾਪ ਦੀ ਸ਼ੁਰੂਆਤ ਕਰਦਿਆਂ ਡਾ. ਜਗਰੂਪ ਸਿੰਘ ਨੇ ਇਸ ਖੋਜ ਕਾਰਜ ਦੀ ਬਾਹਰੀ ਰੂਪ-ਰੇਖਾ ਸਾਂਝੀ ਕਰਦਿਆਂ ਡਾਇਟ ਕੈਰੋਂ ਵਿਖੇ ਹੁਣ ਤੱਕ ਹੋਏ ਖੋਜ ਕਾਰਜਾਂ ਤੇ ਉਨ੍ਹਾਂ ਦੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਰਿਸੋਰਸ ਪਰਸਨ ਵਜੋਂ ਸਰਤਾਜ ਸਿੰਘ ਲੈਕਚਰਾਰ ਕਮਿਸਟਰੀ ਨੇ ਕਿਰਿਆਤਮਕ ਖੋਜ ਕਾਰਜ ਦੇ ਵੱਖ-ਵੱਖ ਪੜਾਵਾਂ ਬਾਰੇ ਤਰਤੀਬਵਾਰ ਲਾਭ ਭਰਪੂਰ ਜਾਣਕਾਰੀ ਦਿੱਤੀ।

ਇਸ ਉਪਰੰਤ ਡਾ. ਹਿੰਮਤਬੀਰ ਸਿੰਘ ਲੈਕਚਰਾਰ ਸਮਾਜ ਸ਼ਾਸਤਰ ਨੇ ਖੋਜ ਅਤੇ ਕਿਰਿਆਤਮਕ ਖੋਜ ਦੀ ਸ਼ਾਂਝ ਅਤੇ ਵਖਰੇਵੇਂ ਬਾਰੇ ਆਪਣੇ ਬਹੁਮੁੱਲੇ ਵਿਸਥਾਰਮਈ ਵਿਚਾਰ ਪੇਸ਼ ਕੀਤੇ।ਇਸ ਮੌਕੇ ਡਾ,ਇੰਦਰਪ੍ਰੀਤ ਸਿੰਘ ਧਾਮੀ ਨੇ ਕਿਰਿਆਤਮਕ ਖੋਜ ਕਾਰਜ ਲਈ ਲਏ ਜਾਣ ਵਾਲੇ ਵੱਖ-ਵੱਖ ਵਿਸ਼ਿਆਂ ਬਾਰੇ ਚਰਚਾ ਕੀਤੀ। ਪ੍ਰਿੰਸੀਪਲ ਮੰਗਤ ਸਿੰਘ ਜੀ ਨੇ ਸਾਰੇ ਖੋਜਕਾਰਾਂ ਨੂੰ ਆਦਰਸ਼ ਅਧਿਆਪਨ ਨਾਲ ਜੋੜ ਕੇ ਆਪਣੇ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਉਨ੍ਹਾਂ ਵੱਲੋਂ ਇਸ ਸੰਸਥਾ ਵਿੱਚ ਹੁਣ ਤੱਕ ਹੋਏ ਕਿਰਿਆਤਮਕ ਖੋਜ ਕਾਰਜਾਂ ਦਾ (ਕਿਰਿਆਤਮਕ ਖੋਜ ਕਾਰਜ ਸਾਰੰਸ਼ ਸੰਗ੍ਰਹਿ) ਵੀ ਜਾਰੀ ਕੀਤਾ ਗਿਆ।ਇਸ ਮੌਕੇ ਸੁਖਵਿੰਦਰ ਸਿੰਘ ਧਾਮੀ, ਅਰੁਣ ਕੁਮਾਰ ਸ਼ਰਮਾ, ਰਾਜ ਸਿੰਘ, ਡਾ.ਪਰਮਜੀਤ ਕੌਰ, ਰਜਨੀ ਬਾਲਾ, ਜਗਜੀਤ ਸਿੰਘ, ਗੁਰਕਿਰਪਾਲ ਸਿੰਘ ਆਦਿ ਹਾਜ਼ਰ ਸਨ।



# ਪਿੰਡਾਂ ਵਿੱਚ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ : ਵਧੀਕ ਡਿਪਟੀ ਕਮਿਸ਼ਨਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** - ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਪਿੰਡਾਂ ਨੂੰ ਸਾਫ਼-ਸੁਥਰਾ, ਸਵੱਛ ਅਤੇ ਕੂੜਾ-ਮੁਕਤ ਬਣਾਉਣ ਦੇ ਉਦੇਸ਼ ਨਾਲ ਅੱਜ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਰਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਬਲਾਕ ਵਿਕਾਸ ਤੇ ਪੰਚਾਇਤ ਅਧਿਕਾਰੀਆਂ, ਪੰਚਾਇਤੀ ਰਾਜ ਵਿਭਾਗ ਦੇ ਅਧਿਕਾਰੀਆਂ ਅਤੇ ਸੰਬੰਧਤ ਕਰਮਚਾਰੀਆਂ ਨਾਲ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤੇ ਜਾਣ ਅਤੇ ਘਰਾਂ ਤੋਂ ਪੈਦਾ ਹੋਣ ਵਾਲੇ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਇਕੱਠਾ ਕਰਨ ਸਬੰਧੀ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਘਰ-ਘਰ ਕੂੜਾ ਇਕੱਠਾ ਕਰਨ ਅਤੇ ਇਸ ਦੇ ਵਿਗਿਆਨਕ ਤੇ ਢੁਕਵੇਂ ਨਿਪਟਾਰੇ ਲਈ ਪਿੰਡ ਪੱਧਰ 'ਤੇ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ। ਵਧੀਕ ਡਿਪਟੀ ਕਮਿਸ਼ਨਰ ਨੇ ਬਲਾਕ ਵਿਕਾਸ ਤੇ ਪੰਚਾਇਤ ਅਧਿਕਾਰੀਆਂ, ਪੰਚਾਇਤੀ ਰਾਜ ਦੇ ਜੇ.ਈਜ਼ ਅਤੇ ਏ.ਐਸ.ਡੀ.ਓਜ਼ ਨੂੰ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਕੂੜਾ ਪ੍ਰਬੰਧਨ ਸਬੰਧੀ ਚੱਲ ਰਹੇ ਕੰਮਾਂ ਦੀ ਨਿਯਮਤ ਨਿਗਰਾਨੀ ਕੀਤੀ ਜਾਵੇ ਅਤੇ ਪ੍ਰਗਤੀ ਰਿਪੋਰਟ ਸਮੇਂ ਸਿਰ ਪੇਸ਼ ਕੀਤੀ ਜਾਵੇ। ਮੀਟਿੰਗ ਵਿੱਚ ਕਿਰਨਦੀਪ ਕੌਰ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਹਰਸ਼ਾ ਛੀਨਾ, ਮਲਕੀਤ ਸਿੰਘ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਅਜਨਾਲਾ ਅਤੇ ਰਮਦਾਸ, ਸਰਬਜੀਤ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਰਈਆ, ਸ਼ਮਸ਼ੇਰ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਚੋਗਾਵਾਂ, ਮਨਦੀਪ ਸ਼ਰਮਾ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਅਟਾਰੀ, ਬਿਕਰਮਜੀਤ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਵੇਰਕਾ, ਸ੍ਰੀ ਮਨਦੀਪ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਮਜੀਠਾ, ਪ੍ਰਗਟ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਜੰਡਿਆਲਾ ਗੁਰੂ, ਉਪ ਮੰਡਲ ਇੰਜੀਨੀਅਰ ਪੰਚਾਇਤੀ ਰਾਜ, ਜੂਨੀਅਰ ਇੰਜੀਨੀਅਰ ਪੰਚਾਇਤੀ ਰਾਜ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਸਟਾਫ਼ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਪੰਚਾਇਤ ਸਕੱਤਰ ਹਾਜ਼ਰ ਸਨ।



# ਐੱਸ ਸੀ/ਬੀ ਸੀ ਏਕਤਾ ਮੰਚ ਪੰਜਾਬ ਦੀ ਮੀਟਿੰਗ ਕੰਗ ਵਿਖੇ ਹੋਈ



**ਧਾਰੀਵਾਲ (ਮਨਦੀਪ ਵਿੱਕੀ)** ਐਸਸੀ ਬੀਸੀ ਏਕਤਾ ਮੰਚ ਪੰਜਾਬ ਦਾ ਲਗਾਤਾਰ ਪਿੰਡਾਂ ਦੇ ਵਿੱਚ ਮੀਟਿੰਗਾਂ ਦਾ ਸਿਲਸਿਲਾ ਜਾਰੀ ਰੱਖਦਿਆਂ ਹੋਇਆਂ ਪਿੰਡ ਕੰਗ ਵਿਖੇ ਇੱਕ ਭਰਵੀਂ ਮੀਟਿੰਗ ਜਥੇਬੰਦੀ ਦੀ ਮਹਿਲਾ ਆਗੂ ਰੇਨੂੰ ਕੰਗ ਦੀ ਅਗਵਾਈ ਵਿੱਚ ਹੋਈ।ਇਸ ਮੀਟਿੰਗ ਵਿੱਚ ਜਥੇਬੰਦੀ ਵੱਲੋਂ ਐਸਸੀ ਬੀਸੀ ਭਾਈਚਾਰੇ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਸਥਾਰ ਪੂਰਵ ਚਰਚਾ ਕੀਤੀ ਗਈ ਅਤੇ ਮਸੀਹ ਭਾਈਚਾਰਾ ਐਸਸੀ ਤੇ ਬੀਸੀ ਭਾਈਚਾਰਾ ਇੱਕ ਮੰਚ ਤੇ ਇਕੱਠਿਆਂ ਕਰਨ ਦਾ ਯਤਨ ਕੀਤਾ ਗਿਆ। ਵੱਖ ਵੱਖ ਬੁਲਾਰਿਆਂ ਨੇ ਬੋਲਦਿਆਂ ਦੱਸਿਆ ਕਿ ਬੇਸ਼ੱਕ ਦੇਸ਼ ਆਜ਼ਾਦ ਹੋਇਆਂ ਨੂੰ ਕਰੀਬ ਅੱਠ ਦਹਾਕੇ ਹੋ ਗਏ ਪਰ ਅੱਜ ਵੀ ਸਾਡੇ ਦੇਸ਼ ਵਿੱਚ ਲੋਕ ਦੱਬੇ ਕੁਚਲੇ ਹਨ ਜਿਨਾਂ ਨੂੰ ਇਨਸਾਫ ਨਹੀਂ ਮਿਲਦਾ। ਬਹੁ ਗਿਣਤੀ ਵੋਟਰ ਹੁੰਦਿਆਂ ਵੀ ਉਹਨਾਂ ਦੀ ਉੱਚ ਅਹੁਦਿਆਂ ਤੇ ਹਿੱਸੇਦਾਰੀ ਬਹੁਤ ਘੱਟ ਹੈ ਭਾਵੇਂ ਕਿ ਡਾਕਟਰ ਭੀਮ ਰਾਓ ਅੰਬੇਦਕਰ ਜੀ ਨੇ ਸਨਮਾਨਤਾ ਦਾ ਅਧਿਕਾਰ ਦਿੱਤਾ ਪਰ ਅੱਜ ਵੀ ਇਸ ਭਾਈਚਾਰੇ ਨਾਲ ਵਿਤਕਰੇ ਹੋ ਰਹੇ ਹਨ। ਇਸ ਮੀਟਿੰਗ ਵਿੱਚ ਐਸੀ ਬੀਸੀ ਏਕਤਾ ਮੰਚ ਪੰਜਾਬ ਦੇ ਪ੍ਰਧਾਨ ਇੰਜੀਨੀਅਰ ਜਤਿੰਦਰ ਪਾਲ ਸਿੰਘ ਜੇਪੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਲੋਕਾਂ ਦੇ ਨਾਲ ਹਰ ਸਮੇਂ ਖੜਨ ਦਾ ਵਾਅਦਾ ਕੀਤਾ। ਇਸ ਮੀਟਿੰਗ ਵਿੱਚ ਜਥੇਬੰਦੀ ਦੇ ਚੇਅਰਮੈਨ ਬਾਊ ਹੰਸਰਾਜ, ਸਰਪਰਸਤ ਜਸਪਾਲ ਸਿੰਘ ਕਲਿਆਣਪੁਰ, ਜਨਰਲ ਸਕੱਤਰ ਰਾਮਪਾਲ ਬੱਲ, ਵਿਜੇ ਕੰਗ, ਤੇਜਪਾਲ ਸਿੰਘ, ਰਿਟਾ. ਇੰਸਪੈਕਟਰ ਰਾਮ, ਡਾਕਟਰ ਮੈਨੂਅਲ, ਬਲਵਿੰਦਰ ਸਿੰਘ ਡਡਵਾਂ, ਨਗਰ ਕੌਂਸਲ ਦੇ ਵਾਈਸ ਪ੍ਰਧਾਨ ਇੰਦਰਿਆਸ ਹੰਸ, ਚੇਅਰਮੈਨ ਮਾਈਕਲ ਸਹੋਤਾ, ਬਹੁ ਗਿਣਤੀ ਦੇ ਵਿੱਚ ਐਸੀ ਬੀਸੀ ਭਾਈਚਾਰੇ ਨਾਲ ਸੰਬੰਧਿਤ ਮਹਿਲਾਵਾਂ ਅਤੇ ਮਰਦ ਹਾਜ਼ਰ ਸਨ।

# ਗੁੱਗਾ ਨੌਵੀਂ ਦਾ ਮੇਲਾ 5 ਨੂੰ

**ਆਦਮਪੁਰ (ਪਰਮਜੀਤ ਸਿੰਘ )**- ਬਾਬਾ ਗੁੱਗਾ ਜ਼ਾਹਰ ਪੀਰ ਜੀ ਦੇ ਆਸ਼ੀਰਵਾਦ ਨਾਲ ਦਰਬਾਰ ਬਾਬਾ ਇੱਛਾਧਾਰੀ ਜੀ ਪਿੰਡ ਧੋਗੜੀ, ਡੇਰਾ ਅੰਮ੍ਰਿਤਸਰੀਆਂ ਦਾ ਵਿਖੇ ਗੁੱਗਾ ਨੌਵੀ ਦਾ ਮੇਲਾ 5 ਸੰਤਬਰ ਦਿਨ ਸ਼ਨੀਵਾਰ ਨੂੰ ਮੁੱਖ ਸੇਵਾਦਾਰ ਬਾਬਾ ਦਿਲਬਾਗ ਸ਼ਾਹ ਜੀ ਦੀ ਵਿਸ਼ੇਸ਼ ਅਗਵਾਈ ਵਿੱਚ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਨੂੰ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਬਾਬਾ ਦਿਲਬਾਗ ਸ਼ਾਹ ਜੀ ਨੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੇ ਸੰਬੰਧ ਵਿੱਚ ਦਰਬਾਰ ਵਿਖੇ 5 ਸਤੰਬਰ ਨੂੰ ਸਵੇਰੇ 11 ਵਜੇ ਝੰਡੇ ਦੀ ਰਸਮ ਹੋਵੇਗੀ, 12 ਤੋਂ 12.30 ਵਜੇ ਤੱਕ ਦਰਬਾਰ ਤੇ ਪੁੱਜੇ ਕਵਾਲ ਕਵਾਲੀਆਂ ਦਾ ਪ੍ਰੋਗਰਾਮ ਪੇਸ਼ ਕਰਨਗੇ। ਉਪਰੰਤ ਪੰਮੀ ਐਂਡ ਪਾਰਟੀ ਵੱਲੋਂ ਨਕਲਾਂ ਦਾ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਇਸ ਮੌਕੇ ਤੇ ਗਾਇਕ ਪੱਪੂ ਬਾਦਸ਼ਾਹ ਤੇ ਹੋਰ ਪੁੱਜੇ ਕਲਾਕਾਰ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ। ਸਮਾਗਮ ਮੌਕੇ ਤੇ ਪੰਮੀ ਮਹੰਤ ਚੱਬੇਵਾਲ ਹੁਸ਼ਿਆਰਪੁਰ, ਮਹੰਤ ਦੀਪਕਾ ਅਲਾਵਲਪੁਰ ਵਾਲੇ ਵੀ ਉਚੇਚੇ ਤੌਰ ਤੇ ਸ਼ਿਰਕਤ ਕਰਨਗੇ। ਸਮਾਗਮ ਦੌਰਾਨ ਬਾਬਾ ਜੀ ਦਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਜਾਵੇਗਾ।

# ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਕਰਵਾਈ ਮੈਰਾਥਨ

**ਗੁਰਦਾਸਪੁਰ (ਜਨਕ ਮਹਾਜਨ, ਦਿਨੇਸ਼ ਕੁਮਾਰ)**- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਖੇਡ ਅਤੇ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਗੁਰਦਾਸਪੁਰ ਵਿਖੇ ਵਿਸ਼ਾਲ 'ਰਨ ਫਾਰ ਇਕੁਐਲਿਟੀ' ਮੈਰਾਥਨ ਕਰਵਾਈ ਗਈ। ਇਸ ਮੌਕੇ ਹਲਕਾ ਇੰਚਾਰਜ ਰਮਨ ਬਹਿਲ, ਐੱਸ ਡੀ ਐੱਮ ਗੁਰਦਾਸਪੁਰ ਅਸ਼ੋਕ ਕੁਮਾਰ, ਜ਼ਿਲ੍ਹਾ ਖੇਡ ਅਫਸਰ (ਸ) ਰਾਜੇਸ਼ ਕੁਮਾਰ ਸ਼ਰਮਾ,ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ, ਇਕਬਾਲ ਸਿੰਘ ਸਮਰਾ, ਟਰੱਸਟੀ ਰਘਬੀਰ ਸਿੰਘ ਖਾਲਸਾ, ਹਿਤੇਸ਼ ਮਹਾਜਨ, ਸੰਦੀਪ ਕੁਮਾਰ, ਅਮਰਜੀਤ ਸਿੰਘ ਪੂਰੇਵਾਲ, ਸ੍ਰੀਮਤੀ ਅਨੀਤਾ ਸਪੋਰਟਸ ਕੁਆਰਡੀਨੇਟਰ, ਅਨੂੰ ਅਰੋੜਾ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਸ੍ਰੀ ਗੁਰੂ ਰਵਿਦਾਸ ਜੀ ਚੌਂਕ ਤੋਂ ਸ਼ੁਰੂ ਹੋ ਕੇ ਇਹ ਮੈਰਾਥਨ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਹੁੰਦੀ ਹੋਈ ਵਾਪਸ ਸ੍ਰੀ ਗੁਰੂ ਰਵਿਦਾਸ ਜੀ ਚੌਂਕ ਵਿਖੇ ਆ ਕੇ ਸਮਾਪਤ ਹੋਈ। ਪੰਜ ਕਿਲੋਮੀਟਰ ਦੀ ਇਸ ਦੌੜ ਵਿੱਚ ਕਰੀਬ 700 ਵਿਦਿਆਰਥੀਆਂ, ਖਿਡਾਰੀਆਂ ਅਤੇ ਨੌਜਵਾਨਾਂ ਨੇ ਹਿੱਸਾ ਲੈ ਕੇ ਸਮਾਨਤਾ, ਆਪਸੀ ਭਾਈਚਾਰੇ ਅਤੇ ਸ਼ਾਂਤੀ ਦਾ ਸੰਦੇਸ਼ ਦਿੱਤਾ। ਇਸ ਮੌਕੇ ਖਿਡਾਰੀਆਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਮਨ ਬਹਿਲ ਨੇ ਕਿਹਾ ਕਿ ਇਸ ਮੈਰਾਥਨ ਦਾ ਮਕਸਦ ਖੇਡਾਂ ਰਾਹੀਂ ਨਵੀਂ ਪੀੜ੍ਹੀ ਤੱਕ ਸ੍ਰੀ ਗੁਰੂ ਰਵਿਦਾਸ ਜੀ ਦਾ ਸਮਾਨਤਾ ਦਾ ਸੰਦੇਸ਼ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਹਿੱਸਾ ਲੈਣ ਨਾਲ ਨੌਜਵਾਨਾਂ ਦੀ ਊਰਜਾ ਚੰਗੇ ਪਾਸੇ ਲੱਗਦੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੂਰੇ ਸੂਬੇ ਵਿੱਚ ਵੱਖ-ਵੱਖ ਪ੍ਰੋਗਰਾਮ ਕਰਵਾ ਰਹੀ ਹੈ ਤਾਂ ਜੋ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਇਆ ਜਾ ਸਕੇ। ਉਨ੍ਹਾਂ ਨੇ ਮੈਰਾਥਨ ਦੌਰਾਨ ਵਿਦਿਆਰਥੀਆਂ ਅਤੇ ਨੌਜਵਾਨਾਂ ਵੱਲੋਂ ਮੀਂਹ ਦੌਰਾਨ ਵੀ ਦਿਖਾਏ ਉਤਸ਼ਾਹ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਦੌੜ ਨੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਪ੍ਰੇਰਿਤ ਸਮਾਨਤਾ ਦਾ ਸੁਨੇਹਾ ਨੌਜਵਾਨਾਂ ਤੱਕ ਬਹੁਤ ਵਧੀਆ ਢੰਗ ਨਾਲ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨਾ ਸਿਰਫ਼ ਸਿਹਤਮੰਦ ਜੀਵਨ ਲਈ ਪ੍ਰੇਰਿਤ ਕਰਦੇ ਹਨ, ਸਗੋਂ ਆਪਸੀ ਏਕਤਾ ਵੀ ਵਧਾਉਂਦੇ ਹਨ। ਇਸ ਦੌਰਾਨ ਮੈਰਾਥਨ ਦੇ ਸਾਰੇ ਭਾਗੀਦਾਰਾਂ ਨੂੰ ਵਿਸ਼ੇਸ਼ ਟੀ-ਸ਼ਰਟਾਂ ਅਤੇ ਮੈਡਲ ਪ੍ਰਦਾਨ ਕੀਤੇ ਗਏ ਅਤੇ ਰਿਫਰੈਸ਼ਮੈਂਟ ਵੀ ਦਿੱਤੀ ਗਈ।



# ਰੋਟਰੀ ਕਲੱਬ ਨਾਰਥ ਨੇ ਵਿਦਿਆਰਥੀਆਂ ਨੂੰ ਬੈਗ ਤੇ ਪੁਸਤਕਾਂ ਵੰਡੀਆਂ

**ਅੰਮ੍ਰਿਤਸਰ (ਅਰੋੜਾ)** - ਰੋਟਰੀ ਕਲੱਬ ਅੰਮ੍ਰਿਤਸਰ ਨਾਰਥ ਵੱਲੋਂ ਕਲੱਬ ਦੇ ਪ੍ਰਧਾਨ ਪਰਮੀਤ ਸਿੰਘ ਖੇੜਾ ਅਤੇ ਸਕੱਤਰ ਸ਼੍ਰੀਮਤੀ ਮਨਿੰਦਰ ਕੌਰ ਅਰੋੜਾ ਦੀ ਪ੍ਰਧਾਨਗੀ ਹੇਠ ਇੱਕ ਸ਼ਲਾਘਾਯੋਗ ਪ੍ਰਾਜੈਕਟ ਨੂੰ ਅੰਜਾਮ ਦਿੰਦਿਆਂ ਲੋੜਵੰਦ ਪਰਿਵਾਰਾਂ ਦੇ ਵਿਦਿਆਰਥੀਆਂ ਦੀ ਸਹਾਇਤਾ ਲਈ ਚਲਾਏ ਜਾ ਰਹੇ ਐਜੂਕੇਸ਼ਨ ਸੈਂਟਰ ਵਿੱਚ ਸਿੱਖਿਆ ਪ੍ਰਾਪਤ ਕਰ ਰਹੀਆਂ ਵਿਦਿਆਰਥਣਾਂ ਦੀ ਮਦਦ ਲਈ ਉਹਨਾਂ ਨੂੰ ਖਾਣ-ਪੀਣ ਦੀ ਸਮੱਗਰੀ, ਪੁਸਤਕਾਂ ਅਤੇ ਬੈਗ ਭੇਂਟ ਕੀਤੇ ਗਏ।ਸੁਸਾਇਟੀ ਦੇ ਪੈਟਰਨ ਰਸਜੀਤ ਸਿੰਘ ਖੇੜਾ ਜੀ ਨੇ ਦੱਸਿਆ ਕਿ ਏ.ਆਈ.ਸੀ.ਈ. ਸੁਸਾਇਟੀ ਲੋੜਵੰਦ ਪਰਿਵਾਰਾਂ ਦੇ ਚਾਹਵਾਨ ਵਿਦਿਆਰਥੀਆਂ ਦੀ ਸਹਾਇਤਾ ਲਈ ਹਮੇਸ਼ਾ ਤਿਆਰ ਰਹਿੰਦੀ ਹੈ। ਸਮੇਂ-ਸਮੇਂ 'ਤੇ ਵਿਦਿਆਰਥੀਆਂ ਨੂੰ ਖਾਣ-ਪੀਣ ਦੀ ਸਮੱਗਰੀ ਅਤੇ ਪੁਸਤਕਾਂ ਭੇਂਟ ਕੀਤੀਆਂ ਜਾਂਦੀਆਂ ਹਨ। ਇਸੇ ਲੜੀ ਦੇ ਤਹਿਤ ਰੋਟਰੀ ਕਲੱਬ ਨਾਰਥ ਵੱਲੋਂ ਏ.ਆਈ.ਸੀ.ਈ. ਸੁਸਾਇਟੀ ਵਿੱਚ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਦੀ ਸਹਾਇਤਾ ਲਈ ਇਸ ਪ੍ਰਾਜੈਕਟ ਨੂੰ ਅੰਜਾਮ ਦਿੱਤਾ ਗਿਆ ਹੈ।ਇਸ ਪ੍ਰਾਜੈਕਟ ਵਿੱਚ 100 ਤੋਂ ਵੱਧ ਵਿਦਿਆਰਥੀਆਂ ਨੂੰ ਬੈਗ ਅਤੇ ਪੁਸਤਕਾਂ ਭੇਂਟ ਕੀਤੀਆਂ ਗਈਆਂ ਹਨ।ਭਵਿੱਖ ਵਿੱਚ ਵੀ ਇਹ ਕਾਰਜ ਨਿਰੰਤਰ ਜਾਰੀ ਰਹੇਗਾ।ਸਮਾਗਮ ਵਿੱਚ ਰੋਟਰੀ ਦੇ ਸਹਾਇਕ ਗਵਰਨਰ ਕੇ.ਐਸ. ਚੱਠਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਉਹਨਾਂ ਨੇ ਵਿਦਿਆਰਥਣਾਂ ਨੂੰ ਸਿੱਖਿਆ ਵੱਲ ਵਿਸ਼ੇਸ਼ ਧਿਆਨ ਦੇਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਰੋਟਰੀ ਦੇ ਜ਼ਿਲ੍ਹਾ ਸਕੱਤਰ ਵਿਜੇ ਭਸੀਨ, ਪੂਰਵ ਸਹਾਇਕ ਗਵਰਨਰ ਸੰਜੇ ਮਲਿਕ, ਏ.ਆਈ.ਸੀ.ਈ. ਸੁਸਾਇਟੀ ਦੇ ਸਕੱਤਰ ਤੇ ਰੋਟਰੀ ਦੇ ਐਮ.ਓ.ਸੀ. ਆਰ.ਐਸ. ਚੱਠਾ, ਸੁਸਾਇਟੀ ਦੇ ਸੀਨੀਅਰ ਮੈਂਬਰ ਡਾ. ਅਮਰਜੀਤ ਸਿੰਘ ਸਚਦੇਵਾ, ਅੰਦੇਸ਼ ਭੱਲਾ, ਰਮੇਸ਼ ਮਹਾਜਨ, ਸੈਂਟਰ ਦੀ ਮੁੱਖ ਅਧਿਆਪਕਾ ਕਮਲਦੀਪ ਕੌਰ, ਮੈਡਮ ਪੁਨੀਤ, ਮੈਡਮ ਪ੍ਰੀਤੀ, ਸਿਮਰਨ, ਮਨਪ੍ਰੀਤ ਕੌਰ, ਨੇਹਾ ਸਮੇਤ ਰੋਟਰੀ ਕਲੱਬ ਨਾਰਥ ਦੇ ਕਈ ਮੈਂਬਰ ਮੌਜੂਦ ਸਨ।




# ਓਪਨ ਤੇ ਸਪੈਸ਼ਲ ਮਰਸੀ ਚਾਂਸ ਦੀਆਂ ਪ੍ਰੀਖਿਆਵਾਂ ਸਫ਼ਲਤਾਪੂਰਵਕ ਕਰਵਾਈਆਂ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਨਿਰਧਾਰਿਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਓਪਨ ਸਕੂਲ ਅਤੇ ਸਪੈਸ਼ਲ ਮਰਸੀ ਚਾਂਸ 10ਵੀਂ ਅਤੇ 12ਵੀਂ ਦੇ ਵਿਦਿਆਰਥੀਆਂ ਦੀਆਂ ਪ੍ਰੀਖਿਆ ਸੁਚੱਜੇ ਅਤੇ ਅਨੁਸ਼ਾਸਨਬੱਧ ਢੰਗ ਨਾਲ ਸ਼ੁਰੂ ਕਰਵਾਈਆਂ ਗਈਆਂ। ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਸਿੱਖਿਆ ਵਿਭਾਗ ਅਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਦਿਆਂ ਪ੍ਰੀਖਿਆ ਨੂੰ ਪੂਰੀ ਪਾਰਦਰਸ਼ਤਾ ਨਾਲ ਕਰਵਾਇਆ ਗਿਆ। ਜ਼ਿਲ੍ਹਾ ਸਿੱਖਿਆ ਅਫਸਰ (ਸ) ਰਾਜੇਸ਼ ਕੁਮਾਰ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਵਲੋਂ ਪ੍ਰੀਖਿਆ ਕੇਂਦਰਾਂ ਦਾ ਜਾਇਜ਼ਾ ਲੈਂਦਿਆਂ ਪ੍ਰਬੰਧਾਂ 'ਤੇ ਪੂਰੀ ਤਸੱਲੀ ਪ੍ਰਗਟਾਈ। ਕੰਟਰੋਲਰ ਦੇ ਰੂਪ ਵਿੱਚ ਡਿਪਟੀ ਡੀ ਈ ਓ ਡਾ. ਅਨਿਲ ਸ਼ਰਮਾ ਅਤੇ ਜਤਿੰਦਰ ਕੁਮਾਰ ਬਤੌਰ ਸੁਪਰਡੈਂਟ ਅਤੇ ਹੈੱਡ ਮਿਸਟਰਸ ਕਿਰਨ ਬਾਲਾ ਬਤੌਰ ਡਿਪਟੀ ਸੁਪਰਡੈਂਟ ਜਿੰਮੇਵਾਰੀ ਨਿਭਾਈ ਗਈ। ਲੈਕਚਰਾਰ ਸਾਹਿਬਾਨ ਦੀ ਡਿਊਟੀ: ਪ੍ਰੀਖਿਆ ਨੂੰ ਨਿਯਮਾਂ ਅਨੁਸਾਰ ਚਲਾਉਣ ਲਈ ਵੱਖ-ਵੱਖ ਸਕੂਲਾਂ ਦੇ ਯੋਗ ਲੈਕਚਰਾਰ ਸਾਹਿਬਾਨ ਨੂੰ ਪ੍ਰੀਖਿਆ ਕੰਟਰੋਲਰ ਅਤੇ ਨਿਗਰਾਨ (ਇਨਵਿਜੀਲੇਟਰ) ਵਜੋਂ ਤੈਨਾਤ ਕੀਤਾ ਗਿਆ ਸੀ। ਸੀ.ਸੀ.ਟੀ.ਵੀ. ਕੈਮਰਿਆਂ ਰਾਹੀਂ ਨਿਗਰਾਨੀ: ਨਕਲ-ਰਹਿਤ ਅਤੇ ਪਾਰਦਰਸ਼ੀ ਪ੍ਰੀਖਿਆ ਯਕੀਨੀ ਬਣਾਉਣ ਲਈ ਉੱਚ ਅਧਿਕਾਰੀਆਂ ਵੱਲੋਂ ਸੀ.ਸੀ.ਟੀ.ਵੀ. ਕੈਮਰਿਆਂ ਰਾਹੀਂ ਕੇਂਦਰਾਂ ਦੀ ਸਿੱਧੀ ਅਤੇ ਤਿੱਖੀ ਨਿਗਰਾਨੀ ਕੀਤੀ ਗਈ।ਪ੍ਰੀਖਿਆ ਅਮਲੇ ਦੇ ਸੁਚੱਜੇ ਸਹਿਯੋਗ ਨਾਲ ਇਹ ਪ੍ਰੀਖਿਆ ਸ਼ਾਂਤਮਈ ਅਤੇ ਅਨੁਸ਼ਾਸਨਬੱਧ ਮਾਹੌਲ ਵਿੱਚ ਲਈ ਗਈ, ਜਿਸ ਲਈ ਸਮੂਹ ਸਟਾਫ਼ ਦਾ ਧੰਨਵਾਦ ਕੀਤਾ ਗਿਆ।



# ਚੜ੍ਹਦੀ ਕਲਾ ਗੱਤਕਾ ਅਖਾੜਾ ਮਾਨ ਨਗਰ ਵੱਲੋਂ 'ਨਾਗਰਿਕ ਸੁਰੱਖਿਆ ਕੈਂਪ'




**ਬਟਾਲਾ ( ਡਾਕਟਰ ਮਲਵਿੰਦਰ ਸਿੰਘ )** ਅਗਾਮੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ-ਪੁਰਬ ਮੌਕੇ ਚੜ੍ਹਦੀ ਕਲਾ ਗੱਤਕਾ ਅਖਾੜਾ ਮਾਨ ਨਗਰ ਵਲੋਂ ਨਾਗਰਿਕ ਸੁਰੱਖਿਆ ਕੈਂਪ ਸਥਾਨਕ ਅਹਿਮਦਾਬਾਦ ਤੇ ਬਾਉਲੀ ਇੰਦਰਜੀਤ ਵਿਖੇ ਲਗਾਏ ਗਏ।ਇਸ ਮੌਕੇ ਪੋਸਟ ਵਾਰਡਨ ਹਰਬਖਸ਼ ਸਿੰਘ, ਪ੍ਰਧਾਨ ਹਰਪ੍ਰੀਤ ਸਿੰਘ ਜੌੜਾ ਸਿੰਘਾ, ਭਗਤ ਸਿੰਘ ਸ਼ੇਰੂ, ਪ੍ਰਭਜੋਤ ਸਿੰਘ ਖਾਲਸਾ, ਲਵਪ੍ਰੀਤ ਸਿੰਘ ਢਿੱਲੋਂ, ਗੁਰਸੇਵਕ ਸਿੰਘ, ਗੁਰਪ੍ਰੀਤ ਸਿੰਘ ਧੌਲਪੁਰ, ਮਨਪ੍ਰੀਤ ਸਿੰਘ, ਜਸਬੀਰ ਸਿੰਘ ਉਮਰਪੁਰਾ, ਰਵਦੀਪ ਸਿੰਘ ਬਾਜਵਾ, ਨਵਦੀਪ ਸਿੰਘ ਕਾਹਲੋਂ, ਹਰਮਨਪ੍ਰੀਤ ਸਿੰਘ ਖਤੀਬ, ਗੁਰਨੂਰ ਸਿੰਘ, ਮਹਿਕਦੀਪ ਸਿੰਘ ਤੇ ਬੱਚੇ ਹਾਜ਼ਰ ਸਨ।ਇਸ ਮੌਕੇ ਪੋਸਟ ਵਾਰਡਨ ਹਰਬਖਸ਼ ਸਿੰਘ ਵਲੋਂ ਗੱਤਕੇ ਦੇ ਪ੍ਰਦਰਸ਼ਨ ਸਮੇਂ ਜੇਕਰ ਕੋਈ ਅਨਸੁਖਾਂਵੀਂ ਘਟਨਾ ਵਾਪਰ ਜਾਣ 'ਤੇ ਮੁੱਢਲੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ ਕਿ ਕੱਟ ਲੱਗ ਜਾਣ, ਸੋਟੀ ਦੀ ਗੁੱਝੀ ਸੱਟ ਜਾਂ ਹੰਗਾਮੀ ਹਾਲਤਾਂ ਤੇ ਜੇਕਰ ਪੈਰ ਨੂੰ ਮੋਚ ਆ ਜਾਵੇ ਤਾ ਗਰਮ ਪੱਟੀ ਕਰਕੇ ਕੇ ਡਾਕਟਰੀ ਸਹਾਇਤਾ ਲਈ ਜਾਵੇ।ਹਮੇਸ਼ਾਂ ਪ੍ਰਦਰਸ਼ਨ ਕਰਦੇ ਸਮੇਂ ਮੁਢੱਲੀ ਸਹਾਇਤਾ ਬਾਕਸ ਨਾਲ ਰੱਖੋ। ਅਗੇ ਕਿਹਾ ਕਿ ਗੱਤਕੇ ਦੇ ਜ਼ੌਹਰ ਦਿਖਾਉਦੇ ਸਮੇਂ ਕਦੀ ਵੀ ਮਨ ਵਿਚ ਵੈਰ ਨਹੀਂ ਰੱਖਣਾ ਚਾਹੀਦਾ ਹੈ ਕਿਸੇ ਤਰ੍ਹਾਂ ਦੇ ਸਟੰਟ ਨਾ ਕੀਤੇ ਜਾਣ ਇਹਨਾਂ ਤੋਂ ਬਚਿਆ ਜਾਵੇ, ਨਾਲ ਹੋਰ ਨਾਗਰਿਕ ਸੁਰੱਖਿਆ ਸਬੰਧੀ ਸਾਂਝ ਪਾਈ ਤੇ ਰਾਸ਼ਟਰੀ ਸਹਾਇਤਾ ਨੰਬਰ 112 ਬਾਰੇ ਦੱਸਿਆ।

# ਟੌਂਗ ਵੱਲੋਂ ਨਗਰ ਪੰਚਾਇਤ ਵਿਖੇ ਸਫਾਈ ਮੁਹਿੰਮ ਦੀ ਅਗਵਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਲਈ ਚਲਾਏ ਜਾ ਰਹੇ ਵਿਸ਼ੇਸ਼ ਸਫਾਈ ਅਭਿਆਨ ਤਹਿਤ ਅੱਜ ਨਗਰ ਪੰਚਾਇਤ ਰਈਆ ਦੀਆਂ ਵਾਰਡ ਨੰਬਰ 8 ਅਤੇ 9 ਵਿੱਚ ਕੂੜਾ ਚੁੱਕਣ ਦੀ ਵਿਸ਼ੇਸ਼ ਮੁਹਿੰਮ ਦੀ ਅਗਵਾਈ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਵੱਲੋਂ ਕੀਤੀ ਗਈ। ਇਸ ਮੌਕੇ ਵਿਧਾਇਕ ਟੌਂਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਸਫਾਈ ਅਭਿਆਨ ਨੂੰ ਲੋਕਾਂ ਵੱਲੋਂ ਭਰਪੂਰ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਨ ਸਿਹਤਮੰਦ ਜੀਵਨ ਲਈ ਬਹੁਤ ਜ਼ਰੂਰੀ ਹੈ ਅਤੇ ਸਾਨੂੰ ਆਪਣੇ ਘਰਾਂ ਦੇ ਨਾਲ-ਨਾਲ ਆਲੇ-ਦੁਆਲੇ ਦੇ ਖੇਤਰਾਂ ਦੀ ਸਫਾਈ ਵੱਲ ਵੀ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਨਿਰਧਾਰਤ ਸਥਾਨਾਂ 'ਤੇ ਹੀ ਸੁੱਟਣ ਅਤੇ ਸਫਾਈ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ। ਨਗਰ ਪੰਚਾਇਤ ਰਈਆ ਦੇ ਪ੍ਰਧਾਨ ਸੰਜੀਵ ਭੰਡਾਰੀ ਨੇ ਕਿਹਾ ਕਿ ਨਗਰ ਪੰਚਾਇਤ ਵੱਲੋਂ 'ਕਲੀਨ ਸਿਟੀ, ਗ੍ਰੀਨ ਸਿਟੀ' ਦੇ ਸੰਕਲਪ ਤਹਿਤ ਰਈਆ ਨੂੰ ਇੱਕ ਸਾਫ਼-ਸੁਥਰਾ ਅਤੇ ਮਿਸਾਲੀ ਸ਼ਹਿਰ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਕੌਂਸਲਰ ਡਾ. ਰਾਜਿੰਦਰ ਰਿਖੀ, ਸੂਬੇਦਾਰ ਸਰਬਜੀਤ ਸਿੰਘ (ਮੀਤ ਪ੍ਰਧਾਨ), ਸਰਬਜੀਤ ਸਿੰਘ ਮਾਨ, ਸੁਰਿੰਦਰ ਕੁਮਾਰ, ਜਗਤਾਰ ਸਿੰਘ ਬਿੱਲਾ, ਸੁਖਦੇਵ ਸਿੰਘ ਪੱਡਾ, ਗਗਨ ਸ਼ਰਮਾ (ਸਾਰੇ ਕੌਂਸਲਰ), ਬਚਿੱਤਰ ਸਿੰਘ (ਜਨਰਲ ਇੰਸਪੈਕਟਰ), ਧਰੁਵ ਰਿਖੀ, ਅਸ਼ਵਨੀ ਕੁਮਾਰ (ਪ੍ਰਧਾਨ), ਮਿੰਟੂ ਸਮੇਤ ਹੋਰ ਪਤਵੰਤੇ ਅਤੇ ਨਗਰ ਪੰਚਾਇਤ ਦੇ ਕਰਮਚਾਰੀ ਮੌਜੂਦ ਸਨ।



# 'ਆਪ' ਅਤੀਤ ਦੇ ਵਰਕੇ ਫਰੋਲੇ : ਰਾਜੇਸ਼ ਮਹਿਤਾ

**ਛੇਹਰਟਾ, (ਮਨੋਜ ਕੁਮਾਰ)** - ਭਾਜਪਾ ਦੇ ਕੌਮੀ ਹੈੱਡਕੁਆਰਟਰ ਇੰਚਾਰਜ ਤੇ ਗੁਜਰਾਤ ਭਾਜਪਾ ਇੰਚਾਰਜ ਰਾਜ ਸਭਾ ਮੈਂਬਰ ਤਰੁਣ ਚੁੱਘ ਦੇ ਦਫ਼ਤਰ ਸਕੱਤਰ ਰਾਜੇਸ਼ ਮਹਿਤਾ ਨੇ ਆਮ ਆਦਮੀ ਪਾਰਟੀ ਵੱਲੋਂ ਮੰਗਲਵਾਰ ਨੂੰ ਚੁੱਘ ਦੀ ਰਿਹਾਇਸ਼ ਦੇ ਬਾਹਰ ਪ੍ਰਦਰਸ਼ਨ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਆਗੂਆਂ ਦੇ ਘਰਾਂ ਦੇ ਬਾਹਰ ਪ੍ਰਦਰਸ਼ਨ ਕਰਨ ਵਾਲੀ ਆਮ ਆਦਮੀ ਪਾਰਟੀ ਨੂੰ ਪਹਿਲਾਂ ਆਪਣੀ ਪੀੜ੍ਹੀ ਹੇਠ ਸੋਟਾ ਫੇਰ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਉਪਦੇਸ਼ ਦੇਣ ਦੀ ਬਜਾਇ 'ਆਪ' ਅਤੀਤ ਦੇ ਵਰਕੇ ਫਰੋਲੇ। ਉਨ੍ਹਾਂ ਕਿਹਾ ਕਿ 'ਆਪ' ਨੇ 2013 ਵਿਚ ਕਾਂਗਰਸ ਦੇ ਸਮਰਥਨ ਨਾਲ ਦਿੱਲੀ ਵਿਚ ਸਰਕਾਰ ਬਣਾਈ ਤੇ 2024 ਵਿਚ ਕਾਂਗਰਸ ਨਾਲ ਮਿਲ ਕੇ ਲੋਕ ਸਭਾ ਚੋਣਾਂ ਲੜੀਆਂ। ਉਨ੍ਹਾਂ ਕਿਹਾ ਕਿ ਸੱਤਾ ਲਈ 'ਆਪ' ਹਮੇਸ਼ਾ ਕਾਂਗਰਸ ਪਾਰਟੀ ਨਾਲ ਜੱਫੀਆਂ ਪਾਉਣ ਲਈ ਤਿਆਰ ਰਹਿੰਦੀ ਹੈ। ਕਾਂਗਰਸ ਨਾਲ ਗਠਜੋੜ ਦੀ ਸੰਭਾਵਨਾ ਲਈ 'ਆਪ' ਦੇ ਆਗੂ ਕਾਂਗਰਸੀ ਆਗੂਆਂ ਨਾਲ ਮੰਚ ਸਾਂਝਾ ਕਰਨ ਤੋਂ ਵੀ ਪਰਹੇਜ਼ ਨਹੀਂ ਕਰਦੇ। ਰਾਜੇਸ਼ ਮਹਿਤਾ ਨੇ ਕਿਹਾ ਕਿ ਦਿੱਲੀ ਵਿਚ 'ਆਪ' ਦੀ 10 ਸਾਲ ਸਰਕਾਰ ਰਹੀ, ਉਸ ਸਮੇਂ ਅਰਵਿੰਦ ਕੇਜਰੀਵਾਲ ਨੇ ਦਿੱਲੀ ਦੰਗੇ ਦੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਕੋਈ ਕਾਰਵਾਈ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ 'ਆਪ' ਦੇ ਝਾਂਸੇ ਵਿਚ ਆਉਣ ਵਾਲੇ ਨਹੀਂ ਤੇ ਵਿਧਾਨ ਸਭਾ ਚੋਣਾਂ ਵਿਚ ਇਸ ਪਾਰਟੀ ਨੂੰ ਸਬਕ ਸਿਖਾਉਣ ਲਈ ਤਿਆਰ ਬੈਠੇ ਹਨ।



# ਗਾਇਕ ਕੁਲਵਿੰਦਰ ਸ਼ਾਹੀ ਦੀ ਬੇਟੀ ਯਸ਼ਪ੍ਰੀਤ ਦੀ ਮੌਤ 'ਤੇ ਕਲਾਕਾਰਾਂ ਵੱਲੋਂ ਦੁੱਖ ਪ੍ਰਗਟ

**ਚੇਤਨਪੁਰਾ, (ਸੁਖਵੰਤ ਚੇਤਨਪੁਰੀ)** ਰਾਜ ਗਾਇਕ ਹੰਸ ਰਾਜ ਹੰਸ ਦੇ ਸ਼ਾਗਿਰਦ, ਉੱਘੇ ਲੋਕ ਗਾਇਕ ਕੁਲਵਿੰਦਰ ਸ਼ਾਹੀ ਦੀ ਬੇਟੀ ਯਸ਼ਪ੍ਰੀਤ ਦੀ ਬੀਤੇ ਦਿਨੀਂ ਹੋਈ ਮੌਤ 'ਤੇ ਲੋਕ ਗਾਇਕ ਯੂਨੀਅਨ ਅੰਮ੍ਰਿਤਸਰ ਅਤੇ ਪੰਜਾਬ ਦੇ ਹੋਰ ਕਲਾਕਾਰਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਯਸਪ੍ਰੀਤ ਨਮਿਤ ਕਰਵਾਏ ਗਏ ਸੋਗਮਈ ਕੀਰਤਨ ਉਪਰੰਤ ਸ਼ਰਧਾਂਜਲੀ ਸਮਾਗਮ ਵਿੱਚ ਪਹੁੰਚੀਆਂ ਵੱਖ-ਵੱਖ ਸ਼ਖ਼ਸ਼ੀਅਤਾਂ ਵੱਲੋਂ ਵਿੱਛੜੀ ਰੂਹ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਸਮੇਂ ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਲੋਕ ਗਾਇਕ ਯੂਨੀਅਨ ਮਾਝਾ ਜ਼ੋਨ ਦੇ ਪ੍ਰਧਾਨ ਲੋਕ ਗਾਇਕ ਹਰਪਾਲ ਠੱਠੇ ਵਾਲਾ, ਰਸ਼ਪਾਲ ਰਸੀਲਾ, ਜਗਰੂਪ ਕੰਗ, ਸੁਰਜੀਤ ਸ਼ੇਰਗਿੱਲ, ਚਾਚਾ ਬਿਸ਼ਨਾ, ਗੱਬਰ, ਕਾਸ਼ੀ ਰਾਮ ਚੰਨ, ਦਿਲਬਾਗ ਹੁੰਦਲ, ਹੈਪੀ ਰਣਦੇਵ, ਪ੍ਰੀਤ ਪੰਜਾਬੀ, ਗੁਰਮੀਤ ਪੰਜਾਬੀ, ਸੱਤਾ ਕੋਟਲੀ ਵਾਲਾ, ਮਨੀ ਕੇ, ਮਿਨੀ ਚਮਕੀਲਾ, ਸਤਵੰਤ ਸਾਜਨ, ਸੁੱਖਾ ਕੱਲੋ ਮਾਹਲ, ਕੌਂਸਲਰ ਨਰਿੰਦਰ ਤੁੰਗ, ਹਰਭਜਨ ਸਿੰਘ ਰਠੌਰ, ਮਨਜੀਤ ਫਾਸਟਵੇਅ, ਰੰਗਕਰਮੀ ਸਤਨਾਮ ਮੂਧਲ, ਸੁਖਵੰਤ ਚੇਤਨਪੁਰੀ, ਅਦਾਕਾਰ ਗੁਰਿੰਦਰ ਸਿੰਘ, ਸੰਦੀਪ ਬੱਲ, ਮਨਜੀਤ ਸ਼ੌਂਕੀ, ਜਗਰੂਪ ਕੰਗ, ਲੋਕ ਗਾਇਕਾ ਸੁਮਨ ਭੱਟੀ, ਬਬਲੀ ਬਰਾੜ, ਕਿਰਨ ਬੇਦੀ, ਸੋਨੀਆ ਸੰਧੂ, ਐਕਟਰ ਰਾਜਬੀਰ ਕੌਰ, ਜਸਬੀਰ ਸੋਹਣੀ, ਅਮਰ ਨਿਮਾਣਾ, ਰਿੰਕੂ 56 ਵਾਲਾ, ਸ਼ੇਰਾ ਬੋੜਵਾਲੀਆ, ਬਲਵਿੰਦਰ ਜਹਾਂਗੀਰ, ਸ਼ਮੀ ਖਾਨ, ਬਲਵਿੰਦਰ ਸ਼ੇਖੋਂ, ਰੇਸ਼ਮ ਛੀਨਾ, ਕਸ਼ਮੀਰ ਬੱਲ, ਹੀਰਾ ਬੱਗਿਆਂ ਵਾਲਾ, ਨਿੱਕੂ ਸਰਪੰਚ ਅਤੇ ਗੁਰਦੀਪ ਸਿੰਘ ਗੋਲਡੀ ਵੱਲੋਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ ਅਤੇ ਦੁਖੀ ਪਰਵਾਰ ਨਾਲ ਹਮਦਰਦੀ ਜ਼ਾਹਰ ਕੀਤੀ ਗਈ। ਲੋਕ ਗਾਇਕ ਹੈਪੀ ਰਣਦੇਵ ਵੱਲੋਂ ਸ੍ਰੀ ਹੰਸ ਰਾਜ ਹੰਸ ਵੱਲੋਂ ਭੇਜਿਆ ਸੋਕ ਸੰਦੇਸ਼ ਪੜ੍ਹਿਆ ਗਿਆ। ਸ੍ਰੀ ਹੰਸ ਰਾਜ ਹੰਸ ਤੋਂ ਇਲਾਵਾ ਜਸਬੀਰ ਨਿਮਾਣਾ ਜੱਟ ਕੈਨੇਡਾ, ਜਲੰਧਰ ਦੂਰਦਰਸ਼ਨ ਤੋਂ ਚਲਦੇ ਛਣਕਾਰ ਪ੍ਰੋਗਰਾਮ ਦੇ ਪ੍ਰੋਡਿਊਸਰ ਬਿੱਟੂ ਅਰੋੜਾ, ਲੋਕ ਗਾਇਕ ਬਲਕਾਰ ਅਣਖੀਲਾ, ਬਿੱਟੂ ਖੰਨੇ ਵਾਲਾ, ਸ਼ਰੀਫ ਦਿਲਦਾਰ, ਪਾਲੀ ਦੇਤਵਾਲੀਆ, ਜਸਵੰਤ ਸਦੀਲਾ, ਭਿੰਦੇ ਸ਼ਾਹ ਰਾਜੋਵਾਲੀਆ, ਰਾਜਾ ਮਰਖਾਈ, ਕੁਲਦੀਪ ਰੰਧਾਵਾ, ਪ੍ਰੇਮ ਸਿੰਘਪੁਰੀਆ ਅਤੇ ਜੋਗਿੰਦਰ ਸਿੰਘਪੁਰੀਆ ਆਦਿ ਨੇ ਵੀ ਸ਼ੋਕ ਸੰਦੇਸ਼ ਭੇਜ ਕੇ ਦੁਖੀ ਪਰਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਹੈ।



# ਸੰਸਕ੍ਰਿਤ ਦਿਵਸ 'ਤੇ ਸੰਸਕ੍ਰਿਤ ਮੰਤਰ ਤੇ ਸ਼ਲੋਕ ਪਾਠ ਮੁਕਾਬਲਾ ਕਰਵਾਇਆ

**ਬਟਾਲਾ (ਮਲਵਿੰਦਰ ਸਿੰਘ)** ਆਰ ਡੀ ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਨੇ ਵਿਸ਼ਵ ਸੰਸਕ੍ਰਿਤ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ।ਇਸ ਮੌਕੇ ਸੰਸਕ੍ਰਿਤ ਮੰਤਰ ਅਤੇ ਸ਼ਲੋਕ ਪਾਠ ਮੁਕਾਬਲਾ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਦੀਵਾ ਜਗਾਉਣ ਅਤੇ ਭਗਵਾਨ ਗਣੇਸ਼ ਦੀ ਪੂਜਾ ਨਾਲ ਹੋਈ। 5ਵੀਂ ਤੋਂ 9ਵੀਂ ਜਮਾਤ ਦੇ 43 ਪ੍ਰਤੀਯੋਗੀਆਂ ਨੇ ਇਸ ਮੁਕਾਬਲੇ ਵਿੱਚ ਹਿੱਸਾ ਲਿਆ ਅਤੇ ਸ਼ੁੱਧ ਸੰਸਕ੍ਰਿਤ ਮੰਤਰਾਂ ਦਾ ਜਾਪ ਕੀਤਾ।ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਲਾਘਾਯੋਗ ਸੀ। ਸਕੂਲ ਦੀ ਵਿਦਿਆਰਥਣ ਦਕਸ਼ਾਇਨੀ ਨੇ ਪ੍ਰੋਗਰਾਮ ਦਾ ਬਹੁਤ ਵਧੀਆ ਸੰਚਾਲਨ ਕੀਤਾ। ਸੰਸਕ੍ਰਿਤ ਸਾਡੀ ਸੱਭਿਅਤਾ, ਸੱਭਿਆਚਾਰ ਅਤੇ ਕਦਰਾਂ-ਕੀਮਤਾਂ ਦੀ ਭਾਸ਼ਾ ਹੈ।ਇਹ 'ਸਰਵੇ ਭਵੰਤੁ ਸੁਖੀਨਾ: ਸਰਵੇ ਭਵੰਤੁ ਨਿਰਾਮਯ' ਦਾ ਸੰਦੇਸ਼ ਪੂਰੀ ਦੁਨੀਆ ਨੂੰ ਦਿੰਦੀ ਹੈ ਅਤੇ 'ਵਸੁਧੈਵ ਕੁਟੁੰਬਕਮ' (ਵਿਸ਼ਵ ਇੱਕ ਪਰਿਵਾਰ ਹੈ) ਦਾ ਪਾਠ ਸਿਖਾਉਂਦੀ ਹੈ।ਇਸ ਮੌਕੇ ਸਕੂਲ ਦੇ ਚੇਅਰਮੈਨ, ਸ਼੍ਰੀ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ, ਅਤੇ ਪ੍ਰਿੰਸੀਪਲ, ਡਾ. ਬਿੰਦੂ ਭੱਲਾ ਨੇ ਵਿਸ਼ਵ ਸੰਸਕ੍ਰਿਤ ਦਿਵਸ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਅਤੇ ਵਧਾਈਆਂ ਦਿੱਤੀਆਂ। ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦੇ ਹੋਏ, ਉਨ੍ਹਾਂ ਨੂੰ ਅਜਿਹੇ ਮੁਕਾਬਲਿਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਆਪਣੇ ਭਾਰਤੀ ਸੱਭਿਆਚਾਰ ਨਾਲ ਜੁੜੇ ਰਹਿਣ ਦੀ ਅਪੀਲ ਕੀਤੀ।ਉਨ੍ਹਾਂ ਨੇ ਪ੍ਰੋਗਰਾਮ ਦੇ ਪ੍ਰਬੰਧਕ ਸ਼੍ਰੀ ਅਰਵਿੰਦ ਯਾਦਵ ਅਤੇ ਜੱਜ ਸ਼੍ਰੀਮਤੀ ਉਮਾ ਸ਼ਰਮਾ ਨੂੰ ਵੀ ਪ੍ਰੋਗਰਾਮ ਦੀ ਸਫਲਤਾ ਲਈ ਵਧਾਈ ਦਿੱਤੀ।



# ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੇ ਵਿਦਿਆਰਥੀਆਂ ਕੀਤਾ ਮਿਲਟਰੀ ਲਿਟਰੇਚਰ ਫੈਸਟੀਵਲ ਦਾ ਦੌਰਾ

**ਧਾਰੀਵਾਲ (ਮਨਦੀਪ ਵਿੱਕੀ)**- ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੇ ਵਿਦਿਆਰਥੀਆਂ ਨੂੰ ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਚੱਲ ਰਹੇ ਮਿਲਟਰੀ ਲਿਟਰੇਚਰ ਫੈਸਟੀਵਲ ਦੇ ਦੌਰੇ 'ਤੇ ਲਿਜਾਇਆ ਗਿਆ। ਇਸ ਸਬੰਧੀ ਸੰਸਥਾ ਦੇ ਡਾਇਰੈਕਟਰ ਮਨਪ੍ਰੀਤ ਕੌਰ ਅਤੇ ਸੰਚਾਲਕ ਗਗਨਦੀਪ ਸਿੰਘ ਵਿਰਕ ਨੇ ਦੱਸਿਆ ਕਿ ਵਿਰਸਾ ਓਹ ਬੂਟਾ ਹੈ ਜਿਸ ਦੀਆਂ ਜੜ੍ਹਾਂ ਸਿੰਜਣੀਆਂ ਪੈਂਦੀਆਂ ਹਨ, ਤਾਂ ਜੋ ਆਉਣ ਵਾਲੀ ਪੀੜ੍ਹੀ ਆਪਣੇ ਵਡੇਰਿਆਂ ਦੀਆਂ ਕੁਰਬਾਨੀਆਂ ਤੋਂ ਜਾਣੂ ਹੋ ਕੇ ਦੇਸ਼ ਭਗਤੀ ਦੇ ਰੰਗ ਵਿੱਚ ਰੰਗੀ ਜਾ ਸਕੇ। ਇਸੇ ਸੋਚ ਨੂੰ ਅਮਲੀ ਰੂਪ ਦਿੰਦਿਆਂ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੇ ਵਿਦਿਆਰਥੀਆਂ ਨੂੰ ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਚੱਲ ਰਹੇ ਮਿਲਟਰੀ ਲਿਟਰੇਚਰ ਫੈਸਟੀਵਲ ਦੇ ਦੌਰੇ 'ਤੇ ਲਿਜਾਇਆ ਗਿਆ, ਜਿੱਥੇ ਵਿਦਿਆਰਥੀਆਂ ਵਿੱਚ ਹਥਿਆਰਬੰਦ ਸੈਨਾਵਾਂ ਪ੍ਰਤੀ ਘਟ ਰਹੀ ਦਿਲਚਸਪੀ ਨੂੰ ਮੁੜ ਜਗਾਉਣ, ਉਨ੍ਹਾਂ ਨੂੰ ਮਹਾਨ ਜਰਨੈਲਾਂ ਨਾਲ ਮਿਲਾਉਣ ਅਤੇ ਇਹ ਸਮਝਾਉਣ ਦਾ ਉਪਰਾਲਾ ਕੀਤਾ ਗਿਆ ਕਿ ਸਾਡੇ ਵਡੇਰਿਆਂ ਨੇ 1965 ਵਿੱਚ ਕਿਸ ਤਰ੍ਹਾਂ ਆਪਣੀ ਧਰਤੀ ਦੀ ਰਾਖੀ ਕੀਤੀ ਸੀ। ਇਸ ਦੌਰਾਨ 1965 ਦੀ ਭਾਰਤ-ਪਾਕਿਸਤਾਨ ਜੰਗ: ਅੰਮ੍ਰਿਤਸਰ ਸੈਕਟਰ ਵਿੱਚ ਸੈਨਿਕ ਕਾਰਵਾਈਆਂ ਵਿਸ਼ੇ 'ਤੇ ਕਰਵਾਏ ਗਏ ਵਿਸ਼ੇਸ਼ ਸੈਸ਼ਨ ਵਿੱਚ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਅਤੇ ਸ਼ਾਨਦਾਰ ਅਨੁਸ਼ਾਸਨ ਦਾ ਪ੍ਰਦਰਸ਼ਨ ਕਰਦਿਆਂ ਬਾਜ਼ ਬਟਾਲੀਅਨ ਵੱਲੋਂ ਲਗਾਈ ਗਈ ਆਧੁਨਿਕ ਅਤੇ ਪ੍ਰਾਚੀਨ ਹਥਿਆਰਾਂ ਦੀ ਪ੍ਰਦਰਸ਼ਨੀ ਦਾ ਦੌਰਾ ਕੀਤਾ। ਵਿਦਿਆਰਥੀਆਂ ਨੇ ਮਸ਼ੀਨ ਗੰਨ, ਹਾਈਬ੍ਰਿਡ ਏ.ਕੇ ਰਾਕੇਟ ਲਾਂਚਰ, ਡਰੋਨ ਇੰਟਰਸੈਪਟਰ, ਸਨਾਈਪਰ ਰਾਈਫ਼ਲਾਂ, ਗ੍ਰਨੇਡ, ਨਾਈਟ ਵਿਜ਼ਨ ਗੋਗਲਜ਼ ਆਦਿ ਬਾਰੇ ਜਾਣਕਾਰੀ ਹਾਸਲ ਕੀਤੀ। ਫੌਜੀ ਅਧਿਕਾਰੀਆਂ ਵੱਲੋਂ ਵਿਦਿਆਰਥੀਆਂ ਨੂੰ ਵੱਖ-ਵੱਖ ਜੰਗੀ ਸਾਜ਼ੋ-ਸਾਮਾਨ ਅਤੇ ਉਨ੍ਹਾਂ ਦੀ ਵਰਤੋਂ ਸਬੰਧੀ ਵਿਸ਼ੇਸ਼ ਜਾਣਕਾਰੀ ਦਿੱਤੀ ਗਈ। ਇਸ ਮੌਕੇ ਵਿਦਿਆਰਥੀਆਂ ਨੂੰ ਪ੍ਰਸਿੱਧ ਜਨਰਲ ਟੀ.ਐੱਸ. ਸ਼ੇਰਗਿੱਲ, ਮਹਾਨ ਜਨਰਲ ਰਜਿੰਦਰ ਸਿੰਘ ਸਪੈਰੋ ਦੇ ਪੁੱਤਰ, ਦੇ ਨਾਲ-ਨਾਲ ਜਨਰਲ ਛੀਨਾ ਅਤੇ ਜਨਰਲ ਜੇ.ਐੱਸ. ਚੀਮਾ ਨੂੰ ਰੂਬਰੂ ਮਿਲਣ ਦਾ ਸੁਨਹਿਰੀ ਮੌਕਾ ਮਿਲਿਆ। ਵਿਦਿਆਰਥੀਆਂ ਨੇ ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ.ਆਤਮ ਸਿੰਘ ਰੰਧਾਵਾ, ਪ੍ਰੋ. ਡਾ. ਹਰਬਿਲਾਸ ਸਿੰਘ ਰੰਧਾਵਾ ਅਤੇ ਆਏ ਹੋਏ ਫੌਜੀ ਜਨਰਲਾਂ ਨਾਲ ਯਾਦਗਾਰੀ ਤਸਵੀਰਾਂ ਵੀ ਖਿਚਵਾਈਆਂ। ਜਨਰਲ ਸ਼ੇਰਗਿੱਲ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਹਮੇਸ਼ਾ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਅਤੇ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਮਨਪ੍ਰੀਤ ਕੌਰ ਅਤੇ ਸੰਚਾਲਕ ਗਗਨਦੀਪ ਸਿੰਘ ਵਿਰਕ ਨੇ ਕਿਹਾ ਕਿ ਹਿੰਮਤ, ਕੁਰਬਾਨੀ ਅਤੇ ਅਨੁਸ਼ਾਸਨ ਦੀਆਂ ਅਸਲ ਕਹਾਣੀਆਂ ਨਾਲ ਵਿਦਿਆਰਥੀਆਂ ਦਾ ਰੂਬਰੂ ਹੋਣਾ ਉਨ੍ਹਾਂ ਦੇ ਚਰਿੱਤਰ ਦਾ ਨਿਰਮਾਣ ਕਰਦਾ ਹੈ, ਆਤਮ-ਵਿਸ਼ਵਾਸ ਵਧਾਉਂਦਾ ਹੈ ਅਤੇ ਉਨ੍ਹਾਂ ਨੂੰ ਦ੍ਰਿੜ੍ਹਤਾ ਤੇ ਉਦੇਸ਼ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੰਦਾ ਹੈ। ਇਸ ਮੌਕੇ ਪ੍ਰਿੰਸੀਪਲ ਇੰਦਰਜੀਤ ਕੌਰ, ਕੋਆਰਡੀਨੇਟਰ ਸੁਖਦੀਪ ਕੌਰ, ਕੋਆਰਡੀਨੇਟਰ ਸੁਰਜੀਤ ਕੌਰ, ਡੀ.ਪੀ.ਈ. ਜਤਿੰਦਰ ਕੁਮਾਰ, ਗੁਰਮੁਖ ਸਿੰਘ ਔਲਖ, ਜੀਨਸ ਅਤੇ ਹਰਪ੍ਰੀਤ ਸਿੰਘ ਹਾਜ਼ਰ ਸਨ।



# ਸ੍ਰੀ ਹਨੂਮਤ ਇੰਸਟੀਚਿਊਟ 'ਚ ਖ਼ੂਨਦਾਨ ਕੈਂਪ ਅੱਜ

**ਗੁਰਾਇਆ (ਬਿੰਦਰ ਸੁੰਮਨ)**- ਸ੍ਰੀ ਹਨੂਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਸ਼ਿਮਟ) ਦੇ ਬੈਚਲਰ ਆਫ਼ ਮੈਡੀਕਲ ਲੈਬਾਰਟਰੀ ਸਾਇੰਸਿਜ਼ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਖ਼ੂਨਦਾਨ ਦੀ ਮਹੱਤਤਾ ਅਤੇ ਇਸ ਦੇ ਮਨੁੱਖੀ ਜ਼ਿੰਦਗੀਆਂ ਬਚਾਉਣ ਵਿਚ ਯੋਗਦਾਨ ਬਾਰੇ ਜਾਗਰੂਕ ਕਰਨ ਲਈ ਖ਼ੂਨਦਾਨ ਜਾਗਰੂਕਤਾ ਗੈਸਟ ਲੈਕਚਰ ਕਰਵਾਇਆ ਗਿਆ। ਜਿਸ ਵਿੱਚ 350 ਤੋਂ ਵੱਧ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਜਾਗਰੂਕਤਾ ਸੈਸ਼ਨ ਦੌਰਾਨ ਐੱਸ.ਡੀ.ਐੱਚ. ਫਗਵਾੜਾ ਦੇ ਬਲੱਡ ਬੈਂਕ ਇੰਚਾਰਜ ਡਾ. ਸੁਰੁਚੀ ਮੰਗਲ (ਐੱਮ.ਡੀ., ਪੈਥੋਲੋਜੀ) ਅਤੇ ਸੀਨੀਅਰ ਟਿਊਬਰਕੁਲੋਸਿਸ ਲੈਬ ਸੁਪਰਵਾਈਜ਼ਰ ਜਗਦੀਪ ਕੁਮਾਰ ਨੇ ਵਿਦਿਆਰਥੀਆਂ ਨੂੰ ਖ਼ੂਨਦਾਨ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਦਿੱਤੀ। ਕਾਲਜ ਦੇ ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਨੇ ਵਿਦਿਆਰਥੀਆਂ ਨੂੰ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਸਮਝਣ ਅਤੇ ਭਲਾਈ ਦੇ ਕਾਰਜਾਂ ਵਿਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਦੱਸਿਆ ਕਿ ਇਹ ਜਾਗਰੂਕਤਾ ਲੈਕਚਰ 3 ਸਤੰਬਰ ਨੂੰ ਲਗਾਏ ਜਾਣ ਵਾਲੇ ਖ਼ੂਨਦਾਨ ਕੈਂਪ ਦੀ ਤਿਆਰੀ ਵਜੋਂ ਕਰਵਾਇਆ ਗਿਆ। ਕੈਂਪ ਦੀਆਂ ਤਿਆਰੀਆਂ ਪੂਰੀ ਤਰ੍ਹਾਂ ਮੁਕੰਮਲ ਕਰ ਲਈਆਂ ਗਈਆਂ ਹਨ। ਕੈਂਪ ਵਿਚ ਯੋਗ ਵਿਦਿਆਰਥੀ, ਅਧਿਆਪਕ, ਸਟਾਫ਼ ਅਤੇ ਆਮ ਲੋਕ ਵੀ ਖ਼ੂਨਦਾਨ ਕਰਕੇ ਇਸ ਨੇਕ ਕਾਰਜ ਵਿਚ ਆਪਣਾ ਯੋਗਦਾਨ ਪਾ ਸਕਣਗੇ। ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਨੇ ਮਹਿਮਾਨ ਬੁਲਾਰਿਆਂ ਦਾ ਵਿਦਿਆਰਥੀਆਂ ਨਾਲ ਕੀਮਤੀ ਜਾਣਕਾਰੀ ਸਾਂਝੀ ਕਰਨ ਲਈ ਧੰਨਵਾਦ ਕੀਤਾ।




# ਟੈਂਕੀ ਤੋਂ ਡਿੱਗਣ ਨਾਲ ਅਣਪਛਾਤੇ ਦੀ ਮੌਤ



**ਬਿਆਸ (ਪਰਮਜੀਤ ਸਿੰਘ ਰੱਖੜਾ)** ਜੀ ਆਰ ਪੀ ਚੌਕੀ ਬਿਆਸ ਦੇ ਐੱਸ ਆਈ ਜਗਦੀਸ਼ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੇਲਵੇ ਸਟੇਸ਼ਨ ਬਿਆਸ ਦੀ ਪਾਣੀ ਵਾਲੀ ਟੈਂਕੀ ਤੋਂ ਡਿੱਗਣ ਨਾਲ ਇੱਕ ਅਣਪਛਾਤੇ ਵਿਅਕਤੀ, ਜਿਸ ਦੀ ਉਮਰ ਕਰੀਬ 38-40 ਸਾਲ, ਦੀ ਮੌਤ ਹੋ ਗਈ। ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਦੀ ਮੋਰਚਰੀ ਦੀ ਕੈਂਡੀ ਖ਼ਰਾਬ ਹੋਣ ਕਾਰਨ ਲਾਸ਼ ਮ੍ਰਿਤਕ ਨੂੰ ਚੌਂਕੀ ਜੀ ਆਰ ਪੀ ਬਿਆਸ ਵਿੱਚ ਰੱਖਿਆ ਗਿਆ ਹੈ

# ਬੈਂਕ ਨੇ ਖਾਤੇਦਾਰ ਦੇ ਵਾਰਿਸ ਨੂੰ ਦੋ ਲੱਖ ਦਾ ਬੀਮਾ ਚੈੱਕ ਦਿੱਤਾ



**ਮਾਹਿਲਪੁਰ (ਸ਼ਫਰੀ)**- ਸੁਰੱਖਿਆ ਬੀਮਾ ਯੋਜਨਾ ਅਧੀਨ ਦੋ ਲੱਖ ਦੀ ਕਲੇਮ ਰਕਮ ਮ੍ਰਿਤਕ ਸ਼ਿਵਮ ਦੀ ਭੈਣ ਮਿਸ ਅਕਾਂਸ਼ਾ ਅਤੇ ਕਨੂੰਨੀ ਵਾਰਸ, ਮਾਤਾ ਸੀਮਾ ਭੱਟੀ ਨੂੰ ਪ੍ਰਦਾਨ ਕੀਤੀ ਗਈ।ਇਸ ਮੌਕੇ ਰੀਜਨਲ ਮੈਨੇਜਰ ਵਿਕਰਮ ਸਿੰਘ ਨੇ ਦੱਸਿਆ ਕਿ ਸੁਰੱਖਿਆ ਬੀਮਾ ਯੋਜਨਾ ਤਹਿਤ ਜੇਕਰ ਕਿਸੇ ਖਾਤੇਦਾਰ ਦੀ ਮੌਤ ਹੋ ਜਾਦੀ ਹੈ ਤਾਂ ਬੈਂਕ ਵੱਲੋ ਦੋ ਲੱਖ ਦਾ ਕਲੇਮ ਦਿਤਾ ਜਾਦਾ ਹੈ ।ਉਸੇ ਸਕੀਮ ਤਹਿਤ ਧੀਰੇਂਦਰ ਵਿਕਰਮ ਸਿੰਘ ਰੀਜਨਲ ਮੈਨੇਜਰ ਪੰਜਾਬ ਐਂਡ ਸਿੰਧ ਬੈਂਕ, ਹੁਸ਼ਿਆਰਪੁਰ ਰੀਜਨ ਅਤੇ ਰੇਲਵੇ ਰੋਡ ਹੁਸ਼ਿਆਰਪੁਰ ਬ੍ਰਾਂਚ ਦੇ ਸਟਾਫ਼ ਵੱਲੋਂ ਚੈਕ ਸੌਂਪਿਆ ਗਿਆ।

ਨਵਾਂ ਜ਼ਮਾਨਾ
ਵੀਰਵਾਰ, 3 ਸਤੰਬਰ 2026

# 'ਬਾਬਰਨਾਮਾ'

ਬਾਬਰ ਦੇ ਦੇਸ਼ ਉਜ਼ਬੇਕਿਸਤਾਨ ਦੇ ਰਾਸ਼ਟਰਪਤੀ ਸ਼ਵਕਤ ਮਿਰਜ਼ੀਯੋਯੇਵ ਨੇ 30 ਅਗਸਤ ਨੂੰ ਪ੍ਰਧਾਨ ਮੰਤਰੀ ਮੋਦੀ ਨੂੰ ਵਿਦੇਸ਼ੀ ਆਗੂਆਂ ਲਈ ਸਭ ਤੋਂ ਉੱਚੇ ਦਰਜੇ ਦੀ ਦੋਸਤੀ ਦਾ ਪੁਰਸਕਾਰ 'ਓਲੀ ਦਰਾਜ਼ਲੀ ਦੋਸਤਲਿਕ' ਦਿੱਤਾ ਅਤੇ ਮੋਦੀ ਨੇ ਉਸ ਨੂੰ ਭਾਰਤ ਦੇ 1.4 ਅਰਬ ਲੋਕਾਂ ਅਤੇ ਦੋਵਾਂ ਦੇਸ਼ਾਂ ਵਿਚਕਾਰ 'ਸਦੀਆਂ ਪੁਰਾਣੀ ਦੋਸਤੀ ਤੇ ਸਾਂਝੀ ਵਿਰਾਸਤ' ਨੂੰ ਸਮਰਪਤ ਕੀਤਾ। ਬਾਬਰ ਦਾ ਜਨਮ 1483 ਵਿੱਚ ਫਰਗਨਾ ਘਾਟੀ ਦੇ ਅੰਦੀਜਾਨ ਵਿੱਚ ਹੋਇਆ ਸੀ, ਜੋ ਕਿ ਹੁਣ ਉਜ਼ਬੇਕਿਸਤਾਨ ਵਿੱਚ ਹੈ। ਉੱਥੋਂ ਦੇ ਸਮਾਰਕ, ਅਜਾਇਬ ਘਰ ਅਤੇ ਪਾਰਕ ਉਸ ਨੂੰ ਆਪਣੀ ਸੱਭਿਆਚਾਰਕ ਵਿਰਾਸਤ ਵਿੱਚ ਇੱਕ ਮਾਣਮੱਤੇ ਵਿਅਕਤੀ ਵਜੋਂ ਪੇਸ਼ ਕਰਦੇ ਹਨ। ਭਾਰਤ ਵਿੱਚ ਬਾਬਰ, ਦਿੱਲੀ ਜਾਂ ਅਯੁੱਧਿਆ ਵਿੱਚ ਪੰਜ ਸੌ ਸਾਲ ਪੁਰਾਣਾ ਦੋਸ਼ੀ ਹੈ। ਇਹ ਬਾਬਰ ਹੀ ਸੀ, ਜਿਸ ਨੇ ਸਭ ਤੋਂ ਪਹਿਲਾਂ ਦੇਸ਼ਭਗਤਾਂ ਲਈ 'ਨਾਨੀ ਯਾਦ ਦਿਲਾ ਦੇਂਗੇ' (ਨਾਨੀ ਤੁਹਾਨੂੰ ਮੇਰੀ ਯਾਦ ਦਿਵਾਏਗੀ) ਵਾਕੰਸ਼ ਘੜਿਆ ਸੀ।

ਬਾਬਰ ਤੋਂ ਲੈ ਕੇ ਹਿਮਾਂਯੂੰ, ਫਿਰ ਅਕਬਰ, ਜਹਾਂਗੀਰ, ਸ਼ਾਹਜਹਾਂ, ਅਤੇ ਫਿਰ ਔਰੰਗਜ਼ੇਬ-ਉਹ ਆਦਮੀ, ਜਿਸ ਨੂੰ ਸਮਕਾਲੀ ਸਿਆਸੀ ਭਾਸ਼ਾ ਵਿੱਚ ਮੁਗਲ ਰਾਜਵੰਸ਼ ਦਾ ਸਭ ਤੋਂ ਵੱਡਾ ਖਲਨਾਇਕ ਕਿਹਾ ਜਾਂਦਾ ਹੈ-ਉਸ ਦੇ ਰਾਜਵੰਸ਼ ਦੀਆਂ ਜੜ੍ਹਾਂ ਉਸੇ ਫਰਗਨਾ ਵਿੱਚ ਮਿਲਦੀਆਂ ਹਨ, ਜਿੱਥੇ ਭਾਰਤ ਦੇ ਪ੍ਰਧਾਨ ਮੰਤਰੀ ਨੂੰ 'ਦੋਸਤੀ' ਦਾ ਸਭ ਤੋਂ ਉੱਚਾ ਤਮਗਾ ਮਿਲਿਆ, ਪਰ ਇਤਿਹਾਸ ਵਿੱਚ, ਰਿਸ਼ਤੇਦਾਰੀ ਵਿਦੇਸ਼ ਨੀਤੀ ਨੂੰ ਨਿਰਧਾਰਤ ਨਹੀਂ ਕਰਦੀ। ਜੇ ਅਜਿਹਾ ਹੁੰਦਾ ਤਾਂ ਯੂਰਪੀ ਦੇਸ਼ਾਂ ਨੂੰ ਇੱਕ-ਦੂਜੇ ਨਾਲ ਗੱਲ ਕਰਨ ਤੋਂ ਪਹਿਲਾਂ ਦੋ ਵਿਸ਼ਵ ਯੁੱਧਾਂ ਦੇ ਆਪਣੇ ਪੁਰਖਿਆਂ ਦੀ ਇਜਾਜ਼ਤ ਲੈਣੀ ਪੈਂਦੀ।

ਜਦੋਂ ਕਿ ਕੁਝ ਲੋਕਾਂ ਦੀ ਸਿਆਸੀ ਭਾਸ਼ਾ ਵਾਰ-ਵਾਰ ਭਾਰਤੀ ਮੁਸਲਮਾਨਾਂ ਨੂੰ ਬਾਬਰ ਦੇ ਕਾਲਪਨਿਕ ਵੰਸ਼ ਵਿੱਚ ਧੱਕਦੀ ਹੈ, ਸਾਡੀ ਵਿਦੇਸ਼ ਨੀਤੀ ਉਸੇ ਬਾਬਰ ਦੇ ਜਨਮ ਸਥਾਨ ਨੂੰ 'ਸਾਂਝੀ ਸੱਭਿਅਤਾ ਵਿਰਾਸਤ' ਵਜੋਂ ਅਪਣਾਉਂਦੀ ਹੈ। ਕਈ ਵਾਰ ਅਜਿਹਾ ਮਹਿਸੂਸ ਹੁੰਦਾ ਹੈ, ਜਿਵੇਂ ਇਤਿਹਾਸ ਸਰਕਾਰੀ ਕਰਮਚਾਰੀ ਬਣ ਗਿਆ ਹੈ। ਚੋਣਾਂ ਦੇ ਮੌਸਮ ਦੌਰਾਨ ਇਸ ਨੂੰ ਗ੍ਰਹਿ ਮੰਤਰਾਲੇ ਵਿੱਚ ਤਬਦੀਲ ਕਰ ਦਿੱਤਾ ਜਾਂਦਾ ਹੈ, ਜਿੱਥੇ ਇਹ ਪਛਾਣ ਪੱਤਰਾਂ ਦੀ ਜਾਂਚ ਕਰਦਾ ਹੈ। ਜਿਵੇਂ ਹੀ ਵਿਦੇਸ਼ੀ ਯਾਤਰਾ ਦਾ ਸਮਾਂ ਨਿਰਧਾਰਤ ਹੁੰਦਾ ਹੈ, ਇੱਕ ਆਦੇਸ਼ ਜਾਰੀ ਕੀਤਾ ਜਾਂਦਾ ਹੈ ਅਤੇ ਉਹੀ ਕਰਮਚਾਰੀ ਸੱਭਿਆਚਾਰਕ ਦੋਸਤੀ ਦੀਆਂ ਫਾਈਲਾਂ ਨੂੰ ਸੰਭਾਲਣ ਲਈ ਵਿਦੇਸ਼ ਮੰਤਰਾਲੇ ਵਿੱਚ ਪਹੁੰਚਦਾ ਹੈ।

ਬਾਬਰ ਦੀ ਕਬਰ ਕਾਬੁਲ ਵਿੱਚ ਹੈ, ਉਸ ਦਾ ਜਨਮ ਸਥਾਨ ਅੰਦੀਜਾਨ ਹੈ ਅਤੇ ਉਸ ਨੇ ਭਾਰਤ ਵਿੱਚ ਆਪਣਾ ਸਾਮਰਾਜ ਛੱਡ ਦਿੱਤਾ ਸੀ; ਪੰਜ ਸੌ ਸਾਲ ਬਾਅਦ ਉਸ ਦਾ ਨਾਂਅ ਭਾਰਤੀ ਚੋਣਾਂ ਵਿੱਚ ਤਾਪਮਾਨ ਵਧਾਉਂਦਾ ਹੈ ਅਤੇ ਉਸ ਦੀ ਜਨਮ ਭੂਮੀ ਭਾਰਤੀ ਪ੍ਰਧਾਨ ਮੰਤਰੀ ਨੂੰ 'ਸਭ ਤੋਂ ਉੱਚੀ ਦੋਸਤੀ' ਦਾ ਤਮਗਾ ਪ੍ਰਦਾਨ ਕਰਦੀ ਹੈ। ਇਤਿਹਾਸ ਨੇ ਸ਼ਾਇਦ ਇਸ ਤੋਂ ਵਧੀਆ ਵਿਅੰਗ ਕਦੇ ਨਹੀਂ ਲਿਖਿਆ। ਬਾਬਰ ਉੱਥੇ ਹੀ ਰਹੇਗਾ। ਅੰਦੀਜਾਨ ਦੇ ਅਜਾਇਬ ਘਰਾਂ ਵਿੱਚ, ਕਾਬੁਲ ਦੇ ਮਕਬਰਿਆਂ ਵਿੱਚ, ਅਤੇ ਇਤਿਹਾਸ ਦੀਆਂ ਕਿਤਾਬਾਂ ਵਿੱਚ। ਭਾਰਤ ਦੇ ਮੁਸਲਮਾਨ ਇੱਥੇ ਹੀ ਰਹਿਣਗੇ। ਭਾਰਤ ਦੇ ਨਾਗਰਿਕਾਂ ਵਜੋਂ ਅਤੇ ਜੇ ਸਾਡੀ ਸਿਆਸਤ ਨੂੰ ਅਜੇ ਵੀ ਹਰ ਅਸਹਿਮਤੀ ਦੇ ਪਿੱਛੇ ਬਾਬਰ ਦਿਖਾਈ ਦਿੰਦਾ ਰਹੇ, ਤਾਂ ਸਮੱਸਿਆ ਬਾਬਰ ਦੀ ਵਾਪਸੀ ਨਹੀਂ ਹੈ। ਸਮੱਸਿਆ ਇਹ ਹੈ ਕਿ ਅਸੀਂ 1526 ਤੋਂ ਪੂਰੀ ਤਰ੍ਹਾਂ ਪਰਤ ਨਹੀਂ ਸਕੇ ਹਾਂ, ਜਦੋਂ ਬਾਬਰ ਨੇ ਪਾਣੀਪਤ ਦੀ ਪਹਿਲੀ ਲੜਾਈ ਵਿੱਚ ਇਬਰਾਹੀਮ ਲੋਧੀ ਨੂੰ ਹਰਾ ਕੇ ਮੁਗਲ ਸਲਤਨਤ ਕਾਇਮ ਕੀਤੀ ਸੀ।

## ਚੰਡੀਗੜ੍ਹ 'ਚ ਸੋਈ

ਮੁੜ ਕੇ ਫੇਰ ਸਿਆਸਤ ਅੰਦਰ, ਪੰਥਕ-ਪੰਥਕ ਹੋਈ ਹੈ,
ਯਾਦ ਕਿਸੇ ਨੂੰ ਨਹੀਂ ਫਲਸਫਾ, ਲਾਹੀ ਸਭ ਨੇ ਲੋਈ ਹੈ।
ਆਪਣੇ ਬੰਦੇ ਪੰਥਕ ਹੋ ਗਏ, ਦੂਜਾ ਬਣਿਆ ਕੋਈ ਹੈ,
ਸੁੱਕ ਜਾਵੇ ਇਹ ਜੜ੍ਹ ਤੋਂ ਬੂਟਾ, ਬੂੰਦ ਅੱਕਾਂ ਦੀ ਚੋਈ ਹੈ।
ਨਵੇਂ ਬਰਾਂਡ 'ਚ ਸੌਦਾ ਵੇਚਣ, ਸੰਗਤ ਤਾਂ ਹੀ ਰੋਈ ਹੈ,
ਅਸਲੀ ਮੁੱਦੇ ਕੋਲੋਂ ਭੱਜ ਕੇ, ਹਰ ਕੋਈ ਲੱਭਦਾ ਢੋਈ ਹੈ।
ਫਸਲ ਪੈਣੀ ਹੈ ਉਹੀ ਵੱਢਣੀ, ਜੋ ਹੱਥਾਂ ਨਾਲ ਬੋਈ ਹੈ,
ਭਗਵੇਂ ਛਾਤੇ ਥੱਲੇ ਬਹਿ ਗਈ, ਚੰਡੀਗੜ੍ਹ ਵਿੱਚ 'ਸੋਈ' ਹੈ।

-ਗੁਲਪੁਰ

# ਇੱਕ ਦੇਸ਼, ਇੱਕ ਚੋਣ : ਇੱਕ ਪਾਰਟੀ ਰਾਜ ਵੱਲ ਵਧਦੇ ਕਦਮ

ਸਿਆਸੀ ਦਲਾਂ ਵੱਲੋਂ ਬੇਹਿਸਾਬ ਚੋਣ ਖ਼ਰਚ, ਵੋਟਰਾਂ ਨੂੰ ਲੁਭਾਉਣ ਲਈ ਨਕਦੀ ਤੇ ਮੁਫ਼ਤ ਰੇਵੜੀਆਂ ਦੀ ਵੰਡ, ਰਾਜਨੀਤੀ ਦਾ ਅਪਰਾਧੀਕਰਨ ਅਤੇ ਚੋਣਾਂ ਦੌਰਾਨ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ-ਇਹ ਭਾਰਤੀ ਲੋਕਤੰਤਰ ਵਿੱਚ ਅਜਿਹੀਆਂ ਗੰਭੀਰ ਬਿਮਾਰੀਆਂ ਬਣ ਚੁੱਕੀਆਂ ਹਨ, ਜਿਨ੍ਹਾਂ ਨੂੰ ਦੂਰ ਕਰਨਾ ਦਿਨ-ਪ੍ਰਤੀ-ਦਿਨ ਅਸੰਭਵ ਹੁੰਦਾ ਜਾ ਰਿਹਾ ਹੈ। ਅਜਿਹੇ ਵਿੱਚ ਇਹ ਵੱਡਾ ਸਵਾਲ ਉਠਦਾ ਹੈ ਕਿ 'ਇੱਕ ਦੇਸ਼, ਇੱਕ ਚੋਣ' ਜੇਕਰ ਸਿਰਫ਼ ਇੱਕ ਚੋਣ ਕੈਲੰਡਰ ਬਦਲਣ ਦੀ ਕਵਾਇਦ ਹੈ, ਤਾਂ ਕੀ ਇਹ ਬਿਮਾਰੀਆਂ ਆਪੇ-ਆਪ ਦੂਰ ਹੋ ਜਾਣਗੀਆਂ, ਜੋ ਲੋਕਤੰਤਰ ਨੂੰ ਘੁਣ ਵਾਂਗ ਖਾ ਰਹੀਆਂ ਹਨ।

ਦਰਅਸਲ, ਇਸ ਪੂਰੇ ਘਟਨਾਕ੍ਰਮ ਦੇ ਪਿੱਛੇ ਮੌਜੂਦਾ ਸੱਤਾਧਾਰੀ ਧਿਰ ਦੀ ਸਿਆਸੀ ਮਨਸ਼ਾ ਨੂੰ ਸਮਝਣਾ ਬਹੁਤ ਜ਼ਰੂਰੀ ਹੈ। ਪਿਛਲੇ 12-13 ਸਾਲਾਂ ਤੋਂ ਦੇਸ਼ 'ਤੇ ਰਾਜ ਕਰ ਰਹੀ ਸੱਤਾਧਾਰੀ ਧਿਰ ਹਰ ਹੱਥਕੰਡਾ ਵਰਤ ਕੇ ਭਵਿੱਖ ਦੇ ਹਰ ਛੋਟੇ-ਵੱਡੇ ਚੋਣਵੇਂ ਦੌਰ 'ਤੇ ਆਪਣੀ ਪਕੜ ਬਣਾਈ ਰੱਖਣਾ ਚਾਹੁੰਦੀ ਹੈ। ਉਸ ਦਾ ਨਿਸ਼ਾਨਾ ਖੇਤਰੀ ਪਾਰਟੀਆਂ ਦੀ ਆਵਾਜ਼ ਨੂੰ ਦਬਾਉਣਾ, ਵਿਰੋਧੀ ਧਿਰਾਂ ਦਾ ਅਸਰ ਖਤਮ ਕਰਨਾ ਅਤੇ ਦੇਸ਼ ਵਿੱਚ ਇੱਕ ਪਾਰਟੀ ਦਾ ਰਾਜ ਸਥਾਪਿਤ ਕਰਨਾ ਹੈ। ਉਸ ਵੱਲੋਂ ਏਕਾਤਮਕ ਰਾਸ਼ਟਰਵਾਦ ਦੀ ਵਿਚਾਰਧਾਰਾ ਨੂੰ ਅੱਗੇ ਵਧਾ ਕੇ ਭਾਰਤੀ ਸੰਵਿਧਾਨ ਦੇ ਮੂਲ ਢਾਂਚੇ ਅਤੇ ਸੰਘੀ ਵਿਵਸਥਾ ਨੂੰ ਢਾਹ ਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਹ ਕਵਾਇਦ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਨਹੀਂ, ਸਗੋਂ ਹੌਲੀ-ਹੌਲੀ ਇੱਕ-ਪੁਰਖੀ ਜਾਂ ਇੱਕ-ਪਾਰਟੀ ਡਿਕਟੇਟਰਸ਼ਿਪ ਵੱਲ ਵਧਣ ਦਾ ਸਬੱਬ ਬਣ ਰਹੀ ਹੈ।

ਸਰਕਾਰ ਇਸ ਖਾਸ ਏਜੰਡੇ ਅਤੇ ਸੀਮਾਬੰਦੀ ਵਰਗੇ ਦੂਰਗਾਮੀ ਪ੍ਰਭਾਵ ਵਾਲੇ ਕਾਨੂੰਨਾਂ ਨੂੰ ਆਪਣੇ ਹਿਸਾਬ ਨਾਲ ਲਾਗੂ ਕਰਨਾ ਚਾਹੁੰਦੀ ਹੈ, ਪਰ ਸੰਸਦ ਵਿੱਚ 2/3 ਦੋ-ਤਿਹਾਈ ਬਹੁਮਤ ਨਾ ਹੋਣ ਕਰਕੇ ਉਸ ਨੂੰ ਅੜਚਣਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹੀ ਕਾਰਨ ਹੈ ਕਿ ਹੋਰਨਾਂ ਪਾਰਟੀਆਂ ਨਾਲ ਜੋੜ-ਤੋੜ ਕਰਕੇ ਜਾਂ ਹੋਰ ਰਾਜਨੀਤਕ ਜੋੜ-ਤੋੜ ਲਗਾ ਕੇ ਇਸ ਬਿੱਲ ਨੂੰ ਪਾਸ ਕਰਵਾਉਣ ਲਈ ਅੱਡੀ-ਚੋਟੀ ਦਾ ਜ਼ੋਰ ਲਗਾਇਆ ਜਾ ਰਿਹਾ ਹੈ, ਜੋ ਕਿ ਕਿਸੇ ਵੀ ਹਾਲਤ ਵਿੱਚ ਲੋਕ-ਹਿੱਤ ਵਿੱਚ ਨਹੀਂ।

ਜੇਕਰ ਸਰਕਾਰ ਲੋਕਤੰਤਰ ਦੀਆਂ ਅਸਲੀ ਬਿਮਾਰੀਆਂ ਨੂੰ ਦੂਰ ਕਰਨ ਲਈ ਸੰਜੀਦਾ ਹੁੰਦੀ, ਤਾਂ ਚੋਣ ਸੁਧਾਰਾਂ ਦੀ ਸ਼ੁਰੂਆਤ ਅਪਰਾਧੀਆਂ ਨੂੰ ਰਾਜਨੀਤੀ ਤੋਂ ਬਾਹਰ ਕਰਨ ਨਾਲ ਹੁੰਦੀ। ਮੌਜੂਦਾ ਪ੍ਰਧਾਨ ਮੰਤਰੀ ਨੇ ਆਪਣੇ ਪਹਿਲੇ ਕਾਰਜਕਾਲ ਦੌਰਾਨ ਸੰਸਦ ਵਿੱਚ ਵੱਡਾ ਦਾਅਵਾ ਕੀਤਾ ਸੀ ਕਿ ਅਪਰਾਧਿਕ ਮਾਮਲਿਆਂ ਵਿੱਚ ਲਿਪਤ ਸੰਸਦ ਮੈਂਬਰਾਂ ਦੇ ਕੇਸਾਂ ਦਾ ਤੇਜ਼ੀ ਨਾਲ ਨਿਪਟਾਰਾ ਕਰਕੇ ਉਨ੍ਹਾਂ ਨੂੰ ਸੰਸਦ ਵਿੱਚੋਂ ਬਾਹਰ ਕੀਤਾ ਜਾਵੇਗਾ, ਪਰ ਨਤੀਜਾ ਬਿਲਕੁਲ ਉਲਟ ਰਿਹਾ ਹੈ।


ਗੁਰਮੀਤ ਸਿੰਘ ਪਲਾਹੀ

'ਐਸੋਸੀਏਸ਼ਨ ਫ਼ਾਰ ਡੈਮੋਕ੍ਰੇਟਿਕ ਰਿਫਾਰਮਜ਼' ਅਤੇ 'ਨੈਸ਼ਨਲ ਇਲੈਕਸ਼ਨ ਵਾਚ' ਦੀਆਂ ਹਾਲੀਆ ਰਿਪੋਰਟਾਂ ਅਨੁਸਾਰ ਸੰਸਦ (ਲੋਕ ਸਭਾ) ਦੇ ਲਗਭਗ 45 ਫੀਸਦੀ ਚੁਣੇ ਹੋਏ ਮੈਂਬਰਾਂ 'ਤੇ ਅਪਰਾਧਿਕ ਮਾਮਲੇ ਦਰਜ ਹਨ, ਜਿਨ੍ਹਾਂ ਵਿੱਚੋਂ ਕਈਆਂ 'ਤੇ ਗੰਭੀਰ ਧਾਰਾਵਾਂ ਹਨ। ਸਰਕਾਰ ਨੇ ਇਨ੍ਹਾਂ ਅਪਰਾਧਿਕ ਮਾਮਲਿਆਂ ਵਿੱਚ ਫਸੇ ਨੇਤਾਵਾਂ ਨੂੰ ਚੋਣ ਲੜਨ ਤੋਂ ਰੋਕਣ ਲਈ ਕੋਈ ਠੋਸ ਕਾਨੂੰਨ ਬਣਾਉਣ ਵਿੱਚ ਕੋਈ ਦਿਲਚਸਪੀ ਨਹੀਂ ਦਿਖਾਈ।

ਇਸ ਤੋਂ ਇਲਾਵਾ ਲੋਕ ਸਭਾ ਵਿੱਚ ਇੱਕ ਦੇਸ਼-ਇੱਕ ਚੋਣ ਸੰਬੰਧੀ ਪੇਸ਼ ਕੀਤੇ ਗਏ 'ਸੰਵਿਧਾਨ (129ਵੀਂ ਸੋਧ) ਬਿੱਲ, 2024' ਦੀ ਸਮੀਖਿਆ ਕਰ ਰਹੀ 39-ਮੈਂਬਰੀ ਸੰਯੁਕਤ ਪਾਰਲੀਮੈਂਟ ਕਮੇਟੀ ਦੀਆਂ ਬੈਠਕਾਂ ਵਿੱਚ ਵੀ ਕਾਫੀ ਹੰਗਾਮਾ ਅਤੇ ਗੰਭੀਰ ਚਰਚਾ ਹੋ ਚੁੱਕੀ ਹੈ। ਕਈ ਮੀਟਿੰਗਾਂ ਦੌਰਾਨ ਸੰਵਿਧਾਨਕ ਮਾਹਰਾਂ ਨੇ ਇਸ ਬਿੱਲ ਦੇ ਖਤਰਿਆਂ ਤੋਂ ਜਾਣੂ ਕਰਵਾਇਆ ਹੈ। ਜੇ ਪੀ ਸੀ ਸਾਹਮਣੇ ਪੇਸ਼ ਹੁੰਦਿਆਂ ਸੀਨੀਅਰ ਕਾਂਗਰਸ ਨੇਤਾ ਪੀ. ਚਿਦੰਬਰਮ ਨੇ ਠੋਸ ਦਲੀਲਾਂ ਨਾਲ ਇਸ ਪ੍ਰਸਤਾਵ ਨੂੰ ਅਸੰਵਿਧਾਨਕ ਅਤੇ ਸੰਵਿਧਾਨਕ ਕੁਰੂਪਤਾ ਕਰਾਰ ਦਿੱਤਾ ਹੈ। ਉਨ੍ਹਾ ਸਵਾਲ ਕੀਤਾ ਕਿ ਜੇਕਰ 5 ਸਾਲ ਦੇ ਨਿਸ਼ਚਿਤ ਕਾਰਜਕਾਲ ਤੋਂ ਪਹਿਲਾਂ ਹੀ ਅਵਿਸ਼ਵਾਸ ਮਤੇ ਨਾਲ ਕੋਈ ਰਾਜ ਸਰਕਾਰ ਡਿੱਗ ਜਾਂਦੀ ਹੈ, ਤਾਂ ਬਾਕੀ ਰਹਿੰਦੇ ਸਮੇਂ ਲਈ ਕੀ ਕੀਤਾ ਜਾਵੇਗਾ? ਕੀ ਰਾਜਾਂ ਦੇ ਚੁਣੇ ਹੋਏ ਨੁਮਾਇੰਦਿਆਂ ਦਾ ਕਾਰਜਕਾਲ ਜ਼ਬਰਦਸਤੀ ਛੋਟਾ ਕਰ ਦਿੱਤਾ ਜਾਵੇਗਾ?

'ਵਿਧੀ ਸੈਂਟਰ ਫ਼ਾਰ ਲੀਗਲ ਪਾਲਿਸੀ' ਵਰਗੀਆਂ ਆਜ਼ਾਦ ਅਤੇ ਵੱਕਾਰੀ ਕਾਨੂੰਨੀ ਸੰਸਥਾਵਾਂ ਨੇ ਵੀ ਇਸ ਬਿੱਲ ਦੀਆਂ ਡੂੰਘੀਆਂ ਕਾਨੂੰਨੀ ਖਾਮੀਆਂ ਨੂੰ ਉਜਾਗਰ ਕੀਤਾ ਹੈ। ਸੰਸਥਾ ਅਨੁਸਾਰ, ਰਾਜ ਵਿਧਾਨ ਸਭਾਵਾਂ ਦੇ ਕਾਰਜਕਾਲ ਨੂੰ ਕੇਂਦਰ ਦੇ ਹੁਕਮਾਂ ਨਾਲ ਛੋਟਾ ਜਾਂ ਵੱਡਾ ਕਰਨਾ ਭਾਰਤੀ ਸੰਵਿਧਾਨ ਦੇ 'ਮੂਲ ਢਾਂਚੇ' ਅਤੇ ਸੰਘੀ ਢਾਂਚੇ ਉੱਤੇ ਸਿੱਧਾ ਹਮਲਾ ਹੈ। ਜੇਕਰ ਵਿਚਕਾਰ ਹੀ ਕੋਈ ਰਾਜ ਸਰਕਾਰ ਡਿੱਗ ਜਾਂਦੀ ਹੈ, ਤਾਂ ਬਾਕੀ ਬਚੇ ਸਮੇਂ ਲਈ ਚੁਣੇ ਹੋਏ ਨੁਮਾਇੰਦਿਆਂ ਦੇ ਅਧਿਕਾਰਾਂ ਨੂੰ ਸੀਮਤ ਕਰਨਾ ਜਾਂ ਉੱਥੇ ਜ਼ਬਰਦਸਤੀ ਰਾਸ਼ਟਰਪਤੀ ਸ਼ਾਸਨ ਠੋਸਣਾ ਲੋਕਤੰਤਰੀ ਜਨਾਦੇਸ਼ ਦਾ ਅਪਮਾਨ ਹੋਵੇਗਾ। ਇਸ ਤੋਂ ਇਲਾਵਾ, ਸੰਵਿਧਾਨ ਦੀਆਂ ਕਈ ਮੂਲ ਧਾਰਾਵਾਂ (ਜਿਵੇਂ ਧਾਰਾ 83, 85, 172 ਅਤੇ 174) ਵਿੱਚ ਰੱਦੋ-ਬਦਲ ਕਰਨ ਲਈ ਘੱਟੋ-ਘੱਟ ਅੱਧੇ ਰਾਜਾਂ ਦੀਆਂ ਵਿਧਾਨ ਸਭਾਵਾਂ ਦੀ ਮਨਜ਼ੂਰੀ ਲਾਜ਼ਮੀ ਹੈ, ਪਰ ਸਰਕਾਰ ਰਾਜਾਂ ਦੇ ਅਧਿਕਾਰਾਂ ਨੂੰ ਨਜ਼ਰਅੰਦਾਜ਼ ਕਰਕੇ ਸੁਪਰੀਮ ਕੋਰਟ ਦੇ ਸੰਵਿਧਾਨਕ ਫ਼ੈਸਲਿਆਂ ਦੀ ਉਲੰਘਣਾ ਕਰ ਰਹੀ ਹੈ।

ਦੂਜੇ ਪਾਸੇ ਸਾਬਕਾ ਰਾਸ਼ਟਰਪਤੀ ਰਾਮਨਾਥ ਕੋਵਿੰਦ ਕਮੇਟੀ ਨੇ ਦੋ-ਚਰਨੀ ਚੋਣਾਂ ਦੀ ਸਿਫਾਰਸ਼ ਕੀਤੀ ਗਈ ਹੈ-ਪਹਿਲਾਂ ਲੋਕ ਸਭਾ ਤੇ ਵਿਧਾਨ ਸਭਾਵਾਂ ਦੀਆਂ ਚੋਣਾਂ ਅਤੇ 100 ਦਿਨਾਂ ਦੇ ਅੰਦਰ ਨਗਰ ਨਿਗਮਾਂ ਤੇ ਪੰਚਾਇਤਾਂ ਦੀਆਂ ਚੋਣਾਂ। ਕਮੇਟੀ ਦਾ ਦਾਅਵਾ ਹੈ ਕਿ ਇਸ ਨਾਲ ਦੇਸ਼ ਭਰ ਵਿੱਚ ਇੱਕੋ ਹੀ ਵੋਟਰ ਸੂਚੀ ਹੋਵੇਗੀ ਅਤੇ ਖਜ਼ਾਨੇ ਦੇ ਪੈਸੇ ਦੀ ਬੱਚਤ ਹੋਵੇਗੀ। ਕਮੇਟੀ ਨੇ 20,000 ਤੋਂ ਵੱਧ ਸੁਝਾਅ ਪ੍ਰਾਪਤ ਹੋਣ ਦਾ ਦਾਅਵਾ ਵੀ ਕੀਤਾ, ਪਰ ਆਲੋਚਕਾਂ ਅਨੁਸਾਰ ਇਹ ਸਮੁੱਚੀ ਪ੍ਰਕਿਰਿਆ ਵਿਆਪਕ ਜਨ-ਭਾਗੀਦਾਰੀ ਤੋਂ ਬਿਨਾਂ ਮਹਿਜ਼ ਇੱਕਤਰਫ਼ਾ ਰਹੀ।

ਦੇਸ਼ ਭਰ ਵਿੱਚ ਇੱਕੋ ਸਮੇਂ ਚੋਣਾਂ ਕਰਵਾਉਣ ਲਈ ਕਰੋੜਾਂ ਦੀ ਗਿਣਤੀ ਵਿੱਚ ਨਵੀਆਂ ਈ ਵੀ ਐੱਮ ਅਤੇ ਵੀ ਵੀ ਪੀ ਏ ਟੀ ਮਸ਼ੀਨਾਂ ਦੀ ਲੋੜ ਪਵੇਗੀ। ਇਹਨਾਂ ਮਸ਼ੀਨਾਂ ਦੀ ਖਰੀਦਦਾਰੀ ਅਤੇ ਹਰ 15-20 ਸਾਲਾਂ ਬਾਅਦ ਇਹਨਾਂ ਨੂੰ ਬਦਲਣ 'ਤੇ ਸਰਕਾਰੀ ਖਜ਼ਾਨੇ 'ਤੇ ਅਰਬਾਂ ਰੁਪਏ ਦਾ ਵਾਧੂ ਬੋਝ ਪਵੇਗਾ, ਜੋ ਬਚਤ ਦੇ ਦਾਅਵੇ ਨੂੰ ਨਕਾਰਦਾ ਹੈ।

ਇੱਕੋ ਸਮੇਂ ਪੂਰੇ ਦੇਸ਼ ਵਿੱਚ ਚੋਣਾਂ ਕਰਵਾਉਣ ਲਈ ਕੇਂਦਰੀ ਵਿਧਾਨਿਕ ਅਤੇ ਸੁਰੱਖਿਆ ਬਲਾਂ ਦੀ ਬਹੁਤ ਵੱਡੀ ਗਿਣਤੀ ਵਿੱਚ ਤੈਨਾਤੀ ਕਰਨੀ ਪਵੇਗੀ। ਇਸ ਨਾਲ ਦੇਸ਼ ਦੀਆਂ ਸਰਹੱਦਾਂ ਅਤੇ ਅੰਦਰੂਨੀ ਸੁਰੱਖਿਆ ਨਾਲ ਸਮਝੌਤਾ ਹੋਣ ਦਾ ਖਤਰਾ ਬਣਿਆ ਰਹੇਗਾ।

ਵੱਖ-ਵੱਖ ਸਮਿਆਂ 'ਤੇ ਹੁੰਦੀਆਂ ਚੋਣਾਂ ਸਰਕਾਰ ਨੂੰ ਆਮ ਜਨਤਾ ਅਤੇ ਸਥਾਨਕ ਮੁੱਦਿਆਂ ਪ੍ਰਤੀ ਲਗਾਤਾਰ ਜਵਾਬਦੇਹ ਰੱਖਦੀਆਂ ਹਨ। ਜੇਕਰ ਚੋਣਾਂ 5 ਸਾਲਾਂ ਵਿੱਚ ਸਿਰਫ਼ ਇੱਕ ਵਾਰ ਹੀ ਹੋਣਗੀਆਂ, ਤਾਂ ਚੁਣੀਆਂ ਹੋਈਆਂ ਸਰਕਾਰਾਂ ਪੰਜ ਸਾਲਾਂ ਲਈ ਜਨਤਕ ਸਮੱਸਿਆਵਾਂ ਅਤੇ ਮਹਿੰਗਾਈ ਵਰਗੇ ਮੁੱਦਿਆਂ ਤੋਂ ਬੇਫ਼ਿਕਰ ਹੋ ਕੇ ਮਨਮਰਜ਼ੀ ਕਰਨ ਲੱਗ ਪੈਣਗੀਆਂ।

ਇਤਿਹਾਸਕ ਤੌਰ 'ਤੇ 1951-52 ਤੋਂ 1967 ਤੱਕ ਦੇਸ਼ ਵਿੱਚ ਲੋਕ ਸਭਾ ਤੇ ਵਿਧਾਨ ਸਭਾਵਾਂ ਦੀਆਂ ਚੋਣਾਂ ਇੱਕੋ ਸਮੇਂ ਹੁੰਦੀਆਂ ਸਨ, ਪਰ 1960 ਦੇ ਦਹਾਕੇ ਦੇ ਅਖੀਰ ਵਿੱਚ ਕਈ ਰਾਜਾਂ ਵਿੱਚ ਸਰਕਾਰਾਂ ਦੇ ਭੰਗ ਹੋਣ ਨਾਲ ਇਹ ਸਿਲਸਿਲਾ ਟੁੱਟ ਗਿਆ ਸੀ। ਅੱਜ ਭਾਰਤ ਦੀ ਰਾਜਨੀਤਕ ਸਥਿਤੀ ਬਹੁਤ ਵੱਖਰੀ ਹੈ। ਰਾਸ਼ਟਰੀ ਚੋਣਾਂ ਦੇ ਮੁੱਦੇ (ਵਿਦੇਸ਼ ਨੀਤੀ, ਰਾਸ਼ਟਰੀ ਸੁਰੱਖਿਆ) ਅਤੇ ਰਾਜਾਂ ਦੀਆਂ ਚੋਣਾਂ ਦੇ ਮੁੱਦੇ (ਸਥਾਨਕ ਵਿਕਾਸ, ਰੋਜ਼ਗਾਰ) ਬਿਲਕੁਲ ਵੱਖਰੇ ਹੁੰਦੇ ਹਨ। ਇੱਕੋ ਸਮੇਂ ਚੋਣਾਂ ਕਰਵਾਉਣ ਨਾਲ ਰਾਸ਼ਟਰੀ ਮੁੱਦਿਆਂ ਦੀ ਲਹਿਰ ਹੇਠ ਖੇਤਰੀ ਪਾਰਟੀਆਂ ਅਤੇ ਸਥਾਨਕ ਸਮੱਸਿਆਵਾਂ ਦੱਬ ਕੇ ਰਹਿ ਜਾਣਗੀਆਂ।

ਇਸ ਤੋਂ ਵੀ ਵੱਡਾ ਦੁਖਾਂਤ ਇਹ ਹੈ ਕਿ ਹਿੰਦੁਸਤਾਨ ਦੀ ਸਰਕਾਰ ਨੇ ਸਿੱਖਿਆ ਸੁਧਾਰਾਂ ਦੀਆਂ ਗੱਲਾਂ ਕਰਨ ਲਈ 'ਜੈਨ-ਜ਼ੈੱਡ' ਦੇ ਬਿੱਲ 'ਤੇ ਕਾਨੂੰਨ ਤਾਂ ਬਣਾ ਦਿੱਤੇ, ਪਰ ਸਿੱਖਿਆ ਦੇ ਵਿੱਚ ਸਹੀ ਢੰਗ ਨਾਲ ਜਿਹੜੀ ਤਬਦੀਲੀ ਲਿਆਉਣੀ ਸੀ, ਉਹਦੀ ਕੋਈ ਗੱਲ ਨਹੀਂ ਕੀਤੀ। ਇਹ ਸੱਤਾਧਾਰੀ ਧਿਰ ਜਲ, ਜੰਗਲ ਅਤੇ ਜ਼ਮੀਨ ਦੇ ਮੁੱਦਿਆਂ ਨੂੰ ਛੱਡੀ ਬੈਠੀ ਹੈ। ਯੇਲ ਯੂਨੀਵਰਸਿਟੀ ਦੇ 'ਵਾਤਾਵਰਨ ਪ੍ਰਦਰਸ਼ਨ ਸੂਚਕਾਂਕ' (ਈ ਪੀ ਆਈ) ਅਨੁਸਾਰ 180 ਦੇਸ਼ਾਂ ਦੀ ਸੂਚੀ ਵਿੱਚ ਭਾਰਤ ਹੇਠਲੇ 176ਵੇਂ ਦਰਜੇ ਉੱਤੇ ਹੈ। 'ਵੰਦੇ ਮਾਤਰਮ' ਵਿੱਚ ਜਿਨ੍ਹਾਂ ਨਦੀਆਂ, ਹਵਾਵਾਂ ਅਤੇ ਹਰਿਆਵਲ ਦਾ ਗੁਣਗਾਣ ਕੀਤਾ ਜਾਂਦਾ ਹੈ, ਅੱਜ ਸਾਡੇ ਸ਼ਹਿਰ, ਪਿੰਡ ਅਤੇ ਨਦੀਆਂ ਜ਼ਹਿਰੀਲੀਆਂ ਹੋ ਚੁੱਕੀਆਂ ਹਨ, ਉਸ ਪ੍ਰਤੀ ਸਰਕਾਰ ਕਦੇ ਵੀ ਸੰਜੀਦਾ ਨਹੀਂ।

ਨਿਰਸੰਦੇਹ, ਲੋਕਤੰਤਰ ਦੀ ਅਸਲੀ ਮਜ਼ਬੂਤੀ ਚੋਣਾਂ ਦੀ ਤਰੀਕ ਜਾਂ ਕੈਲੰਡਰ ਬਦਲਣ ਨਾਲ ਨਹੀਂ, ਸਗੋਂ ਰਾਜਨੀਤੀ ਵਿੱਚੋਂ ਧਨ-ਬਲ ਤੇ ਅਪਰਾਧ ਨੂੰ ਬਾਹਰ ਕੱਢਣ, ਸੰਘੀ ਢਾਂਚੇ ਨੂੰ ਬਚਾਉਣ, ਖੇਤਰੀ ਆਵਾਜ਼ਾਂ ਦਾ ਸਤਿਕਾਰ ਕਰਨ ਅਤੇ ਆਮ ਨਾਗਰਿਕ ਨੂੰ ਇਨਸਾਫ਼ ਦੇਣ ਨਾਲ ਹੀ ਸੰਭਵ ਹੈ, ਪਰ ਜਦੋਂ ਲੋਕ ਹਿੱਤਾਂ ਦੇ ਉਲਟ ਕਾਨੂੰਨ ਬਣਨਗੇ, ਉਦੋਂ ਲੋਕਤੰਤਰ ਵੀ ਕਮਜ਼ੋਰ ਹੋਏਗਾ ਅਤੇ ਆਮ ਆਦਮੀ ਨਿਆਂ ਤੋਂ ਸੱਖਣਾ ਹੋਏਗਾ।

# ਸੰਪਰਕ : 98158-02070

# ਸੋਸ਼ਲ ਮੀਡੀਆ ਦੇ ਚਮਕਦੇ ਪਰਦੇ ਪਿੱਛੇ ਲੁਕੀ ਹਕੀਕਤ

ਅੱਜ ਦਾ ਯੁੱਗ ਸੋਸ਼ਲ ਮੀਡੀਆ ਦਾ ਯੁੱਗ ਹੈ। ਮੋਬਾਈਲ ਫ਼ੋਨ ਸਾਡੇ ਜੀਵਨ ਦਾ ਅਟੁੱਟ ਹਿੱਸਾ ਬਣ ਚੁੱਕਾ ਹੈ ਅਤੇ ਰੀਲਜ਼ ਨੇ ਖਾਸ ਕਰਕੇ ਨੌਜਵਾਨਾਂ ਅਤੇ ਵਿਦਿਆਰਥੀਆਂ ਦੀ ਰੋਜ਼ਮਰ੍ਹਾ ਜ਼ਿੰਦਗੀ ਉੱਤੇ ਡੂੰਘਾ ਪ੍ਰਭਾਵ ਪਾਇਆ ਹੈ। ਕੁਝ ਸਕਿੰਟਾਂ ਦੀ ਵੀਡੀਓ ਵਿੱਚ ਹਾਸਾ, ਮਨੋਰੰਜਨ, ਫੈਸ਼ਨ, ਯਾਤਰਾ, ਕਾਮਯਾਬੀ ਅਤੇ ਚਮਕ-ਦਮਕ ਦੀ ਅਜਿਹੀ ਦੁਨੀਆ ਦਿਖਾਈ ਜਾਂਦੀ ਹੈ ਕਿ ਅਸਲ ਜ਼ਿੰਦਗੀ ਕਈ ਵਾਰ ਫਿੱਕੀ ਲੱਗਣ ਲੱਗਦੀ ਹੈ, ਪਰ ਸਵਾਲ ਇਹ ਹੈ ਕਿ ਕੀ ਰੀਲਜ਼ ਵਿੱਚ ਦਿਖਾਈ ਦੇਣ ਵਾਲੀ ਜ਼ਿੰਦਗੀ ਹੀ ਅਸਲੀ ਜ਼ਿੰਦਗੀ ਹੈ?

**ਚਮਕਦੇ ਪਰਦੇ ਦੀ ਦੁਨੀਆ** : ਰੀਲਜ਼ ਵਿੱਚ ਹਰ ਚੀਜ਼ ਬਹੁਤ ਸੁੰਦਰ ਅਤੇ ਸੰਪੂਰਨ ਦਿਖਾਈ ਦਿੰਦੀ ਹੈ। ਮਹਿੰਗੀਆਂ ਗੱਡੀਆਂ, ਸ਼ਾਨਦਾਰ ਘਰ, ਖੂਬਸੂਰਤ ਯਾਤਰਾਵਾਂ, ਨਵੇਂ ਕੱਪੜੇ ਅਤੇ ਹਰ ਵੇਲੇ ਖੁਸ਼ ਦਿਖਾਈ ਦੇਣ ਵਾਲੇ ਚਿਹਰੇ—ਇਹ ਸਭ ਦੇਖ ਕੇ ਦਰਸ਼ਕ ਪ੍ਰਭਾਵਤ ਹੁੰਦਾ ਹੈ, ਪਰ ਇੱਕ ਛੋਟੀ ਜਿਹੀ ਵੀਡੀਓ ਦੇ ਪਿੱਛੇ ਅਕਸਰ ਬਹੁਤ ਸਾਰੀ ਤਿਆਰੀ, ਸੰਪਾਦਨ ਅਤੇ ਸਿਰਫ਼ ਚੁਣੇ ਹੋਏ ਪਲ ਹੁੰਦੇ ਹਨ। ਰੀਲ੍ਹ ਸਾਨੂੰ ਪੂਰੀ ਜ਼ਿੰਦਗੀ ਨਹੀਂ, ਸਗੋਂ ਜ਼ਿੰਦਗੀ ਦਾ ਚੁਣਿਆ ਹੋਇਆ ਇੱਕ ਛੋਟਾ ਜਿਹਾ ਦ੍ਰਿਸ਼ ਦਿਖਾਉਂਦੀ ਹੈ।

**ਅਸਲ ਜ਼ਿੰਦਗੀ ਦੀਆਂ ਆਪਣੀਆਂ ਚੁਣੌਤੀਆਂ**: ਅਸਲ ਜ਼ਿੰਦਗੀ ਵਿੱਚ ਹਰ ਦਿਨ ਇੱਕੋ ਜਿਹਾ ਨਹੀਂ ਹੁੰਦਾ। ਇੱਥੇ ਮਿਹਨਤ ਹੈ, ਸੰਘਰਸ਼ ਹੈ, ਜ਼ਿੰਮੇਵਾਰੀਆਂ ਹਨ ਅਤੇ ਕਈ ਮੁਸ਼ਕਲਾਂ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ। ਕਾਮਯਾਬੀ ਦੇ ਪਿੱਛੇ ਲੰਮੀ ਅਤੇ ਸਖਤ ਮਿਹਨਤ ਹੁੰਦੀ ਹੈ, ਪਰ ਰੀਲ੍ਹ ਵਿੱਚ ਅਕਸਰ ਸਿਰਫ਼ ਕਾਮਯਾਬੀ ਦਾ ਨਤੀਜਾ ਹੀ ਦਿਖਾਇਆ ਜਾਂਦਾ ਹੈ। ਇਸ ਕਾਰਨ ਕਈ ਲੋਕ ਆਪਣੀ ਅਸਲ ਜ਼ਿੰਦਗੀ ਦੀ ਤੁਲਨਾ ਦੂਜਿਆਂ ਦੀ ਚਮਕਦਾਰ ਆਨਲਾਈਨ ਜ਼ਿੰਦਗੀ ਨਾਲ ਕਰਨ ਲੱਗਦੇ ਹਨ।


ਸਿਮਰਨਜੀਤ ਕੌਰ

**ਨੌਜਵਾਨਾਂ ਉੱਤੇ ਵਧਦਾ ਪ੍ਰਭਾਵ**: ਰੀਲਜ਼ ਦਾ ਸਭ ਤੋਂ ਵੱਧ ਪ੍ਰਭਾਵ ਨੌਜਵਾਨ ਪੀੜ੍ਹੀ ਉੱਤੇ ਪੈ ਰਿਹਾ ਹੈ। ਨੌਜਵਾਨ ਵੱਧ ਤੋਂ ਵੱਧ ਵਿਊਜ਼, ਲਾਈਕਸ ਅਤੇ ਫਾਲੋਅਰਜ਼ ਪ੍ਰਾਪਤ ਕਰਨ ਦੀ ਦੌੜ ਵਿੱਚ ਲੱਗੇ ਹੋਏ ਹਨ।ਪ੍ਰਸਿੱਧੀ ਪ੍ਰਾਪਤ ਕਰਨ ਦੀ ਇੱਛਾ ਕਈ ਵਾਰ ਉਨ੍ਹਾਂ ਨੂੰ ਆਪਣੀ ਪੜ੍ਹਾਈ, ਪਰਵਾਰ ਅਤੇ ਅਸਲ ਜੀਵਨ ਦੀਆਂ ਜ਼ਿੰਮੇਵਾਰੀਆਂ ਤੋਂ ਦੂਰ ਕਰ ਸਕਦੀ ਹੈ।

ਰੀਲਜ਼ ਮਨੋਰੰਜਨ ਦਾ ਸਾਧਨ ਹਨ, ਪਰ ਜਦੋਂ ਇਹ ਸਮੇਂ ਅਤੇ ਧਿਆਨ ਉੱਤੇ ਹਾਵੀ ਹੋ ਜਾਣ ਤਾਂ ਸਮੱਸਿਆ ਪੈਦਾ ਹੁੰਦੀ ਹੈ। ਕੁਝ ਮਿੰਟਾਂ ਲਈ ਮੋਬਾਈਲ ਖੋਲ੍ਹਣ ਵਾਲਾ ਵਿਅਕਤੀ ਕਈ ਵਾਰ ਲਗਾਤਾਰ ਇੱਕ ਤੋਂ ਬਾਅਦ ਇੱਕ ਵੀਡੀਓ ਦੇਖਦਾ ਰਹਿੰਦਾ ਹੈ ਅਤੇ ਕੀਮਤੀ ਸਮਾਂ ਬੀਤ ਜਾਂਦਾ ਹੈ।

**ਲਾਈਕਸ ਦੀ ਦੌੜ ਅਤੇ ਅਸਲੀ ਪਹਿਚਾਣ**: ਅੱਜ ਕਈ ਲੋਕ ਆਪਣੀ ਖੁਸ਼ੀ ਨੂੰ ਲਾਈਕਸ ਅਤੇ ਵਿਊਜ਼ ਨਾਲ ਜੋੜਨ ਲੱਗ ਪਏ ਹਨ। ਜੇ ਕਿਸੇ ਰੀਲ੍ਹ ਨੂੰ ਵੱਧ ਪ੍ਰਤੀਕਿਰਿਆ ਮਿਲੇ ਤਾਂ ਖੁਸ਼ੀ ਅਤੇ ਘੱਟ ਮਿਲੇ ਤਾਂ ਨਿਰਾਸ਼ਾ—ਇਹ ਸੋਚ ਸਾਡੀ ਅਸਲ ਪਹਿਚਾਣ ਨੂੰ ਪ੍ਰਭਾਵਤ ਕਰ ਸਕਦੀ ਹੈ। ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਕਿਸੇ ਵਿਅਕਤੀ ਦੀ ਕੀਮਤ ਉਸ ਦੇ ਫਾਲੋਅਰਜ਼ ਦੀ ਗਿਣਤੀ ਨਾਲ ਨਹੀਂ, ਸਗੋਂ ਉਸ ਦੇ ਚਰਿੱਤਰ, ਗਿਆਨ, ਮਿਹਨਤ ਅਤੇ ਮਨੁੱਖੀ ਗੁਣਾਂ ਨਾਲ ਹੁੰਦੀ ਹੈ। ਅਸਲੀ ਜ਼ਿੰਦਗੀ ਵਿੱਚ ਸਾਡੀ ਪਹਿਚਾਣ ਸਾਡੇ ਕੰਮ ਬਣਾਉਂਦੇ ਹਨ, ਸਿਰਫ਼ ਸਾਡੀਆਂ ਵੀਡੀਓਜ਼ ਨਹੀਂ।

**ਰੀਲਜ਼ ਦੇ ਸਕਾਰਾਤਮਕ ਪੱਖ ਵੀ ਹਨ**: ਹਰ ਚੀਜ਼ ਦਾ ਇੱਕ ਦੂਜਾ ਪੱਖ ਵੀ ਹੁੰਦਾ ਹੈ। ਰੀਲਜ਼ ਸਿਰਫ਼ ਨੁਕਸਾਨਦਾਇਕ ਨਹੀਂ ਹਨ। ਇਨ੍ਹਾਂ ਰਾਹੀਂ ਸਿੱਖਿਆ, ਜਾਗਰੂਕਤਾ, ਕਲਾ, ਹੁਨਰ ਅਤੇ ਰਚਨਾਤਮਕਤਾ ਨੂੰ ਵੀ ਉਤਸ਼ਾਹ ਮਿਲ ਸਕਦਾ ਹੈ। ਇੱਕ ਅਧਿਆਪਕ ਛੋਟੀ ਵੀਡੀਓ ਰਾਹੀਂ ਵਿਦਿਆਰਥੀਆਂ ਨੂੰ ਔਖਾ ਵਿਸ਼ਾ ਆਸਾਨੀ ਨਾਲ ਸਮਝਾ ਸਕਦਾ ਹੈ। ਕੋਈ ਨੌਜਵਾਨ ਆਪਣਾ ਹੁਨਰ ਦੁਨੀਆ ਸਾਹਮਣੇ ਪੇਸ਼ ਕਰ ਸਕਦਾ ਹੈ। ਸਮਾਜਿਕ ਅਤੇ ਵਾਤਾਵਰਣਕ ਮੁੱਦਿਆਂ ਬਾਰੇ ਵੀ ਜਾਗਰੂਕਤਾ ਫੈਲਾਈ ਜਾ ਸਕਦੀ ਹੈ।

**ਡਿਜੀਟਲ ਦੁਨੀਆ ਅਤੇ ਅਸਲ ਰਿਸ਼ਤੇ**: ਸਾਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਮੋਬਾਈਲ ਦੀ ਸਕਰੀਨ ਤੋਂ ਬਾਹਰ ਵੀ ਇੱਕ ਸੁੰਦਰ ਦੁਨੀਆ ਹੈ। ਪਰਿਵਾਰ ਨਾਲ ਗੱਲਬਾਤ, ਦੋਸਤਾਂ ਨਾਲ ਸੱਚੀ ਸਾਂਝ, ਕਿਤਾਬਾਂ ਪੜ੍ਹਨਾ, ਖੇਡਾਂ ਅਤੇ ਆਪਣੇ ਸੁਪਨਿਆਂ ਲਈ ਮਿਹਨਤ ਕਰਨਾ—ਇਹੀ ਅਸਲ ਜੀਵਨ ਦੇ ਕੀਮਤੀ ਪਲ ਹਨ।

ਰੀਲਜ਼ ਦੀ ਦੁਨੀਆ ਰੰਗੀਨ ਅਤੇ ਆਕਰਸ਼ਕ ਹੈ, ਪਰ ਅਸਲ ਜ਼ਿੰਦਗੀ ਦੀ ਸੁੰਦਰਤਾ ਇਸ ਦੀ ਸੱਚਾਈ ਵਿੱਚ ਹੈ। ਸਕਰੀਨ ਉੱਤੇ ਦਿਖਾਈ ਦੇਣ ਵਾਲੇ ਕੁਝ ਸਕਿੰਟਾਂ ਨੂੰ ਪੂਰੀ ਹਕੀਕਤ ਮੰਨਣਾ ਠੀਕ ਨਹੀਂ। ਸਾਨੂੰ ਰੀਲਜ਼ ਦੇਖਣੀਆਂ ਚਾਹੀਦੀਆਂ ਹਨ, ਸਿੱਖਣਾ ਵੀ ਚਾਹੀਦਾ ਹੈ ਅਤੇ ਮਨੋਰੰਜਨ ਵੀ ਕਰਨਾ ਚਾਹੀਦਾ ਹੈ, ਪਰ ਆਪਣੀ ਅਸਲ ਜ਼ਿੰਦਗੀ ਦੇ ਟੀਚਿਆਂ, ਰਿਸ਼ਤਿਆਂ ਅਤੇ ਜ਼ਿੰਮੇਵਾਰੀਆਂ ਨੂੰ ਪਹਿਲ ਦੇਣੀ ਚਾਹੀਦੀ ਹੈ।

ਰੀਲਜ਼ ਕੁਝ ਪਲਾਂ ਲਈ ਸਾਡਾ ਧਿਆਨ ਖਿੱਚ ਸਕਦੀਆਂ ਹਨ, ਪਰ ਅਸਲ ਜ਼ਿੰਦਗੀ ਉਹ ਕਹਾਣੀ ਹੈ, ਜਿਸ ਨੂੰ ਸਾਨੂੰ ਹਰ ਰੋਜ਼ ਆਪਣੀ ਮਿਹਨਤ ਅਤੇ ਚੰਗੇ ਕਰਮਾਂ ਨਾਲ ਲਿਖਣਾ ਹੁੰਦਾ ਹੈ।

ਸ਼ਹੀਦੀ ਦਿਵਸ 'ਤੇ ਵਿਸ਼ੇਸ਼

# ਜਦੋਂ ਦੇਸ਼ ਭਗਤ ਪੰਜਾਬੀ ਸਿਪਾਹੀ ਫਾਂਸੀ ਦੇ ਤਖਤੇ 'ਤੇ ਚੜ੍ਹੇ

ਪਿਰਥੀਪਾਲ ਸਿੰਘ ਮਾੜੀਮੇਘਾ


ਗਦਰੀ ਸ਼ਹੀਦ ਬੁੱਧ ਸਿੰਘ ਪਿੰਡ ਢੋਟੀਆਂ (ਤਰਨ ਤਾਰਨ) | ਗਦਰੀ ਸ਼ਹੀਦ ਇੰਦਰ ਸਿੰਘ ਪਿੰਡ ਜਿਓਵਾਲਾ (ਤਰਨ ਤਾਰਨ) | ਗ਼ਦਰੀ ਸੁੱਚਾ ਸਿੰਘ ਪਿੰਡ ਚੋਹਲਾ ਸਾਹਿਬ (ਤਰਨ ਤਾਰਨ) | ਗਦਰੀ ਸ਼ਹੀਦ ਇੰਦਰ ਸਿੰਘ ਸ਼ਾਹਬਾਜਪੁਰ (ਤਰਨ ਤਾਰਨ) | ਗਦਰੀ ਸ਼ਹੀਦ ਅਬਦੁੱਲਾ ਨਾਹਲਬੰਦ ਸਿੰਘ ਪਿੰਡ ਢੋਟੀਆਂ (ਤਰਨ ਤਾਰਨ) | ਗਦਰੀ ਸ਼ਹੀਦ ਲਛਮਣ ਸਿੰਘ ਪਿੰਡ ਚੂਸਲੇਵੜ (ਤਰਨ ਤਾਰਨ) | ਗਦਰੀ ਸ਼ਹੀਦ ਬੂਟਾ ਸਿੰਘ ਪਿੰਡ ਕਸੇਲ (ਤਰਨ ਤਾਰਨ)


ਗਦਰੀ ਸ਼ਹੀਦ ਦਫੇਦਾਰ ਤਾਰਾ ਸਿੰਘ ਪਿੰਡ ਰੂੜੀਵਾਲਾ (ਤਰਨ ਤਾਰਨ) | ਗਦਰੀ ਸ਼ਹੀਦ ਭਗਤ ਸਿੰਘ ਪਿੰਡ ਰੂੜੀਵਾਲਾ (ਤਰਨ ਤਾਰਨ) | ਗਦਰੀ ਸ਼ਹੀਦ ਵਧਾਵਾ ਸਿੰਘ ਪਿੰਡ ਰੂੜੀਵਾਲਾ (ਤਰਨ ਤਾਰਨ) | ਗਦਰੀ ਸ਼ਹੀਦ ਮੋਤਾ ਸਿੰਘ ਪਿੰਡ ਰੂੜੀਵਾਲਾ (ਤਰਨ ਤਾਰਨ) | ਚੰਨਣ ਸਿੰਘ ਕਸੇਲ ਉਮਰ ਕੈਦ | ਕੇਹਰ ਸਿੰਘ ਢੋਟੀਆਂ ਉਮਰ ਕੈਦ | ਗਦਰੀ ਮਦਨ ਸਿੰਘ ਗਾਗਾ

3 ਸਤੰਬਰ ਦਾ ਇਤਿਹਾਸਕ ਦਿਹਾੜਾ ਮੁੱਖ ਤੌਰ 'ਤੇ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਰੂੜੀਵਾਲਾ, ਚੂਸਲੇਵੜ ਅਤੇ ਮੀਆਂ ਮੀਰ ਛਾਉਣੀ ਲਾਹੌਰ ਨਾਲ ਜੁੜਿਆ ਹੋਇਆ ਹੈ। ਅੰਗਰੇਜ਼ ਹਾਕਮਾਂ ਨੇ ਇਸ ਦਿਨ ਮੀਆਂ ਮੀਰ ਛਾਉਣੀ ਦੇ 12 ਪੰਜਾਬੀ ਸਿਪਾਹੀਆਂ ਨੂੰ ਫਾਂਸੀ ਦੇ ਤਖ਼ਤੇ ਤੇ ਚਾੜ੍ਹ ਕੇ ਮੌਤ ਦੇ ਘਾਟ ਉਤਾਰਿਆ ਸੀ।

ਅੰਗਰੇਜ਼ੀ ਰਾਜ ਸਮੇਂ ਪੰਜਾਬ ਦੀ 70 ਤੋਂ 75 ਫੀਸਦੀ ਵਸੋਂ ਗਰੀਬ ਹੋਣ ਕਰਕੇ ਉਸ ਨੂੰ ਮਜਬੂਰੀਵੱਸ ਫੌਜ ਵਿੱਚ ਭਰਤੀ ਹੋਣਾ ਪੈਂਦਾ ਸੀ। ਦੂਜੇ ਪਾਸੇ ਅੰਗਰੇਜ਼ ਵੀ ਆਪਣੀ ਫੌਜੀ ਘਾਟ ਨੂੰ ਪੂਰਿਆਂ ਕਰਨ ਲਈ ਪੰਜਾਬ ਦੇ ਨੌਜਵਾਨਾਂ ਨੂੰ ਜ਼ਬਰਦਸਤੀ ਫੌਜ ਵਿੱਚ ਭਰਤੀ ਕਰਦੇ ਸਨ। ਅੰਗਰੇਜ਼ ਪੰਜਾਬੀਆਂ ਨੂੰ ਗਰੀਬ ਇਸ ਕਰਕੇ ਰੱਖਦੇ ਸਨ ਕਿ ਉਹ ਭੁੱਖੇ ਮਰਦੇ ਫੌਜ ਵਿੱਚ ਭਰਤੀ ਹੋਣ। ਉਸ ਵੇਲੇ ਹਿੰਦੁਸਤਾਨ ਦੀ ਵਸੋਂ ਦਾ ਤੇਰ੍ਹਵਾਂ ਹਿੱਸਾ ਸੀ, ਜਦੋਂ ਕਿ ਹਿੰਦ ਦੀ ਫੌਜ ਵਿੱਚ ਭਰਤੀ 60 ਫੀਸਦੀ ਸੀ।

ਅੰਗਰੇਜ਼ ਹਾਕਮਾਂ ਦੀ ਏਨੀ ਜ਼ਾਲਮ ਨੀਤੀ ਸੀ ਕਿ ਸੰਸਾਰ ਜੰਗਾਂ ਦੇ ਮੈਦਾਨ ਵਿੱਚ ਅੰਗਰੇਜ਼ ਪੰਜਾਬੀ ਸਿਪਾਹੀਆਂ ਨੂੰ ਅੱਗੇ ਰੱਖਦੇ ਸਨ। ਇਸ ਹਾਲਤ ਵਿੱਚ ਜੇ ਸਿਪਾਹੀ ਅੱਗੇ ਵਧਦੇ ਤਾਂ ਫਿਰ ਵੀ ਮੌਤ ਅਤੇ ਜੇ ਪਿੱਛੇ ਹਟਦੇ ਤਾਂ ਅੰਗਰੇਜ ਸਿਪਾਹੀ ਗੋਲੀਆਂ ਮਾਰਦੇ ਸਨ। ਹਕੀਕਤ ਇਹ ਹੈ ਕਿ ਅੰਗਰੇਜ਼ਾਂ ਨੇ ਪੰਜਾਬੀਆਂ ਨੂੰ ਗੁਲਾਮਾਂ ਦੀ ਤਰ੍ਹਾਂ ਫੌਜ ਵਿੱਚ ਭਰਤੀ ਕਰਕੇ ਰੱਖਿਆ ਹੋਇਆ ਸੀ। ਇਨਾਂ ਗੁਲਾਮਾਂ ਨੂੰ ਅੰਗਰੇਜ਼ ਜੰਗਾਂ ਵਿੱਚ ਆਪਣੇ ਸਾਮਰਾਜ ਦੇ ਬਚਾਅ ਲਈ ਵਰਤਦੇ ਸਨ।

ਗਦਰ ਪਾਰਟੀ ਨੇ ਹਿੰਦੁਸਤਾਨ ਨੂੰ ਅੰਗਰੇਜ਼ਾਂ ਤੋਂ ਮੁਕਤ ਕਰਾਉਣ ਲਈ ਹਥਿਆਰਬੰਦ ਸੰਘਰਸ਼ ਵਾਸਤੇ ਪੰਜਾਬੀ ਤੇ ਹਿੰਦੀ ਸਿਪਾਹੀਆਂ ਨੂੰ ਚੁਣਿਆ। ਜਦੋਂ ਗਦਰੀ ਵਿਦੇਸ਼ਾਂ ਵਿੱਚੋਂ ਵਹੀਰਾਂ ਘੱਤ ਕੇ ਹਿੰਦੁਸਤਾਨ ਆਏ ਤੇ ਉਨ੍ਹਾਂ ਨੂੰ ਹੁਕਮ ਸੀ ਕਿ ਦੇਸ਼ ਜਾ ਕੇ ਫੌਜਾਂ ਵਿੱਚ ਵੜ ਜਾਓ। ਇਸ ਫੈਸਲੇ ਦੇ ਮੱਦੇਨਜ਼ਰ ਗਦਰੀ ਕਾਲਾ ਸਿੰਘ ਜਗਤਪੁਰ ਅਤੇ ਬਲਵੰਤ ਸਿੰਘ ਮਾਦੋਕੀ ਬਰਾੜ ਤਾਂ ਫੌਜ ਵਿੱਚ ਹੀ ਭਰਤੀ ਹੋ ਗਏ। ਭਾਈ ਪ੍ਰੇਮ ਸਿੰਘ ਪਿੰਡ ਸੁਰਸਿੰਘ ਨੇ ਮੀਆਂ ਮੀਰ ਛਾਉਣੀ ਲਾਹੌਰ ਦੀ ਜ਼ਿੰਮੇਵਾਰੀ ਸੰਭਾਲ ਲਈ। ਇਸੇ ਤਰ੍ਹਾਂ ਹਿਰਦੇ ਰਾਮ ਜਲੰਧਰ, ਕਰਤਾਰ ਸਿੰਘ ਸਰਾਭਾ ਫ਼ਿਰੋਜ਼ਪੁਰ, ਭਾਈ ਹਰਨਾਮ ਸਿੰਘ ਕਹੂਟਾ ਜੇਹਲਮ, ਰਾਵਲਪਿੰਡੀ, ਪਿਸ਼ਾਵਰ ਤੇ ਹੋਤੀ ਮਰਦਾਨ, ਭਾਈ ਪਿਆਰਾ ਸਿੰਘ ਲੰਗੇਰੀ ਨੂੰ ਬੰਨੂੰ ਤੇ ਕੋਹਾਟ ਅਤੇ ਵਿਸ਼ਨੂੰ ਗਣੇਸ਼ ਪਿੰਗਲੇ ਨੂੰ ਮੇਰਠ ਦੀ ਜ਼ਿੰਮੇਵਾਰੀ ਦਿੱਤੀ ਗਈ। ਕਰਤਾਰ ਸਿੰਘ ਸਰਾਭਾ ਤਾਂ ਫਿਰੋਜ਼ਪੁਰ ਤੋਂ ਇਲਾਵਾ ਅੰਬਾਲਾ, ਮੇਰਠ, ਕਾਨਪੁਰ,ਆਗਰਾ, ਅਲਾਹਾਬਾਦ, ਦੀਨਾਪੁਰ, ਬਨਾਰਸ, ਲਖਨਊ ਅਤੇ ਫੈਜ਼ਾਬਾਦ ਛਾਉਣੀਆਂ ਤੱਕ ਪਹੁੰਚ ਜਾਂਦਾ ਸੀ।

ਮੀਆਂ ਮੀਰ ਛਾਉਣੀ ਹਿੰਦੁਸਤਾਨ ਦੀਆਂ ਨੌਂ ਡਵੀਜ਼ਨਾਂ ਵਿੱਚੋਂ ਇੱਕ ਡਵੀਜ਼ਨ ਹੈੱਡਕੁਆਰਟਰ ਸੀ। ਪੰਜਾਬ ਦੀਆਂ ਸਾਰੀਆਂ ਛਾਉਣੀਆਂ ਇਸ ਦੇ ਅਧੀਨ ਸਨ। ਗ਼ਦਰੀਆਂ ਦਾ ਫੈਸਲਾ ਬੜਾ ਸੂਝ ਵਾਲਾ ਸੀ ਕਿ ਮੀਆਂ ਮੀਰ ਤੋਂ ਬਗਾਵਤ ਸ਼ੁਰੂ ਹੋਣ ਨਾਲ ਸਾਰੇ ਪੰਜਾਬ ਦੀਆਂ ਛਾਉਣੀਆਂ ਵਿੱਚ ਬਗਾਵਤ ਅੱਗ ਦੇ ਭੰਬਾਕੇ ਵਾਂਗੂੰ ਫੈਲ ਜਾਵੇਗੀ। ਉਸ ਵੇਲੇ ਮਾਝੇ ਦੇ ਪਿੰਡਾਂ ਵਿੱਚ ਗਦਰੀਆਂ ਦਾ ਪ੍ਰਚਾਰ ਵੀ ਸਿਖਰਾਂ 'ਤੇ ਸੀ ਅਤੇ ਰਸਾਲੇ ਵਿੱਚ ਜ਼ਿਆਦਾ ਸਿਪਾਹੀ ਵੀ ਮਾਝੇ ਦੇ ਸਨ।

ਰਸਾਲੇ ਦਾ ਇੱਕ ਸਿਪਾਹੀ ਸੁੱਚਾ ਸਿੰਘ ਚੋਹਲਾ ਸਾਹਿਬ ਗ਼ਦਰੀਆਂ ਦੇ ਰੰਗ ਵਿੱਚ ਏਨਾ ਰੰਗਿਆ ਹੋਇਆ ਸੀ ਕਿ ਉਹ ਆਪਣੇ ਅਫਸਰਾਂ ਨੂੰ ਭਲੇਖਾ ਪਾ ਕੇ ਆਮ ਹੀ ਛੁੱਟੀ ਲੈ ਲੈਂਦਾ ਤੇ ਗ਼ਦਰੀਆਂ ਨੂੰ ਆਣ ਮਿਲਦਾ।ਉਸ ਨੇ ਦਫੇਦਾਰ ਲਛਮਣ ਸਿੰਘ ਚੂਸਲੇਵੜ ਨੂੰ ਗਦਰ ਪਾਰਟੀ ਦੀ ਸਾਰੀ ਯੋਜਨਾ ਦੱਸੀ। ਦੋਹਾਂ ਨੇ ਸਲਾਹ ਕਰਕੇ ਗਦਰੀ ਪ੍ਰੇਮ ਸਿੰਘ ਪਿੰਡ ਸੁਰਸਿੰਘ ਦੀ ਛਾਉਣੀ ਵਿੱਚ ਮੀਟਿੰਗ ਕਰਾਈ ਤੇ ਸਿਪਾਹੀ ਗਦਰ ਵਿੱਚ ਹਿੱਸਾ ਲੈਣ ਲਈ ਤਿਆਰ ਹੋ ਗਏ। ਭਾਈ ਪ੍ਰੇਮ ਸਿੰਘ ਨੇ ਛਾਉਣੀ ਦੇ ਨਜ਼ਦੀਕ ਮਦਨ ਸਿੰਘ ਗਾਗੇ ਦੀ ਤਰਖਾਣਾ ਦੁਕਾਨ ਨੂੰ ਫੌਜੀਆਂ ਨਾਲ ਗੱਲਬਾਤ ਕਰਨ ਲਈ ਗੁਪਤ ਅੱਡਾ ਬਣਾਇਆ ਹੋਇਆ ਸੀ।

ਗ਼ਦਰੀਆਂ ਦਾ ਪੰਜਾਬ ਵਿੱਚ ਸਭ ਤੋਂ ਮਜ਼ਬੂਤ ਅੱਡਾ ਗੁਰਦੁਆਰਾ ਝਾੜ ਸਾਹਿਬ ਨੇੜੇ ਸ਼ਾਹਬਾਜ਼ਪੁਰ ਸੀ। ਗੁਰਦੁਆਰੇ ਦੇ ਸੰਤ ਬਾਬਾ ਬੋਘ ਸਿੰਘ, ਸੰਤ ਬਾਬਾ ਜੱਸਾ ਸਿੰਘ ਅਤੇ ਮਾਤਾ ਜਸ ਕੌਰ ਗਦਰ ਪਾਰਟੀ ਦੇ ਪੂਰਨ ਸਹਿਯੋਗੀ ਸਨ। ਇਸੇ ਕਰਕੇ ਹੀ ਇਨ੍ਹਾਂ ਤਿੰਨਾਂ ਨੂੰ ਅੰਗਰੇਜ਼ਾਂ ਦਾ ਕਾਹਿਰ ਝੱਲਣਾ ਪਿਆ ਸੀ। ਗਦਰੀਆਂ ਨੇ 23 ਨਵੰਬਰ 1914 ਨੂੰ ਝਾੜ ਸਾਹਿਬ ਵਿਖੇ ਇਕੱਠ ਕਰਕੇ ਫੈਸਲਾ ਕਰ ਲਿਆ ਕਿ 26 ਨਵੰਬਰ 1914 ਨੂੰ ਮੀਆਂ ਮੀਰ ਛਾਉਣੀ ਦੇ ਸਿਪਾਹੀ ਬਗਾਵਤ ਕਰਕੇ ਹਥਿਆਰਾਂ ਅਤੇ ਘੋੜਿਆਂ ਸਮੇਤ ਝਾੜ ਸਾਹਿਬ ਆਉਣਗੇ ਅਤੇ ਇਥੋਂ ਅੱਗੇ ਪਿੰਡਾਂ ਵਿਚੋਂ ਲੋਕਾਂ ਨੂੰ ਨਾਲ ਲੈ ਕੇ ਲਾਹੌਰ ਵਿਖੇ ਗਵਰਨਰ ਦੀ ਕੋਠੀ 'ਤੇ ਹਿੰਦੁਸਤਾਨ ਦੀ ਆਜ਼ਾਦੀ ਦਾ ਝੰਡਾ ਚਾੜ੍ਹ ਕੇ ਆਜ਼ਾਦੀ ਦੀ ਜੰਗ ਸ਼ੁਰੂ ਕਰ ਦਿੱਤੀ ਜਾਵੇਗੀ।

ਗਦਰੀ ਤਾਂ ਝਾੜ ਸਾਹਿਬ ਵਿਖੇ ਇਕੱਠੇ ਹੋ ਗਏ, ਪਰ ਸਿਪਾਹੀ ਨਾ ਆਏ। ਗਦਰੀ ਉਡੀਕ ਕੇ ਆਪਣੇ ਟਿਕਾਣਿਆਂ 'ਤੇ ਪਹੁੰਚ ਗਏ। ਇਹ ਪ੍ਰੋਗਰਾਮ ਇਸ ਕਰਕੇ ਨੇਪਰੇ ਨਾ ਚੜ੍ਹਿਆ ਕਿ ਸਿਪਾਹੀ ਛਾਉਣੀ ਵਿੱਚ ਹਥਿਆਰ ਤੇ ਘੋੜੇ ਲੈ ਕੇ ਇਕੱਠੇ ਹੋ ਗਏ, ਪਰ ਮੌਕੇ 'ਤੇ ਗੁਰਦੁਆਰੇ ਦੇ ਗਰੰਥੀ ਨੇ ਉਨ੍ਹਾਂ ਨੂੰ ਇਹ ਕਹਿ ਕੇ ਉਲਝਾ ਦਿੱਤਾ ਕਿ ਪਤਾ ਨਹੀਂ ਗਦਰੀ ਉਥੇ ਆਏ ਆ ਕੇ ਨਹੀਂ, ਤੁਸੀਂ ਐਵੇਂ ਹੀ ਆਪਣਾ ਨੁਕਸਾਨ ਕਰਾ ਲਵੋਗੇ। ਇਹ ਸੁਣ ਕੇ ਬਹੁਤੇ ਸਿਪਾਹੀ ਤਾਂ ਆਪਣੀਆਂ ਬੈਰਕਾਂ ਵਿੱਚ ਵਾਪਸ ਚਲੇ ਗਏ, ਪਰ ਚਾਰ ਸਿਪਾਹੀ ਸੁੱਚਾ ਸਿੰਘ, ਮਹਾਰਾਜ ਸਿੰਘ ਕਸੇਲ, ਚੰਨਣ ਸਿੰਘ ਤੇ ਸੁਰਾਇਣ ਸਿੰਘ ਘੋੜਿਆਂ ਸਮੇਤ ਝਾੜ ਸਾਹਿਬ ਪਹੁੰਚ ਗਏ ਪਰ ਗਦਰੀ ਉਥੋਂ ਜਾ ਚੁੱਕੇ ਸਨ। ਚੰਨਣ ਸਿੰਘ ਤਾਂ ਵਾਪਸ ਚਲੇ ਗਿਆ ਤੇ ਬਾਕੀ ਤਿੰਨੇ ਗ਼ਦਰੀਆਂ ਨੂੰ ਲੱਭਣ ਤੁਰ ਪਏ। ਇਨਾਂ ਤਿੰਨਾਂ ਨੂੰ ਹਕੂਮਤ ਨੇ ਗ੍ਰਿਫਤਾਰ ਕਰ ਲਿਆ। ਗ਼ਦਰੀਆਂ ਦੀ ਗਦਰ ਦੀ ਪਹਿਲੀ ਯੋਜਨਾ ਅਸਫਲ ਹੋ ਗਈ।

ਅੰਗਰੇਜ਼ ਹਾਕਮਾਂ ਨੂੰ ਸੂਹ ਮਿਲ ਗਈ ਕਿ ਸਿਪਾਹੀ ਗ਼ਦਰੀਆਂ ਨਾਲ ਮਿਲੇ ਹੋਏ ਹਨ, ਪਰ ਇਹ ਨਹੀਂ ਸੀ ਪਤਾ ਕਿ ਕਿਹੜੇ ਸਿਪਾਹੀ ਗ਼ਦਰੀਆਂ ਨਾਲ ਮਿਲੇ ਹਨ। ਰਸਾਲੇ ਨੂੰ ਅਪ੍ਰੈਲ 1915 ਵਿੱਚ ਹੁਕਮ ਹੋ ਗਿਆ ਕਿ ਉਨ੍ਹਾਂ ਨੂੰ ਵਿਸ਼ਵ ਜੰਗ ਦੇ ਮੋਰਚੇ ਵਿੱਚ ਭੇਜਣਾ ਹੈ, ਇਸ ਲਈ ਉਹ ਆਪਣਾ ਸਮਾਨ ਸਾਂਭ ਲੈਣ। ਦਫੇਦਾਰ ਵਿਸਾਵਾ ਸਿੰਘ ਤੇ ਪੂਰਨ ਸਿੰਘ ਨੇ ਆਪਣੇ ਸਾਮਾਨ ਵਿੱਚ ਬੰਬ ਲੁਕਾ ਲਏ। ਰਸਾਲਾ ਲਾਹੌਰ ਤੋਂ ਹਰਪਾਲਪੁਰ ਸਟੇਸ਼ਨ 'ਤੇ ਪਹੁੰਚ ਗਿਆ। ਇਥੋਂ ਅੱਗੇ ਨਗਾਉਂ ਛਾਉਣੀ ਜਾਣ ਲਈ ਫੌਜੀਆਂ ਦਾ ਸਮਾਨ ਗੱਡਿਆਂ 'ਤੇ ਲੱਦਿਆ ਜਾ ਰਿਹਾ ਸੀ ਤੇ ਵਿਸਾਵਾ ਸਿੰਘ ਦਾ ਬਕਸਾ ਡਿਗਣ ਨਾਲ ਬੰਬ ਚੱਲ ਗਿਆ ਤੇ ਪੰਜ ਜਣੇ ਜ਼ਖਮੀ ਹੋ ਗਏ। ਪੂਰਨ ਸਿੰਘ ਨੇ ਕਿਸੇ ਢੰਗ ਨਾਲ ਆਪਣਾ ਬੰਬ ਕਿਸੇ ਤੋਂ ਖੂਹ ਵਿੱਚ ਸੁਟਵਾ ਦਿੱਤਾ, ਪਰ ਤਫਤੀਸ਼ ਦੌਰਾਨ ਉਹ ਬੰਬ ਵੀ ਮਿਲ ਗਿਆ।

ਵਿਸਾਵਾ ਸਿੰਘ ਤੇ ਪੂਰਨ ਸਿੰਘ 'ਤੇ ਅੰਗਰੇਜ਼ ਹਾਕਮਾਂ ਨੇ ਤਸ਼ੱਦਦ ਢਾਹ ਕੇ ਪਤਾ ਲਾ ਲਿਆ ਕਿ ਕਿਹੜੇ ਸਿਪਾਹੀ ਗ਼ਦਰੀਆਂ ਨਾਲ ਮਿਲੇ ਹੋਏ ਹਨ। ਅੰਗਰੇਜ਼ ਹਾਕਮਾਂ ਨੇ ਇਸ ਜੁਰਮ ਅਧੀਨ 3 ਸਤੰਬਰ 1915 ਨੂੰ ਦਫੇਦਾਰ ਲਛਮਣ ਸਿੰਘ ਚੂਸਲੇਵੜ, ਬੂਟਾ ਸਿੰਘ ਕਸੇਲ, ਬੁੱਧ ਸਿੰਘ ਢੋਟੀਆਂ, ਅਬਦੁੱਲਾ ਨਾਹਲਬੰਦ ਪਿੰਡ ਤਪਰਾਲ ਗੁਜਰਾਂਵਾਲਾ, ਭਗਤ ਸਿੰਘ, ਮੋਤਾ ਸਿੰਘ,ਤਾਰਾ ਸਿੰਘ ਤੇ ਦਫੇਦਾਰ ਵਿਧਾਵਾ ਸਿੰਘ ਰੂੜੀਵਾਲਾ, ਇੰਦਰ ਸਿੰਘ ਜੀਉਬਾਲਾ, ਗੁੱਜਰ ਸਿੰਘ ਤੇ ਜੇਠਾ ਸਿੰਘ ਪਿੰਡ ਲਹੌਕੇ ਅਤੇ ਇੰਦਰ ਸਿੰਘ ਸ਼ਾਹਬਾਜ਼ਪੁਰ ਨੂੰ ਫਾਂਸੀ ਦੇ ਕੇ ਸ਼ਹੀਦ ਕਰ ਦਿੱਤਾ। ਬਿਸ਼ਨ ਸਿੰਘ,ਨੱਥਾ ਸਿੰਘ, ਬਿਸ਼ਨ ਸਿੰਘ ਦੂਜਾ ਤੇ ਕੇਹਰ ਸਿੰਘ ਢੋਟੀਆਂ, ਚੰਨਣ ਸਿੰਘ ਕਸੇਲ ਅਤੇ ਨੰਦ ਸਿੰਘ ਰਾਏ ਕਾ ਬੁਰਜ ਨੂੰ ਉਮਰ ਕੈਦ, ਜਲਾਵਤਨ ਤੇ ਜਾਇਦਾਦ ਜ਼ਬਤ ਦੀ ਸਜ਼ਾ ਦਿੱਤੀ।

# ਸੰਪਰਕ : 98760-78731

# ਕਿਰਤੀ ਕਿਸਾਨ ਯੂਨੀਅਨ ਦੇ ਸਾਥੀ ਚੰਡੀਗੜ੍ਹ ਧਰਨੇ 'ਚ ਸ਼ਾਮਲ ਹੋਣ ਲਈ ਹੋਏ ਰਵਾਨਾ



**ਮੋਗਾ (ਇਕਬਾਲ ਸਿੰਘ ਖਹਿਰਾ)**- ਕਿਰਤੀ ਕਿਸਾਨ ਯੂਨੀਅਨ ਬਲਾਕ ਬਾਘਾ ਪੁਰਾਣਾ ਦੇ ਸਾਰੇ ਸਾਥੀ 1 ਸਤੰਬਰ ਤੋਂ 7 ਸਤੰਬਰ ਤੱਕ ਲਗਾਏ ਜਾ ਰਹੇ ਧਰਨੇ ਵਿੱਚ ਸ਼ਾਮਿਲ ਹੋਣ ਲਈ ਰਵਾਨਾ ਹੋਏ। ਇਹ ਜੱਥਾ ਬਲਾਕ ਮੀਤ ਪ੍ਰਧਾਨ ਮੋਹਲਾ ਸਿੰਘ ਰੋਡੇ ਯੂਥ ਵਿੰਗ ਆਗੂ ਬਲਕਰਨ ਸਿੰਘ ਵੈਰੋਕੇ ,ਬਲਾਕ ਸਕੱਤਰ ਬਲਜੀਤ ਸਿੰਘ ਪਿੰਡ ਲੰਡੇ ਦੀ ਪ੍ਰਧਾਨਗੀ ਹੇਠ ਚੰਡੀਗੜ ਧਰਨੇ ਵਿੱਚ ਸ਼ਮੂਲੀਅਤ ਕਰਨ ਲਈ ਰਵਾਨਾ ਹੋਇਆ। ਇਸ ਜੱਥੇ ਵਿੱਚ ਗੁਰਮੇਲ ਸਿੰਘ, ਸਾਧੂ ਸਿੰਘ ਲੰਡੇ, ਦੇਬੀ ਸਿੰਘ, ਪਾਲਾ ਸਿੰਘ, ਪੱਪਾ ਸਿੰਘ, ਮੇਲਾ ਸਿੰਘ, ਪੋਹਲਾ ਸਿੰਘ, ਲੱਡੂ ਸਿੰਘ, ਨਛੱਤਰ ਸਿੰਘ ਰੋਡੇ, ਅੰਗਰੇਜ ਸਿੰਘ, ਫਤਿਹ ਸਿੰਘ, ਅਮ੍ਰਿਤਪਾਲ ਸਿੰਘ ਭੰਡਾਰੀ, ਗਿਆਨੀ ਵੈਰੋਕੇ, ਅਮਰਜੀਤ ਸਿੰਘ, ਅੰਗਰੇਜ ਸਿੰਘ ਗੋਰਾ, ਮਾੜੀ ਮੁਸਤਫਾ, ਨਿਰਮਲ ਸਿੰਘ, ਕਰਨੈਲ ਸਿੰਘ, ਕੇਵਲ ਸਿੰਘ ਨੱਥੂਵਾਲਾ ਗਰਬੀ, ਬੂਟਾ ਸਿੰਘ, ਕੁਲਵੰਤ ਸਿੰਘ, ਮੋਹਲਾ ਸਿੰਘ ਰਾਜੇਆਨਾ, ਗੁਰਤੇਜ ਸਿੰਘ ਆਦਿ ਸ਼ਾਮਿਲ ਹਨ।

## ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ 'ਚ 3 ਵਿਅਕਤੀ ਗ੍ਰਿਫ਼ਤਾਰ

**ਜਲਾਲਾਬਾਦ, (ਜੀਤ ਕੁਮਾਰ)** ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 2 ਵਿਅਕਤੀਆਂ ਨੂੰ ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਥਾਣਾ ਏਰੀਏ ਵਿੱਚ ਮੌਜੂਦ ਸੀ ਤੇ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਐਫ.ਐਫ. ਰੋਡ ਬੱਸ ਅੱਡਾ ਸੋਹਣਾ ਸਾਂਦੜ ਤੋਂ ਥੋੜ੍ਹੀ ਅੱਗੇ ਪੁੱਜੀ ਤਾਂ ਐਸ.ਆਈ. ਪ੍ਰਦੀਪ ਕੌਰ ਸਮੇਤ ਸਾਥੀ ਕ੍ਰਮਚਾਰੀਆਂ ਵੱਲੋਂ ਪਰਮਜੀਤ ਸਿੰਘ ਉਰਫ ਪੰਮਾ ਪੁਤਰ ਹਰਬੰਸ ਸਿੰਘ ਵਾਸੀ ਢੰਡੀ ਖੁਰਦ ਤੇ ਰਿੰਕੂ ਪੁਤਰ ਰਾਜ ਸਿੰਘ ਵਾਸੀ ਫੱਤੂਵਾਲਾ ਨੂੰ ਇਕ ਲਾਇਟਰ, ਪੇਪਰ (ਪੰਨੀ) ਸਮੇਤ ਨਕਲੀ ਨੋਟ ਸਮੇਤ ਗ੍ਰਿਫਤਾਰ ਕੀਤਾ ਹੈ। ਥਾਣਾ ਸਦਰ ਵਿਖੇ ਧਾਰਾ 27/61/85 ਐਨ.ਡੀ.ਪੀ.ਐਸ. ਐਕਟ ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ। ਉਧਰ ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ ਹੈਰੋਇਨ ਦਾ ਸੇਵਨ ਕਰਨ ਤੇ 1 ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਨੀਲ ਕੁਮਾਰ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਲੱਲਾ ਬਸਤੀ ਜਲਾਲਾਬਾਦ ਦੀ ਬੈਕ ਸਾਇਡ ਖਾਲੀ ਪਏ ਪਲਾਟ ਦੇ ਕੋਲ ਪੁੱਜੀ ਤਾਂ ਇੱਕ ਵਿਅਕਤੀ ਪੁਲਸ ਪਾਰਟੀ ਨੂੰ ਵੇਖ ਕੇ ਮੌਕੇ ਤੋਂ ਖਿਸਕਣ ਲੱਗਾ, ਜਿਸ ਨੂੰ ਸਾਥੀ ਕ੍ਰਮਚਾਰੀਆਂ ਦੀ ਮਦਦ ਨਾਲ ਕਾਬੂ ਕੀਤਾ ਹੈ, ਜਿਸ ਨੇ ਆਪਣਾ ਨਾਮ ਰਾਜੂ ਸਿੰਘ ਪੁਤਰ ਕਨੈਲ ਸਿੰਘ ਵਾਸੀ ਰਠੋੜਾ ਵਾਲਾ ਮੁਹੱਲਾ ਜਲਾਲਾਬਾਦ ਦੱਸਿਆ, ਜਿਸ ਪਾਸੋਂ 1 ਲਾਇਟਰ, ਸਿਲਵਰ ਪੰਨੀ, ਜਿਸ 'ਤੇ ਹੈਰੋਇਨ ਚਿਪਕੀ ਅਤੇ ਸੜੀ ਹੋਈ ਅਤੇ ਪਾਇਪਨੁਮਾ 20 ਰੁਪਏ ਦਾ ਨੋਟ ਬਰਾਮਦ ਕੀਤਾ ਗਿਆ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਧਾਰਾ 27/61/85 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ।

## ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ ਆਏ ਵਿਅਕਤੀ ਨੂੰ 12 ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਕਰੀਬ ਛੇ ਸਾਲ ਪਹਿਲਾਂ ਨਬੀਪੁਰ ਪੁਲਸ ਵੱਲੋਂ ਨਸ਼ੇ ਲਈ ਵਰਤੀਆਂ ਜਾਣ ਵਾਲੀਆਂ 8040 ਲੋਮੋਟਿਲ ਗੋਲੀਆਂ ਸਮੇਤ ਕਾਬੂ ਕੀਤੇ ਗਏ ਇੱਕ ਵਿਅਕਤੀ ਨੂੰ ਸਥਾਨਕ ਅਦਾਲਤ ਵੱਲੋਂ ਕੈਦ ਤੇ ਜ਼ੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ 18/2/20 ਨੂੰ ਥਾਣਾ ਸਰਹਿੰਦ ਵਿਖੇ ਅ/ਧ 22/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਾਏ ਗਏ ਇੱਕ ਮੁਕੱਦਮੇ ਦੇ ਸਬੰਧ ਵਿੱਚ ਸੰਦੀਪ ਸਿੰਘ (42) ਵਾਸੀ ਪਿੰਡ ਨਬੀਪੁਰ ਨੂੰ ਗ੍ਰਿਫ਼ਤਾਰ ਕਰਦੇ ਹੋਏ ਪੁਲਿਸ ਨੇ ਦਾਅਵਾ ਕੀਤਾ ਸੀ ਕਿ ਨਬੀਪੁਰ ਚੌਕੀ ਦੀ ਇੱਕ ਪੁਲਸ ਪਾਰਟੀ ਰਾਤ ਨੂੰ ਪਿੰਡ ਜਲਵੇੜਾ ਨੇੜਲੇ ਬੰਦ ਪਏ ਇੱਕ ਹੋਟਲ ਅੱਗੇ ਮੌਜੂਦ ਸੀ ਤਾਂ ਉਲਟ ਦਿਸ਼ਾ ਤੋਂ ਐਕਟਿਵਾ ਸਕੂਟਰ ਤੇ ਸਵਾਰ ਹੋ ਕੇ ਆ ਰਿਹਾ ਸੰਦੀਪ ਸਿੰਘ ਸਾਹਮਣੇ ਪੁਲਿਸ ਕ੍ਰਮਚਾਰੀਆਂ ਨੂੰ ਖੜਾ ਦੇਖ ਕੇ ਘਬਰਾ ਗਿਆ, ਜਿਸ ਨੇ ਕਾਹਲੀ ਨਾਲ ਜਦੋਂ ਸਕੂਟਰ ਵਾਪਸ ਮੋੜਨ ਦੀ ਕੋਸ਼ਿਸ਼ ਕੀਤੀ ਤਾਂ ਪੁਲਸ ਕ੍ਰਮਚਾਰੀਆਂ ਨੇ ਉਸ ਨੂੰ ਕਾਬੂ ਕਰ ਲਿਆ।ਨਬੀਪੁਰ ਪੁਲਸ ਚੌਕੀ ਦੇ ਇੰਚਾਰਜ ਸਬ-ਇੰਸਪੈਕਟਰ ਸੁਰੇਸ਼ ਕੁਮਾਰ ਨੇ ਜਦੋਂ ਡੀ.ਐਸ.ਪੀ. ਰਮਿੰਦਰ ਸਿੰਘ ਕਾਹਲੋਂ ਦੀ ਮੌਜੂਦਗੀ ਵਿੱਚ ਸੰਦੀਪ ਸਿੰਘ ਦੇ ਕਬਜ਼ੇ ਵਾਲੇ ਐਕਟਿਵਾ ਸਕੂਟਰ ਦੀ ਤਲਾਸ਼ੀ ਲਈ ਤਾਂ ਉਸ ਵਿੱਚੋਂ 134 ਪੱਤੇ ਲੋਮੋਟਿਲ (ਕੁੱਲ 8040 ਗੋਲੀਆਂ) ਬਰਾਮਦ ਹੋਈਆਂ। ਅਦਾਲਤ ਵਿੱਚ ਚੱਲੀ ਉਕਤ ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਸੰਦੀਪ ਸਿੰਘ ਨੂੰ ਮਾਮਲੇ ਵਿੱਚ ਅ/ਧ 22(ਸੀ)ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ 12 ਸਾਲ ਕੈਦ ਬਾਮੁਸ਼ੱਕਤ ਅਤੇ 1,00,000/- ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

# ਸੀ ਪੀ ਆਈ ਦੀ ਬਦਲਾਅ ਰੈਲੀ 'ਚ ਮੈਡੀਕਲ ਕੈਂਪ



**ਲੁਧਿਆਣਾ (ਐਮ ਐਸ ਭਾਟੀਆ)**- ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਵੱਲੋਂ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਕਰਵਾਈ ਗਈ 'ਬਦਲਾਅ ਰੈਲੀ' ਦੌਰਾਨ 31 ਅਗਸਤ ਦੀ ਸਵੇਰ ਤੋਂ 1 ਸਤੰਬਰ ਦੀ ਸ਼ਾਮ ਤੱਕ ਮੈਡੀਕਲ ਕੈਂਪ ਲਾਇਆ ਗਿਆ। ਕੈਂਪ ਵਿੱਚ 1000 ਤੋਂ ਵੱਧ ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਲੋੜੀਂਦੀ ਡਾਕਟਰੀ ਸਹਾਇਤਾ ਪ੍ਰਦਾਨ ਕੀਤੀ ਗਈ। ਗੰਭੀਰ ਮਰੀਜ਼ਾਂ ਨੂੰ ਦਿੱਤੀ ਗਈ ਤੁਰੰਤ ਐਮਰਜੈਂਸੀ ਸਹਾਇਤਾ ਨੇ ਉਨ੍ਹਾਂ ਦਾ ਸਮੇਂ ਸਿਰ ਇਲਾਜ ਕਰਾਉਣ ਵਿੱਚ ਮਦਦ ਕੀਤੀ।31 ਅਗਸਤ ਦੀ ਪੂਰੀ ਰਾਤ ਜਥੇ ਰੈਲੀ ਵਿੱਚ ਪਹੁੰਚਦੇ ਰਹੇ, ਇਸ ਲਈ ਮੈਡੀਕਲ ਕੈਂਪ ਦਾ ਰਾਤ ਭਰ ਚੱਲਣਾ ਸਾਥੀਆਂ ਵੱਲੋਂ ਵਿਸ਼ੇਸ਼ ਤੌਰ 'ਤੇ ਸਲਾਹਿਆ ਗਿਆ।ਇਸ ਗਰਮ ਤੇ ਹੁੰਮਸ ਭਰੇ ਮੌਸਮ ਵਿੱਚ ਲੰਬੇ ਸਫ਼ਰ ਤੈਅ ਕਰਕੇ ਰੈਲੀ ਵਿੱਚ ਸ਼ਾਮਲ ਹੋਣ ਲਈ ਪਹੁੰਚੇ ਲੋਕਾਂ ਵਿੱਚ ਆਰਐਸਐਸ ਦੀ ਸਰਪ੍ਰਸਤੀ ਹੇਠ ਚੱਲ ਰਹੀ ਫਿਰਕੂ ਫਾਸ਼ੀਵਾਦੀ ਭਾਜਪਾ ਸਰਕਾਰ, ਜਿਸ ਦੀ ਅਗਵਾਈ ਨਰਿੰਦਰ ਮੋਦੀ ਕਰ ਰਹੇ ਹਨ, ਨੂੰ ਸੱਤਾ ਤੋਂ ਹਟਾ ਕੇ ਕਾਨੂੰਨ ਦਾ ਰਾਜ, ਨਿਆਂ ਤੇ ਬਰਾਬਰੀ ਸਥਾਪਤ ਕਰਨ ਲਈ ਉਨ੍ਹਾਂ ਦਾ ਉਤਸ਼ਾਹ ਅਤੇ ਵਚਨਬੱਧਤਾ ਸਪੱਸ਼ਟ ਤੌਰ 'ਤੇ ਨਜ਼ਰ ਆ ਰਹੀ ਸੀ, ਪਰ ਲੰਬੇ ਅਤੇ ਥਕਾਵਟ ਭਰੇ ਸਫ਼ਰ ਕਾਰਨ ਕਈ ਭਾਗੀਦਾਰਾਂ ਨੂੰ ਥਕਾਵਟ, ਬੁਖਾਰ, ਸਰੀਰ ਵਿੱਚ ਦਰਦ, ਗਲੇ ਵਿੱਚ ਖਰਾਸ਼, ਜੋੜਾਂ ਵਿੱਚ ਦਰਦ, ਉਲਟੀਆਂ, ਦਸਤ, ਛਾਤੀ ਵਿੱਚ ਦਰਦ ਅਤੇ ਦਮੇ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ। ਪਹਿਲੇ ਦਿਨ ਮੈਡੀਕਲ ਕੈਂਪ ਦਾ ਪ੍ਰਬੰਧਨ ਲੁਧਿਆਣਾ ਤੋਂ ਡਾ. ਅਰੁਣ ਮਿੱਤਰਾ ਤੇ ਡਾ. ਜਸਵਿੰਦਰ ਸਿੰਘ ਅਤੇ ਦਿੱਲੀ ਤੋਂ ਡਾ. ਕੇਹਰ ਸਿੰਘ ਨੇ ਸੰਭਾਲਿਆ।ਪੈਰਾਮੈਡੀਕਲ ਸਟਾਫ਼ ਵਿੱਚ ਲੁਧਿਆਣਾ ਤੋਂ ਅਨੋਦ ਕੁਮਾਰ ਤੇ ਸੰਜੀਤ ਰਾਮ ਅਤੇ ਦਿੱਲੀ ਤੋਂ ਸਿਧਾਂਤ ਸ਼ਾਮਲ ਸਨ।ਲੁਧਿਆਣਾ ਤੋਂ ਮਿਸ ਅਰਸ਼ੀ ਨੇ ਕੈਂਪ ਵਿੱਚ ਵਲੰਟੀਅਰ ਵਜੋਂ ਸਹਿਯੋਗ ਦਿੱਤਾ।ਉਨ੍ਹਾਂ ਨੇ ਕੈਂਪ ਵਿੱਚ ਹੀ ਰਹਿ ਕੇ ਪੂਰੀ ਰਾਤ ਮਰੀਜ਼ਾਂ ਨੂੰ ਡਾਕਟਰੀ ਸਹਾਇਤਾ ਪ੍ਰਦਾਨ ਕੀਤੀ।ਦੂਜੇ ਦਿਨ ਦਿੱਲੀ ਤੋਂ ਡਾ. ਨੀਲਿਮਾ ਪਾਠਕ, ਡਾ. ਅਨਿਲ ਪਾਠਕ ਤੇ ਡਾ. ਹੀਰਾ ਲਾਲ ਆਪਣੇ ਸਟਾਫ਼ ਸਮੇਤ ਮੈਡੀਕਲ ਟੀਮ ਵਿੱਚ ਸ਼ਾਮਲ ਹੋਏ।ਰੈਲੀ ਦੀ ਸਮਾਪਤੀ ਤੋਂ ਬਾਅਦ ਸ਼ਾਮ ਨੂੰ ਵੀ ਡਾ. ਕੇਹਰ ਸਿੰਘ ਨੇ ਦੇਰ ਸ਼ਾਮ ਤੱਕ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਜਾਰੀ ਰੱਖਿਆ।

# ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ 'ਚ ਸੂਬਾ ਪੱਧਰੀ ਕਾਲਾ ਦਿਵਸ ਮਨਾਉਣਗੇ ਏਡਿਡ ਅਧਿਆਪਕ

**ਤਲਵੰਡੀ ਸਾਬੋ (ਜਗਦੀਪ ਗਿੱਲ) :** ਪੰਜਾਬ ਦੇ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਅਧਿਆਪਕਾਂ ਤੇ ਕ੍ਰਮਚਾਰੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਪੰਜਾਬ ਏਡਿਡ ਸਕੂਲ ਅਧਿਆਪਕ ਤੇ ਹੋਰ ਕ੍ਰਮਚਾਰੀ ਯੂਨੀਅਨ ਪੰਜਾਬ-1967 ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਤੇ ਸੂਬਾ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਵੱਲੋਂ ਐਲਾਨ ਕੀਤਾ ਗਿਆ ਹੈ ਕਿ 5 ਸਤੰਬਰ ਅਧਿਆਪਕ ਦਿਵਸ ਦੇ ਮੌਕੇ ਸਵੇਰੇ 10 ਵਜੇ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ (ਆਨੰਦਪੁਰ ਸਾਹਿਬ-ਨੰਗਲ ਰੋਡ) ਵਿਖੇ ਸੂਬਾ ਪੱਧਰੀ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ।





ਏਡਿਡ ਸਕੂਲ ਟੀਚਰ ਅਤੇ ਹੋਰ ਕਰਮਚਾਰੀ ਯੂਨੀਅਨ ਦੇ ਬਠਿੰਡਾ ਯੂਨਿਟ ਦੇ ਜ਼ਿਲ੍ਹਾ ਪ੍ਰਧਾਨ ਸ਼੍ਰੀਕਾਂਤ ਸ਼ਰਮਾ ਤੇ ਜ਼ਿਲ੍ਹਾ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਸਿੱਧੂ ਨੇ ਕਿਹਾ ਕਿ ਏਡਿਡ ਸਕੂਲਾਂ ਦੇ ਅਧਿਆਪਕ ਅਤੇ ਕ੍ਰਮਚਾਰੀ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਦੁੱਖ ਦੀ ਗੱਲ ਹੈ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸਿੱਖਿਆ ਵਿਭਾਗ ਤੇ ਸਰਕਾਰ ਵੱਲੋਂ ਇਨ੍ਹਾਂ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਦਾ ਕੋਈ ਢੁੱਕਵਾਂ ਹੱਲ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਰੁਕੀਆਂ ਹੋਈਆਂ ਤਨਖ਼ਾਹਾਂ ਤੁਰੰਤ ਜਾਰੀ ਕਰਨ, ਸੇਵਾ ਮੁਕਤ ਕਰਮਚਾਰੀਆਂ ਦੇ ਪੀ.ਪੀ.ਓ. ਜਾਰੀ ਕਰਨ, ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਇਆ ਏਰੀਅਰ ਜਾਰੀ ਕਰਨ ਅਤੇ ਹੋਰ ਲੰਬਿਤ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਲਈ ਯੂਨੀਅਨ ਵੱਲੋਂ ਲਗਾਤਾਰ ਸਰਕਾਰ ਦੇ ਧਿਆਨ ਵਿੱਚ ਮਾਮਲਾ ਲਿਆਂਦਾ ਜਾ ਰਿਹਾ ਹੈ।ਇਸ ਦੇ ਬਾਵਜੂਦ ਮੰਗਾਂ ਦਾ ਹੱਲ ਨਾ ਹੋਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਸ਼੍ਰੀਕਾਂਤ ਸ਼ਰਮਾ ਨੇ ਕਿਹਾ ਕਿ ਕਈ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕਾਂ ਤੇ ਕ੍ਰਮਚਾਰੀਆਂ ਨੂੰ ਗੰਭੀਰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਘਰਾਂ ਦੇ ਰੋਜ਼ਾਨਾ ਖਰਚੇ, ਬੱਚਿਆਂ ਦੀ ਪੜ੍ਹਾਈ ਅਤੇ ਪਰਿਵਾਰਕ ਜ਼ਿੰਮੇਵਾਰੀਆਂ ਨਿਭਾਉਣੀਆਂ ਬਹੁਤ ਮੁਸ਼ਕਲ ਹੋ ਗਈਆਂ ਹਨ।ਉਨ੍ਹਾਂ ਕਿਹਾ ਕਿ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਆਪਣੇ ਹੀ ਹੱਕਾਂ ਲਈ ਸੜਕਾਂ 'ਤੇ ਉਤਰਨਾ ਪੈਣਾ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਬਿਕਰਮਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਤੇ ਸੂਬਾ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਦੇ ਸੱਦੇ ਅਨੁਸਾਰ 5 ਸਤੰਬਰ ਦੇ ਰੋਸ ਧਰਨੇ ਵਿੱਚ ਸੂਬੇ ਭਰ ਤੋਂ ਅਧਿਆਪਕ ਤੇ ਕ੍ਰਮਚਾਰੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਉਨ੍ਹਾਂ ਕਿਹਾ ਕਿ ਹਰ ਜ਼ਿਲ੍ਹਾ ਆਪਣੇ ਪੱਧਰ 'ਤੇ ਰੋਸ ਪ੍ਰਦਰਸ਼ਨ ਦੀ ਪੂਰੀ ਤਿਆਰੀ ਕਰਕੇ ਧਰਨੇ ਵਿੱਚ ਪਹੁੰਚੇਗਾ।ਉਨ੍ਹਾਂ ਦੱਸਿਆ ਕਿ ਰੋਸ ਪ੍ਰਦਰਸ਼ਨ ਦੌਰਾਨ ਸਾਥੀ ਕਾਲੇ ਕੱਪੜੇ ਪਾ ਕੇ ਤੇ ਖਾਲੀ ਭਾਂਡੇ ਖੜਕਾ ਕੇ ਸਰਕਾਰ ਪ੍ਰਤੀ ਆਪਣਾ ਰੋਸ ਪ੍ਰਗਟ ਕਰਨਗੇ।ਇਸ ਤੋਂ ਇਲਾਵਾ ਤਨਖ਼ਾਹਾਂ ਤੁਰੰਤ ਜਾਰੀ ਕਰੋ, ਪੀ.ਪੀ.ਓ. ਜਾਰੀ ਕਰੋ, ਏਰੀਅਰ ਤੁਰੰਤ ਜਾਰੀ ਕਰੋ ਤੇ ਹੋਰ ਮੰਗਾਂ ਸਬੰਧੀ ਬੈਨਰ ਅਤੇ ਤਖ਼ਤੀਆਂ ਲੈ ਕੇ ਸਾਥੀ ਧਰਨੇ ਵਿੱਚ ਸ਼ਾਮਲ ਹੋਣਗੇ।ਦੋਵਾਂ ਜ਼ਿਲ੍ਹਾ ਆਗੂਆਂ ਨੇ ਬਠਿੰਡਾ ਜ਼ਿਲ੍ਹੇ ਦੇ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ, ਕ੍ਰਮਚਾਰੀਆਂ ਅਤੇ ਯੂਨੀਅਨ ਦੇ ਸਾਰੇ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਹੋਂਦ, ਹੱਕਾਂ ਤੇ ਭਵਿੱਖ ਦੀ ਰੱਖਿਆ ਲਈ 5 ਸਤੰਬਰ ਨੂੰ ਸਵੇਰੇ 10 ਵਜੇ ਗੰਭੀਰਪੁਰ ਵਿਖੇ ਵੱਡੀ ਗਿਣਤੀ ਵਿੱਚ ਤੇ ਸਮੇਂ ਸਿਰ ਪਹੁੰਚਣ।

## ਪੰਜਾਬ ਸਰਕਾਰ ਨੇ ਕ੍ਰਾਂਤੀਕਾਰੀ ਫੈਸਲੇ ਲਏ : ਔਲਖ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** - ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੂਬਾਈ ਆਗੂ ਪਰਮਿੰਦਰ ਸਿੰਘ ਨੂਰ ਔਲਖ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੌਜੂਦਾ ਸਰਕਾਰ ਦਿਨ-ਰਾਤ ਲੋਕਾਂ ਦੀ ਭਲਾਈ ਲਈ ਇਤਿਹਾਸਕ ਅਤੇ ਕ੍ਰਾਂਤੀਕਾਰੀ ਫੈਸਲੇ ਲੈ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਸਿੱਖਿਆ, ਸਿਹਤ ਅਤੇ ਰੁਜ਼ਗਾਰ ਦੇ ਖੇਤਰ ਵਿੱਚ ਕੀਤੇ ਜਾ ਰਹੇ ਸ਼ਲਾਘਾਯੋਗ ਉਪਰਾਲਿਆਂ ਨਾਲ ਆਮ ਜਨਤਾ ਨੂੰ ਵੱਡੀ ਰਾਹਤ ਮਿਲੀ ਹੈ।

## ਵਿਸ਼ੇਸ਼ ਕੈਂਪਾਂ ਦੌਰਾਨ ਵੋਟਰ ਸੇਵਾਵਾਂ ਲਈ ਸਾਰੇ ਪੋਲਿੰਗ ਬੂਥਾਂ 'ਤੇ ਮਿਲਣਗੀਆਂ ਸਹੂਲਤਾਂ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਹੁਲ ਚਾਬਾ, ਆਈ.ਏ.ਐਸ. ਨੇ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਦੱਸਿਆ ਕਿ 6 ਸਤੰਬਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੋਟਰਾਂ ਨੂੰ ਚੋਣ ਸੂਚੀਆਂ ਨਾਲ ਸਬੰਧਤ ਸੇਵਾਵਾਂ ਮੁਹੱਈਆ ਕਰਾਉਣ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।ਐਸ ਆਈ ਆਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸਾਰੇ ਯੋਗ ਨਾਗਰਿਕ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੇ ਕਿਸੇ ਵੀ ਯੋਗ ਵੋਟਰ ਦਾ ਨਾਂਅ ਨਾ ਛੁੱਟੇ।ਉਨ੍ਹਾਂ ਕਿਹਾ ਕਿ ਇਸ ਦੌਰਾਨ ਬੂਥ ਲੈਵਲ ਅਫ਼ਸਰ ਆਪਣੇ-ਆਪਣੇ ਬੂਥਾਂ 'ਤੇ ਮੌਜੂਦ ਰਹਿਣਗੇ ਤੇ ਵੋਟਰਾਂ ਨੂੰ ਚੋਣ ਸੇਵਾਵਾਂ ਸਬੰਧੀ ਲੋੜੀਂਦੀ ਜਾਣਕਾਰੀ ਅਤੇ ਸਹਾਇਤਾ ਪ੍ਰਦਾਨ ਕਰਨਗੇ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਵੋਟਰਾਂ ਨੂੰ ਫਾਰਮ-6, ਫਾਰਮ-6-ਏ ਅਤੇ ਫਾਰਮ-8 ਸਬੰਧੀ ਸਹਾਇਤਾ ਦਿੱਤੀ ਜਾਵੇਗੀ।ਨਵੇਂ ਯੋਗ ਵੋਟਰਾਂ ਨੂੰ ਵੋਟਰ ਸੂਚੀ ਵਿੱਚ ਆਪਣਾ ਨਾਂਅ ਦਰਜ ਕਰਾਉਣ, ਮੌਜੂਦਾ ਵੋਟਰਾਂ ਨੂੰ ਲੋੜੀਂਦੀ ਸੋਧ ਕਰਾਉਣ ਅਤੇ ਹੋਰ ਚੋਣ ਸੇਵਾਵਾਂ ਲਈ ਮਾਰਗਦਰਸ਼ਨ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 18-19 ਸਾਲ ਉਮਰ ਵਰਗ ਦੇ ਨੌਜਵਾਨਾਂ ਦੀ ਰਜਿਸਟ੍ਰੇਸ਼ਨ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਦਿਵਿਆਂਗ ਵੋਟਰਾਂ ਨੂੰ ਚੋਣ ਸੂਚੀ ਵਿੱਚ ਮਾਰਕ ਕਰਨ ਲਈ ਫਾਰਮ-8 ਸਬੰਧੀ ਵੀ ਸਹਾਇਤਾ ਮੁਹੱਈਆ ਕਰਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 6 ਸਤੰਬਰ ਨੂੰ ਨਜ਼ਦੀਕੀ ਪੋਲਿੰਗ ਬੂਥ 'ਤੇ ਪਹੁੰਚ ਕੇ ਆਪਣੀ ਵੋਟਰ ਸੂਚੀ ਨਾਲ ਸਬੰਧਤ ਜਾਣਕਾਰੀ ਦੀ ਜਾਂਚ ਕਰਨ ਤੇ ਲੋੜ ਅਨੁਸਾਰ ਚੋਣ ਸੇਵਾਵਾਂ ਦਾ ਲਾਭ ਲੈਣ।

## ਕਾਮਰੇਡ ਦਾਊਦ ਦੀ ਮੌਤ 'ਤੇ ਦੁੱਖ ਪ੍ਰਗਟ

**ਬਠਿੰਡਾ, (ਬਖਤੌਰ ਢਿੱਲੋਂ)** ਲੋਕ ਘੋਲਾਂ ਦੇ ਨਾਇਕ ਸਾਥੀ ਗੁਰਨਾਮ ਸਿੰਘ ਦਾਊਦ ਦੇ ਬੇਵਕਤੀ ਵਿਛੋੜੇ ਦੀ ਦੁਖਦਾਈ ਖ਼ਬਰ ਨੇ ਕਿਰਤੀਆਂ ਦੇ ਹਿਰਦਿਆਂ ਨੂੰ ਝੰਜੋੜਾ ਦੇ ਦਿੱਤਾ ਹੈ। ਰਈਆ ਮੰਡੀ ਨਜ਼ਦੀਕ ਪਿੰਡ ਬੁਟਾਰੀ ਵਿਖੇ ਇੱਕ ਤੇਜ਼ ਰਫ਼ਤਾਰ ਬੱਸ ਹੇਠ ਕੁਚਲਣ ਕਾਰਨ ਉਹ ਇਸ ਦੁਨੀਆਂ ਨੂੰ ਅਲਵਿਦਾ ਕਹਿ ਗਏ। ਸੱਚੇ ਕਰਮਯੋਗੀ ਸਾਥੀ ਦਾਊਦ ਖ਼ਰਾਬ ਸਿਹਤ ਦੇ ਬਾਵਜੂਦ ਵੀ ਸਰਗਰਮੀ ਨਾਲ ਜਨ ਸੰਗਠਨਾਂ ਦੀਆਂ ਸਰਗਰਮੀਆਂ ਨੂੰ ਅਗਵਾਈ ਦਿੰਦੇ ਰਹੇ। ਹਰ ਕਿਰਤੀ ਬਨੇਰੇ ਦਾ ਸੂਰਜ ਸੀ ਕਾਮਰੇਡ ਦਾਊਦ, ਅਜਿਹੇ ਇਨਸਾਨ ਲੱਖਾਂ ਵਿੱਚੋਂ ਇੱਕ ਹੀ ਨਿੱਤਰਦੇ ਹਨ, ਜਿਨ੍ਹਾਂ ਨੇ ਆਪਣੇ ਜੀਵਨ ਦਾ ਇੱਕ ਇੱਕ ਪਲ ਲੋਕਾਂ ਦੇ ਲੇਖੇ ਲਾਇਆ ਹੋਵੇ। ਉਨ੍ਹਾਂ ਦਾ ਬੇਦਾਗ ਜੀਵਨ ਹਮੇਸ਼ਾ ਰਾਹ ਵਿਖਾਉਂਦਾ ਰਹੇਗਾ। ਸਾਹਿਤ ਸੱਭਿਆਚਾਰ ਮੰਚ ਰਜਿ: ਬਠਿੰਡਾ ਵੱਲੋਂ ਸਾਥੀ ਗੁਰਨਾਮ ਸਿੰਘ ਦਾਊਦ ਦੀ ਬੇਵਕਤੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਤੇ ਉਨ੍ਹਾਂ ਦੇ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ।

## ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ 500 ਡਰੋਨਾਂ ਦੇ ਸ਼ੋਅ ਨੇ ਸੰਗਤਾਂ ਦਾ ਮਨ ਮੋਹਿਆ





**ਤਲਵੰਡੀ ਸਾਬੋ (ਜਗਦੀਪ ਗਿੱਲ)**- ਸ੍ਰੀ ਗੁਰੂ ਰਵਿਦਾਸ ਜੀ ਦੇ ਦਰਸਾਏ ਮਾਰਗ ਉੱਤੇ ਚੱਲ ਕੇ ਅਸੀਂ ਸਾਰੇ ਆਪਣਾ ਜੀਵਨ ਨਿਹਾਲ ਕਰ ਸਕਦੇ ਹਾਂ।ਉਨ੍ਹਾਂ ਦੇ ਫ਼ਲਸਫ਼ੇ ਉੱਤੇ ਚੱਲਦਿਆਂ ਪੰਜਾਬ ਸਰਕਾਰ ਹਰ ਧਰਮ ਦਾ ਸਤਿਕਾਰ ਕਰਦਿਆਂ ਸੂਬੇ ਦੇ ਸਾਰੇ ਵਰਗਾਂ ਦੇ ਲੋਕਾਂ ਨੂੰ ਨਾਲ ਲੈ ਕੇ ਕੰਮ ਕਰ ਰਹੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਸ੍ਰੀ ਦਸ਼ਮੇਸ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਵਿਸ਼ੇਸ਼ ਡਰੋਨ ਸ਼ੋਅ ਪ੍ਰੋਗਰਾਮ ਦੌਰਾਨ ਕੀਤਾ। ਸੰਗਤਾਂ ਨੂੰ ਸੰਬੋਧਨ ਕਰਦਿਆਂ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ਰਧਾਲੂਆਂ ਲਈ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਨੂੰ ਸੁਖਾਲਾ ਬਣਾਉਣ ਵੱਲ ਇੱਕ ਮਹੱਤਵਪੂਰਨ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਉਨ੍ਹਾਂ ਨੂੰ ਪ੍ਰਮੁੱਖ ਤੀਰਥ ਸਥਾਨਾਂ ਦੀ ਯਾਤਰਾ ਦੀ ਸਹੂਲਤ ਮੁਹੱਈਆ ਕਰਾਈ ਜਾ ਰਹੀ ਹੈ। ਤਾਂ ਜੁ ਕੋਈ ਵੀ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਤੋਂ ਵਾਂਝਾ ਨਾ ਰਹਿ ਸਕੇ।ਪ੍ਰੋ. ਬਲਜਿੰਦਰ ਕੌਰ ਨੇ ਦੱਸਿਆ ਕਿ ਇਹ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਲਵੰਡੀ ਸਾਬੋ 'ਚ 500 ਡਰੋਨਾਂ ਦੇ ਵਿਸ਼ੇਸ਼ ਸ਼ੋਅ ਪਹਿਲਾ ਸ਼ੋਅ ਹੈ ਜੋ ਸਾਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਨਾਲ ਜੋੜਨ ਲਈ ਸੂਬਾ ਸਰਕਾਰ ਦਾ ਵਿਸ਼ੇਸ਼ ਉਪਰਾਲਾ ਹੈ।

## ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ 5 ਨੂੰ


**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**- ਨਿਊ ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ 5 ਸਤੰਬਰ ਨੂੰ ਸ਼ਾਮ 4 ਵਜੇ ਗੋਲ ਪਾਰਕ ਵਿਖੇ ਹੋਵੇਗੀ।ਐਸੋਸੀਏਸ਼ਨ ਦੇ ਪ੍ਰਧਾਨ ਸਰਬਜੀਤ ਸਿੰਘ ਰਾਜੋਮਾਜਰਾ, ਸੀਨੀਅਰ ਮੀਤ ਪ੍ਰਧਾਨ ਹਰਜਿੰਦਰ ਸਿੰਘ ਢੀਂਡਸਾ ਤੇ ਜਨਰਲ ਸਕੱਤਰ ਗੁਰਦੀਪ ਸਿੰਘ ਸਾਰੋਂ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਮਾਜਿਕ ਮਸਲਿਆਂ ਸਮੇਤ ਐਸੋਸੀਏਸ਼ਨ ਨਾਲ ਸਬੰਧਤ ਵੱਖ-ਵੱਖ ਜ਼ਰੂਰੀ ਏਜੰਡਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।ਉਨ੍ਹਾਂ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਮੀਟਿੰਗ ਵਿੱਚ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ।

## 'ਖੇਡਾਂ ਵਤਨ ਪੰਜਾਬ ਦੀਆਂ' ਮਸ਼ਾਲ ਮਾਰਚ ਦਾ ਸਹਾਇਕ ਕਮਿਸ਼ਨਰ ਵੱਲੋਂ ਸਵਾਗਤ



**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**- ਸਿਹਤਮੰਦ ਤੇ ਰੰਗਲੇ ਪੰਜਾਬ ਦੀ ਸਿਰਜਣਾ ਅਤੇ ਰਾਜ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਦੇ ਮੰਤਵ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ'-2026 (ਸੀਜ਼ਨ-5) ਖੇਡਾਂ ਨੂੰ ਉਤਸ਼ਾਹਤ ਕਰਨ ਲਈ ਮਸ਼ਾਲ ਮਾਰਚ ਦਾ ਫਾਜ਼ਿਲਕਾ ਵਿਖੇ ਪਹੁੰਚਣ 'ਤੇ ਸਹਾਇਕ ਕਮਿਸ਼ਨਰ ਹਰਬੰਸ ਸਿੰਘ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਮਸ਼ਾਲ ਮਾਰਚ ਦਾ ਸ਼ਹੀਦ ਭਗਤ ਸਿੰਘ ਬਹੁਮੰਤਵੀਂ ਖੇਡ ਸਟੇਡੀਅਮ ਵਿਖੇ ਪਹੁੰਚਣ ਤੇ ਸਕੂਲੀ ਵਿਦਿਆਰਥੀਆਂ ਵੱਲੋਂ ਬੈਂਡ ਰਾਹੀਂ ਮਸ਼ਾਲ ਦਾ ਸਵਾਗਤ ਕੀਤਾ ਗਿਆ ਤੇ ਸੱਭਿਆਚਾਰ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਸਹਾਇਕ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਦੇ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਸਿਹਤਮੰਦ, ਨਰੋਏ ਤੇ ਰੰਗਲੇ ਪੰਜਾਬ ਦੀ ਸਿਰਜਣਾ ਤੇ ਰਾਜ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ' ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਜਿਸ ਵਿੱਚ ਵੱਡੀ ਗਿਣਤੀ ਵਿੱਚ ਖਿਡਾਰੀਆਂ ਲੈ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਖੇਡਾਂ ਵਤਨ ਪੰਜਾਬ ਦੀਆਂ ਨਾਲ ਖਿਡਾਰੀਆਂ ਨੂੰ ਅੰਤਰਾਸ਼ਟਰੀ ਪੱਧਰ ਦਾ ਖਿਡਾਰੀ ਬਣਾਉਣ ਲਈ ਇਕ ਚੰਗਾ ਮੰਚ ਪ੍ਰਦਾਨ ਕੀਤਾ ਹੈ। ਸਹਾਇਕ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਜ਼ਿਲ੍ਹਾ ਫ਼ਾਜ਼ਿਲਕਾ ਵਿੱਚ ਬਲਾਕ ਪੱਧਰੀ ਤੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ ਕਰਾਏ ਜਾਣਗੇ।ਉਨ੍ਹਾਂ ਨੇ ਵੱਧ ਤੋਂ ਵੱਧ ਖਿਡਾਰੀਆਂ ਨੂੰ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਨ੍ਹਾਂ ਖੇਡਾਂ ਦੌਰਾਨ ਜੇਤੂ ਖਿਡਾਰੀਆਂ ਨੂੰ ਇਨਾਮ ਵੀ ਦਿੱਤੇ ਜਾਣਗੇ।


## ਕੰਪਿਊਟਰ ਵਿਭਾਗ ਦੇ ਅਸਿਸਟੈਂਟ ਪ੍ਰੋਫੈਸਰਾਂ ਨੇ ਤਕਨੀਕੀ ਗਿਆਨ ਨੂੰ ਪੁਸਤਕਾਂ ਦਾ ਦਿੱਤਾ ਰੂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ ਪੂਜਾ)** - ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ ਵੱਲੋਂ ਤਕਨੀਕੀ ਸਿੱਖਿਆ ਦੇ ਖੇਤਰ ਵਿੱਚ ਇੱਕ ਹੋਰ ਮਹੱਤਵਪੂਰਨ ਉਪਰਾਲਾ ਕਰਦਿਆਂ ਦੋ ਪੁਸਤਕਾਂ ਪ੍ਰਕਾਸ਼ਿਤ ਕੀਤੀਆਂ ਗਈਆਂ ਹਨ। ਇਨ੍ਹਾਂ ਪੁਸਤਕਾਂ ਦਾ ਰਿਲੀਜ਼ ਸਮਾਰੋਹ ਸੰਸਥਾ ਦੇ ਡਾਇਰੈਕਟਰ ਡਾ. ਅਸ਼ਵਨੀ ਕੁਮਾਰ ਬਾਂਸਲ ਵੱਲੋਂ ਕੀਤਾ ਗਿਆ। ਪਹਿਲੀ ਪੁਸਤਕ ਕੰਪਿਊਟਰ ਆਰਗੇਨਾਈਜ਼ੇਸ਼ਨ ਐਂਡ ਆਰਕੀਟੈਕਟਰ ਜਿਸ ਦੇ ਲੇਖਕ ਡਾ. ਹਰਕੀਰਤ ਸਿੰਘ ਬਰਾੜ, ਡਾ. ਕੁਲਵੀਰ ਸਿੰਘ , ਇੰਜ. ਜੋਗਿੰਦਰ ਸਿੰਘ, ਅਤੇ ਇੰਜ. ਹਰਜਸਦੀਪ ਸਿੰਘ ਹਨ। ਦੂਸਰੀ ਪੁਸਤਕ ਮਸ਼ੀਨ ਲਰਨਿੰਗ-ਕਾਨਸੈਪਟਸ , ਟੈਕਨੀਕਸ ਐਂਡ ਰੀਅਲ ਵਰਲਡ ਸਿਸਟਮਜ ਹੈ ਜਿਸ ਦੇ ਲੇਖਿਕ ਇੰਜ ਹਰਜਸਦੀਪ ਸਿੰਘ, ਡਾ ਕੁਲਵੀਰ ਸਿੰਘ, ਡਾ. ਹਰਕੀਰਤ ਸਿੰਘ ਬਰਾੜ ਅਤੇ ਇੰਜ. ਜੋਗਿੰਦਰ ਸਿੰਘ ਹਨ। ਇਸ ਮੌਕੇ ਡਾ. ਸੋਨੀਆ ਸ਼ਰਮਾ ਨੇ ਪੁਸਤਕਾਂ ਦੇ ਲੇਖਕਾਂ ਨੂੰ ਇਸ ਅਕਾਦਮਿਕ ਉਪਲਬਧੀ ਲਈ ਵਧਾਈ ਦਿੱਤੀ।

# ਅਧਿਆਪਕ ਪੱਲਿਓਂ ਪੈਸੇ ਖਰਚ ਕਰਕੇ ਕਰਾ ਰਹੇ ਸੈਂਟਰ ਪੱਧਰੀ ਖੇਡਾਂ

**ਮਾਨਸਾ, (ਆਤਮਾ ਸਿੰਘ ਪਮਾਰ)**- ਸਿੱਖਿਆ ਕ੍ਰਾਂਤੀ ਦੀਆਂ ਟਾਹਰਾਂ ਮਾਰਨ ਵਾਲੀ ਸਰਕਾਰ ਵੱਲੋਂ ਪ੍ਰਾਇਮਰੀ ਦੇ ਵਿਦਿਆਰਥੀਆਂ ਦੀਆਂ ਸੈਂਟਰ ਪੱਧਰੀ ਖੇਡਾਂ ਕਰਾਉਣ ਲਈ ਕੋਈ ਫੰਡ ਜਾਰੀ ਨਹੀਂ ਕੀਤਾ। ਅਧਿਆਪਕ ਆਪਣੇ ਪੱਲਿਉਂ ਪੈਸੇ ਖਰਚ ਕਰਕੇ ਖੇਡਾਂ ਕਰਵਾ ਰਹੇ ਹਨ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਦੀਆਂ ਸੈਂਟਰ ਪੱਧਰ 'ਤੇ ਲਗਭਗ 10-10 ਸਕੂਲਾਂ ਦੀਆਂ ਖੇਡਾਂ ਕਰਾਈਆਂ ਜਾਂਦੀਆਂ ਹਨ, ਜਿਸ 'ਚ ਖੇਡਾਂ ਦਾ ਸਮਾਨ, ਗਰਾਊਂਡ ਤਿਆਰ ਕਰਨ, ਮੈਡਲ ਤੇ ਟ੍ਰਾਫੀਆਂ ਅਤੇ ਦੂਜੇ ਸਕੂਲਾਂ ਚੋ ਆਏ ਅਧਿਆਪਕਾਂ ਦੇ ਚਾਹ ਪਾਣੀ ਦੇ ਪ੍ਰਬੰਧ 'ਤੇ ਜੋ ਖਰਚ ਹੁੰਦਾ ਹੈ, ਉਹ ਸਾਰਾ ਖਰਚ ਸੈਂਟਰ ਦੇ ਸਾਰੇ ਸਕੂਲਾਂ ਦੇ ਅਧਿਆਪਕ ਆਪਣੀਆਂ ਜੇਬਾਂ ਚੋਂ ਇਕੱਠੇ ਕਰ ਕੇ ਦਿੰਦੇ ਹਨ। ਬੱਚਿਆਂ ਨੂੰ ਸੈਂਟਰ ਸਕੂਲ 'ਚ ਲਗਭਗ ਤਿੰਨ ਦਿਨ ਲੈਕੇ ਜਾਣ ਲਈ ਵਹੀਕਲਾਂ ਦਾ ਪ੍ਰਬੰਧ ਕਰਨਾ, ਬੱਚਿਆਂ ਦੇ ਖੇਡਣ ਲਈ ਖੇਡ ਕਿੱਟਾਂ ਦਾ ਪ੍ਰਬੰਧ ਸਭ ਕੁਝ ਅਧਿਆਪਕ ਆਪਣੀਆਂ ਜੇਬਾਂ ਚੋਂ ਖਰਚ ਕਰਦੇ ਹਨ। ਇਸ ਲਈ ਵਿਭਾਗ ਵੱਲੋਂ ਫੁੱਟੀ ਕੌਡੀ ਵੀ ਨਹੀਂ ਦਿੱਤੀ ਜਾਂਦੀ। ਡੀ ਟੀ ਐਫ਼ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ, ਮੀਤ ਪ੍ਰਧਾਨ ਨਵੀਨ ਗੋਇਲ ਬੋਹਾ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਜਿੱਥੋਂ ਇੱਕ ਖਿਡਾਰੀ ਨੇ ਪੈਦਾ ਹੋਣਾ ਹੁੰਦਾ ਹੈ, ਉੱਥੇ ਕੋਈ ਪੈਸਾ ਨਹੀਂ ਖਰਚਿਆ ਜਾਂਦਾ, ਪਰ ਸਰਕਾਰ ਆਪਣਾ ਰਾਜਨੀਤਕ ਡਰਾਮਾ ਪੂਰਾ ਕਰਨ ਲਈ ਖੇਡਾਂ ਵਤਨ ਪੰਜਾਬ ਦੀਆਂ ਉਪਰ ਕਰੋੜਾਂ ਰੁਪਏ ਖਰਚਣ ਜਾ ਰਹੀ ਹੈ। ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰਪਾਲ ਸਿੰਘ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਖੇਡਾਂ ਵਤਨ ਪੰਜਾਬ ਦੀਆਂ ਰਾਹੀਂ ਆਪਣੀਆਂ ਚੋਣ ਰੈਲੀਆਂ ਕਰੇਗੀ ਤੇ ਦੂਜੇ ਪਾਸੇ ਪ੍ਰਾਇਮਰੀ ਸਕੂਲਾਂ ਦੇ ਨਿਆਣੇ ਨੰਗੇ ਪੈਰੀਂ ਗਰਾਊਂਡਾਂ 'ਚ ਖੇਡਦੇ ਦਿਖਾਈ ਦੇਣਗੇ। ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਤੁਰੰਤ ਪ੍ਰਾਇਮਰੀ ਸਕੂਲਾਂ ਦੀਆਂ ਖੇਡਾਂ ਜੋ ਕਿ ਸਤੰਬਰ ਮਹੀਨੇ ਦੇ ਪਹਿਲੇ ਅੱਧ ਵਿੱਚ ਹੋਣੀਆਂ ਹਨ, ਉਨ੍ਹਾਂ ਲਈ ਪ੍ਰਤੀ ਸੈਂਟਰ 50000 ਰੁਪਏ ਖੇਡ ਫੰਡ ਜਾਰੀ ਕਰੇ।





# ਕਿਸਾਨਾਂ ਦੇ ਮੋਰਚੇ 'ਚ ਔਰਤਾਂ ਨੇ ਕੀਤੀ ਵੱਡੀ ਗਿਣਤੀ 'ਚ ਸ਼ਮੂਲੀਅਤ




**ਮੋਗਾ (ਇਕਬਾਲ ਸਿੰਘ ਖਹਿਰਾ)** - ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਿਲਾ ਕਮੇਟੀ ਮੋਗਾ ਵੱਲੋਂ ਡਿਪਟੀ ਕਮਿਸ਼ਨਰ ਮੋਗਾ ਦੇ ਦਫਤਰ ਸਾਹਮਣੇ ਲਾਇਆ ਧਰਨਾ ਚੌਥੇ ਦਿਨ ਵੀ ਜਾਰੀ ਹੈ। ਬੁੱਧਵਾਰ ਨੂੰ ਇਸ ਧਰਨੇ ਵਿੱਚ ਔਰਤਾਂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਈਆਂ ।

ਅੱਜ ਦਾ ਇਹ ਧਰਨਾ ਔਰਤ ਆਗੂ ਜਿਲ੍ਹਾ ਮੀਤ ਪ੍ਰਧਾਨ ਕੁਲਦੀਪ ਕੌਰ ਕੁੱਸਾ ਦੀ ਪ੍ਰਧਾਨਗੀ ਹੇਠ ਸ਼ੁਰੂ ਹੋਇਆ । ਧਰਨੇ ਨੂੰ ਸੰਬੋਧਨ ਕਰਦਿਆਂ ਬਲਾਕ ਧਰਮਕੋਟ ਦੀ ਜਨਰਲ ਸਕੱਤਰ ਬਚਿੱਤਰ ਕੌਰ ਤਲਵੰਡੀ ਮਲੀਆਂ ਤੇ ਕਰਮਜੀਤ ਕੌਰ ਹਿੰਮਤਪੁਰਾ ਨੇ ਕਿਹਾ ਕਿ ਦੇਸ਼ ਦੀਆਂ ਸਰਕਾਰਾਂ ਵੱਲੋਂ ਕਿਸਾਨਾਂ ਮਜ਼ਦੂਰਾਂ ਸਣੇ ਆਮ ਲੋਕਾਂ 'ਤੇ ਲੋਕ ਵਿਰੋਧੀ ਸਾਮਰਾਜੀ ਨੀਤੀਆਂ ਥੋਪਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ । ਬੁਲਾਰੀਆਂ ਨੇ ਮੰਗ ਕੀਤੀ ਕਿ ਭਾਰਤ ਅਮਰੀਕਾ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਸਾਰੀਆਂ ਫਸਲਾਂ ਤੇ ਐਮ ਐਸ ਪੀ ਦੀ ਕਾਨੂੰਨੀ ਗਰੰਟੀ ਦਿੱਤੀ ਜਾਵੇ, ਲੈਂਡ ਪੂਲਿੰਗ ਪੌਲਸੀ ਰੱਦ ਕੀਤੀ ਜਾਵੇ, ਬਿਜਲੀ ਬਿੱਲ ਅਤੇ ਬੀਜ ਬਿੱਲ 2025 ਰੱਦ ਕੀਤਾ ਜਾਵੇ, ਨਰੇਗਾ ਦਾ ਪੁਰਾਣਾ ਕਾਨੂੰਨ ਬਹਾਲ ਕੀਤਾ ਜਾਵੇ।

ਧਰਨੇ ਨੂੰ ਹਰਬੰਸ ਕੌਰ ਚੜਿਕ,ਕਰਮਜੀਤ ਕੌਰ ਤਲਵੰਡੀ ਮੱਲੀਆਂ,ਪਰਮਜੀਤ ਕੌਰ ਬੋਡੇ ਸ਼ਿੰਦਰ ਕੌਰ ਕੋਕਰੀ ਕਲਾਂ, ਸਿੰਦਰ ਕੌਰ, ਕਿਰਨ ਕੌਰ ਬਧਨੀ, ਕ੍ਰਿਸ਼ਨਾ ਮੀਨੀਆ, ਗੁਰਮੇਲ ਕੌਰ ਕਿਸ਼ਨਪੁਰਾ ,ਪਰਮਜੀਤ ਕੌਰ ਹਿੰਮਤਪੁਰਾ, ਕਰਮਜੀਤ ਕੌਰ ਡੈਮ ਰੂ ਕਲਾਂ , ਕੁਲਦੀਪ ਕੌਰ ਸਮਾਲਸਰ ,ਮਨਜੀਤ ਕੌਰ ਕਾਲੇਕੇ ,ਮਲਕੀਤ ਕੌਰ ਘੋਲੀਆਂ ਕਲਾਂ, ਕੁਲਵੰਤ ਕੌਰ ਸਿੰਘਾਂਵਾਲਾ, ਮਾਇਆ ਕੌਰ ਸਿੰਘਾਂ ਵਾਲਾ, ਜਸਵੀਰ ਕੌਰ ਸਿੰਘਾਂ ਵਾਲਾ ,ਮਨਪ੍ਰੀਤ ਕੌਰ ਸਿੰਘਾਂ ਵਾਲਾ ਤੇ ਬਲਜੀਤ ਕੌਰ ਸਿੰਘਾ ਵਾਲਾ ਨੇ ਵੀ ਸੰਬੋਧਨ ਕੀਤਾ।

## ਐਚ ਡੀ ਐਫ ਸੀ ਬੈਂਕ ਮੁਲਾਜ਼ਮ 'ਤੇ ਜਾਨਲੇਵਾ ਹਮਲਾ



**ਬਰੇਟਾ (ਰੀਤਵਾਲ)** - ਐਚ ਡੀ ਐਫ ਸੀ ਬੈਂਕ ਦੇ ਇੱਕ ਮੁਲਾਜ਼ਮ ਹੈਨੀ ਕੁਮਾਰ 'ਤੇ ਤੇਜ਼ਧਾਰ ਹਥਿਆਰਾਂ ਨਾਲ ਜਾਨ ਲੇਵਾ ਹਮਲਾ ਕੀਤਾ ਗਿਆ। ਇਸ ਘਟਨਾ ਨਾਲ ਇਲਾਕੇ ਵਿੱਚ ਸਹਿਮ ਦਾ ਮਾਹੌਲ ਬਣ ਗਿਆ ਹੈ ਅਤੇ ਲੋਕਾਂ ਵਿੱਚ ਪ੍ਰਸ਼ਾਸਨ ਅਤੇ ਪੁਲਿਸ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।ਮਿਲੀ ਜਾਣਕਾਰੀ ਅਨੁਸਾਰ, ਪੀੜਤ ਮੁਲਾਜ਼ਮ ਹੈਨੀ ਕੁਮਾਰ ਵਾਸੀ ਬਰੇਟਾ ਆਪਣੇ ਰੋਜ਼ਾਨਾ ਦੇ ਕੰਮਕਾਜ ਦੌਰਾਨ ਜਦੋਂ ਬੈਂਕ ਪਹੁੰਚਿਆ ਤਾਂ ਪਹਿਲਾਂ ਤੋਂ ਘਾਤ ਲਗਾਈ ਬੈਠੇ ਗੁੰਡਿਆਂ ਨੇ ਉਸ ਨੂੰ ਸਵੇਰੇ 11 ਵਜੇ ਦੇ ਕਰੀਬ ਬਾਹਰ ਬੁਲਾਕੇ ਉਸ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਹਮਲਾਵਰਾਂ ਨੇ ਬੇਰਹਿਮੀ ਨਾਲ ਵਾਰ ਕੀਤੇ, ਜਿਸ ਕਾਰਨ ਮੁਲਾਜ਼ਮ ਗੰਭੀਰ ਜ਼ਖ਼ਮੀ ਹੋ ਗਿਆ। ਉਸ ਨੂੰ ਸਿਵਲ ਹਸਪਤਾਲ ਬੁਢਲਾਡਾ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਉਸ ਦੀ ਹਾਲਤ ਨੂੰ ਨਾਜ਼ੁਕ ਦੇਖਦੇ ਹੋਏ ਲੁਧਿਆਣਾ ਵਿਖੇ ਰੈਫਰ ਕਰ ਦਿੱਤਾ ਗਿਆ।

# 24 ਸਤੰਬਰ ਨੂੰ ਮੁੱਖ ਮੰਤਰੀ ਦੇ ਪਿੰਡ ਸਤੋਜ ਵਿਖੇ ਸੂਬਾ ਪੱਧਰੀ ਰੈਲੀ ਕਰਨ ਦਾ ਐਲਾਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਆਲ ਇੰਡੀਆ ਆਸਾ ਵਰਕਰਜ਼ ਫੈਸੀਲਿਟੇਟਰਜ਼ ਯੂਨੀਅਨ ਪੰਜਾਬ ਸਬੰਧਤ ਏਟਕ ਮੁੱਖ ਦਫਤਰ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680-22/ਬੀ ਚੰਡੀਗੜ੍ਹ ਦੀ ਮੀਟਿੰਗ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਜਨਰਲ ਸਕੱਤਰ ਬਲਵੀਰ ਕੌਰ ਗਿੱਲ ਲੁਧਿਆਣਾ, ਸੀਨੀਅਰ ਮੀਤ ਪ੍ਰਧਾਨ ਦੁਰਗੋ ਬਾਈ ਫਾਜ਼ਿਲਕਾ , ਮੁੱਖ ਸਲਾਹਕਾਰ ਬਲਕਰਨ ਕੌਰ ਅਬੋਹਰ ਅਤੇ ਫੈਡਰੇਸ਼ਨ ਦੇ ਸੂਬਾ ਪ੍ਰੈੱਸ ਸਕੱਤਰ ਰਣਦੀਪ ਸਿੰਘ ਫਤਿਹਗੜ੍ਹ ਸਾਹਿਬ ਨੇ ਕਿਹਾ ਕਿ ਆਸ਼ਾ ਵਰਕਰਾਂ ਦੀਆਂ ਮੰਗਾਂ ਪੰਜਾਬ ਸਰਕਾਰ ਨੇ ਆਪਣੇ ਸਾਢੇ ਚਾਰ ਸਾਲ ਦੇ ਰਾਜ ਭਾਗ ਦੌਰਾਨ ਪੂਰੀਆਂ ਨਹੀਂ ਕੀਤੀਆਂ। ਇਸ ਕਰਕੇ ਜਥੇਬੰਦੀ ਵੱਲੋਂ ਇਹਨਾਂ ਮੰਗਾਂ ਦੇ ਨਿਪਟਾਰੇ ਲਈ ਹਰ ਪੱਧਰ 'ਤੇ ਸੰਘਰਸ਼ ਕੀਤਾ ਜਾ ਰਿਹਾ ਹੈ। ਆਗੂਆਂ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਆਗੂ ਅਰਵਿੰਦ ਕੇਜਰੀਵਾਲ ਨੇ ਸਾਡੇ ਨਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਵਾਅਦਾ ਕੀਤਾ ਸੀ ਕਿ ਸੱਤਾ ਵਿੱਚ ਆਉਣ ਤੋਂ ਬਾਅਦ ਤੁਹਾਡੇ ਫਿਕਸ ਭੱਤੇ ਵਿੱਚ 10 ਹਜਾਰ ਦਾ ਵਾਧਾ ਕੀਤਾ ਜਾਵੇਗਾ। ਆਗੂਆਂ ਨੇ ਦੋਸ਼ ਲਾਇਆ ਕਿ ਅਜੇ ਤੱਕ ਇਹ ਵਾਅਦਾ ਵਫਾ ਨਹੀਂ ਹੋਇਆ। ਰੋਸ ਵਜੋਂ ਪੰਜਾਬ ਭਰ ਦੀਆਂ ਆਸ਼ਾ ਵਰਕਰਜ਼ 24 ਸਤੰਬਰ 2026 ਨੂੰ ਮੁੱਖ ਮੰਤਰੀ ਪੰਜਾਬ ਦੇ ਪਿੰਡ ਸਤੋਜ ਵਿਖੇ ਸੂਬਾ ਪੱਧਰੀ ਰੈਲੀ ਕਰ ਰਹੀਆਂ ਹਨ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸੁਖਜੀਤ ਕੌਰ ਸਰਾਏਨਾਗਾ, ਵਿੱਤ ਸਕੱਤਰ ਸਵਰਨਜੀਤ ਕੌਰ ਸਰਾਏਨਾਗਾ , ਭੋਲਾ ਰਾਣੀ , ਰਮਨਦੀਪ ਕੌਰ , ਸੁਨੀਤਾ, ਰਮਨਦੀਪ ਕੌਰ ਫ਼ਿਰੋਜ਼ਪੁਰ, ਰਜਵੰਤ ਕੌਰ ਵੇਰਕਾ, ਰਮਨਦੀਪ ਕੌਰ ਅੰਮ੍ਰਿਤਸਰ, ਸਵਰਨ ਕੌਰ, ਰਾਜ ਰਾਣੀ ਫਾਜ਼ਿਲਕਾ, ਸ਼ਿੰਦਰਪਾਲ ਕੌਰ ਮੰਦਰਾਂ, ਸੰਦੀਪ ਕੌਰ , ਨੀਤੂ, ਮਨਦੀਪ ਕੌਰ ਨਿਧਾ, ਨਿੰਦਰ ਕੌਰ ਮੋਗਾ ,ਅਮਰਜੀਤ ਕੌਰ, ਕਮਲਜੀਤ ਕੌਰ ਲੁਧਿਆਣਾ, ਅਮਰਜੀਤ ਕੌਰ ਸੰਧਵਾਂ, ਲਖਵੀਰ ਕੌਰ ਸੰਧਵਾਂ, ਸੰਦੀਪ ਕੌਰ, ਅਮਨਦੀਪ ਕੌਰ ਬਰਨਾਲਾ,ਜਸਵੀਰ ਕੌਰ, ਕੁਲਦੀਪ ਕੌਰ ਬਠਿੰਡਾ, ਬਲਵਿੰਦਰ ਕੌਰ ਭੈਣੀ ਬਾਘਾ, ਵੀਰਪਾਲ ਕੌਰ ਉੱਭਾ ਮਾਨਸਾ, ਕਮਲਜੀਤ ਕੌਰ, ਭਗਵੰਤ ਕੌਰ ਫਤਿਹਗੜ੍ਹ ਸਾਹਿਬ , ਬਲਵਿੰਦਰ ਕੌਰ, ਸਿਮਲੋ ਦੇਵੀ ਪ੍ਰਚਾਰ ਸਕੱਤਰ ਸੁਨੀਲ ਰਾਣੀ, ਸੀਖਾ ਜਲੰਧਰ ਆਦਿ ਹਾਜ਼ਰ ਸਨ।



# ਕਿਡਜ਼ੀ ਤੇ ਮਾਊਂਟ ਇੰਟਰਨੈਸ਼ਨਲ ਸਕੂਲ ਰਾਧੇ-ਰਾਧੇ ਨਾਲ ਗੂੰਜਿਆ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਜਦੋਂ ਨੰਨ੍ਹੇ-ਮੁੰਨ੍ਹੇ ਬੱਚਿਆਂ ਦੀਆਂ ਮਾਸੂਮ ਆਵਾਜ਼ਾਂ ਵਿੱਚ ਰਾਧੇ-ਰਾਧੇ ਗੂੰਜਿਆ, ਭਜਨਾਂ ਦੀਆਂ ਧੁਨਾਂ ਵੱਜੀਆਂ ਤੇ ਕ੍ਰਿਸ਼ਨ ਦੇ ਰੰਗ ਵਿੱਚ ਰੰਗੇ ਬੱਚਿਆਂ ਨੇ ਆਪਣੀਆਂ ਪੇਸ਼ਕਾਰੀਆਂ [illegible] ਰੱਖੀ ਗਈ ਮਜ਼ਬੂਤ ਨੀਂਹ ਸਦਕਾ ਕਿਡਜ਼ੀ ਪ੍ਰੀ-ਸਕੂਲ ਤੇ ਮਾਊਂਟ ਇੰਟਰਨੈਸ਼ਨਲ ਸਕੂਲ ਦਿਨੋ-ਦਿਨ ਤਰੱਕੀ ਦੀਆਂ ਨਵੀਆਂ ਬੁਲੰਦੀਆਂ ਨੂੰ ਛੂਹ ਰਹੇ ਹਨ।ਮਾਊਂਟ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ [illegible] ਹੁੰਦੀ ਹੈ, ਦਾ ਸੁੰਦਰ ਸੰਦੇਸ਼ ਦਿੱਤਾ। ਪ੍ਰਿੰਸੀਪਲ ਤੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ਼੍ਰੀ ਕ੍ਰਿਸ਼ਨ ਦੀਆਂ ਸਿੱਖਿਆਵਾਂ ਸਾਨੂੰ ਹਿੰਮਤ, ਕਰਤੱਵ-ਨਿਸ਼ਠਾ ਤੇ ਸੱਚਾਈ ਨਾਲ ਜੀਵਨ ਜਿਊਣ ਦੀ ਪ੍ਰੇਰਨਾ ਦਿੰਦੀਆਂ ਹਨ। ਸੈਂਟਰ ਹੈੱਡ ਮੈਡਮ ਪਰਮਿੰਦਰ ਕੌਰ ਨੇ ਕਿਹਾ ਕਿ ਸਾਡੇ ਨੰਨ੍ਹੇ ਬੱਚਿਆਂ ਦਾ 'ਰਾਧੇ-ਰਾਧੇ' ਜਾਪ ਇਸ ਜਨਮ ਅਸ਼ਟਮੀ ਦੀ ਸਭ ਤੋਂ ਪਿਆਰੀ ਝਲਕ ਰਹੀ।ਕਿਡਜ਼ੀ ਦੀ ਡਾਇਰੈਕਟਰ ਮੈਡਮ ਸੁਧਾ ਮਹਿਤਾ ਨੇ ਕਿਹਾ ਕਿ ਜਨਮ ਅਸ਼ਟਮੀ ਬੱਚਿਆਂ ਨੂੰ ਸਾਡੇ ਸੱਭਿਆਚਾਰ ਨਾਲ ਜੋੜਨ ਤੇ [illegible]




## ਕਾਮਰੇਡ ਅਜਮੇਰ ਸਿੰਘ ਸਮਰਾ ਦੇ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ



**ਲੁਧਿਆਣਾ (ਸਤੀਸ਼ ਸਚਦੇਵਾ )** - ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਸਾਬਕਾ ਪ੍ਰਧਾਨ, ਇਨਕਲਾਬੀ ਮੈਗਜ਼ੀਨ ਹਰਾਵਲ ਦਸਤਾ ਦੇ ਸੰਪਾਦਕ ਕਾਮਰੇਡ ਅਜਮੇਰ ਸਿੰਘ ਸਮਰਾ ਦੇ ਵਿਛੋੜੇ 'ਤੇ ਇਨਕਲਾਬੀ ਕੇਂਦਰ ਪੰਜਾਬ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰੈਣ ਦੱਤ, ਜਨਰਲ ਸਕੱਤਰ ਕੰਵਲਜੀਤ ਖੰਨਾ, ਲਾਲ ਪਰਚਮ ਦੇ ਸੰਪਾਦਕ ਕਾਮਰੇਡ ਮੁਖਤਿਆਰ [illegible]

# ਜੇਲ੍ਹ 'ਚ ਬੰਦ ਕਿਸਾਨਾਂ ਦੇ ਮਨੁੱਖੀ ਅਧਿਕਾਰਾਂ ਦਾ ਘਾਣ

### ਸਰਕਾਰ ਵਿਰੁੱਧ ਕਿਸਾਨਾਂ ਨੇ ਲਾਇਆ ਧਰਨਾ




**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**- ਐਸ.ਕੇ.ਐਮ. (ਗ਼ੈਰ-ਰਾਜਨੀਤਿਕ) ਦੇ ਕੌਮੀ ਕਨਵੀਨਰ ਤੇ ਭਾਰਤੀ ਕਿਸਾਨ ਯੂਨੀਅਨ (ਏਕਤਾ ਸਿੱਧੂਪੁਰ) ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ 'ਤੇ ਜੇਲ੍ਹਾਂ ਅੰਦਰ ਬੰਦ ਕਿਸਾਨਾਂ ਦੇ ਸੰਵਿਧਾਨਕ ਤੇ ਮਨੁੱਖੀ ਅਧਿਕਾਰਾਂ ਦਾ ਘਾਣ ਕਰਨ ਦੇ ਗੰਭੀਰ ਦੋਸ਼ [illegible]

## ਪੰਜਾਬ ਕੋ-ਐਜੂਕੇਸ਼ਨ ਸਕੂਲ ਦੇ ਖਿਡਾਰੀਆਂ ਨੇ ਰੱਸਾਕਸ਼ੀ ਮੁਕਾਬਲੇ 'ਚ ਕੀਤੀ ਕਮਾਲ



**ਬਾਘਾ ਪੁਰਾਣਾ (ਮਨੀ ਸਿੰਗਲਾ)**- [illegible]

## ਮੁੱਖ ਮੰਤਰੀ ਮਾਨ ਦੇ ਮਾਸੜ ਨਮਿਤ ਅੰਤਿਮ ਅਰਦਾਸ ਮੌਕੇ ਅਹਿਮ ਸ਼ਖ਼ਸੀਅਤਾਂ ਪੁੱਜੀਆਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** - [illegible]

## ਫ਼ਰੀਦਕੋਟ ਪੁਲਸ ਦੇ 5 ਅਧਿਕਾਰੀ ਸੇਵਾ ਮੁਕਤ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** : ਜ਼ਿਲ੍ਹਾ ਫ਼ਰੀਦਕੋਟ ਪੁਲਿਸ ਵਿਭਾਗ ਵਿੱਚ ਆਪਣੀ [illegible]

# ਰਾਹੁਲ ਗਾਂਧੀ ਖ਼ਿਲਾਫ਼ ਕੇਸ ਨੂੰ ਲੈ ਕੇ ਮੋਦੀ ਦਾ ਫੂਕਿਆ ਪੁਤਲਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਕਾਂਗਰਸ ਪਾਰਟੀ ਨੇ ਮੰਗਲਵਾਰ ਨੂੰ ਫਿਰੋਜ਼ਪੁਰ ਦੇ ਕਾਂਗਰਸ ਭਵਨ ਵਿਖੇ ਰਾਹੁਲ ਗਾਂਧੀ ਖ਼ਿਲਾਫ਼ ਦਰਜ ਕੀਤੀ ਗਈ ਐੱਫ ਆਈ ਆਰ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ



ਭਾਜਪਾ ਸਰਕਾਰ ਦਾ ਪੁਤਲਾ ਫੂਕ ਕੇ ਆਪਣਾ ਗੁੱਸਾ ਜ਼ਾਹਰ ਕੀਤਾ। ਰੋਸ ਰੈਲੀ ਦੀ ਰਹਿਨੁਮਾਈ ਜ਼ਿਲ੍ਹਾ ਇੰਚਾਰਜ਼ ਕੁਲਬੀਰ ਸਿੰਘ ਜ਼ੀਰਾ, ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਅਤੇ ਬਲਜੀਤ ਕੌਰ ਬੰਗੜ ਨੇ ਕੀਤੀ। ਇਸ ਮੌਕੇ ਆਸ਼ੂ ਬੰਗੜ ਨੇ ਕਿਹਾ ਕਿ ਰਾਹੁਲ ਗਾਂਧੀ ਖ਼ਿਲਾਫ਼ ਐੱਫ ਆਈ ਆਰ ਦਰਜ ਕਰਨਾ ਬੇਹੱਦ ਨਿੰਦਣਯੋਗ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੇ ਖ਼ਿਲਾਫ਼ ਹੈ। ਉਨ੍ਹਾਂ ਕਿਹਾ ਰਾਹੁਲ ਗਾਂਧੀ ਹਮੇਸ਼ਾ ਦੇਸ਼ ਦੇ ਸੰਵਿਧਾਨ, ਸਮਾਜਿਕ ਬਰਾਬਰੀ ਅਤੇ ਹਰ ਵਰਗ ਦੇ ਹੱਕਾਂ ਦੀ ਗੱਲ ਕਰਦੇ ਆਏ ਹਨ। ਉਨ੍ਹਾਂ ਦੀ ਆਵਾਜ਼ ਹੀ ਲੋਕਤੰਤਰ ਦੀ ਆਵਾਜ਼ ਹੈ, ਪਰ ਮੌਜੂਦਾ ਸਰਕਾਰ ਇਸ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ। ਆਸ਼ੂ ਬੰਗੜ ਨੇ ਕਿਹਾ ਕਿ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਦੀ ਰੈਲੀ ਤੋਂ ਬਾਅਦ "ਸ਼ੁੱਧੀਕਰਨ" ਦੇ ਮਾਮਲੇ 'ਤੇ ਰਾਹੁਲ ਗਾਂਧੀ ਵੱਲੋਂ ਆਵਾਜ਼ ਉਠਾਉਣਾ ਸੰਵਿਧਾਨਕ ਅਧਿਕਾਰ ਹੈ। ਇਸ ਮੌਕੇ ਕਮਲਪ੍ਰੀਤ ਸਿੰਘ ਬਲਾਕ ਪ੍ਰਧਾਨ, ਘੱਲ ਖੁਰਦ, ਰਣਬੀਰ ਸਿੰਘ ਸਰਪੰਚ, ਕਸ਼ਮੀਰ ਸਿੰਘ ਬਲਾਕ ਸੰਮਤੀ ਮੈਂਬਰ, ਆਸਾ ਸਿੰਘ ਕਮਲ ਪਿਆਣੇਵਾਲਾ, ਇੰਦਰਜੀਤ ਸਿੰਘ, ਤਰਸੇਮ ਅਟਵਾਲ, ਸਿਮਰਾ ਕਾਲੀਏ ਵਾਲਾ, ਕਸ਼ਮੀਰ ਸਿੰਘ ਲੋਹਗੜ, ਦਲਜੀਤ ਸਿੰਘ ਫਰੀਦੇਵਾਲਾ, ਵਰਿੰਦਰ ਸਿੰਘ, ਤਰਸੇਮ ਸਿੰਘ, ਲਵਲੀ, ਅਕਾਸ਼ਦੀਪ ਸਿੰਘ, ਪ੍ਰੀਤ ਵਾਹਗੇ ਵਾਲਾ, ਜਸਵਿੰਦਰ ਸਿੰਘ, ਜਸਮੋਹਿਤ ਸਿੰਘ, ਸਰਪੰਚ ਮਨਜੀਤ ਸਿੰਘ, ਮੈਂਬਰ ਹਰਪੀਤ ਸਿੰਘ ਉੱਗੋ ਕੇ, ਦਰਸ਼ਨ ਸਿੰਘ ਸਰਪੰਚ, ਲਖਬੀਰ ਸਿੰਘ, ਗੁਰਮੇਲ ਸਿੰਘ, ਲਖਵਿੰਦਰ ਸਿੰਘ, ਬਲਵਿੰਦਰ ਸਿੰਘ, ਮੱਸਾ ਸਿੰਘ, ਰਾਜ ਕੁਮਾਰ, ਰਵਿੰਦਰ ਸਿੰਘ ਢਿੱਲੋਂ, ਕੁਲਬੀਰ ਸਿੰਘ, ਮਨਪ੍ਰੀਤ ਸਿੰਘ ਭੁੱਲਰ, ਗੁਰਦੇਵ ਸਿੰਘ ਫੌਜੀ, ਜਸਵਿੰਦਰ ਸਿੰਘ, ਗਗਨ ਗਾਮੇ ਵਾਲਾ ਅਤੇ ਮਨਦੀਪ ਸਿੰਘ ਥਿੰਦ ਸਮੇਤ ਹੋਰ ਆਗੂ ਹਾਜ਼ਰ ਸਨ।

# ਸਿੱਖਿਆ ਮੰਤਰੀ ਦੇ ਪਿੰਡ ਸੂਬਾ ਪੱਧਰੀ ਕਾਲਾ ਦਿਵਸ ਮਨਾਉਣਗੇ ਏਡਿਡ ਅਧਿਆਪਕ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬ ਦੇ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਅਧਿਆਪਕਾਂ ਤੇ ਕਰਮਚਾਰੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਪੰਜਾਬ ਏਡਿਡ ਸਕੂਲ ਅਧਿਆਪਕ ਅਤੇ ਹੋਰ ਕ੍ਰਮਚਾਰੀ ਯੂਨੀਅਨ ਪੰਜਾਬ-1967 ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਤੇ ਸੂਬਾ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਵੱਲੋਂ ਇਹ ਐਲਾਨ ਕੀਤਾ ਗਿਆ ਹੈ ਕਿ 5 ਸਤੰਬਰ ਅਧਿਆਪਕ ਦਿਵਸ ਦੇ ਮੌਕੇ ਸਵੇਰੇ 10 ਵਜੇ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ (ਆਨੰਦਪੁਰ ਸਾਹਿਬ-ਨੰਗਲ ਰੋਡ) ਵਿਖੇ ਸੂਬਾ ਪੱਧਰੀ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ। ਏਡਿਡ ਸਕੂਲ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕੁਮਾਰ ਮਦਾਨ ਅਤੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਕਿਹਾ ਕਿ ਏਡਿਡ ਸਕੂਲਾਂ ਦੇ ਅਧਿਆਪਕ ਤੇ ਕ੍ਰਮਚਾਰੀ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਦੁੱਖ ਦੀ ਗੱਲ ਹੈ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸਿੱਖਿਆ ਵਿਭਾਗ ਅਤੇ ਸਰਕਾਰ ਵੱਲੋਂ ਇਨ੍ਹਾਂ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਦਾ ਕੋਈ ਢੁੱਕਵਾਂ ਹੱਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਰੁਕੀਆਂ ਹੋਈਆਂ ਤਨਖ਼ਾਹਾਂ ਤੁਰੰਤ ਜਾਰੀ ਕਰਨ, ਸੇਵਾ ਮੁਕਤ

**ਕਾਲੇ ਕੱਪੜੇ ਪਾ ਕੇ ਤੇ ਖਾਲੀ ਭਾਂਡੇ ਖੜਕਾ ਕੇ ਸਰਕਾਰ ਦੀਆਂ ਨੀਤੀਆਂ ਵਿਰੁੱਧ ਕੀਤਾ ਜਾਵੇਗਾ ਰੋਸ ਪ੍ਰਦਰਸ਼ਨ**

ਕਰਮਚਾਰੀਆਂ ਦੇ ਪੀ.ਪੀ.ਓ. ਜਾਰੀ ਕਰਨ, ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਇਆ ਏਰੀਅਰ ਜਾਰੀ ਕਰਨ ਅਤੇ ਹੋਰ ਲੰਬਿਤ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਲਈ ਯੂਨੀਅਨ ਵੱਲੋਂ ਲਗਾਤਾਰ ਸਰਕਾਰ ਦੇ ਧਿਆਨ ਵਿੱਚ ਮਾਮਲਾ ਲਿਆਂਦਾ ਜਾ ਰਿਹਾ ਹੈ। ਇਸ ਦੇ ਬਾਵਜੂਦ ਮੰਗਾਂ ਦਾ ਹੱਲ ਨਾ ਹੋਣ ਕਾਰਨ ਅਧਿਆਪਕਾਂ ਅਤੇ ਕ੍ਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਅਸ਼ਵਨੀ ਕੁਮਾਰ ਮਦਾਨ ਨੇ ਕਿਹਾ ਕਿ ਕਈ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕਾਂ ਤੇ ਕਰਮਚਾਰੀਆਂ ਨੂੰ ਗੰਭੀਰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਘਰਾਂ ਦੇ ਰੋਜ਼ਾਨਾ ਖਰਚੇ, ਬੱਚਿਆਂ ਦੀ ਪੜ੍ਹਾਈ ਅਤੇ ਪਰਿਵਾਰਕ ਜ਼ਿੰਮੇਵਾਰੀਆਂ ਨਿਭਾਉਣੀਆਂ ਬਹੁਤ ਮੁਸ਼ਕਲ ਹੋ ਗਈਆਂ ਹਨ। ਹਰਵਿੰਦਰ ਪਾਲ ਨੇ ਦੱਸਿਆ ਕਿ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਤੇ ਸੂਬਾ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਦੇ ਸੱਦੇ ਅਨੁਸਾਰ 5 ਸਤੰਬਰ ਦੇ ਰੋਸ ਧਰਨੇ ਵਿੱਚ ਸੂਬੇ ਭਰ ਤੋਂ ਅਧਿਆਪਕ ਤੇ ਕ੍ਰਮਚਾਰੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਉਨ੍ਹਾਂ ਕਿਹਾ ਕਿ ਹਰ ਜ਼ਿਲ੍ਹਾ ਆਪਣੇ ਪੱਧਰ ਤੇ ਰੋਸ ਪ੍ਰਦਰਸ਼ਨ ਦੀ ਪੂਰੀ ਤਿਆਰੀ ਕਰਕੇ ਧਰਨੇ ਵਿੱਚ ਪਹੁੰਚੇਗਾ।ਉਨ੍ਹਾਂ ਦੱਸਿਆ ਕਿ ਰੋਸ ਪ੍ਰਦਰਸ਼ਨ ਦੌਰਾਨ ਸਾਥੀ ਕਾਲੇ ਕੱਪੜੇ ਪਾ ਕੇ ਅਤੇ ਖਾਲੀ ਭਾਂਡੇ ਖੜਕਾ ਕੇ ਸਰਕਾਰ ਪ੍ਰਤੀ ਆਪਣਾ ਰੋਸ ਪ੍ਰਗਟ ਕਰਨਗੇ।

# ਰਾਸ਼ਟਰੀ ਵਾਲੀਬਾਲ ਖਿਡਾਰੀ ਜਗਮੀਤ ਸਿੰਘ ਪੰਜਾਬ ਪੁਲਸ 'ਚ ਬਤੌਰ ਏ ਐਸ ਆਈ ਹੋਏ ਪਦਉੱਨਤ

**ਕੋਟਕਪੂਰਾ, (ਰਛਪਾਲ ਭੁੱਲਰ)** ਪਿੰਡ ਹਰੀ ਨੌਂ ਦੇ ਵਸਨੀਕ ਤੇ ਵਾਲੀਬਾਲ ਦੇ ਰਾਸ਼ਟਰੀ ਪੱਧਰ ਦੇ ਖਿਡਾਰੀ ਜਗਮੀਤ ਸਿੰਘ ਨੂੰ ਪੰਜਾਬ ਪੁਲਿਸ ਵਿੱਚ ਬਤੌਰ ਸਹਾਇਕ ਸਬ-ਇੰਸਪੈਕਟਰ ਪਦਉੱਨਤ ਹੋਣ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਥਾਣਾ ਸਦਰ ਦੇ ਐਸ.ਐਚ.ਓ. ਇੰਸਪੈਕਟਰ ਸਿਕੰਦਰ ਸਿੰਘ ਬਰਾੜ ਤੇ ਆਮ ਆਦਮੀ ਪਾਰਟੀ ਦੇ ਆਗੂ ਸੁਖਵਿੰਦਰ ਸਿੰਘ ਪੱਪੂ ਨੰਬਰਦਾਰ ਨੇ ਜਗਮੀਤ ਸਿੰਘ ਦੇ ਮੋਢਿਆਂ 'ਤੇ ਸਟਾਰ ਲਾ ਕੇ ਉਨ੍ਹਾਂ ਨੂੰ ਇਸ ਤਰੱਕੀ ਦੀਆਂ ਮੁਬਾਰਕਬਾਦ ਦਿੱਤੀ।ਨੰਬਰਦਾਰ ਸੁਖਵਿੰਦਰ ਸਿੰਘ ਪੱਪੂ ਨੇ ਦੱਸਿਆ ਕਿ ਜਗਮੀਤ ਸਿੰਘ ਦਾ ਬਚਪਨ ਤੋਂ ਹੀ ਖੇਡਾਂ, ਵਿਸ਼ੇਸ਼ ਤੌਰ 'ਤੇ ਵਾਲੀਬਾਲ ਵੱਲ ਵੱਡਾ ਲਗਾਅ ਸੀ, ਉਨ੍ਹਾਂ ਨੇ 10ਵੀਂ ਤੱਕ ਦੀ ਪੜ੍ਹਾਈ ਆਪਣੇ ਪਿੰਡ ਹਰੀ ਨੌਂ ਦੇ ਸਰਕਾਰੀ ਸਕੂਲ ਤੋਂ ਪ੍ਰਾਪਤ ਕੀਤੀ ਅਤੇ +2 ਦੀ ਪੜ੍ਹਾਈ ਪ੍ਰਸਿੱਧ ਸਪੋਰਟਸ ਕਾਲਜ, ਜਲੰਧਰ ਤੋਂ ਪੂਰੀ ਕੀਤੀ।ਸਕੂਲ ਸਮੇਂ ਦੌਰਾਨ ਹੀ ਉਹ ਰਾਸ਼ਟਰੀ ਪੱਧਰ ਦੀਆਂ ਖੇਡਾਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਚੁੱਕੇ ਸਨ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੇ ਕੁਰੂਕਸ਼ੇਤਰ ਯੂਨੀਵਰਸਿਟੀ ਹਰਿਆਣਾ ਵੱਲੋਂ ਖੇਡਦਿਆਂ ਉਨ੍ਹਾਂ ਨੇ ਆਲ ਇੰਡੀਆ ਯੂਨੀਵਰਸਿਟੀ ਮੁਕਾਬਲਿਆਂ ਵਿੱਚ ਸੋਨੇ ਦਾ ਤਗਮਾ ਹਾਸਲ ਕਰਕੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ।ਪੱਪੂ ਨੰਬਰਦਾਰ ਨੇ ਅੱਗੇ ਦੱਸਿਆ ਕਿ ਖੇਡਾਂ ਵਿੱਚ ਪ੍ਰਾਪਤ ਕੀਤੀਆਂ ਪ੍ਰਾਪਤੀਆਂ ਬਦੌਲਤ ਸਾਲ 2011 ਵਿੱਚ ਸਪੋਰਟਸ ਕੋਟੇ ਅਧੀਨ ਉਹ ਪੰਜਾਬ ਪੁਲਿਸ ਵਿੱਚ ਬਤੌਰ ਸਿਪਾਹੀ (ਕਾਂਸਟੇਬਲ) ਭਰਤੀ ਹੋਏ।ਇਸ ਦੌਰਾਨ ਵੀ ਉਨ੍ਹਾਂ ਆਲ ਇੰਡੀਆ ਪੁਲਿਸ ਗੇਮਜ਼ ਵਿੱਚ ਪੰਜਾਬ ਪੁਲਿਸ ਦੀ ਵਾਲੀਬਾਲ ਟੀਮ ਦੀ ਨੁਮਾਇੰਦਗੀ ਕੀਤੀ। ਉਨ੍ਹਾਂ ਦੱਸਿਆ ਕਿ ਆਪਣੀ ਮਿਹਨਤ ਦੇ ਦਮ 'ਤੇ ਉਹ ਸਾਲ 2018 ਵਿੱਚ ਹੌਲਦਾਰ ਬਣੇ, ਪਿਛਲੇ 5 ਸਾਲਾਂ ਤੋਂ ਉਹ ਪੁਲਿਸ ਕਮਿਸ਼ਨਰੇਟ ਲੁਧਿਆਣਾ ਵਿਖੇ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਅ ਰਹੇ ਸਨ।ਸਾਲ 2026 ਵਿੱਚ ਪੰਜਾਬ ਪੁਲਿਸ ਦਾ ਇੰਟਰਮੀਡੀਏਟ ਸਕੂਲ ਕੋਰਸ ਸਫ਼ਲਤਾਪੂਰਵਕ ਪਾਸ ਕਰਨ ਤੋਂ ਬਾਅਦ ਹੁਣ ਉਨ੍ਹਾਂ ਨੂੰ ਬਤੌਰ ਏ ਐਸ ਆਈ ਪਦਉੱਨਤ ਕੀਤਾ ਗਿਆ ਹੈ।ਏ ਐਸ ਆਈ ਜਗਮੀਤ ਸਿੰਘ ਦੀ ਇਸ ਪ੍ਰਾਪਤੀ 'ਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਨਗਰ ਕੌਂਸਲ ਕੋਟਕਪੂਰਾ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਗੈਰੀ ਵੜਿੰਗ, ਸੁਖਜਿੰਦਰ ਸਿੰਘ ਤੱਖੀ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਕੋਟਕਪੂਰਾ, ਐਰਨ ਜੋਸ਼ੀ ਨਿਪੀ ਐੱਮ.ਸੀ., ਰਾਜਿੰਦਰ ਕੁਮਾਰ ਰਾਜਾ ਠੇਕੇਦਾਰ, ਗੁਰਸੇਵਕ ਸਿੰਘ ਸੰਧੂ, ਡਿੰਪਲ ਸਿੰਘ ਘੁਲਿਆਣੀ, ਇੰਦਰ ਸਿੰਘ ਵੜਿੰਗ, ਸੁਖਵਿੰਦਰ ਸਿੰਘ ਗੱਗੂ, ਪਿੰਡ ਹਰੀ ਨੌਂ ਦੇ ਸਰਪੰਚ ਗੁਰਜੀਤ ਸਿੰਘ ਅਤੇ ਪੰਚਾਇਤ ਮੈਂਬਰ ਜਸਵਿੰਦਰ ਸਿੰਘ ਸਮੇਤ ਹੋਰ ਪਤਵੰਤੇ ਸੱਜਣਾਂ ਨੇ ਵਿਸ਼ੇਸ਼ ਤੌਰ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਆਸ ਪ੍ਰਗਟਾਈ ਕਿ ਉਹ ਅੱਗੇ ਵੀ ਇਮਾਨਦਾਰੀ ਤੇ ਲਗਨ ਨਾਲ ਆਪਣੀ ਡਿਊਟੀ ਨਿਭਾਉਂਦੇ ਰਹਿਣਗੇ।

## ਭਾਈ ਘਨੱਈਆ ਸੇਵਾ ਸੰਮਤੀ ਵੱਲੋਂ ਮੁਫਤ ਮੈਡੀਕਲ ਕੈਂਪ

**ਭੀਖੀ (ਧਰਮਵੀਰ ਸ਼ਰਮਾ)** - ਨੇੜਲੇ ਪਿੰਡ ਸਮਾਉਂ ਵਿਖੇ ਭਾਈ ਕਨ੍ਹੱਈਆ ਸੇਵਾ ਸੰਮਤੀ ਸਮਾਉਂ ਅਤੇ ਫਿਜਿਉਥੈਰੇਪੀ ਲਾਇਫ ਕੇਅਰ ਕਲੀਨਿਕ ਦੇ ਸਹਿਯੋਗ ਨਾਲ ਜਿੰਦਲ ਮੈਡੀਹਾਰਟ ਹਸਪਤਾਲ ਅਤੇ ਸਕੈਨ ਸੈਂਟਰ ਸੁਨਾਮ ਵਲੋਂ ਮੁਫਤ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ। ਕੈਂਪ ਦੌਰਾਨ 150 ਤੋਂ ਵੱਧ ਲੋੜਵੰਦ ਵਿਅਕਤੀਆਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਭਾਈ ਕਨ੍ਹੱਈਆ ਸੇਵਾ ਸੰਮਤੀ ਦੇ ਪ੍ਰਧਾਨ ਸੇਵਾ ਮੁਕਤ ਮੈਨੇਜਰ ਬਹਾਦਰ ਸਿੰਘ ਚਹਿਲ ਨੇ ਦੱਸਿਆ ਕਿ ਉਨਾਂ ਦੀ ਸੰਸਥਾ ਧਾਰਮਿਕ ਅਤੇ ਸਮਾਜਿਕ ਕਾਰਜਾਂ ਵਿੱਚ ਹਮੇਸ਼ਾ ਲੋਕਾਂ ਦੀ ਸੇਵਾ ਕਰਨ ਲਈ ਤਤਪਰ ਹੈ। ਇਸ ਮੌਕੇ ਹਸਪਤਾਲ ਦੇ ਡਾ. ਹਰਮਨ ਸ਼ਰਮਾ (ਐਮ.ਡੀ.) ਨੇ ਲੋਕਾਂ ਨੂੰ ਤਾਕੀਦ ਕਰਦਿਆਂ ਕਿਹਾ ਕਿ ਉਹ ਆਪਣੇ ਅਤੇ ਦੁਆਲੇ ਦੀ ਸਫਾਈ ਅਤੇ ਚੁਗਿਰਦੇ ਦੀ ਸਾਂਭ ਸੰਭਾਲ ਦਾ ਖਿਆਲ ਰੱਖਣ।



## ਆਈ ਐੱਮ ਏ ਵੱਲੋਂ ਅਸ਼ੋਕ ਗੋਇਲ ਦਾ ਸਮਰਥਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਨੈਸ਼ਨਲ ਇੰਟੀਗ੍ਰੇਟਿਡ ਮੈਡੀਕਲ ਐਸੋਸੀਏਸ਼ਨ (ਐੱਨ ਆਈ ਐੱਮ ਏ) ਫ਼ਿਰੋਜ਼ਪੁਰ ਸਿਟੀ ਬ੍ਰਾਂਚ ਵੱਲੋਂ ਪੰਜਾਬ ਯੂਨੀਵਰਸਿਟੀ ਸੈਨੇਟ ਇਲੈਕਸ਼ਨ-2026 ਲਈ ਅਸ਼ੋਕ ਗੋਇਲ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ ਹੈ। ਐੱਨ ਆਈ ਐੱਮ ਏ ਫ਼ਿਰੋਜ਼ਪੁਰ ਸਿਟੀ ਬ੍ਰਾਂਚ ਦੇ ਪ੍ਰਧਾਨ ਡਾ. ਦਲਜੀਤ ਸਿੰਘ ਨੇ ਕਿਹਾ ਕਿ ਉਹ ਅਸ਼ੋਕ ਗੋਇਲ ਦਾ ਪੂਰਨ ਸਮਰਥਨ ਕਰਨਗੇ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ 20 ਸਤੰਬਰ ਨੂੰ ਹੋਣ ਵਾਲੀ ਚੋਣ ਵਿੱਚ ਵੱਧ-ਚੜ੍ਹ ਕੇ ਵੋਟ ਪਾਉਣ।

## ਕਰੰਟ ਲੱਗਣ ਨਾਲ 8 ਸਾਲਾ ਬੱਚੀ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਫਿਰੋਜ਼ਪੁਰ ਕੈਂਟ ਬੋਰਡ ਦੀ ਜ਼ਮੀਨ ਉੱਤੇ ਲਗਾਏ ਗਏ ਮੇਲੇ ਵਿੱਚ ਹੋਏ ਇੱਕ ਦਿਲਕੰਬਾਊ ਹਾਦਸੇ ਨੇ ਸਭ ਦੇ ਦਿਲ ਝੰਜੋੜ ਕੇ ਰੱਖ ਦਿੱਤੇ ਹਨ। ਮੇਲੇ ਦੀਆਂ ਖੁਸ਼ੀਆਂ ਉਸ ਵੇਲੇ ਮਾਤਮ ਵਿੱਚ ਬਦਲ ਗਈਆਂ, ਜਦੋਂ ਬਿਜਲੀ ਦੇ ਜ਼ੋਰਦਾਰ ਝਟਕਾ ਲੱਗਣ ਕਾਰਨ ਇੱਕ 8 ਸਾਲਾ ਮਾਸੂਮ ਧੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਬੱਚੀ ਦੀ ਪਛਾਣ 8 ਸਾਲਾ ਦੀਵਾਂਸ਼ੀ ਵਜੋਂ ਹੋਈ ਹੈ, ਜੋ ਆਪਣੇ ਪਰਿਵਾਰ ਨਾਲ ਮੇਲਾ ਵੇਖਣ ਆਈ ਸੀ। ਦੋਸ਼ ਹੈ ਕਿ ਮੇਲਾ ਪ੍ਰਬੰਧਕਾਂ ਦੀ ਅਣਗਹਿਲੀ ਕਾਰਨ ਇਹ ਘਟਨਾ ਵਾਪਰੀ ਹੈ।

## ਪੀ.ਏ.ਯੂ ਵੱਲੋਂ ਖੇਤਰੀ ਖੋਜ ਕੇਂਦਰ ਵਿਖੇ ਕਿਸਾਨ ਮੇਲਾ 22 ਨੂੰ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਡਾ. ਕੁਲਦੀਪ ਸਿੰਘ ਨਿਰਦੇਸ਼ਕ ਪੀ.ਏ.ਯੂ ਖੇਤਰੀ ਖੋਜ ਕੇਂਦਰ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ 22 ਸਤੰਬਰ ਨੂੰ ਖੇਤਰੀ ਖੋਜ ਕੇਂਦਰ ਵਿਖੇ ਕਿਸਾਨ ਮੇਲਾ ਲਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਕਿਸਾਨ ਮੇਲੇ ਵਿੱਚ ਕਿਸਾਨਾਂ ਨੂੰ ਹਾੜ੍ਹੀ ਦੀਆਂ ਫ਼ਸਲਾਂ ਦੇ ਸੁਧਰੇ ਬੀਜ ਵੀ ਦਿੱਤੇ ਜਾਣਗੇ ਅਤੇ ਸਬਜ਼ੀਆਂ ਦੀਆਂ ਕਿੱਟਾਂ ਵੀ ਦਿੱਤੀਆਂ ਜਾਣਗੀਆਂ।ਕਿਸਾਨ ਮੇਲੇ ਵਿੱਚ ਖੇਤੀ ਸੰਬੰਧੀ ਪੁਸਤਕਾਂ ਤੇ ਖੇਤੀ ਸੰਬੰਧਤ ਪ੍ਰਦਰਸ਼ਨੀਆਂ ਵੀ ਲਾਈਆਂ ਜਾਣਗੀਆਂ।ਇਸ ਵਿੱਚ ਯੂਨੀਵਰਸਿਟੀ ਮਾਹਿਰਾਂ ਵੱਲੋਂ ਸਾਉਣੀ ਦੀਆਂ ਫਸਲਾਂ ਸੰਬੰਧੀ ਮੁਸ਼ਕਿਲਾਂ ਦੇ ਹੱਲ ਵੀ ਦੱਸੇ ਜਾਣਗੇ ਤੇ ਬੀਬੀਆਂ ਨੂੰ ਘਰੇਲੂ ਕੰਮਾਂ ਸੰਬੰਧੀ ਜਾਣਕਾਰੀ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਕਿਸਾਨ ਮੇਲੇ ਵਿੱਚ ਸੱਭਿਆਚਾਰਕ ਪ੍ਰੋਗਰਾਮ ਵੀ ਕਰਾਇਆ ਜਾਵੇਗਾ।ਹੋਵੇਗਾ।

## ਆਯੁਰਵੈਦਿਕ ਤੇ ਹੋਮਿਓਪੈਥਿਕ ਦਵਾਈਆਂ ਦਾ ਮੁਫ਼ਤ ਕੈਂਪ ਅੱਜ

**ਕੋਟ ਈਸੇ ਖਾਂ, (ਅਰੋੜਾ)**- ਪੰਜਾਬ ਸਰਕਾਰ ਦੇ ਆਯੂਸ਼ ਵਿਭਾਗ, ਡਾਇਰੈਕਟਰ ਆਯੁਰਵੇਦਾ ਤੇ ਡਾਇਰੈਕਟਰ ਹੋਮਿਓਪੈਥੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਆਯੁਰਵੈਦਿਕ ਦੇ ਯੂਨਾਨੀ ਅਫ਼ਸਰ ਡਾਕਟਰ ਪਲਵਿੰਦਰ ਸਿੰਘ ਤੇ ਜ਼ਿਲ੍ਹਾ ਹੋਮਿਓਪੈਥਿਕ ਅਫ਼ਸਰ ਡਾਕਟਰ ਗੁਰਦਰਸ਼ਨ ਕੌਰ ਦੀ ਯੋਗ ਅਗਵਾਈ ਵਿੱਚ ਆਯੁਰਵੈਦਿਕ ਤੇ ਹੋਮਿਓਪੈਥਿਕ ਦਵਾਈਆਂ ਦਾ ਕੈਂਪ ਵੀਰਵਾਰ ਨੂੰ ਸਿਵਲ ਹਸਪਤਾਲ ਕੋਟ ਈਸੇ ਖਾਂ ਵਿਖੇ ਲਾਇਆ ਜਾ ਰਿਹਾ ਹੈ। ਡਾਕਟਰ ਰਣਜੀਤ ਸਿੰਘ ਬੈਦ ਹੋਮਿਓਪੈਥੀ ਅਫ਼ਸਰ ਤੇ ਡਾਕਟਰ ਮਿਕਜ਼ਗੀਤ ਕੌਰ ਆਯੁਰਵੈਦਿਕ ਮੈਡੀਕਲ ਅਫ਼ਸਰ ਨੇ ਕਿਹਾ ਕਿ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਚੈੱਕਅਪ ਕੀਤਾ ਜਾਵੇਗਾ ਤੇ ਫ੍ਰੀ ਦਵਾਈਆਂ ਦਿੱਤੀਆਂ ਜਾਣਗੀਆਂ।

## ਵਰਿੰਦਰ ਠੁਕਰਾਲ ਸਾਥੀਆਂ ਸਮੇਤ ਗੁਰਪ੍ਰੀਤ ਸਿੰਘ ਸੇਖੋਂ ਦੇ ਕਾਫ਼ਲੇ 'ਚ ਸ਼ਾਮਲ

**ਮੱਖੂ, (ਰਛਪਾਲ ਸਿੰਘ ਸੰਧੂ)**- ਵਿਧਾਨ ਸਭਾ ਹਲਕਾ ਜ਼ੀਰਾ ਤੋਂ ਆਜ਼ਾਦ ਉਮੀਦਵਾਰ ਗੁਰਪ੍ਰੀਤ ਸਿੰਘ ਸੇਖੋਂ ਵੱਲੋਂ ਵਿਧਾਨ ਸਭਾ ਹਲਕਾ ਜ਼ੀਰਾ ਦੇ ਸ਼ਹਿਰਾਂ ਤੇ ਪਿੰਡਾਂ ਦੇ ਲੋਕਾਂ ਨਾਲ ਸੰਪਰਕ ਬਣਾਉਣ ਦੀ ਚਲਾਈ ਹੋਈ ਮੁਹਿੰਮ ਨੂੰ ਉਸ ਵਕਤ ਭਾਰੀ ਬਲ ਮਿਲਿਆ, ਜਦ ਦਾਣਾ ਮੰਡੀ ਵਿਖੇ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਵਰਿੰਦਰ ਠੁਕਰਾਲ ਆਪਣੀ ਆੜ੍ਹਤ ਦੀ ਦੁਕਾਨ 'ਤੇ ਵੱਡੀ ਗਿਣਤੀ ਵਿੱਚ ਆਪਣੇ ਸਾਥੀਆਂ ਨਾਲ ਗੁਰਪ੍ਰੀਤ ਸਿੰਘ ਦੀ ਟੀਮ ਵਿੱਚ ਸ਼ਾਮਲ ਹੋਏ। ਵਰਿੰਦਰ ਠੁਕਰਾਲ ਵੱਲੋਂ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਇਲਾਕਾ ਨਿਵਾਸੀਆਂ, ਸ਼ਹਿਰ ਵਾਸੀ ਤੇ ਆੜ੍ਹਤੀਆਂ ਦੀ ਹਾਜ਼ਰੀ ਵਿੱਚ ਗੁਰਪ੍ਰੀਤ ਸਿੰਘ ਸੇਖੋਂ ਦਾ ਸਵਾਗਤ ਕੀਤਾ ਗਿਆ।ਗੁਰਪ੍ਰੀਤ ਸਿੰਘ ਸੇਖੋਂ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਜ਼ੀਰਾ ਦੇ ਜੋ ਪਿਆਰ ਮੁਹੱਬਤ ਮਿਲ ਰਿਹਾ ਹੈ, ਉਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ।ਮੈਂ ਤੁਹਾਡੀ ਸੇਵਾ ਵਿੱਚ ਹਰ ਦਮ ਹਾਜ਼ਰ ਰਹਾਂਗਾ।



## 20 ਨੂੰ ਲੱਗਣ ਵਾਲੇ ਮੈਗਾ ਮੈਡੀਕਲ ਕੈਂਪ ਦੀ ਤਿਆਰੀ 'ਚ ਮੀਟਿੰਗ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**- 20 ਸਤੰਬਰ ਨੂੰ ਵਿਸ਼ਾਲ ਮੈਗਾ ਮੈਡੀਕਲ ਕੈਂਪ



ਲਾਇਆ ਜਾ ਰਿਹਾ ਹੈ।ਇਹ ਕੈਂਪ ਬਾਬੂ ਆਨੰਦ ਸਵਰੂਪ ਜ਼ਿੰਦਲ ਐਡਵੋਕੇਟ ਤੇ ਭਾਜਪਾ ਦੇ ਸੀਨੀਅਰ ਸੁਬਾਈ ਆਗੂ ਸਵ: ਵਿਨੋਦ ਗੁਪਤਾ ਦੀ ਯਾਦ ਵਿੱਚ ਬਾਬੂ ਆਨੰਦ ਸਵਰੂਪ ਚੈਰੀਟੇਬਲ ਟਰੱਸਟ ਵੱਲੋਂ ਅਗਰਵਾਲ ਸਭਾ ਰਜਿ ਤੇ ਭਾਰਤ ਵਿਕਾਸ ਪ੍ਰੀਸ਼ਦ ਦੇ ਸਹਿਯੋਗ ਨਾਲ ਸ਼ਿਵ ਨਿਕੇਤਨ ਧਰਮਸ਼ਾਲਾ ਵਿੱਚ ਲਾਇਆ ਜਾ ਰਿਹਾ ਹੈ।ਕੈਂਪ ਦੀ ਤਿਆਰੀ ਸੰਬੰਧੀ ਵਿੱਚ ਵਰਕਰਾਂ ਮੀਟਿੰਗ ਕੀਤੀ ਗਈ, ਜਿਸ ਵਿੱਚ ਕੈਂਪ ਦੀ ਤਿਆਰੀ ਸੰਬੰਧੀ ਵਿਚਾਰ ਚਰਚਾ ਕੀਤੀ ਗਈ ਤੇ ਵੱਖ-ਵੱਖ ਸਾਥੀਆਂ ਨੇ ਵਿਚਾਰ ਰੱਖੇ ਮੀਟਿੰਗ ਵਿੱਚ ਗੋਪਾਲ ਸ਼ਰਮਾ, ਰਾਕੇਸ਼ ਗਗਨ ਪ੍ਰਧਾਨ ਭਾਰਤ ਵਿਕਾਸ ਪ੍ਰੀਸ਼ਦ, ਵਿਕਰਮ ਗਰਗ ਵਿੱਕੀ ਪ੍ਰਧਾਨ ਅਗਰਵਾਲ ਸਭਾ, ਮਨਪ੍ਰੀਤ ਬਾਂਸਲ ਪ੍ਰਧਾਨ ਨਗਰ ਕੌਂਸਲ, ਯਸ਼ਪਾਲ ਮੰਗਲਾ 'ਤੇ ਸ਼ਿਵ ਜਿੰਦਲ ਨੇ ਸ਼ਮੂਲੀਅਤ ਕੀਤੀ।ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਤਿੰਨ ਡਾਕਟਰ ਫੋਰਟਿਸ ਹਸਪਤਾਲ ਮੁਹਾਲੀ ਤੋਂ, ਦੋ ਡਾਕਟਰ ਗੁਰਦਾਸਾਂ ਤੋਂ ਇਲਾਵਾ ਚੰਡੀਗੜ੍ਹ ਤੇ ਪਟਿਆਲਾ ਤੋਂ ਵੀ ਵੱਖ-ਵੱਖ ਬਿਮਾਰੀਆਂ ਦੇ ਮਾਹਰ ਡਾਕਟਰ ਆਉਣਗੇ। ਕੈਂਪ ਨੂੰ ਸਹੀ ਤਰੀਕੇ ਨਾਲ ਕਾਮਯਾਬ ਕਰਨ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ

## 25 ਮੈਡੀਕਲ ਉਮੀਦਵਾਰ ਐੱਮਬੀਬੀਐੱਸ ਦਾਖ਼ਲੇ ਤੋਂ ਅਯੋਗ ਕਰਾਰ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਨੇ 85 ਫ਼ੀਸਦੀ ਪੰਜਾਬ ਸਟੇਟ ਕੋਟੇ ਤਹਿਤ ਐਮਬੀਬੀਐਸ ਦਾਖ਼ਲੇ ਲਈ ਅਪਲਾਈ ਕਰਨ ਵਾਲੇ 25 ਮੈਡੀਕਲ ਉਮੀਦਵਾਰਾਂ ਵਿਰੁੱਧ ਕਾਰਵਾਈ ਕੀਤੀ ਹੈ।ਯੂਨੀਵਰਸਿਟੀ ਵੱਲੋਂ ਕੀਤੀ ਗਈ ਜਾਂਚ ਤੇ ਦਸਤਾਵੇਜ਼ਾਂ ਦੀ ਕਰਾਸ-ਵੈਰੀਫਿਕੇਸ਼ਨ ਦੌਰਾਨ ਸਾਹਮਣੇ ਆਇਆ ਕਿ ਇਨ੍ਹਾਂ ਉਮੀਦਵਾਰਾਂ ਨੇ ਪੰਜਾਬ ਦੇ ਨਾਲ-ਨਾਲ ਹੋਰ ਸੂਬਿਆਂ ਜਾਂ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ ਸਟੇਟ ਕੋਟਾ ਸੀਟਾਂ ਲਈ ਵੀ ਅਰਜ਼ੀਆਂ ਦਿੱਤੀਆਂ ਸਨ।ਇਸ ਨੂੰ ਨਿਯਮਾਂ ਦੀ ਉਲੰਘਣਾ ਮੰਨਦਿਆਂ 'ਵਰਸਿਟੀ ਨੇ ਇਨ੍ਹਾਂ ਸਾਰੇ ਉਮੀਦਵਾਰਾਂ ਨੂੰ ਅਕਾਦਮਿਕ ਸੈਸ਼ਨ 2026-27 ਲਈ ਪੰਜਾਬ ਸਟੇਟ ਕੋਟੇ ਦੀ ਦਾਖ਼ਲਾ ਪ੍ਰਕਿਰਿਆ ਤੋਂ ਡਿਬਾਰ (ਅਯੋਗ) ਕਰ ਦਿੱਤਾ ਹੈ। ਜਾਣਕਾਰੀ ਅਨੁਸਾਰ ਅਯੋਗ ਕਰਾਰ ਦਿੱਤੇ 25 ਉਮੀਦਵਾਰਾਂ 'ਚ 8 ਨੇ ਚੰਡੀਗੜ੍ਹ, 5 ਨੇ ਕਰਨਾਟਕ, 3-3 ਨੇ ਹਿਮਾਚਲ ਪ੍ਰਦੇਸ਼ ਤੇ ਮੱਧ ਪ੍ਰਦੇਸ਼ ਦੀਆਂ ਸਟੇਟ ਕੋਟਾ ਸੀਟਾਂ ਲਈ ਅਪਲਾਈ ਕੀਤਾ ਸੀ।ਇਸ ਤੋਂ ਇਲਾਵਾ ਤੇਲੰਗਾਨਾ, ਜੰਮੂ-ਕਸ਼ਮੀਰ, ਤਾਮਿਲਨਾਡੂ, ਅਸਾਮ, ਉੱਤਰਾਖੰਡ ਤੇ ਮਹਾਰਾਸ਼ਟਰ ਦੇ ਸਟੇਟ ਕੋਟੇ ਲਈ ਵੀ ਇੱਕ-ਇੱਕ ਉਮੀਦਵਾਰ ਨੇ ਅਰਜ਼ੀ ਦਿੱਤੀ ਸੀ ਜੋ ਜਾਂਚ ਦੌਰਾਨ ਸਾਹਮਣੇ ਆਈ ਹੈ।'ਵਰਸਿਟੀ ਨੇ ਇਹ ਕਾਰਵਾਈ ਪੰਜਾਬ ਸਰਕਾਰ ਵੱਲੋਂ 10 ਜੁਲਾਈ ਨੂੰ ਜਾਰੀ ਕੀਤੀ ਅਧਿਸੂਚਨਾ ਦੇ ਕਲਾਜ਼-18 ਤਹਿਤ ਕੀਤੀ ਹੈ। ਨਿਯਮਾਂ ਅਨੁਸਾਰ ਕੋਈ ਵੀ ਉਮੀਦਵਾਰ ਕਿਸੇ ਹੋਰ ਸੂਬੇ ਜਾਂ ਕੇਂਦਰ ਸ਼ਾਸਿਤ ਪ੍ਰਦੇਸ਼ ਦੀ ਸਟੇਟ ਕੋਟਾ ਸੀਟ ਲਈ ਦਾਅਵਾ ਨਹੀਂ ਕਰ ਸਕਦਾ।ਰਿਕਾਰਡ ਦੀ ਕਰਾਸ ਵੈਰੀਫਿਕੇਸ਼ਨ ਦੌਰਾਨ ਇਸ ਸੰਬੰਧੀ ਉਲੰਘਣਾ ਸਾਹਮਣੇ ਆਈ ਤਾਂ ਯੂਨੀਵਰਸਿਟੀ ਵੱਲੋਂ ਸੰਬੰਧਤ ਉਮੀਦਵਾਰਾਂ ਨੂੰ ਪੰਜਾਬ ਸਟੇਟ ਕੋਟੇ ਦੀ ਦਾਖ਼ਲਾ ਪ੍ਰਕਿਰਿਆ ਤੋਂ ਬਾਹਰ ਕਰ ਦਿੱਤਾ ਗਿਆ।ਅਧਿਕਾਰੀਆਂ ਮੁਤਾਬਕ ਇਸ ਤਰ੍ਹਾਂ ਦੀ ਗ਼ਲਤੀ ਤੋਂ ਬਚਣ ਲਈ ਦਾਖ਼ਲਾ ਪ੍ਰਕਿਰਿਆ ਦੌਰਾਨ ਉਮੀਦਵਾਰ ਤੇ ਉਸ ਦੇ ਮਾਪਿਆਂ ਤੋਂ ਹਲਫ਼ਨਾਮਾ ਵੀ ਲਿਆ ਜਾਂਦਾ ਹੈ।

# ਆਸਰਾ ਕਾਲਜ 'ਚ ਮੈਗਾ ਖ਼ੂਨਦਾਨ ਕੈਂਪ, 101 ਯੂਨਿਟ ਖ਼ੂਨ ਇਕੱਤਰ

**ਭਵਾਨੀਗੜ੍ਹ, (ਰਾਜ ਖੁਰਮੀ)**- ਪਟਿਆਲਾ-ਸੰਗਰੂਰ ਨੈਸ਼ਨਲ ਹਾਈਵੇ 'ਤੇ ਸਥਿਤ ਆਸਰਾ ਕਾਲਜ ਵਿਖੇ ਮਨੁੱਖਤਾ ਦੀ ਸੇਵਾ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਮੈਗਾ ਖ਼ੂਨਦਾਨ ਕੈਂਪ ਲਾਇਆ ਗਿਆ। ਕੈਂਪ ਦਾ ਆਯੋਜਨ ਪੰਜਾਬ ਕੇਸਰੀ ਦੀ ਸਮੁੱਚੀ ਟੀਮ ਵੱਲੋਂ ਮਾਤਾ ਕੌਲਾ ਜੀ ਮਿਸ਼ਨ ਹਸਪਤਾਲ ਬਲੱਡ ਸੈਂਟਰ ਅੰਮ੍ਰਿਤਸਰ, ਦੁਆਬਾ ਹਸਪਤਾਲ ਬਲੱਡ ਸੈਂਟਰ ਕਪੂਰਥਲਾ, ਬਠਿੰਡਾ ਬਲੱਡ ਸੈਂਟਰ, ਆਈ.ਕੇ. ਬਲੱਡ ਸੈਂਟਰ ਲੁਧਿਆਣਾ ਤੇ ਸੱਤਿਅਮ ਹਸਪਤਾਲ ਬਲੱਡ ਸੈਂਟਰ ਲੁਧਿਆਣਾ ਦੇ ਸਹਿਯੋਗ ਨਾਲ ਕੀਤਾ ਗਿਆ। ਕੈਂਪ ਦਾ ਉਦਘਾਟਨ ਆਸਰਾ ਕਾਲਜ ਦੇ ਚੇਅਰਮੈਨ ਡਾ. ਆਰ.ਕੇ. ਗੋਇਲ ਤੇ ਐਮ.ਡੀ. ਡਾ. ਕੇਸ਼ਵ ਗੋਇਲ ਨੇ ਕੀਤਾ। ਇਸ ਦੌਰਾਨ ਵਿਦਿਆਰਥੀਆਂ, ਅਧਿਆਪਕਾਂ, ਕਾਲਜ ਸਟਾਫ਼ ਤੇ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਉਤਸ਼ਾਹ ਨਾਲ ਖ਼ੂਨਦਾਨ ਕੀਤਾ।ਮਾਹਿਰ ਡਾਕਟਰੀ ਟੀਮ ਵੱਲੋਂ ਦਾਨੀਆਂ ਦੀ ਸਿਹਤ ਜਾਂਚ ਕਰਨ ਉਪਰੰਤ ਸੁਰੱਖਿਅਤ ਢੰਗ ਨਾਲ ਖ਼ੂਨ ਇਕੱਤਰ ਕੀਤਾ ਗਿਆ। ਕੈਂਪ ਦੌਰਾਨ



ਕੁੱਲ 101 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ, ਜੋ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਲਈ ਵਰਤਿਆ ਜਾਵੇਗਾ।ਚੇਅਰਮੈਨ ਡਾ. ਆਰ.ਕੇ. ਗੋਇਲ, ਐਮ.ਡੀ. ਡਾ. ਕੇਸ਼ਵ ਗੋਇਲ ਤੇ ਕੈਂਪਸ ਡਾਇਰੈਕਟਰ ਅਰਪਿਤ ਗੋਇਲ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਬਿਮਾਰੀਆਂ ਅਤੇ ਹਾਦਸਿਆਂ ਦੇ ਮਾਮਲਿਆਂ ਕਾਰਨ ਬਲੱਡ ਬੈਂਕਾਂ ਵਿੱਚ ਖ਼ੂਨ ਦੀ ਲੋੜ ਬਣੀ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਸਮਾਜ ਸੇਵਾ ਹੈ ਤੇ ਹਰ ਤੰਦਰੁਸਤ ਵਿਅਕਤੀ ਨੂੰ ਇਸ ਲੋਕ-ਭਲਾਈ ਦੇ ਕਾਰਜ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਕਾਲਜ ਦੇ ਪ੍ਰਿੰਸੀਪਲ ਨੇ ਸਮੂਹ ਖ਼ੂਨਦਾਨੀਆਂ ਦਾ ਧੰਨਵਾਦ ਕਰਦਿਆਂ ਨੌਜਵਾਨਾਂ ਨੂੰ ਸਮਾਜ ਸੇਵਾ ਦੇ ਕਾਰਜਾਂ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਕੈਂਪ ਨੂੰ ਸਫ਼ਲ ਬਣਾਉਣ ਵਿੱਚ ਸਹਿਯੋਗ ਦੇਣ ਵਾਲੀ ਡਾਕਟਰੀ ਟੀਮ, ਕਾਲਜ ਸਟਾਫ਼, ਵਿਦਿਆਰਥੀਆਂ, ਦਾਨੀਆਂ ਅਤੇ ਸਮਾਜ ਸੇਵੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਖ਼ੂਨਦਾਨ ਕਰਨ ਵਾਲੇ ਦਾਨੀਆਂ ਨੂੰ ਸਨਮਾਨਤ ਵੀ ਕੀਤਾ ਗਿਆ।

## ਹੈਰੋਇਨ ਸਣੇ 2 ਔਰਤਾਂ ਗ੍ਰਿਫ਼ਤਾਰ, ਪਰਚਾ ਦਰਜ


**ਜਲਾਲਾਬਾਦ, (ਜੀਤ ਕੁਮਾਰ)** ਥਾਣਾ ਵੈਰੋਕੇ ਦੀ ਪੁਲਸ ਵੱਲੋਂ 2 ਗ੍ਰਾਮ ਹੈਰੋਇਨ ਸਣੇ 2 ਔਰਤਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐਚ.ਸੀ. ਪਾਇਲ ਬਜਾਜ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਲਈ ਥਾਣਾ ਏਰੀਏ ਵਿੱਚ ਮੌਜੂਦ ਸੀ ਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਮਹਾਲਮ ਤੋਂ ਅੱਗੇ ਬਾਹਮਣੀਵਾਲਾ ਪਹੁੰਚੀ ਤਾਂ ਸੜਕ ਕਿਨਾਰੇ 2 ਔਰਤਾਂ ਖੜੀਆਂ ਦਿਖਾਈ ਦਿੱਤੀਆਂ, ਜਿਨ੍ਹਾਂ ਵਿਚੋਂ ਇਕ ਔਰਤ ਦੂਜੀ ਔਰਤ ਨੂੰ ਕੁਝ ਸਮਾਨ ਦੇ ਰਹੀ ਸੀ, ਪੁਲਸ ਪਾਰਟੀ ਨੇ ਸ਼ੱਕ ਦੇ ਅਧਾਰ ਤੇ ਇਨ੍ਹਾਂ ਔਰਤਾਂ ਦੀ ਚੈਕਿੰਗ ਕਰਨ ਤੇ ਉਨ੍ਹਾਂ ਪਾਸੋ 2 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਕਾਜਲ ਰਾਣੀ ਪਤਨੀ ਵਿਜੈ ਕੁਮਾਰ ਵਾਸੀ ਪਿੰਡ ਢਾਬ ਖੁਸ਼ਹਾਲ ਜੋਈਆ ਤੇ ਮਲਕੀਤ ਕੌਰ ਪਤਨੀ ਬੂਟਾ ਸਿੰਘ ਵਾਸੀ ਕਾਠਗੜ੍ਹ ਨੂੰ 2 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਥਾਣਾ ਵੈਰੋਕੇ ਵਿਖੇ ਮੁਕੱਦਮਾ ਨੰਬਰ 146 ਮਿਤੀ 1 ਸਤੰਬਰ 2026 ਨੂੰ ਧਾਰਾ 21/29/61/85 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ।

## ਕੁੱਟਮਾਰ ਦੇ ਦੋਸ਼ 'ਚ 9 ਵਿਰੁੱਧ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)** ਪੁਲਸ ਵੱਲੋਂ ਬੀਤੇ ਦਿਨ ਸਬਜ਼ੀ ਮੰਡੀ ਵਿਖੇ ਸਵੇਰੇ ਕਰੀਬ 8 ਵਜੇ ਲੜਾਈ ਹੋਣ ਦੇ ਸਬੰਧ ਵਿੱਚ 9 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਨੀਲ ਕੁਮਾਰ ਨੇ ਦੱਸਿਆ ਕਿ ਸ਼ਿਕਾਇਤਕਰਤਾ ਗੁਰਦੀਪ ਸਿੰਘ ਪੁਤਰ ਵਿਸਾਖਾ ਸਿੰਘ ਵਾਸੀ ਪਿੰਡ ਟਿਵਾਣਾ ਕਲਾਂ ਜਲਾਲਾਬਾਦ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਹਨ ਕਿ 26 ਅਗਸਤ ਨੂੰ ਸਵੇਰੇ ਕਰੀਬ 8 ਵਜੇ ਸਬਜ਼ੀ ਮੰਡੀ ਵਿਖੇ ਅਮਨਦੀਪ ਸਿੰਘ ਵਗੈਰਾ ਨੇ ਕੁੱਟਮਾਰ ਕੀਤੀ ਗਈ ਹੈ, ਜਿਸ 'ਤੇ ਪੁਲਸ ਨੇ ਮੁਦੱਈ ਗੁਰਦੀਪ ਸਿੰਘ ਦੇ ਬਿਆਨਾਂ ਦੇ ਅਧਾਰ ਤੇ ਅਮਨਦੀਪ ਸਿੰਘ, ਅਰਸ਼ਦੀਪ ਸਿੰਘ, ਸੁਰਜੀਤ ਸਿੰਘ, ਜਸਵਿੰਦਰ ਸਿੰਘ, ਰਮਨਦੀਪ ਸਿੰਘ, ਗੁਰਮੀਤ ਸਿੰਘ ਵਾਸੀਆਨ ਪਿੰਡ ਟਿਵਾਣਾ ਕਲਾਂ ਜਲਾਲਾਬਾਦ ਅਤੇ 2-3 ਅਣਪਛਾਤੇ ਵਿਅਕਤੀਆਂ ਦੇ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ ਤੇ ਪੁਲਸ ਵੱਲੋਂ ਇਸ ਮੁਕੱਦਮੇ ਸਬੰਧੀ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਮਹਿੰਗਾਈ ਨੇ ਤੋੜੀ ਆਮ ਲੋਕਾਂ ਦੀ ਕਮਰ : ਸਰਬਜੀਤ ਸਿੰਘ ਸਰਬੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** : ਦੇਸ਼ ਅੰਦਰ ਲਗਾਤਾਰ ਵਧ ਰਹੀ ਮਹਿੰਗਾਈ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਾਂਗਰਸ ਦੇ ਸੀਨੀਅਰ ਆਗੂ



ਸਰਬਜੀਤ ਸਿੰਘ ਸਰਬੀ ਨੇ ਕਿਹਾ ਕਿ ਕੇਂਦਰ ਦੀਆਂ ਗਲਤ ਆਰਥਿਕ ਨੀਤੀਆਂ ਨੇ ਆਮ ਆਦਮੀ ਦਾ ਜੀਵਨ ਮੁਸ਼ਕਲ ਬਣਾ ਦਿੱਤਾ ਹੈ। ਮਹਿੰਗਾਈ ਸਿਰਫ਼ ਅੰਕੜਿਆਂ ਵਿੱਚ ਨਹੀਂ, ਸਗੋਂ ਅੱਜ ਹਰ ਪਰਿਵਾਰ ਦੀ ਰਸੋਈ, ਘਰ ਦੇ ਬਜਟ ਅਤੇ ਮਿਹਨਤਕਸ਼ ਲੋਕਾਂ ਦੀ ਜ਼ਿੰਦਗੀ ਵਿੱਚ ਸਾਫ਼ ਦਿਖਾਈ ਦੇ ਰਹੀ ਹੈ।ਸਰਬਜੀਤ ਸਿੰਘ ਸਰਬੀ ਨੇ ਕਿਹਾ ਕਿ ਜਿਸ ਆਮ ਆਦਮੀ ਨੇ ਦੇਸ਼ ਦੀ ਆਰਥਿਕਤਾ ਨੂੰ ਆਪਣੀ ਮਿਹਨਤ ਨਾਲ ਮਜ਼ਬੂਤ ਕੀਤਾ, ਅੱਜ ਉਹੀ ਮਹਿੰਗਾਈ ਦੀ ਸਭ ਤੋਂ ਵੱਡੀ ਮਾਰ ਝੱਲ ਰਿਹਾ ਹੈ। ਪੈਟਰੋਲ-ਡੀਜ਼ਲ, ਰਸੋਈ ਗੈਸ, ਖਾਣ-ਪੀਣ ਦੀਆਂ ਵਸਤਾਂ, ਸਬਜ਼ੀਆਂ, ਦੁੱਧ ਅਤੇ ਹੋਰ ਘਰੇਲੂ ਜ਼ਰੂਰਤਾਂ ਮਹਿੰਗੀਆਂ ਹੋਣ ਕਾਰਨ ਪਰਿਵਾਰਾਂ ਦਾ ਮਹੀਨਾਵਾਰ ਬਜਟ ਵਿਗੜ ਚੁੱਕਾ ਹੈ।

## ਜਥੇਦਾਰ ਹਰਿਆਊ ਨੇ ਘਾਹ ਕੱਟਣ ਵਾਲੀ ਮਸ਼ੀਨ ਦਿੱਤੀ

**ਸਮਾਣਾ (ਇਕਬਾਲ ਸਿੰਘ ਬੱਲ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸਮਾਣਾ ਇੰਚਾਰਜ ਸ. ਜਗਮੀਤ ਸਿੰਘ ਹਰਿਆਊ ਵੱਲੋਂ ਸਥਾਨਕ ਸ਼ਹੀਦ ਫਲਾਈਟ ਲੈਫਟੀਨੈਂਟ ਮੋਹਿਤ ਗਰਗ ਇਨਵਾਇਰਮੈਂਟ ਪਾਰਕ ਵਿਖੇ ਘਾਹ ਕੱਟਣ ਵਾਲੀ ਮਸ਼ੀਨ ਭੇਂਟ ਕੀਤੀ ਗਈ। ਇਹ ਮਸ਼ੀਨ ਪਾਰਕ ਵਿਖੇ ਸੇਵਾਵਾਂ ਨਿਭਾਅ ਰਹੇ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਦੀ ਮੰਗ 'ਤੇ ਉਨ੍ਹਾਂ ਵੱਲੋਂ ਭੇਂਟ ਕੀਤੀ ਗਈ। ਜਾਣਕਾਰੀ



ਅਨੁਸਾਰ ਇਨਵਾਇਰਮੈਂਟ ਪਾਰਕ ਵਿਖੇ ਘਾਹ ਕੱਟਣ ਵਾਲੀ ਮਸ਼ੀਨ ਪਹਿਲਾਂ ਵੀ ਮੌਜੂਦ ਹੈ, ਪਰ ਪਾਰਕ ਦਾ ਖੇਤਰ ਵੱਡਾ ਹੋਣ ਕਾਰਨ ਇੱਕ ਹੋਰ ਮਸ਼ੀਨ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਸੀ।


## ਚੱਠਾ ਫੂਡਜ਼ ਲਿਮਟਿਡ

CIN: L15310PB1997PLC020578
ਰਜਿਸਟਰਡ ਦਫ਼ਤਰ: 272, ਮੋਤਾ ਸਿੰਘ ਨਗਰ, ਜਲੰਧਰ ਪੰਜਾਬ-144001,
ਫੋਨ ਨੰ: 0181-4616381 | ਈ-ਮੇਲ: cs@cfpl.net.in | ਵੈੱਬਸਾਈਟ: https://cfpl.net.in

**ਵੀਡੀਓ ਕਾਨਫਰੰਸਿੰਗ (ਵੀ ਸੀ)/ਹੋਰ ਆਡੀਓ ਵਿਜ਼ੂਅਲ ਸਾਧਨਾਂ (ਓ ਏ ਵੀ ਐਮ) ਰਾਹੀਂ ਹੋਣ ਵਾਲੀ ਕਾਨਫਰੰਸਿੰਗ ਲਈ 29ਵੀਂ ਸਾਲਾਨਾ ਜਨਰਲ ਮੀਟਿੰਗ ਦੀ ਸੂਚਨਾ**

ਮੈਂਬਰ ਕ੍ਰਿਪਾ ਕਰ ਕੇ ਨੋਟ ਕਰਨ ਕਿ ਚੱਠਾ ਫੂਡਜ਼ ਲਿਮਟਿਡ (ਕੰਪਨੀ) ਦੀ 29ਵੀਂ ਸਾਲਾਨਾ ਜਨਰਲ ਮੀਟਿੰਗ (ਏ ਜੀ ਐਮ) ਸੋਮਵਾਰ, 28 ਸਤੰਬਰ, 2026 ਨੂੰ ਦੁਪਹਿਰ 12:30 ਵਜੇ (ਆਈ ਐਸ ਟੀ) (ਵੀ ਸੀ) / (ਓ ਏ ਵੀ ਐਮ) ਰਾਹੀਂ ਆਯੋਜਿਤ ਕੀਤੀ ਜਾਵੇਗੀ, ਤਾਂ ਜੋ ਏ ਜੀ ਐਮ ਦੇ ਨੋਟਿਸ ('ਨੋਟਿਸ') ਵਿੱਚ ਦਰਜ ਕੀਤੇ ਜਾਣ ਵਾਲੇ ਕਾਰੋਬਾਰਾਂ ਦਾ ਨਿਪਟਾਰਾ ਕੀਤਾ ਜਾ ਸਕੇ।ਇਹ ਮੀਟਿੰਗ ਕੰਪਨੀ ਐਕਟ, 2013 ('ਐਕਟ'), ਇਸ ਦੇ ਤਹਿਤ ਬਣਾਏ ਗਏ ਨਿਯਮਾਂ ਅਤੇ ਸਕਿਉਰਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ (ਲਿਸਟਿੰਗ ਓਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਰੈਗੂਲੇਸ਼ਨਜ਼, 2015 ("ਸੇਬੀ ਲਿਸਟਿੰਗ ਰੈਗੂਲੇਸ਼ਨਜ਼") ਦੇ ਸਾਰੇ ਲਾਗੂ ਪ੍ਰਬੰਧਾਂ ਦੇ ਅਨੁਸਾਰ ਹੋਵੇਗੀ, ਜਿਨ੍ਹਾਂ ਨੂੰ ਕਾਰਪੋਰੇਟ ਮਾਮਲਿਆਂ ਦੇ ਮੰਤਰਾਲੇ ("ਐਮ ਸੀ ਏ") ਦੁਆਰਾ ਜਾਰੀ ਕੀਤੇ ਗਏ ਵੱਖ-ਵੱਖ ਸਰਕੂਲਰਾਂ, ਜਿਨ੍ਹਾਂ ਵਿੱਚੋਂ ਨਵੀਨਤਮ ਜਨਰਲ ਸਰਕੂਲਰ ਨੰ. 03/2025 ਮਿਤੀ 22 ਸਤੰਬਰ, 2025 ਹੈ ਅਤੇ ਸਕਿਓਰਿਟੀਜ਼ ਐਂਡ ਐਕਸਚੇਂਜ ਬੋਰਡ ਆਫ਼ ਇੰਡੀਆ ("ਸੇਬੀ) ਦੁਆਰਾ ਜਾਰੀ ਸਰਕੂਲਰ ਨੰ. ਸੇਬੀ /ਐਚ ਓ/ਸੀ ਐਫ ਡੀ/ਸੀ ਐਫ ਡੀ-ਪੀ ਓ ਡੀ-2/ਪੀ/ਸੀ ਆਈ ਆਰ/2024/133, ਮਿਤੀ 3 ਅਕਤੂਬਰ, 2024 (ਇਸ ਤੋਂ ਬਾਅਦ ਸਮੂਹਿਕ ਤੌਰ 'ਤੇ 'ਸਰਕੂਲਰ') ਅਤੇ ਹੋਰ ਲਾਗੂ ਕਾਨੂੰਨਾਂ) ਨਾਲ ਮਿਲਾ ਕੇ ਪੜ੍ਹਿਆ ਜਾਵੇਗਾ।

ਉਪਰੋਕਤ ਸਰਕੂਲਰਾਂ ਦੀ ਪਾਲਣਾ ਕਰਦੇ ਹੋਏ, ਏ ਜੀ ਐਮ ਦਾ ਨੋਟਿਸ ਅਤੇ ਵਿੱਤੀ ਸਾਲ 2025-26 ਲਈ ਏਕੀਕ੍ਰਿਤ ਸਾਲਾਨਾ ਰਿਪੋਰਟ "ਸਾਲਾਨਾ ਰਿਪੋਰਟ" ਯੋਗ ਸਮੇਂ 'ਤੇ ਸਿਰਫ਼ ਇਲੈਕਟ੍ਰੌਨਿਕ ਮੋਡ ਰਾਹੀਂ ਉਹਨਾਂ ਮੈਂਬਰਾਂ ਨੂੰ ਭੇਜੀ ਜਾਵੇਗੀ, ਜਿਨ੍ਹਾਂ ਦੇ ਈ-ਮੇਲ ਪਤੇ ਕੰਪਨੀ/ ਸਕਾਈਲਾਈਨ ਫਾਈਨੈਂਸ਼ੀਅਲ ਸਰਵਿਸਿਜ਼ ਪ੍ਰਾਈਵੇਟ ਲਿਮਟਿਡ, ਕੰਪਨੀ ਦੇ ਰਜਿਸਟਰਾਰ ਅਤੇ ਸ਼ੇਅਰ ਟ੍ਰਾਂਸਫਰ ਏਜੰਟ (ਆਰ ਟੀ ਏ), ਡਿਪਾਜ਼ਟਰੀਜ਼/ ਡਿਪਾਜ਼ਟਰੀ ਭਾਗੀਦਾਰਾਂ ("ਡੀ ਪੀਜ਼") ਕੋਲ ਰਜਿਸਟਰਡ ਹਨ ਅਤੇ ਜਿਨ੍ਹਾਂ ਦੇ ਨਾਂਅ ਸ਼ੁੱਕਰਵਾਰ, 28 ਅਗਸਤ, 2026 ਤੱਕ ਕੰਪਨੀ ਦੇ ਮੈਂਬਰਾਂ ਦੇ ਰਜਿਸਟਰ ਵਿੱਚ ਅਤੇ/ਜਾਂ ਡਿਪਾਜ਼ਟਰੀਜ਼ ਦੁਆਰਾ ਬਣਾਏ ਗਏ ਲਾਭਪਾਤਰੀ ਮਾਲਕਾਂ ਦੇ ਰਜਿਸਟਰ ਵਿੱਚ ਦਰਜ ਹਨ।

ਨੋਟਿਸ ਅਤੇ ਸਾਲਾਨਾ ਰਿਪੋਰਟ ਕੰਪਨੀ ਦੀ ਵੈੱਬਸਾਈਟ **https://www.cfpl.net.in/**, ਸੈਂਟਰਲ ਡਿਪਾਜ਼ਟਰੀ ਸਰਵਿਸਿਜ਼ (ਇੰਡੀਆ) ਲਿਮਟਿਡ ("ਸੀ ਡੀ ਐਸ ਐਲ") ਦੀ ਵੈੱਬਸਾਈਟ **https://www.cdslindia.com/**, ਸਟਾਕ ਐਕਸਚੇਂਜ ਯਾਨੀ ਬੀ ਐਸ ਈ ਲਿਮਟਿਡ ਦੀ ਵੈੱਬਸਾਈਟ **www.bseindia.com** ਅਤੇ ਆਰ ਟੀ ਏ ਦੀ ਵੈੱਬਸਾਈਟ **https://www.skylinerta.com/** 'ਤੇ ਵੀ ਉਪਲਬਧ ਹੋਵੇਗੀ। ਸਾਲਾਨਾ ਰਿਪੋਰਟ ਦੇ ਨਾਲ ਨੋਟਿਸ ਦੀਆਂ ਭੌਤਿਕ ਕਾਪੀਆਂ ਉਹਨਾਂ ਮੈਂਬਰਾਂ ਨੂੰ ਭੇਜੀਆਂ ਜਾਣਗੀਆਂ ਜੋ ਆਪਣੇ ਫੋਲੀਓ ਨੰਬਰ/ ਡੀ ਪੀ ਆਈ ਡੀ ਅਤੇ ਕਲਾਇੰਟ ਆਈ ਡੀ ਦਾ ਹਵਾਲਾ ਦਿੰਦੇ ਹੋਏ **cs@cfpl.net.in** 'ਤੇ ਇਸ ਲਈ ਬੇਨਤੀ ਕਰਨਗੇ। ਇਸ ਤੋਂ ਇਲਾਵਾ, ਸੇਬੀ ਲਿਸਟਿੰਗ ਰੈਗੂਲੇਸ਼ਨਜ਼ ਦੇ ਰੈਗੂਲੇਸ਼ਨ 36(1) (ਬੀ) ਦੇ ਅਨੁਸਾਰ, ਉਹਨਾਂ ਮੈਂਬਰਾਂ ਨੂੰ ਵੈੱਬ ਲਿੰਕ, ਜਿਸ ਵਿੱਚ ਏਕੀਕ੍ਰਿਤ ਸਾਲਾਨਾ ਰਿਪੋਰਟ ਤੱਕ ਪਹੁੰਚਣ ਦਾ ਸਹੀ ਰਸਤਾ ਸ਼ਾਮਲ ਹੈ, ਪ੍ਰਦਾਨ ਕਰਨ ਵਾਲਾ ਇੱਕ ਪੱਤਰ ਭੇਜਿਆ ਜਾ ਰਿਹਾ ਹੈ ਜਿਨ੍ਹਾਂ ਨੇ ਆਪਣੇ ਈ-ਮੇਲ ਆਈ ਡੀ ਰਜਿਸਟਰ ਨਹੀਂ ਕਰਵਾਏ।

ਏ ਜੀ ਐਮ ਦੇ ਨੋਟਿਸ ਵਿੱਚ ਦਰਜ ਦਸਤਾਵੇਜ਼ ਏ ਜੀ ਐਮ ਦੇ ਨੋਟਿਸ ਦੇ ਸਰਕੂਲੇਸ਼ਨ ਦੀ ਮਿਤੀ ਤੋਂ ਮੈਂਬਰਾਂ ਦੁਆਰਾ ਜਾਂਚ ਲਈ ਇਲੈਕਟ੍ਰੌਨਿਕ ਤੌਰ 'ਤੇ ਉਪਲੱਬਧ ਹਨ। ਅਜਿਹੇ ਦਸਤਾਵੇਜ਼ਾਂ ਦੀ ਜਾਂਚ ਕਰਨ ਦੇ ਚਾਹਵਾਨ ਮੈਂਬਰ **cs@cfpl.net.in** 'ਤੇ ਈ-ਮੇਲ ਭੇਜ ਸਕਦੇ ਹਨ।

ਏ ਜੀ ਐਮ ਵਿੱਚ ਸ਼ਾਮਲ ਹੋਣ ਦੀਆਂ ਹਦਾਇਤਾਂ ਅਤੇ ਭਾਗੀਦਾਰੀ ਦਾ ਤਰੀਕਾ ਨੋਟਿਸ ਵਿੱਚ ਪ੍ਰਦਾਨ ਕੀਤਾ ਜਾਵੇਗਾ। ਵੀ ਸੀ/ਓ ਏ ਵੀ ਐਮ ਰਾਹੀਂ ਏ ਜੀ ਐਮ ਵਿੱਚ ਸ਼ਾਮਲ ਹੋਣ ਵਾਲੇ ਮੈਂਬਰਾਂ ਨੂੰ ਐਕਟ ਦੀ ਧਾਰਾ 103 ਦੇ ਤਹਿਤ ਕੋਰਮ ਦੇ ਉਦੇਸ਼ ਲਈ ਗਿਣਿਆ ਜਾਵੇਗਾ।

ਕੰਪਨੀ ਆਪਣੇ ਸਾਰੇ ਮੈਂਬਰਾਂ ਨੂੰ ਨੋਟਿਸ ਵਿੱਚ ਦਰਜ ਕੀਤੇ ਜਾਣ ਵਾਲੇ ਮਤਿਆਂ 'ਤੇ ਆਪਣੀ ਵੋਟ ਪਾਉਣ ਲਈ ਰਿਮੋਟ ਈ-ਵੋਟਿੰਗ ਦੀ ਸਹੂਲਤ ਪ੍ਰਦਾਨ ਕਰੇਗੀ। ਇਸ ਤੋਂ ਇਲਾਵਾ, ਕੰਪਨੀ ਏ ਜੀ ਐਮ ਦੌਰਾਨ ਈ-ਵੋਟਿੰਗ ਪ੍ਰਣਾਲੀ ਰਾਹੀਂ ਵੋਟਿੰਗ ਦੀ ਸਹੂਲਤ ਵੀ ਪ੍ਰਦਾਨ ਕਰੇਗੀ। ਸਾਰੇ ਯੋਗ ਮੈਂਬਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਈ-ਵੋਟਿੰਗ ਸਹੂਲਤ ਦੇ ਹੇਠਾਂ ਦਿੱਤੇ ਸ਼ਡਿਊਲ ਨੋਟ ਕਰਨ:

| ਵੇਰਵੇ | ਦਿਨ ਅਤੇ ਮਿਤੀ |
|---|---|
| ਈ-ਵੋਟਿੰਗ ਦੀ ਕੱਟ-ਆਫ ਡੇਟ | ਸੋਮਵਾਰ, 21 ਸਤੰਬਰ, 2026 |
| ਰਿਮੋਟ ਈ-ਵੋਟਿੰਗ ਦੇ ਆਰੰਭ ਕਰਨ ਦੀ ਮਿਤੀ ਅਤੇ ਸਮਾਂ | ਸ਼ੁੱਕਰਵਾਰ, 25 ਸਤੰਬਰ, 2026 ਸਵੇਰੇ 9.00 ਵਜੇ (ਆਈ ਐਸ ਟੀ) |
| ਰਿਮੋਟ ਈ-ਵੋਟਿੰਗ ਦੀ ਸਮਾਪਤੀ ਦੀ ਮਿਤੀ ਅਤੇ ਸਮਾਂ | ਐਤਵਾਰ, 27 ਸਤੰਬਰ, 2026 ਸ਼ਾਮ 5.00 ਵਜੇ (ਆਈ ਐਸ ਟੀ) |
| ਏ ਜੀ ਐਮ ਦੌਰਾਨ ਈ-ਵੋਟਿੰਗ ਦੀ ਮਿਤੀ | ਸੋਮਵਾਰ, 28 ਸਤੰਬਰ, 2026 |
| ਨਤੀਜੇ ਐਲਾਨੇ ਜਾਣ ਦੀ ਮਿਤੀ | ਏ ਜੀ ਐਮ ਦੀ ਸਮਾਪਤੀ ਦੇ 2 ਕੰਮ ਵਾਲੇ ਦਿਨਾਂ ਦੇ ਅੰਦਰ |

**ਈ-ਵੋਟਿੰਗ ਰਾਹੀਂ ਵੋਟ ਪਾਉਣ ਦਾ ਤਰੀਕਾ:**
ਡੀਮੈਟੀਰੀਅਲਾਈਜ਼ਡ ਮੋਡ, ਭੌਤਿਕ ਮੋਡ ਵਿੱਚ ਸ਼ੇਅਰ ਰੱਖਣ ਵਾਲੇ ਮੈਂਬਰਾਂ ਅਤੇ ਜਿਨ੍ਹਾਂ ਨੇ ਆਪਣਾ ਈ-ਮੇਲ ਪਤਾ ਰਜਿਸਟਰ ਨਹੀਂ ਕਰਵਾਇਆ, ਦੁਆਰਾ ਰਿਮੋਟ ਈ-ਵੋਟਿੰਗ ਅਤੇ ਏ.ਜੀ.ਐਮ. ਵਿੱਚ ਈ-ਵੋਟਿੰਗ ਦਾ ਤਰੀਕਾ ਨੋਟਿਸ ਵਿੱਚ ਪ੍ਰਦਾਨ ਕੀਤਾ ਜਾਵੇਗਾ। ਏ.ਜੀ.ਐਮ. ਵਿੱਚ ਸ਼ਾਮਲ ਹੋਣ ਵਾਲੇ ਮੈਂਬਰ ਜਿਨ੍ਹਾਂ ਨੇ ਰਿਮੋਟ ਈ-ਵੋਟਿੰਗ ਰਾਹੀਂ ਆਪਣੀ ਵੋਟ ਨਹੀਂ ਪਾਈ , ਉਹ ਏ.ਜੀ.ਐਮ. ਦੌਰਾਨ ਇਲੈਕਟ੍ਰੌਨਿਕ ਤੌਰ 'ਤੇ ਵੋਟ ਪਾਉਣ ਦੇ ਯੋਗ ਹੋਣਗੇ।

**ਈ-ਮੇਲ ਪਤਾ ਰਜਿਸਟਰ/ਅਪਡੇਟ ਕਰਨ ਦਾ ਤਰੀਕਾ:**
ਭੌਤਿਕ ਰੂਪ ਵਿੱਚ ਸ਼ੇਅਰ ਰੱਖਣ ਵਾਲੇ ਮੈਂਬਰ, ਸਹੀ ਤਰ੍ਹਾਂ ਭਰੇ ਹੋਏ ਫਾਰਮ ਆਈ ਐਸ ਆਰ-1 ਅਤੇ ਸੰਬੰਧਿਤ ਸਬੂਤਾਂ ਦੇ ਨਾਲ ਕੰਪਨੀ ਦੇ ਆਰ.ਟੀ.ਏ., ਸਕਾਈਲਾਈਨ ਫਾਈਨੈਂਸ਼ੀਅਲ ਸਰਵਿਸਿਜ਼ ਪ੍ਰਾਈਵੇਟ ਲਿਮਟਿਡ, ਡੀ-153 ਏ, ਪਹਿਲੀ ਮੰਜ਼ਿਲ, ਓਖਲਾ ਇੰਡਸਟਰੀਅਲ ਏਰੀਆ, ਫੇਜ਼-I, ਨਵੀਂ ਦਿੱਲੀ - 110 020, ਇੰਡੀਆ ਨੂੰ ਲਿਖ ਕੇ ਆਪਣਾ ਈ-ਮੇਲ ਪਤਾ ਰਜਿਸਟਰ ਕਰਵਾ ਸਕਦੇ ਹਨ।
ਇਲੈਕਟ੍ਰੌਨਿਕ ਮੋਡ ਵਿੱਚ ਸ਼ੇਅਰ ਰੱਖਣ ਵਾਲੇ ਮੈਂਬਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਕੰਪਨੀ ਤੋਂ ਮੈਂਬਰਾਂ ਨਾਲ ਸੰਬੰਧਤ ਸਾਰੇ ਸੰਚਾਰ ਪ੍ਰਾਪਤ ਕਰਨ ਲਈ, ਆਪਣੇ ਡੀ ਪੀਜ਼ ਦੁਆਰਾ ਨਿਰਧਾਰਤ ਪ੍ਰਕਿਰਿਆ ਦੀ ਪਾਲਣਾ ਕਰਦੇ ਹੋਏ ਆਪਣੀ ਡੀਮੈਟ ਹੋਲਡਿੰਗ ਦੇ ਸੰਬੰਧ ਵਿੱਚ ਸੰਬੰਧਤ ਡੀ.ਪੀ. ਕੋਲ ਆਪਣੇ ਈ-ਮੇਲ ਪਤੇ ਰਜਿਸਟਰ/ਅਪਡੇਟ ਕਰਵਾਉਣ।
ਮੈਂਬਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਨੋਟਿਸ ਨੂੰ ਧਿਆਨ ਨਾਲ ਪੜ੍ਹਨ ਅਤੇ ਖਾਸ ਕਰਕੇ ਏ.ਜੀ.ਐੱਮ. ਵਿੱਚ ਸ਼ਾਮਲ ਹੋਣ ਦੀਆਂ ਹਦਾਇਤਾਂ, ਰਿਮੋਟ ਈ-ਵੋਟਿੰਗ ਰਾਹੀਂ ਵੋਟ ਪਾਉਣ ਜਾਂ ਏ ਜੀ ਐਮ ਵਿੱਚ ਈ-ਵੋਟਿੰਗ ਕਰਨ ਦੇ ਤਰੀਕੇ ਬਾਰੇ ਧਿਆਨ ਦੇਣ। ਇਹ ਇਸ਼ਤਿਹਾਰ ਕੰਪਨੀ ਦੇ ਸਾਰੇ ਮੈਂਬਰਾਂ ਦੀ ਜਾਣਕਾਰੀ ਅਤੇ ਲਾਭ ਲਈ, ਲਾਗੂ ਸਰਕੂਲਰਾਂ ਦੀ ਪਾਲਣਾ ਕਰਦੇ ਹੋਏ ਜਾਰੀ ਕੀਤਾ ਜਾ ਰਿਹਾ ਹੈ।

ਬੋਰਡ ਆਫ਼ ਡਾਇਰੈਕਟਰਜ਼ ਦੇ ਹੁਕਮਾਂ ਦੁਆਰਾ,
ਵਾਸਤੇ ਚੱਠਾ ਫੂਡਜ਼ ਲਿਮਟਿਡ
ਸਹੀ/-
ਮਿਤੀ: 03 ਸਤੰਬਰ, 2026 ਪ੍ਰਿਅੰਕਾ ਓਬਰਾਏ
ਸਥਾਨ: ਮੁਹਾਲੀ ਕੰਪਨੀ ਸੈਕਰੇਟਰੀ ਅਤੇ ਪਾਲਣਾ ਅਫ਼ਸਰ


# ਬੇਕਸੂਰ ਲੋਕਾਂ 'ਤੇ ਝੂਠੇ ਕੇਸ ਦਰਜ ਕਰਨੇ 'ਆਪ' ਦੀ ਬੁਖ਼ਲਾਹਟ ਦੀ ਨਿਸ਼ਾਨੀ : ਮੋਹਿਤ ਮਹਿੰਦਰਾ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)**- ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਹਲਕਾ ਇੰਚਾਰਜ ਸ਼੍ਰੀ ਮੋਹਿਤ ਮੋਹਿੰਦਰਾ ਨੇ ਪੰਜਾਬ ਸਰਕਾਰ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵਿਰੁੱਧ ਤਿੱਖਾ ਹਮਲਾ ਬੋਲਿਆ ਹੈ।ਉਨ੍ਹਾਂ ਕਿਹਾ ਕਿ ਹਲਕਾ ਪਟਿਆਲਾ ਦਿਹਾਤੀ ਵਿੱਚ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਦਿਨੋਂ-ਦਿਨ ਵਧ ਰਿਹਾ ਜ਼ਮੀਨੀ ਵਿਰੋਧ ਦੇਖ ਕੇ ਸਰਕਾਰ ਪੂਰੀ ਤਰ੍ਹਾਂ ਬੁਖਲਾ ਚੁੱਕੀ ਹੈ।ਇਸ ਵਧਦੇ ਵਿਰੋਧ ਕਾਰਨ ਜਦੋਂ ਲੋਕ ਆਪਣੀਆਂ ਸਮੱਸਿਆਵਾਂ ਜਾਂ ਸਰਕਾਰ ਦੀ ਕਾਰਗੁਜ਼ਾਰੀ ਸਬੰਧੀ ਸਵਾਲ ਪੁੱਛਦੇ ਹਨ, ਤਾਂ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਲਈ ਸਿਆਸੀ ਦਬਾਅ ਪਾਇਆ ਜਾ ਰਿਹਾ ਹੈ, ਜੋ ਲੋਕਤੰਤਰ ਲਈ ਬੇਹੱਦ ਚਿੰਤਾਜਨਕ ਹੈ।ਮੋਹਿਤ ਮੋਹਿੰਦਰਾ ਨੇ ਡਾ. ਬਲਬੀਰ ਸਿੰਘ 'ਤੇ ਸਿੱਧਾ ਇਲਜ਼ਾਮ ਲਾਉਂਦਿਆਂ ਕਿਹਾ ਕਿ ਹਲਕੇ ਵਿੱਚ ਆਪਣੇ ਖ਼ਿਲਾਫ਼ ਦਿਨੋ-ਦਿਨ ਵਧਦੇ ਵਿਰੋਧ ਅਤੇ ਲੋਕ ਰੋਹ ਨੂੰ ਠੱਲ੍ਹ ਪਾਉਣ ਲਈ ਕਾਂਗਰਸੀ ਵਰਕਰਾਂ ਅਤੇ ਵਿਰੋਧੀ ਵਿਚਾਰ ਰੱਖਣ ਵਾਲੇ ਆਗੂਆਂ 'ਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਲਈ ਦਬਾਅ ਬਣਾਇਆ ਜਾ ਰਿਹਾ ਹੈ, ਜਿਹੜੇ ਵਰਕਰ ਇਸ ਰਾਜਨੀਤਿਕ ਦਬਾਅ ਅੱਗੇ ਝੁਕਣ ਤੋਂ ਇਨਕਾਰ ਕਰਦੇ ਹਨ, ਉਨ੍ਹਾਂ ਖ਼ਿਲਾਫ਼ ਸਰਕਾਰੀ ਤੰਤਰ ਦੀ ਦੁਰਵਰਤੋਂ ਕਰਕੇ ਝੂਠੇ ਅਤੇ ਨਾਜਾਇਜ਼ ਪੁਲਿਸ ਕੇਸ ਦਰਜ ਕਰਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪਿੰਡ ਰੋਹਟੀ ਖ਼ਾਸ ਦੇ ਬੇਕਸੂਰ ਵਿਅਕਤੀ ਕੁਲਵੰਤ ਸਿੰਘ ਲਾਡੀ ਤੇ ਗੁਰਮੀਤ ਸਿੰਘ ਖ਼ਿਲਾਫ਼ ਦਰਜ ਕੀਤੇ ਗਏ ਝੂਠੇ ਪਰਚੇ ਦੇ ਵਿਰੋਧ ਵਿੱਚ ਰੋਹਟੀ ਪੁਲ ਨੇੜੇ ਪੁਲਿਸ ਚੌਕੀ ਦੇ ਬਾਹਰ ਰੋਸ ਧਰਨਾ ਦਿੱਤਾ ਗਿਆ।ਮੋਹਿਤ ਮੋਹਿੰਦਰਾ ਨੇ ਸਪੱਸ਼ਟ ਕੀਤਾ ਕਿ ਇਹ ਧਰਨਾ ਸਿਹਤ ਮੰਤਰੀ ਦੀ ਸਿਆਸੀ ਧੱਕੇਸ਼ਾਹੀ ਖ਼ਿਲਾਫ਼ ਤੇ ਪੀੜਤ ਪਰਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਦਿੱਤਾ ਗਿਆ ਹੈ।ਹਲਕੇ ਦੀ ਕਾਨੂੰਨ-ਵਿਵਸਥਾ 'ਤੇ ਸਵਾਲ ਚੁੱਕਦਿਆਂ ਉਨ੍ਹਾਂ ਕਿਹਾ ਕਿ ਇੱਕ ਪਾਸੇ ਸਿਆਸੀ ਬਦਲਾਖੋਰੀ ਤਹਿਤ ਵਿਰੋਧੀਆਂ 'ਤੇ ਕੇਸ ਠੋਕੇ ਜਾ ਰਹੇ ਹਨ, ਜਦਕਿ ਦੂਜੇ ਪਾਸੇ ਮੰਤਰੀ ਦੇ ਆਪਣੇ ਹਲਕੇ ਵਿੱਚ ਸ਼ਰੇਆਮ ਨਸ਼ੇ ਦੀ ਵਿਕਰੀ, ਕਤਲ ਅਤੇ ਲੁੱਟ-ਖੋਹ ਦੀਆਂ ਘਟਨਾਵਾਂ ਵਧ ਰਹੀਆਂ ਹਨ।




## ਉੱਤਰ ਰੇਲਵੇ

**ਈ-ਨਿਵਿਦਾ ਸੂਚਨਾ**

**ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ,** ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ(ਰੁ.) | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251-Elect-T-08-2026-27 | ਫਿਰੋਜ਼ਪੁਰ ਡਵੀਜਨ ਵਿਚ ਟੀਵੀਯੂ > 20000 ਅਤੇ > 50000 ਵਾਲੇ 74 ਨੰ. (ਐਫਜੇਡਆਰ ਡਵੀਜਨ ਦੇ 55 ਨੰ.) ਨਾਨ ਇੰਟਰਲਾਕਡ ਐਲਸੀ ਗੇਟਾਂ ਦੀ ਇੰਟਰਲਾਕਿੰਗ ਦੇ ਪ੍ਰਾਵਧਾਨ ਦੇ ਸਬੰਧ ਵਿਚ ਬਿਜਲੀ ਦਾ ਕੰਮ। | ₹ 88,51,499.99 | ₹ 1,77,000.00 | 06 ਮਹੀਨੇ | 23.09.2026 15:00 ਵਜੇ ਦੇ ਬਾਅਦ | www.ireps.gov.in |

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 08--ਬਿਜਲੀ-2026-27 ਮਿਤੀ:- 02.09.2026 3023/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**PUNJAB NATIONAL BANK**
Branch Office:- Basti Jodhewal,
DISTT. LUDHIANA

## ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਮਿਤੀਆਂ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।
ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ ਕਬਜ਼ਾ) ਪ੍ਰਾਪਤ ਕਰ ਲਿਆ ਹੈ।
**ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ ਦੀ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਹੇਠ ਹੋਵੇਗਾ।**
**ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| ਕਰਜ਼ਦਾਰ : ਮੈਸਰਜ਼ ਸ਼ਿਵਮ ਜੈਕਟਸ ਰਾਹੀਂ, ਇਸ ਦੇ ਮਾਲਕ ਸ੍ਰੀ ਅਰਵਿੰਦ ਕੁਮਾਰ ਪੁੱਤਰ ਸ੍ਰੀ ਇੰਦਰਜੀਤ ਅਹੂਜਾ # ਮਕਾਨ ਨੰ. 4 ਬੀ-7-754, ਮੰਡੀ ਕੇਸਰ ਗੰਜ ਲੁਧਿਆਣਾ-2 (ਗਰੰਟਰ) ਸ੍ਰੀਮਤੀ ਕਵਿਤਾ ਰਾਣੀ ਪਤਨੀ ਸ੍ਰੀ ਅਰਵਿੰਦ ਕੁਮਾਰ # ਮਕਾਨ ਨੰ. 4 ਬੀ-7-754, ਮੰਡੀ ਕੇਸਰ ਗੰਜ, ਲੁਧਿਆਣਾ। | ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ ਰਕਬਾ 20 ਵਰਗ ਗਜ਼ # ਮਕਾਨ ਨੰ. ਬੀ-7-754 ਮੰਡੀ ਕੇਸਰ ਗੰਜ ਵਿਖੇ ਸਥਿਤ, ਨੇੜੇ ਕੰਨਿਆ ਸਰਕਾਰੀ ਸਕੂਲ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਬੈਨਾਮਾ ਵਸੀਕਾ ਨੰ. 5223 ਮਿਤੀ 06/06/2011 ਸ੍ਰੀਮਤੀ ਕਵਿਤਾ ਰਾਣੀ ਪਤਨੀ ਸ੍ਰੀ ਅਰਵਿੰਦ ਕੁਮਾਰ ਦੇ ਨਾਂਅ ਦਰਜ। ਹੱਦਾਂ ਹੇਠ ਲਿਖੇ ਅਨੁਸਾਰ : ਪੂਰਬ : ਸੜਕ, ਪੱਛਮ : ਵੀਰ ਭਾਨ, ਉੱਤਰ : ਵਿਨੋਦ ਕੁਮਾਰ, ਦੱਖਣ : ਰਾਜ ਕੁਮਾਰ | 08.06.2026 | 01.09.2026 | ਸੰਕੇਤਕ ਕਬਜ਼ਾ / 04.06.2026 ਨੂੰ ਬਕਾਇਆ ਰਕਮ ਰੁਪਏ 29,63,531 (ਉਨੱਤੀ ਲੱਖ ਤਰੇਹਠ ਹਜ਼ਾਰ ਪੰਜ ਸੌ ਇਕੱਤੀ ਰੁਪਏ ਕੇਵਲ) |

ਜਮ੍ਹਾਂ 05.06.2026 ਤੋਂ ਇਸ 'ਤੇ ਅਗਲਾ ਵਿਆਜ, ਹੋਰ ਚਾਰਜਿਜ਼ ਅਤੇ ਖਰਚੇ।
ਮਿਤੀ : 02-09-2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



**PUNJAB NATIONAL BANK**
Branch Office:- Basti Jodhewal,
DISTT. LUDHIANA

## ( ਰੂਲ-8 (1) ) ਕਬਜ਼ਾ ਨੋਟਿਸ (ਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਮਿਤੀਆਂ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।
ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ ਕਬਜ਼ਾ) ਪ੍ਰਾਪਤ ਕਰ ਲਿਆ ਹੈ।
ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਦੀ ਬਸਤੀ ਜੋਧੇਵਾਲ, ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਹੇਠ ਹੋਵੇਗਾ।
**ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਚੱਲ ਐੱਸਟਸ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| 1. (ਕਰਜ਼ਦਾਰ) : ਮੈਸ. ਪ੍ਰਿਧੀ ਨਿਟਵੇਅਰ # ਮਕਾਨ ਨੰ. 739, ਗਲੀ ਨੰ. 1, ਸਾਹਮਣੇ ਇਸਲਾਮਗੰਜ ਸਕੂਲ, ਮਹਿਮੂਦਪੁਰਾ, ਲੁਧਿਆਣਾ-141008. 2. (ਕਰਜ਼ਦਾਰ) : ਸ੍ਰੀ ਪਵਨ ਕੁਮਾਰ ਪੁੱਤਰ ਸ੍ਰੀ ਹਰੀ ਰਾਮ ਰਾਹੀਂ ਇਸ ਦੇ ਮਾਲਕ ਮੈਸ. ਪ੍ਰਿਧੀ ਨਿਟਵੇਅਰ # ਮਕਾਨ ਨੰ. 739, ਗਲੀ ਨੰ. 1, ਸਾਹਮਣੇ ਇਸਲਾਮਗੰਜ ਸਕੂਲ, ਮਹਿਮੂਦਪੁਰਾ, ਲੁਧਿਆਣਾ-141008 | ਹੌਜ਼ਰੀ ਆਈਟਮ ਦੀ ਟਰੈਕ ਸੂਟ, ਲੋਅਰ ਆਦਿ ਦੀ ਮੈਨੂਫੈਕਚਰਿੰਗ, ਮੈਟੀਰੀਅਲ, ਕੱਚਾ ਮਾਲ, ਪ੍ਰਕਿਰਿਆ 'ਚ ਸਟਾਕਸ, ਸੈਮੀ ਫਿਨਿਸ਼ਡ ਵਸਤਾਂ, ਫਿਨਿਸ਼ਡ ਵਸਤਾਂ ਆਦਿ ਸਪੇਅਰਜ਼ ਅਤੇ ਪ੍ਰਾਪਤੀਯੋਗ ਵਸਤਾਂ ਮੈਸ. ਪ੍ਰਿਧੀ ਨਿਟਵੇਅਰ ਦੇ ਸਟਾਕ ਦੀ ਹਾਈਪੋਥੇਕੇਸ਼ਨ | 19.05.2026 | 01.09.2026 | ਸੰਕੇਤਕ ਕਬਜ਼ਾ / 22.03.2026 ਨੂੰ ਬਕਾਇਆ ਰੁਪਏ 10,29,618/- (ਦਸ ਲੱਖ ਉੱਨਤੀ ਹਜ਼ਾਰ ਛੇ ਸੌ ਅਠਾਰਾਂ ਰੁਪਏ ਕੇਵਲ) ਜਮ੍ਹਾਂ 23.03.2026 ਤੋਂ ਇਸ 'ਤੇ ਅਗਲਾ ਵਿਆਜ, ਹੋਰ ਚਾਰਜਿਜ਼ ਅਤੇ ਖਰਚੇ। |

ਮਿਤੀ : 02.09.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



**PUNJAB NATIONAL BANK**
Branch Office:- Basti Jodhewal,
DISTT. LUDHIANA

## ( ਰੂਲ-8 (1) ) ਕਬਜ਼ਾ ਨੋਟਿਸ (ਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਮਿਤੀਆਂ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।
ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ ਕਬਜ਼ਾ) ਪ੍ਰਾਪਤ ਕਰ ਲਿਆ ਹੈ।
**ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਦੀ ਬਸਤੀ ਜੋਧੇਵਾਲ, ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਹੇਠ ਹੋਵੇਗਾ।**
**ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਚੱਲ ਐੱਸਟਸ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) : ਮੈਸ. ਸੀ ਸਟਾਰ ਨਿਟਵੇਅਰਜ਼ # ਬੀ-VI-960, ਗਲੀ ਨੰ. 3, ਹਰਬੰਸਪੁਰਾ, ਨੇੜੇ ਪਿੱਪਲ ਵਾਲਾ ਮੰਦਰ, ਲੁਧਿਆਣਾ। (ਕਰਜ਼ਦਾਰ) : ਸ੍ਰੀ ਸੁਨੀਲ ਵਰਮਾ ਪੁੱਤਰ ਸ੍ਰੀ ਬਲਦੇਵ ਸਿੰਘ ਰਾਹੀਂ ਇਸ ਦੇ ਮਾਲਕ ਮੈਸ-ਸੀ ਸਟਾਰ ਨਿਟਵੇਅਰਜ਼ #ਬੀ-VI-960, ਗਲੀ ਨੰ. 3, ਹਰਬੰਸਪੁਰਾ ਨੇੜੇ ਪਿੱਪਲ ਵਾਲਾ ਮੰਦਰ, ਲੁਧਿਆਣਾ | ਮੈਨੂਫੈਕਚਰਿੰਗ ਮੈਟਰੀਅਲ ਕੱਚਾ ਮਾਲ, ਪ੍ਰਕਿਰਿਆ 'ਚ ਸਟਾਕਸ, ਸੈਮੀ ਫਿਨਿਸ਼ਡ ਵਸਤਾਂ, ਫਿਨਿਸ਼ਡ ਵਸਤਾਂ ਆਦਿ, ਸਪੇਅਰਜ਼ ਅਤੇ ਪ੍ਰਾਪਤੀਯੋਗ ਮੈਸ. ਸੀ ਸਟਾਰ ਨਿਟਵੇਅਰਜ਼ ਦੇ ਸਟਾਕ ਦੀ ਹਾਈਪੋਥੇਕੇਸ਼ਨ | 29.08.2025 | 01.09.2026 | ਸੰਕੇਤਕ ਕਬਜ਼ਾ / 28.08.2025 ਨੂੰ ਰੁਪਏ 10,67,714.57/- (ਦਸ ਲੱਖ ਸਤਾਹਠ ਹਜ਼ਾਰ ਸੱਤ ਸੌ ਚੌਦਾਂ ਰੁਪਏ ਅਤੇ ਸਤਵੰਜਾ ਪੈਸੇ ਕੇਵਲ) ਜਮ੍ਹਾਂ ਇਸ 'ਤੇ 29.08.2025 ਤੋਂ ਅਗਲਾ ਵਿਆਜ, ਹੋਰ ਚਾਰਜਿਜ਼ ਅਤੇ ਖਰਚੇ |

ਮਿਤੀ : 02.09.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

# ਵਿਦਿਆਰਥੀਆਂ ਨੇ ਉਨਤੀ ਡਰੋਨ ਅਕੈਡਮੀ ਤਲਵਾੜਾ ਦਾ ਕੀਤਾ ਦੌਰਾ



ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੋਲੀਟੈਕਨਿਕ ਕਾਲਜ, ਜਲੰਧਰ ਦੇ ਇਲੈਕਟ੍ਰਾਨਿਕਸ ਐਂਡ ਕਮਿਊਨੀਕੇਸ਼ਨ ਇੰਜੀਨੀਅਰਿੰਗ (ਈ.ਸੀ.ਈ.) ਵਿਭਾਗ ਦੇ ਵਿਦਿਆਰਥੀਆਂ ਨੇ ਡਰੋਨ ਤਕਨਾਲੋਜੀ ਸਬੰਧੀ ਪ੍ਰੈਕਟੀਕਲ ਗਿਆਨ ਅਤੇ ਹੱਥੀਂ ਸਿਖਲਾਈ ਪ੍ਰਾਪਤ ਕਰਨ ਦੇ ਉਦੇਸ਼ ਨਾਲ ਉਨਤੀ ਡਰੋਨ ਅਕੈਡਮੀ, ਤਲਵਾੜਾ ਦਾ ਵਿਦਿਅਕ ਦੌਰਾ ਕੀਤਾ। ਡਰੋਨ ਤਕਨਾਲੋਜੀ ਅੱਜ ਖੇਤੀਬਾੜੀ, ਸਰਵੇਖਣ, ਨਿਗਰਾਨੀ ਅਤੇ ਹੋਰ ਕਈ ਖੇਤਰਾਂ ਵਿੱਚ ਤੇਜ਼ੀ ਨਾਲ ਵਰਤੀ ਜਾ ਰਹੀ ਹੈ। ਉਨਤੀ ਦੀ ਤਲਵਾੜਾ ਸਥਿਤ ਅਕੈਡਮੀ ਵਿੱਚ ਡਰੋਨ ਪਾਇਲਟ ਟ੍ਰੇਨਿੰਗ ਅਤੇ ਡਰੋਨ ਰਿਪੇਅਰ ਅਤੇ ਮੇਨਟੀਨੈਂਸ ਵਰਗੀਆਂ ਸਿਖਲਾਈਆਂ ਵੀ ਉਪਲਬਧ ਹਨ। ਇਹ ਦੌਰਾ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਗਤੀਸ਼ੀਲ ਅਗਵਾਈ ਅਤੇ ਯੋਗ ਰਹਿਨੁਮਾਈ ਅਤੇ ਮਨੀਸ਼ ਸਚਦੇਵਾ, ਇੰਚਾਰਜ, ਈ.ਸੀ.ਈ. ਵਿਭਾਗ ਦੀ ਪਹਿਲਕਦਮੀ ਤਹਿਤ ਕਰਵਾਇਆ ਗਿਆ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਡਰੋਨ ਤਕਨਾਲੋਜੀ ਦੇ ਵਿਹਾਰਕ ਪੱਖਾਂ ਨਾਲ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਹੱਥੀਂ ਸਿਖਲਾਈ ਦਾ ਤਜਰਬਾ ਪ੍ਰਦਾਨ ਕਰਨਾ ਸੀ।

ਅਕੈਡਮੀ ਪਹੁੰਚਣ 'ਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਮਨਦੀਪ ਡੋਗਰਾ, ਅਕਾਊਂਟੇਬਲ ਮੈਨੇਜਰ, ਉਨਤੀ ਡਰੋਨ ਅਕੈਡਮੀ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਦੌਰੇ ਦੀ ਸ਼ੁਰੂਆਤ ਕੇਸ਼ਵ ਗੌਰਵ, ਪ੍ਰੋਜੈਕਟ ਮੈਨੇਜਰ ਵੱਲੋਂ ਕਰਵਾਏ ਗਏ ਜਾਣਕਾਰੀ ਭਰਪੂਰ ਸੈਸ਼ਨ ਨਾਲ ਹੋਈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਨਤੀ ਕੋਆਪਰੇਟਿਵ ਸੋਸਾਇਟੀ ਦੇ ਇਤਿਹਾਸ, ਵਿਕਾਸ ਅਤੇ ਤਕਨਾਲੋਜੀ ਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਵਿੱਚ ਇਸ ਦੇ ਯੋਗਦਾਨ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਮਨਦੀਪ ਡੋਗਰਾ ਨੇ ਡਰੋਨ ਦੇ ਵਿਕਾਸ, ਡਰੋਨ ਬਣਾਉਣ ਅਤੇ ਚਲਾਉਣ ਦੀ ਪ੍ਰਕਿਰਿਆ ਅਤੇ ਡਰੋਨ ਉਡਾਉਣ ਸਬੰਧੀ ਨਿਯਮਾਂ ਬਾਰੇ ਵਿਸਥਾਰਪੂਰਵਕ ਥਿਊਰੀ ਸੈਸ਼ਨ ਕਰਵਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਡਰੋਨ ਸੰਚਾਲਨ ਨਾਲ ਜੁੜੇ ਤਕਨੀਕੀ ਅਤੇ ਸੁਰੱਖਿਆ ਪੱਖਾਂ ਬਾਰੇ ਵੀ ਜਾਣਕਾਰੀ ਦਿੱਤੀ। ਥਿਊਰੀ ਸੈਸ਼ਨ ਤੋਂ ਬਾਅਦ ਵਿਦਿਆਰਥੀਆਂ ਨੇ ਡਰੋਨ ਸਿਮੂਲੇਸ਼ਨ ਟੈਸਟ ਵਿੱਚ ਭਾਗ ਲਿਆ। ਇਸ ਦੌਰਾਨ ਹਰੇਕ ਵਿਦਿਆਰਥੀ ਨੂੰ ਡਰੋਨ ਦੇ ਮੁੱਢਲੇ ਕੰਟਰੋਲ ਸਿੱਖਣ ਅਤੇ ਉਨ੍ਹਾਂ ਦੀ ਪ੍ਰੈਕਟਿਸ ਕਰਨ ਦਾ ਮੌਕਾ ਮਿਲਿਆ। ਇਸ ਉਪਰੰਤ ਮਾਹਿਰਾਂ ਦੀ ਨਿਗਰਾਨੀ ਹੇਠ ਵਿਦਿਆਰਥੀਆਂ ਨੇ ਉਦਯੋਗਿਕ ਅਤੇ ਖੇਤੀਬਾੜੀ ਡਰੋਨਾਂ ਨੂੰ ਖੁਦ ਉਡਾਉਣ ਦੀ ਵਿਹਾਰਕ ਸਿਖਲਾਈ ਵੀ ਪ੍ਰਾਪਤ ਕੀਤੀ। ਇਸ ਗਤੀਵਿਧੀ ਵਿੱਚ ਅਧਿਆਪਕਾਂ ਨੇ ਵੀ ਉਤਸ਼ਾਹ ਨਾਲ ਭਾਗ ਲਿਆ। ਇਸ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਖੇਤੀਬਾੜੀ, ਨਿਗਰਾਨੀ, ਉਦਯੋਗਿਕ ਜਾਂਚ, ਮੈਪਿੰਗ, ਲੌਜਿਸਟਿਕਸ ਅਤੇ ਹੋਰ ਉੱਭਰ ਰਹੇ ਖੇਤਰਾਂ ਵਿੱਚ ਡਰੋਨ ਤਕਨਾਲੋਜੀ ਦੇ ਵੱਧ ਰਹੇ ਉਪਯੋਗਾਂ ਬਾਰੇ ਜਾਣਕਾਰੀ ਮਿਲੀ। ਇਹ ਦੌਰਾ ਵਿਦਿਆਰਥੀਆਂ ਲਈ ਇੱਕ ਬਹੁਤ ਹੀ ਲਾਭਦਾਇਕ ਅਤੇ ਗਿਆਨਵਰਧਕ ਸਿੱਖਣ ਦਾ ਤਜਰਬਾ ਸਾਬਤ ਹੋਇਆ। ਵਿਦਿਆਰਥੀਆਂ ਦੇ ਨਾਲ ਪ੍ਰੀਤ ਕੰਵਲ, ਮਨਿੰਦਰ ਕੌਰ ਤੇ ਨਮਰਤਾ, ਲੈਕਚਰਾਰ, ਈ ਸੀ ਈ ਵਿਭਾਗ ਵੀ ਮੌਜੂਦ ਸਨ। ਦੌਰੇ ਦੇ ਅੰਤ ਵਿੱਚ ਸਰਟੀਫਿਕੇਟ ਵੰਡ ਸਮਾਰੋਹ ਆਯੋਜਿਤ ਕੀਤਾ ਗਿਆ। ਇੱਕ ਰੋਜ਼ਾ ਡਰੋਨ ਤਕਨਾਲੋਜੀ ਵਰਕਸ਼ਾਪ ਸਫਲਤਾਪੂਰਵਕ ਪੂਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ। ਇਹ ਸਰਟੀਫਿਕੇਟ ਜੋਤੀ ਸਰੂਪ, ਫਾਊਂਡਰ ਅਤੇ ਡਾਇਰੈਕਟਰ, ਉਨਤੀ ਕੋਆਪਰੇਟਿਵ ਮਾਰਕੀਟਿੰਗ-ਕਮ-ਪ੍ਰੋਸੈਸਿੰਗ ਸੋਸਾਇਟੀ ਲਿਮਟਿਡ ਵੱਲੋਂ ਪ੍ਰਦਾਨ ਕੀਤੇ ਗਏ।

# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਲੇਖ ਮੁਕਾਬਲੇ



ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)-ਸਰਕਾਰੀ ਕਾਲਜ ਵਿੱਚ ਪ੍ਰਿੰਸੀਪਲ ਡਾ ਸ਼ਸ਼ੀ ਬਾਲਾ ਦੀ ਯੋਗ ਅਗਵਾਈ ਅਧੀਨ ਕਾਲਜ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਸ਼ਤਾਬਦੀ ਪ੍ਰਕਾਸ਼ ਉਤਸਵ ਨੂੰ ਸਮਰਪਿਤ ਲੇਖ ਲਿਖਣ ਮੁਕਾਬਲਾ ਪੰਜਾਬੀ ਵਿਭਾਗ ਅਤੇ ਭਾਸ਼ਾ ਮੰਚ ਵਲੋਂ ਕਰਵਾਇਆ ਗਿਆ।ਇਹ ਮੁਕਾਬਲਾ ਪੰਜਾਬੀ ਵਿਭਾਗ ਦੇ ਮੁੱਖੀ ਪ੍ਰੋ ਮਲਕੀਤ ਜੌੜਾ, ਪ੍ਰੋ ਗੁਰਦੇਵ ਸਿੰਘ, ਪ੍ਰੋ ਨਵਜੀਤ ਕੌਰ ,ਡਾ ਕੁਲਵਿੰਦਰ ਕੌਰ, ਡਾ. ਰਜਨੀਸ਼ ਕੌਰ ਵਲੋਂ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਸ ਮੁਕਾਬਲੇ ਲਈ ਮੰਚ ਸੰਚਾਲਨ ਪ੍ਰੋਫੈਸਰ ਨਵਜੀਤ ਕੌਰ ਵਲੋਂ ਕੀਤਾ ਗਿਆ।ਇਸ ਮੁਕਾਬਲੇ ਲਈ ਜੱਜ ਦੀ ਭੂਮਿਕਾ ਪ੍ਰੋ. ਮਲਕੀਤ ਜੌੜਾ ਅਤੇ ਪ੍ਰੋ. ਗੁਰਦੇਵ ਸਿੰਘ ਵਲੋਂ ਨਿਭਾਈ ਗਈ।ਪ੍ਰੋ. ਮਲਕੀਤ ਜੌੜਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼, ਉਹਨਾਂ ਦੀਆਂ ਸਿਖਿਆਵਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਕਾਲਜ ਵਿੱਚ ਜੋ ਵੀ ਮੁਕਾਬਲੇ ਕਰਵਾਏ ਜਾਂਦੇ ਹਨ। ਉਨ੍ਹਾਂ ਵਿੱਚ ਵੱਧ ਤੋਂ ਵੱਧ ਭਾਗ ਲੈ ਕੇ ਆਪਣੀ ਪ੍ਰਤਿਭਾ ਦਾ ਨਿਖਾਰ ਕਰਨਾ ਚਾਹੀਦਾ ਹੈ। ਇਹ ਮੁਕਾਬਲੇ ਹੀ ਜ਼ਿੰਦਗੀ ਵਿੱਚ ਕਿਸੇ ਵੱਡੇ ਮਕਸਦ ਨੂੰ ਪਾਉਣ ਲਈ ਸਹਾਈ ਸਿੱਧ ਹੁੰਦੇ ਹਨ। ਇਸ ਮੁਕਾਬਲੇ ਵਿੱਚ ਪਹਿਲੇ ਸਥਾਨ ਤੇ ਸਿਮਰਨਜੀਤ ਕੌਰ ਬੀ ਏ ਭਾਗ ਦੂਜਾ ਨੇ ਪਹਿਲਾ, ਦੂਜੇ ਸਥਾਨ ਤੇ ਸੋਨੀਆ ਬੀ ਏ ਭਾਗ ਤੀਜਾ ਨੇ ਦੂਸਰਾ ਤੇ ਡਿੰਪਲ ਪਰੀਤ ਕੌਰ ਬੀ.ਏ ਭਾਗ ਪਹਿਲਾ ਅਤੇ ਤਨੀਸ਼ਾ ਬੀ ਏ ਭਾਗ ਦੂਜਾ ਨੇ ਸਾਂਝੇ ਤੌਰ ਤੇ ਤੀਸਰਾ ਸਥਾਨ ਹਾਸਿਲ ਕੀਤਾ ।ਇਸ ਮੌਕੇ ਪ੍ਰੋ. ਰੁਬਿਨ, ਪ੍ਰੋ. ਮਲਕੀਤ ਜੌੜਾ, ਪ੍ਰੋ. ਗੁਰਦੇਵ ਸਿੰਘ, ਪ੍ਰੋ. ਨਵਜੀਤ ਕੌਰ, ਡਾ. ਕੁਲਵਿੰਦਰ ਕੌਰ, ਡਾ. ਰਜਨੀਸ਼ ਕੌਰ, ਪ੍ਰੋ. ਅਮਨਦੀਪ ਕੌਰ ਸ਼ਾਮਿਲ ਸਨ।

# ਕੂੜੇ ਦੇ ਢੇਰਾਂ ਤੋ ਸ਼ਹਿਰ ਵਾਸੀ ਪ੍ਰੇਸ਼ਾਨ



ਗੁਰਾਇਆ (ਬਿੰਦਰ ਸੁੰਮਨ)-ਗੁਰਾਇਆ ਸ਼ਹਿਰ ਨਿਵਾਸੀ ਇਨ੍ਹੀ ਦਿਨੀ ਕੂੜੇ ਦੀ ਸਮੱਸਿਆ ਤੋ ਖਾਸੇ ਪ੍ਰੇਸ਼ਾਨ ਹਨ, ਗੁਰਾਇਆ ਸ਼ਹਿਰ ਅੰਦਰ ਕੂੜੇ ਦੇ ਵੱਡੇ ਢੇਰ ਲੱਗੇ ਹਨ। ਇਸ ਸਬੰਧੀ ਵੱਖ ਵੱਖ ਵਾਰਡਾ ਦੇ ਨਿਵਾਸੀਆਂ, ਸਾਬਕਾ ਕੌਂਸਲਰਾ ਅਤੇ ਕਾਂਗਰਸ ਪਾਰਟੀ ਦੇ ਅਹੁਦੇਦਾਰਾ ਨੇ ਕਿਹਾ ਕਿ ਕੂੜੇ ਤੋ ਆਉਣ ਵਾਲੀ ਬਦਬੂ ਨਾਲ ਲੋਕਾਂ ਵਿੱਚ ਗੰਭੀਰ ਬਿਮਾਰੀਆ ਫੈਲਣ ਦਾ ਖਦਸ਼ਾ ਬਣਿਆ ਹੋਇਆ ਹੈ। ਉਨ੍ਹਾਂ ਸਰਕਾਰ ਪਾਸੋ ਮੰਗ ਕੀਤੀ ਕਿ ਸ਼ਹਿਰ ਦੇ ਲੋਕਾਂ ਨੂੰ ਇਸ ਕੂੜੇ ਦੀ ਸਮੱਸਿਆ ਤੋ ਨਿਜ਼ਾਤ ਦਵਾਈ ਜਾਵੇ।


**यूनियन बैंक ऑफ इंडिया / Union Bank of India** – Andhra – Corporation

**ਜਨਤਕ ਸੂਚਨਾ**

ਆਮ ਜਨਤਾ ਦਾ ਇਸ ਦੁਆਰਾ ਧਿਆਨ ਦੁਆਇਆ ਜਾਂਦਾ ਹੈ ਕਿ ਵਿਨੋਦ ਕੁਮਾਰ ਚੰਦਰਾ ਪੁੱਤਰ ਜੋਗਿੰਦਰ ਪਾਲ ਵਾਸੀ ਸ਼ਿਵਦਾਸਪੁਰ, ਮੁਸਤਫਾਪੁਰ, ਜ਼ਿਲ੍ਹਾ ਜਲੰਧਰ ਨੇ ਵਿੱਤੀ ਸਹਾਇਤਾ ਲਈ ਬੈਂਕ ਕੋਲ ਪਹੁੰਚ ਕੀਤੀ ਅਤੇ ਜਾਇਦਾਦ, ਜੋ ਕਿ ਪਲਾਟ ਨੰ. 56, ਰਕਬਾ 04 ਮਰਲਾ 50.5 ਵਰਗ ਫੁੱਟ, ਪ੍ਰੀਤ ਇਨਕਲੇਵ ਵਿਖੇ ਸਥਿਤ, ਨੇੜੇ ਜੀ ਐਨ ਡੀ ਯੂ, ਪਿੰਡ ਲੱਧੇਵਾਲੀ, ਤਹਿਸੀਲ ਜਲੰਧਰ, ਖਸਰਾ ਨੰ. 14//4/2, 4/4, 7/2, 27, 14//3/2, 8/1, 14//28, ਹੱਦਬਸਤ ਨੰ. 220, ਤਹਿਸੀਲ ਜਲੰਧਰ-1 ਦੇ ਇਲਾਵਾ ਬੈਨਾਮਾ ਨੰ. 2025-26/186/1/9723 ਮਿਤੀ 24 ਅਕਤੂਬਰ 2025-26/186/1/9723 ਮਿਤੀ 24 ਅਕਤੂਬਰ 2025 ਐਸ ਆਰ ਜਲੰਧਰ ਵਿਰੁੱਧ ਹਾਊਸਿੰਗ ਲੋਨ ਲਿਆ ਸੀ।

ਆਮ ਜਨਤਾ ਦੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਜਾਇਦਾਦ ਦੇ ਮਾਲਕੀ ਦਸਤਾਵੇਜ਼ਾਂ ਦੀ ਲੜੀ ਵਿੱਚੋਂ ਕੁੱਝ ਅਸਲ ਦਸਤਾਵੇਜ਼ ਗੁੰਮ ਹਨ, ਜੋ ਕਿ ਬੈਨਾਮਾ ਨੰ. 7387 ਮਿਤੀ 28/01/2015 ਅਤੇ ਸਪੈਸ਼ਲ ਪਾਵਰ ਅਟਾਰਨੀ ਨੰ. 1495 ਮਿਤੀ 3/11/2014 ਅਤੇ ਜਨਰਲ ਪਾਵਰ ਅਟਾਰਨੀ ਨੰ. 3070 ਮਿਤੀ 07/03/2014 ਅਤੇ ਬੈਨਾਮਾ ਨੰ. 1116 ਮਿਤੀ 07/05/2004 ਦਾ ਹਿੱਸਾ ਹੈ, ਦਾ ਬੈਨਾਮਾ ਕਿਧਰੇ ਗੁਆਚ ਗਿਆ ਹੈ। ਟਾਈਟਲ ਡੀਡ ਅਤੇ ਅਟਾਰਨੀ ਦੀ ਗੁੰਮਸ਼ੁਦਗੀ ਦੀ ਰਿਪੋਰਟ ਡੀ ਡੀ ਆਰ ਨੰ. ਜੀ ਡੀ ਨੰ. 014 ਮਿਤੀ 28/08/2026 ਪੁਲਸ ਸਟੇਸ਼ਨ ਰਾਮਾ ਮੰਡੀ, ਜਲੰਧਰ ਵਿਖੇ ਕਰਵਾਈ ਗਈ।

ਜੇਕਰ ਆਮ ਜਨਤਾ ਨੂੰ ਗੁਆਚੀ ਸੇਲ ਡੀਡ ਮਿਲਦੀ ਹੈ/ਜਾਂ ਕੋਈ ਦਾਅਵਾ ਹੈ ਤਾਂ ਉਹ ਰਹਿਣ ਕੀਤੀ ਜਾਇਦਾਦ 'ਤੇ ਇਤਰਾਜ਼ ਦਾ ਸਬੂਤ ਅਤੇ/ਜਾਂ ਦਾਅਵਾ, ਜੇ ਕੋਈ ਹੈ, ਤਾਂ ਉਕਤ ਜਾਇਦਾਦ ਦੇ ਰਹਿਣ ਬਾਰੇ ਲਿਖੇ ਜਾਂ ਯੂਨੀਅਨ ਬੈਂਕ ਆਫ ਇੰਡੀਆ, ਸ਼ਾਖਾ ਦਫਤਰ ਚੁਗਿੱਟੀ, ਜਲੰਧਰ ਨੂੰ ਇਸ ਨੋਟਿਸ ਦੇ 07 ਦਿਨਾਂ ਦੇ ਅੰਦਰ-ਅੰਦਰ ਸ਼ਾਖਾ ਦਫਤਰ, ਯੂਨੀਅਨ ਬੈਂਕ ਆਫ ਇੰਡੀਆ, ਚੁਗਿੱਟੀ, ਜਲੰਧਰ ਨੂੰ ਸੂਚਿਤ ਕਰੇ।

ਮਿਤੀ : 03-09-2026 ਸਥਾਨ : ਜਲੰਧਰ ਸ਼ਾਖਾ ਮੈਨੇਜਰ





## Change of Name

I, Manmohanjeet Kaur W/o Kulwant Singh R/o Near Sunny Hotel Batala, Distt. Gurdaspur. I have changed my name from Manmohanjeet Kaur to Manmohanjit Kaur. Please concerned note.

I, Sarwinder Singh S/o Manjit Singh R/o H.No.F16/ 470, Friends Avenue,Tung Bala, Majitha Road, Amritsar,Punjab have changed my name from Sarwinder Singh to Davinder Singh. Concerned note.

I, Sat Paul S/o Lachhman Dass R/o Village Talwandi Kango, PO Pandori Rajputtan, Distt. Hoshiarpur Punjab have changed my name from Sat Paul to Satpal. Concerned note.

I, Kishan Pal S/o Sohal Lal R/o Village Chakowal Brahmna, PO Kadiana, Distt. Hoshiarpur Punjab have changed my name from Kishan Pal to Kishan Pal Garg. Garg as my surname. Concerned note.

I, Nilam Rani wife of Gurdarshan Singh resident of Village Garhi Bakhsha, PO. Pachranga, District Jalandhar, Punjab have changed my name as Neelam Rani. All Concerned note.

I, Parmeet Kaur D/o Raghbir Singh W/o Manpreet Singh R/o VPO Dhadde, Dhadde, PO Chawinda Devi, Distt. Amritsar, Punjab-143504 have changed my name from Parmeet Kaur to Kaur is my surname and Parmeet is my given name.

I, Kanwaljit Kaur W/o Raghbir Singh R/o 579, Dera Road Ajnala, Ward No.2, Near Deep Cinema, Ajnala, PO Ajnala, Distt. Amritsar, Punjab-143102 have changed my name from Kanwaljit Kaur to Kawaljit Kaur.

I, Kawaljit Kaur W/o Malkeet Singh R/o Village Jhalari, PO Butala, Distt. Amritsar, Punjab have changed my name from Kawaljit Kour to Kawaljit Kaur. Concerned note.

I, Baljeet Singh S/o Hardial Singh R/o VPO Tahli Sahib, Babowal, PO Babowal, Distt. Amritsar, Punjab-143119 have changed my name from Baljeet Singh to Singh is my surname and Baljeet is my given name.

I, Mehak Aggarwal W/o Pranav Goyal R/o Flat No. 203, Palace 1, 66 Feet Road, Phoolriwal, Jalandhar Heights 1, Jalandhar, 144005, Punjab. I have changed my name from Mehak Aggarwal to Mehak Goyal.(After marriage). All concerned please note.

I, hitherto to known as Gurpal son of Niranjan Das residing at Village Hassan Munda, Post Office Kartarpur, District Jalandhar-144801, Punjab India have changed my name and shall hereafter be known as Gurpal Sroay.

I, Suhani Oberoi W/o Tushar Saini R/o # 342, Adarsh Nagar, P.o. Grain Market, Jalandhar, 144008, Punjab, India, have changed my name from Suhani Oberoi to Suhani Saini. (After Marriage). All concerned Please Note.

I, Rajbir Singh S/o Balkar Singh R/o PO Ram Diwali, Musalmana, Kaler Bala Pai, Kaler Bala Pa PO Chawinda Devi District Amritsar have declare that Rajbir is my Given name and Singh is my Surname.

I, Baljinder Singh S/o Dalip Singh R/o Village Chicha, PO Chicha, Amritsar, Punjab have changed my name from Baljinder Singh to Balwinder Singh.

I Anu Kandhari W/o Ashok Kumar Kandhari R/o H. No. 420 Race Course Road Amritsar have changed my name to Pummy Kandhari. All Concerned Please Note.

I, Nahcattar Singh S/o Ram Singh R/o Rasulpur Kalan, PO Rasulpur Kalan, District Amritsar have declare that Nahcattar is my Given name and Singh is my Surname.

I Harshdeep S/o Manjinder Pal R/o H.No. 159, Vill. Jindal PO Bolina Doaba, Jalandhar-144101, Punjab have changed my name from Harshdeep to Harshdeep Bagha in which given name Harshdeep and Bagha as surname. All concerned may note.

I, Maan Singh S/o Sunder Singh R/o H.No. 845, Basti Mithu, Jalandhar declare that I have changed my name from Maan Singh to Mann Singh.

I, Kirna Devi d/o Nirmal Singh r/o Vill. Randhiragh, P.o. Narur, Tehsil Phagwara, Kapurthala. Punjab have changed my name from Kirna Devi to Kiranpreet Kaur (Given name as Kiranpreet & Surname as Kaur) All Please Note.

I, Surinder Kumar s/o Gurdip Singh r/o B-1/159, Jinda Road, Surat Nagar, Maqsudan, Jalandhar have changed my Given name as Surinder & Surname as Kumar. All Please Note.

I, Amanjot w/o Surinder Kumar r/o B-1/159, Jinda Road, Surat Nagar, Maqsudan, Jalandhar have changed my name from Amanjot to Amanjot Kaur. All Please Note.

I, Aanchal Arora w/o Karan Malhotra r/o 212, Mahavir Marg, Near Kataria Hospital, Shakti Nagar, Jalandhar have changed my name to Aanchal Malhotra, after marriage. All Please Note.

I, Gita Puri W/O Harpreet Puri, R/o 21, Venus Colony, Near Yadwindra Nursing Home, Dukhniwaran Road, Patiala, Punjab- 147001. have changed my name and shall here-after be Known as Geeta Rani.

## Change of Name

I, Nasiban W/O Bali Mohammad, R/o Safi Basati, Malerkotla (R), PO: Malerkotla, Dist: Malerkotla, Punjab-148023. have changed my name and shall hereafter be Known as Rani.

I, Piari W/O Mitter Singh, R/o Ghuman Khurd, Gurdaspur, Punjab-143518. have changed my name and shall hereafter be Known as Arshdeep Kaur.

I, Rshpinder Kaur W/o Satnam Singh R/o VPO. Talwandi Lal Singh, Distt. Gurdaspur, Punjab have changed my name from Rshpinder Kaur to Raspinder Kaur. (R)

I, Banarsi Lal S/o Chanchal Singh R/o Village Udhowal, PO. Khokhar Faujjian, Distt. Gurdaspur, Punjab have changed my name from Banarsi Lal to Lal Banarsi. That Lal is my Surname & Banarsi is my Given Name.

I, Rajwinder Singh S/o Karnail Singh R/o 683, Malhi Market, Dera Baba Nanak Road New Abadi Shukarpura, Batala, Distt. Gurdaspur, Punjab-143505 have changed my name from Rajwinder Singh to Rajwinder Singh. Concerned Note.

I, Tanishq S/o Randeep Suri R/o House No. S.N : 51, Makhdoom Pura, Shastri Nagar, Jalandhar-144001, Punjab have changed my name from Tanishq to Tanishq Suri. All concerned please note.

I, Nishu W/o Sanjeev Kumar R/o H.No. 261, Grover Colony, Dilbagh Nagar Extension, Jalandhar-144002, Punjab have changed my minor daughter's name from Shreya to Shreya Arora. All concerned please note.

I Sonia D/o Ashok Kumar R/o Vill. Cheema Kalan, P.O Nurmahal Tehsil Phillaur Distt Jalandhar Declare That I Have Changed My Name To Sonia Gill. All Concerned Note.

I, Simrat Chhina D/o Karanbir Singh R/o VPO Harse Chhina, Kukranwala, Distt. Amritsar, Punjab have changed my name from Simrat Chhina to Simrat Kaur Chhina and Chhina is my surname and Simrat Kaur is my given name.

## ਆਮ ਸੂਚਨਾ

[illegible]

## ਬੇਦਖਲੀ ਨੋਟਿਸ

[illegible]

## ਬੇਦਖਲੀ ਨੋਟਿਸ

[illegible]

ਤਮਾਮ ਚੱਲ ਅਤੇ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਇਸ ਨਾਲ ਆਪਣੇ ਨਫੇ ਨੁਕਸਾਨ ਦੀ ਖੁਦ ਜ਼ਿੰਮੇਵਾਰ ਹੈ।ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਸ ਨਾਲ ਕੋਈ ਲੈਣ-ਦੇਣ ਅਤੇ ਤਾਲੁਕ ਵਾਸਤਾ ਨਹੀਂ।

ਮੈਂ, ਬਲਜਿੰਦਰ ਸਿੰਘ ਪੁੱਤਰ ਅਨੂਪ ਸਿੰਘ ਵਾਸੀ ਪਿੰਡ ਮੋਹਣ ਭੰਡਾਰੀ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਮਨਿੰਦਰਪਾਲ ਸਿੰਘ ਉਰਫ ਐੱਮ. ਪੀ. ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਉਸ ਦਾ ਮੇਰੇ ਨਾਲ ਜਾਂ ਮੇਰੇ ਭਰਾ ਗੁਰਪ੍ਰੀਤ ਸਿੰਘ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਨਿਸ਼ਾਨ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਪਿੰਡ ਕਾਮ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਆਪਣੇ ਲੜਕੇ ਗੁਰਚਰਨ ਸਿੰਘ, ਉਸਦੀ ਪਤਨੀ ਅਕਵਿੰਦਰ ਕੌਰ ਅਤੇ ਇਹਨਾਂ ਦੇ ਲੜਕੇ ਗੁਰਤਾਜ ਸਿੰਘ ਨੂੰ ਆਪਣੀ ਚਲ-ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹਨ । ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ।

ਮੈਂ ਲਖਵਿੰਦਰ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਪਿੰਡ ਪੱਡਾ ਤਹਿਸੀਲ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਦਾ ਰਹਿਣ ਵਾਲਾ ਹਾਂ । ਮੈਂ ਬਿਆਨ ਹਲਫੀਆ ਕਰਦਾ ਹਾਂ ਕਿ ਮੇਰਾ ਪੁੱਤਰ ਰਵਿੰਦਰ ਸਿੰਘ ਜੋ ਕੁਆਰਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੀ ਕੋਈ ਗੱਲ ਨਹੀਂ ਮੰਨਦਾ । ਮੈਂ ਆਪਣੇ ਪੁੱਤਰ ਰਵਿੰਦਰ ਸਿੰਘ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ । ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸਬੰਧਤ ਨੋਟ ਕਰਨ।

ਮੈਂ, ਕਾਲਾ ਰਾਮ ਪੁੱਤਰ ਨਵਾਬ ਰਾਮ ਵਾਸੀ ਮੋਤੀ ਵਾਲਾ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲੱਡੂ ਰਾਮ (22 ਸਾਲ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਅੱਜ ਤੋਂ ਬਾਅਦ ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕਰਮਜੀਤ ਕੌਰ ਪਤਨੀ ਲੇਟ ਮਹਿੰਦਰ ਸਿੰਘ ਵਾਸੀ ਪਿੰਡ ਖਾਸਾ, ਡਿਸਟਿਲਰੀ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਪਲਵਿੰਦਰ ਕੌਰ (ਕੁਆਰੀ) ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ।ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਹ ਆਪਣੇ ਕੀਤੇ ਕੰਮਾਂ ਅਤੇ ਲੈਣ-ਦੇਣ ਦੀ ਖੁਦ ਜ਼ਿੰਮੇਵਾਰ ਹੋਵੇਗੀ। ਮੇਰਾ ਤੇ ਮੇਰੇ ਪਰਵਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਮਨੋਹਰ ਸਿੰਘ ਪੁੱਤਰ ਮੁਖਤਾਰ ਸਿੰਘ ਵਾਸੀ ਪੱਤੀ ਸਰਾਵਾਂ ਦੀ, ਚਾਟੀਵਿੰਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਸਿਮਰਜੀਤ ਸਿੰਘ ਅਤੇ ਰਣਜੀਤ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਅਸ਼ਵਨੀ ਕਪੂਰ ਪੁੱਤਰ ਲੇਟ ਜਨਕ ਰਾਜ ਕਪਰ ਵਾਸੀ ਗਲੀ ਕੰਧਾਰੀਆਂ, ਨਮਕ ਮੰਡੀ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਇਯਮ ਕਪੂਰ (ਕੁਆਰਾ), ਜੋ ਮੇਰੇ ਕਹਿਣੇ ਵਿਚ ਨਹੀਂ ਹੈ ਤੇ ਮੇਰੀ ਕੋਈ ਗੱਲ ਨਹੀਂ ਮੰਨਦਾ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੈਂ ਅਤੇ ਮੇਰਾ ਬਾਕੀ ਪਰਵਾਰ ਉਸ ਦੇ ਕਿਸੇ ਵੀ ਕਾਰ-ਵਿਹਾਰ ਦਾ ਜ਼ਿੰਮੇਵਾਰ ਨਹੀਂ ਹੋਵਾਂਗਾ।

ਮੈਂ ਬਲਵਿੰਦਰ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਪਿੰਡ ਤੱਲਾ, ਡਾਕ: ਮਿਆਣੀ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਜਿੰਦਰ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਸਾਰੀ ਚੱਲ/ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਵੱਲੋਂ ਕੀਤੇ ਚੰਗੇ-ਮਾੜੇ ਕੰਮ ਅਤੇ ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਾਰਵਾਰਕ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਅਸ਼ੋਕ ਕੁਮਾਰ ਗੁਪਤਾ ਪੁੱਤਰ ਸ੍ਰੀ ਦੇਵੀ ਦੀਨ ਗੁਪਤਾ ਵਾਸੀ ਮਕਾਨ ਨੰ: ਬੀ-5, ਏ.ਐਸ. ਵਿਲਾ ਘਾਹ ਮੰਡੀ, ਜਲੰਧਰ-1 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦੀਪਕ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਰਣਜੀਤ ਕੌਰ ਪਤਨੀ ਪ੍ਰੀਤਮ ਸਿੰਘ ਵਾਸੀ ਹਾਊਸ ਨੰਬਰ 6, ਖੈਰਾਬਾਦ ਕਾਲੋਨੀ, ਅਜਨਾਲਾ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਗਦੀਪ ਸਿੰਘ, ਨੂੰਹ ਰਜਨੀ ਬਾਲਾ ਪਤਨੀ ਜਗਦੀਪ ਸਿੰਘ ਅਤੇ ਪੋਤਾ ਨਵਾਜ਼ਦੀਪ ਸਿੰਘ ਪੁੱਤਰ ਜਗਦੀਪ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

## ਨਾਂਅ ਦੀ ਬਦਲੀ

[illegible]

ਮੈਂ, ਸੁਰਿੰਦਰ ਕੁਮਾਰ ਪੁੱਤਰ ਮਾਧੋ ਰਾਮ ਵਾਸੀ ਪਿੰਡ ਪੰਡੋਰੀ ਸੁਮਲਾਂ, ਡਾਕਖਾਨਾ ਧੂਤ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਭੂਰੀ ਸਿੰਘ ਪੁੱਤਰ ਮਾਧੋ ਤੋਂ ਬਦਲ ਕੇ ਸੁਰਿੰਦਰ ਕੁਮਾਰ ਪੁੱਤਰ ਮਾਧੋ ਰਾਮ ਰੱਖ ਲਿਆ ਹੈ। ਸਬੰਧਿਤ ਨੋਟ ਕਰਨ।

ਮੈਂ, ਹਰਵਿੰਦਰ ਕੌਰ ਪਤਨੀ ਬਲਜਿੰਦਰ ਸਿੰਘ ਵਾਸੀ ਪਰਸ ਰਾਮਪੁਰ, ਜ਼ਿਲ੍ਹਾ ਜਲੰਧਰ ਵੱਲੋਂ ਬਿਆਨ ਹੈ ਕਿ ਵਾਕਿਆ ਰਕਬਾ ਜ਼ਮੀਨ ਮਹੱਦੀਪੁਰ ਅਰਾਇਆ ਵਿੱਚ ਮੇਰਾ ਨਾਮ ਹਰਨਿੰਦਰ ਕੌਰ ਉਰਫ ਹਰਕਿੰਦਰ ਕੌਰ ਅਤੇ ਢੰਡੋਰ, ਈਸ਼ਰਵਾਲ ਵਿੱਚ ਹਰਕਿੰਦਰ ਕੌਰ ਦਰਜ ਹੈ ਤੇ ਬਾਕੀ ਕਾਗਜ਼ਾਤ ਵਿੱਚ ਮੇਰਾ ਨਾਮ ਹਰਵਿੰਦਰ ਕੌਰ ਦਰਜ ਹੈ। ਉਕਤ ਤਿੰਨੋ ਨਾਮ ਮੇਰੇ ਹਨ। ਸਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਅਸੀਂ ਕ੍ਰਿਸ਼ਨਾ ਚੋਧਰੀ, ਮੰਜੂ ਦੇਵੀ ਵਾਸੀ ਗ੍ਰਾਮ ਜਾਗਰਨ, ਮੁਜੱਫਰਪੁਰ ਬਿਹਾਰ-843118 ਹਾਲ ਵਾਸੀ ਗੁਲਾਬ ਦੇਵੀ ਰੋਡ ਸ਼ਿਵ ਨਗਰ ਮੁੱਹਲਾ, ਨੇੜੇ ਡੋਗਰਾ ਲੋਡਰੀ, ਨਾਖਵਾਲੀ ਬਾਗ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਰਜਨੀਸ਼ ਕੁਮਾਰ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, George ਪੁੱਤਰ Revi Gulam Peter ਵਾਸੀ Village Bootan, ਤਹਿ. ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ Lawrance Behal & Salomi Alias Sara W/o Lawrance Behal (Dabora & Alfa Alias Conka) D/o Lawrance Behal ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, George ਪੁੱਤਰ Revi Gulam Peter ਵਾਸੀ Village Bootan, ਤਹਿ. ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ Charles Masih ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਨਰੇਸ਼ ਕੁਮਾਰ ਪੁੱਤਰ ਜੈ ਚੰਦ ਵਾਸੀ ਮਕਾਨ ਨੰ. 376/52-ਏ, ਨਜਦੀਕ ਗੁੱਜਾ ਪੀਰ, ਨਿਊ ਗੋਬਿੰਦ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪੁਨੀਤ ਅਰੋੜਾ ਅਤੇ ਉਸਦੀ ਪਤਨੀ ਪੂਜਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਇਕਬਾਲ ਸਿੰਘ ਪੁੱਤਰ ਸ. ਭਗਵਾਨ ਸਿੰਘ ਵਾਸੀ ਮਕਾਨ ਨੰ. 717, ਗਲੀ ਨੰ. 1, ਸੋਲਜਰ ਡਿਵਾਇਨ ਪਬਲਿਕ ਸਕੂਲ, ਬਾਬਾ ਬੁੱਢਾ ਜੀ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ ਉਰਫ ਵਿੱਕੀ ਅਤੇ ਉਸਦੀ ਪਤਨੀ ਨੇਹਾ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਧੰਨਾ ਸਿੰਘ ਪੁੱਤਰ ਗੁਰਦਾਸ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਲਹਿਲੀ ਕਲਾਂ, ਤਹਿਸੀਲ ਵਾ ਜਿਲ੍ਹਾ ਹੁਸ਼ਿਆਰਪੁਰ, ਪੰਜਾਬ, ਬਿਆਨ ਕਰਦਾ ਹਾਂ ਕਿ ਮੇਰੀ ਸ਼ਾਦੀਸ਼ੁਦਾ ਲੜਕੀ ਪਰਮਿੰਦਰ ਕੌਰ ਪਤਨੀ ਗੌਤਮ ਦੀਪ ਜੋ ਮੇਰੇ ਕਹਿਣੇ ਤੋ ਬਾਹਰ ਹੋਣ ਕਰਕੇ ਮੈਂ ਇਸਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ । ਹੁਣ ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸਬੰਧ ਨਹੀਂ ਰਿਹਾ ਹੈ । ਜੇਕਰ ਕੋਈ ਵਿਅਕਤੀ ਇਸ ਨਾਲ ਕਿਸੇ ਕਿਸਮ ਦਾ ਤਾਲੁਕ ਵਾਸਤਾ ਰੱਖਦਾ ਹੈ, ਜਾਂ ਇਸ ਦੇ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜਿੰਮੇਵਾਰ ਹੋਵੇਗਾ । ਇਹ ਆਪਣੇ ਚੰਗੇ ਮੰਦੇ ਕੰਮਾਂ ਲਈ ਖੁੱਦ ਜਿਮੇਵਾਰ ਹੋਵੇਗੀ। ਸਾਰੇ ਸਬੰਧਤ ਨੋਟ ਕਰਨ ।

ਮੈਂ, ਨਛੱਤਰ ਸਿੰਘ ਪੁੱਤਰ ਅਜੈਬ ਸਿੰਘ ਵਾਸੀ ਚਕੇਰੀਆਂ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਮਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਅੱਜ ਤੋਂ ਬਾਅਦ ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਚਰਨ ਦਾਸ ਪੁੱਤਰ ਸੰਤੋਖ ਰਾਜ ਵਾਸੀ ਪਿੰਡ ਝੰਡੇਚੱਕ, ਤਹਿਸੀਲ ਦੀਨਾਨਗਰ ਜਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀ ਸੁਨੇਹਾ ਪਤਨੀ ਵੀਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ ਤੇ ਬਿਨ੍ਹਾ ਵਜ੍ਹਾ ਸਾਡੇ ਨਾਲ ਲੜਾਈ ਝਗੜਾ ਕਰਦੀ ਹੈ । ਮੈਂ ਇਸਨੂੰ ਆਪਣੀ ਚਲ ਤੇ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿਮੇਵਾਰ ਹੋਵੇਗਾ ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## PUBLIC NOTICE

K.D Hospital, Majitha Road Amritsar inform that they are going to destroy the IPD Files from 1 April 2017 to 31 March 2019. If Anyone need these IPD Files they inform to the Hospital within one month to the below address. Medical Officer Medical Director K.D. Hospital, Majitha Road, Amritsar. Mob. 0183-5033300, 9876696677

## ਬੋਲੀ ਸਬੰਧੀ ਸੂਚਨਾ

ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੀ ਈਨਾ ਬਾਜਵਾ MPCASS Ltd. ਈਨਾ ਬਾਜਵਾ (ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ) ਵਿੱਚ ਹੈਪੀ ਸੀਡਰ-3, ਜੀਰੋ ਡਰਿੱਲ-3, ਰੋਟਾਵੇਟਰ-1 ਦੀ ਖੁੱਲੀ ਬੋਲੀ/ ਨਿਲਾਮੀ ਮਿਤੀ 9 ਸਤੰਬਰ 2026 ਦਿਨ ਬੁੱਧਵਾਰ ਦੁਪਹਿਰ 1 ਵਜੇ ਸਭਾ ਦੇ ਦਫ਼ਤਰ ਵਿਖੇ ਕੀਤੀ ਜਾਵੇਗੀ। ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆਂ। ਸਹੀ/- ਪ੍ਰਧਾਨ, ਦੀ ਈਨਾ ਬਾਜਵਾ MPCASS Ltd. ਈਨਾ ਬਾਜਵਾ (ਤਹਿਸੀਲ ਧੂਰੀ) ਮੋਬਾਇਲ ਨੰਬਰ 98767-89687, 95010-10309

## ਬੋਲੀ ਸਬੰਧੀ ਸੂਚਨਾ

ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੀ ਹੇੜੀਕੇ MPCASS Ltd. ਹੇੜੀਕੇ (ਤਹਿਸੀਲ ਧੂਰੀ, ਜਿਲ੍ਹਾ ਸੰਗਰੂਰ) ਵਿੱਚ ਹੈਪੀ ਸੀਡਰ-1, ਜੀਰੋ ਡਰਿੱਲ-2, ਰੋਟਾਵੇਟਰ-1, ਐਮ.ਬੀ. ਪਲਾਊ-1, ਸੁਪਰ ਸੀਡਰ-1 ਦੀ ਖੁੱਲੀ ਬੋਲੀ/ ਨਿਲਾਮੀ ਮਿਤੀ 9 ਸਤੰਬਰ 2026 ਦਿਨ ਬੁੱਧਵਾਰ ਸਵੇਰੇ 10 ਸਭਾ ਦੇ ਦਫ਼ਤਰ ਵਿਖੇ ਕੀਤੀ ਜਾਵੇਗੀ। ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆਂ। ਸਹੀ/- ਪ੍ਰਧਾਨ, ਦੀ ਹੇੜੀਕੇ MPCASS Ltd. ਹੇੜੀਕੇ (ਤਹਿਸੀਲ ਧੂਰੀ) ਮੋਬਾਇਲ ਨੰਬਰ 98726-29066, 95011-24491

## ਕਾਗਜ਼ਾਤ ਗੁੰਮ

ਮੈਂ ਮਨਦੀਪ ਸਿੰਘ ਬਾਜਵਾ ਪੁੱਤਰ ਹਰਮਿੰਦਰ ਸਿੰਘ ਪੁੱਤਰ ਹਕੀਕਤ ਸਿੰਘ,ਵਾਸੀ ਮਕਾਨ ਨੰਬਰ 20,ਵਾਰਡ ਨੰਬਰ 2 ਦਰਪਣ ਇਨਕਲੇਵ ਮੋਰਿੰਡਾ, ਤਹਿਸੀਲ ਮੋਰਿੰਡਾ, ਜਿਲ੍ਹਾ ਰੂਪਨਗਰ ਦਾ ਵਸਨੀਕ ਹਾਂ। ਇਹ ਕਿ ਇੱਕ ਰਜਿਸਟਰੀ ਵਸੀਕਾ ਨੰਬਰ 2983 ਮਿਤੀ 17-12-2024 ਰਛਪਿੰਦਰ ਕੌਰ ਪੁੱਤਰੀ ਸੁੱਚਾ ਸਿੰਘ ਪੁੱਤਰ ਮੰਗਲ ਸਿੰਘ, ਹਾਲ ਪਤਨੀ ਰਣਜੀਤ ਸਿੰਘ, ਵਾਸੀ ਪਿੰਡ ਖੁਦਾਦਪੁਰਾ, ਤਹਿਸੀਲ ਸਮਾਣਾ, ਜਿਲ੍ਹਾ ਪਟਿਆਲਾ ਖੇਵਟਦਾਰ ਸੈਦਪੁਰਾ, ਤਹਿਸੀਲ ਤੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਅਤੇ ਇੱਕ ਵਸੀਕਾ ਨੰਬਰ 1107 ਮਿਤੀ 12-06-2025 ਮਹਿੰਦਰ ਕੌਰ ਪਤਨੀ ਸੁੱਚਾ ਸਿੰਘ ਪੁੱਤਰ ਮੰਗਲ ਸਿੰਘ, ਵਾਸੀ ਪਿੰਡ ਸੈਦਪੁਰਾ, ਤਹਿਸੀਲ ਤੇ ਜਿਲ੍ਹਾ ਫਤਿਹਗੜ੍ਹ ਸਾਹਿਬ ਬਾਹੱਕ ਦੋਵੇਂ ਮੇਰੇ ਨਾਮ ਤੇ ਰਜਿਸਟਰਡ ਹਨ। ਜੋ ਕਿ ਮਿਤੀ 13-07-2026 ਨੂੰ ਫਤਿਹਗੜ੍ਹ ਸਾਹਿਬ ਤੋਂ ਮੋਰਿੰਡਾ ਨੂੰ ਆਉਂਦੇ ਸਮੇਂ ਰਸਤੇ ਵਿੱਚ ਗੁੰਮ ਹੋ ਗਈਆਂ ਹਨ। ਸਾਡੀਆਂ ਪੂਰੀਆਂ ਕੋਸ਼ਿਸ਼ਾਂ ਦੇ ਬਾਵਜੂਦ ਇਹਨਾਂ ਦਾ ਕੋਈ ਪਤਾ ਨਹੀਂ ਲੱਗ ਸਕਿਆ ਹੈ। ਅਗਰ ਕਿਸੇ ਨੂੰ ਇਹ ਰਜਿਸਟਰੀਆਂ ਮਿਲਦੀਆਂ ਹਨ ਤਾਂ 97816 54616 ਨੰਬਰ ਤੇ ਸੰਪਰਕ ਕਰਨ।

## COURT NOTICE

(U/o 5 Rule 20 CPC)
In the Court of
Ms. Simranpreet Kaur
Civil Judge Junior Division-5,
Rajpura,
CNR No. PBPTA0-000464-2023
Next Date: 13-10-2026
KARAN TAAZ
Vs.
MANAJER SINGH
Suit For Recovery
Publication Issued To:
Manajer Singh Son of Kashmir Singh
R/o Village Jandoli, Tehsil Rajpura, District Patiala Mobile No. 62805-16313

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 13-10-2026 at 10:00 a.m.

For details logon to https://highcourtchd.gov.in/?mod district_notice&district=patiala

Civil Judge Junior Division - 5, Rajpura

Dated, this day of 02-09-2026

## COURT NOTICE

(U/o 5 Rule 20 CPC)
In the Court of
Sh. Jaspreet Singh Minhas
Judicial Magistrate - Ist Class -6, Patiala
CNR No. PBPT03-000763-2026
Next Date:- 05-10-2026
Manpreet Kaur
Vs.
Sanjay Handa
Publication Issued To:
1. Sanjay Handa S/o Parkash Chand Handa, 2. Anju Handa W/o Parkash Chand Handa, 3. Rajeev Handa S/o Parkash Chand Handa
All R/o H.No. 894, Street No. 9, Gurbax Colony, Patiala

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 05-10-2026 at 10:00 a.m.

For details logon to https://highcourtchd.gov.in/?trs=district_notice&district=Patiala

Judicial Magistrate - Ist Class -6, Patiala

Dated, this day of 01-09-2026

## ਜਨਤਕ ਸੂਚਨਾ

ਇਹ ਸੂਚਿਤ ਕੀਤਾ ਜਾਂਦਾ ਹੈ ਕਿ ਸੁਲਿੰਦਰ ਪਾਲ ਪੁੱਤਰ ਗੁਰਮਿਤ ਰਾਮ, ਵਾਸੀ ਪਿੰਡ ਚਾਂਦਪੁਰ, ਜ਼ਿਲ੍ਹਾ ਜਲੰਧਰ, ਪੰਜਾਬ, ਸੀਮਾ ਰਾਣੀ ਦੇ ਪਿਤਾ ਹਨ, ਜੋ ਇਸ ਸਮੇਂ ਗ੍ਰੀਸ ਵਿੱਚ ਰਹਿ ਰਹੀ ਹੈ। ਇਸੇ ਤਰ੍ਹਾਂ ਬਲਵੀਰ ਕੌਰ ਪਤਨੀ ਗੁਰਦੀਪ ਸਿੰਘ, ਵਾਸੀ Via LPU, ਖਜੂਰਲਾ, ਜ਼ਿਲ੍ਹਾ ਕਪੂਰਥਲਾ, ਪੰਜਾਬ, ਬਲਰਾਮ ਕੁਮਾਰ ਦੀ ਮਾਤਾ ਹਨ, ਜੋ ਇਸ ਸਮੇਂ ਗ੍ਰੀਸ ਵਿੱਚ ਰਹਿ ਰਿਹਾ ਹੈ। ਇਹ ਵੀ ਘੋਸ਼ਿਤ ਕੀਤਾ ਜਾਂਦਾ ਹੈ ਕਿ ਸੀਮਾ ਰਾਣੀ ਅਤੇ ਬਲਰਾਮ ਕੁਮਾਰ ਦੋਵੇਂ ਅਣਵਿਆਹੇ ਹਨ ਅਤੇ ਆਪਸ ਵਿੱਚ ਵਿਆਹ ਕਰਵਾਉਣ ਜਾ ਰਹੇ ਹਨ। ਉਨ੍ਹਾਂ ਦੇ ਮਾਤਾ-ਪਿਤਾ ਨੂੰ ਉਕਤ ਵਿਆਹ, ਜੋ ਕਿ ਗ੍ਰੀਸ ਵਿੱਚ ਹੋਣਾ ਹੈ, ਸੰਬੰਧੀ ਕੋਈ ਇਤਰਾਜ਼ ਨਹੀਂ ਹੈ।

## District Level Micro Small Enterprises Facilitation Counsil Notice

(U/o 5 rule 20cpc)
In the court of Dalwinderjit Singh (DLMSEFC cum Deputy ommissioner Amritsar).

M/s Poddar Finishers,
21, East Mohan Nagar, 100 ft Road, Sultanwind Road, Amritsar. Claimant)

M/s Pooja Traders,
Near J&K bank, Building No 1076, Shastri Market, Amritsar, Punjab. 143001. (Respondent)

Online application no and date-UDYAM-PB-01-0007529/S/00007 Date 04.03.2025

Application has been filed u/s section 18 MSME Act 2006 in DLMSEFC by M/s Poddar Finishers, 21, East Mohan Nagar, 100 ft Road, Sultanwind Road, Amritsar. Publication issued to:
M/s Pooja Traders,
Address:
Near J&K bank, Building No. 1076, Shastri Market, Amritsar, Punjab. 143001

In the above title case, the defendant(s)/respondent(s) could not be served. It is ordered that defendant (s)/respondent(s) should appear in person or through council on 25/09/2026 at 11:00 am.

This is last opportunity to appear before the council otherwise the case will be exparte.

Member Secretary cum General Manager, (DLMSEFC) District Industries Centre, Focal Point, Amritsar.

Dated this day of 24/08/26

## LSC SECURITIES LIMITED

CIN: U67120PB2000PLC054428
Regd. Off: First Floor, LSE Building, Feroze Gandhi Market, Ludhiana-141001.
Ph.: 0161-5021018, E-mail: cs@lsesl.com, website: www.lse.co.in

**NOTICE OF 27TH AGM, CUT-OFF, RECORD DATES AND BOOK CLOSURE PERIOD**

Members please may note that the 27th Annual General Meeting ("AGM") of the Members of the Company will be held on 26.09.2026 at 10:00 A.M. (IST) at First Floor, Ludhiana Stock Exchange Building, Feroze Gandhi Market, Ludhiana (Pb.)-141001,Registered Office of the Company.

Notice is hereby given pursuant to Section 91 of the Companies Act, 2013, as amended, that, the Register of Members & Share Transfer Books of the Company for fully paid-up Equity Shares will remain closed from 19.09.2026 to 26.09.2026 (both days inclusive) for the purpose of AGM and payment of dividend.

The dividend of Rs. 0.50/- (5.00%) per Equity Shares of Rs. 10/- each as recommended by the Board of Directors at its meeting held on 18.08.2026, if approved, by the Shareholders at the ensuing AGM, will be paid after deduction of TDS, if applicable, to those Shareholders, whose names appear in the Register of Members of the Company as on 18.09.2026. In respect of Equity Shares held on electronic form, the dividend will be paid to the Beneficial Owners of shares as at the end of business hours on 18.09.2026, as per details furnished by the Depositories for this purpose.

**Members are requested to kindly take note of the following important dates:**

| Sr. No. | Particulars | Date |
|---|---|---|
| 1. | Date of Annual General Meeting (AGM) | 26.09.2026 (Saturday) |
| 2. | Cut-off date for determining the Members entitled to receive the Notice of AGM | 28.08.2026 (Friday) |
| 3. | Last date for receipt of nominations from Members for election to the office of Director | 11.09.2026 (Friday) Up to 06:00 P.M. |
| 4. | Last Date for withdrawal of Nomination by Candidate | 16.09.2026 (Wednesday) Up to 06:00 P.M. |
| 5. | Last Date for intimation to Members regarding the nominations received for election to the office of Director | 18.09.2026 (Friday) |
| 6. | Cut Off date for determining the Members entitled to participate in and vote at the AGM | 18.09.2026 (Friday) |
| 7. | Record date for determining the Members entitled to receive dividend, if declared/ approved at the AGM | 18.09.2026 (Friday) |
| 8. | Book Closure Period | 19.09.2026-26.09.2026 (both days inclusive) |
| 9. | Last date for deposit of Proxy Forms | 23.09.2026 (Wednesday) Up to 06:00 P.M. |
| 10. | Last date up to which written Notice for Inspection of Proxies can be submitted with the Company | 21.09.2026 (Monday) Up to 06:00 P.M. |
| 11. | Commencement of inspection of Proxies | 25.09.2026 (Friday) From 10:00 A.M. |
| 12. | End of inspection of Proxies | Till conclusion of AGM on 26.09.2026 (Saturday) |

For LSC SECURITIES LIMITED
SUMIT MALHOTRA
(Company Secretary)
M.No. A54874

Place : Ludhiana
Date : 02-09-2026

## ਜਨਤਕ ਸੂਚਨਾ

ਪ੍ਰਿੰਸੀਪਲ-ਕਮ-ਮੈਂਬਰ ਸੈਕਟਰੀ ਆਈ.ਐਮ.ਸੀ ਹਰਿਆਣਾ (ਹੁਸ਼ਿ.), ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ, ਹਰਿਆਣਾ (ਹੁਸ਼ਿਆਰਪੁਰ) ਵਿਖੇ ਪੀ.ਪੀ.ਪੀ ਸਕੀਮ ਅਧੀਨ ਸੈਸ਼ਨ 2026-27 ਲਈ ਨਿਰੋਲ ਆਰਜ਼ੀ ਤੌਰ 'ਤੇ ਸੈਸ਼ਨ ਦੀ ਸਮਾਪਤੀ ਤੱਕ ਜਾਂ ਰੈਗੂਲਰ ਇੰਸਟਰਕਟਰ ਦੇ ਯੋਗ ਪ੍ਰਬੰਧ ਹੋਣ ਤੱਕ Electrician-NCVT (DST)-01, Mechanic Auto Electrical and Electronics-SCVT-(01) ਅਤੇ Refrigeration and Air Conditioning Technician-SCVT-(01) ਟਰੇਡ ਲਈ 15000/- ਰੁਪਏ (ਪੰਦਰਾਂ ਹਜ਼ਾਰ ਰੁਪਏ) ਉੱਕਾ-ਪੁੱਕਾ ਪ੍ਰਤੀ ਮਹੀਨਾ ਮਿਹਨਤਾਨੇ ਤੇ ਗੈਸਟ ਫਕੈਲਟੀ/ਆਰਜ਼ੀ ਦੀ ਜ਼ਰੂਰਤ ਹੈ।ਅਸਾਮੀ ਨਿਰੋਲ ਬਿਲਕੁਲ ਆਰਜ਼ੀ ਤੌਰ 'ਤੇ ਗੈਸਟ ਫਕੈਲਟੀ ਦੇ ਅਧਾਰ 'ਤੇ ਹਨ।ਇਸ ਅਸਾਮੀ ਦਾ ਪੱਕੀ ਨੌਕਰੀ ਨਾਲ ਕੋਈ ਸੰਬੰਧ ਨਹੀਂ ਹੈ।ਵਿਦਿਅਕ ਯੋਗਤਾ ਲਈ ਵਧੇਰੇ ਜਾਣਕਾਰੀ ਲਈ ਵੈਬਸਾਈਟ http//:dgt.gov.in/cits-courses link 'ਤੇ ਸਿਲੇਬਸ ਅਤੇ ਯੋਗਤਾ ਦੇਖੀ ਜਾ ਸਕਦੀ ਹੈ।ਯੋਗ ਉਮੀਦਵਾਰ ਮਿਤੀ 10.09.2026 ਨੂੰ ਸ਼ਾਮ 05:00 ਵਜੇ ਤੱਕ ਸੰਸਥਾ ਦੀ ਈ-ਮੇਲ ਆਈ-ਡੀ hitiharianа@yahoo.in ਜਾਂ ਰਜਿਸਟਰਡ ਡਾਕ ਰਾਹੀਂ ਆਪਣੇ ਦਸਤਾਵੇਜ਼ ਪਹੁੰਚਾ ਸਕਦੇ ਹਨ।ਉਮੀਦਵਾਰ ਆਪਣੇ ਅਸਲ ਵਿਦਿਅਕ/ਤਕਨੀਕੀ ਯੋਗਤਾ/ਸੰਬੰਧਤ ਅਥਾਰਟੀ ਪਾਸੋਂ ਵੈਰੀਫਾਈਡ ਤਜਰਬਾ ਸਰਟੀਫਿਕੇਟ ਸਮੇਤ ਪਾਸਪੋਰਟ ਸਾਈਜ਼ ਦੋ ਫੋਟੋਆਂ ਸਮੇਤ ਆਈ.ਟੀ.ਆਈ ਟ੍ਰੇਨਿੰਗ ਟ੍ਰੇਕਟਰ ਲਿਮ. (ਜੇ.ਐਨ.) ਚੱਕ ਗੁਜਰਾਂ, ਜਲੰਧਰ ਰੋਡ ਹੁਸ਼ਿਆਰਪੁਰ ਵਿਖੇ ਮਿਤੀ 16.09.2026 ਨੂੰ ਸਮਾਂ ਸਵੇਰੇ 11:00 ਵਜੇ ਹਾਜ਼ਰ ਹੋ ਸਕਦੇ ਹਨ।ਇੰਟਰਵਿਊ ਲਈ ਕੋਈ ਵੀ ਸਫਰੀ ਭੱਤਾ ਆਦਿ ਨਹੀਂ ਦਿੱਤਾ ਜਾਵੇਗਾ।ਵਧੇਰੇ ਜਾਣਕਾਰੀ ਬਾਰੇ ਵੈੱਬਸਾਈਟ http//:dgt.gov.in/cits-courses link 'ਤੇ ਸਿਲੇਬਸ ਅਤੇ ਯੋਗਤਾ ਦੇਖੀ ਜਾ ਸਕਦੀ ਹੈ।ਇਹ ਅਸਾਮੀਆਂ/ਇਸ਼ਤਿਹਾਰ ਰੱਦ ਕਰਨ ਲਈ, ਅੱਗੇ ਪਾਉਣ ਲਈ ਜਾਂ ਦਾਖਲਾ ਪ੍ਰਸ਼ਿਖਣ ਨੂੰ ਮੁੱਖ ਰੱਖਦੇ ਹੋਏ ਅਸਾਮੀਆਂ ਦੀ ਗਿਣਤੀ ਵਧਾਉਣ ਜਾਂ ਘਟਾਉਣ ਅਤੇ ਹੋਰ ਫੈਸਲੇ ਲੈਣ ਹਿੱਤ ਸਾਰੇ ਹੱਕ ਮੈਂਬਰ ਸਕੱਤਰ, ਆਈ.ਐਮ.ਸੀ ਆਈ.ਟੀ.ਆਈ ਹਰਿਆਣਾ ਪਾਸ ਹਨ।

ਪ੍ਰਿੰਸੀਪਲ-ਕਮ-ਮੈਂਬਰ ਸੈਕਟਰੀ (ਆਈ.ਐਮ.ਸੀ) ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ, ਹਰਿਆਣਾ (ਹੁਸ਼ਿ.) ਸੰਪਰਕ ਨੰ. 99159-19307

ਨੰ: 2689 ਮਿਤੀ 2/7/26

## PUNJAB NATIONAL BANK

Branch Office:- Basti Jodhewal, DISTT. LUDHIANA

**ਰੂਲ-8 (1) ਕਬਜ਼ਾ ਨੋਟਿਸ (ਅਚੱਲ-ਜਾਇਦਾਦ ਲਈ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰੇਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ... [illegible]

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਮ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) (1) ਸ੍ਰੀਮਤੀ ਰਾਜਵਿੰਦਰ ਕੌਰ ਪਤਨੀ ਸ੍ਰੀ ਅਮਿਤ ਸਿੰਘ # ਮਕਾਨ ਨੰ. 312/1, ਗਲੀ ਨੰ. 5, ਵਾਰਡ ਨੰ. 64, ਗੋਬਿੰਦਗੜ੍ਹ, ਨਿਊ ਸ਼ਿਮਲਾਪੁਰੀ, ਲੁਧਿਆਣਾ (2) (ਸਹਿ-ਕਰਜ਼ਦਾਰ) ਸ੍ਰੀ ਅਮਿਤ ਸਿੰਘ ਪੁੱਤਰ ਸ੍ਰੀ ਕੇਵਲ ਸਿੰਘ # ਮਕਾਨ ਨੰ. 312/1, ਗਲੀ ਨੰ. 5, ਵਾਰਡ ਨੰ. 64, ਗੋਬਿੰਦਗੜ੍ਹ, ਨਿਊ ਸ਼ਿਮਲਾਪੁਰੀ, ਲੁਧਿਆਣਾ | ਰਕਬਾ 100 ਵਰਗ ਗਜ਼, ਖਾਤਾ ਨੰ. 390/471, ਖਸਰਾ ਨੰ. 511-512, ... [illegible] | 08.06.2026 | 01.09.2026 | ਸੰਕੇਤਕ ਕਬਜ਼ਾ; ਰੁਪਏ 7,94,861.85 ... 03.06.2026 ... ਰੁਪਏ 15,83,768.39 ... [illegible] |

[illegible]

ਮਿਤੀ : 02-09-2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

# ਨਸ਼ਾ ਕਰਦੇ 5 ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਪੁਲਸ ਵੱਲੋਂ ਨਸ਼ਾ ਕਰਦਿਆਂ ਪੰਜ ਵਿਅਕਤੀਆਂ ਨੂੰ ਕਾਬੂ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ।ਪੁਲਸ ਥਾਣਾ ਰਾਹੋਂ ਵਿਖੇ ਦਰਜ ਮਾਮਲੇ ਅਨੁਸਾਰ ਏ ਐੱਸ ਆਈ ਮੋਹਨ ਲਾਲ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਇਲਾਕਾ ਗਸ਼ਤ ਦੇ ਸੰਬੰਧ ਵਿਚ ਥਾਣਾ ਰਾਹੋਂ ਦੇ ਏਰੀਆ ਤੋਂ ਘੁੱਕੇਵਾਲ ਰੋਡ ਹੁੰਦੇ ਹੋਏ ਨਹਿਰ ਬਿਸਤ ਦੋਆਬ ਹੋ ਕੇ ਨਵਾਂਸ਼ਹਿਰ-ਰਾਹੋਂ ਮੇਨ ਸੜਕ ਵੱਲ ਨੂੰ ਜਾ ਰਹੇ ਸੀ। ਜਦੋਂ ਪੁਲਸ ਪਾਰਟੀ ਘੁੱਕੇਵਾਲ ਮੋੜ ਤੋਂ ਨਵਾਂਸ਼ਹਿਰ ਰੋਡ ਵੱਲ ਪੁੱਜੀ ਤਾਂ ਗੱਡੀ ਦੀਆਂ ਚਲਦੀਆਂ ਲਾਈਟਾਂ ਵਿਚ ਸੜਕ ਦੇ ਸੱਜੇ ਪਾਸੇ ਦਰੱਖਤ ਦੀ ਆੜ ਵਿਚ ਇੱਕ ਵਿਅਕਤੀ ਆਪਣੇ ਹੱਥ ਵਿਚ ਫੜੀ ਇੱਕ ਪੰਨੀ ਹੇਠਾਂ ਲਾਈਟਰ ਬਾਲ ਕੇ ਪਾਈਪ ਨਾਲ ਧੂੰਆਂ ਸੁੰਘਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਦੀ ਗੱਡੀ ਨੂੰ ਰੁਕਦੀ ਦੇਖ ਕੇ ਉਕਤ ਵਿਅਕਤੀ ਲਾਈਟਰ, ਪੰਨੀ ਅਤੇ ਪਾਈਪ ਜ਼ਮੀਨ 'ਤੇ ਸੁੱਟ ਕੇ ਖੜ੍ਹਾ ਹੋ ਗਿਆ ਅਤੇ ਮੌਕੇ ਤੋਂ ਭੱਜਣ ਲੱਗਾ। ਜਿਸ ਨੂੰ ਏ ਐੱਸ ਆਈ ਮੋਹਨ ਲਾਲ ਨੇ ਗੱਡੀ ਰੁਕਵਾ ਕੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕੀਤਾ। ਪੁੱਛਗਿੱਛ ਦੌਰਾਨ ਉਸ ਨੇ ਆਪਣਾ ਨਾਂਅ ਅਵਤਾਰ ਉਰਫ ਕਾਕੂ ਪੁੱਤਰ ਚਮਨ ਲਾਲ ਵਾਸੀ ਪਿੰਡ ਨੀਲੋਵਾਲ ਦੱਸਿਆ। ਉਸ ਵੱਲੋਂ ਜ਼ਮੀਨ 'ਤੇ ਸੁੱਟੇ ਇੱਕ ਲਾਈਟਰ, ਇੱਕ ਹੈਰੋਇਨ ਅਲੂਦ ਪੰਨੀ ਅਤੇ ਇੱਕ 10 ਰੁਪਏ ਦੇ ਨੋਟ ਦਾ ਪਾਈਪ ਬਰਾਮਦ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਕਾਮਿਆ ਵੱਲੋ ਧਰਨਾ 5 ਨੂੰ

**ਨਕੋਦਰ (ਮਨਜੀਤ ਮਾਨ)**- ਕਿਸਾਨ ਮਜ਼ਦੂਰ ਹਿੱਤਕਾਰੀ ਸਭਾ ਪੰਜਾਬ ਦੀ ਮੀਟਿੰਗ ਮੁਕੇਰੀਆਂ ਵਿਖੇ ਸੂਬਾ ਜਰਨਲ ਸਕੱਤਰ ਉਂਕਾਰ ਸਿੰਘ ਪੁਰਾਣਾ ਭੰਗਾਲਾ, ਸੂਬਾ ਸਲਾਹਕਾਰ ਅਤੇ ਦਲ ਪੰਥ ਮਿਸਲ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ ਦੇ ਮੁੱਖੀ ਜਥੇਦਾਰ ਬਾਬਾ ਗੁਰਦੇਵ ਸਿੰਘ ਦਸੂਹਾ ਵਾਲਿਆਂ ਦੀ



ਅਗਵਾਈ ਹੇਠ ਹੋਈ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਆਗੂਆ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਜਲ ਸਪਲਾਈ ਅਤੇ ਸੈਨੀਟੇਸਨ ਵਿਭਾਗ ਵਿੱਚ ਪਿਛਲੇ 18-20 ਸਾਲ ਤੋ ਕੰਮ ਕਰ ਰਹੇ 3500 ਦੇ ਕਰੀਬ ਦਫਤਰੀ ਅਤੇ ਫੀਲਡ ਇੰਨਲਿਸਟਮੈਂਟ ਕਾਮਿਆ ਨੂੰ ਸਰਕਾਰ ਵਲੋ ਪੱਕਾ ਨਹੀ ਕੀਤਾ ਜਾ ਰਿਹਾ। ਸਰਕਾਰ ਵਲੋ ਇਹਨਾ ਕਾਮਿਆ ਪਾਸੋ ਬਹੁਤ ਹੀ ਘੱਟ ਉਜਰਤਾ ਤੇ ਫੀਲਡ ਅਤੇ ਦਫਤਰੀ ਦੀਆ 5-5 ਪੋਸਟਾ ਤੇ ਕੰਮ ਲਿਆ ਜਾ ਰਿਹਾ ਹੈ ਅਤੇ ਸਰਕਾਰ ਵਲੋ ਬਹੁਤ ਘੱਟ ਉਜਰਤਾ ਇਹਨਾ ਕਾਮਿਆ ਨੂੰ ਦਿਤੀਆ ਜਾ ਰਹੀਆ ਹਨ। ਕਿਸਾਨ ਮਜਦੂਰ ਹਿਤਕਾਰੀ ਸਭਾ ਪੰਜਾਬ ਦੇ ਸੂਬਾ ਸਲਾਹਕਾਰ ਜਥੇਦਾਰ ਬਾਬਾ ਗੁਰਦੇਵ ਸਿੰਘ ਨੇ ਦੱਸਿਆ ਕਿ ਸਰਕਾਰ ਵਲੋ ਜੋ ਕੱਚੇ ਮੁਲਾਜਮਾ ਨੂੰ ਪੱਕਾ ਕਰ ਵਾਸਤੇ ਐਕਟ ਪਾਸ ਕੀਤਾ ਗਿਆ ਹੈ। ਇਸ ਐਕਟ ਵਿਚ ਸਮੁਚੇ ਪੰਜਾਬ ਦੇ ਇਹਨਾ 3500 ਦੇ ਕਰੀਬ ਇਨਲਿਸਟਮੈਂਟ ਅਤੇ ਆਉਟਸੋਰਸ ਜਲ ਸਪਲਾਈ ਦਫਤਰੀ ਅਤੇ ਫੀਲਡ ਕਾਮਿਆ ਨੂੰ ਸਾਮਲ ਕੀਤਾ ਜਾਵੇ ਅਤੇ ਵਿਭਾਗ ਵਿਚ ਲਿਆ ਕੇ ਪੱਕਾ ਕੀਤਾ ਜਾਵੇ। ਕਿਸਾਨ ਮਜਦੂਰ ਹਿੱਤਕਾਰੀ ਸਭਾ ਪੰਜਾਬ ਦੇ ਸੂਬਾ ਜਰਨਲ ਸਕੱਤਰ ਉਂਕਾਰ ਸਿੰਘ ਪੁਰਾਣਾ ਭੰਗਾਲਾ ਨੇ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸਨ ਵਰਕਰ ਯੂਨੀਅਨ ਪੰਜਾਬ ਰਜਿ ਨੰ- 26 ਵੱਲੋ ਸੂਬਾ ਪ੍ਰਧਾਨ ਦਰਸਵੀਰ ਸਿੰਘ ਰਾਣਾ ਦੀ ਅਗਵਾਈ ਹੇਠ ਜਲ ਸਪਲਾਈ ਵਰਕਰਾਂ ਦੀਆ ਦੀ ਹੱਕੀ ਅਤੇ ਜਾਇਜ਼ ਮੰਗਾ ਲਈ 5 ਸਤੰਬਰ ਨੂੰ ਜਲ ਸਪਲਾਈ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਹਲਕਾ ਸਾਹਨੇਵਾਲ ਵਿਖੇ ਜੋ ਸੂਬਾ ਪੱਧਰੀ ਧਰਨਾ ਲਗਾਇਆ ਜਾ ਰਿਹਾ ਹੈ ਕਿਸਾਨ ਮਜਦੂਰ ਹਿੱਤਕਾਰੀ ਸਭਾ ਪੰਜਾਬ ਡੱਟ ਕੇ ਸਮਰਥਨ ਕਰਦੀ ਹੈ ਅਤੇ 5 ਸਤੰਬਰ ਨੂੰ ਕਿਸਾਨ ਮਜ਼ਦੂਰਾਂ ਦਾ ਵੱਡਾ ਕਾਫਲਾ ਲੈ ਕੇ ਇਸ ਧਰਨੇ ਦੇ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਸੂਬਾ ਜੁਆਇੰਟ ਸਕੱਤਰ ਰਣਦੀਪ ਸਿੰਘ ਧਨੋਆ, ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਕੁਲਵਿੰਦਰ ਸਿੰਘ ਮੰਝਪੁਰ, ਜੋਨ ਪ੍ਰਧਾਨ ਮਾਸਟਰ ਰਵਿੰਦਰ ਸਿੰਘ ਕੁੱਲੀਆਂ, ਜੋਨ ਪ੍ਰਧਾਨ ਨਰਿੰਦਰ ਸਿੰਘ ਨਾਹਰਪੁਰ, ਜੋਨ ਪ੍ਰਧਾਨ ਜਸਪਾਲ ਸਿੰਘ ਆਦਿ ਕਿਸਾਨ ਆਗੂ ਹਾਜ਼ਰ ਸਨ।

# ਐੱਲ ਪੀ ਯੂ 'ਚ ਏ ਆਈ ਦੇ ਭਵਿੱਖ 'ਤੇ ਚਰਚਾ

**ਜਲੰਧਰ (ਸ਼ੈਲੀ ਐਲਬਰਟ)** ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਇੱਕ ਪ੍ਰੋਗਰਾਮ ਸੀਮੰਧਰ ਐਜੂਕੇਸ਼ਨ ਦੇ ਸਹਿਯੋਗ ਨਾਲ ਆਯੋਜਿਤ ਕੀਤਾ, ਜੋ ਕਿ ਇੱਕ ਪ੍ਰਮੁੱਖ ਪੇਸ਼ੇਵਰ



ਸਿੱਖਿਆ ਕੰਪਨੀ ਹੈ, ਜੋ ਗਲੋਬਲ ਅਕਾਊਂਟਿੰਗ ਅਤੇ ਫਾਈਨੈਂਸ ਪ੍ਰਮਾਣੀਕਰਣ ਵਿੱਚ ਮਾਹਰ ਹੈ। ਵੱਖ-ਵੱਖ ਵਿਸ਼ਿਆਂ ਦੇ 2,500 ਤੋਂ ਵੱਧ ਵਿਦਿਆਰਥੀਆਂ ਨੇ ਸੰਮੇਲਨ ਵਿੱਚ ਹਿੱਸਾ ਲਿਆ। ਇਸ ਨੂੰ ਵੱਖ-ਵੱਖ ਖੇਤਰਾਂ ਦੀਆਂ ਮੋਹਰੀ ਕੰਪਨੀਆਂ ਦੇ 19-20 ਪ੍ਰਸਿੱਧ ਵਿੱਤ ਨੇਤਾਵਾਂ ਦੁਆਰਾ ਸਮਰਥਤ ਕੀਤਾ ਗਿਆ ਸੀ, ਜਿਸ ਵਿੱਚ ਬਿਗ ਫੋਰ, ਪੀ ਸੀ ਇੰਡੀਆ, ਸਟੇਟ ਸਟ੍ਰੀਟ, ਪੀ ਕੇ ਐੱਫ ਤੇ ਹੋਰ ਪ੍ਰਮੁੱਖ ਕਾਰਪੋਰੇਟ ਸੰਸਥਾਵਾਂ ਦੇ ਸੀਨੀਅਰ ਪ੍ਰਤੀਨਿਧੀ ਸ਼ਾਮਲ ਸਨ। ਇਹ ਪ੍ਰੋਗਰਾਮ ਵਿੱਤ ਅਤੇ ਅਕਾਊਂਟਿੰਗ ਪੇਸ਼ੇ ਦੇ ਬਦਲਦੇ ਦ੍ਰਿਸ਼ 'ਤੇ ਕੇਂਦ੍ਰਿਤ ਸੀ। ਚਰਚਾਵਾਂ ਵਿੱਚ ਏ ਆਈ ਦਾ ਪ੍ਰਭਾਵ, ਵਿਕਸਤ ਹੋ ਰਹੀਆਂ ਉਦਯੋਗ ਦੀਆਂ ਜ਼ਰੂਰਤਾਂ ਅਤੇ ਵਿਸ਼ਵ ਪੱਧਰ 'ਤੇ ਸੰਬੰਧਿਤ ਹੁਨਰਾਂ ਨੂੰ ਵਿਕਸਤ ਕਰਨ ਦੀ ਮਹੱਤਤਾ ਸ਼ਾਮਲ ਸੀ। ਇਸ ਪਹਿਲਕਦਮੀ ਨੇ ਵਿਦਿਆਰਥੀਆਂ ਨੂੰ ਗਲੋਬਲ ਫਾਈਨੈਂਸ ਅਤੇ ਅਕਾਊਂਟਿੰਗ ਈਕੋਸਿਸਟਮ ਵਿੱਚ ਪੇਸ਼ੇਵਰ ਮਾਰਗਾਂ ਅਤੇ ਕਰੀਅਰ ਦੇ ਮੌਕਿਆਂ ਦੀ ਬਿਹਤਰ ਸਮਝ ਪ੍ਰਦਾਨ ਕੀਤੀ। ਐੱਲ ਪੀ ਯੂ ਦੀ ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਨੇ ਕਿਹਾ ਕਿ ਤਕਨਾਲੋਜੀ, ਅਕਾਦਮਿਕ ਅਤੇ ਉਦਯੋਗ ਦਾ ਸੰਗਮ ਵਿਦਿਆਰਥੀਆਂ ਨੂੰ ਕੰਮ ਦੇ ਭਵਿੱਖ ਲਈ ਤਿਆਰ ਕਰਨ ਲਈ ਮਹੱਤਵਪੂਰਨ ਹੈ। ਡਾ. ਮਿੱਤਲ ਨੇ ਕਿਹਾ, 'ਐੱਲ ਪੀਯੂ ਵਿਖੇ ਅਸੀਂ ਅਜਿਹੇ ਮੌਕੇ ਪੈਦਾ ਕਰਨ ਲਈ ਵਚਨਬੱਧ ਹਾਂ ਜੋ ਵਿਦਿਆਰਥੀਆਂ ਨੂੰ ਉਦਯੋਗ ਦੇ ਆਗੂਆਂ ਨਾਲ ਜੁੜਨ, ਉੱਭਰਦੀਆਂ ਤਕਨਾਲੋਜੀਆਂ ਨੂੰ ਸਮਝਣ ਅਤੇ ਬਦਲਦੇ ਕਰੀਅਰ ਮਾਰਗਾਂ ਬਾਰੇ ਸਿੱਖਣ ਦੀ ਆਗਿਆ ਦਿੰਦੇ ਹਨ।'

# ਕਿਸਾਨਾਂ ਲਈ ਜਾਗਰੂਕਤਾ ਕੈਂਪ ਲਗਾਇਆ




**ਬੰਗਾ (ਅਵਤਾਰ ਕਲੇਰ)**- ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਲੁਧਿਆਣਾ) ਅਤੇ ਆਈ ਸੀ ਏ ਆਰ-ਅਟਾਰੀ ਜ਼ੋਨ-1 ਦੀ ਸਰਪ੍ਰਸਤੀ ਹੇਠ ਡਾ. ਪ੍ਰਦੀਪ ਕੁਮਾਰ (ਐਸੋਸੀਏਟ ਡਾਇਰੈਕਟਰ) ਦੀ ਅਗਵਾਈ ਵਿੱਚ ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ (ਕੇ ਵੀ ਕੇ) ਲੰਗੜੋਆ ਵੱਲੋਂ ਪਿੰਡ ਬੀਕਾ ਵਿਖੇ ਕਿਸਾਨਾਂ ਲਈ ਇੱਕ ਰੋਜ਼ਾ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਕੁਦਰਤੀ ਖੇਤੀ, ਫ਼ਸਲਾਂ ਦੀ ਸੁਰੱਖਿਆ ਅਤੇ ਪਸ਼ੂ ਪਾਲਣ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨਾ ਸੀ। ਸਹਾਇਕ ਪ੍ਰੋਫੈਸਰ (ਕੀਟ ਵਿਗਿਆਨ) ਡਾ. ਬਲਜੀਤ ਸਿੰਘ ਨੇ ਕਿਸਾਨਾਂ ਨੂੰ ਕੁਦਰਤੀ ਖੇਤੀ ਵੱਲ ਧਿਆਨ ਦੇਣ ਲਈ ਪ੍ਰੇਰਿਆ ਅਤੇ ਬੀਜ ਅੰਮ੍ਰਿਤ ਅਤੇ ਜੀਵ ਅੰਮ੍ਰਿਤ ਬਣਾਉਣ ਅਤੇ ਇਹਨਾਂ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਉਹਨਾਂ ਨੇ ਫ਼ਸਲਾਂ ਨੂੰ ਕੀੜੇ-ਮਕੌੜਿਆਂ ਤੋਂ ਬਚਾਉਣ ਲਈ ਰੋਕਥਾਮ ਦੇ ਕੁਦਰਤੀ ਤਰੀਕਿਆਂ ਜਿਵੇਂ ਕਿ ਬ੍ਰਹਮ ਅਸਤਰ ਅਤੇ ਅਗਨੀ ਅਸਤਰ ਬਣਾਉਣ ਬਾਰੇ ਵੀ ਅਹਿਮ ਜਾਣਕਾਰੀ ਸਾਂਝੀ ਕੀਤੀ। ਡਾ. ਤੇਜਬੀਰ ਸਿੰਘ ਨੇ ਕੁਦਰਤੀ ਖੇਤੀ ਫਾਰਮ 'ਤੇ ਦੇਸੀ ਪਸ਼ੂਆਂ ਦੀ ਸਾਂਭ-ਸੰਭਾਲ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਜ਼ਿਲ੍ਹੇ ਵਿੱਚ ਲੰਪੀ ਸਕਿਨ ਬਿਮਾਰੀ ਦੇ ਸਾਹਮਣੇ ਆ ਰਹੇ ਮਾਮਲਿਆਂ ਦੇ ਮੱਦੇਨਜ਼ਰ ਉਹਨਾਂ ਨੇ ਕਿਸਾਨਾਂ ਨੂੰ ਸੁਚੇਤ ਕੀਤਾ ਅਤੇ ਹਦਾਇਤ ਕੀਤੀ ਕਿ ਬਿਮਾਰੀ ਨੂੰ ਫੈਲਣ ਤੋਂ ਰੋਕਣ ਲਈ ਸਿਹਤਮੰਦ ਪਸ਼ੂਆਂ ਦਾ ਤੁਰੰਤ ਟੀਕਾਕਰਨ ਕਰਵਾਇਆ ਜਾਵੇ। ਪੂਰੇ ਸੈਸ਼ਨ ਦੌਰਾਨ ਮਾਹਿਰਾਂ ਨੇ ਕਿਸਾਨਾਂ ਦੁਆਰਾ ਪੁੱਛੇ ਗਏ ਵੱਖ-ਵੱਖ ਸਵਾਲਾਂ ਦੇ ਤਸੱਲੀਬਖ਼ਸ਼ ਜਵਾਬ ਦਿੱਤੇ। ਉਹਨਾਂ ਨੇ ਕਿਸਾਨਾਂ ਨੂੰ ਕੁਦਰਤੀ ਖੇਤੀ ਸੁਰੱਖਿਅਤ ਖੇਤੀ ਅਭਿਆਸਾਂ ਅਤੇ ਪਸ਼ੂ ਪਾਲਣ ਬਾਰੇ ਵਿਹਾਰਕ ਤੇ ਮਹੱਤਵਪੂਰਨ ਸੇਧ ਪ੍ਰਦਾਨ ਕਰਦਿਆਂ ਕੈਂਪ ਨੂੰ ਸਫਲਤਾਪੂਰਵਕ ਸੰਪੰਨ ਕੀਤਾ।


# ਬਾਰ ਕੌਂਸਲ ਚੋਣਾਂ ਲਈ ਢਿੱਲੋਂ ਤੇ ਕਾਹਲੋਂ ਨਿਗਰਾਨ ਨਿਯੁਕਤ

**ਜਲੰਧਰ (ਰਾਜੇਸ਼ ਥਾਪਾ)**- ਬਾਰ ਕੌਂਸਲ ਆਫ਼ ਪੰਜਾਬ ਐਂਡ ਹਰਿਆਣਾ ਨੇ ਡਿਸਟ੍ਰਿਕਟ ਬਾਰ ਐਸੋਸੀਏਸ਼ਨ ਜਲੰਧਰ ਦੀਆਂ ਆਗਾਮੀ ਚੋਣਾਂ ਨੂੰ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ



ਨੇਪਰੇ ਚਾੜ੍ਹਨ ਲਈ ਵੱਡਾ ਕਦਮ ਚੁੱਕਦਿਆਂ ਦੋ ਸੀਨੀਅਰ ਵਕੀਲਾਂ ਨੂੰ ਬਤੌਰ ਨਿਗਰਾਨ (ਆਬਜ਼ਰਵਰ) ਨਿਯੁਕਤ ਕੀਤਾ ਹੈ। ਬਾਰ ਕੌਂਸਲ ਵੱਲੋਂ ਜਾਰੀ ਪੱਤਰ ਅਨੁਸਾਰ ਡੀ ਬੀ ਏ ਜਲੰਧਰ ਦੇ ਦੋ ਸਾਬਕਾ ਪ੍ਰਧਾਨਾ ਐਡਵੋਕੇਟ ਨਰਿੰਦਰ ਸਿੰਘ ਅਤੇ ਐਡਵੋਕੇਟ ਕਰਮਪਾਲ ਸਿੰਘ ਗਿੱਲ ਵੱਲੋਂ ਲਿਖਤੀ ਸ਼ਿਕਾਇਤ ਦਿੱਤੀ ਗਈ ਸੀ। ਸ਼ਿਕਾਇਤ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਮੌਜੂਦਾ ਚੋਣ ਕਮੇਟੀ/ਰਿਟਰਨਿੰਗ ਅਫ਼ਸਰ ਦੀ ਟੀਮ ਪੱਖਪਾਤੀ ਹੈ ਅਤੇ ਕੁਝ ਖਾਸ ਉਮੀਦਵਾਰਾਂ ਨਾਲ ਗਠਜੋੜ ਵਿੱਚ ਹੈ, ਜਿਸ ਨਾਲ ਚੋਣਾਂ ਨਿਰਪੱਖ ਹੋਣ 'ਤੇ ਸ਼ੰਕਾ ਖੜ੍ਹੀ ਹੁੰਦੀ ਹੈ। ?ਇਨ੍ਹਾਂ ਗੰਭੀਰ ਚਿੰਤਾਵਾਂ ਅਤੇ ਸ਼ਿਕਾਇਤਕਰਤਾਵਾਂ ਦੀ ਸੀਨੀਆਰਤਾ ਨੂੰ ਧਿਆਨ ਵਿੱਚ ਰੱਖਦਿਆਂ, ਬਾਰ ਕੌਂਸਲ ਦੀ ਚੋਣ ਕਮੇਟੀ ਨੇ ਸੁਤੰਤਰ ਤੇ ਪਾਰਦਰਸ਼ੀ ਚੋਣ ਪ੍ਰਕਿਰਿਆ ਯਕੀਨੀ ਬਣਾਉਣ ਲਈ ਐਡਵੋਕੇਟ ਪਰਮਿੰਦਰ ਸਿੰਘ ਢਿੱਲੋਂ, ਐਡਵੋਕੇਟ ਗੁਰਜੀਤ ਸਿੰਘ ਕਾਹਲੋਂ ਨੂੰ ਅਧਿਕਾਰਤ ਆਬਜ਼ਰਵਰ ਨਿਯੁਕਤ ਕੀਤਾ ਹੈ। ਬਾਰ ਕੌਂਸਲ ਨੇ ਸਪੱਸ਼ਟ ਕੀਤਾ ਹੈ ਕਿ ਇਹ ਦੋਵੇਂ ਵਕੀਲ ਤਜਰਬੇਕਾਰ ਹਨ ਅਤੇ ਵੱਖ-ਵੱਖ ਬਾਰ ਐਸੋਸੀਏਸ਼ਨਾਂ ਦੀਆਂ ਚੋਣਾਂ ਕਰਵਾਉਣ ਦਾ ਵੱਡਾ ਤਜਰਬਾ ਰੱਖਦੇ ਹਨ। ਬਾਰ ਕੌਂਸਲ ਨੇ ਚੋਣ ਕਮੇਟੀ/ਰਿਟਰਨਿੰਗ ਅਫ਼ਸਰ ਦੀ ਟੀਮ ਨੂੰ ਨਿਰਦੇਸ਼ ਦਿੱਤੇ ਹਨ ਕਿ ਚੋਣਾਂ ਦੀ ਪੂਰੀ ਪ੍ਰਕਿਰਿਆ ਵਿੱਚ ਇਨ੍ਹਾਂ ਦੋਵਾਂ ਨਿਗਰਾਨਾਂ ਨੂੰ ਸ਼ਾਮਲ ਕੀਤਾ ਜਾਵੇ। 11 ਸਤੰਬਰ ਨੂੰ ਚੋਣਾਂ ਮੁਕੰਮਲ ਹੋਣ ਤੋਂ ਬਾਅਦ ਇਹ ਆਬਜ਼ਰਵਰ ਆਪਣੀ ਅੰਤਿਮ ਰਿਪੋਰਟ ਬਾਰ ਕੌਂਸਲ ਨੂੰ ਸੌਂਪਣਗੇ।

# ਨਿਸ਼ਾਨ ਮੋਟਰ ਇੰਡੀਆ ਨੇ ਘਰੇਲੂ ਹੋਲਸੇਲ ਵਿਕਰੀ 'ਚ ਦਰਜ ਕੀਤੀ 147 ਫੀਸਦੀ ਦੀ ਵਾਧਾ ਦਰ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨਿਸਾਨ ਮੋਟਰ ਇੰਡੀਆ ਨੇ ਅਗਸਤ, 2026 ਵਿੱਚ ਕੁੱਲ 9,350 ਯੂਨਿਟਾਂ ਦੀ ਹੋਲਸੇਲ ਵਿਕਰੀ ਦਾ ਐਲਾਨ ਕੀਤਾ ਹੈ। ਬੀਤੇ ਮਹੀਨੇ ਕੰਪਨੀ ਨੇ ਘਰੇਲੂ ਬਾਜ਼ਾਰ ਵਿੱਚ 3,426 ਯੂਨਿਟਾਂ ਅਤੇ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ 5,924 ਯੂਨਿਟਾਂ ਦੀ ਵਿਕਰੀ ਕੀਤੀ। ਮੈਗਨਾਈਟ ਅਤੇ ਗ੍ਰੇਵਾਇਟ ਨੂੰ ਲੈ ਕੇ ਲਗਾਤਾਰ ਮੰਗ ਬਣੀ ਰਹਿਣ ਨਾਲ ਘਰੇਲੂ ਪੱਧਰ 'ਤੇ ਕੰਪਨੀ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਇਸ ਵਿੱਚ ਨਵੀਂ ਨਿਸਾਨ ਟੈਕਟੌਨ ਲਈ ਬਾਜ਼ਾਰ ਤੋਂ ਮਿਲ ਰਹੇ ਸ਼ਾਨਦਾਰ ਹੁੰਗਾਰੇ ਦਾ ਵੀ ਯੋਗਦਾਨ ਰਿਹਾ। ਸਾਲਾਨਾ ਆਧਾਰ 'ਤੇ ਕੰਪਨੀ ਨੇ ਘਰੇਲੂ ਬਾਜ਼ਾਰ ਵਿੱਚ ਵਿਕਰੀ 'ਚ 147 ਫੀਸਦੀ ਦਾ ਵਾਧਾ ਦਰਜ ਕੀਤਾ ਹੈ। ਕੰਪਨੀ ਨੇ ਨਿਸਾਨ ਦੀ 'ਵਨ ਕਾਰ, ਵਨ ਵਰਲਡ' ਦੀ ਰਣਨੀਤੀ ਤਹਿਤ ਦੱਖਣੀ ਅਫਰੀਕਾ, ਭੂਟਾਨ ਅਤੇ ਨੇਪਾਲ ਲਈ ਨਿਸਾਨ ਟੈਕਟੌਨ ਦੀ ਬਰਾਮਦ ਸ਼ੁਰੂ ਕਰ ਦਿੱਤੀ ਹੈ। ਇਨ੍ਹਾਂ ਬਾਜ਼ਾਰਾਂ ਲਈ 1,300 ਤੋਂ ਵੱਧ ਕਾਰਾਂ ਦਾ ਪਹਿਲਾ ਬੈਚ ਭੇਜਿਆ ਗਿਆ ਹੈ। ਟੈਕਟੌਨ ਨੇ ਇਨ੍ਹਾਂ ਬਾਜ਼ਾਰਾਂ ਵਿੱਚ ਬਰਾਮਦ ਦੇ ਨਾਲ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਆਪਣੇ ਸਫ਼ਰ ਦੇ ਪਹਿਲੇ ਮਹੱਤਵਪੂਰਨ ਕਦਮ ਰੱਖ ਦਿੱਤੇ ਹਨ।

ਭਾਰਤ ਵਿੱਚ ਤਿਆਰ ਇਸ ਐੱਸ.ਯੂ.ਵੀ. ਨੂੰ ਪੂਰੇ ਖੇਤਰ ਦੇ ਬਾਜ਼ਾਰਾਂ ਵਿੱਚ ਗਾਹਕਾਂ ਤੱਕ ਪਹੁੰਚਾਇਆ ਜਾਵੇਗਾ। ਨਿਸਾਨ ਮੋਟਰ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਸੌਰਭ ਵਤਸ ਨੇ ਕਿਹਾ, ਨੂੰਅਸੀਂ ਘਰੇਲੂ ਅਤੇ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਲਗਾਤਾਰ ਨਿਸਾਨ ਟੈਕਟੌਨ ਦੀ ਮੌਜੂਦਗੀ ਵਧਾ ਰਹੇ ਹਾਂ ਅਤੇ ਅਜਿਹਾ ਕਰਦੇ ਹੋਏ ਅਸੀਂ ਇਨੋਵੇਟਿਵ ਉਤਪਾਦ ਪੇਸ਼ ਕਰਨ, ਆਪਣੇ ਗਾਹਕਾਂ ਨੂੰ ਖਾਸ ਅਨੁਭਵ ਦੇਣ ਅਤੇ ਕਾਰੋਬਾਰ ਦੇ ਨਿਰੰਤਰ ਵਿਕਾਸ 'ਤੇ ਆਪਣਾ ਧਿਆਨ ਕੇਂਦਰਿਤ ਰੱਖਾਂਗੇ।'

# ਰਸਾਲਾ 'ਮੰਤਵ' ਕੀਤਾ ਰਿਲੀਜ਼

**ਜਲੰਧਰ (ਸ਼ੈਲੀ ਐਲਬਰਟ)** ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੀ ਪ੍ਰਫੁੱਲਤਾ ਲਈ ਨਿਰੰਤਰ ਯਤਨਸ਼ੀਲ ਹੈ। ਇਸੇ ਲੜੀ ਤਹਿਤ ਕਾਲਜ ਵਿਖੇ ਪੰਜਾਬੀ ਦਾ ਸਿਰਕੱਢ ਸਾਹਿਤਕ ਰਸਾਲਾ 'ਮੰਤਵ' ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ, ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਮੁਖੀ ਡਾ. ਸੁਰਿੰਦਰ ਪਾਲ ਮੰਡ ਅਤੇ ਵਿਭਾਗ ਦੇ ਹੋਰ ਅਧਿਆਪਕ ਸਾਹਿਬਾਨ ਦੁਆਰਾ ਰਿਲੀਜ਼ ਕੀਤਾ ਗਿਆ। ਇਸ ਮੈਗਜ਼ੀਨ ਨੂੰ ਰਿਲੀਜ਼ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਕਿਹਾ ਕਿ ਲਾਇਲਪੁਰ ਖ਼ਾਲਸਾ ਕਾਲਜ ਨੇ ਹਮੇਸ਼ਾ ਹੀ ਸਾਹਿਤਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਲਈ ਮੋਹਰੀ ਭੂਮਿਕਾ ਨਿਭਾਈ ਹੈ। ਉਹਨਾਂ ਕਿਹਾ ਕਿ 'ਮੰਤਵ' ਵਰਗੇ ਮਿਆਰੀ ਸਾਹਿਤਕ ਪਰਚੇ ਜਿੱਥੇ ਮਾਂ-ਬੋਲੀ ਪੰਜਾਬੀ ਦੀ ਸੇਵਾ ਕਰ ਰਹੇ ਹਨ ਉਥੇ ਨੌਜਵਾਨ ਪੀੜ੍ਹੀ ਨੂੰ ਮਿਆਰੀ ਸਾਹਿਤਕ ਰਚਨਾਵਾਂ ਨਾਲ ਜੋੜਨ ਦਾ ਕੰਮ ਵੀ ਬਾਖ਼ੂਬੀ ਕਰ ਰਹੇ ਹਨ, ਜਿਸਦੀ ਕਿ ਅਜੋਕੇ ਪਦਾਰਥਵਾਦੀ ਦੌਰ ਵਿਚ ਬਹੁਤ ਲੋੜ ਹੈ। ਡਾ. ਸੁਰਿੰਦਰ ਮੰਡ ਨੇ ਕਿਹਾ ਕਿ ਮੰਤਵ ਰਸਾਲੇ ਦਾ ਸਾਹਿਤਕ ਅਤੇ ਸੱਭਿਆਚਾਰਕ ਵਟਾਂਦਰੇ ਵਿੱਚ ਮਹੱਤਵਪੂਰਨ ਯੋਗਦਾਨ ਹੈ। ਉਹਨਾਂ 'ਮੰਤਵ' ਦੇ ਨਵੇਂ ਅੰਕ



ਨੂੰ ਖੁਸ਼ਮਦੀਦ ਆਖਿਆ। ਜ਼ਿਕਰਯੋਗ ਹੈ ਕਿ ਮੰਤਵ ਰਸਾਲਾ ਬਿਆਸ ਤੋਂ ਛਾਪਦਾ ਹੈ ਤੇ ਇਸ ਦੇ ਮੁੱਖ ਸੰਪਾਦਕ ਵਿਸ਼ਾਲ ਹਨ। ਇਸ ਰਿਲੀਜ਼ ਸਮਾਰੋਹ ਮੌਕੇ ਕਾਲਜ ਦੇ ਪੋਸਟ-ਗ੍ਰੈਜੂਏਟ ਪੰਜਾਬੀ ਵਿਭਾਗ ਦੇ ਅਧਿਆਪਕ ਡਾ. ਸੁਖਦੇਵ ਸਿੰਘ ਨਾਗਰਾ, ਪ੍ਰੋ. ਕੁਲਦੀਪ ਸੋਢੀ, ਪ੍ਰੋ. ਸੰਦੀਪ ਸਿੰਘ ਤੋਂ ਇਲਾਵਾ ਜ਼ੂਅਲੋਜੀ ਵਿਭਾਗ ਦੇ ਡਾ. ਸਰਬਜੀਤ ਸਿੰਘ ਹਾਜ਼ਰ ਸਨ।

# ਲੈਕਚਰਾਰ ਸੰਤੋਖ ਸਿੰਘ ਨੂੰ ਸਨਮਾਨਤ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਸਿੱਖਿਆ ਵਿਭਾਗ 'ਚ ਸ਼ਾਨਦਾਰ ਸੇਵਾਵਾਂ ਨਿਭਾਉਣ 'ਤੇ ਲੈਕਚਰਾਰ ਸੰਤੋਖ ਸਿੰਘ ਨੂੰ ਸਨਮਾਨਤ ਕੀਤਾ ਗਿਆ।ਲੈਕਚਰਾਰ ਸੰਤੋਖ ਸਿੰਘ ਵੱਲੋਂ ਸਿੱਖਿਆ ਵਿਭਾਗ ਦੇ ਤੀਹ ਸਾਲਾਂ 'ਚ ਤਨਦੇਹੀ ਨਾਲ ਪੜ੍ਹਾਏ ਵਿਦਿਆਰਥੀ ਅੱਜ ਆਪਣੀ ਜ਼ਿੰਦਗੀ ਵਿੱਚ ਸਫਲਤਾ ਦੀਆਂ ਉਚਾਈਆਂ ਦੇ ਸਿਖਰਾਂ ਨੂੰ ਛੂਹ ਰਹੇ ਹਨ।

ਇਸ ਮੌਕੇ ਗੌਰਮਿੰਟ ਟੀਚਰਜ਼ ਯੂਨੀਅਨ ਦੇ ਆਗੂ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਪ੍ਰਿੰਸੀਪਲ ਹਰਮਨਿੰਦਰ ਕੁਮਾਰ, ਲੈਕਚਰਾਰ ਸਤਨਾਮ ਕੁਮਾਰ, ਲੈਕਚਰਾਰ ਕੁਮਾਰੀ ਨੀਲਮ ਅਤੇ ਲੈਕਚਰਾਰ ਜਤਿੰਦਰ ਸਿੰਘ ਨੇ ਲੈਕਚਰਾਰ ਸੰਤੋਖ ਸਿੰਘ ਨੂੰ ਵਧੀਆ ਸੇਵਾਵਾਂ ਨਿਭਾਉਣ ਤੇ ਵਧਾਈ ਦਿੱਤੀ ਅਤੇ ਉਹਨਾਂ ਨੂੰ ਇੱਕ ਯਾਦਗਾਰੀ ਚਿੰਨ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਆਗੂਆਂ ਨੇ ਲੈਕਚਰਾਰ ਸੰਤੋਖ ਸਿੰਘ ਵਲੋਂ ਸਿੱਖਿਆ ਵਿਭਾਗ ਵਲੋਂ ਸੌਂਪੀ ਡਿਊਟੀ ਪੂਰੀ ਤਨਦੇਹੀ ਅਤੇ ਸ਼ਿੱਦਤ ਨਾਲ ਨਿਭਾਉਣ ਤੇ ਉਹਨਾਂ ਦੀ ਸ਼ਲਾਘਾ ਵੀ ਕੀਤੀ।

ਇਸ ਮੌਕੇ ਗੁਰਪ੍ਰੀਤ ਕੌਰ, ਪਰਮਿੰਦਰ ਸਿੰਘ, ਏ ਐੱਸ ਆਈ ਚਰਨਜੀਤ ਸਿੰਘ, ਅਨੀਤਾ ਰਾਣੀ, ਮੁਕੁਲ ਗੁਰੂ, ਜਸਪਿੰਦਰ ਕੌਰ, ਸਤਨਾਮ ਸਿੰਘ, ਗੁਰਦੀਪ ਕੌਰ, ਜਰਨੈਲ ਸਿੰਘ, ਸੁਰਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਅਤੇ ਰਿਸ਼ਤੇਦਾਰ ਹਾਜ਼ਰ ਸਨ।

# ਮੋਹਾਲੀ 'ਚ 'ਮਿਸ਼ਨ ਕਲੀਨ ਪੰਜਾਬ' ਦੇ ਦੂਜੇ ਪੜਾਅ ਦੀ ਸ਼ੁਰੂਆਤ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਦੇ ਦੂਜੇ ਪੜਾਅ ਤਹਿਤ ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਸਫ਼ਾਈ ਮੁਹਿੰਮ



ਦੀ ਸ਼ੁਰੂਆਤ ਕੀਤੀ ਗਈ। ਹਲਕਾ ਵਿਧਾਇਕ ਸ. ਕੁਲਵੰਤ ਸਿੰਘ ਨੇ ਮੇਅਰ ਸਰਬਜੀਤ ਸਿੰਘ ਸਮਾਣਾ ਅਤੇ ਨਗਰ ਨਿਗਮ ਕਮਿਸ਼ਨਰ ਸ੍ਰੀ ਸੰਦੀਪ ਸਿੰਘ ਗਾੜ੍ਹਾ ਦੀ ਮੌਜੂਦਗੀ ਵਿੱਚ ਸੈਕਟਰ 74-ਏ (ਬਰਿਆਲੀ), ਏਅਰਪੋਰਟ ਰੋਡ ਤੋਂ ਮੁਹਿੰਮ ਦਾ ਆਗਾਜ਼ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੋਹਾਲੀ ਸਮੇਤ ਸਮੁੱਚੇ ਪੰਜਾਬ ਵਿੱਚ 'ਮਿਸ਼ਨ ਕਲੀਨ ਪੰਜਾਬ' ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸ਼ੁਰੂਆਤੀ ਦੌਰ ਵਿੱਚ ਅੱਠ ਦਿਨਾਂ ਤੱਕ ਜੰਗੀ ਪੱਧਰ 'ਤੇ ਸਫ਼ਾਈ ਅਭਿਆਨ ਚਲਾਇਆ ਜਾਵੇਗਾ ਅਤੇ ਇਸ ਤੋਂ ਬਾਅਦ ਵੀ ਸ਼ਹਿਰ ਦੀ ਸਫ਼ਾਈ ਅਤੇ ਸੁੰਦਰਤਾ ਨੂੰ ਬਰਕਰਾਰ ਰੱਖਣ ਲਈ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।ਵਿਧਾਇਕ ਨੇ ਨਾਗਰਿਕਾਂ ਨੂੰ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖਰਾ ਕਰਕੇ ਨਗਰ ਨਿਗਮ ਵੱਲੋਂ ਨਿਰਧਾਰਤ ਪ੍ਰਬੰਧ ਅਨੁਸਾਰ ਨਿਪਟਾਰੇ ਲਈ ਦੇਣ ਦੀ ਵੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਅਧੀਨ ਆਉਂਦੇ ਖੇਤਰ ਵਿੱਚ ਸਫ਼ਾਈ ਲਈ ਲਗਭਗ 20 ਤੋਂ 25 ਅਜਿਹੇ ਪੁਆਇੰਟਾਂ ਦੀ ਪਛਾਣ ਕੀਤੀ ਗਈ ਹੈ, ਜਿੱਥੇ ਵਿਸ਼ੇਸ਼ ਤੌਰ 'ਤੇ ਸਫ਼ਾਈ ਮੁਹਿੰਮ ਚਲਾਈ ਜਾਵੇਗੀ। ਇਸ ਮੌਕੇ ਮੇਅਰ ਸ. ਸਰਬਜੀਤ ਸਿੰਘ ਸਮਾਣਾ ਨੇ ਕਿਹਾ ਕਿ ਮੋਹਾਲੀ ਸ਼ਹਿਰ ਦੀ ਸਫ਼ਾਈ ਅਤੇ ਖ਼ੂਬਸੂਰਤੀ ਨੂੰ ਬਰਕਰਾਰ ਰੱਖਣਾ ਨਗਰ ਨਿਗਮ ਦੀ ਮੁੱਖ ਤਰਜੀਹ ਹੈ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਸ. ਰਜਿੰਦਰ ਪ੍ਰਸਾਦ ਸ਼ਰਮਾ, ਡਿਪਟੀ ਮੇਅਰ ਸ. ਹਰਪਾਲ ਸਿੰਘ ਚੰਨਾ, ਕੌਂਸਲਰ ਪਰਮਿੰਦਰ ਕੌਰ ਬਰਿਆਲੀ, ਗੁਰਪ੍ਰੀਤ ਸਿੰਘ ਬਰਿਆਲੀ, ਜਸਪਾਲ ਸਿੰਘ ਮਟੌਰ, ਅਕਵਿੰਦਰ ਸਿੰਘ ਗੋਸਲ, ਅਮਰਜੀਤ ਸਿੰਘ ਸਿੱਧੂ, ਨਰੇਸ਼ ਬੱਤਾ, ਹਰਮੇਸ਼ ਸਿੰਘ ਕੁੰਭੜਾ ਸਮੇਤ ਹੋਰ ਪਤਵੰਤੇ ਅਤੇ ਨਗਰ ਨਿਗਮ ਦੇ ਅਧਿਕਾਰੀ ਹਾਜ਼ਰ ਸਨ।

# ਸੁਖਚੈਨ ਸਿੰਘ ਖਹਿਰਾ ਦੀ ਬਦਲੀ ਦੀ ਨਿਖੇਧੀ

**ਐਸ ਏ ਐਸ ਨਗਰ (ਗੁਰਜੀਤ ਬਿੱਲਾ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾਂ ਮੁਲਾਜ਼ਮ ਮੰਚ ਤੇ ਅਧਾਰਤ ਬਣੀ ਸਾਂਝੀ ਤਾਲਮੇਲ ਕਮੇਟੀ ਦੇ ਪ੍ਰਮੁੱਖ ਆਗੂ ਸਾਥੀ ਸੁਖਚੈਨ ਸਿੰਘ ਖਹਿਰਾ ਦੀ ਕੀਤੀ ਨਜਾਇਜ਼ ਬਦਲੀ ਦੀ ਸਾਂਝੀ ਤਾਲਮੇਲ ਕਮੇਟੀ ਦੇ ਆਗੂਆਂ ਵੱਲੋਂ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।

ਸਾਂਝੀ ਤਾਲਮੇਲ ਕਮੇਟੀ ਦੇ ਪ੍ਰਮੁੱਖ ਆਗੂਆਂ ਸਰਵ ਸ਼੍ਰੀ ਸਤੀਸ਼ ਰਾਣਾ, ਗੁਰਨਾਮ ਸਿੰਘ ਵਿਰਕ, ਰਣਜੀਤ ਸਿੰਘ ਰਾਣਵਾ, ਸੁਸ਼ੀਲ ਕੁਮਾਰ ਫੌਜੀ, ਕਰਮ ਸਿੰਘ ਧਨੋਆ, ਹਰਜਿੰਦਰ ਸਿੰਘ ਪੰਨੂ, ਜਰਮਨਜੀਤ ਸਿੰਘ, ਮਨਪ੍ਰੀਤ ਸਿੰਘ, ਰਕੇਸ਼ ਕੁਮਾਰ, ਭਜਨ ਸਿੰਘ ਗਿੱਲ, ਐਨ ਕੇ ਕਲਸੀ, ਮਨਜੀਤ ਸਿੰਘ ਬਾਸਰਕੇ, ਤਰਸੇਮ ਸਿੰਘ ਭੱਠਲ, ਕੁਲਵਿੰਦਰ ਸਿੰਘ ਢਿੱਲੋਂ, ਸੁਖਦੇਵ ਸਿੰਘ ਸੈਣੀ, ਗੁਰਸ਼ਰਨ ਸਿੰਘ ਹੁੰਦਲ, ਗਗਨਦੀਪ ਸਿੰਘ ਭੁੱਲਰ, ਦੀਦਾਰ ਸਿੰਘ ਚੋਕਰ, ਅਮਰੀਕ ਸਿੰਘ ਕੰਗ, ਦਿਲਪ੍ਰੀਤ ਸਿੰਘ, ਦਿਗਵਿਜੇ ਪਾਲ ਸ਼ਰਮਾ, ਹਰਨੇਕ ਸਿੰਘ, ਅਵਤਾਰ ਸਿੰਘ ਕੈਂਥ, ਰਘਵੀਰ ਸਿੰਘ ਬਡਵਾਲ , ਜਗਦੀਸ਼ ਸਿੰਘ ਚਾਹਲ, ਰਾਧੇ ਸ਼ਾਮ, ਜਸਵੀਰ ਸਿੰਘ ਤਲਵਾੜਾ, ਕਰਮਜੀਤ ਸਿੰਘ ਬੀਹਲਾ ਅਤੇ ਬੋਬਿੰਦਰ ਸਿੰਘ ਨੇ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪੰਜਾਬ ਸਿਵਲ ਸਕੱਤਰੇਤ ਸਾਂਝੀ ਐਕਸ਼ਨ ਕਮੇਟੀ ਦੇ ਪ੍ਰਧਾਨ, ਸਾਂਝਾ ਮੁਲਾਜ਼ਮ ਮੰਚ, ਪੰਜਾਬ ਦੇ ਮੁੱਖ ਕੋਆਰਡੀਨੇਟਰ ਅਤੇ ਸਾਂਝੀ ਤਾਲਮੇਲ ਕਮੇਟੀ ਤੇ ਪ੍ਰਮੁੱਖ ਆਗੂ ਸਾਥੀ ਸੁਖਚੈਨ ਸਿੰਘ ਖਹਿਰਾ ਦੀ ਸਕੱਤਰੇਤ 1 ਚੰਡੀਗੜ੍ਹ ਤੋਂ ਬਦਲ ਕੇ ਸੈਕਟਰ 33 ਚੰਡੀਗੜ੍ਹ ਵਿਖੇ ਲਗਾ ਦਿੱਤਾ ਹੈ।

ਇਸ ਤੋਂ ਪਹਿਲਾਂ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ 27 ਅਗਸਤ ਨੂੰ ਸਮੂਹਿਕ ਛੁੱਟੀ ਤੇ ਗਏ ਮੁਲਾਜ਼ਮਾ ਨੂੰ ਕਾਰਨ ਦੱਸੋ ਨੋਟਸ ਜਾਰੀ ਕੀਤੇ ਗਏ ਹਨ।

ਸਾਂਝੀ ਤਾਲਮੇਲ ਕਮੇਟੀ ਦੇ ਆਗੂਆਂ ਆਪਣਾ ਪ੍ਰੈਸ ਬਿਆਨ ਜਾਰੀ ਰੱਖਦਿਆਂ ਦੱਸਿਆ ਕਿ ਪਿਛਲੀ 7 ਅਗਸਤ ਨੂੰ ਚੰਡੀਗੜ੍ਹ ਵਿਖੇ ਹੋਈ ਮਹਾਂ ਰੈਲੀ ਜਿਸ ਵਿੱਚ 2 ਲੱਖ ਤੋਂ ਵੱਧ ਮੁਲਾਜ਼ਮਾ ਅਤੇ ਪੈਨਸ਼ਨਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ ਸੀ, ਜਿਸ ਰੈਲੀ ਦੇ ਦਬਾ ਥਲੇ ਸਾਂਝੀ ਤਾਲਮੇਲ ਕਮੇਟੀ ਨੂੰ 27 ਅਗਸਤ ਦਾ ਪੰਜਾਬ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਦਾ ਸਮਾਂ ਦਿੱਤਾ ਗਿਆ ਸੀ, ਜਿਸ ਨੂੰ ਬਾਅਦ ਵਿੱਚ ਬਦਲ ਕੇ ਪੀ.ਏ.ਪੀ. ਜਲੰਧਰ ਕਰ ਦਿੱਤਾ ਸੀ। ਆਗੂਆਂ ਦੱਸਿਆ ਕਿ ਸਾਂਝੀ ਤਾਲਮੇਲ ਕਮੇਟੀ ਨੇ 30 ਅਗਸਤ ਨੂੰ ਆਪਣੀ ਲੁਧਿਆਣਾ ਮੀਟਿੰਗ ਕਰਕੇ ਅਗਲੇ ਐਕਸ਼ਨਾਂ ਦਾ ਐਲਾਨ ਕਰ ਦਿੱਤਾ ਹੈ।

# ਇੰਟਰ-ਸਕੂਲ ਖੇਡਾਂ 'ਚ ਪਹਿਲਵਾਨ ਸਰਗੁਣ ਕੌਰ ਕੰਗ ਨੇ ਪਹਿਲਾ ਸਥਾਨ ਹਾਸਲ ਕੀਤਾ

**ਬੰਗਾ (ਅਵਤਾਰ ਕਲੇਰ)** ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦੀ ਅੱਠਵੀਂ ਕਲਾਸ ਦੀ ਵਿਦਿਆਰਥਣ ਕੁਸ਼ਤੀ ਖਿਡਾਰਨ ਪਹਿਲਵਾਨ ਸਰਗੁਣ ਕੌਰ ਕੰਗ ਅੰਡਰ-14 ਸਾਲ ਉਮਰ



ਵਰਗ ਦੇ 54 ਕਿਲੋ ਭਾਰ ਵਰਗ ਵਿੱਚ ਜ਼ਿਲ੍ਹਾ ਪੱਧਰੀ ਇੰਟਰ-ਸਕੂਲ ਖੇਡਾਂ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਹਾਸਲ ਕੀਤਾ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਸਰਗੁਣ ਕੌਰ ਕੰਗ ਪੁੱਤਰੀ ਬਲਜੀਤ ਸਿੰਘ-ਰਮਨਦੀਪ ਕੌਰ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਪ੍ਰਾਪਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਜੇਤੂ ਖਿਡਾਰਨ, ਉਸ ਦੇ ਮਾਪਿਆਂ, ਕੋਚਾਂ ਅਤੇ ਸਕੂਲ ਦੀ ਪ੍ਰਿੰਸੀਪਲ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਰਗੁਣ ਕੌਰ ਕੰਗ ਦੀ ਮਿਹਨਤ, ਲਗਨ ਅਤੇ ਖੇਡ ਪ੍ਰਤੀ ਸਮਰਪਣ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਹੈ। ਕੁਲਵਿੰਦਰ ਸਿੰਘ ਢਾਹਾਂ ਨੇ ਆਸ ਪ੍ਰਗਟਾਈ ਕਿ ਇਹ ਹੋਣਹਾਰ ਖਿਡਾਰਨ ਆਉਣ ਵਾਲੇ ਸਮੇਂ ਵਿੱਚ ਸੂਬਾ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਜ਼ਿਲ੍ਹੇ ਦਾ ਨਾਮ ਹੋਰ ਉੱਚਾ ਕਰੇਗੀ।

ਇਸ ਮੌਕੇ ਸਕੂਲ ਪ੍ਰਿੰਸੀਪਲ ਵਨੀਤਾ ਚੋਟ ਨੇ ਵੀ ਜੇਤੂ ਖਿਡਾਰਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਇਸ ਮੌਕੇ ਜਗਜੀਤ ਸਿੰਘ ਸੋਢੀ, ਦਵਿੰਦਰ ਸਿੰਘ ਢਿੱਲੋਂ, ਭਾਈ ਜੋਗਾ ਸਿੰਘ, ਰਮਨ ਕੁਮਾਰ ਵਾਈਸ ਪ੍ਰਿੰਸੀਪਲ, ਸੁਖਵਿੰਦਰ ਸਿੰਘ ਮੱਲ੍ਹਪੋਤਾ, ਜਸਵੀਰ ਕੌਰ, ਕੋਮਲ ਅਤੇ ਕੁਲਜੀਤ ਸਿੰਘ (ਸਾਰੇ ਖੇਡ ਅਧਿਆਪਕ) ਵੀ ਹਾਜ਼ਰ ਸਨ।

# ਕਾਰ ਤੇ ਟਰੱਕ ਦੀ ਟੱਕਰ, ਇੱਕ ਜ਼ਖ਼ਮੀ

**ਫਿਲੌਰ, (ਨਿਰਮਲ)**- ਪੈਪਸੀ ਫੈਕਟਰੀ ਫਿਲੌਰ ਦੇ ਸਾਹਮਣੇ ਸਰਵਿਸ ਲੇਨ 'ਤੇ ਕਾਰ ਅਤੇ ਟਰੱਕ ਵਿਚਕਾਰ ਜ਼ਬਰਦਸਤ ਟੱਕਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਟੱਕਰ ਇੰਨੀ ਭਿਆਨਕ ਸੀ ਕਿ ਕਾਰ ਟਰੱਕ ਦੇ ਹੇਠਾਂ ਜਾ ਫਸੀ। ਹਾਲਾਂਕਿ



ਇਸ ਹਾਦਸੇ ਵਿੱਚ ਕਿਸੇ ਤਰ੍ਹਾਂ ਦਾ ਜਾਨੀ ਨੁਕਸਾਨ ਨਹੀਂ ਹੋਇਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਸਰਬਜੀਤ ਸਿੰਘ ਨੇ ਦੱਸਿਆ ਕਿ ਰਾਹਗੀਰ ਵੱਲੋਂ ਸੂਚਨਾ ਮਿਲਣ 'ਤੇ ਐਸਐਸਐਫ ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚੀ। ਟੀਮ ਨੇ ਦੇਖਿਆ ਕਿ ਇੱਕ ਕਾਰ ਟਰੱਕ ਦੇ ਹੇਠਾਂ ਜਾ ਵੜੀ ਸੀ।ਕਾਰ ਚਾਲਕ ਤੋਂ ਪੁੱਛਗਿੱਛ ਕਰਨ 'ਤੇ ਪਤਾ ਲੱਗਿਆ ਕਿ ਉਸ ਦਾ ਧਿਆਨ ਕਿਸੇ ਹੋਰ ਪਾਸੇ ਚਲਾ ਗਿਆ ਸੀ, ਜਿਸ ਕਾਰਨ ਉਸ ਨੂੰ ਟਰੱਕ ਦਾ ਪਤਾ ਨਹੀਂ ਲੱਗਿਆ ਅਤੇ ਕਾਰ ਟਰੱਕ ਨਾਲ ਟਕਰਾ ਗਈ। ਹਾਦਸੇ ਦੌਰਾਨ ਕਾਰ ਵਿੱਚ ਸਵਾਰ ਇੱਕ ਵਿਅਕਤੀ ਨੂੰ ਮਾਮੂਲੀ ਖਰੋਚਾਂ ਆਈਆਂ, ਜਿਸ ਨੂੰ ਐੱਸ ਐੱਸ ਐੱਫ ਦੀ ਟੀਮ ਵੱਲੋਂ ਮੌਕੇ 'ਤੇ ਹੀ ਮੁੱਢਲੀ ਸਹਾਇਤਾ ਦਿੱਤੀ ਗਈ। ਇਸ ਤੋਂ ਬਾਅਦ ਨੁਕਸਾਨੀ ਹੋਈ ਕਾਰ ਨੂੰ ਟੋਅ ਵੈਨ ਮੰਗਵਾ ਕੇ ਮੌਕੇ ਤੋਂ ਹਟਵਾ ਦਿੱਤਾ ਗਿਆ।

# ਸਰਕਾਰੀ ਪ੍ਰਾਇਮਰੀ ਸਕੂਲ ਨੂੰ ਪ੍ਰਿੰਟਰ ਕੀਤਾ ਭੇਟ



**ਨਕੋਦਰ (ਮਨਜੀਤ ਮਾਨ)**- ਗ੍ਰਾਮ ਪੰਚਾਇਤ ਮਹਿਮਦਪੁਰ ਦੀ ਪੰਚਾਇਤ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਮਹਿਮਦਪੁਰ ਨੂੰ ਪ੍ਰਿੰਟਰ ਭੇਟ ਕੀਤਾ ਗਿਆ ।ਸਕੂਲ ਦੇ ਸਾਬਕਾ ਵਿਦਿਆਰਥੀ ਤੇ ਨੌਜਵਾਨ ਸਰਪੰਚ ਲਵਪ੍ਰੀਤ ਸਿੰਘ ਨੇ ਜਦੋ ਤੋਂ ਸਰਪੰਚ ਦਾ ਅਹੁਦਾ ਸੰਭਾਲਿਆ ਉਹਨਾ ਪਿੰਡ ਦੇ ਵਿਕਾਸ ਦੇ ਨਾਲ ਨਾਲ ਆਪਣੇ ਪਿੰਡ ਦੇ ਸਕੂਲ ਨੂੰ ਬਹੁਤ ਤਰਜੀਹ ਦਿੱਤੀ ਹੈ ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾ ਵੀ ਸਰਪੰਚ ਵਲੋਂ ਸਕੂਲ ਲਈ ਸਵੀਪਰ ਦੀ ਪੰਚਾਇਤ ਪੱਧਰ ਤੇ ਨਿਯੁਕਤੀ ਕੀਤੀ ਹੋਈ ਹੈ । ਇਸ ਸਾਰੇ ਕੰਮ ਲਈ ਉਹਨਾ ਦੇ ਨਾਲ ਸਕੂਲ ਦੀ ਐੱਸ ਐੱਮ ਸੀ ਕਮੇਟੀ ਨੇ ਵੀ ਪੂਰਾ ਸਹਿਯੋਗ ਕੀਤਾ । ਇਸ ਮੌਕੇ ਸੈਂਟਰ ਇੰਚਾਰਜ ਕੇਵਲ ਸਿੰਘ ਹੁੰਦਲ, ਸਕੂਲ ਇੰਚਾਰਜ ਸ਼ਵੇਤਾ ਰਾਣੀ, ਗੁਲਸ਼ਨ ਕੁਮਾਰ ਵਲੋਂ ਪੂਰੀ ਗ੍ਰਾਮ ਪੰਚਾਇਤ ਤੇ ਸਰਪੰਚ ਲਵਪ੍ਰੀਤ ਸਿੰਘ ਨੂੰ ਜੀ ਆਇਆਂ ਕਿਹਾ ਤੇ ਉਹਨਾ ਦਾ ਧੰਨਵਾਦ ਕੀਤਾ । ਇਸ ਮੌਕੇ ਉਹਨਾ ਨਾਲ ਰਮਨਦੀਪ ਕੌਰ ਐੱਸ ਐੱਮ ਸੀ ਚੇਅਰਮੈਨ, ਪਿੰਕੀ, ਨਿਰਮਲ ਸਿੰਘ, ਜਤਿੰਦਰ ਕੁਮਾਰ, ਮੁਖਤਿਆਰ ਸਿੰਘ, ਨਵਜੋਤ ਕੌਰ, ਮਮਤਾ ਰਾਣੀ, ਸੋਨੀਆ, ਜਨਕ ਰਾਣੀ ਆਦਿ ਹਾਜ਼ਰ ਸਨ।

# ਜਿੰਪਾ ਨੇ ਸੜਕ ਦਾ ਕੀਤਾ ਉਦਘਾਟਨ

**ਹੁਸ਼ਿਆਰਪੁਰ (ਓ ਪੀ ਰਾਣਾ)**- ਹੁਸ਼ਿਆਰਪੁਰ ਦੇ ਵਿਕਾਸ ਕਾਰਜਾਂ ਨੂੰ ਗਤੀ ਦਿੰਦਿਆਂ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ-ਊਨਾ ਰੋਡ ਸਥਿਤ ਚੱਕ ਸਾਧੂ ਤੋਂ ਖੜਕਾ ਤੱਕ ਕਰੀਬ 2 ਕਿਲੋਮੀਟਰ ਲੰਬੀ ਸੜਕ ਦਾ ਉਦਘਾਟਨ ਕੀਤਾ।ਇਸ ਸੜਕ ਦੇ ਨਿਰਮਾਣ 'ਤੇ 25.90 ਲੱਖ ਰੁਪਏ ਦੀ ਲਾਗਤ



ਆਈ ਹੈ। ਸੜਕ ਦੇ ਨਿਰਮਾਣ ਨਾਲ ਖੇਤਰ ਵਾਸੀਆਂ ਨੂੰ ਬਿਹਤਰ ਅਤੇ ਸੁਗਮ ਆਵਾਜਾਈ ਦੀ ਸਹੂਲਤ ਮਿਲੇਗੀ। ਵਿਧਾਇਕ ਜਿੰਪਾ ਨੇ ਕਿਹਾ ਕਿ ਖੇਤਰ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਪਹਿਲ ਹੈ। ਸੜਕਾਂ ਕਿਸੇ ਵੀ ਖੇਤਰ ਦੇ ਵਿਕਾਸ ਦੀ ਮਹੱਤਵਪੂਰਨ ਕੜੀ ਹੁੰਦੀਆਂ ਹਨ ਅਤੇ ਪੇਂਡੂ ਖੇਤਰਾਂ ਨੂੰ ਮੁੱਖ ਮਾਰਗਾਂ ਨਾਲ ਜੋੜਨ ਵਾਲੀਆਂ ਸੜਕਾਂ ਨੂੰ ਬਿਹਤਰ ਬਣਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਖੇਤਰ ਦੀ ਲੋੜ ਅਨੁਸਾਰ ਵਿਕਾਸ ਕਾਰਜ ਜਾਰੀ ਰਹਿਣਗੇ।

ਉਨ੍ਹਾਂ ਕਿਹਾ ਕਿ ਸੜਕ ਦੇ ਨਿਰਮਾਣ ਨਾਲ ਊਨਾ (ਹਿਮਾਚਲ ਪ੍ਰਦੇਸ਼) ਜਾਣ ਵਾਲੇ ਲੋਕਾਂ, ਆਸ-ਪਾਸ ਦੇ ਪਿੰਡਾਂ ਦੇ ਵਸਨੀਕਾਂ, ਵਿਦਿਆਰਥੀਆਂ, ਕਿਸਾਨਾਂ ਅਤੇ ਹੋਰ ਰਾਹਗੀਰਾਂ ਨੂੰ ਵਿਸ਼ੇਸ਼ ਲਾਭ ਮਿਲੇਗਾ। ਉਨ੍ਹਾਂ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਵਿੱਚ ਗੁਣਵੱਤਾ ਦਾ ਵਿਸ਼ੇਸ਼ ਧਿਆਨ ਰੱਖਣ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਕੰਮਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕਰਨ ਦੇ ਪਹਿਲਾਂ ਹੀ ਨਿਰਦੇਸ਼ ਦਿੱਤੇ ਗਏ ਹਨ। ਇਸ ਮੌਕੇ ਸਰਪੰਚ ਉੱਪਰਲੀ ਖੜਕਾ ਕੁਲਵਿੰਦਰ ਕੌਰ, ਅਵਤਾਰ ਸਿੰਘ, ਹਰਮੇਸ਼ ਲਾਲ, ਬਲਜਿੰਦਰ ਰਾਮ, ਪ੍ਰਕਾਸ਼ ਕੌਰ, ਬਲਵੰਤ ਕੌਰ, ਚਰਨ ਕੌਰ, ਪੰਚ ਨਸੀਬ ਚੰਦ, ਆਕਾਸ਼, ਗੁਰਮੁਖ ਸਿੰਘ, ਗੁਰਦੀਪ ਸਿੰਘ, ਪੰਚ ਸੁਖਵਿੰਦਰ ਕੌਰ, ਓਂਕਾਰ ਸਿੰਘ (ਪੰਚ) ਸਮੇਤ ਹੋਰ ਪਤਵੰਤੇ ਵਿਅਕਤੀ ਅਤੇ ਖੇਤਰ ਵਾਸੀ ਹਾਜ਼ਰ ਸਨ।

# ਦਿਲ ਦੀਆਂ ਬਿਮਾਰੀਆਂ ਸੰਬੰਧੀ ਜਾਗਰੂਕ ਕਰਨ ਲਈ ਪੁੱਜੇ ਦਿਲ ਦੇ ਮਾਹਰ ਡਾਕਟਰ

**ਚੰਡੀਗੜ੍ਹ/ਮੋਹਾਲੀ (ਗੁਰਜੀਤ ਬਿੱਲਾ)**- ਸੈਕਰਾਮੈਂਟੋ ਕੈਲੀਫੋਰਨੀਆ ਦੇ ਸ਼ਹਿਰ ਵੱਸਣ ਸੈਕਰਾਮੈਂਟ ਗੁਰੂ ਘਰ ਵਿਖੇ ਸੀਨੀਅਰ



ਸਿਟੀਜ਼ਨ ਗਰੁੱਪ ਦੇ ਮੈਂਬਰਾਂ ਨੂੰ ਦਿਲ ਦੀਆਂ ਬਿਮਾਰੀਆਂ ਸਬੰਧੀ ਜਾਣਕਾਰੀ ਦੇਣ ਸਬੰਧੀ ਡਾ: ਸਵੈਮਾਨ ਸਿੰਘ ਆਪਣੀ ਟੀਮ ਨਾਲ ਪੁੱਜੇ। ਤਾਂ, ਸਵੈਮਾਨ ਸਿੰਘ ਯੂਨੀਵਰਸਿਟੀ ਆਫ ਤੇਵਿਸ (ਹੈਲਥ) ਵਿਖੇ ਮਸ਼ਹੂਰ ਹਾਰਟ ਟ੍ਰਾਂਸਪਲਾਂਟ ਅਤੇ ਦਿਲ ਦੇ ਰੋਗਾਂ ਦੇ ਮਾਹਰ ਡਾਕਟਰ ਵਜੋਂ ਸੇਵਾ ਨਿਭਾ ਰਹੇ ਹਨ। ਉਹ ਆਪਣੇ ਕਿੱਤੇ ਦੇ ਨਾਲ ਇਕ ਬਹੁਤ ਵਡੇ ਸਮਾਜ ਸੇਵੀ ਵੀ ਹਨ। ਸਾਲ 2020-21 ਦੌਰਾਨ ਭਾਰਤ ਵਿੱਚ ਕਿਸਾਨਾਂ ਵਲੋ ਚਲਾਏ ਜਾ ਰਹੇ ਅੰਦੋਲਨ ਵਿਚ ਡਾਕਟਰ ਸਵੈਮਾਨ ਸਿੰਘ ਨੇ ਅਮਰੀਕਾ ਤੋ ਭਾਰਤ ਵਿੱਚ ਪੁੱਜ ਕੇ ਆਪਣੀ ਟੀਮ ਨਾਲ ਕੈਂਪ ਲਗਾ ਕੇ ਕਿਸਾਨਾ ਦੀ ਸੇਵਾ ਕੀਤੀ । ਅੱਜ ਕੱਲ ਵੀ ਜੰਮੂ ਅਤੇ ਕਸ਼ਮੀਰ ਵਿੱਚ ਸਫਾਈ ਸੇਵਾ ਅਭਿਆਨ ਚਲ ਰਿਹਾ ਹੈ ਅਤੇ ਨੇਪਾਲ ਵਿੱਚ ਹੜ ਪੀੜਤਾ ਦੀ ਮਦਦ ਸੰਬੰਧੀ ਉਥੇ ਦੀ ਸਰਕਾਰ ਨਾਲ ਗੱਲਬਾਤ ਕਰ ਰਹੀ ਹੈ। ਡਾ. ਸਵੈਮਾਨ ਸਿੰਘ ਪੂਰਨ ਗੁਰਸਿੱਖ ਹਨ ਇਸ ਲਈ ਸਿੱਖੀ ਸਿਧਾਂਤ ਅਨੁਸਾਰ ਮਨੁੱਖਤਾ ਦੀ ਸੇਵਾ ਕਰ ਰਹੇ ਹਨ। ਅਮਰੀਕਨ ਸੀਨੀਅਰ ਸਿਟੀਜਨ ਗਰੁੱਪ ਵਿੱਚ ਡਾਕਟਰ ਸਭੇਮਾਨ ਸਿੰਘ ਆਪਣੀ ਟੀਮ ਜਿਸ ਵਿਚ ਤਾਂ ਅਤੁਲ ਮਿਡਾਨਾ ਅਤੇ ਯੂ ਸੀ ਡੇਵਿਸ ਯੂਨੀਵਰਸਟੀ ਵਿਖੇ ਮੈਡੀਕਲ ਦੀ ਪੜ੍ਹਾਈ ਕਰ ਰਹੇ ਵਿਦਿਆਰਥੀ ਨਾਲ ਪੁੱਜੇ। ਡਾਕਟਰ ਅਤੁਲ ਸਡਾਨਾ ਇੰਡੀਆ ਵਿੱਚ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਬਤੌਰ ਡਾਕਟਰ ਸੇਵਾ ਨਿਭਾ ਰਹੇ ਹਨ ਅਤੇ ਅਮਰੀਕਾ ਵਿੱਚ ਟੂਰਿਸਟ ਵੀਜੇ ਤੇ ਆਏ ਹੋਏ ਹਨ।ਡਾਕਟਰ ਸਵੈਮਾਨ ਸਿੰਘ ਅਤੇ ਟੀਮ ਮੈਂਬਰਾਂ ਵੱਲੋਂ ਸੀਨੀਅਰ ਸਿਟੀਜਨ ਗਰੁੱਪ ਦੇ ਮੈਂਬਰਾਂ ਨੂੰ ਦਿਲ ਅਤੇ ਹੋਰ ਬਿਮਾਰੀਆਂ ਬਾਰੇ ਜਾਗਰੁਕ ਕੀਤਾ।

ਡਾਕਟਰ ਸਵੈਮਾਨ ਸਿੰਘ ਨੇ ਦਸਿਆ ਕਿ ਉਹ ਪੰਜਾਬ ਵਿੱਚ ਅਤੇ ਅਮਰੀਕਾ ਵਿੱਚ ਦਿਲ ਦੀਆਂ ਬਿਮਾਰੀਆਂ ਸਬੰਧੀ ਫਰੀ ਸੇਵਾ ਦੇਣ ਲਈ ਹਸਪਤਾਲ ਖੋਲਣਾ ਚਾਹੁੰਦੇ ਹਨ।ਇਹ ਸਾਰਾ ਪ੍ਰਬੰਧ ਅਮਰੀਕਨ ਸੀਨੀਅਰ ਸਿਟੀਜਨ ਗਰੁੱਪ ਦੇ ਆਹੁਦੇਦਾਰ ਜਿਸ ਵਿਚ ਸੁਖਚੈਨ ਸਿੰਘ ਚੇਅਰਮੈਨ, ਜਗਰੂਪ ਸਿੰਘ ਮਾਂਗਟ ਪ੍ਰਧਾਨ, ਹਰਜੀਤ ਸਿੰਘ ਔਜਲਾ ਮੀਤ ਪ੍ਰਧਾਨ ਅਤੇ ਅਜਾਇਬ ਸਿੰਘ ਜਰਨਲ ਸਕਤਰ ਨੇ ਆਪਣੇ ਗਰੁੱਪ ਦੇ ਮੈਂਬਰਾਂ ਦੇ ਸਹਿਯੋਗ ਨਾਲ ਕੀਤਾ ਕੀਤਾ।

# ਜਨਗਣਨਾ 2027 ਦੇ ਦੂਜੇ ਪੜਾਅ ਦੀਆਂ ਤਿਆਰੀਆਂ ਦੀ ਸਮੀਖਿਆ ਮੀਟਿੰਗ

**ਨਵਾਂਸ਼ਹਿਰ (ਮਨੋਜ ਲਾਡੀ)**- ਜਨਗਣਨਾ 2027 ਦੇ ਦੂਜੇ ਪੜਾਅ (ਜਨਸੰਖਿਆ ਗਿਣਤੀ) ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐੱਸ ਬੀ ਐੱਸ ਨਗਰ ਵਿਖੇ ਇੱਕ ਸਮੀਖਿਆ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਡਾ. ਨਵਜੋਤ ਖੋਸਾ ਡਾਇਰੈਕਟਰ ਜਨਗਣਨਾ ਸੰਚਾਲਨ ਪੰਜਾਬ ਨੇ ਕੀਤੀ।ਇਸ ਮੀਟਿੰਗ ਵਿੱਚ ਗੁਲਪ੍ਰੀਤ ਸਿੰਘ ਔਲਖ, ਡਿਪਟੀ ਕਮਿਸ਼ਨਰ-ਕਮ-ਪ੍ਰਮੁੱਖ ਜਨਗਣਨਾ ਅਫ਼ਸਰ, ਐਸ ਬੀ ਐਸ ਨਗਰ, ਸੰਜੀਵ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ (ਜ), ਉਪ-ਮੰਡਲ ਮੈਜਿਸਟਰੇਟ, ਤਹਿਸੀਲਦਾਰ/ਕਾਰਜ ਸਾਧਕ ਅਫ਼ਸਰ, ਚਾਰਜ ਅਫ਼ਸਰ ਅਤੇ ਜਨਗਣਨਾ ਡਿਊਟੀ ਨਾਲ ਸਬੰਧਤ ਹੋਰ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।ਮੀਟਿੰਗ ਦੇ ਸ਼ੁਰੂ ਵਿੱਚ ਡਾਇਰੈਕਟਰ, ਜਨਗਣਨਾ ਸੰਚਾਲਨ ਨੇ ਚਾਰਜ ਅਫ਼ਸਰਾਂ ਅਤੇ ਫੀਲਡ ਅਮਲੇ ਵੱਲੋਂ ਦਿਖਾਏ ਗਏ ਸਮਰਪਣ ਅਤੇ ਵਚਨਬੱਧਤਾ ਦੀ ਸ਼ਲਾਘਾ ਕੀਤੀ, ਜਿਸ ਸਦਕਾ ਜ਼ਿਲ੍ਹੇ ਵਿੱਚ ਪਹਿਲੇ ਪੜਾਅ - ਮਕਾਨ ਸੂਚੀਕਰਨ ਅਤੇ ਮਕਾਨ ਜਨਗਣਨਾ ਦੇ ਕੰਮਾਂ ਨੂੰ ਸਫਲਤਾਪੂਰਵਕ ਅਤੇ ਸਮੇਂ ਸਿਰ ਮੁਕੰਮਲ ਕੀਤਾ ਗਿਆ। ਪਹਿਲਾਂ ਤੋਂ ਯੋਜਨਾਬੰਦੀ ਅਤੇ ਵਿਭਾਗਾਂ ਵਿਚਾਲੇ ਤਾਲਮੇਲ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ, ਡਾਇਰੈਕਟਰ ਨੇ ਹਦਾਇਤ ਕੀਤੀ ਕਿ ਜਨਗਣਨਾ 2027 ਨਾਲ ਸਬੰਧਤ ਸਾਰੀਆਂ ਬਕਾਇਆ ਗਤੀਵਿਧੀਆਂ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਸਖ਼ਤੀ ਨਾਲ ਪੂਰੀਆਂ ਕੀਤੀਆਂ ਜਾਣ।ਡਾਇਰੈਕਟਰ ਨੇ ਪ੍ਰਮੁੱਖ ਜਨਗਣਨਾ ਅਫ਼ਸਰਾਂ ਅਤੇ ਹੋਰ ਜਨਗਣਨਾ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਉਹ ਸਾਰੇ ਲੋੜੀਂਦੇ ਪ੍ਰਬੰਧਕੀ ਅਤੇ ਲੌਜਿਸਟਿਕ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਅਤੇ ਜਨਸੰਖਿਆ ਗਿਣਤੀ ਦੇ ਸੁਚਾਰੂ, ਕੁਸ਼ਲ ਅਤੇ ਪ੍ਰਭਾਵਸ਼ਾਲੀ ਸੰਚਾਲਨ ਲਈ ਪੂਰੀ ਤਰ੍ਹਾਂ ਤਿਆਰ ਰਹਿਣ।ਡਿਪਟੀ ਕਮਿਸ਼ਨਰ, ਐਸ.ਬੀ.ਐਸ. ਨਗਰ ਨੇ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ ਅਤੇ ਜਨਗਣਨਾ ਨਾਲ ਸਬੰਧਤ ਸਾਰੀਆਂ ਗਤੀਵਿਧੀਆਂ ਰਜਿਸਟਰਾਰ ਜਨਰਲ ਅਤੇ ਜਨਗਣਨਾ ਕਮਿਸ਼ਨਰ, ਭਾਰਤ ਦੇ ਦਫ਼ਤਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਮੁਕੰਮਲ ਕਰਵਾਈਆਂ ਜਾਣਗੀਆਂ।ਜਨਗਣਨਾ 2027 ਦੇ ਦੂਜੇ ਪੜਾਅ ਦੇ ਸਮੇਂ ਸਿਰ ਅਤੇ ਸੁਚਾਰੂ ਸੰਚਾਲਨ ਲਈ ਵਿਸਥਾਰਤ ਰੂਪ-ਰੇਖਾ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

# ਮੁਫ਼ਤ ਜਾਂਚ ਕੈਂਪ 6 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਅਤੇ ਕੌਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ 6 ਸਤੰਬਰ ਨੂੰ ਮਾਤਾ ਸ਼ੀਤਲਾ ਦੇਵੀ ਮੰਦਰ, ਕਸਬਾ ਹਰਿਆਣਾ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਕਾਰਨੀਅਲ ਅੰਧੇਪਨ ਤੋਂ ਪੀੜਤ ਲੋਕਾਂ ਦੀਆਂ ਅੱਖਾਂ



ਦੀ ਰੌਸ਼ਨੀ ਵਾਪਸ ਲਿਆਉਣ ਦੇ ਉਦੇਸ਼ ਨਾਲ ਮੁਫ਼ਤ ਜਾਂਚ ਕੈਂਪ ਲਗਾਇਆ ਜਾਵੇਗਾ।

ਕੈਂਪ ਦੌਰਾਨ ਸ਼ੰਕਰਾ ਆਈ ਹਸਪਤਾਲ ਲੁਧਿਆਣਾ ਦੇ ਮਾਹਿਰ ਡਾਕਟਰਾਂ ਦੀ ਟੀਮ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰੇਗੀ ਅਤੇ ਲੋੜਵੰਦ ਮਰੀਜ਼ਾਂ ਨੂੰ ਕੌਰਨੀਅਲ ਟ੍ਰਾਂਸਪਲਾਂਟ ਸਬੰਧੀ ਇਲਾਜ ਲਈ ਯੋਗ ਮਾਰਗਦਰਸ਼ਨ ਵੀ ਦਿੱਤਾ ਜਾਵੇਗਾ।

ਕੈਂਪ ਦੇ ਆਯੋਜਨ ਸਬੰਧੀ ਹੋਈ ਮੀਟਿੰਗ ਦੌਰਾਨ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਮੰਦਰ ਅਤੇ ਹਸਪਤਾਲ ਦੇ ਅਹੁਦੇਦਾਰ ਵੀ ਮੌਜੂਦ ਸਨ। ਉਨ੍ਹਾਂ ਨੇ ਕੈਂਪ ਨੂੰ ਸਫਲ ਬਣਾਉਣ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਜੇ. ਬੀ. ਬਹਲ ਨੇ ਕਿਹਾ ਕਿ ਸੰਸਥਾ ਪਿਛਲੇ ਲੰਬੇ ਸਮੇਂ ਤੋਂ ਕਾਰਨੀਅਲ ਅੰਧੇਪਨ ਤੋਂ ਪੀੜਤ ਲੋਕਾਂ ਨੂੰ ਮੁੜ ਰੌਸ਼ਨੀ ਪ੍ਰਦਾਨ ਕਰਨ ਦੀ ਸੇਵਾ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸੋਸਾਇਟੀ ਹੁਣ ਤੱਕ ਛੋਟੇ ਬੱਚਿਆਂ ਤੋਂ ਲੈ ਕੇ ਹਰ ਉਮਰ ਵਰਗ ਦੇ 4173 ਕਾਰਨੀਆ ਅੰਨ੍ਹੇਪਨ ਤੋਂ ਪੀੜਤ ਮਰੀਜ਼ਾਂ ਦੇ ਮੁਫ਼ਤ ਅਪ੍ਰੇਸ਼ਨ ਕਰਵਾ ਚੁੱਕੀ ਹੈ।ਇਸ ਮੌਕੇ ਜਨ ਸੇਵਾ ਸੋਸਾਇਟੀ ਦੇ ਚੇਅਰਮੈਨ ਪ੍ਰਿੰ. ਸ਼ਾਦੀ ਲਾਲ ਆਨੰਦ ਅਤੇ ਬਲਵਿੰਦਰ ਸਿੰਘ ਨੇ ਕਿਹਾ ਕਿ ਮਾਤਾ ਸ਼ੀਤਲਾ ਦੇਵੀ ਮੰਦਰ ਵਿੱਚ ਇਸ ਤਰ੍ਹਾਂ ਦਾ ਮੁਫ਼ਤ ਮੈਡੀਕਲ ਕੈਂਪ ਲੱਗਣਾ ਸਮਾਜ ਲਈ ਬਹੁਤ ਮਹੱਤਵਪੂਰਨ ਸੇਵਾ ਹੈ।

ਇਸ ਮੌਕੇ ਸਕੱਤਰ ਪ੍ਰੋ. ਦਲਜੀਤ ਸਿੰਘ ਨੇ ਦੱਸਿਆ ਕਿ ਕੈਂਪ ਵਿੱਚ ਮਰੀਜ਼ਾਂ ਦੀ ਜਾਂਚ ਤੋਂ ਬਾਅਦ ਜਿਨ੍ਹਾਂ ਲੋਕਾਂ ਨੂੰ ਕੌਰਨੀਅਲ ਟ੍ਰਾਂਸਪਲਾਂਟ ਦੀ ਲੋੜ ਹੋਵੇਗੀ, ਉਨ੍ਹਾਂ ਨੂੰ ਅੱਗੇ ਦੇ ਇਲਾਜ ਦੀ ਪੂਰੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਜਾਵੇਗੀ।

# ਨੰਬਰਦਾਰ ਯੂਨੀਅਨ ਵੱਲੋਂ 5 ਨੂੰ ਮੁੱਖ ਮੰਤਰੀ ਦੀ ਕੋਠੀ ਦੇ ਘਿਰਾਓ ਦਾ ਐਲਾਨ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਨੰਬਰਦਾਰ ਯੂਨੀਅਨ 643 ਸਮਰਾ ਗਰੁੱਪ ਦੀ ਮਹੀਨਾਵਾਰੀ ਮੀਟਿੰਗ ਗੁਰਦੁਆਰਾ ਬੇਬੇ ਨਾਨਕੀ ਜੀ ਸਾਹਿਬ ਵਿਖੇ ਯੂਨੀਅਨ ਦੇ ਪ੍ਰਧਾਨ ਸਾਹਿਬ ਸਿੰਘ ਭੁੱਲਰ ਦੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਨੰਬਰਦਾਰਾਂ ਨੇ ਸਰਕਾਰ ਨੂੰ ਆਪਣੀਆਂ ਮੰਗਾਂ ਤੁਰੰਤ ਮੰਨਣ ਦੀ ਅਪੀਲ ਕੀਤੀ ਗਈ। ਮੀਟਿੰਗ ਵਿੱਚ ਨੰਬਰਦਾਰਾਂ ਨੂੰ ਜੱਦੀ-



ਪੁਸ਼ਤੀ ਨੰਬਰਦਾਰੀ ਦਾ ਹੱਕ ਕਾਇਮ ਰੱਖਣ, ਮਾਣ-ਭੱਤਾ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਨ, ਟੋਲ ਪਲਾਜ਼ਿਆਂ 'ਤੇ ਮੁਫ਼ਤ ਸਹੂਲਤ ਦੇਣ ਅਤੇ ਨੰਬਰਦਾਰਾਂ ਲਈ ਬੱਸ ਸਫ਼ਰ ਮੁਫ਼ਤ ਕਰਨ ਸਮੇਤ ਹੋਰ ਮੰਗਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਯੂਨੀਅਨ ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਸਰਕਾਰ ਵੱਲੋਂ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਗਿਆ ਤਾਂ 5 ਅਕਤੂਬਰ ਦਿਨ ਸੋਮਵਾਰ ਨੂੰ ਸੁਲਤਾਨਪੁਰ ਲੋਧੀ ਤੋਂ ਵੱਡਾ ਕਾਫਲਾ ਲੈ ਕੇ ਸੰਗਰੂਰ ਪਹੁੰਚਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਦੇ ਘਿਰਾਓ ਵਿੱਚ ਵੱਡੀ ਗਿਣਤੀ ਵਿੱਚ ਨੰਬਰਦਾਰ ਸ਼ਮੂਲੀਅਤ ਕਰਨਗੇ। ਮੀਟਿੰਗ ਵਿੱਚ ਨੰਬਰਦਾਰ ਯੂਨੀਅਨ ਦੇ ਵਾਈਸ ਪ੍ਰਧਾਨ ਕਪੂਰਥਲਾ ਮੰਗਲ ਸਿੰਘ ਭੱਟੀ, ਜਨਰਲ ਸਕੱਤਰ ਕੁਲਦੀਪ ਸਿੰਘ ਸਾਂਗਰਾ, ਮੁੱਖ ਪ੍ਰੈਸ ਸਕੱਤਰ ਸੁਖਦੇਵ ਸਿੰਘ ਕਬੀਰਪੁਰ ਅਤੇ ਕੈਸ਼ੀਅਰ ਅਮਰਜੀਤ ਸਿੰਘ ਫੌਜੀ ਕਲੋਨੀ ਤੋਂ ਇਲਾਵਾ ਨੰਬਰਦਾਰ ਜੁਗਰਾਜ ਸਿੰਘ ਫਰੀਦ ਸਰਾਏ, ਗੁਰਪ੍ਰੀਤ ਸਿੰਘ ਚੱਕਬੱਤੀ, ਬਾਲੂ ਬਹਾਦਰ, ਗੁਰਪ੍ਰੀਤ ਸਿੰਘ ਮੰਗੂਪੁਰ, ਮੁਖਤਿਆਰ ਸਿੰਘ ਬਾਊਪੁਰ, ਵਿਰਸਾ ਸਿੰਘ ਬਿੰਦੂ ਜਦੀਦ, ਹੀਰਾ ਸਿੰਘ ਸ਼ੇਖਮਾਗਾ, ਸੁਖਰਾਜ ਸਿੰਘ ਸ਼ੇਖਮਾਗਾ, ਨਿਰਮਲ ਸਿੰਘ ਸ਼ੇਖਮਾਗਾ, ਸੰਤੋਖ ਕੁਮਾਰ ਭਾਗੋ ਬੁੱਢਾ, ਹਰਜੀਤ ਸਿੰਘ ਬੂਸੋਵਾਲ, ਜੋਗਿੰਦਰ ਕੁਮਾਰ ਬੂਸੋਵਾਲ, ਤੀਰਥ ਸਿੰਘ ਪਹਿਲਵਾਨ, ਲਹਿਬਰ ਸਿੰਘ ਸਰਾਏ ਜੱਟਾਂ, ਭਜਨ ਸਿੰਘ ਭਾਗੋ ਰਾਈਆਂ, ਰੇਸ਼ਮ ਸਿੰਘ ਬਿਧੀਪੁਰ, ਕਰਨੈਲ ਸਿੰਘ ਸੂਜੋ ਕਾਲੀਆ, ਗੁਰਮੀਤ ਸਿੰਘ ਅਹਿਮਦਪੁਰ ਅਤੇ ਮਲਕੀਤ ਸਿੰਘ ਮਹਬਲੀਪੁਰ ਸਮੇਤ ਵੱਡੀ ਗਿਣਤੀ ਵਿੱਚ ਨੰਬਰਦਾਰ ਹਾਜ਼ਰ ਸਨ।

# ਸਟੇਸ਼ਨਰੀ ਤੇ ਕਿਤਾਬ ਵੰਡ ਸਮਾਗਮ ਕਰਵਾਇਆ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਰਕਾਰੀ ਮਾਡਲ ਮਿਡਲ ਸਕੂਲ ਸੈਕਟਰ 23 ਚੰਡੀਗੜ੍ਹ ਵਿਖੇ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਵੱਲੋਂ ਬੱਚਿਆਂ ਨੂੰਸਟੇਸ਼ਨਰੀ ਤ ੇਕਿਤਾਬ ਵੰਡ ਸਮਾਗਮ ਅਤੇ ਅਧਿਆਪਕ ਸਨਮਾਨ ਕਰਵਾਇਆ ਗਿਆ, ਜਿਸ ਵਿੱਚ ਪ੍ਰਸਿੱਧ ਸਾਹਿਤਕਾਰ ਤੇ ਪੱਤਰਕਾਰ ਡਾ. ਵਿਨੋਦ ਕੁਮਾਰ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਾਬਕਾ ਡਿਪਟੀ ਸੈਕਟਰੀ, ਪੰਜਾਬ ਸਰਕਾਰ ਰਾਜ ਕੁਮਾਰ ਸਾਹੋਵਾਲੀਆ ਤੇ ਪ੍ਰਸਿੱਧ ਸਾਹਿਤਕਾਰ ਪ੍ਰੇਮ ਵਿਜ, ਵਿਸ਼ੇਸ਼ ਮਹਿਮਾਨ ਸਨ। ਸਮਾਗਮ ਦੀ ਪ੍ਰਧਾਨਗੀ ਸੰਸਥਾ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਕੀਤੀ। ਇਨ੍ਹਾਂ ਦੇ ਨਾਲ ਪ੍ਰਧਾਨਗੀ ਮੰਡਲ ਵਿੱਚ ਡਾ. ਪੰਨਾ ਲਾਲ ਮੁਸਤਫਾਬਾਦੀ, ਬਲਜਿੰਦਰ ਕੌਰ ਸ਼ੇਰਗਿੱਲ ਅਤੇ ਸਕੂਲ ਮੁੱਖ ਅਧਿਆਪਕ ਹਰਜੀਤ ਸਿੰਘ ਸ਼ਾਮਲ ਸਨ।ਸਕੂਲ ਅਧਿਆਪਕ ਹਰਜੀਤ ਸਿੰਘ ਨੇ ਮਹਿਮਾਨਾਂ ਨਾਲ ਜਾਣ ਪਹਿਚਾਣ ਕਰਵਾਉਂਦਿਆਂ ਸਭ ਨੂੰ ਜੀ ਆਇਆਂ ਨੂੰ ਆਖਿਆ। ਸਮਾਗਮ ਦੀ ਆਰੰਭਤਾ ਜਗਤਾਰ ਸਿੰਘ ਜੋਗ ਵਲੋਂ ਪ੍ਰਿੰ. ਗੋਸਲ ਰਚਿਤ ਗੀਤ 'ਆਓ ਸਤਿਕਾਰ ਗੁਰਮੁਖੀ ਕਰੀਏ, ਬਾਣੀ ਗੁਰਾਂ ਦੀ ਹਰ ਰੋਜ਼ ਪੜ੍ਹੀਏ' ਗਾ ਕੇ ਕੀਤੀ। ਪ੍ਰਿੰ. ਗੋਸਲ ਨੇ ਸਿੱਖਿਆ, ਵਾਤਾਵਰਣ ਅਤੇ ਬੱਚਿਆਂ ਨੂੰ ਪ੍ਰੇਰਣਾ ਦੀ ਮਹੱਤਤਾ ਬਾਰੇ ਦੱਸਿਆ। ਬਲਜਿੰਦਰ ਸ਼ੇਰਗਿੱਲ ਨੇ ਬੱਚਿਆਂ ਨਾਲ ਮਿਲ ਕੇ ਕਵਿਤਾ ਦਾ ਗਾਇਣ ਕੀਤਾ, ਜਿਸ ਨੂੰ ਬੱਚਿਆਂ ਨੇ ਬਹੁਤ ਪਸੰਦ ਕੀਤਾ। ਪ੍ਰਧਾਨਗੀ ਮੰਡਲ ਵੱਲੋਂ



ਸਕੂਲ ਵੱਲੋਂ ਬੈੱਸਟ ਈਕੋ ਐਵਾਰਡ ਜਿੱਤਣ ਤੇ ਵਾਤਾਵਰਣ ਪ੍ਰੇਮੀ ਹੋਣ ਸਦਕਾ ਸਕੂਲ ਮੁੱਖ ਅਧਿਆਪਕ ਹਰਜੀਤ ਸਿੰਘ, ਮੈਥ ਅਧਿਆਪਕ ਸਤਿੰਦਰ ਸਿੰਘ ਅਤੇ ਮਾਲੀ ਸ਼ਿਵ ਰਾਮ ਨੂੰ ਸ਼ਾਲ, ਮੋਮੈਂਟੋ, ਗੋਲਡ ਮੈਡਲ, ਕਿਤਾਬਾਂ ਦੇ ਸੈੱਟ ਅਤੇ ਫੁੱਲਾਂ ਦੇ ਗੁਲਦਸਤੇ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੇ 30 ਬੱਚਿਆਂ ਨੂੰ ਸਟੇਸ਼ਨਰੀ, ਪ੍ਰਿੰ. ਗੋਸਲ ਰਚਿਤ ਪੁਸਤਕਾਂ ਵੰਡੀਆਂ ਗਈਆਂ ਤਾਂ ਕਿ ਬੱਚੇ ਚੰਗੀ ਸਿੱਖਿਆ ਪ੍ਰਾਪਤ ਕਰ ਸਕਣ।ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸਕੂਲ ਦੇ ਬੱਚਿਆਂ ਤੇ ਅਧਿਆਪਕਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚ ਹਰਜੀਤ ਸਿੰਘ, ਮਨਜੀਤ ਸਿੰਘ, ਹਿਮਾਨੀ ਰਾਣਾ, ਰਤਿੰਦਰ ਕੌਰ, ਮੀਨਾ ਕੁਮਾਰੀ, ਪਾਇਲ ਸ਼ਰਮਾ, ਅਨੁਕੰਮਪਾ ਬਹਿਲ, ਅਮਨਦੀਪ ਕੌਰ, ਸਤਿੰਦਰ ਕੁਮਾਰ, ਸੁਮਨ, ਪੂਜਾ, ਪ੍ਰਭਾਤ ਕਿਰਨ, ਪੂਨਮ, ਆਸ਼ਾ, ਮਨਦੀਪ, ਨਾਰੇਸ਼, ਊਸ਼ਾ, ਪੂਜਾ, ਅਮਰਜੀਤ, ਲਲਿਤ ਗਰਗ ਅਤੇ ਬਲਵਿੰਦਰ ਸਿੰਘ ਵੀ ਸ਼ਾਮਲ ਸਨ। ਸਟੇਜ ਸਕੱਤਰ ਦੀ ਸੇਵਾ ਸੰਸਥਾ ਦੇ ਜਨਰਲ ਸਕੱਤਰ ਅਵਤਾਰ ਸਿੰਘ ਮਹਿਤਪੁਰੀ ਵਲੋਂ ਬਾਖੂਬੀ ਨਿਭਾਈ ਗਈ।

# ਕੁਰਾਲੀ ਸਬ-ਡਵੀਜ਼ਨ ਦੇ ਐਕਸੀਅਨ ਖ਼ਿਲਾਫ਼ ਬਿਜਲੀ ਕਾਮਿਆਂ ਵੱਲੋਂ ਰੋਸ ਰੈਲੀ



**ਮੋਰਿੰਡਾ (ਨਿਹਾਲ ਸਿੰਘ ਕਲਸੀ)** ਬਿਜਲੀ ਕਾਮਿਆਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਜਾਇਜ਼ ਮੰਗਾਂ ਦਾ ਹੱਲ ਨਾ ਹੋਣ ਦੇ ਰੋਸ ਵਜੋਂ ਕੁਰਾਲੀ ਡਿਵੀਜ਼ਨ ਦੇ ਐਕਸੀਅਨ ਖ਼ਿਲਾਫ਼ ਮੋਰਿੰਡਾ ਸਬ-ਡਿਵੀਜ਼ਨ ਵਿਖੇ ਜ਼ੋਰਦਾਰ ਰੋਸ ਰੈਲੀ ਕੀਤੀ ਗਈ। ਇਹ ਰੈਲੀ ਮੁਲਾਜ਼ਮ ਜਥੇਬੰਦੀਆਂ ਵੱਲੋਂ ਉਲੀਕੇ ਗਏ ਸੰਘਰਸ਼ ਪ੍ਰੋਗਰਾਮ ਤਹਿਤ ਕੀਤੀ ਗਈ। ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਸੁਖਵਿੰਦਰ ਸਿੰਘ ਦੁੱਮਣਾ ਮੈਂਬਰ ਜੁਆਇੰਟ ਫੋਰਮ ਪੰਜਾਬ, ਨਿਰਮਲ ਸਿੰਘ ਜੋਨ ਸਕੱਤਰ ਟੀ ਐਸ ਯੂ ਮੋਹਾਲੀ, ਬਰਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ ਐਮ ਐਸ ਯੂ, ਸੁਖਜਿੰਦਰ ਸਿੰਘ ਸਰਕਲ ਪ੍ਰਧਾਨ ਰੋਪੜ, ਬਲਵਿੰਦਰ ਰਡਿਆਲਾ ਸਰਕਲ ਪ੍ਰਧਾਨ ਮੋਹਾਲੀ, ਸੁਰਿੰਦਰ ਕੁਮਾਰ ਸ਼ਰਮਾ ਡਿਵੀਜ਼ਨ ਪ੍ਰਧਾਨ ਕੁਰਾਲੀ, ਸਿਮਰਨਪ੍ਰੀਤ ਸਿੰਘ, ਡਿਵੀਜ਼ਨ ਪ੍ਰਧਾਨ ਐਮ ਐਸ ਯੂ ਕੁਰਾਲੀ, ਬਲਵਿੰਦਰ ਸਿੰਘ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ, ਗੁਲਜ਼ਾਰ ਸਿੰਘ ਸਬ-ਡਿਵੀਜ਼ਨ ਪ੍ਰਧਾਨ ਮੋਰਿੰਡਾ ਅਤੇ ਸ਼ੇਰ ਸਿੰਘ ਸਬ-ਡਿਵੀਜ਼ਨ ਪ੍ਰਧਾਨ ਸਿਟੀ ਖਰੜ ਨੇ ਕਿਹਾ ਕਿ ਬਿਜਲੀ ਕਾਮਿਆਂ ਦੀਆਂ ਕਈ ਜਾਇਜ਼ ਅਤੇ ਬੁਨਿਆਦੀ ਮੰਗਾਂ ਲੰਬੇ ਸਮੇਂ ਤੋਂ ਲਟਕ ਰਹੀਆਂ ਹਨ।

ਆਗੂਆਂ ਨੇ ਕਿਹਾ ਕਿ ਦਫ਼ਤਰਾਂ ਦੀ ਸਫ਼ਾਈ, ਬਾਥਰੂਮਾਂ ਦਾ ਢੁੱਕਵਾਂ ਪ੍ਰਬੰਧ, ਮਹਿਲਾ ਸਟਾਫ਼ ਲਈ ਵੱਖਰੇ ਬਾਥਰੂਮ ਦੀ ਵਿਵਸਥਾ, ਲੋੜ ਅਨੁਸਾਰ ਸਟਾਫ਼ ਦੀ ਤਾਇਨਾਤੀ ਅਤੇ ਟੈਕਨੀਕਲ ਕਾਮਿਆਂ ਤੋਂ ਕਲੈਰੀਕਲ ਕੰਮ ਲੈਣ ਸਮੇਤ ਹੋਰ ਮਸਲਿਆਂ ਦੇ ਹੱਲ ਲਈ ਐਕਸੀਅਨ ਕੁਰਾਲੀ ਨਾਲ ਕਈ ਵਾਰ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ। ਇਸ ਦੇ ਬਾਵਜੂਦ ਮੰਗਾਂ ਦਾ ਕੋਈ ਢੁੱਕਵਾਂ ਹੱਲ ਨਾ ਹੋਣ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਬਿਜਲੀ ਕਾਮੇ ਆਪਣੀਆਂ ਡਿਊਟੀਆਂ ਪੂਰੀ ਜ਼ਿੰਮੇਵਾਰੀ ਨਾਲ ਨਿਭਾ ਰਹੇ ਹਨ, ਜੇਕਰ ਮੰਗਾਂ ਦਾ ਤੁਰੰਤ ਅਤੇ ਜਾਇਜ਼ ਹੱਲ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗੀ। ਰੋਸ ਰੈਲੀ ਵਿੱਚ ਯੋਗਰਾਜ ਸਿੰਘ ਜੋਨ ਆਗੂ, ਸਵਾਰਨ ਕੌਰ, ਪਰਮਜੀਤ ਕੌਰ, ਬਲਜਿੰਦਰ ਢੇਰ, ਜਰਨੈਲ ਸਿੰਘ, ਗੋਪੀ ਚੰਦ, ਸੁਖਵਿੰਦਰ ਸਿੰਘ ਕੁਰਾਲੀ, ਮਲਕੀਤ ਸਿੰਘ, ਗੁਰਨਾਮ ਸਿੰਘ, ਮਦਨ ਲਾਲ, ਜਸਵੀਰ ਸਿੰਘ, ਅਵਤਾਰ ਸਿੰਘ, ਗੁਰਮਿੰਦਰ ਸਿੰਘ, ਰੇਸ਼ਮ ਸਿੰਘ, ਗੁਰਦਿਆਲ ਸਿੰਘ, ਰਸ਼ਪਾਲ ਸਿੰਘ, ਤਰਲੋਚਨ ਸਿੰਘ ਅਤੇ ਹਰਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਬਿਜਲੀ ਕਾਮਿਆਂ ਨੇ ਸ਼ਮੂਲੀਅਤ ਕੀਤੀ ਅਤੇ ਪ੍ਰਬੰਧਕਾਂ ਖ਼ਿਲਾਫ਼ ਆਪਣਾ ਰੋਸ ਪ੍ਰਗਟ ਕੀਤਾ।

# ਮੋਹਿੰਦਰ ਭਗਤ ਨੇ ਸਫ਼ਾਈ ਮੁਹਿੰਮ ਦੀ ਕੀਤੀ ਅਗਵਾਈ, ਖ਼ੁਦ ਸਾਫ਼ ਕੀਤੀਆਂ ਗਲੀਆਂ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ 'ਕਲੀਨ ਪੰਜਾਬ' ਮਿਸ਼ਨ ਤਹਿਤ ਸਥਾਨਕ ਨਿਊ ਗੌਤਮ ਨਗਰ ਵਿਖੇ ਚਲਾਈ ਗਈ ਸਫ਼ਾਈ ਮੁਹਿੰਮ ਵਿੱਚ ਹਿੱਸਾ ਲਿਆ। ਪੰਜਾਬ ਸਰਕਾਰ ਵੱਲੋਂ 29 ਅਗਸਤ ਤੋਂ ਸ਼ੁਰੂ ਕੀਤੀ ਇਸ ਮੁਹਿੰਮ ਦਾ ਉਦੇਸ਼ ਕੂੜੇ ਦੇ



ਢੇਰਾਂ ਵਾਲੀਆਂ ਥਾਵਾਂ (ਜੀ ਵੀ ਪੀ) ਨੂੰ ਖ਼ਤਮ ਕਰਨਾ ਅਤੇ ਸੂਬੇ ਭਰ ਵਿੱਚ ਸਾਫ਼-ਸੁਥਰੇ ਮਾਹੌਲ ਨੂੰ ਉਤਸ਼ਾਹਿਤ ਕਰਨਾ ਹੈ।ਕੈਬਨਿਟ ਮੰਤਰੀ ਨੇ ਸਫ਼ਾਈ ਮੁਹਿੰਮ ਦੌਰਾਨ ਸੈਨੀਟੇਸ਼ਨ ਵਰਕਰਾਂ ਨਾਲ ਮਿਲ ਕੇ ਖ਼ੁਦ ਗਲੀਆਂ ਦੀ ਸਫ਼ਾਈ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਉਦੋਂ ਹੀ ਸਫ਼ਲ ਹੋ ਸਕਦੇ ਹਨ, ਜਦੋਂ ਸਰਕਾਰੀ ਏਜੰਸੀਆਂ ਅਤੇ ਨਾਗਰਿਕ ਆਪਣੇ ਆਲੇ-ਦੁਆਲੇ ਨੂੰ ਸਾਫ਼ ਸੁਥਰਾ ਬਣਾਈ ਰੱਖਣ ਲਈ ਇਕੱਠੇ ਮਿਲ ਕੇ ਕੰਮ ਕਰਨ। ਭਗਤ ਨੇ ਕਿਹਾ ਕਿ ਸਫ਼ਾਈ ਸਿਰਫ਼ ਸਰਕਾਰ ਜਾਂ ਨਗਰ ਨਿਗਮ/ਕੌਂਸਲਾਂ ਦੀ ਜ਼ਿੰਮੇਵਾਰੀ ਨਹੀਂ ਹੈ ਸਗੋਂ ਇਹ ਸਾਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਸਫ਼ਾਈ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਅਪੀਲ ਕੀਤੀ ਅਤੇ ਕਿਹਾ ਕਿ ਕੂੜਾ-ਕਰਕਟ ਤੋਂ ਮੁਕਤ ਕੀਤੀਆਂ ਥਾਵਾਂ ਨੂੰ ਸਾਫ਼-ਸੁਥਰਾ ਰੱਖਣ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਾਂਗੇ ਤਾਂ ਹੀ ਸ਼ਹਿਰ ਨੂੰ ਸਾਫ਼-ਸੁਥਰਾ ਬਣਾ ਸਕਾਂਗੇ। 8 ਸਤੰਬਰ ਤੱਕ ਚੱਲਣ ਵਾਲੀ 10 ਰੋਜ਼ਾ ਸੂਬਾ ਪੱਧਰੀ ਸਫ਼ਾਈ ਮੁਹਿੰਮ ਦਾ ਉਦੇਸ਼ ਸਰਕਾਰੀ ਵਿਭਾਗਾਂ, ਨਗਰ ਨਿਗਮ/ਕੌਂਸਲਾਂ ਤੇ ਸਥਾਨਕ ਭਾਈਚਾਰੇ ਦੇ ਸਾਂਝੇ ਯਤਨਾਂ ਨਾਲ ਕੂੜੇ ਦੇ ਢੇਰਾਂ ਵਾਲੀਆਂ ਥਾਵਾਂ ਦੀ ਪਹਿਚਾਣ ਕਰਕੇ ਉਨ੍ਹਾਂ ਦੀ ਸਫਾਈ ਕਰਨਾ ਅਤੇ ਇਨ੍ਹਾਂ ਥਾਵਾਂ 'ਤੇ ਦੁਬਾਰਾ ਕੂੜਾ ਜਮ੍ਹਾ ਹੋਣ ਤੋਂ ਰੋਕਣਾ ਹੈ।

# ਨੌਜਵਾਨ ਦੇ ਕਾਤਲਾਂ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਰੋਸ ਪ੍ਰਦਰਸ਼ਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬੀਤੇ ਦਿਨੀ ਪਿੰਡ ਮੁੰਡੀਆਂ ਤੇ ਢੋਲਣ ਮਾਜਰਾ ਰੋਡ ਤੇ ਹੋਏ ਝਗੜੇ ਦੌਰਾਨ ਗੋਲੀਆਂ ਮਾਰ ਕੇ ਮਾਰੇ ਗਏ ਸਰਹਾਣਾ ਨਿਵਾਸੀ ਅਜੇ ਕੁਮਾਰ ਦੇ ਪਰਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਵੱਲੋਂ ਦੋਸ਼ੀਆਂ ਦੀ



ਗ੍ਰਿਫ਼ਤਾਰੀ ਨੂੰ ਲੈ ਕੇ ਸਰਹਾਣਾ ਵਿਖੇ ਮੋਰਿੰਡਾ ਸ੍ਰੀ ਚਮਕੌਰ ਸਾਹਿਬ ਰੋਡ ਜਾਮ ਕਰਕੇ ਰੋਸ ਦਾ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪਹੁੰਚੇ ਭਾਰਤੀ ਜਨਤਾ ਪਾਰਟੀ ਐਸ ਸੀ ਵਿੰਗ ਜ਼ਿਲ੍ਹਾ ਰੂਪਨਗਰ ਦੀ ਪ੍ਰਧਾਨ ਮੇਜਰ ਅੰਜੂ ਬਾਲਾ ਸਿੰਘ ਨੇ ਕਿਹਾ ਕਿ ਪੰਜਾਬ ਪੁਲਸ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਾ ਕਰਕੇ ਮ੍ਰਿਤਕ ਪਰਿਵਾਰ ਦੇ ਜ਼ਖਮਾਂ ਤੇ ਲੂਣ ਛਿੜਕ ਰਹੀ ਹੈ ਜਦਕਿ ਪੁਲਿਸ ਪ੍ਰਸ਼ਾਸਨ ਨੂੰ ਚਾਹੀਦਾ ਸੀ ਕਿ ਪੁਲਿਸ ਮਾਮਲੇ ਵਿੱਚ ਨਾਮਜਦ ਨੌਜਵਾਨਾਂ ਨੂੰ ਗ੍ਰਿਫਤਾਰ ਕਰਕੇ ਇਸ ਮਾਮਲੇ ਵਿੱਚ ਸ਼ਾਮਿਲ ਹੋਰਨਾਂ ਨੌਜਵਾਨਾਂ ਦੀ ਤਫਦੀਸ਼ ਕਰਕੇ ਗ੍ਰਿਫਤਾਰ ਕੀਤਾ ਜਾਵੇ। ਮ੍ਰਿਤਕ ਅਜੇ ਕੁਮਾਰ ਦੀ ਮਾਤਾ ਬੀਨਾ ਰਾਣੀ ਅਤੇ ਭੈਣ ਪੂਜਾ ਰਾਣੀ ਨੇ ਕਿਹਾ ਕਿ ਜਦੋਂ ਤੱਕ ਅਜੇ ਕੁਮਾਰ ਦੇ ਕਾਤਲਾਂ ਨੂੰ ਗ੍ਰਿਫਤਾਰ ਨਹੀਂ ਕੀਤਾ ਜਾਂਦਾ ਉਦੋਂ ਤੱਕ ਅਜੇ ਕੁਮਾਰ ਦੀ ਮ੍ਰਿਤਕ ਦੇਹ ਦਾ ਸੰਸਕਾਰ ਨਹੀਂ ਕੀਤਾ ਜਾਵੇਗਾ। ਇਸ ਮੌਕੇ ਪਹੁੰਚੇ ਐੱਸ ਐੱਚ ਓ ਸਿਟੀ ਮੋਰਿੰਡਾ ਗਗਨਦੀਪ ਸਿੰਘ ਨੇ ਦੱਸਿਆ ਕਿ ਇਸ ਵਾਰਦਾਤ ਦੇ ਸਬੰਧੀ ਐਫ ਆਈ ਆਰ 114 ਨੰਬਰ ਦਰਜ ਹੋਈ ਹੈ ਅਤੇ ਉਹਨਾਂ ਵੱਲੋਂ ਪਹਿਲਾਂ ਵੀ ਪੁਸ਼ਵਿੰਦਰ ਸਿੰਘ ਦੇ ਬਿਆਨ ਦੇ ਆਧਾਰ 'ਤੇ ਮਨੀ ਅਤੇ ਗਗਨ ਵਾਸੀਆਨ ਚੱਕਲਾਂ, ਮਿੰਦੀ ਡਾਕਟਰ ਵਾਸੀ ਲੁਠੇੜੀ, ਕਰਨ ਵਾਸੀ ਸ਼ਾਦੀਪੁਰ, ਹਰਿੰਦਰ ਸਿੰਘ ਉਰਫ਼ ਲੱਕੀ ਵਾਸੀ ਸਰਹਾਣਾ, ਸੰਦੀਪ ਕੁਮਾਰ ਉਰਫ ਨੱਟ ਵਾਸੀ ਦਤਾਰਪੁਰ ਅਤੇ 14-15 ਹੋਰ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ। ਉਸ ਤੋਂ ਬਾਅਦ ਤਫਦੀਸ਼ ਦੌਰਾਨ ਸੰਦੀਪ ਕੁਮਾਰ ਉਰਫ ਨੱਟ ਪੁੱਤਰ ਰਾਮ ਕੁਮਾਰ ਵਾਸੀ ਦਤਾਰਪੁਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਸੰਦੀਪ ਕੁਮਾਰ ਦੇ ਬਿਆਨਾਂ ਦੇ ਆਧਾਰ ਤੇ ਅਮਨਦੀਪ ਸਿੰਘ ਪੁੱਤਰ ਕੁਲਦੀਪ ਸਿੰਘ ਨੂੰ ਵੀ ਬਤੌਰ ਦੋਸ਼ੀ ਨਾਮਜਦ ਕੀਤਾ ਗਿਆ ਹੈ। ਐੱਸ ਐੱਚ ਓ ਗਗਨਦੀਪ ਸਿੰਘ ਨੇ ਕਿਹਾ ਕਿ ਇਸ ਮਾਮਲੇ ਵਿੱਚ ਸ਼ਾਮਿਲ ਹਰ ਇੱਕ ਦੋਸ਼ੀਆਂ ਨੂੰ ਜਲਦੀ ਗ੍ਰਿਫਤਾਰ ਕੀਤਾ ਜਾਵੇਗਾ। ਇਸ ਰੋਸ ਪ੍ਰਦਰਸ਼ਨ ਵਿੱਚ ਮ੍ਰਿਤਕ ਦੀ ਮਾਤਾ ਬੀਨਾ ਰਾਣੀ, ਭੈਣ ਪੂਜਾ ਰਾਣੀ, ਜਵਾਈ ਮਨਜੀਤ ਕੁਮਾਰ ਕਾਈਨੌਰ, ਮਾਮਾ ਤਰਸੇਮ ਲਾਲ, ਮਾਮਾ ਸੋਹਣ ਲਾਲ, ਚਾਚਾ ਅਮਨਦੀਪ ਕੁਮਾਰ, ਸੁਖਵਿੰਦਰ ਸਿੰਘ, ਸੋਨੂ ਕੁਮਾਰ ਤੋਂ ਇਲਾਵਾ ਸਰਪੰਚ ਸਿਮਰਨਜੀਤ ਸਿੰਘ, ਸੁਖਦੇਵ ਸਿੰਘ ਸੁੱਖਾ, ਸੁਖਵਿੰਦਰ ਸਿੰਘ, ਸੁਰਜੀਤ ਸਿੰਘ, ਸੁਖਜੀਤ ਸਿੰਘ ਆਦਿ ਹਾਜ਼ਰ ਸਨ।

# ਰਾਹੁਲ ਖ਼ਿਲਾਫ਼ ਐੱਫ ਆਈ ਆਰ ਦੇ ਵਿਰੋਧ 'ਚ ਕਾਂਗਰਸ ਵੱਲੋਂ ਧਰਨਾ

**ਬਲਾਚੌਰ (ਜਸਵਿੰਦਰ ਬੈਂਸ)**- ਕਾਂਗਰਸ ਦੇ ਸੀਨੀਅਰ ਆਗੂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਖ਼ਿਲਾਫ਼ ਦਰਜ ਕੀਤੀ ਗਈ ਐਫ.ਆਈ.ਆਰ. ਦੇ ਵਿਰੋਧ ਵਿੱਚ ਬਲਾਚੌਰ ਵਿਖੇ ਜ਼ਿਲ੍ਹਾ ਕਾਂਗਰਸ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਆਗੂ, ਅਹੁਦੇਦਾਰ, ਯੂਥ ਕਾਂਗਰਸੀ ਅਤੇ ਪਾਰਟੀ ਵਰਕਰ ਸ਼ਾਮਲ ਹੋਏ।

ਆਗੂਆਂ ਨੇ ਮੰਗ ਕੀਤੀ ਕਿ ਰਾਹੁਲ ਗਾਂਧੀ ਖ਼ਿਲਾਫ਼ ਦਰਜ ਕੀਤੀ ਗਈ ਐਫ.ਆਈ.ਆਰ. ਨੂੰ ਤੁਰੰਤ ਰੱਦ ਕੀਤਾ ਜਾਵੇ। ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਕਾਲਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਕਿਸਾਨ ਸੈੱਲ, ਬਲਜਿੰਦਰ ਸਿੰਘ, ਮੋਹਨ ਲਾਲ ਮੰਧੂ ਬਲਾਕ ਪ੍ਰਧਾਨ ਬਲਾਚੌਰ, ਧਰਮਪਾਲ ਚੇਅਰਮੈਨ, ਕੁਲਵਰਨ ਸਿੰਘ ਬਲਾਕ ਪ੍ਰਧਾਨ ਬੰਗਾ, ਰਾਜਿੰਦਰ



ਵੱਲੋਂ ਜ਼ੋਰਦਾਰ ਰੋਸ ਧਰਨਾ ਪ੍ਰਦਰਸ਼ਨ ਕੀਤਾ ਗਿਆ। ਧਰਨੇ ਦੌਰਾਨ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਭਾਜਪਾ ਸਰਕਾਰ ਦੀ ਕਾਰਵਾਈ ਖ਼ਿਲਾਫ਼ ਤਿੱਖਾ ਰੋਸ ਪ੍ਰਗਟ ਕਰਦਿਆਂ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਅਜੇ ਮੰਗੂਪੁਰ, ਜ਼ਿਲ੍ਹਾ ਪ੍ਰਧਾਨ ਕਾਂਗਰਸ, ਸ਼ਹੀਦ ਭਗਤ ਸਿੰਘ ਨਗਰ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਆਵਾਜ਼ ਨੂੰ ਐੱਫ ਆਈ ਆਰ ਅਤੇ ਸਰਕਾਰੀ ਦਬਾਅ ਨਾਲ ਦਬਾਇਆ ਨਹੀਂ ਜਾ ਸਕਦਾ। ਇਸ ਦੌਰਾਨ ਨਰਿੰਦਰ ਮੋਦੀ ਦਾ ਪੁਤਲਾ ਫੂਕ ਰੋਸ ਪ੍ਰਦਰਸ਼ਨ ਕੀਤਾ ਗਿਆ। ਧਰਨੇ ਵਿੱਚ ਵੱਡੀ ਗਿਣਤੀ ਵਿੱਚ ਕਾਂਗਰਸੀ ਸਿੰਘ ਸ਼ਿੰਦੀ ਜਨਰਲ ਸਕੱਤਰ, ਸੁਰੇਸ਼ ਕੁਮਾਰ ਪ੍ਰਧਾਨ ਐਸ ਸੀ ਸੈੱਲ, ਹਰਪ੍ਰੀਤ ਰੈਲੀ ਯੂਥ ਪ੍ਰਧਾਨ, ਸੁਰਿੰਦਰ ਸ਼ਿੰਦਾ ਬੁਲਾਰਾ, ਕੁਲਦੀਪ ਕੁਮਾਰ ਦੀਪਾ ਬਲਾਕ ਪ੍ਰਧਾਨ ਕਿਸਾਨ ਸੈੱਲ, ਸੋਮਨਾਥ ਤੱਕਲਾ ਸੀਨੀਅਰ ਮੀਤ ਪ੍ਰਧਾਨ, ਪਾਨੀ ਕੁਮਾਰ ਕੌਂਸਲਰ, ਨਰੇਸ਼ ਚੇਚੀ ਕੌਂਸਲਰ, ਪਰਮਿੰਦਰ ਮੇਨਕਾ, ਸ਼ੰਕਰ ਕੁਮਾਰ ਸਰਪੰਚ ਮੱਕੋਵਾਲ, ਆਤਮਾ ਰਾਮ ਸੀਨੀਅਰ ਆਗੂ, ਮੋਹਿੰਦਰ ਪਾਲ ਮੀਤ ਪ੍ਰਧਾਨ, ਪਰਮਜੀਤ ਕੌਰ ਮਹਿਲਾ ਪ੍ਰਧਾਨ, ਮਨਦੀਪ ਮੀਨਾ, ਵਿਜੇ ਕੁਮਾਰ ਮੀਤ ਪ੍ਰਧਾਨ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।

# ਮੋਟਰਸਾਈਕਲ ਨੌਜਵਾਨ ਗੰਭੀਰ ਜ਼ਖ਼ਮੀ

**ਫਿਲੌਰ (ਨਿਰਮਲ)**- ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਇੱਕ ਰਾਹਗੀਰ ਵੱਲੋਂ ਮਿਲੀ ਸੂਚਨਾ ਦੇ ਆਧਾਰ 'ਤੇ ਫਗਵਾੜੇ ਨੇੜੇ ਸੜਕ ਹਾਦਸੇ ਵਿੱਚ ਜ਼ਖ਼ਮੀ ਹੋਏ ਨੌਜਵਾਨ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਸਰਬਜੀਤ ਸਿੰਘ ਨੇ ਦੱਸਿਆ ਕਿ ਟੀਮ ਨੂੰ ਕਿਸੇ ਰਾਹਗੀਰ ਵੱਲੋਂ ਹਾਦਸੇ ਦੀ ਸੂਚਨਾ ਮਿਲੀ ਸੀ। ਸੂਚਨਾ ਮਿਲਦੇ ਹੀ ਟੀਮ ਮੌਕੇ 'ਤੇ ਪਹੁੰਚੀ ਤਾਂ ਦੇਖਿਆ ਕਿ ਇੱਕ ਨੌਜਵਾਨ ਸਪਲੈਂਡਰ ਮੋਟਰਸਾਈਕਲ 'ਤੇ ਜਲੰਧਰ ਸਾਈਡ ਤੋਂ ਲੁਧਿਆਣਾ ਵੱਲ ਜਾ ਰਿਹਾ ਸੀ।ਉਨ੍ਹਾਂ ਦੱਸਿਆ ਕਿ ਪ੍ਰਿਥਵੀ ਰਿਜ਼ੋਰਟ ਦੇ ਸਾਹਮਣੇ ਹਾਈਵੇ 'ਤੇ ਮੋਟਰਸਾਈਕਲ ਦਾ ਸੰਤੁਲਨ ਵਿਗੜ ਜਾਣ ਕਾਰਨ ਉਹ ਸੜਕ ਕਿਨਾਰੇ ਲੱਗੀ ਸਟੀਲ ਗਰਿੱਲ ਨਾਲ ਜਾ ਟਕਰਾਇਆ, ਜਿਸ ਕਾਰਨ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਸੜਕ ਸੁਰੱਖਿਆ ਫੋਰਸ ਟੀਮ ਨੇ ਤੁਰੰਤ 108 ਐਂਬੂਲੈਂਸ ਨੂੰ ਮੌਕੇ 'ਤੇ ਬੁਲਾਇਆ ਅਤੇ ਜ਼ਖ਼ਮੀ ਨੌਜਵਾਨ ਨੂੰ ਇਲਾਜ ਲਈ ਸਿਵਲ ਹਸਪਤਾਲ ਫਗਵਾੜਾ ਭੇਜਿਆ ਗਿਆ। ਇਸ ਦੌਰਾਨ ਮੋਟਰਸਾਈਕਲ ਨੂੰ ਸੁਰੱਖਿਅਤ ਥਾਂ 'ਤੇ ਇੱਕ ਢਾਬੇ 'ਤੇ ਰਖਵਾ ਦਿੱਤਾ ਗਿਆ।ਹਾਦਸੇ ਸਬੰਧੀ ਥਾਣਾ ਫਿਲੌਰ ਦੇ ਨਾਈਟ ਮੁਣਸ਼ੀ ਨੂੰ ਫੋਨ ਰਾਹੀਂ ਸੂਚਿਤ ਕਰ ਦਿੱਤਾ ਗਿਆ।

# ਪੰਜਾਬ ਦੇ ਸਰਬਪੱਖੀ ਵਿਕਾਸ ਲਈ ਕਾਂਗਰਸ ਨੂੰ ਜਿਤਾਉਣਾ ਜ਼ਰੂਰੀ : ਗਿਲਜੀਆਂ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਬਾਬਕ ਵਿਖੇ ਕਾਂਗਰਸ ਪਾਰਟੀ ਦੀ ਇੱਕ ਅਹਿਮ ਮੀਟਿੰਗ ਕਰਵਾਈ ਗਈ, ਜਿਸ ਵਿੱਚ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਅਤੇ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਜਿੱਥੇ ਸੂਬੇ ਦੇ ਮੌਜੂਦਾ ਸਿਆਸੀ ਹਾਲਾਤ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ, ਉੱਥੇ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਪਾਰਟੀ ਦੀਆਂ ਸਰਗਰਮੀਆਂ ਤੇਜ਼ ਕਰਨ ਅਤੇ ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਭਰਵੇਂ



ਇਕੱਠ ਨੂੰ ਸੰਬੋਧਨ ਕਰਦਿਆਂ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਸਰਵਪੱਖੀ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ ਸੀ।

ਉਨ੍ਹਾਂ ਕਿਹਾ ਕਿ ਪੰਜਾਬ ਨੂੰ ਮੁੜ ਵਿਕਾਸ ਦੀ ਲੀਹ 'ਤੇ ਲਿਆਉਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨਾ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਜਿਤਾਉਣਾ ਜ਼ਰੂਰੀ ਹੈ। ਇਸ ਮੌਕੇ ਪ੍ਰਧਾਨ ਅਵਤਾਰ ਸਿੰਘ, ਸਰਪੰਚ ਦਵਿੰਦਰ ਸਿੰਘ, ਸੁਖਵਿੰਦਰ ਸਿੰਘ ਬਿੱਲੂ, ਨੰਬਰਦਾਰ ਸੁਮੀਤ ਸਿੰਘ, ਬਲਵਿੰਦਰ ਸਿੰਘ, ਸੰਦੀਪ ਸਿੰਘ, ਸੂਬੇਦਾਰ ਧਰਮ ਸਿੰਘ, ਤਰਸੇਮ ਸਿੰਘ, ਕਰਨੈਲ ਸਿੰਘ, ਦੀਦਾਰ ਸਿੰਘ, ਅੰਮ੍ਰਿਤਪਾਲ ਸਿੰਘ, ਨਿਰਵੈਰ ਸਿੰਘ, ਸੁਰਜੀਤ ਸਿੰਘ, ਮੇਜਰ ਸਿੰਘ, ਜਗਮੀਤ ਸਿੰਘ, ਰਵਿੰਦਰ ਸਿੰਘ, ਬਲਦੇਵ ਸਿੰਘ, ਹਰਪਾਲ ਸਿੰਘ, ਗੁਰਮੇਲ ਸਿੰਘ, ਪ੍ਰੇਮ ਸਿੰਘ, ਪ੍ਰਧਾਨ ਸੁਰਜੀਤ ਸਿੰਘ, ਜੋਗਿੰਦਰਪਾਲ, ਗੁਰਮੀਤ ਸਿੰਘ, ਹਰਨੇਕ ਸਿੰਘ, ਫੌਜੀ ਮਹਿੰਦਰ ਪਾਲ, ਅਸ਼ਵਨੀ ਕੁਮਾਰ, ਵੀਰ ਸਿੰਘ, ਕੁਲਵੀਰ ਸਿੰਘ, ਪਰਮਿੰਦਰ ਸਿੰਘ, ਸਤਵੰਤ ਸਿੰਘ, ਗੁਰਮੁਖ ਸਿੰਘ, ਸੰਮਤੀ ਮੈਂਬਰ ਬਲਵਿੰਦਰ ਸਿੰਘ, ਤਰਨਪ੍ਰੀਤ ਸਿੰਘ, ਸੁਖਰਾਜ ਸਿੰਘ, ਗੁਰਮੀਤ ਸਿੰਘ, ਸਾਹਿਬਪ੍ਰੀਤ ਸਿੰਘ ਸਮੇਤ ਹੋਰ ਨਗਰ ਨਿਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਸਿਸੋਦੀਆ ਵੱਲੋਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਮੀਟਿੰਗ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਵਿੱਚ ਪਾਰਟੀ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਤਿਆਰੀਆਂ ਨੂੰ ਲੈ ਕੇ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪੰਜਾਬ ਦੇ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਹਲਕੇ ਦੇ ਸੰਗਠਨਿਕ ਸਾਥੀਆਂ ਅਤੇ ਬੂਥ ਲੀਡਰਾਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।



ਮੀਟਿੰਗ ਦੌਰਾਨ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਦੌਰਾਨ ਹਲਕੇ ਦੀ ਜ਼ਮੀਨੀ ਪੱਧਰ ਦੀ ਸੰਗਠਨਾਤਮਕ ਸਥਿਤੀ ਨੂੰ ਹੋਰ ਮਜ਼ਬੂਤ ਕਰਨ, ਵਰਕਰਾਂ ਨਾਲ ਬਿਹਤਰ ਤਾਲਮੇਲ ਬਣਾਉਣ ਅਤੇ ਆਉਣ ਵਾਲੀਆਂ ਰਾਜਨੀਤਿਕ ਤਿਆਰੀਆਂ ਸਬੰਧੀ ਵਿਚਾਰ ਸਾਂਝੇ ਕੀਤੇ ਗਏ।ਮਨੀਸ਼ ਸਿਸੋਦੀਆ ਨੇ ਪਾਰਟੀ ਦੇ ਸਾਥੀਆਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਵਿਚਾਰਾਂ ਅਤੇ ਸੁਝਾਵਾਂ ਨੂੰ ਸੁਣਿਆ। ਮੀਟਿੰਗ ਦੌਰਾਨ ਵਰਕਰਾਂ ਵਿੱਚ ਖ਼ਾਸ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮਜ਼ਬੂਤ ਸੰਗਠਨ ਅਤੇ ਸਮਰਪਿਤ ਵਰਕਰ ਹੀ ਕਿਸੇ ਵੀ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਡੇਰਾਬੱਸੀ ਹਲਕੇ ਵਿੱਚ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਪੱਧਰ 'ਤੇ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

# 2027 ਦੀਆਂ ਚੋਣਾਂ 'ਚ ਔਰਤਾਂ ਦਾ ਵਿਸ਼ੇਸ਼ ਯੋਗਦਾਨ ਹੋਵੇਗਾ : ਮਾਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਕੇਜਰੀਵਾਲ ਸਾਹਿਬ ਦੀ ਸੋਚ ਨੂੰ, ਮੁੱਖ ਮੰਤਰੀ ਭਗਵੰਤ ਮਾਨ ਜਿਨਾਂ ਨੇ ਸਾਡੀਆਂ ਮਾਵਾਂ ਭੈਣਾਂ ਦਾ ਇੰਨਾ ਸਨਮਾਨ ਕੀਤਾ, ਉਸ ਸਨਮਾਨ ਦੀਆਂ ਗਵਾਹ ਹਨ ਸਾਡੀਆਂ ਸਖੀਆਂ ਜਿਹਨਾਂ ਨੇ ਦਿਨ ਰਾਤ ਕੰਮ ਕੀਤਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਨਕੋਦਰ ਵਿਖੇ ਮਾਵਾਂ ਧੀਆਂ



ਸਤਿਕਾਰਯੋਗ ਸਕੀਮ ਲਈ ਸਖੀਆਂ ਦੇ ਯੋਗਦਾਨ ਨੂੰ ਦੇਖਦਿਆਂ ਹਲਕਾ ਨਕੋਦਰ ਦੀਆਂ ਸਖੀਆਂ ਦਾ ਇਕ ਸਨਮਾਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਵਿਧਾਇਕ ਇੰਦਰਜੀਤ ਕੌਰ ਮਾਨ ਕੀਤਾ। ਉਹਨਾਂ ਕਿਹਾ ਕਿ 2027 ਦੀਆਂ ਚੋਣਾਂ ਵਿਚ ਸਾਡੀਆਂ ਇਨ੍ਹਾਂ ਭੈਣਾਂ ਦਾ ਬੜਾ ਵੱਡਾ ਯੋਗਦਾਨ ਹੋਵੇਗਾ। ਬੀਬੀ ਮਾਨ ਨੇ ਆਖਿਆ ਆਉਣ ਵਾਲੀਆਂ ਪੰਚਾਇਤਾਂ ਦੀਆਂ ਚੋਣਾਂ ਵਿੱਚ 50% ਰਾਖਵਾਂ ਔਰਤਾਂ ਲਈ ਜਿਸ ਵਿੱਚ ਮੇਰੀਆਂ ਭੈਣਾਂ ਸਿਆਸਤ ਵਿੱਚ ਮੇਰੇ ਵਾਂਗ ਅੱਗੇ ਵੱਧਣਗੀਆਂ।

# 'ਬੀਜ ਸੇ ਵਿਰਾਸਤ' 'ਤੇ ਇੱਕ ਰੋਜ਼ਾ ਵਰਕਸ਼ਾਪ ਲਗਾਈ

**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾਵਿਦਿਆਲਿਆ, ਜਲੰਧਰ ਦੇ ਈਕੋ ਕਲੱਬ, ਐਨ ਐਸ ਐਸ, ਡੀ ਡੀ ਪੰਤ ਬੋਟੈਨੀਕਲ ਸੁਸਾਇਟੀ ਅਤੇ ਐਨਵਾਇਰਨਮੈਂਟ ਕਲੱਬ ਵੱਲੋਂ ਇੰਸਟੀਚਿਊਸ਼ਨਜ਼ ਇਨੋਵੇਸ਼ਨ ਕੌਂਸਲ ਦੇ ਸਹਿਯੋਗ ਨਾਲ ਬੀਜ ਸੇ ਵਿਰਾਸਤ : ਸੀਡ ਬਾਲਜ਼ ਅਤੇ ਨੇਟਿਵ ਬਾਇਓਡਾਇਵਰਸਿਟੀ 'ਤੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਲਈ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ, ਭਾਰਤ ਸਰਕਾਰ ਦੇ ਸਹਿਯੋਗ ਨਾਲ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਦੇ ਐਨਵਾਇਰਨਮੈਂਟਲ ਇਨਫਰਮੇਸ਼ਨ, ਅਵੇਅਰਨੈੱਸ, ਕਪੈਸਿਟੀ ਬਿਲਡਿੰਗ ਐਂਡ ਲਾਈਵਲੀਹੁਡ ਪ੍ਰੋਗਰਾਮ ਨੇ ਸਟੇਟ ਨੋਡਲ ਏਜੰਸੀ ਵਜੋਂ ਭੂਮਿਕਾ ਨਿਭਾਈ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਕੁਦਰਤ ਅਤੇ ਸਥਿਰਤਾ ਨੂੰ ਸਮਰਪਿਤ ਇਸ ਵਰਕਸ਼ਾਪ ਦੀ ਸ਼ੁਰੂਆਤ ਕਰਦਿਆਂ ਆਏ ਹੋਏ ਮਹਿਮਾਨਾਂ ਦਾ ਪਲਾਂਟਰ ਭੇਟ ਕਰਕੇ ਨਿੱਘਾ ਸਵਾਗਤ ਕੀਤਾ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਧਰਤੀ ਅਤੇ ਇਸ ਦੀ ਸੰਭਾਲ ਦੀ ਤੁਰੰਤ ਲੋੜ ਬਾਰੇ ਗੱਲ ਕੀਤੀ, ਅਤੇ ਧਰਤੀ 'ਤੇ ਜੀਵਨ ਨੂੰ ਬਣਾਏ ਰੱਖਣ ਵਿੱਚ ਜੈਵ-ਵਿਵਿਧਤਾ ਦੇ ਮਹੱਤਵ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਉੱਥੇ ਮੌਜੂਦ ਨੌਜਵਾਨ ਵਿਦਿਆਰਥਣਾਂ ਨੂੰ ਇੱਕ ਦਿਲੀ ਸੁਨੇਹਾ ਦਿੱਤਾ



ਕਿ ਧਰਤੀ ਨੂੰ ਹਰਾ-ਭਰਾ ਰੱਖਣਾ ਹਰ ਵਿਅਕਤੀ ਦੀ ਜ਼ਿੰਮੇਵਾਰੀ ਹੈ ਅਤੇ ਪੌਦੇ ਲਗਾ ਕੇ ਤੇ ਉਨ੍ਹਾਂ ਦੀ ਦੇਖਭਾਲ ਕਰਨ ਵਿੱਚ ਸਾਡੀ ਸਭ ਦੀ ਅਹਿਮ ਭੂਮਿਕਾ ਹੈ। ਉਨ੍ਹਾਂ ਨੇ ਵਿਸ਼ਵਾਸ/ਆਸਥਾ ਅਤੇ ਬੀਜ ਬੀਜਣ ਦੇ ਗੂੜ੍ਹੇ ਸੰਬੰਧ 'ਤੇ ਵੀ ਜ਼ੋਰ ਦਿੱਤਾ ਅਤੇ ਕਿਹਾ ਕਿ ਬੀਜ ਬੀਜਣ ਦਾ ਕਾਰਜ ਆਪਣੇ ਆਪ ਵਿੱਚ ਭਵਿੱਖ ਵਿੱਚ ਵਿਸ਼ਵਾਸ ਅਤੇ ਆਸ ਦੀ ਇੱਕ ਪ੍ਰਤੀਕਾਤਮਕ ਕਿਰਿਆ ਹੈ। ?ਇਸ ਮੌਕੇ ਡੀਨ ਅਕਾਦਮਿਕ ਡਾ. ਸੀਮਾ ਮਰਵਾਹਾ, ਇੰਚਾਰਜ ਡੀ.ਡੀ. ਪੰਤ ਬੋਟੈਨੀਕਲ ਸੁਸਾਇਟੀ ਡਾ. ਸ਼ਵੇਤਾ, ਡਾ. ਨੀਰੂ ਭਾਰਤੀ, ਡਾ. ਰਾਖੀ ਮਹਿਤਾ, ਡਾ. ਜਤਿੰਦਰ, ਡਾ. ਰਾਮਾ, ਡਾ. ਉਰਵਸ਼ੀ, ਸ਼੍ਰੀ ਆਸ਼ੀਸ਼, ਸ਼੍ਰੀ ਸੁਮਿਤ, ਡਾ. ਸ਼ਲਿੰਦਰ, ਡਾ. ਸਾਖਸ਼ੀ, ਡਾ. ਸ਼ੁਚੀ, ਡਾ. ਦੀਪਤੀ, ਸ਼੍ਰੀ ਰਵੀ ਅਤੇ ਐਨ ਐਸ ਐਸ ਪ੍ਰੋਗਰਾਮ ਆਫਿਸਰ ਮਿਸ ਹਰਮਨੂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਨੇਤਰਦਾਨ ਤੇ ਅੰਗ-ਦਾਨ ਸੰਬੰਧੀ ਕੀਤਾ ਜਾਗਰੂਕ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਨੇਤਰਦਾਨ ਅਤੇ ਅੰਗ ਦਾਨ ਸਬੰਧੀ ਬੱਚਿਆਂ ਅਤੇ ਸਟਾਫ ਨੂੰ ਜਾਗਰੂਕ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਨੇਤਰਦਾਨ ਸੰਸਥਾ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਅਤੇ ਸਕੱਤਰ ਬਲਜੀਤ ਸਿੰਘ, ਚੇਅਰਮੈਨ ਪ੍ਰੋਫੈਸਰ ਬਹਾਦਰ ਸਿੰਘ, ਸਨੇਤ ਰਿਟਾਇਰ ਡਿਪਟੀ ਡਾਇਰੈਕਟਰ ਹੈਲਥ ਪੰਜਾਬ ਡਾਕਟਰ ਕੇਵਲ ਸਿੰਘ ਅਤੇ ਉੱਘੇ ਸਮਾਜ ਸੇਵਕ ਅਤੇ ਸਟੇਟ ਅਵਾਰਡ ਜੇਤੂ ਭਾਈ ਬਰਿੰਦਰ ਸਿੰਘ ਨੇ ਸਕੂਲ ਦੇ ਸਟਾਫ ਅਤੇ ਬੱਚਿਆਂ ਨੂੰ ਅੱਖਾਂ ਦਾਨ, ਖੂਨ ਦਾਨ ਅਤੇ ਅੰਗ ਦਾਨ ਪ੍ਰਤੀ ਜਾਗਰੂਕ ਕੀਤਾ। ਉਹਨਾਂ ਦੱਸਿਆ ਕਿ 25 ਅਗਸਤ ਤੋਂ 8 ਸਤੰਬਰ ਤੱਕ ਪੂਰੇ ਦੇਸ਼ ਵਿੱਚ ਪੰਦਰਵਾੜਾ ਮਨਾਇਆ ਜਾ ਰਿਹਾ ਹੈ ਜਿਉਂਦੇ ਜੀ ਖੂਨਦਾਨ ਅਤੇ ਮਰਨ ਤੋਂ ਬਾਅਦ ਅੱਖਾਂ ਦਾਨ ਕਰਨ ਦੇ ਲਈ ਇਹ ਜਾਗਰੂਕਤਾ ਕੈਂਪ ਲਗਾਇਆ ਗਿਆ ਹੈ। ਭਾਈ ਵਰਿੰਦਰ ਸਿੰਘ ਹੋਰਾਂ ਨੂੰ ਦੱਸਿਆ ਕਿ ਕੋਰਨੀਅਰ ਬਲਾਇੰਡ ਕਿਸੇ ਵੀ ਵਿਅਕਤੀ ਦੀ ਅੱਖਾਂ ਦੀ ਰੋਸ਼ਨੀ ਦੇ ਲਈ ਰੋਟਰੀ ਕਲੱਬ ਹੁਸ਼ਿਆਰਪੁਰ ਵੱਲੋਂ ਮੁਫਤ ਆਪਰੇਸ਼ਨ ਕਰਾ ਕੇ ਉਸ ਦੀਆਂ ਅੱਖਾਂ ਦੀ ਰੌਸ਼ਨੀ ਵਾਪਸ ਦਿਵਾਈ ਜਾ ਸਕਦੀ



ਹੈ। ਉਹਨਾਂ ਦੱਸਿਆ ਕਿ ਅਜਿਹੇ ਮਰੀਜ਼ਾਂ ਦਾ ਇਲਾਜ ਕਲੱਬ ਵੱਲੋਂ ਮੁਫਤ ਕੀਤਾ ਜਾਂਦਾ ਹੈ। ਭਾਈ ਵਰਿੰਦਰ ਸਿੰਘ ਨੇ ਦੱਸਿਆ ਕਿ ਕਲੱਬ ਵੱਲੋਂ ਅੱਖਾਂ ਦੀ ਪੁਤਲੀ ਦਾ ਮੁਫਤ ਆਪਰੇਸ਼ਨ, ਦਵਾਈਆਂ, ਰਹਿਣ ਸਹਿਣ ਸਭ ਕੁਝ ਮੁਫਤ ਮੁਹੱਈਆ ਕਰਵਾਇਆ ਜਾਵੇਗਾ। ਸੰਬੰਧਤ ਕੋਈ ਵੀ ਲੋੜਵੰਦ ਵਿਅਕਤੀ ਸਕੂਲ ਨਾਲ ਰਾਬਤਾ ਕਰ ਸਕਦਾ ਹੈ ਅਤੇ ਰੋਟਰੀ ਕਲੱਬ ਹੁਸ਼ਿਆਰਪੁਰ ਨੂੰ ਸੂਚਿਤ ਕਰਕੇ ਉਸ ਦਾ ਇਲਾਜ ਮੁਫਤ ਕਰਵਾਇਆ ਜਾਵੇਗਾ।ਇਸ ਮੌਕੇ ਤੇ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਅਮਰਜੀਤ ਕੌਰ ਸੈਣੀ, ਰਾਜਵਿੰਦਰ, ਬਲਜੀਤ, ਸੁਰੇਸ਼ ਨੇਹਾ ਜੈਨ, ਅੰਕਿਤਾ ਆਦਿ ਮੌਜੂਦ ਸਨ।

# ਜਨਮ ਅਸ਼ਟਮੀ ਦਾ ਤਿਉਹਾਰ ਸ਼ਰਧਾ ਨਾਲ ਮਨਾਇਆ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵਿੱਚ ਆਪਸੀ ਭਾਈਚਾਰੇ, ਸਦਭਾਵਨਾ ਅਤੇ ਸਕਾਰਾਤਮਕ ਮਾਹੌਲ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਮਾਣਯੋਗ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਡਾ. ਅਮਰਪਾਲ ਸਿੰਘ ਆਈ.ਏ. ਐੱਸ. (ਰਿਟਾ) ਦੀ ਰਹਿਨੁਮਾਈ ਹੇਠ ਸੇਵਾ ਸਾਧਨਾ ਸੋਸਾਇਟੀ, ਗੁਰਮਤਿ ਵਿਚਾਰ ਸਭਾ ਅਤੇ ਬੋਰਡ ਜਥੇਬੰਦੀਵੱਲੋਂ ਅੱਜ ਬੋਰਡ ਦੇ ਆਡੀਟੋਰੀਅਮ ਵਿਖੇ ਜਨਮ ਅਸ਼ਟਮੀ ਦਾ ਪਾਵਨ ਤਿਉਹਾਰ ਬੜੀ ਸ਼ਰਧਾ, ਭਗਤੀ ਅਤੇ ਉਤਸ਼ਾਹ ਨਾਲ



ਮਨਾਇਆ ਗਿਆ। ਇਸ ਮੌਕੇ ਬੋਰਡ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ ਦਿਹਾੜੇ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।ਸਮਾਗਮ ਦੀ ਸ਼ੁਰੂਆਤ ਚੇਅਰਮੈਨ ਡਾ. ਅਮਰਪਾਲ ਸਿੰਘ ਆਈ.ਏ.ਐੱਸ. (ਰਿਟਾ:) ਵੱਲੋਂ ਅਰਦਾਸ ਅਤੇ ਧਾਰਮਿਕ ਰਸਮਾਂ ਨਾਲ ਕੀਤੀ ਗਈ। ਇਸ ਮੌਕੇ ਉਨ੍ਹਾਂ ਕਿਹਾ ਕਿ ਭਾਰਤ ਦੀ ਧਾਰਮਿਕ ਤੇ ਸੱਭਿਆਚਾਰਕ ਵਿਰਾਸਤ ਸਾਨੂੰ ਸੱਚ, ਧਰਮ, ਸੇਵਾ ਅਤੇ ਮਨੁੱਖਤਾ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦੀ ਹੈ। ਅੰਤ ਵਿੱਚ ਸਮੂਹ ਸੰਗਤ ਵੱਲੋਂ ਸਰਬੱਤ ਦੇ ਭਲੇ, ਸੁੱਖ-ਸ਼ਾਂਤੀ, ਖੁਸ਼ਹਾਲੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਇਸ ਉਪਰੰਤ ਪ੍ਰਸ਼ਾਦ ਵੰਡਿਆ ਗਿਆ ਅਤੇ ਅਤੁੱਟ ਭੰਡਾਰਾ ਵਰਤਾਇਆ ਗਿਆ।

# ਸੈਣੀ ਅੱਜ ਰਾਏਪੁਰ ਪਹੁੰਚਣਗੇ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ 3 ਸਤੰਬਰ ਨੂੰ ਨੇੜਲੇ ਪਿੰਡ ਰਾਏਪੁਰ ਵਿਖੇ ਪਹੁੰਚ ਰਹੇ ਹਨ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਦੱਸਿਆ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਪਿੰਡ ਰਾਏਪੁਰ ਵਿਖੇ 3 ਸਤੰਬਰ ਨੂੰ ਗੁਰਦੁਆਰਾ ਅਮਰ ਸ਼ਹੀਦ ਬੀਬੀ ਸ਼ਰਨ ਕੌਰ ਵਿਖੇ ਨਤਮਸਤਕ ਹੋਣਗੇ ਅਤੇ ਕੀਰਤਨ ਸਰਵਣ ਕਰਨਗੇ।

# ਖ਼ੂਨ ਦਾਨ ਕੈਂਪ ਲਗਾਇਆ

**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)**- ਮਨੁੱਖਤਾ ਦੀ ਸੇਵਾ ਨੂੰ ਮੁੱਖ ਰੱਖਦੇ ਹੋਏ ਸ਼ਰਮਾ ਹਸਪਤਾਲ ਗੜ੍ਹਦੀਵਾਲ ਵੱਲੋਂ ਡੇਰਾ ਨੰਗਲ ਖੁੰਗਾ ਵਿਖੇ ਇੱਕ ਦਿਨਾ ਖੂਨ ਦਾਨ ਕੈਂਪ ਲਗਾਇਆ



ਗਿਆ।ਅਸਥਾਨ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਨਰੇਸ਼ ਗਿਰ ਦੀ ਅਗਵਾਈ ਵਿੱਚ ਲਗਾਏ ਗਏ ਇਸ ਖੂਨਦਾਨ ਕੈਂਪ ਦੌਰਾਨ ਸ਼ਰਮਾ ਹਸਪਤਾਲ ਗੜ੍ਹਦੀਵਾਲ ਦੇ ਡਾਇਰੈਕਟਰ ਡਾ. ਸੰਜੀਵ ਸ਼ਰਮਾ, ਡਾ. ਜੈਸ਼ਨ ਪਾਲ ਸ਼ਰਮਾ ਅਤੇ ਡਾ. ਮਨੀਸ਼ਾ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਾ. ਕਰਨੈਲ ਸਿੰਘ ਦੀ ਟੀਮ ਨੇ ਸੇਵਾਵਾਂ ਪ੍ਰਦਾਨ ਕੀਤੀਆਂ।ਕੈਂਪ ਦੌਰਾਨ ਇਲਾਕ ਭਰ 'ਚੋਂ ਕਰੀਬ 35 ਨੌਜਵਾਨਾਂ ਨੇ ਖੂਨਦਾਨ ਕਰਦੇ ਹੋਏ ਇਨਸਾਨੀਅਤ ਦੀ ਖਿਦਮਤ ਵਿੱਚ ਵੱਡਾ ਯੋਗਦਾਨ ਪਾਇਆ। ਕੈਂਪ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਐ. ਸੀ. ਵਿੰਗ ਦੇ ਜ਼ਿਲਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਅਤੇ ਸਮਾਜ ਸੇਵੀ ਰਸ਼ਪਾਲ ਸਿੰਘ ਚਰੜ ਨੇ ਜਿੱਥੇ ਸੰਤ ਨਰੇਸ਼ ਗਿਰ ਜੀ ਦੇ ਸਮਾਜ ਸੇਵੀ ਅਤੇ ਮਨੁੱਖਤਾ ਦੀ ਸੇਵਾ 'ਚ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸੰਤ ਸੰਜੀਵਾ ਨੰਦ ਹਰਸੀ ਪਿੰਡ, ਸੈਕਟਰੀ ਜੈ ਸਿੰਘ, ਬਲਵੀਰ ਸਿੰਘ ਬੱਬੂ, ਕੁਲਦੀਪ ਸਿੰਘ, ਅਮਰੀਕ ਸਿੰਘ ਸੋਢੀ, ਜਰਨੈਲ ਸਿੰਘ, ਦਵਿੰਦਰ ਸਿੰਘ, ਅਵਤਾਰ ਸਿੰਘ ਤਾਰੀ, ਸੰਦੀਪ ਸਿੰਘ, ਗੁਰਪ੍ਰੀਤ ਸਿੰਘ ਗੋਪੀ ਰਾਜਪੁਰ, ਰਮਨ ਰਾਜ ਪੁਰੀਆ, ਸਰਪੰਚ ਦਲਜੀਤ ਸਿੰਘ, ਬਲਵਿੰਦਰ ਸਿੰਘ ਸੀਕਰੀ, ਮਨਜੀਤ ਸਿੰਘ, ਸਰਬਜੀਤ ਫੁੱਲ, ਗਿਆਨੀ ਰਾਮ ਸਿੰਘ ਖੁਰਦਾ, ਕਿਰਪਾਲ ਸਿੰਘ, ਸੁਖਵਿੰਦਰ ਸਿੰਘ ਤੋਂ ਇਲਾਵਾ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।

# ਸਿਲਵਰ ਮੈਡਲ ਜਿੱਤਣ ਵਾਲੇ ਰਵਿਤਜੋਤ ਸਿੰਘ ਨੂੰ ਕੀਤਾ ਸਨਮਾਨਿਤ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਅਹਿਆਪੁਰ ਵਿਖੇ ਸਥਿਤ ਗਿੱਲ ਬਾਕਸ ਕ੍ਰਿਕਟ ਅਕੈਡਮੀ ਦੇ ਖਿਡਾਰੀਆਂ ਨੇ ਦਸੂਹਾ ਜੋਨ ਦੀਆਂ ਖੇਡਾਂ ਵਿੱਚ ਭਾਗ ਲਿਆ



ਜਿਸ ਵਿੱਚ ਵਧੀਆ ਪ੍ਰਦਰਸ਼ਨ ਕਰਕੇ ਦੂਸਰਾ ਸਥਾਨ ਹਾਸਲ ਕਰਕੇ ਸਿਲਵਰ ਮੈਡਲ ਜਿੱਤਣ ਵਾਲੇ ਖਿਡਾਰੀ ਰਵਿਤਜੋਤ ਸਿੰਘ ਨੂੰ ਸਨਮਾਨਿਤ ਕਰਨ ਲਈ ਅਕੈਡਮੀ ਦੇ ਕੋਚ ਮਨਦੀਪ ਸਿੰਘ, ਨੇਕਤਾ ਸ਼ਰਮਾ, ਕੋਚ ਅਮਿਤ ਅਤੇ ਕਮਲ ਚੌਹਾਨ ਵੱਲੋਂ ਇੱਕ ਸਨਮਾਨਿਤ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਅਕੈਡਮੀ ਦੇ ਪ੍ਰਬੰਧਕ ਅਤੇ ਉੱਘੇ ਸਮਾਜ ਸੇਵੀ ਗਗਨ ਵੈਦ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।ਸਮਾਰੋਹ 'ਚ ਸ਼ਾਮਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਗਗਨ ਵੈਦ ਨੇ ਕਿਹਾ ਕਿ ਹਰ ਵਿਦਿਆਰਥੀ ਨੂੰ ਆਪਣੀ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਹਿੱਸਾ ਜ਼ਰੂਰ ਲੈਣਾ ਚਾਹੀਦਾ ਹੈ। ਉਨ੍ਹਾਂ ਸਿਲਵਰ ਮੈਡਲ ਜੇਤੂ ਖਿਡਾਰੀ ਰਵਿਤਜੋਤ ਸਿੰਘ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਜੇਕਰ ਹਰ ਵਿਦਿਆਰਥੀ ਪੂਰੀ ਲਗਨ ਅਤੇ ਮਿਹਨਤ ਨਾਲ ਖੇਡਾਂ ਵਿੱਚ ਹਿੱਸਾ ਲਵੇ ਤਾਂ ਨੈਸ਼ਨਲ ਪੱਧਰ 'ਤੇ ਮੱਲਾਂ ਮਾਰ ਕੇ ਤਮਗੇ ਹਾਸਲ ਕਰ ਸਕਦੇ ਹਨ।ਕੁਲਦੀਪ ਸਿੰਘ ਗਿੱਲ, ਬਲਵਿੰਦਰ ਕੌਰ ਗਿੱਲ ਅਤੇ ਮੈਡਮ ਨੇਹਾ ਵੈਦ ਨੇ ਕਿਹਾ ਕਿ ਜਿਹੜੇ ਹੋਣਹਾਰ ਗਰੀਬ ਵਿਦਿਆਰਥੀ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰਦੇ ਹਨ ਗਿੱਲ ਬਾਕਸ ਕ੍ਰਿਕਟ ਅਕੈਡਮੀ ਵੱਲੋਂ ਉਨ੍ਹਾਂ ਵਿਦਿਆਰਥੀਆਂ ਨੂੰ ਹਰ ਪ੍ਰਕਾਰ ਦਾ ਪੂਰਾ ਪੂਰਾ ਸਹਿਯੋਗ ਦਿੱਤਾ ਜਾਂਦਾ ਹੈ।ਕੋਚ ਮਨਦੀਪ ਸਿੰਘ, ਨੇਕਤਾ ਸ਼ਰਮਾ, ਅਮਿਤ ਅਤੇ ਕੋਚ ਕਮਲ ਚੌਹਾਨ ਨੇ ਕਿਹਾ ਕਿ ਦਸੂਹਾ ਜੋਨ ਦੀਆਂ ਖੇਡਾਂ ਵਿੱਚ ਮੱਲਾਂ ਮਾਰਦੇ ਹੋਏ ਸਿਲਵਰ ਮੈਡਲ ਜੇਤੂ ਖਿਡਾਰੀ ਰਵਿਤਜੋਤ ਸਿੰਘ ਨੂੰ ਜ਼ਿਲ੍ਹਾ ਪੱਧਰ ਦੀਆਂ ਖੇਡਾਂ ਵਿੱਚ ਹਿੱਸਾ ਲੈਣ ਲਈ ਚੁਣ ਲਿਆ ਗਿਆ ਹੈ।ਉਨ੍ਹਾਂ ਕਿਹਾ ਕਿ ਸਾਡੀ ਸਾਰੀ ਟੀਮ ਵੱਲੋਂ ਅਕੈਡਮੀ ਵਿੱਚ ਦਾਖਲ ਖਿਡਾਰੀਆਂ ਨੂੰ ਵਧੀਆ ਕੋਚਿੰਗ ਦਿੱਤੀ ਜਾਂਦੀ ਹੈ ਤਾਂ ਜੋ ਵਿਦਿਆਰਥੀ ਆਪਣੀ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਮੱਲਾਂ ਮਾਰ ਕੇ ਆਪਣੇ ਭਵਿੱਖ ਨੂੰ ਉੱਜਵਲ ਦੀਆਂ ਉਚਾਈਆਂ ਤੱਕ ਲੈ ਜਾ ਸਕਣ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਹਾਲੀ ਤੋਂ ਅੰਮ੍ਰਿਤਸਰ ਲਈ ਬੱਸ ਰਵਾਨਾ




**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਗਵਾਈ ਹੇਠ ਆਮ ਆਦਮੀ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਦੀ ਦੇਖ- ਰੇਖ ਹੇਠ ਸ਼ਰਧਾਲੂਆਂ ਦਾ ਜੱਥਾ ਅੰਮ੍ਰਿਤਸਰ ਲਈ ਰਵਾਨਾ ਕੀਤਾ ਗਿਆ।ਬੱਸ ਨੂੰ ਰਸਮੀ ਤੌਰ ਤੇ ਹਰੀ ਝੰਡੀ ਦੇਣ ਦੀ ਰਸਮ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਕੁਆਰਡੀਨੇਟਰ- ਫੂਲਰਾਜ ਸਿੰਘ ਵੱਲੋਂ ਨਿਭਾਈ ਗਈ। ਸਟੇਟ ਅਵਾਰਡੀ ਅਤੇ ਹਲਕਾ ਕੋਆਰਡੀਨੇਟਰ - ਫੂਲਰਾਜ ਸਿੰਘ ਨੇ ਇਸ ਯਾਤਰਾ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਪਿੰਡ ਨਾਨੂਮਾਜਰਾ ਤੋਂ ਰਜਿੰਦਰ ਸਿੰਘ ਦੀ ਅਗਵਾਈ ਹੇਠ ਜਦਕਿ ਰਜਿੰਦਰ ਸਿੰਘ, ਜਗੀਰ ਸਿੰਘ, ਸਰਬਜੀਤ ਸਿੰਘ, ਗੁਰਦੀਪ ਸਿੰਘ, ਅਮਨਪ੍ਰੀਤ ਸਿੰਘ, ਬਰਜਿੰਦਰ ਸਿੰਘ, ਕਾਕਾ ਸਿੰਘ, ਸੋਹਣ ਸਿੰਘ, ਸ਼ਮਸ਼ੇਰ ਸਿੰਘ ਦੀ ਹਾਜ਼ਰੀ ਦੇ ਵਿੱਚ ਪਿੰਡ ਮੋਟੇ ਮਾਜਰਾ ਤੋਂ ਸ਼ਰਧਾਲੂਆਂ ਦੀਆਂ ਬੱਸਾਂ ਨੂੰ ਰਵਾਨਾ ਕੀਤਾ ਗਿਆ। ਆਮ ਆਦਮੀ ਪਾਰਟੀ ਦੇ ਹਲਕਾ ਕੋਆਰਡੀਨੇਟਰ -ਫੂਲਰਾਜ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸੀਨੀਅਰ ਸਿਟੀਜਨ ਦੀ ਸਹੂਲਤ ਅਤੇ ਆਸਥਾ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਧਾਇਕ ਕੁਲਵੰਤ ਸਿੰਘ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦੀ ਦੇਖ-ਰੇਖ ਹੇਠ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਆਗਾਜ਼ ਕੀਤਾ ਗਿਆ ਸੀ, ਜਿਸ ਦੀ ਸਭਨਾ ਵੱਲੋਂ ਪ੍ਰਸ਼ੰਸਾ ਕੀਤੀ ਜਾ ਰਹੀ ਹੈ।


# ਸ਼ਮਸ਼ਾਨਘਾਟ 'ਚ ਸ਼ਾਰਦਾ ਸਫ਼ਾਈ ਤੇ ਸੁੰਦਰੀਕਰਨ ਸੇਵਾ ਦੀ ਸ਼ੁਰੂਆਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਸ਼ਾਰਦਾ ਮਾਤਾ ਮੰਦਿਰ ਦੀ ਟੀਮ ਵੱਲੋਂ ਸਮਾਜ ਸੇਵਾ ਅਤੇ ਵਾਤਾਵਰਨ ਦੀ ਸੰਭਾਲ ਵੱਲ ਇਕ ਨਿਵੇਕਲੀ ਅਤੇ ਸ਼ਲਾਘਾਯੋਗ ਪਹਿਲਕਦਮੀ ਕਰਦਿਆਂ ਆਦਰਸ਼ ਨਗਰ ਸਥਿਤ ਮਹਿੰਦਰੂ ਸਤੀ ਅਤੇ ਸ਼ਮਸ਼ਾਨਘਾਟ ਵਿਖੇ ਸਫ਼ਾਈ ਅਤੇ ਸੁੰਦਰੀਕਰਨ ਦੀ ਸੇਵਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਸੇਵਾ ਕਾਰਜ ਵਿੱਚ ਅਮਰੀਸ਼ ਭੱਲਾ, ਤੁਸ਼ਾਰ ਕੌਸ਼ਿਕ ਅਤੇ ਮੰਗੂ ਸਿੰਘ (ਜੋਨੀ) ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋ ਕੇ ਆਪਣੀਆਂ ਸੇਵਾਵਾਂ ਨਿਭਾਈਆਂ। ਸੇਵਾ ਦੌਰਾਨ



ਗੱਲਬਾਤ ਕਰਦਿਆਂ ਅਮਰੀਸ਼ ਭੱਲਾ, ਤੁਸ਼ਾਰ ਕੌਸ਼ਿਕ ਅਤੇ ਮੰਗੂ ਸਿੰਘ (ਜੋਨੀ) ਨੇ ਕਿਹਾ ਕਿ ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਸ਼ਹਿਰ ਦੇ ਕੋਨੇ-ਕੋਨੇ ਵਿੱਚ ਅਨੇਕਾਂ ਪ੍ਰਕਾਰ ਦੇ ਭਲਾਈ ਕਾਰਜ ਅਤੇ ਸੇਵਾਵਾਂ ਕੀਤੀਆਂ ਜਾਂਦੀਆਂ ਹਨ, ਜੋ ਕਿ ਬਹੁਤ ਹੀ ਸ਼ਲਾਘਾਯੋਗ ਹਨ। ਪਰ ਇਸ ਦੇ ਨਾਲ ਹੀ ਸਾਨੂੰ ਉਸ ਅਟੱਲ ਸੱਚ ਸਥਾਨ (ਸ਼ਮਸ਼ਾਨਘਾਟ) ਦੀ ਸੇਵਾ ਅਤੇ ਸੰਭਾਲ ਬਾਰੇ ਵੀ ਗੰਭੀਰਤਾ ਨਾਲ ਸੋਚਣਾ ਚਾਹੀਦਾ ਹੈ, ਜਿੱਥੇ ਹਰ ਇਨਸਾਨ ਨੇ ਇਕ ਨਾ ਇਕ ਦਿਨ ਜ਼ਰੂਰ ਜਾਣਾ ਹੈ। ਉਨ੍ਹਾਂ ਕਿਹਾ ਕਿ ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਸ਼ਮਸ਼ਾਨਘਾਟਾਂ ਦੀ ਸਫ਼ਾਈ ਅਤੇ ਰੱਖ-ਰਖਾਅ ਵੱਲ ਓਨਾ ਧਿਆਨ ਨਹੀਂ ਦਿੱਤਾ ਜਾਂਦਾ, ਜਿਸ ਕਰਕੇ ਸ਼ਾਰਦਾ ਮਾਤਾ ਮੰਦਿਰ ਦੀ ਟੀਮ ਨੇ ਇਹ ਵਿਸ਼ੇਸ਼ ਬੀੜਾ ਚੁੱਕਿਆ। ਉਨ੍ਹਾਂ ਦੱਸਿਆ ਕਿ ਇਹ ਸੇਵਾ ਕਾਰਜ ਆਦਰਸ਼ ਨਗਰ ਦੇ ਸ਼ਮਸ਼ਾਨਘਾਟ ਤੋਂ ਸ਼ੁਰੂ ਕੀਤਾ ਗਿਆ ਹੈ ਅਤੇ ਇਹ ਕੇਵਲ ਇਕ ਦਿਨ ਦਾ ਕਾਰਜ ਨਹੀਂ ਹੈ। ਟੀਮ ਵੱਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਹਰ ਐਤਵਾਰ ਨੂੰ ਸ਼ਹਿਰ ਦੇ ਵੱਖ-ਵੱਖ ਸ਼ਮਸ਼ਾਨਘਾਟਾਂ ਵਿੱਚ ਜਾ ਕੇ ਉੱਥੇ ਸਫ਼ਾਈ, ਪੌਦੇ ਲਗਾਉਣ ਤੇ ਹੋਰ ਸੁੰਦਰੀਕਰਨ ਦੇ ਕਾਰਜ ਨਿਰੰਤਰ ਨਿਭਾਏ ਜਾਣਗੇ।

# ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਵਿਰੋਧ ਪ੍ਰਦਰਸ਼ਨ 15 ਨੂੰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਮੁੜ ਕਰਵਾਉਣ ਲਈ ਅੰਤਰਰਾਸ਼ਟਰੀ ਜਮਹੂਰੀਅਤ ਦਿਹਾੜੇ ਤੇ 15 ਸਤੰਬਰ ਨੂੰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਅੰਮ੍ਰਿਤਸਰ ਵਿਖੇ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨ ਵਿੱਚ ਹੁਸ਼ਿਆਰਪੁਰ ਤੋਂ ਸੰਗਤਾਂ ਦਾ ਵੱਡਾ ਕਾਫਲਾ ਸ਼ਾਮਿਲ ਹੋਵੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀ ਵਾਲਾ ਜਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇੱਥੇ ਹੋਟਲ ਪ੍ਰੈਜ਼ੀਡੈਂਸੀ ਵਿਖੇ ਹੁਸ਼ਿਆਰਪੁਰ ਤੋਂ ਪਾਰਟੀ ਉਮੀਦਵਾਰ ਪ੍ਰਿੰਸੀਪਲ ਗੁਰਨਾਮ ਸਿੰਘ ਦੀ ਅਗਵਾਈ ਹੇਠ ਪਾਰਟੀ ਦੀ ਹੋਈ ਵਿਸ਼ੇਸ਼ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਸਮੇਂ ਸਿੰਗੜੀਵਾਲਾ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਪਿਛਲੇ ਸਮੇਂ ਚੋਣਾਂ 2011 ਵਿੱਚ ਹੋਈਆਂ ਸਨ ਅਤੇ 2016 ਵਿੱਚ ਇਸ ਹਾਊਸ ਦੀ ਮਿਆਦ ਖਤਮ ਹੋ ਚੁੱਕੀ ਹੈ ਪਰ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਹੀਂ ਕਰਵਾਈਆਂ ਜਾ ਰਹੀਆਂ। ਇਸ ਦਾ ਵਿਰੋਧ ਕੀਤਾ ਜਾਵੇਗਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਰਵਾਉਣ ਲਈ ਕੇਂਦਰ ਸਰਕਾਰ ਨੂੰ ਮਜਬੂਰ ਕੀਤਾ ਜਾਵੇਗਾ।ਇਸ ਸਮੇਂ ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਪਰਮਜੀਤ ਸਿੰਘ ਮਿੰਟੂ, ਅਸ਼ੋਕ ਕੁਮਾਰ ਭਾਗੋਵਾਲ, ਗੁਰਦੇਵ ਸਿੰਘ ਮੁਨਣਾ, ਕੁਲਵੰਤ ਸਿੰਘ ਢੱਕੋਵਾਲ ਆਦਿ ਹਾਜ਼ਰ ਸਨ।

# ਬਲਬੀਰ ਸਿੱਧੂ ਦੀ ਅਗਵਾਈ 'ਚ ਕਾਂਗਰਸ 'ਚ ਸ਼ਾਮਲ ਹੋਏ ਦਰਜਨਾਂ ਨੌਜਵਾਨ

**ਮੋਹਾਲੀ (ਗੁਰਜੀਤ ਬਿੱਲਾ)**- ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਫੇਜ਼-1 ਇੰਡਸਟਰੀਅਲ ਏਰੀਆ ਸਥਿਤ ਆਪਣੇ ਦਫ਼ਤਰ ਵਿਖੇ ਜੁਝਾਰ ਨਗਰ ਤੋਂ ਇਮਰਾਨ ਖਾਨ ਹੈਪੀ ਮਲਿਕ, ਕਨਵੀਨਰ, ਪੰਜਾਬ ਮਾਈਨੋਰਟੀ ਡਿਪਾਰਟਮੈਂਟ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਅਗਵਾਈ ਹੇਠ



ਮੋਹਾਲੀ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਤੋਂ ਪਹੁੰਚੇ 60-70 ਨੌਜਵਾਨਾਂ ਨੂੰ ਕਾਂਗਰਸ ਪਾਰਟੀ ਵਿੱਚ ਸ਼ਾਮਲ ਕਰਵਾਇਆ। ਇਸ ਮੌਕੇ ਬਲਬੀਰ ਸਿੰਘ ਸਿੱਧੂ ਨੇ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋਏ ਸਮੂਹ ਨੌਜਵਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਨੌਜਵਾਨ ਕਿਸੇ ਵੀ ਸਮਾਜ ਅਤੇ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹੁੰਦੇ ਹਨ। ਨੌਜਵਾਨਾਂ ਦਾ ਕਾਂਗਰਸ ਨਾਲ ਜੁੜਨਾ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਲੋਕ ਕਾਂਗਰਸ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਚਾਰਧਾਰਾ ਨਾਲ ਜੁੜ ਰਹੇ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਸਰਗਰਮ ਭੂਮਿਕਾ ਨਿਭਾਉਣ। ਇਸ ਮੌਕੇ ਸਾਬਕਾ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ, ਕੰਬਰਵੀਰ ਸਿੰਘ ਰੂਬੀ ਸਿੱਧੂ, ਬਾਬਾ ਕਸ਼ਮੀਰਾ ਜੁਝਾਰ ਨਗਰ, ਬਾਬਾ ਨਰਿੰਦਰ, ਮੁਖਤਿਆਰ ਸਿੰਘ ਅਤੇ ਰਾਜੂ ਸਾਬਕਾ ਸਰਪੰਚ ਜੁਝਾਰ ਨਗਰ ਸਮੇਤ ਕਈ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ। ਕਾਂਗਰਸ ਵਿੱਚ ਸ਼ਾਮਲ ਹੋਏ ਨੌਜਵਾਨਾਂ ਵਿੱਚ ਪ੍ਰਿੰਸ ਸ਼ਰਮਾ, ਅਯਾਨ, ਅਭੀ, ਹਰਸ਼ ਸ਼ਰਮਾ, ਹਰਸ਼ ਪ੍ਰੀਤ, ਰਮਨਜੋਤ, ਹਰਸ਼ਦੀਪ ਜੱਸਲ, ਜਸਕੀਰਤ ਸਿੰਘ, ਪ੍ਰੇਮ, ਕਿਰਤ, ਹਰਸਿਮਰਨ, ਸੁਖਮਨਜੋਤ ਸਿੰਘ, ਸੰਦੀਪ ਕੁਮਾਰ, ਕਾਰਤਿਕ, ਸ਼ੁਭਮ, ਸੁਧੀਰ, ਭੱਟੀ, ਸੋਨੂੰ, ਵਿਸ਼ਨੂੰ, ਵਿਸ਼ਵ, ਅਕਾਸ਼, ਪਾਰਥ, ਦੀਵਾਸ਼ੂ, ਹਰਜੋਤ, ਅਰਸ਼ਪ੍ਰੀਤ, ਮਨਿੰਦਰ, ਨਿਕਸ਼ਿਤ, ਰਸਨ, ਗੁਰਜਾਪ, ਚੇਤਨ, ਅਭਿਸ਼ੇਕ, ਅਰੁਸ਼, ਗੁਰਨੂਰ, ਦਰਸ਼ਨ, ਮਨਮੀਤ ਸਮੇਤ ਹੋਰ ਨੌਜਵਾਨ ਸਾਥੀ ਸ਼ਾਮਲ ਸਨ।

# ਚੰਨੀ ਨੂੰ ਹਰਾਉਣ ਲਈ ਭਾਜਪਾ ਤੇ ਅਕਾਲੀ ਦਲ ਦਾ ਵੀ ਸਹਿਯੋਗ ਲਵਾਂਗਾ : ਜਸਬੀਰ ਗੜ੍ਹੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਹਲਕਾ ਸ੍ਰੀ ਚਮਕੌਰ ਸਾਹਿਬ ਨੂੰ ਕਾਂਗਰਸ ਮੁਕਤ ਕਰਨ ਲਈ ਭਾਰਤੀ ਜਨਤਾ ਪਾਰਟੀ ਅਤੇ ਅਕਾਲੀ ਦਲ ਦਾ ਵੀ ਸਹਿਯੋਗ ਲੈ ਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਹਰਾਇਆ ਜਾਵੇਗਾ। ਇਹ ਵਿਚਾਰ ਆਮ ਆਦਮੀ ਪਾਰਟੀ ਹਲਕਾ ਸ੍ਰੀ ਚਮਕੌਰ



ਸਾਹਿਬ ਦੇ ਇੰਚਾਰਜ ਜਸਵੀਰ ਸਿੰਘ ਗੜ੍ਹੀ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਗਟ ਕੀਤੇ। ਇਸ ਮੌਕੇ ਹਲਕਾ ਇੰਚਾਰਜ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਸ਼ਹਿ ਤੇ ਕੁਝ ਸਰਪੰਚ ਜੋ ਕਿ ਆਪਣੇ ਆਪ ਨੂੰ ਆਮ ਆਦਮੀ ਪਾਰਟੀ ਨਾਲ ਸੰਬੰਧਿਤ ਦੱਸਦੇ ਹਨ ਵੱਲੋਂ ਮੇਰਾ ਵਿਰੋਧ ਕੀਤਾ ਜਾ ਰਿਹਾ ਹੈ ਪ੍ਰੰਤੂ ਨਾਲ ਹੀ ਹਲਕੇ ਦੇ ਜਿਆਦਾਤਰ ਪੰਚਾਇਤਾਂ ਵੱਲੋਂ ਮੈਨੂੰ ਖੁਦ ਸੱਦਾ ਦੇ ਕੇ ਖੁੱਲਾ ਸਮਰਥਨ ਦੇਣ ਦਾ ਵਾਅਦਾ ਕੀਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਲੰਘੀਆਂ ਬਲਾਕ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਹਾਰ ਦਾ ਕਾਰਨ ਪਾਰਟੀ ਵਿੱਚ ਹੀ ਬੈਠੀਆਂ ਕੁਝ ਕਾਲੀਆਂ ਭੇਡਾਂ ਹਨ। ਉਹਨਾਂ ਕਿਹਾ ਕਿ 2022 ਦੀ ਤਰ੍ਹਾਂ ਇਸ ਵਾਰ ਵੀ ਕਾਂਗਰਸ ਪਾਰਟੀ ਦੇ ਉਮੀਦਵਾਰ ਨੂੰ ਹਰਾ ਕੇ ਹਲਕੇ ਵਿੱਚ ਆਮ ਆਦਮੀ ਪਾਰਟੀ ਦਾ ਝੰਡਾ ਬੁਲੰਦ ਕੀਤਾ ਜਾਵੇਗਾ। ਇਸ ਮੌਕੇ ਮਾਰਕੀਟ ਕਮੇਟੀ ਮੋਰਿੰਡਾ ਦੇ ਸਾਬਕਾ ਚੇਅਰਮੈਨ ਐਨ ਪੀ ਰਾਣਾ, ਸ੍ਰੀ ਚਮਕੌਰ ਸਾਹਿਬ ਦੇ ਮੌਜੂਦਾ ਚੇਅਰਮੈਨ ਅਮਨਦੀਪ ਸਿੰਘ ਮਾਂਗਟ, ਪ੍ਰਧਾਨ ਜਗਪਾਲ ਸਿੰਘ, ਆਪ ਦੇ ਸੂਬਾ ਜੁਆਇੰਟ ਸਕੱਤਰ ਨਿਰਮਲ ਪ੍ਰੀਤ ਸਿੰਘ ਮਿਹਰਬਾਨ, ਬਲਾਕ ਪ੍ਰਧਾਨ ਪੱਪੀ ਚਤਾਮਲੀ ਆਦਿ ਹਾਜ਼ਰ ਸਨ।

# ਪੱਛੜੀਆਂ ਸ਼੍ਰੇਣੀਆਂ ਦੇ ਹਰ ਯੋਗ ਵਿਅਕਤੀ ਤੱਕ ਪਹੁੰਚੇ ਸਰਕਾਰੀ ਯੋਜਨਾਵਾਂ ਦਾ ਲਾਭ : ਮਲਕੀਤ ਥਿੰਦ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਮਲਕੀਤ ਥਿੰਦ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਸਮੀਖਿਆ ਮੀਟਿੰਗ ਕੀਤੀ।

ਮੀਟਿੰਗ ਵਿੱਚ ਪੱਛੜੀਆਂ ਸ਼੍ਰੇਣੀਆਂ (ਬੀ ਸੀ) ਨਾਲ ਸਬੰਧਤ ਲੋਕਾਂ ਦੇ ਸਮਾਜਿਕ ਅਤੇ ਆਰਥਿਕ ਉਤਥਾਨ ਲਈ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਦੀ ਸਮੀਖਿਆ ਕੀਤੀ ਗਈ। ਚੇਅਰਮੈਨ ਮਲਕੀਤ ਥਿੰਦ ਨੇ ਕਿਹਾ ਕਿ ਸਰਕਾਰੀ ਯੋਜਨਾਵਾਂ ਦਾ ਅਸਲ ਉਦੇਸ਼ ਤਾਂ ਹੀ ਪੂਰਾ ਹੁੰਦਾ ਹੈ, ਜਦੋਂ ਉਨ੍ਹਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਪਹੁੰਚੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਬੀ ਸੀ ਵਰਗ ਦੇ ਲੋਕਾਂ ਨੂੰ ਉਨ੍ਹਾਂ ਦੇ ਹੱਕਾਂ ਅਤੇ ਯੋਗਤਾ ਅਨੁਸਾਰ ਯੋਜਨਾਵਾਂ ਦਾ ਲਾਭ ਦਿਵਾਉਣ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਨਾ ਵਰਤੀ ਜਾਵੇ। ਮੀਟਿੰਗ ਦੌਰਾਨ ਚੇਅਰਮੈਨ ਨੇ ਵੱਖ-ਵੱਖ ਵਿਭਾਗਾਂ ਵੱਲੋਂ ਹੁਣ ਤੱਕ ਪੱਛੜੀਆਂ ਸ਼੍ਰੇਣੀਆਂ ਲਈ ਲਾਗੂ ਕੀਤੀਆਂ ਯੋਜਨਾਵਾਂ ਤਹਿਤ ਦਿੱਤੇ ਗਏ ਲਾਭਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਕੀਤੀ ਅਤੇ ਉਪਲਬੱਧ ਅੰਕੜਿਆਂ ਦੇ ਆਧਾਰ 'ਤੇ ਪ੍ਰਗਤੀ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਯੋਜਨਾਵਾਂ ਦੇ ਲਾਗੂ ਕਰਨ ਵਿੱਚ ਸਾਹਮਣੇ ਆਈਆਂ




ਕਮੀਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਨੂੰ ਤਰਜੀਹ ਦੇ ਆਧਾਰ 'ਤੇ ਦੂਰ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਪੱਛੜੀਆਂ ਸ਼੍ਰੇਣੀਆਂ ਦੇ ਲੋਕਾਂ ਅਤੇ ਵੱਖ-ਵੱਖ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਸਿੱਧਾ ਸੰਵਾਦ ਵੀ ਕੀਤਾ ਗਿਆ। ਚੇਅਰਮੈਨ ਨੇ ਉਨ੍ਹਾਂ ਦੀਆਂ ਸਮੱਸਿਆਵਾਂ, ਸ਼ਿਕਾਇਤਾਂ ਅਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ।ਕਈ ਮਾਮਲਿਆਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ, ਜਦਕਿ ਬਾਕੀ ਮਾਮਲਿਆਂ ਦੇ ਨਿਪਟਾਰੇ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਧਾਰਤ ਸਮਾਂ-ਸੀਮਾ ਅੰਦਰ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ।

ਮੀਟਿੰਗ ਵਿੱਚ ਐਸਪੀ ਨਵਨੀਤ ਕੌਰ, ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਧਿਕਾਰੀ ਹਰਪਾਲ ਸਿੰਘ ਗਿੱਲ, ਜ਼ਿਲ੍ਹਾ ਚੇਅਰਮੈਨ ਰਾਮਗੜ੍ਹੀਆ ਵੈਲਫੇਅਰ ਬੋਰਡ ਹਰਪ੍ਰੀਤ ਸਿੰਘ, ਚੇਅਰਮੈਨ ਸੈਣੀ ਵੈਲਫੇਅਰ ਕਮੇਟੀ ਚੱਬੇਵਾਲ ਗੁਰਮੀਤ ਸਿੰਘ ਸੈਣੀ, ਚੇਅਰਮੈਨ ਸੈਣੀ ਵੈਲਫੇਅਰ ਕਮੇਟੀ ਹੁਸ਼ਿਆਰਪੁਰ ਨਰਿੰਦਰ ਸਿੰਘ, ਬਲਾਕ ਕਮੇਟੀ ਮੈਂਬਰ ਟਾਂਡਾ ਕਮਲਜੀਤ ਸਿੰਘ, ਪਰਮਜੀਤ ਸਿੰਘ ਦਸੂਹਾ, ਹਰਜੀਤ ਕੁਮਾਰ, ਹਰਮਨ ਸਿੰਘ, ਪ੍ਰਦੀਪ ਕੁਮਾਰ, ਲਵਲੀ, ਮਨੀ ਨਾਰੂ ਨੰਗਲ, ਗੁਰਨਾਮ ਸਿੰਘ ਸਮੇਤ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਸਮਾਜਿਕ ਸੰਗਠਨਾਂ ਦੇ ਨੁਮਾਇੰਦੇ ਅਤੇ ਪੱਛੜੀਆਂ ਸ਼੍ਰੇਣੀਆਂ ਸਮਾਜ ਦੇ ਵੱਡੀ ਗਿਣਤੀ ਵਿੱਚ ਨੁਮਾਇੰਦੇ ਮੌਜੂਦ ਸਨ।

# ਨਵਦੀਪ ਸੰਘਾ ਵਿਧਾਨ ਸਭਾ ਚੋਣ ਮੈਦਾਨ 'ਚ ਉਤਰਨ ਲਈ ਪੱਬਾਂ ਭਾਰ

## ਮੋਗਾ 'ਚ ਆਗੂਆਂ ਤੇ ਵਰਕਰਾਂ ਦਾ ਕੀਤਾ ਵੱਡਾ ਇਕੱਠ



**ਮੋਗਾ, (ਇਕਬਾਲ ਸਿੰਘ ਖਹਿਰਾ)**-ਪਹਿਲਾਂ ਕਾਂਗਰਸ ਫਿਰ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਹੇ ਨਵਦੀਪ ਸਿੰਘ ਸੰਘਾ, ਜੋ ਹੁਣੇ ਹੁਣੇ ਕੈਨੇਡਾ ਤੋਂ ਪੰਜਾਬ ਪਰਤੇ ਹਨ, ਨੇ ਮੋਗਾ ਵਿਖੇ ਆਪਣੇ ਨਾਲ ਜੁੜੇ ਆਗੂਆਂ ਤੇ ਵਰਕਰਾਂ ਦਾ ਵੱਡਾ ਇਕੱਠ ਹੋਟਲ ਨੀਲਮ ਇਨੋਵਾ ਵਿੱਚ ਕੀਤਾ।ਇਸ ਇਕੱਠ ਨੂੰ ਸੰਬੋਧਨ ਕਰਦਿਆਂ ਨਵਦੀਪ ਸਿੰਘ ਸੰਘਾ ਨੇ ਕਿਹਾ ਕਿ ਪਾਰਟੀ ਨਾ ਅਕਾਲੀ ਦਲ, ਨਾ ਕਾਂਗਰਸ, ਨਾ ਹੀ ਆਮ ਆਦਮੀ ਪਾਰਟੀ ਮਾੜੀ ਹੈ, ਹਾਂ ਇਨ੍ਹਾਂ ਪਾਰਟੀਆਂ ਨਾਲ ਜੁੜੇ ਕੁਝ ਜ਼ਿੰਮੇਵਾਰ ਆਗੂ ਹੁੰਦੇ ਹਨ, ਜਿਨ੍ਹਾਂ ਕਰਕੇ ਪਾਰਟੀ ਅਕਸ ਅਰਸ਼ ਤੋਂ ਫਰਸ਼ ਵੱਲ ਚਲਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬੀਆਂ ਨੂੰ ਆਪਣੀ ਕੀਤੀਆਂ ਗਲਤੀਆਂ ਤੇ ਝਾਤ ਮਾਰਨ ਦੀ ਲੋੜ ਹੈ ਅਤੇ ਉਹ ਇਸ ਗੱਲ ਦਾ ਲੇਖਾ ਜੋਖਾ ਜ਼ਰੂਰ ਕਰਨ ਕਿ ਉਨ੍ਹਾਂ ਨੂੰ ਕਿਸ ਤਰ੍ਹਾਂ ਦੇ ਆਗੂ ਚਾਹੀਦੇ ਹਨ।ਕੀ ਉਹ ਇਸ ਤਰ੍ਹਾਂ ਦੇ ਆਗੂਆਂ ਨੂੰ ਪਸੰਦ ਕਰਨਗੇ, ਜੋ ਮੁਫ਼ਤ ਦੀਆਂ ਰਿਓੜੀਆਂ ਵੰਡਣ, ਜਾਂ ਫਿਰ ਅਜਿਹੇ ਆਗੂਆਂ ਨੂੰ ਜੋ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਵਾਲੇ ਹੋਣ।ਨਵਦੀਪ ਸੰਘਾ ਨੇ ਕਿਹਾ ਕਿ ਉਨ੍ਹਾਂ ਨਾਲ ਜੁੜੇ ਹਜ਼ਾਰਾਂ ਆਗੂਆਂ ਤੇ ਵਰਕਰਾਂ ਨੇ ਅਪੀਲ ਕੀਤੀ ਕਿ ਉਹ ਮੁੜ ਤੋਂ ਸਿਆਸਤ ਵਿੱਚ ਸਰਗਰਮ ਹੋਣ, ਜਿਸ ਕਾਰਨ ਉਨ੍ਹਾਂ ਨੇ ਚੋਣ ਪਿੜ ਵਿੱਚ ਉਤਰਨ ਦਾ ਫੈਸਲਾ ਕੀਤਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਭਾਵੇਂ ਕੋਈ ਵੀ ਹੋਵੇ।ਜਿੰਨਾ ਚਿਰ ਉਹ ਆਮ ਲੋਕਾਂ ਦੇ ਹੱਕਾਂ ਤੇ ਹਕੂਕਾਂ ਵਾਲੀਆਂ ਪਾਲਿਸੀਆਂ ਨਹੀਂ ਅਪਨਾਉਣਗੇ, ਉਨੀ ਦੇਰ ਤੱਕ ਸੂਬੇ ਸਿਰ ਕਰਜ਼ੇ ਦਾ ਬੋਝ ਦਿਨੋਂ ਦਿਨ ਵਧੇਗਾ।ਸੰਘਾ ਨੇ ਕਿਹਾ ਕਿ ਉਹ ਹੁਣੇ ਹੁਣੇ ਵਿਦੇਸ਼ ਤੋਂ ਪਰਤੇ ਹਨ, ਜਲਦ ਹੀ ਆਪਣੇ ਆਗੂਆਂ ਤੇ ਵਰਕਰਾਂ ਨੂੰ ਨਾਲ ਲੈ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਪਿੜ ਵਿੱਚ ਉਤਰਨਗੇ ਤੇ ਬੂਥ ਲੈਵਲ 'ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਜਾਣਨ ਲਈ ਮੀਟਿੰਗਾਂ ਕਰਨਗੇ।ਉਨ੍ਹਾਂ ਪੰਜਾਬ ਤੇ ਖਾਸ ਕਰ ਮੋਗਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਾਫ ਸੁਥਰੇ ਤੇ ਇਮਾਨਦਾਰ ਅਕਸ ਵਾਲੇ ਇਨਸਾਨਾਂ ਨੂੰ ਜਿਤਾਉਣ ਤਾਂ ਜੋ ਪੰਜਾਬ ਨੂੰ ਮੁੜ ਬੁਲੰਦੀ 'ਤੇ ਲਜਾਇਆ ਜਾ ਸਕੇ।ਇਸ ਮੌਕੇ ਨਵਦੀਪ ਸਿੰਘ ਨੇ ਆਪਣੇ ਨਾਲ ਜੁੜਨ ਵਾਲੇ ਨਵੇਂ ਸਾਥੀਆਂ ਨੂੰ ਸਿਰੋਪਾਓ ਦੇ ਕੇ ਸਨਮਾਨ ਕੀਤਾ ਤੇ ਇਲਾਕੇ ਦੇ ਲੋਕਾਂ ਨੂੰ ਭਰੋਸਾ ਦਵਾਇਆ ਕਿ ਉਹ ਪਹਿਲਾਂ ਵਾਂਗ ਹੀ ਉਨ੍ਹਾਂ ਦੀ ਸੇਵਾ ਕਰਨਗੇ ਤੇ ਸੂਬੇ ਦੀ ਤਰੱਕੀ ਲਈ ਯਤਨਸ਼ੀਲ ਰਹਿਣਗੇ

# 527 ਗ੍ਰਾਮ ਹੈਰੋਇਨ ਸਮੇਤ ਤਰਨ ਤਾਰਨ ਦੇ 2 ਤਸਕਰ ਗ੍ਰਿਫ਼ਤਾਰ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) :** ਨਸ਼ਾ ਤਸਕਰਾਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਫ਼ਰੀਦਕੋਟ ਪੁਲਸ ਦੇ ਸੀ.ਆਈ.ਏ. (391) ਸਟਾਫ਼ ਨੇ ਵੱਡੀ ਸਫ਼ਲਤਾ ਹਾਸਲ ਕਰਦਿਆਂ 527 ਗ੍ਰਾਮ ਹੈਰੋਇਨ, ਇੱਕ ਬਿਨਾਂ ਨੰਬਰੀ ਮੋਟਰਸਾਈਕਲ ਤੇ ਇੱਕ ਆਈਫ਼ੋਨ ਸਮੇਤ ਦੋ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਮਾਮਲੇ ਦੀ ਜਾਣਕਾਰੀ ਦਿੰਦਿਆਂ ਪੁਲਸ ਨੇ ਦੱਸਿਆ ਕਿ 31 ਅਗਸਤ ਨੂੰ 391 ਸਟਾਫ਼ ਦੇ ਇੰਚਾਰਜ ਐੱਸ ਆਈ ਹਾਕਮ ਸਿੰਘ ਦੀ ਅਗਵਾਈ ਹੇਠ ਪੁਲਸ ਟੀਮ ਤਲਵੰਡੀ ਰੋਡ, ਸਰਕਾਰੀ ਆਈ.ਟੀ.ਆਈ. ਸਾਹਮਣੇ ਗਸ਼ਤ 'ਤੇ ਸੀ।ਇਸ ਦੌਰਾਨ ਬਿਨਾਂ ਨੰਬਰ ਦੇ ਮੋਟਰਸਾਈਕਲ 'ਤੇ ਆ ਰਹੇ ਦੋ ਸ਼ੱਕੀ ਵਿਅਕਤੀਆਂ ਨੂੰ ਰੋਕ ਕੇ ਤਲਾਸ਼ੀ ਲਈ ਗਈ, ਤਾਂ ਉਨ੍ਹਾਂ ਕੋਲੋਂ 527 ਗ੍ਰਾਮ ਹੈਰੋਇਨ ਬਰਾਮਦ ਹੋਈ।ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਦੀ ਪਛਾਣ ਵਿਕਰਮ ਸਿੰਘ ਉਰਫ਼ ਵਿੱਕੀ (ਵਾਸੀ ਪਿੰਡ ਸੋਹਲ, ਜ਼ਿਲ੍ਹਾ ਤਰਨਤਾਰਨ) ਤੇ ਅਨਮੋਲਪ੍ਰੀਤ ਸਿੰਘ ਉਰਫ਼ ਮੋਲਾ (ਵਾਸੀ ਗੋਰਖਾ, ਜ਼ਿਲ੍ਹਾ ਤਰਨਤਾਰਨ) ਵਜੋਂ ਹੋਈ ਹੈ। ਇਸ ਸਬੰਧੀ ਥਾਣਾ ਸਿਟੀ ਫ਼ਰੀਦਕੋਟ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ।ਪੁਲਸ ਅਧਿਕਾਰੀਆਂ ਅਨੁਸਾਰ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ, ਤਾਂ ਜੋ ਇਨ੍ਹਾਂ ਦੇ ਅਗਲੇ-ਪਿਛਲੇ ਸਬੰਧਾਂ ਤੇ ਪੂਰੇ ਨੈੱਟਵਰਕ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਸਕੇ।



# ਗੁਰਦੁਆਰਾ ਕੋਕੋਮਾਜਰੀ ਵਿਖੇ ਨਵੇਂ ਦਰਬਾਰ ਸਾਹਿਬ ਦੀ ਉਸਾਰੀ ਦਾ ਕੰਮ ਸ਼ੁਰੂ

## ਅਮਨ ਅਰੋੜਾ ਨੇ ਸੰਗਤ ਨੂੰ ਦਿੱਤੀ ਵਧਾਈ

**ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ) :** ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਗੁਰਦੁਆਰਾ ਗੋਬਿੰਦਪੁਰਾ ਸਾਹਿਬ ਕੋਕੋਮਾਜਰੀ ਵਿਖੇ ਨਵੇਂ ਦਰਬਾਰ ਸਾਹਿਬ ਦੀ ਉਸਾਰੀ ਦੇ ਨੀਂਹ ਪੱਥਰ ਸਮਾਗਮ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਪੰਜ ਸਿੰਘ ਸਾਹਿਬਾਨ ਵੱਲੋਂ ਨਵੇਂ ਦਰਬਾਰ ਸਾਹਿਬ ਦੀ ਉਸਾਰੀ ਦਾ ਕਾਰਜ ਸ਼ੁਰੂ ਕਰਵਾਇਆ ਗਿਆ, ਜਿਸ ਵਿੱਚ ਸੰਗਤ ਨੇ ਬੜੀ ਸ਼ਰਧਾ ਅਤੇ ਭਾਵਨਾ ਨਾਲ ਹਿੱਸਾ ਲਿਆ।ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਅੱਜ ਦਾ ਦਿਨ ਇਲਾਕੇ ਦੀ ਸਮੁੱਚੀ ਸੰਗਤ ਤੇ ਗੁਰਦੁਆਰਾ ਕਮੇਟੀ ਲਈ ਬੇਹੱਦ ਭਾਗਾਂ ਵਾਲਾ ਹੈ।ਉਨ੍ਹਾਂ ਕਿਹਾ ਕਿ ਗੁਰਦੁਆਰਾ ਗੋਬਿੰਦਪੁਰਾ ਸਾਹਿਬ ਕੋਕੋਮਾਜਰੀ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਸਬੰਧਤ ਪਵਿੱਤਰ ਗੁਰੂ ਘਰ ਹੈ ਅਤੇ ਇਸ ਮੁਕੱਦਸ ਅਸਥਾਨ 'ਤੇ ਨਵੇਂ ਦਰਬਾਰ ਸਾਹਿਬ ਦੀ ਉਸਾਰੀ ਦਾ ਕਾਰਜ ਸ਼ੁਰੂ ਹੋਣਾ ਸਮੁੱਚੀ ਸੰਗਤ ਲਈ ਖ਼ੁਸ਼ੀ ਅਤੇ ਮਾਣ ਵਾਲੀ ਗੱਲ ਹੈ।ਸ੍ਰੀ ਅਮਨ ਅਰੋੜਾ ਨੇ ਸਮੁੱਚੀ ਸੰਗਤ ਨੂੰ ਇਸ ਪਵਿੱਤਰ ਕਾਰਜ ਦੀ ਸ਼ੁਰੂਆਤ ਲਈ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਨੂੰ ਸਰਬੱਤ ਦੇ ਭਲੇ ਤੇ ਮਨੁੱਖਤਾ ਦੀ ਸੇਵਾ ਦਾ ਸੁਨੇਹਾ ਦਿੱਤਾ ਹੈ।ਉਨ੍ਹਾਂ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਕਿ ਇਹ ਪਵਿੱਤਰ ਕਾਰਜ ਸੰਗਤ ਦੇ ਸਹਿਯੋਗ ਤੇ ਗੁਰੂ ਸਾਹਿਬ ਦੀ ਮਿਹਰ ਨਾਲ ਸੁਚੱਜੇ ਢੰਗ ਨਾਲ ਤੇ ਸਮੇਂ ਸਿਰ ਮੁਕੰਮਲ ਹੋਵੇ ਤੇ ਸਮੁੱਚੀ ਸੰਗਤ ਨੂੰ ਚੜ੍ਹਦੀ ਕਲਾ ਵਿੱਚ ਰੱਖਣ।ਇਸ ਮੌਕੇ ਪੱਤਰਕਾਰਾਂ ਨਾਲ ਗੈਰ ਰਸਮੀ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁੱਡ ਗਵਰਨੈਂਸ ਵੱਲ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਅੱਜ 102 ਨਵੀਆਂ ਸਰਕਾਰੀ ਸੇਵਾਵਾਂ ਦਾ ਆਨਲਾਈਨ ਪੋਰਟਲ ਸ਼ੁਰੂ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਲੋਕਾਂ ਨੂੰ ਵੱਖ-ਵੱਖ ਸਰਕਾਰੀ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਘਰ ਬੈਠਿਆਂ ਆਪਣੇ ਮੋਬਾਈਲ ਫੋਨ ਰਾਹੀਂ ਪ੍ਰਾਪਤ ਕਰਨ ਦੀ ਸਹੂਲਤ ਮਿਲੇਗੀ।ਉਨ੍ਹਾਂ ਕਿਹਾ ਕਿ ਪੈਨਸ਼ਨ, ਮਾਲ ਵਿਭਾਗ, ਟਰਾਂਸਪੋਰਟ ਅਤੇ ਹੋਰ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਲਈ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਲਗਾਉਣ ਦੀ ਲੋੜ ਨਹੀਂ ਰਹੇਗੀ। ਆਨਲਾਈਨ ਪ੍ਰਣਾਲੀ ਨਾਲ ਲੋਕ ਆਪਣੀ ਅਰਜ਼ੀ ਦੀ ਸਥਿਤੀ ਨੂੰ ਘਰ ਬੈਠਿਆਂ ਹੀ ਟਰੈਕ ਕਰ ਸਕਣਗੇ ਅਤੇ ਇਹ ਵੀ ਪਤਾ ਲਗਾ ਸਕਣਗੇ ਕਿ ਉਨ੍ਹਾਂ ਦੀ ਅਰਜ਼ੀ ਕਿਸ ਅਧਿਕਾਰੀ ਕੋਲ ਹੈ। ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਪ੍ਰਣਾਲੀ ਵਿੱਚ ਪੂਰੀ ਪਾਰਦਰਸ਼ਤਾ ਤੇ ਜਵਾਬਦੇਹੀ ਯਕੀਨੀ ਬਣਾਈ ਜਾਵੇਗੀ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ, ਮੈਂਬਰ ਸਾਹਿਬਾਨ ਸ਼ਹਿਰ ਦੇ ਪਤਵੰਤੇ ਸੱਜਣ ਤੇ ਭਾਰੀ ਸੰਖਿਆ ਵਿੱਚ ਸੰਗਤ ਹਾਜ਼ਰ ਸੀ।



# ਸੇਂਟ ਥੈਰੇਸਾ ਕਾਨਵੈਂਟ ਸਕੂਲ ਦੇ ਬੱਚਿਆਂ ਨੇ ਮਨਾਇਆ ਕਲਰ ਡੇ

**ਸਮਾਣਾ (ਇਕਬਾਲ ਸਿੰਘ ਬੱਲ)**-ਸੇਂਟ ਥੈਰੇਸਾ ਕਾਨਵੈਂਟ ਸਕੂਲ ਸਮਾਣਾ ਦੇ ਪ੍ਰੀ-ਪ੍ਰਾਇਮਰੀ ਵਿੰਗ ਵਿੱਚ ਬੱਚਿਆਂ ਲਈ ਰੰਗਾਂ ਨਾਲ ਸਬੰਧਤ ਵਿਸ਼ੇਸ਼ ਗਤੀਵਿਧੀ ਕਲਰ ਡੇ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਨੰਨ੍ਹੇ-ਮੁੰਨਿਆਂ ਨੇ ਵੱਖ-ਵੱਖ ਰੰਗਾਂ ਨੂੰ ਕੁਦਰਤ, ਵਾਤਾਵਰਣ ਤੇ ਆਲੇ-ਦੁਆਲੇ ਦੀ ਦੁਨੀਆ ਨਾਲ ਜੋੜਦਿਆਂ ਆਪਣੀ ਰਚਨਾਤਮਕਤਾ ਦਾ ਸੁੰਦਰ ਪ੍ਰਦਰਸ਼ਨ ਕੀਤਾ। ਨਰਸਰੀ ਦੇ ਬੱਚਿਆਂ ਨੇ ਗ੍ਰੀਨ ਡੇ ਤਹਿਤ ਹਰੇ ਰੰਗ ਨੂੰ ਰੁੱਖਾਂ, ਪੌਦਿਆਂ ਤੇ ਪੱਤਿਆਂ ਨਾਲ ਜੋੜ ਕੇ ਪੇਸ਼ਕਾਰੀ ਦਿੱਤੀ।ਐੱਲ.ਕੇ.ਜੀ. ਦੇ ਬੱਚਿਆਂ ਨੇ ਪੀਲੇ ਰੰਗ ਨੂੰ [illegible] ਕੁਦਰਤ ਦੀ ਸੁੰਦਰਤਾ ਨੂੰ ਦਰਸਾਇਆ। ਇਸੇ ਤਰ੍ਹਾਂ ਯੂ.ਕੇ.ਜੀ. ਦੇ ਬੱਚਿਆਂ ਨੇ ਬਲੂ ਡੇ ਤਹਿਤ ਪਾਣੀ ਤੇ ਸਮੁੰਦਰੀ ਜੀਵਨ ਨੂੰ ਵਿਸ਼ਾ ਬਣਾਇਆ।ਬੱਚੇ ਮੱਛੀਆਂ ਅਤੇ ਵੱਖ-ਵੱਖ ਸਮੁੰਦਰੀ ਜੀਵਾਂ ਦੇ ਰੂਪ ਵਿੱਚ ਸਜ ਕੇ ਆਏ, ਜਿਸ ਨੇ ਸਭ ਦਾ ਧਿਆਨ ਆਪਣੇ ਵੱਲ ਖਿੱਚਿਆ।ਇਸ ਦੌਰਾਨ ਬੱਚਿਆਂ ਨੇ ਰੰਗਾਂ ਨਾਲ ਸਬੰਧਤ ਡਰਾਮਾ ਪੇਸ਼ ਕੀਤਾ ਤੇ ਆਪਣੇ-ਆਪਣੇ ਵਿਸ਼ੇ ਨਾਲ ਜੁੜੀਆਂ [illegible] ਪੰਕਤੀਆਂ ਵੀ ਬੋਲੀਆਂ।ਨੰਨ੍ਹੇ ਬੱਚਿਆਂ ਦਾ ਉਤਸ਼ਾਹ, ਆਤਮ-ਵਿਸ਼ਵਾਸ ਤੇ ਮਾਸੂਮ ਅੰਦਾਜ਼ ਦੇਖਣਯੋਗ ਸੀ।ਉਨ੍ਹਾਂ ਦੀਆਂ ਮਨਮੋਹਕ ਪੇਸ਼ਕਾਰੀਆਂ ਨੇ ਸਕੂਲ ਦੇ ਮਾਹੌਲ ਨੂੰ ਰੰਗੀਨ ਤੇ ਖ਼ੁਸ਼ਨੁਮਾ ਬਣਾ ਦਿੱਤਾ। ਸਕੂਲ ਦੀ ਪ੍ਰਿੰਸੀਪਲ [illegible] ਨੇ ਬੱਚਿਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ, ਆਤਮ-ਵਿਸ਼ਵਾਸ ਤੇ ਰਚਨਾਤਮਕਤਾ ਨੂੰ ਨਿਖਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਅਧਿਆਪਕਾਂ ਦੇ ਯਤਨਾਂ ਦੀ ਪ੍ਰਸ਼ੰਸਾ ਕਰਦਿਆਂ ਬੱਚਿਆਂ ਨੂੰ ਇਸੇ ਉਤਸ਼ਾਹ ਤੇ ਖ਼ੁਸ਼ੀ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।




# ਪਾਕਿਸਤਾਨੀ ਨਾਬਾਲਗ ਨੂੰ ਭੇਜਿਆ ਵਾਪਸ

**ਫਰੀਦਕੋਟ (ਐਲਿਗਜੈਂਡਰ ਡਿਸੂਜਾ) :** ਗ੍ਰਹਿ ਮੰਤਰਾਲੇ ਦੇ ਹੁਕਮਾਂ ਅਨੁਸਾਰ ਸ੍ਰੀ ਸੰਜੇ ਅਗਨੀਹੋਤਰੀ ਮਾਨਯੋਗ ਜ਼ਿਲ੍ਹਾ ਅਤੇ ਸ਼ੈਸ਼ਨ ਜਜ ਕਮ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀਮਤੀ ਗੁਰਪ੍ਰੀਤ ਕੌਰ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਵਲੋਂ ਅਬਜਰਵੇਸ਼ਨ ਹੋਮ ਫਰੀਦਕੋਟ ਤੋਂ ਇੱਕ ਪਾਕਿਸਤਾਨੀ ਬੱਚੇ ਨੂੰ ਵਾਪਸ ਉਸ ਦੇ ਦੇਸ਼ ਭੇਜ ਦਿੱਤਾ ਗਿਆ। ਇਸ ਮੌਕੇ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਵੱਲੋਂ ਪਾਕਿਸਤਾਨੀ ਬੱਚੇ ਨੂੰ ਅਬਜਰਵੇਸ਼ਨ ਹੋਮ ਫਰੀਦਕੋਟ ਤੋਂ ਰਵਾਨਾ ਕੀਤਾ ਗਿਆ ਅਤੇ ਅਟਾਰੀ ਵਿਖੇ ਬੱਚੇ ਨੂੰ ਪਾਕਿਸਤਾਨੀ ਰੇਂਜ਼ਰਾਂ ਦੇ ਹਵਾਲੇ ਕੀਤਾ ਗਿਆ।ਰਵਾਨਗੀ ਮੌਕੇ ਜੱਜ ਸਾਹਿਬ ਵੱਲੋਂ ਉਕਤ ਬੱਚੇ ਨੂੰ ਮਠਿਆਈ, ਫਰੂਟ ਅਤੇ ਕੱਪੜੇ ਦੇ ਕੇ ਵਤਨ ਜਾਣ ਦੀ ਵਧਾਈ ਦਿੱਤੀ ਅਤੇ ਤਾਕੀਦ ਕੀਤੀ ਕਿ ਅੱਗੇ ਤੋਂ ਉਹ ਗੈਰ ਕਾਨੂੰਨੀ ਗਤੀਵਿਧੀ ਨਾਲ ਸਬੰਧ ਨਾ ਰੱਖੇ ਅਤੇ ਬਿਨਾਂ ਵੀਜ਼ੇ ਤੋਂ ਕਿਸੇ ਦੇਸ਼ ਦੀ ਸਰਹੱਦ ਕੋਲ ਨਾ ਜਾਵੇ।





# ਕੋਹਲੀ ਵੱਲੋਂ ਡਿਲਾਈਟ ਕਲੋਨੀ ਵਿਖੇ ਸੜਕ ਦਾ ਉਦਘਾਟਨ




**ਪਟਿਆਲਾ (ਰਜਿੰਦਰ ਸਿੰਘ ਥਿੰਦ )** ਆਮ ਆਦਮੀ ਪਾਰਟੀ ਦੇ ਪਟਿਆਲਾ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਬੁੱਧਵਾਰ ਨੂੰ ਡਿਲਾਈਟ ਕਲੋਨੀ ਵਿਖੇ 50 ਲੱਖ ਦੀ ਲਾਗਤ ਨਾਲ ਬਣੀ ਸੜਕ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਵੀ ਮੌਜੂਦ ਸਨ। ਵਿਧਾਇਕ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਭਰ 'ਚ ਨਵੀਆਂ ਸੜਕਾਂ ਲਗਾਤਾਰ ਬਣਾਈਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀਆਂ ਹਦਾਇਤਾਂ ਮੁਤਾਬਿਕ ਲੋਕਾਂ ਦੀ ਸੁਵਿਧਾ ਲਈ ਸੜਕਾਂ ਦਾ ਕੰਮ ਤੇਜ਼ੀ ਨਾਲ ਪਿਛਲੇ ਲੰਬੇ ਸਮੇਂ ਤੋਂ ਚੱਲ ਰਿਹਾ ਹੈ। ਵਿਧਾਇਕ ਨੇ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕਾ ਨਿਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਅਤੇ ਖੇਤਰ ਦੀ ਦਿੱਖ ਵੀ ਹੋਰ ਸੁੰਦਰ ਬਣੇਗੀ। ਇਸ ਮੌਕੇ ਵਾਰਡ ਨੰਬਰ 50 ਦੇ ਐੱਮ ਸੀ ਹਰਮਨ ਸੰਧੂ, ਮਲੂਕ ਸਿੰਘ ,ਅਮਰੀਕ ਸਿੰਘ ਗਿਲ, ਕੁਲਵਿੰਦਰ ਸਿੰਘ ਢੱਲ, ਹਰਵਿੰਦਰ ਸਿੰਘ ਗਾਂਧੀ , ਮਨਦੀਪ ਖੰਨਾ , ਸੰਦੀਪ ਖੰਨਾ, ਗੁਰਪ੍ਰੀਤ ਸਿੰਘ , ਸੰਜੀਵ ਕੁਮਾਰ ਐਡਵੋਕੇਟ ਅਤੇ ਡਾ. ਅਰਜਨ ਚਾਵਲਾ ਮੌਜੂਦ ਰਹੇ ।

# ਸ਼ੁਤਰਾਣਾ 'ਚ ਨਸ਼ਿਆਂ ਦਾ ਕਹਿਰ : ਅਮਰਜੀਤ ਘੱਗਾ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** -ਹਲਕਾ ਸ਼ੁਤਰਾਣਾ ਦੇ ਪਿੰਡਾਂ ਵਿੱਚ ਮਾਰੂ ਨਸ਼ਿਆਂ ਕਾਰਨ ਨੌਜਵਾਨਾਂ ਦੀਆਂ ਹੋ ਰਹੀਆਂ ਮੌਤਾਂ ਨੂੰ ਲੈ ਕੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਅਤੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਸੰਭਾਵੀ ਉਮੀਦਵਾਰ ਅਮਰਜੀਤ ਸਿੰਘ ਘੱਗਾ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਘੇਰਦਿਆਂ ਕਿਹਾ ਕਿ ਜੇਕਰ ਨਸ਼ਿਆਂ ਦੀ ਰੋਕਥਾਮ ਲਈ ਜ਼ਮੀਨੀ ਪੱਧਰ 'ਤੇ ਸਖ਼ਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਨਾ ਕੀਤੀ ਗਈ ਤਾਂ ਆਉਣ ਵਾਲੇ ਸਮੇਂ ਵਿੱਚ ਹਾਲਾਤ ਹੋਰ ਵੀ ਚਿੰਤਾਜਨਕ ਹੋ ਸਕਦੇ ਹਨ । ਘੱਗਾ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਪਿੰਡਾਂ ਵਿੱਚ ਲੋਕਾਂ ਦੀਆਂ ਚਿੰਤਾਵਾਂ ਬਰਕਰਾਰ ਹਨ ਅਤੇ ਨੌਜਵਾਨਾਂ ਦੀਆਂ ਜ਼ਿੰਦਗੀਆਂ ਖ਼ਤਰੇ ਹੇਠ ਹਨ। ਉਹਨਾਂ ਕਿਹਾ ਕਿ ਹਾਲਤ ਇੰਨੇ ਬਦਤਰ ਹੋ ਚੁੱਕੇ ਹਨ ਕਿ ਹਲਕਾ ਸ਼ੁਤਰਾਣਾ ਵਿੱਚ ਪਿਛਲੇ ਕਰੀਬ ਇੱਕ ਮਹੀਨੇ ਵਿੱਚ ਨਸ਼ਿਆਂ ਕਾਰਨ ਚਾਰ ਮੌਤਾਂ ਹੋ ਚੁੱਕੀਆਂ ਹਨ।ਉਨ੍ਹਾਂ ਦੋਸ਼ ਲਾਇਆ ਕਿ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ ਪ੍ਰਸ਼ਾਸਨ ਨੂੰ ਕੁੰਭਕਰਨੀ ਨੀਂਦ ਤੋਂ ਜਾਗਣ ਦੀ ਲੋੜ ਹੈ।




# ਬਾਲ ਸਾਹਿਤਕਾਰ ਬਾਜ਼ ਸਿੰਘ ਮਹਿਲੀਆ ਦਾ ਸਨਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬੀ ਬਾਲ ਸਾਹਿਤ ਦੇ ਖੇਤਰ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਵਾਲੇ ਬਾਲ ਸਾਹਿਤਕਾਰ ਬਾਜ ਸਿੰਘ ਮਹਿਲੀਆ ਨੂੰ ਸੂਬਾ ਸਰਕਾਰ ਵੱਲੋਂ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਗਏ ਬਾਜ ਸਿੰਘ ਮਹਿਲੀਆ ਦੇ ਸਨਮਾਨ ਨੂੰ ਲੈ ਕੇ ਇਲਾਕੇ ਦੇ ਸਾਹਿਤ ਪ੍ਰੇਮੀਆਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ। ਜਿਸ ਦੇ ਚੱਲਦਿਆਂ ਪਿੰਡ ਖਾਨੇਵਾਲ ਦੀਆਂ ਸੰਗਤਾਂ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਖਾਨੇਵਾਲ ਵਿਖੇ ਹੈਡ ਮਾਸਟਰ ਪਰਮਜੀਤ ਸਿੰਘ ਤੂਰ ਦੀ ਅਗਵਾਈ ਵਿੱਚ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਬਾਜ ਸਿੰਘ ਮਹਿਲੀਆ ਤਿੰਨ ਦਹਾਕਿਆਂ ਦੇ ਵੱਧ ਸਮੇਂ ਤੋਂ ਸਾਹਿਤ ਦੇ ਖੇਤਰ ਵਿੱਚ ਸਰਗਰਮ ਹਨ । ਉਹਨਾਂ ਦੀਆਂ ਹੁਣ ਤੱਕ 9 ਪ੍ਰਕਾਸ਼ਿਤ ਪੁਸਤਕਾਂ ਵਿੱਚੋਂ ਜ਼ਿਆਦਾਤਰ ਬਾਲ ਸਾਹਿਤ ਨਾਲ ਸੰਬੰਧਿਤ ਹਨ। ਉਹਨਾਂ ਵੱਲੋਂ ਲਿਖੀ ਇੱਕ ਪੁਸਤਕ ਭਾਸ਼ਾ ਵਿਭਾਗ ਪੰਜਾਬ ਅਤੇ ਇੱਕ ਪੁਸਤਕ ਨੈਸ਼ਨਲ ਬੁੱਕ ਟਰਸਟ ਦਿੱਲੀ ਵੱਲੋਂ ਪ੍ਰਕਾਸ਼ਿਤ ਕੀਤੀ ਜਾ ਚੁੱਕੀ ਹੈ।

# ਸ਼ਹਿਰ 'ਚ ਟ੍ਰੈਫਿਕ ਦੀ ਸਮੱਸਿਆ ਹੋਈ ਗੰਭੀਰ

**ਬਰੇਟਾ (ਰੀਤਵਾਲ)**-ਸ਼ਹਿਰ ਦੇ ਮੁੱਖ ਚੌਕ ਕ੍ਰਿਸ਼ਨਾ ਮੰਦਿਰ ਅਤੇ ਬਰੇਟਾ ਕੈਂਚੀਆਂ ਤੇ ਪਿਛਲੇ ਕਈ ਦਿਨਾਂ ਤੋਂ ਟ੍ਰੈਫਿਕ ਦੀ ਹਾਲਤ ਬੇਹੱਦ ਖਰਾਬ ਬਣੀ ਹੋਈ ਹੈ। ਸਥਾਨਕ ਵਸਨੀਕਾਂ ਅਨੁਸਾਰ ਇੱਥੇ ਹਰ ਰੋਜ਼ ਛੋਟੇ-ਵੱਡੇ ਹਾਦਸੇ ਵਾਪਰ ਰਹੇ ਹਨ, ਜਿਸ ਕਾਰਨ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਵਾਹਨਾਂ ਦੀ ਵਧਦੀ ਗਿਣਤੀ, ਟ੍ਰੈਫਿਕ ਸਿਗਨਲਾਂ ਦੀ ਘਾਟ ਅਤੇ ਟ੍ਰੈਫਿਕ ਨਿਯਮਾਂ ਦੀ ਅਣਦੇਖੀ ਇਸ ਦੇ ਮੁੱਖ ਕਾਰਨ ਦੱਸੇ ਜਾ ਰਹੇ ਹਨ।ਸਥਾਨਕ ਦੁਕਾਨਦਾਰਾਂ ਅਤੇ ਰਾਹਗੀਰਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਚੌਕਾਂ 'ਤੇ ਟ੍ਰੈਫਿਕ ਪੁਲਿਸ ਦੀ ਤਾਇਨਾਤੀ ਪੱਕੀ ਕੀਤੀ ਜਾਵੇ ਅਤੇ ਸਖ਼ਤ ਨਿਯਮ ਲਾਗੂ ਕੀਤੇ ਜਾਣ ਤਾਂ ਜੋ ਹਾਦਸਿਆਂ ਦੀ ਗਿਣਤੀ ਘਟਾਈ ਜਾ ਸਕੇ। ਦੂਜੇ ਪਾਸੇ ਅੱਕੇ ਲੋਕਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਜਲਦੀ ਹੀ ਢੁਕਵੇਂ ਕਦਮ ਨਾ ਚੁੱਕੇ ਗਏ ਤਾਂ ਵੱਡੇ ਪੱਧਰ 'ਤੇ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ।



# ਬਾਰ ਐਸੋਸੀਏਸ਼ਨ ਦੀ ਪ੍ਰਧਾਨਗੀ ਲਈ ਰਾਜੀਵ ਸਿੰਗਲਾ ਤੇ ਅਸ਼ਵਨੀ ਕੌਸ਼ਲ 'ਚ ਮੁਕਾਬਲਾ

## ਕੁਲਦੀਪ ਸੰਧੂ ਸੈਕਟਰੀ, ਚਮਨਦੀਪ ਕੌਰ ਮੀਤ ਪ੍ਰਧਾਨ, ਅਸਮਿਤਾ ਗਰਗ ਜੁਆਇੰਟ ਸੈਕਟਰੀ ਬਿਨਾਂ ਮੁਕਾਬਲਾ ਚੁਣੇ

**ਧੂਰੀ, ਸਤੰਬਰ (ਮੋਹਿਤ ਗਰਗ, ਮਨੋਹਰ ਸੱਗੂ, ਬਿਨੀ ਗਰਗ)**-ਬਾਰ ਐਸੋਸੀਏਸ਼ਨ ਧੂਰੀ ਦੀਆਂ ਆਗਾਮੀ ਚੋਣਾਂ ਦੇ ਮੱਦੇਨਜ਼ਰ ਸਥਾਨਕ ਕਚਹਿਰੀਆਂ ਵਿੱਚ ਸਿਆਸੀ ਹਲਚਲ ਪੂਰੀ ਤਰ੍ਹਾਂ ਤੇਜ਼ ਹੋ ਗਈ ਹੈ।11 ਸਤੰਬਰ ਨੂੰ ਹੋਣ ਜਾ ਰਹੀ ਇਸ ਅਹਿਮ ਚੋਣ [illegible] ਲਈ ਐਡਵੋਕੇਟ ਰਾਜੀਵ ਸਿੰਗਲਾ ਅਤੇ ਐਡਵੋਕੇਟ ਅਸ਼ਵਨੀ ਕੌਸ਼ਲ ਆਹਮੋ-ਸਾਹਮਣੇ ਹੋਣਗੇ, ਜਦਕਿ ਖਜ਼ਾਨਚੀ ਦੇ ਅਹੁਦੇ ਲਈ ਐਡਵੋਕੇਟ ਪਰਮੋਦ ਸਿੰਗਲਾ ਤੇ ਐਡਵੋਕੇਟ ਕਮਲ ਕੁਮਾਰ ਵਿਚਾਲੇ ਸਿੱਧੀ ਟੱਕਰ [illegible] ਨਾਮਜ਼ਦਗੀ ਕਾਗਜ਼ ਦਾਖਲ ਕਰਨ ਦੇ ਆਖ਼ਰੀ ਦਿਨ ਵਕੀਲ ਭਾਈਚਾਰੇ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਚੋਣ ਮੈਦਾਨ ਦੇ ਸਪੱਸ਼ਟ ਹੁੰਦਿਆਂ ਹੀ ਸਾਰੇ ਉਮੀਦਵਾਰਾਂ ਨੇ ਵਕੀਲਾਂ ਦਾ ਸਮਰਥਨ ਹਾਸਲ ਕਰਨ ਲਈ ਆਪਣਾ ਪ੍ਰਚਾਰ ਆਰੰਭ ਦਿੱਤਾ ਹੈ। ਰਿਟਰਨਿੰਗ ਅਫਸਰਾਂ ਸਾਹਮਣੇ ਦਾਖਲ ਕੀਤੀਆਂ ਗਈਆਂ ਨਾਮਜ਼ਦਗੀਆਂ ਮੁਤਾਬਕ ਪ੍ਰਧਾਨਗੀ ਦੇ ਵੱਕਾਰੀ ਅਹੁਦੇ [illegible] ਅਫਸਰ ਐਡਵੋਕੇਟ ਅਮਨਦੀਪ ਸਿੰਘ ਚਹਿਲ ਤੇ ਐਡਵੋਕੇਟ ਸਤਿੰਦਰ ਸਿੰਘ ਦੀ ਦੇਖ-ਰੇਖ ਹੇਠ 2 ਸਤੰਬਰ ਨੂੰ ਨਾਮਜ਼ਦਗੀ ਕਾਗਜ਼ਾਂ ਦੀ ਪੜਤਾਲ ਕੀਤੀ ਜਾਵੇਗੀ।ਇਸ ਉਪਰੰਤ ਪ੍ਰਧਾਨ ਅਤੇ ਖਜ਼ਾਨਚੀ ਦੇ ਅਹੁਦਿਆਂ ਲਈ 11 ਸਤੰਬਰ ਨੂੰ ਵੋਟਾਂ ਪਾਈਆਂ ਜਾਣਗੀਆਂ ਤੇ ਉਸੇ ਦਿਨ ਹੀ ਨਤੀਜਿਆਂ ਦਾ ਐਲਾਨ ਕਰ ਦਿੱਤਾ ਜਾਵੇਗਾ।



# ਸਨੌਰ ਵਿਖੇ ਤੀਆਂ ਦਾ ਤਿਉਹਾਰ ਤੇ ਸਖ਼ੀਆਂ ਨਾਲ ਮਿਲਣੀ ਸਮਾਗਮ



**ਸਨੌਰ (ਰਾਜਿੰਦਰ ਸਿੰਘ ਥਿੰਦ)** - ਹਲਕਾ ਸਨੌਰ ਅਧੀਨ ਪੈਂਦੇ ਮਹਿਲ ਪੈਲੇਸ, [illegible] ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸ. ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਕਰਵਾਇਆ ਗਿਆ ਤੀਆਂ ਦਾ ਤਿਉਹਾਰ ਅਤੇ ਸਖ਼ੀਆਂ ਨਾਲ ਮਿਲਣੀ ਸਮਾਗਮ [illegible] ਲਵਲੀਨ ਕੌਰ, ਬਲਜੀਤ ਕੌਰ, ਹਰਜੀਤ ਕੌਰ, ਨਿਸ਼ਾ ਕੌਰ, ਰੇਖਾ ਰਾਣੀ, ਜਸਵਿੰਦਰ ਕੌਰ, ਹਰਪ੍ਰੀਤ ਕੌਰ, ਕਰਮਜੀਤ ਕੌਰ, ਜਤਿੰਦਰਪਾਲ ਕੌਰ, ਸ਼ਾਲੂ ਰਾਣੀ, ਗੁਰਮੀਤ ਕੌਰ ਤੋਂ ਇਲਾਵਾ ਹਲਕਾ ਸਨੌਰ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ ਤੋਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਹਿਲਾਵਾਂ ਦੇ ਮਾਣ-ਸਤਿਕਾਰ, ਸੁਰੱਖਿਆ ਅਤੇ ਆਰਥਿਕ ਸਸ਼ਕਤੀਕਰਨ ਲਈ ਲਗਾਤਾਰ ਇਤਿਹਾਸਕ ਕਦਮ ਚੁੱਕ ਰਹੀ ਹੈ।

# ਉੱਘੇ ਮੁਲਾਜ਼ਮ ਸੁਖਚੈਨ ਖਹਿਰਾ ਦੀ ਬਦਲੀ ਦਾ ਜਥੇਬੰਦਕ ਸਫ਼ਾਂ 'ਚ ਤਿੱਖਾ ਪ੍ਰਤੀਕਰਮ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ 'ਤੇ ਅਧਾਰਤ ਬਣੀ [illegible] ਸਮਰਾਲਾ ਦੇ ਪ੍ਰਧਾਨ ਸਿਕੰਦਰ ਸਿੰਘ ਤੇ ਸਰਕਲ ਰੋਪੜ ਦੇ ਪ੍ਰਧਾਨ ਭਰਪੂਰ ਸਿੰਘ ਮਾਂਗਟ ਤੇ ਡੀਟੀਐੱਫ ਦੇ ਜ਼ਿਲ੍ਹਾ ਪ੍ਰਧਾਨ ਰੁਪਿੰਦਰਪਾਲ ਸਿੰਘ ਗਿੱਲ ਨੇ ਸਰਕਾਰ ਦੀ ਬਦਲਾਖੋਰੀ ਦੀ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ, ਜਿਸ ਢੰਗ ਨਾਲ ਸੰਘਰਸ਼ ਨੂੰ ਦਬਾਉਣਾ ਚਾਹੁੰਦੀ ਹੈ, ਇਸ ਦੇ ਉਲਟ ਇਸ ਬਦਲਾਖੋਰੀ ਦਾ ਢੁੱਕਵਾਂ ਜਵਾਬ ਦੇਣ ਲਈ ਸੰਘਰਸ਼ ਹੋਰ ਪ੍ਰਚੰਡ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ 27 ਅਗਸਤ ਨੂੰ ਸਮੂਹਿਕ ਛੁੱਟੀ [illegible] ਉਨ੍ਹਾਂ ਨੂੰ ਚਲਦਾ ਕੀਤਾ ਹੈ।ਪਾਵਰਕੌਮ ਪੈਨਸ਼ਨਰ ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਕਿ ਉਹ ਟਕਰਾਅ ਦੀ ਨੀਤੀ ਛੱਡ ਕੇ ਗੱਲਬਾਤ ਦਾ ਰਾਹ ਅਖਤਿਆਰ ਕਰਨ ਤੇ ਮੁਲਾਜ਼ਮਾਂ/ ਪੈਨਸ਼ਨਰਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਦਾ ਨਿਪਟਾਰਾ ਕਰਨ।






# ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ ਕਰਵਾਇਆ

**ਨਾਭਾ (ਅਮਨ ਗਰਗ )** - ਰਿਆਸਤੀ ਸਹਿਰ ਨਾਭਾ ਵਿਖੇ ਸੁਸ਼ੋਭਿਤ ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਮਹਾਰਾਜ ਦੇ ਨਗਾਰਚੀ ਧੰਨ ਧੰਨ ਬਾਬਾ ਅਜਾਪਾਲ ਸਿੰਘ ਦੇ ਪਾਵਨ ਤਪ ਅਸਥਾਨ ਗੁ: ਘੋੜਿਆਂ ਵਾਲਾ ਸਾਹਿਬ ਨਾਭਾ ਵਿਖੇ ਇਲਾਕੇ ਦੀਆਂ ਸਮੁੱਚੀਆਂ ਧਾਰਮਿਕ ਸੇਵਾ ਸੁਸਾਇਟੀਆਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ,ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ ਸੰਗਤਾਂ ਦੇ ਸਾਂਝੇ ਸਹਿਯੋਗ ਸਦਕਾ ਅਤੇ ਸ਼ਬਦ ਚੌਂਕੀ ਜਥਾ ਮਾਤਾ ਸਾਹਿਬ ਕੌਰ ਸੇਵਾ ਸੁਸਾਇਟੀ ਨਾਭਾ ਅਤੇ ਰਣਜੀਤ ਗੱਤਕਾ ਅਖਾੜਾ ਨਿਹੰਗ ਸਿੰਘਾਂ ਦੇ ਉੱਦਮ ਸਦਕਾ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਸ਼ਰਧਾ ਪੂਰਵਕ ਕਰਵਾਇਆ ਗਿਆ ਜਿਸ ਦੌਰਾਨ ਧੰਨ ਧੰਨ ਗੁਰੂ ਰਾਮਦਾਸ ਮਹਾਰਾਜ ਦੀ ਪਾਵਨ ਨਗਰੀ ਸ੍ਰੀ ਅੰਮ੍ਰਿਤਸਰ ਤੋਂ ਵਿਸ਼ੇਸ਼ ਤੌਰ 'ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸ਼ਮਨਦੀਪ ਸਿੰਘ ਅਤੇ ਸਹਿਯੋਗੀ ਜਥੇ ਨੇ ਸੰਗਤਾਂ ਨੂੰ ਇਲਾਹੀ ਬਾਣੀ ਦੇ ਕੀਰਤਨ ਦੀ ਛਹਿਬਰ ਰਾਹੀਂ ਗੁਰੂ ਚਰਨਾਂ ਨਾਲ ਜੋੜਿਆ। ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਝਾੜੂ ਬਰਦਾਰ ਸਿੰਘ ਸਾਹਿਬ ਗਿਆਨੀ ਸਤਪਾਲ ਸਿੰਘ ਫਰਵਾਹੀ ਕਥਾਵਾਚਕ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਗੁਰ ਇਤਿਹਾਸ ਗੁਰਮਤ ਵਿਚਾਰਾਂ ਰਾਹੀਂ ਸੰਗਤਾਂ ਨੂੰ ਜਾਣੂ ਕਰਵਾਇਆ। ਸਮੁੱਚੀਆਂ ਧਾਰਮਿਕ ਸੇਵਾ ਸੁਸਾਇਟੀਆਂ ਵੱਲੋਂ ਸਿੰਘ ਸਾਹਿਬ ਗਿਆਨੀ ਸਤਪਾਲ ਸਿੰਘ ਫਰਵਾਹੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬੀਬੀ ਹਰਦੀਪ ਕੌਰ ਖੋਖ,ਜਥੇਦਾਰ ਬਲਤੇਜ ਸਿੰਘ ਖੋਖ, ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ, ਪਰਮਜੀਤ ਸਿੰਘ ਸਹੌਲੀ,ਭਾਈ ਹਰਵਿੰਦਰ ਸਿੰਘ ਵਿੱਕੀ ਬਾਬਾ, ਰਵਿੰਦਰ ਸਿੰਘ ਸਿਮਰਨ, ਜਸਪਾਲ ਸਿੰਘ ਮਾਤਾ ਸਾਹਿਬ ਕੌਰ ਸੇਵਾ ਸੋਸਾਇਟੀ,ਭਾਈ ਵੀਰ ਬਹਾਦਰ ਸਿੰਘ ਹੈਡ ਗ੍ਰੰਥੀ ਭਾਈ ਹਰਜਿੰਦਰ ਸਿੰਘ ਮੱਲੇਵਾਲ ਹੈਡ ਗ੍ਰੰਥੀ,ਹਰਪ੍ਰੀਤ ਸਿੰਘ ਗੁਰੂ ਰਾਮਦਾਸ ਸੇਵਾ ਸੁਸਾਇਟੀ, ਡਾ: ਅਮਰਜੀਤ ਸਿੰਘ ਸਾਹਨੀ, ਹਰਪ੍ਰੀਤ ਸਿੰਘ ਰੁਬਲ,ਹਾਕਮ ਸਿੰਘ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਸੇਵਾ ਸੁਸਾਇਟੀ, ਸਿਮਰਨਜੋਤ ਸਿੰਘ ਸੁਰਜੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਸੇਵਾਦਾਰ ਹਾਜ਼ਰ ਸਨ ।




# ਸੰਤ ਬਾਬਾ ਅਜੈਬ ਸਿੰਘ ਦੀ ਬਰਸੀ ਸੰਬੰਧੀ ਸਮਾਗਮ ਸ਼ੁਰੂ

**ਹਠੂਰ (ਨਛੱਤਰ ਸੰਧੂ)**-ਇਤਿਹਾਸਿਕ ਗੁਰਦੁਆਰਾ ਪੰਜੂਆਣਾ ਸਾਹਿਬ ਪਾਤਸ਼ਾਹੀ ਦਸਵੀਂ ਪਿੰਡ ਲੰਮਾ ਜੱਟਪੁਰਾ ਵਿਖੇ ਪੰਥ ਰਤਨ ਬ੍ਰਹਮ ਗਿਆਨੀ ਸੰਤ ਬਾਬਾ ਅਜੈਬ ਸਿੰਘ ਬੋਪਾਰਾਏ ਕਲਾਂ ਵਾਲਿਆਂ ਦੀ 38ਵੀਂ ਬਰਸੀ 7 ਸਤੰਬਰ ਨੂੰ ਮਨਾਉਣ ਸਬੰਧੀ ਧਾਰਮਿਕ ਸਮਾਗਮ ਸ਼ੁਰੂ ਹੋਇਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਪੰਜੂਆਣਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਲਬੀਰ ਸਿੰਘ ਪੰਜੂਆਣਾ ਸਾਹਿਬ ਵਾਲਿਆਂ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਾਵਨ ਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ 101 ਪਾਠਾਂ ਦੀ ਲੜੀ ਦੇ ਭੋਗ ਪਾਏ ਜਾਣਗੇ। ਉਨ੍ਹਾਂ ਦੱਸਿਆ ਕਿ ਧਾਰਮਿਕ ਸਮਾਗਮਾਂ ਦੌਰਾਨ ਰੋਜ਼ਾਨਾ ਰਾਤ 8ਵਜੇ ਤੋਂ ਰਾਤ 9ਵਜੇ ਧਾਰਮਿਕ ਦੀਵਾਨ ਸਜੇਗਾ ਜਿਸ ਦੌਰਾਨ ਰਾਗੀ ਜੱਥਿਆਂ ਤੇ ਮਹਾਪੁਰਸ਼ਾਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਬਰਸੀ ਸਮਾਗਮ ਦੇ ਅਖੀਰਲੇ ਦਿਨ ਮਿਤੀ 7 ਸਤੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਦੀਆਂ ਲੜੀਆਂ ਦੇ ਭੋਗ ਪਾਏ ਜਾਣਗੇ। ਜਿਸ ਦੌਰਾਨ ਸਿੱਖ ਪੰਥ ਪ੍ਰਸਿੱਧ ਵਿਦਵਾਨ ਹਾਜ਼ਰੀਆਂ ਭਰਨਗੇ। ਇਸ ਮੌਕੇ ਬੀਬੀ ਗੁਰਸ਼ਰਨ ਕੌਰ ਖਾਲਸਾ, ਗਿਆਨੀ ਭਾਗ ਸਿੰਘ, ਗਿਆਨੀ ਸੁੱਖਪ੍ਰੀਤ ਸਿੰਘ,ਜਸਕਰਨ ਸਿੰਘ, ਅਨਮੋਲ ਸਿੰਘ ਨਵਜੋਬਨ ਸਿੰਘ,ਕਾਕਾ ਸਿੰਘ ਆਦਿ ਸੰਗਤਾਂ ਹਾਜ਼ਰ ਸਨ।



# ਬਰਨਾਲਾ ਬਾਈਪਾਸ ਬੰਦ ਹੋਣ ਨਾਲ ਲੋਕਾਂ ਦੀਆਂ ਵਧੀਆਂ ਮੁਸ਼ਕਲਾਂ



**ਭੀਖੀ (ਧਰਮਵੀਰ ਸ਼ਰਮਾ)** - ਸ਼ਹਿਰ ਦੀ ਟ੍ਰੈਫਿਕ ਸਮੱਸਿਆ ਨੂੰ ਹੱਲ ਕਰਨ ਅਤੇ ਆਵਾਜਈ ਨੂੰ ਸੁਚਾਰੂ ਬਣਾਉਣ ਲਈ ਵਨ-ਵੇਅ ਕੀਤਾ ਗਿਆ ਬਰਨਾਲਾ ਬਾਈਪਾਸ ਰੋਡ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੀ ਨਲਾਇਕੀ ਅਤੇ ਨਗਰ ਪੰਚਾਇਤ ਵਲੋਂ ਬੱਸ ਅੱਡਾ-ਬਰਨਾਲਾ ਬਾਈਪਾਸ ਦੇ ਰੱਖ ਰਖਾਵ ਅਤੇ ਗੰਦੇ ਪਾਣੀ ਦੀ ਨਿਕਾਸੀ ਵਿੱਚ ਨਾਕਾਮ ਰਹਿਣ ਕਾਰਨ ਖਸਤਾ ਹਾਲਤ ਵਿੱਚ ਹੈ ਜਿਸ ਤੋਂ ਦੁਖੀ ਹੋ ਕੇ ਲੋਕਾਂ ਨੇ ਰੋਸ ਵਜੋਂ ਇਸ ਸੜਕ ਨੂੰ ਕਈ ਦਿਨਾਂ ਤੋਂ ਬੰਦ ਕੀਤਾ ਹੋਇਆ ਹੈ। ਜਿਥੇ ਇਸ ਸੜਕ ਦੇ ਦੁਆਲੇ ਵਸੇ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਉਥੇ ਰਾਹਗੀਰਾਂ ਲਈ ਵੀ ਔਖਾ ਹੋਇਆ ਪਿਆ ਹੈ ਅਤੇ ਸਾਰੀ ਆਵਾਜਾਈ ਨਗਰ ਦੇ ਮੁੱਖ ਚੌਂਕ ਤੋਂ ਬਰਨਾਲਾ ਰੋਡ ਤੋਂ ਹੋ ਕੇ ਗੁਜਰਦੀ ਹੈ ਜਿਸ ਕਰਕੇ ਇਥੇ ਹਰ ਸਮੇਂ ਜਾਮ ਦੀ ਸਥਿਤੀ ਬਣੀ ਰਹਿੰਦੀ ਹੈ। ਉਪਰੋਂ ਦੁਕਾਨਦਾਰਾਂ ਨੇ ਬਰਨਾਲਾ ਰੋਡ 'ਤੇ ਨਜਾਇਜ ਕਬਜੇ ਵੀ ਕਰ ਰੱਖੇ ਹਨ ਅਤੇ ਖਰੀਦੋ ਫਰੋਖਤ ਕਰਨ ਵਾਲਿਆਂ ਦੇ ਵਹੀਕਲ ਖੜ੍ਹੇ ਹੋਣ ਕਾਰਨ ਆਵਾਜਾਈ ਦੀ ਸਮੱਸਿਆ ਹੋਰ ਵੀ ਔਖੀ ਹੋ ਜਾਂਦੀ ਹੈ। ਇਸ ਸੜਕ ਵਿੱਚ ਦੋ ਦੋ ਫੁੱਟ ਡੂੰਘੇ ਵੱਡੇ ਟੋਏ ਪੈ ਗਏ ਹਨ ਜਿਸ ਕਾਰਨ ਭਾਰੀ ਸਮਰੱਥਾ ਵਾਲੇ ਵਾਹਨਾਂ ਦੇ ਪਲਟਣ ਦਾ ਡਰ ਬਣਿਆ ਹੋਇਆ ਹੈ । ਨਗਰ ਪੰਚਾਇਤ ਅਤੇ ਜਿਲ੍ਹਾ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਇਸ 400 ਮੀਟਰ ਦੇ ਕਰੀਬ ਰਸਤੇ 'ਤੇ ਗੰਦੇ ਪਾਣੀ ਦੀ ਨਿਕਾਸੀ ਦੇ ਤੁਰੰਤ ਪ੍ਰਬੰਧ ਕੀਤੇ ਜਾਣ ਅਤੇ ਥਾਂ ਥਾਂ 'ਤੇ ਗਟਰਾਂ ਵਿਚੋਂ ਲੀਕ ਹੋ ਰਹੇ ਸੀਵਰੇਜ ਦੇ ਪਾਣੀ ਨੂੰ ਰੋਕਣ ਲਈ ਮੇਨ ਹੋਲਾਂ ਦੀ ਮੁਰੰਮਤ ਕੀਤੀ ਜਾਵੇ ਤਾਂ ਜੋ ਨਗਰ ਨਿਵਾਸੀ ਅਤੇ ਰਾਹਗੀਰ ਇਸ ਗੰਭੀਰ ਸਮੱਸਿਆ ਤੋਂ ਛੁਟਕਾਰਾ ਪਾ ਸਕਣ।


# ਰਾਣਾ ਰਣਬੀਰ ਦੀ ਅਗਵਾਈ ਹੇਠ 12 ਤੇ 13 ਨੂੰ ਹੋਵੇਗੀ ਆਰਟ ਵਰਕਸ਼ਾਪ

**ਧੂਰੀ, (ਸੁਖਦੇਵ ਧੂਰੀ)**-ਸਮਾਜਿਕ ਸੰਸਥਾ ਲੋਕ ਮਨ ਦੀ ਆਗੂ ਅਮਨਦੀਪ ਕੌਰ ਨੇ ਦੱਸਿਆ ਕਿ ਉੱਘੇ ਕਲਾਕਾਰ, ਲੇਖਕ ਅਤੇ ਰੰਗਕਰਮੀ ਰਾਣਾ ਰਣਬੀਰ ਦੀ ਅਗਵਾਈ ਹੇਠ 12 ਅਤੇ 13 ਸਤੰਬਰ ਨੂੰ 'ਆਰਟ ਵਰਕਸ਼ਾਪ' ਧੂਰੀ ਵਿਖੇ ਕਰਵਾਈ ਜਾ ਰਹੀ ਹੈ। ਇਸ ਦੋ ਰੋਜ਼ਾ ਵਰਕਸ਼ਾਪ ਵਿੱਚ ਅਦਾਕਾਰੀ, ਲੇਖਣੀ ਅਤੇ ਜੀਵਨ ਜਾਚ ਨਾਲ ਸਬੰਧਤ ਹਾਂ-ਪੱਖੀ ਵੱਖ-ਵੱਖ ਪਹਿਲੂਆਂ ਬਾਰੇ ਸਿਖਲਾਈ ਦਿੱਤੀ ਜਾਵੇਗੀ।ਲੋਕ ਮਨ ਟੀਮ ਦੀ ਹੋਈ ਇੱਕ ਅਹਿਮ ਮੀਟਿੰਗ ਵਿੱਚ ਲਏ ਫੈਸਲੇ ਸਬੰਧੀ ਅਮਨਦੀਪ ਕੌਰ ਬਾਠ ਨੇ ਦੱਸਿਆ ਕਿ ਵਰਕਸ਼ਾਪ ਦੌਰਾਨ ਭਾਗੀਦਾਰਾਂ ਨੂੰ ਕਲਾ ਦੇ ਖੇਤਰ ਵਿੱਚ ਆਪਣੀ ਪ੍ਰਤਿਭਾ ਨੂੰ ਨਿਖਾਰਨ, ਰਚਨਾਤਮਕ ਸੋਚ ਨੂੰ ਵਿਕਸਤ ਕਰਨ ਅਤੇ ਜੀਵਨ ਨੂੰ ਬਿਹਤਰ ਢੰਗ ਨਾਲ ਸਮਝਣ ਦੇ ਮੌਕੇ ਮਿਲਣਗੇ। ਉਨ੍ਹਾਂ ਦੱਸਿਆ ਕਿ ਇਹ ਵਰਕਸ਼ਾਪ 12 ਤੇ 13 ਸਤੰਬਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਅਤੇ ਬਾਅਦ ਦੁਪਹਿਰ 2 ਵਜੇ ਤੋਂ ਸ਼ਾਮ 5 ਵਜੇ ਤੱਕ ਸਨਾਤਨ ਧਰਮ ਸਭਾ ਧੂਰੀ ਪਿੰਡ ਵਿਖੇ ਕਰਵਾਈ ਜਾਵੇਗੀ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਮਾਸਟਰ ਬਿਕਰਮਜੀਤ ਸਿੰਘ, ਕਰਨਦੀਪ ਸਿੰਘ ਚੈਰੀ, ਰਜਿੰਦਰ ਸਿੰਘ ਰਾਜੂ, ਗੁਰਪ੍ਰੀਤ ਸਿੰਘ ਆਦਿ ਮੌਜੂਦ ਸਨ।



# ਖੇਡਾਂ ਵਤਨ ਪੰਜਾਬ ਦੀਆਂ ਇਕ ਅਹਿਮ ਉਪਰਾਲਾ : ਡਾ. ਮਿੰਕੂ ਜਵੰਧਾ

**ਭਵਾਨੀਗੜ੍ਹ (ਰਾਜ ਖੁਰਮੀ) :** ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਦਾ ਚੌਥਾ ਸੀਜ਼ਨ-2026 ਇਸ ਵਾਰ ਵੀ ਨੌਜਵਾਨ ਖਿਡਾਰੀਆਂ ਲਈ ਨਵੇਂ ਮੌਕੇ ਲੈ ਕੇ ਆ ਰਿਹਾ ਹੈ। ਖੇਡਾਂ ਦੀਆਂ ਤਿਆਰੀਆਂ ਸਬੰਧੀ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਅਧਿਕਾਰੀਆਂ ਨਾਲ ਬੈਠਕ ਕਰਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਹੈ ਅਤੇ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਸੂਬੇ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਵੱਡਾ ਮੰਚ ਪ੍ਰਦਾਨ ਕਰਨ ਵਾਲਾ ਇੱਕ ਮਹੱਤਵਪੂਰਨ ਉਪਰਾਲਾ ਹੈ। ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਨਾਲ ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤੀ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਨੇ ਦੇਸ਼ ਨੂੰ ਅਨੇਕਾਂ ਨਾਮਵਰ ਖਿਡਾਰੀ ਦਿੱਤੇ ਹਨ ਅਤੇ ਸੂਬੇ ਦੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਕੁਦਰਤੀ ਰੁਝਾਨ ਹੈ। ਉਨ੍ਹਾਂ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ-2026' ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਹੋਰ ਸੁਖਾਲਾ ਬਣਾਇਆ ਗਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਖੇਡਾਂ ਲਈ ਕਿਊ.ਆਰ. ਕੋਡ ਜਾਰੀ ਕੀਤਾ ਗਿਆ ਹੈ, ਜਿਸ ਨੂੰ ਸਕੈਨ ਕਰਕੇ ਖਿਡਾਰੀ ਆਸਾਨੀ ਨਾਲ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।




# ਹਰਚੰਦ ਸਿੰਘ ਬਰਸਟ ਵੱਲੋਂ ਸੜਕੀ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਮੰਗਲਵਾਰ ਨੂੰ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਵਿੱਚ ਲਗਭਗ 3.13 ਕਰੋੜ ਰੁਪਏ ਦੀ ਲਾਗਤ ਵਾਲੇ ਸੜਕੀ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜਾਂ ਦੀ ਰਿਬਨ ਕੱਟ ਕੇ ਰਸਮੀ ਤੌਰ 'ਤੇ ਸ਼ੁਰੂਆਤ ਕਰਵਾਈ ਗਈ। ਇਨ੍ਹਾਂ ਵਿਕਾਸ ਕਾਰਜਾਂ ਵਿੱਚ ਸੜਕਾਂ ਦੀ ਮੁਰੰਮਤ, ਨਵੀਨੀਕਰਨ ਅਤੇ ਚੌੜਾਈ ਵਧਾਉਣ ਦੇ ਕੰਮ ਸ਼ਾਮਲ ਹਨ। ਇਨ੍ਹਾਂ ਪ੍ਰੋਜੈਕਟਾਂ ਦੇ ਮੁਕੰਮਲ ਹੋਣ ਨਾਲ ਪੇਂਡੂ ਖੇਤਰਾਂ ਵਿੱਚ ਆਵਾਜਾਈ ਦੀ ਸਹੂਲਤ ਬਿਹਤਰ ਹੋਵੇਗੀ ਅਤੇ ਲੋਕਾਂ ਨੂੰ ਹਰ ਮੌਸਮ ਵਿੱਚ ਬਿਹਤਰ ਆਵਾਜਾਈ ਦੀ ਸਹੂਲਤ ਮਿਲੇਗੀ। ਇਸ ਮੌਕੇ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਤੌਰ 'ਤੇ ਕੰਮ ਕੀਤੇ ਜਾ ਰਹੇ ਹਨ। ਪਿੰਡਾਂ ਨੂੰ ਸ਼ਹਿਰਾਂ ਅਤੇ ਮੁੱਖ ਮਾਰਗਾਂ ਨਾਲ ਜੋੜਨ ਵਾਲੀਆਂ ਸੜਕਾਂ ਦੀ ਮੁਰੰਮਤ ਅਤੇ ਨਵੀਨੀਕਰਨ ਨਾਲ ਜਿੱਥੇ ਆਮ ਲੋਕਾਂ ਨੂੰ ਰਾਹਤ ਮਿਲੇਗੀ, ਉੱਥੇ ਹੀ ਕਿਸਾਨਾਂ ਨੂੰ ਆਪਣੀ ਉਪਜ ਮੰਡੀਆਂ ਤੱਕ ਪਹੁੰਚਾਉਣ ਵਿੱਚ ਵੀ ਵਧੇਰੇ ਸਹੂਲਤ ਹੋਵੇਗੀ। ਇਸ ਮੌਕੇ ਨਰਿੰਦਰ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਇੰਦਰਜੀਤ ਸਿੰਘ ਬਲਾਕ ਸਮੰਤੀ ਮੈਂਬਰ, ਗੁਲਜ਼ਾਰ ਸਿੰਘ ਦੁਘਾਟ, ਬਹਾਦਰ ਸਿੰਘ ਸਰਪੰਚ ਦੁਘਾਟ, ਸੁਖਵੀਰ ਸਿੰਘ ਸਰਪੰਚ ਵਲੀਪੁਰ, ਲਾਲਾ ਸਰਪੰਚ ਧਰਮਕੋਟ, ਤਰਲੋਚਨ ਸਿੰਘ ਸਰਪੰਚ ਰੱਖੜਾ, ਪ੍ਰਗਟ ਸਿੰਘ ਸਰਪੰਚ ਮੁੰਡਖੇੜਾ, ਦਰਸ਼ਨ ਸਿੰਘ ਸਰਪੰਚ ਕਲਿਆਣ, ਮਹਿਲ ਸਿੰਘ ਸਰਪੰਚ ਨੱਸੂਪੁਰ, ਹਜਾਰੀ ਲਾਲ ਜੋਹਰੀ, ਜੈਕੀ ਮਹਿਰਾ, ਬਲਵਿੰਦਰ ਸਿੰਘ ਪੰਚ, ਦਲਵਾਰਾ ਸਿੰਘ ਪੰਚ, ਮਲਕੀਤ ਸਿੰਘ ਖੇੜੀ ਮਾਨੀਆਂ, ਜੋਗਿੰਦਰ ਸਿੰਘ ਆਸੇਮਾਜਰਾ, ਭੁਪਿੰਦਰ ਸਿੰਘ, ਹਰਵਿੰਦਰ ਸਿੰਘ, ਗੁਰਜੀਤ ਇੰਦਰਪੁਰਾ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਰਹੇ।

# ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਭੀਖੀ (ਧਰਮਵੀਰ ਸ਼ਰਮਾ)** - ਮਹਾਸ਼ਯ ਚੁੰਨੀ ਲਾਲ ਸਰਸਵਤੀ ਬਾਲ ਮੰਦਰ ਸੀਨੀਅਰ ਸੈਕੰਡਰੀ ਸਕੂਲ, ਦਿੱਲੀ ਵਿਖੇ ਕਰਵਾਏ ਗਏ ਵਿੱਦਿਆ ਭਾਰਤੀ ਦੁਆਰਾ ਆਯੋਜਿਤ ਉੱਤਰ ਖੇਤਰੀ (ਨੌਰਥ ਜ਼ੋਨ) ਪੱਧਰੀ ਖੇਡ-ਮੁਕਾਬਲਿਆਂ ਵਿੱਚ ਸਰਵਹਿੱਤਕਾਰੀ ਵਿੱਦਿਆ ਮੰਦਰ (ਸੀ.ਬੀ.ਐੱਸ.ਈ.) ਭੀਖੀ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਦੱਸਿਆ ਕਿ ਬਾਸਕਟਬਾਲ ਦੇ ਅੰਡਰ-14 ਲੜਕਿਆਂ, ਅੰਡਰ-17 ਲੜਕਿਆਂ ਅਤੇ ਅੰਡਰ-19 ਲੜਕਿਆਂ ਦੀਆਂ ਟੀਮਾਂ ਨੇ ਦੂਜਾ ਸਥਾਨ ਹਾਸਲ ਕੀਤਾ, ਜਦ ਕਿ ਅੰਡਰ-17 ਲੜਕੀਆਂ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਅਤੇ ਆਪਣੇ ਮਾਪਿਆਂ ਦਾ ਮਾਣ ਵਧਾਇਆ। ਇਸੇ ਤਰ੍ਹਾਂ ਸਕੇਟਿੰਗ ਮੁਕਾਬਲਿਆਂ ਵਿੱਚ ਵੀ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਅੰਡਰ-11 ਵਰਗ ਵਿੱਚ ਜਸਕੀਰਤ ਸਿੰਘ ਅਤੇ ਅੰਡਰ-19 ਵਰਗ ਵਿੱਚ ਏਕਮਜੋਤ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨ ਤਮਗਾ ਜਿੱਤਿਆ। ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ 'ਤੇ ਸਕੂਲ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਸਮੂਹ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚਾਂ ਨੂੰ ਵਧਾਈ ਦਿੱਤੀ ਹੈ।


# ਯੂਨਾਈਟਡ ਅਕਾਲੀ ਦਲ ਵੱਲੋਂ ਹਮਖਿਆਲੀ ਪਾਰਟੀਆਂ ਨਾਲ ਮਿਲ ਕੇ ਖੜ੍ਹਾਏ ਜਾਣਗੇ ਉਮੀਦਵਾਰ : ਰਣਸੀਂਹ

**ਮੋਗਾ, (ਇਕਬਾਲ ਸਿੰਘ ਖਹਿਰਾ)**-ਯੂਨਾਈਟਡ ਅਕਾਲੀ ਦਲ ਜ਼ਿਲ੍ਹਾ ਮੋਗੇ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੇ ਮੀਟਿੰਗ ਸਥਾਨਿਕ ਗੁਰਦੁਆਰਾ ਬੀਬੀ ਕਾਹਨ ਕੌਰ ਜੀ ਵਿਖੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਸੀਨ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੂੰ ਸੰਬੋਧਤ ਕਰਦਿਆਂ ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਕਿਹਾ ਕਿ 2015 ਵਿੱਚ ਚੱਬੇ ਦੀ ਧਰਤੀ 'ਤੇ ਸਰਬੱਤ ਖਾਲਸੇ ਵਿੱਚ ਲੱਖਾਂ ਲੋਕਾਂ ਨੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਦਾ ਜਥੇਦਾਰ ਥਾਪਿਆ, ਪਰ ਸਜ਼ਾ ਪੂਰੀ ਹੋਣ ਦੇ ਬਾਵਜੂਦ 31 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹਨ, ਇਥੋਂ ਤੀਕ ਕਿ ਭਾਈ ਹਵਾਰਾ ਦੀ ਮਾਤਾ ਜੀ ਪਿਛਲੇ ਲੰਬੇ ਸਮੇਂ ਤੋਂ ਬਿਮਾਰ ਚੱਲ ਰਹੇ ਹਨ, ਪਰ ਸਰਕਾਰਾਂ ਕੁਝ ਦਿਨਾਂ ਦੀ ਪੈਰੋਲ ਵੀ ਨਹੀਂ ਦੇ ਰਹੀਆਂ ।ਰਿਹਾਈ ਦੀ ਮੰਗ ਕਰਨ 'ਤੇ ਸਰਕਾਰਾਂ ਤਸ਼ੱਦਦ ਕਰਦੀਆਂ ਹਨ। ਜਥੇਦਾਰ ਬੂਟਾ ਸਿੰਘ ਨੇ ਕਿਹਾ ਕਿ 227 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਯੂਨਾਈਟਡ ਅਕਾਲੀ ਦਲ ਮੋਗਾ ਜ਼ਿਲ੍ਹੇ ਦੀਆਂ ਚਾਰੇ ਸੀਟਾਂ ਤੇ ਹਮਖਿਆਲੀ ਪਾਰਟੀਆਂ ਨਾਲ ਰਲ ਕੇ ਉਮੀਦਵਾਰ ਚੋਣਾਂ ਵਿੱਚ ਖੜੇ ਕਰੇਗੀ। ਮਤਾ ਪਾਸ ਕੀਤਾ ਗਿਆ ਕਿ ਨੇਪਾਲ ਵਿੱਚ ਹੜ੍ਹ ਕਾਰਨ ਹਜ਼ਾਰਾਂ ਲੋਕ ਮਾਰੇ ਗਏ ਹਨ, ਅਸੀਂ ਸਮੂਹ ਪਰਵਾਰਾਂ ਨਾਲ ਡੂੰਘੀ ਹਮਦਰਦੀ ਜ਼ਾਹਰ ਕਰਦੇ ਹਾਂ। ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੀ ਮਾਤਾ ਬਹੁਤ ਬਿਮਾਰ ਚੱਲ ਰਹੇ ਹਨ, ਇਸ ਲਈ ਕੇਂਦਰ ਸਰਕਾਰ ਨੂੰ ਬੇਨਤੀ ਕੀਤੀ ਜਾਂਦੀ ਹੈ ਨਾਲ ਪੰਜਾਬ ਸਰਕਾਰ ਨੂੰ ਵੀ ਤੁਰੰਤ ਉਹਨਾਂ ਨੂੰ ਇੱਕ ਮਹੀਨੇ ਦੀ ਪੈਰੋਲ ਦਿੱਤੀ ਜਾਵੇ ਅਤੇ ਉਨ੍ਹਾਂ ਦੀ ਰਿਹਾਈ ਕੀਤੀ ਜਾਵੇ।ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਜਥੇਦਾਰ ਕਰੋੜ ਸਿੰਘ ਤਲਵੰਡੀ ਭੰਗੇਰੀਆਂ, ਭਾਈ ਬਲਜੀਤ ਸਿੰਘ ਕਾਲੀਆਂ ਵਾਲਾ, ਭਾਈ ਗੁਰਲਾਲ ਸਿੰਘ ਧਰਮਕੋਟ, ਹਰਪ੍ਰੀਤ ਸਿੰਘ ਧੱਲੇ ਕੇ ਭਈ ਜਸਬੀਰ ਸਿੰਘ ਮਾਹਲਾ ਕਲਾਂ, ਸਤਵੰਤ ਸਿੰਘ ਮੋਗਾ, ਭਾਈ ਗੁਰਪ੍ਰੀਤ ਸਿੰਘ ਤਾਂ ਲਿਖੇ ਸੰਮਤੀ ਮੈਂਬਰ ਜਥੇਦਾਰ ਰਵਿੰਦਰ ਸਿੰਘ ਕਾਲੇ ਕੇ ਭਾਈ ਜਗਸੀਰ, ਗਿਆਨੀ ਭੁਪਿੰਦਰ ਸਿੰਘ ਮੋਗਾ, ਜਥੇਦਾਰ ਮੰਗਲ ਸਿੰਘ ਮੋਗਾ, ਗੁਰਚਰਨ ਸਿੰਘ ਕਾਲੀਏਲਾ, ਪ੍ਰਗਟ ਸਿੰਘ ਕਾਲੀਏ ਵਾਲਾ, ਹਰਜਿੰਦਰ ਸਿੰਘ ਡਾਲਾ, ਮੱਖਣ ਸਿੰਘ ਤਲਵੰਡੀ ਭੰਗੇਰੀਆਂ, ਜਥੇਦਾਰ ਰਣਜੀਤ ਸਿੰਘ ਤਲਵੰਡੀ ਭੰਗੇਰੀਆਂ, ਪ੍ਰੀਤਮ ਸਿੰਘ, ਜਥੇਦਾਰ ਬੂਟਾ ਸਿੰਘ ਘੋਲੀਏ ਕਲਾਂ ਆਦਿ ਹਾਜ਼ਰ ਸਨ।



# ਰਾਹੁਲ ਗਾਂਧੀ ਖ਼ਿਲਾਫ਼ ਪਰਚਾ ਦਰਜ ਕਰਨਾ ਮੰਦਭਾਗਾ : ਐਡਵੋਕੇਟ ਗੁਰਮੁੱਖ ਸਿੰਘ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ) :** ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਖ਼ਿਲਾਫ਼ ਐੱਫ.ਆਈ.ਆਰ. ਦਰਜ ਕਰਨ ਦੀ ਕਾਰਵਾਈ ਦੀ ਸਖ਼ਤ ਨਿਖੇਧੀ ਕਰਦਿਆਂ ਸੀਨੀਅਰ ਕਾਂਗਰਸੀ ਆਗੂ ਐਡਵੋਕੇਟ ਗੁਰਮੁਖ ਸਿੰਘ ਧੂਰੀ ਨੇ ਇਸ ਨੂੰ ਲੋਕਤੰਤਰਿਕ ਕਦਰਾਂ-ਕੀਮਤਾਂ ਲਈ ਮੰਦਭਾਗਾ ਕਰਾਰ ਦਿੱਤਾ ਹੈ । ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੇ ਉਸ ਘਟਨਾ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਹੈ, ਜਿਸ ਵਿੱਚ ਕਾਂਗਰਸ ਦੇ ਕੌਮੀ ਪ੍ਰਧਾਨ ਅਤੇ ਦਲਿਤ ਸਮਾਜ ਨਾਲ ਸਬੰਧਤ ਆਗੂ ਮੱਲਿਕਾਰਜੁਨ ਖੜਗੇ ਵੱਲੋਂ ਵਰਤੇ ਗਏ ਮੰਚ ਦਾ ਉਨ੍ਹਾਂ ਦੇ ਜਾਣ ਤੋਂ ਬਾਅਦ 'ਸ਼ੁੱਧੀਕਰਨ' ਕੀਤੇ ਜਾਣ ਦੀ ਗੱਲ ਸਾਹਮਣੇ ਆਈ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਦਲਿਤ ਆਗੂ ਦੀ ਮੌਜੂਦਗੀ ਤੋਂ ਬਾਅਦ ਕਿਸੇ ਮੰਚ ਨੂੰ 'ਸ਼ੁੱਧ' ਕਰਨ ਦੀ ਲੋੜ ਮਹਿਸੂਸ ਕੀਤੀ ਜਾਂਦੀ ਹੈ ਤਾਂ ਇਹ ਸਿਰਫ਼ ਇੱਕ ਵਿਅਕਤੀ ਦਾ ਅਪਮਾਨ ਨਹੀਂ, ਸਗੋਂ ਦਲਿਤ ਸਮਾਜ ਦੇ ਸਨਮਾਨ ਅਤੇ ਸੰਵਿਧਾਨ ਵੱਲੋਂ ਦਿੱਤੇ ਬਰਾਬਰੀ ਦੇ ਅਧਿਕਾਰਾਂ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਐਡਵੋਕੇਟ ਨੇ ਕਿਹਾ ਕਿ ਸਮਾਜ ਨੂੰ ਜਾਤੀਵਾਦੀ ਸੋਚ ਤੋਂ ਮੁਕਤ ਕਰਨ ਦੀ ਲੋੜ ਹੈ ਅਤੇ ਸਿਆਸਤ ਨੂੰ ਲੋਕਾਂ ਨੂੰ ਵੰਡਣ ਦੀ ਬਜਾਏ ਸੰਵਿਧਾਨਕ ਬਰਾਬਰੀ, ਭਾਈਚਾਰੇ ਅਤੇ ਸਮਾਜਿਕ ਨਿਆਂ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ।



# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਮਨਾਇਆ ਸਥਾਪਨਾ ਦਿਹਾੜਾ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਵਿਖੇ 19ਵੇਂ ਸਥਾਪਨਾ ਦਿਹਾੜੇ ਮੌਕੇ ਯੂਨੀਵਰਸਿਟੀ ਦੇ ਗੁਰਦੁਆਰਾ ਸਾਹਿਬ ਵਿਖੇ ਸ਼ਰਧਾ ਅਤੇ ਗੁਰਮਤਿ ਭਾਵਨਾ ਨਾਲ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ ਅਤੇ ਯੂਨੀਵਰਸਿਟੀ ਦੀ ਚੜ੍ਹਦੀ ਕਲਾ, ਸਟਾਫ਼ ਤੇ ਵਿਦਿਆਰਥੀਆਂ ਦੀ ਤਰੱਕੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਸਮਾਗਮ ਦੌਰਾਨ ਮਹਲਾ ਨੌਵਾਂ ਦੇ ਸਲੋਕਾਂ ਉਪਰੰਤ ਭਾਈ ਕਿਰਨਦੀਪ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵੱਲੋਂ ਕੀਰਤਨ ਕੀਤਾ ਗਿਆ। ਸੰਗੀਤ ਵਿਭਾਗ ਦੇ ਮੁਖੀ ਹਰਪ੍ਰੀਤ ਸਿੰਘ ਅਤੇ ਵਿਭਾਗ ਵੱਲੋਂ ਕੀਰਤਨ ਤੇ ਕਵੀਸ਼ਰੀ ਅਤੇ ਧਰਮ ਅਧਿਐਨ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਵੀ ਕੀਰਤਨ ਕੀਤਾ ਗਿਆ। ਪ੍ਰੋ. ਅਮਰੀਕ ਸਿੰਘ ਆਹਲੂਵਾਲੀਆ, ਸਾਬਕਾ ਪ੍ਰੋ-ਵਾਈਸ ਚਾਂਸਲਰ, ਇਟਰਨਲ ਯੂਨੀਵਰਸਿਟੀ ਨੇ ਅਕਾਦਮਿਕ ਅਤੇ ਖੋਜ ਉਚਤਾ ਬਾਰੇ ਵਿਚਾਰ ਸਾਂਝੇ ਕਰਦਿਆਂ ਯੂਨੀਵਰਸਿਟੀ ਨੂੰ ਉੱਚ ਇਖ਼ਲਾਕੀ ਮਿਆਰਾਂ ਦੀ ਪਾਲਣਾ ਕਰਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਆਦਰਸ਼ਾਂ ਨੂੰ ਜੀਵਨ ਵਿੱਚ ਧਾਰਨ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਵਾਈਸ ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਨੇ ਯੂਨੀਵਰਸਿਟੀ ਦੀਆਂ ਅਕਾਦਮਿਕ, ਸਹਿ-ਅਕਾਦਮਿਕ ਅਤੇ ਖੇਡ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਵਿਦਿਆਰਥੀ ਕੌਮਾਂਤਰੀ ਪੱਧਰ 'ਤੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕਰ ਰਹੇ ਹਨ। ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।



# 20 ਤੇ 21 ਨੂੰ ਜਲੰਧਰ ਵਿਖੇ ਹੋ ਰਹੀ ਪੰਜਵੀਂ ਕੌਮੀ ਕਾਨਫਰੰਸ ਸੰਬੰਧੀ ਲਾਮਬੰਦੀ ਮੀਟਿੰਗ



ਧਾਰੀਵਾਲ (ਮਨਦੀਪ ਵਿੱਕੀ)-ਪੰਜਾਬ ਕਿਸਾਨ ਯੂਨੀਅਨ ਦੀ ਮੀਟਿੰਗ ਪਿੰਡ ਡੇਹਰੀਵਾਲ ਕਿਰਨ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਇਕਾਈ ਪ੍ਰਧਾਨ ਸੁੱਚਾ ਸਿੰਘ ਨੇ ਕੀਤੀ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਸ ਸਕੱਤਰ ਗੁਰਦੀਪ ਸਿੰਘ ਕਾਮਲਪੁਰ ਨੇ ਦੱਸਿਆ ਕਿ 20 ਤੇ 21 ਸਤੰਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੀ ਹੋ ਰਹੀ ਪੰਜਵੀਂ ਕੌਮੀ ਕਾਨਫਰੰਸ ਵਿੱਚ ਵੱਡੇ ਪੱਧਰ 'ਤੇ ਪਹੁੰਚਣ ਲਈ ਲੋਕਾਂ ਨੂੰ ਲਾਮਬੰਦ ਕਰਨ ਸੰਬੰਧੀ ਪੰਜਾਬ ਕਿਸਾਨ ਯੂਨੀਅਨ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਇਸ ਕਾਨਫਰੰਸ ਵਿੱਚ ਪਿੰਡ ਡੇਹਰੀਵਾਲ ਕਿਰਨ ਤੋਂ ਵੱਡਾ ਜਥਾ ਸ਼ਮੂਲੀਅਤ ਕਰੇਗਾ। ਮੀਟਿੰਗ ਦੌਰਾਨ ਆਗੂ ਨੇ ਦੱਸਿਆ ਕਿ ਅਸਲ ਵਿੱਚ ਇਹ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੀ ਪੰਜਵੀਂ ਕੌਮੀ ਕਾਨਫਰੰਸ ਹੈ। ਇਸ ਮੌਕੇ ਪੰਜਾਬ ਦੀਆਂ ਦੋ ਵੱਡੀਆਂ ਜਥੇਬੰਦੀਆਂ ਜਮਹੂਰੀ ਕਿਸਾਨ ਸਭਾ ਅਤੇ ਪੰਜਾਬ ਕਿਸਾਨ ਯੂਨੀਅਨ ਦਾ ਆਪਸੀ ਰਲੇਵਾਂ ਹੋਵੇਗਾ। ਜਿਹੜੀ ਕਿ ਸਮੇਂ ਦੀ ਬਣਦੀ ਲੋੜ ਹੈ। ਕਿਉਂਕਿ ਇਸ ਵੇਲੇ ਮੁਲਕ ਦੇ ਹਾਲਾਤ ਅਜਿਹੇ ਮੋੜ ਤੇ ਹਨ ਕਿ ਹਰੇਕ ਵਿਅਕਤੀ ਦਾ ਜਿਊਣਾ ਦੁੱਭਰ ਹੋ ਗਿਆ ਹੈ। ਜਿਥੇ ਇਕ ਪਾਸੇ ਵਿਦਿਆਰਥੀ ਸੜਕਾਂ ਤੇ ਹਨ, ਪੇਪਰ ਲੀਕ ਹੋ ਰਹੇ ਹਨ ਅਤੇ ਅੱਗੇ ਰੁਜ਼ਗਾਰ ਦਾ ਕੋਈ ਸਾਧਨ ਨਹੀਂ ਹੈ, ਕਾਰਖਾਨੇ ਬੰਦ ਹੋ ਰਹੇ, ਪ੍ਰਾਈਵੇਟ ਅਦਾਰੇ ਆਪਣੇ ਮੁਲਾਜ਼ਮਾਂ ਦੀ ਛਾਂਟੀ ਕਰ ਰਹੇ ਹਨ ਅਤੇ ਅੱਗੋਂ ਕੋਈ ਮੁਲਾਜ਼ਮ ਨਹੀਂ ਰੱਖ ਰਹੇ। ਬੇਰੁਜ਼ਗਾਰਾਂ ਦੀ ਫੌਜ ਵਿੱਚ ਵਾਧਾ ਹੋ ਰਿਹਾ ਹੈ। ਕਿਸਾਨ ਪ੍ਰੇਸ਼ਾਨ ਹਨ ਕਿਉਂਕਿ ਖੇਤੀਬਾੜੀ ਉਤੇ ਲਾਗਤਾਂ ਵਧ ਗਈਆਂ ਹਨ। ਇਹੋ ਹਾਲ ਸਹਾਇਕ ਧੰਦਿਆਂ ਦਾ ਹੈ। ਸਰਕਾਰ ਭਾਵੇਂ ਦਿੱਲੀ ਦੀ ਹੋਵੇ ਚਾਹੇ ਚੰਡੀਗੜ੍ਹ ਦੀ ਜਾਂ ਹੋਰਨਾਂ ਸੂਬਿਆਂ ਦੀ ਮੈਨੂਫੈਕਚਰਿੰਗ ਸੈਕਟਰ ਨੂੰ ਤਬਾਹ ਕਰ ਰਹੀਆਂ ਹਨ। ਨਵੇਂ ਕਾਰਖਾਨੇ ਲਾਉਣ ਵੱਲ ਕੋਈ ਧਿਆਨ ਨਹੀਂ। ਬਦਿਆ ਬਣਾਇਆ ਮਾਲ ਬਾਹਰੋਂ ਆ ਰਿਹਾ ਹੈ। ਭਾਰਤ ਸਰਕਾਰ ਅਮਰੀਕਾ ਨਾਲ ਵਿਸ਼ਵ ਟਰੇਡ ਐਗਰੀਮੈਂਟ ਦੇ ਰਾਹ ਪਈ ਹੋਈ ਹੈ ਜਿਸ ਨਾਲ ਖੇਤੀਬਾੜੀ ਅਤੇ ਇਸ ਦੇ ਨਾਲ ਸਹਾਇਕ ਧੰਦਿਆਂ ਦਾ ਬਚਣਾ ਮੁਸ਼ਕਲ ਹੈ। ਜੇ ਖੇਤੀਬਾੜੀ ਨਹੀਂ ਬਚਦੀ ਤਾਂ ਮਜ਼ਦੂਰ ਕੀ ਕਰਨਗੇ। ਕਿਉਂਕਿ ਮਜ਼ਦੂਰਾਂ ਦਾ ਬਹੁਤ ਵੱਡਾ ਹਿੱਸਾ ਖੇਤੀਬਾੜੀ ਸੈਕਟਰ ਵਿੱਚ ਕੰਮ ਕਰ ਰਿਹਾ ਹੈ। ਇਸ ਲਈ ਸਮੇਂ ਕਿਸਾਨ ਮਜ਼ਦੂਰ ਮੁਲਾਜ਼ਮ ਅਤੇ ਬੇਰੁਜ਼ਗਾਰ ਅਤੇ ਹੋਰ ਲੋਕ ਹਿਰੈਸ਼ੀ ਜਥੇਬੰਦੀਆਂ ਇਕੱਠੇ ਹੋਣ ਤਾਂ ਕਿ ਸਰਕਾਰਾਂ ਵੱਲੋਂ ਪੇਸ਼ ਕੀਤੇ ਜਾ ਰਹੇ ਕਾਰਪੋਰੇਟ ਘਰਾਣਿਆਂ ਦੇ ਦੋ ਏਂਡਾ ਦਾ ਮੁਕਾਬਲਾ ਕੀਤਾ ਜਾ ਸਕੇ।

ਇਸ ਮੀਟਿੰਗ ਨੂੰ ਜਰਨੈਲ ਸਿੰਘ ਸਰਵਾਂ, ਬਲਵਿੰਦਰ ਸਿੰਘ, ਜਸਪਾਲ ਸਿੰਘ, ਗੁਰਦੀਪ ਸਿੰਘ ਕਾਮਲ ਪੁਰ, ਅਸ਼ਵਨੀ ਕੁਮਾਰ ਲੱਕੜ ਕਲਾਂ ਅਤੇ ਹਰਵਿੰਦਰ ਸਿੰਘ ਮੌਲੀ ਨੇ ਸੰਬੋਧਨ ਕੀਤਾ। ਇਸ ਮੌਕੇ ਜਸਪਾਲ ਸਿੰਘ, ਬਲਵਿੰਦਰ ਸਿੰਘ, ਸੁੱਚਾ ਸਿੰਘ, ਤਰਸੇਮ ਸਿੰਘ, ਮਨਦੀਪ ਸਿੰਘ, ਰਣਧੀਰ ਸਿੰਘ, ਦਲਬੀਰ ਮਸੀਹ, ਮਨਾ ਸਿੰਘ, ਗੁਲਜ਼ਾਰ ਸਿੰਘ, ਸਤਨਾਮ ਸਿੰਘ, ਜਰਨੈਲ ਸਿੰਘ, ਸੁਖਵਿੰਦਰ ਸਿੰਘ, ਸੁਲੱਖਣ ਸਿੰਘ, ਗੁਰਮੇਲ ਸਿੰਘ,ਭਾਨ ਸਿੰਘ, ਕੁਲਵੰਤ ਸਿੰਘ ਨਿਸ਼ਾਨ ਸਿੰਘ ਅਤੇ ਸੋਨੀ ਆਦਿ ਸਮੇਤ ਹੋਰ ਵੀ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਸ਼ਾਮਲ ਸਨ।

# ਸ਼ੈਰੀ ਕਲਸੀ ਨੇ ਵੱਖ-ਵੱਖ ਪਿੰਡਾਂ 'ਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕਰਨ ਲਈ ਦਿੱਤੇ ਲੱਖਾਂ ਰੁਪਏ ਦੇ ਚੈੱਕ



ਬਟਾਲਾ (ਡਾਕਟਰ ਮਲਵਿੰਦਰ ਸਿੰਘ, ਤਰਲੋਕ ਬੱਗਾ) -ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਅੰਦਰ ਕਰੋੜਾਂ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਪਿੰਡਾਂ ਦੇ ਚਹੁੰਪੱਖੀ ਵਿਕਾਸ ਕੰਮਾਂ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।

ਉਨ੍ਹਾਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਰਫ਼ਤਾਰ ਤੇਜ਼ ਕਰਨ ਲਈ ਲੱਖਾਂ ਰੁਪਏ ਦੀ ਗਰਾਂਟ ਦੇ ਚੈੱਕ ਵੀ ਵੰਡੇ। ਇਸ ਮੌਕੇ ਮਨਦੀਪ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਅਤੇ ਪਿੰਡਾਂ ਦੇ ਸਰਪੰਚ ਵੀ ਮੌਜੂਦ ਸਨ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਕੰਮਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਬਟਾਲਾ ਹਲਕੇ ਦੇ ਲੋਕਾਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਲੋੜੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡਾਂ ਦੀਆਂ ਚੁਣੀਆਂ ਹੋਈਆਂ ਪੰਚਾਇਤਾਂ ਨੂੰ ਕਿਹਾ ਗਿਆ ਹੈ ਕਿ ਉਹ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਉਣ ਅਤੇ ਪਿੰਡ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਪੂਰੀ ਮਿਹਨਤ ਨਾਲ ਕੰਮ ਕਰਨ।

ਪਿੰਡਾਂ ਅੰਦਰ ਖੇਡ ਮੈਦਾਨ, ਸੜਕਾਂ, ਪਾਰਕਾਂ, ਸਟਰੀਟ ਲਾਈਟਾਂ, ਗੰਦੇ ਪਾਣੀ ਦੀ ਨਿਕਾਸੀ ਸਮੇਤ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।

# 8 ਦੀ ਮਹਾਂ-ਪੰਚਾਇਤ ਨੂੰ ਸਫ਼ਲ ਬਣਾਉਣ ਲਈ ਇਕੱਤਰਤਾ



ਮਜੀਠਾ (ਸੋਇਮ ਆਨੰਦ)-ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਵੱਲੋਂ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਨਾਲ ਸੰਬੰਧਤ ਮਸਲਿਆਂ ਨੂੰ ਲੈ ਕੇ 8 ਸਤੰਬਰ ਨੂੰ ਅੰਮ੍ਰਿਤਸਰ ਵਿਖੇ ਕੀਤੀ ਜਾ ਰਹੀ ਮਹਾਂ ਪੰਚਾਇਤ ਨੂੰ ਸਫ਼ਲ ਬਣਾਉਣ ਦੇ ਮੰਤਵ ਨਾਲ ਖਾਸਾ ਪੱਤੀ ਮਜੀਠਾ ਦੇ ਸੰਗਤ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਇਕੱਤਰਤਾ ਕੀਤੀ ਗਈ। ਇਕੱਤਰਤਾ ਦੌਰਾਨ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਵੱਡੀ ਗਿਣਤੀ ਵਿੱਚ ਮਹਾਂ ਪੰਚਾਇਤ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ।ਇਸ ਇਕੱਤਰਤਾ ਦੀ ਅਗਵਾਈ ਕਿਸਾਨ ਆਗੂ ਬਿਕਰਮਜੀਤ ਸਿੰਘ ਮਜੀਠਾ ਦਿਹਾਤੀ ਅਤੇ ਰਵਿੰਦਰ ਸਿੰਘ ਮਜੀਠਾ ਨੇ ਕੀਤੀ। ਇਸ ਮੌਕੇ ਜ਼ਿਲ੍ਹਾ ਖਜ਼ਾਨਚੀ ਸਤਨਾਮ ਸਿੰਘ ਕੋਟਲਾ, ਜ਼ਿਲ੍ਹਾ ਆਗੂ ਸਾਹਿਬ ਸਿੰਘ ਚੋਗਾਵਾਂ, ਰਣਜੀਤ ਸਿੰਘ ਖਿਆਲਾ ਪ੍ਰੈਸ ਸਕੱਤਰ ਅਤੇ ਨਿਰਮਲ ਸਿੰਘ ਕਲੇਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਆਗੂਆਂ ਨੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਵੱਲੋਂ 8 ਸਤੰਬਰ ਨੂੰ ਦੁਸਹਿਰਾ ਗਰਾਊਂਡ, ਰਣਜੀਤ ਐਵੀਨਿਊ ਅੰਮ੍ਰਿਤਸਰ ਵਿਖੇ ਮਹਾਂ ਪੰਚਾਇਤ ਕੀਤੀ ਜਾ ਰਹੀ ਹੈ। ਇਸ ਮਹਾਂ ਪੰਚਾਇਤ ਦੌਰਾਨ ਕਿਸਾਨਾਂ, ਮਜ਼ਦੂਰਾਂ, ਛੋਟੇ ਵਪਾਰੀਆਂ ਅਤੇ ਆਮ ਲੋਕਾਂ ਨਾਲ ਜੁੜੇ ਅਹਿਮ ਮਸਲਿਆਂ ਨੂੰ ਪ੍ਰਮੁੱਖਤਾ ਨਾਲ ਉਠਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਅਮਰੀਕਾ ਨਾਲ ਕੀਤੇ ਜਾ ਰਹੇ ਫਰੀ ਟਰੇਡ ਸਮਝੌਤੇ ਦਾ ਕਿਸਾਨਾਂ, ਮਜ਼ਦੂਰਾਂ ਅਤੇ ਛੋਟੇ ਵਪਾਰੀਆਂ ਦੇ ਜੀਵਨ ਅਤੇ ਰੁਜ਼ਗਾਰ 'ਤੇ ਗੰਭੀਰ ਪ੍ਰਭਾਵ ਪੈ ਸਕਦਾ ਹੈ। ਇਸ ਲਈ ਲੋਕਾਂ ਨੂੰ ਇਸ ਮੁੱਦੇ ਪ੍ਰਤੀ ਜਾਗਰੂਕ ਕਰਨ ਅਤੇ ਆਪਣੇ ਹੱਕਾਂ ਦੀ ਰਾਖੀ ਲਈ ਇਕਜੁੱਟ ਹੋਣ ਦੀ ਲੋੜ ਹੈ।ਇਕੱਤਰਤਾ ਦੌਰਾਨ ਕਿਸਾਨਾਂ ਦੀਆਂ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) ਦੀ ਕਾਨੂੰਨੀ ਗਰੰਟੀ ਦੀ ਮੰਗ ਵੀ ਜ਼ੋਰਦਾਰ ਢੰਗ ਨਾਲ ਉਠਾਈ ਗਈ। ਇਸ ਤੋਂ ਇਲਾਵਾ ਬਿਜਲੀ ਐਕਟ ਦੇ ਵਿਰੋਧ, ਕਿਸਾਨਾਂ ਨੂੰ ਨਿਰੰਤਰ ਬਿਜਲੀ ਸਪਲਾਈ, ਖੇਤੀਬਾੜੀ ਦੀ ਵਧਦੀ ਲਾਗਤ ਅਤੇ ਖਾਦਾਂ, ਡੀਜ਼ਲ, ਬੀਜਾਂ ਤੇ ਦਵਾਈਆਂ ਦੀਆਂ ਵਧਦੀਆਂ ਕੀਮਤਾਂ 'ਤੇ ਵੀ ਚਿੰਤਾ ਪ੍ਰਗਟਾਈ ਗਈ।

ਇਸ ਮੌਕੇ ਬਚਿੱਤਰ ਸਿੰਘ ਮਜੀਠਾ ਦਿਹਾਤੀ, ਭੁਪਿੰਦਰ ਸਿੰਘ ਭਿੰਡਰ ਪ੍ਰਧਾਨ, ਰਵਿੰਦਰ ਪਾਲ ਸਿੰਘ, ਰਣਜੀਤ ਸਿੰਘ, ਕੁਲਜੀਤ ਸਿੰਘ ਲਾਡੀ, ਗੌਰਵ, ਅਮਿਤ ਵਰਦੀਆ, ਹਰਪਾਲ ਸਿੰਘ ਮਜੀਠਾ, ਹਰਪਾਲ ਸਿੰਘ ਝੰਡੇ, ਜੰਗੀਪ ਸਿੰਘ, ਸਤਨਾਮ ਸਿੰਘ, ਸੁਖਜਿੰਦਰ ਸਿੰਘ, ਗੁਰਦੀਪ ਸਿੰਘ, ਅੰਮ੍ਰਿਤ ਪਾਲ ਸਿੰਘ ਅਤੇ ਕੁਲਵਿੰਦਰ ਸਿੰਘ ਕਿੰਦਾ ਸਮੇਤ ਹੋਰ ਆਗੂ ਤੇ ਕਿਸਾਨ ਹਾਜ਼ਰ ਸਨ।

# ਸ਼ੇਰੋਂ ਖੰਡ ਮਿੱਲ ਮੋਰਚਾ 105ਵੇਂ ਦਿਨ 'ਚ ਦਾਖਲ, ਪੰਜਾਬ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਦੀ ਨਿੰਦਾ



ਵਲਟੋਹਾ (ਰਣਜੀਤ ਸਿੰਘ)-ਸ਼ੇਰੋਂ ਖੰਡ ਮਿੱਲ ਮੋਰਚੇ ਦੇ 105ਵੇਂ ਦਿਨ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੇ ਪੰਜਾਬ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਦੀ ਜ਼ੋਰਦਾਰ ਨਿੰਦਾ ਕਰਦੇ ਹੋਏ ਉਸ ਹਾਕਮਾਂ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਡਾਕਟਰ ਇੰਦਰਜੀਤ ਸਿੰਘ ਮਰਹਾਣਾ, ਤਰਸੇਮ ਸਿੰਘ ਲੁਹਾਰ, ਪਿਸ਼ੌਰਾ ਦਲਬੀਰ ਸਿੰਘ ਦਿਉਲ, ਜੱਸਾ ਸਿੰਘ ਕੰਦਗਿੱਲ, ਮਨਜੀਤ ਸਿੰਘ ਬੱਗੂ, ਜਸਬੀਰ ਸਿੰਘ ਨਿੱਝਰ ਆਦਿ ਨੇ ਅਫਸੋਸ ਜ਼ਾਹਰ ਕਰਦੇ ਹੋਏ ਕਿਹਾ ਕਿ ਸ਼ੇਰੋਂ ਖੰਡ ਮਿੱਲ ਦਾ ਮੋਰਚਾ ਕਰਦੇ ਅਤੇ ਕੀਤੇ ਵਾਅਦੇ ਮੁਤਾਬਿਕ ਖੰਡ ਮਿੱਲ ਮੁੜ ਚਾਲੂ ਕਰਨ ਦੇ ਮਾਮਲੇ 'ਤੇ ਆਮ ਆਦਮੀ ਪਾਰਟੀ ਦੇ ਸਥਾਨਕ ਜ਼ਿਲ੍ਹੇ ਨਾਲ ਸੰਬੰਧਤ ਸਾਰੇ ਵਿਧਾਇਕਾਂ ਦੀ ਪਿਛਲੇ ਇਕ ਸਾਲ ਤੋਂ ਧਾਰਨ ਕੀਤੀ ਖਾਮੋਸ਼ੀ ਇਲਾਕੇ ਨੂੰ ਚੁੱਭ ਰਹੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਸਹਿਕਾਰੀ ਅਦਾਰੇ ਦੀ ਇਹ ਬੰਦ ਪਈ ਖੰਡ ਮਿੱਲ ਚਾਲੂ ਕਰਨੀ ਬਦਲਵੀਂ ਖੇਤੀ ਲਈ ਬਹੁਤ ਜ਼ਰੂਰੀ ਹੈ। ਪਰ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਨੀਤੀ ਦੇ ਮੂੰਹੋਂ ਸ਼ਬਦ ਹੋਈ ਹੈ। ਆਗੂਆਂ ਨੇ ਪੰਜਾਬ ਅਤੇ ਕੇਂਦਰ ਸਰਕਾਰ ਦੇ ਕਿਸਾਨ ਮਸਲਿਆਂ ਪ੍ਰਤੀ ਧਾਰਨ ਕੀਤੇ ਅੜੀਅਲ ਰਵੱਈਏ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਵਲੋਂ ਪਹਿਲੀ ਸਤੰਬਰ ਤੋਂ ਚੰਡੀਗੜ੍ਹ ਵਿੱਚ ਲਗਾਏ ਪੱਕੇ ਮੋਰਚੇ ਨੂੰ ਕਾਮਯਾਬ ਕਰਨ ਲਈ ਕਿਰਤੀ ਲੋਕਾਂ ਨੂੰ ਚੰਡੀਗੜ੍ਹ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ ਦਿੱਤਾ। ਇਸ ਮੌਕੇ ਕਿਸਾਨ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਕਰਮ ਸਿੰਘ ਲਾਲਪੁਰਾ, ਸੁਖਬਾਜ ਸਿੰਘ ਸਿੱਧੂ, ਗੁਰਚਰਨ ਸਿੰਘ ਸਭਰਾ, ਅਗਰੇਜ਼ ਸਿੰਘ ਗੋਰਖਾ, ਗੁਰਚਰਨ ਸਿੰਘ ਵੈਰੋਵਾਲ, ਬਲਵਿੰਦਰ ਸਿੰਘ ਮੁੰਡਾਪਿੰਡ, ਮੁਖਤਾਰ ਸਿੰਘ ਜੋਹਲ ਢਾਏਵਾਲਾ ਨੇ ਕਿਸਾਨੀ ਹਿੱਤਾਂ ਲਈ ਵੱਡੀ ਲਾਮਬੰਦੀ ਕਰਨ 'ਤੇ ਜ਼ੋਰ ਦਿੱਤਾ।

# ਦਾਊਦ ਤੇ ਅਜਮੇਰ ਸਿੰਘ ਦੀ ਬੇਵਕਤੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਅਤੇ ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਜਨਰਲ ਸਕੱਤਰ ਕਾ. ਗੁਰਨਾਮ ਦਾਊਦ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਸਾਬਕਾ ਪ੍ਰਧਾਨ ਕਾ. ਅਜਮੇਰ ਸਿੰਘ ਦੀ ਬੇਵਕਤੀ ਮੌਤ ਉਤੇ ਡੂੰਘਾ ਦੁੱਖ ਜ਼ਾਹਰ ਕਰਦੇ ਹੋਏ ਦਿਹਾਤੀ ਮਜ਼ਦੂਰ ਸਭਾ, ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਅਤੇ ਪੀੜਤ ਪਰਵਾਰਾਂ ਨਾਲ ਦਿਲੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।

ਇਸ ਸੰਬੰਧੀ ਸਾਂਝਾ ਸ਼ੋਕ ਸੁਨੇਹਾ ਜਾਰੀ ਕਰਦੇ ਹੋਏ ਜਮਹੂਰੀ ਅਤੇ ਤਰਕਸ਼ੀਲ ਆਗੂਆਂ ਡਾ. ਪਰਮਿੰਦਰ ਸਿੰਘ, ਮਾਸਟਰ ਰਾਜਿੰਦਰ ਭਦੌੜ, ਸੁਮੀਤ ਅੰਮ੍ਰਿਤਸਰ, ਯਸ਼ਪਾਲ ਝਬਾਲ ਅਤੇ ਪ੍ਰਮਿੰਦਰ ਕੁਮਾਰ ਨੇ ਕਿਹਾ ਕਿ ਸਾਥੀ ਗੁਰਨਾਮ ਦਾਊਦ ਨੇ ਆਰਥਿਕ, ਸਮਾਜਿਕ ਅਤੇ ਜਾਤਪਾਤੀ ਵਿਤਕਰੇ ਦਾ ਸੰਤਾਪ ਹੰਢਾਉਂਦੇ ਪੇਂਡੂ ਅਤੇ ਖੇਤ ਮਜ਼ਦੂਰਾਂ ਨੂੰ ਜਾਗਰੂਕ ਅਤੇ ਜਥੇਬੰਦ ਕਰਨ ਲਈ ਲਗਾਤਾਰ ਕੰਮ ਕੀਤਾ ਅਤੇ ਦਿਹਾਤੀ ਮਜ਼ਦੂਰ ਸਭਾ ਨੂੰ ਮਜ਼ਬੂਤ ਕਰਨ ਅਤੇ ਸਾਂਝੇ ਮਜ਼ਦੂਰ ਮੋਰਚੇ ਦੇ ਸੰਘਰਸ਼ਾਂ ਵਿੱਚ ਹਮੇਸ਼ਾ ਸਰਗਰਮ ਭੂਮਿਕਾ ਨਿਭਾਈ। ਜਮਹੂਰੀ ਆਗੂਆਂ ਨੇ ਗੁਰਨਾਮ ਦਾਊਦ ਦੀ ਬੇਵਕਤੀ ਮੌਤ ਲਈ ਭਗਵੰਤ ਮਾਨ ਸਰਕਾਰ ਦੀ ਮੁੱਢਲਾ ਸਿਹਤ ਪ੍ਰਬੰਧ ਦੇ ਭਿ੍ਸ਼ਟ ਸਾਧਨਾਂ ਪ੍ਰਬੰਧ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਇਸ ਨੂੰ ਰਾਜ ਪ੍ਰਬੰਧਕੀ ਕਤਲ ਕਰਾਰ ਦਿੰਦਿਆਂ ਜ਼ਿੰਮੇਵਾਰ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ।

ਉਨ੍ਹਾਂ ਨੇ ਸਾਥੀ ਅਜਮੇਰ ਸਿੰਘ ਦੀ ਮੌਤ ਉਤੇ ਅਫਸੋਸ ਪ੍ਰਗਟ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੀ ਅਗਵਾਈ ਕਰਦੇ ਹੋਏ ਗ਼ਦਰੀ ਬਾਬਿਆਂ ਦੇ ਮੇਲਿਆਂ ਦੀ ਸਫ਼ਲਤਾ ਅਤੇ ਇਨਕਲਾਬੀ ਜਮਹੂਰੀ ਲਹਿਰ ਵਿੱਚ ਆਪਣਾ ਵੱਡਾ ਯੋਗਦਾਨ ਪਾਇਆ ਅਤੇ ਕਿਰਤੀ ਜਮਾਤ ਦੇ ਸੰਘਰਸ਼ਾਂ ਵਿੱਚ ਆਪਣੀ ਬੌਧਿਕ ਜ਼ਿੰਮੇਵਾਰੀ ਨਿਭਾਉਂਦੇ ਰਹੇ।ਉਨ੍ਹਾਂ ਕਿਹਾ ਕਿ ਇਨ੍ਹਾਂ ਦੋਵਾਂ ਸੂਬਾਈ ਆਗੂਆਂ ਦੇ ਜਾਣ ਨਾਲ ਇਨਕਲਾਬੀ ਜਮਹੂਰੀ ਧਿਰਾਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਜਿਸ ਨੂੰ ਕਦੇ ਨਹੀਂ ਪੂਰਾ ਕੀਤਾ ਜਾ ਸਕਦਾ।

# ਇੱਕ ਵਾਰ ਸੇਵਾ ਦਾ ਮੌਕਾ ਦਿਓ, ਹਲਕੇ ਦਾ ਵਿਕਾਸ ਮੂੰਹੋਂ ਬੋਲੇਗਾ : ਗਿੱਲ




ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਵਿਧਾਨ ਸਭਾ ਹਲਕਾ ਜੰਡਿਆਲਾ ਦੇ ਆਪ ਵੱਲੋਂ ਇੰਚਾਰਜ ਤਰਸੇਮ ਸਿੰਘ ਗਿੱਲ ਵੱਲੋਂ ਹਲਕੇ ਦੇ ਪਿੰਡ ਹਾਂਸ ਵਿਖੇ ਲੋਕ ਮਿਲਣੀ ਤਹਿਤ ਪਿੰਡ ਵਾਸੀਆਂ ਨਾਲ ਮੀਟਿੰਗ ਕਰਕੇ ਉਹਨਾਂ ਦੀਆਂ ਦੁੱਖ ਤਕਲੀਫਾਂ ਸੁਣੀਆਂ ਅਤੇ ਪਿੰਡ ਦੀ ਵਿਕਾਸ ਲਈ ਗਰਾਂਟ ਦੇਣ ਦਾ ਐਲਾਨ ਕਰਦਿਆਂ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਹਰ ਵੇਲੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹਿਣਗੇ। ਪਿੰਡ ਵਾਸੀਆਂ ਦੇ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦਿਆਂ ਗਿੱਲ ਨੇ ਕਿਹਾ ਕਿ ਅਕਾਲੀ ਦਲ ਕਦੇ ਵੀ ਪੰਜਾਬ ਦੀ ਭਲਾਈ ਲਈ ਕੰਮ ਨਹੀਂ ਕਰਦਾ, ਹਮੇਸ਼ਾ ਹੀ ਇਸ ਨੇ ਭਾਜਪਾ ਦੇ ਹੱਥਾਂ ਵਿੱਚ ਖੇਡ ਕੇ ਰਾਜਨੀਤੀ ਕੀਤੀ ਹੈ, ਹੁਣ ਇਹ ਭਾਜਪਾ ਨਾਲ ਗੱਠਜੋੜ ਕਰਨ ਲਈ ਹੱਥ ਪੈਰ ਮਾਰ ਰਹੇ ਹਨ ਜਿਸ ਤਹਿਤ ਇਹਨਾਂ ਨੇ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਹੋਈਆਂ ਚੋਣਾਂ ਦੌਰਾਨ ਭਾਜਪਾ ਦੇ ਉਮੀਦਵਾਰ ਦੀ ਮਦਦ ਕੀਤੀ ਹੈ। ਖੁਦ ਤਾਂ ਇਹਨਾਂ ਨੇ ਚੋਣ ਨਹੀਂ ਲੜੀ ਸਗੋਂ ਭਾਜਪਾ ਦੇ ਉਮੀਦਵਾਰ ਦੀ ਜਿੱਤ ਕਰਵਾ ਕੇ ਇਹਨਾਂ ਨੇ ਇਹ ਦਰਸਾ ਦਿੱਤਾ ਹੈ ਕਿ ਅਕਾਲੀ ਦਲ ਕਦੇ ਵੀ ਪੰਜਾਬ ਦਾ ਭਲਾ ਨਹੀਂ ਕਰ ਸਕਦੇ। ਪੰਜਾਬ ਦੇ ਲੋਕ ਕਦੇ ਵੀ ਅਕਾਲੀ ਦਲ ਨੂੰ ਮਾਫ ਨਹੀਂ ਕਰਨਗੇ। ਗਿੱਲ ਨੇ ਪਿੰਡ ਦੇ ਵਿਕਾਸ ਲਈ ਕਰੀਬ 7 ਲੱਖ ਰੁਪਏ ਦੀ ਗਰਾਂਟ ਅਤੇ ਗੁਰਦੁਆਰਾ ਸਾਹਿਬ ਨੂੰ ਦੋ ਲੱਖ ਰੁਪਏ ਦੇਣ ਦਾ ਐਲਾਨ ਕਰਦਿਆਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ 2027 ਚੋਣਾਂ ਦੌਰਾਨ ਉਹ ਆਪਣੇ ਭਰਾ ਨੂੰ ਇਸ ਹਲਕੇ ਤੋਂ ਜਿਤਾਉਣ, ਫਿਰ ਦੇਖਿਓ ਕਿ ਹਰ ਵਿਕਾਸ ਅਤੇ ਹਲਕੇ ਦਾ ਵਿਕਾਸ ਮੂੰਹੋਂ ਬੋਲੇਗਾ। ਉਹਨਾਂ ਕਿਹਾ ਕਿ ਇੱਕ ਸਾਲ ਵਿੱਚ ਜਿੰਨਾ ਉਹਨਾਂ ਨੇ ਹਲਕੇ ਵਿੱਚ ਕੰਮ ਕਰਵਾਇਆ ਹੈ ਉਹ ਪਿਛਲੇ 10 ਸਾਲਾਂ ਵਿੱਚ ਨਹੀਂ ਹੋਇਆ ਸੀ। ਜਥੇਦਾਰ ਸਤਨਾਮ ਸਿੰਘ ਹਾਂਸ ਨੇ ਤਰਸੇਮ ਸਿੰਘ ਗਿੱਲ ਨੂੰ ਜੀ ਆਇਆਂ ਕਹਿੰਦਿਆਂ ਵਿਸ਼ਵਾਸ ਦਵਾਇਆ ਕਿ ਉਹ ਪਿੰਡ ਵਿੱਚੋਂ ਵੱਡੇ ਫਰਕ ਨਾਲ ਜਿਤਾ ਕੇ ਉਹਨਾਂ ਨੂੰ ਭੇਜਣਗੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਜਥੇਦਾਰ ਸਤਨਾਮ ਸਿੰਘ ਹਾਂਸ ਸਾਬਕਾ ਸਰਪੰਚ, ਸਰਪੰਚ ਗੁਰਪ੍ਰੀਤ ਸਿੰਘ ਹਾਂਸ, ਸੁਖਚੈਨ ਸਿੰਘ ਹਾਂਸ, ਸਤਨਾਮ ਸਿੰਘ ਮਾਂਗਾਸਰਾਏ, ਜਗਦੀਪ ਸਿੰਘ ਸਾਧਪੁਰ, ਤਰਵਿੰਦਰ ਸਿੰਘ ਸਾਧਪੁਰ ਅਤੀ ਵੱਡੀ ਗਿਣਤੀ ਵਿੱਚ ਹੋਰ ਆਗੂ ਹਾਜ਼ਰ ਸਨ ।

# ਵਿਆਹ ਪੁਰਬ ਦੀਆਂ ਤਿਆਰੀਆਂ ਨੂੰ ਲੈ ਕੇ ਸੰਗਤਾਂ 'ਚ ਭਾਰੀ ਉਤਸ਼ਾਹ




ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਮੌਕੇ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਤਾਦਾਦ ਵਿਚ ਸੰਗਤਾਂ ਗੁਰਦੁਆਰਾ ਕੰਧ ਸਾਹਿਬ ਬਟਾਲਾ ਵਿਖੇ ਨਤਮਸਤਕ ਹੋਣ ਲਈ ਪੁੱਜਦੀਆਂ ਹਨ। ਇਸ ਨੂੰ ਲੈ ਕੇ ਫਤਹਿਗੜ੍ਹ ਚੂੜੀਆਂ ਤੇ ਆਸ ਪਾਸ ਦੇ ਪਿੰਡਾਂ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਇਸ ਮੌਕੇ ਵੱਖ ਵੱਖ ਪਿੰਡਾਂ ਦੀਆਂ ਕਸਬਿਆਂ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਜਾਣਗੇ ਤੇ ਲੜੀਵਾਰ ਧਾਰਮਿਕ ਸਮਾਗਮ ਵੀ ਹੋਣਗੇ। ਇਸ ਤੋਂ ਇਲਾਵਾ ਵੱਖ ਵੱਖ ਤਰ੍ਹਾਂ ਦੇ ਲੰਗਰ ਲਗਾਏ ਜਾਣਗੇ ਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਜਾਣਗੀਆਂ।ਇਸ ਸੰਬਧੀ ਪਿੰਡ ਕਿਲ੍ਹਾ ਦੇਸਾ ਸਿੰਘ ਤੋਂ ਆਪ ਆਗੂ ਹਰਜੀਤ ਸਿੰਘ ਬਾਜਵਾ ਨੇ ਕਿਹਾ ਕਿ ਸਾਡਾ ਸਭਨਾਂ ਦਾ ਫਰਜ਼ ਬਣਦਾ ਹੈ ਕਿ ਸਭਕੀ ਆਵਾਜਾਈ ਦਾ ਖਾਸ ਖਿਆਲ ਰੱਖਿਆ ਜਾਵੇ ਤਾਂ ਜੋ ਬਾਹਰਲੇ ਇਲਾਕਿਆਂ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਪਿੰਡ ਮਾਨ ਸੈਂਡਵਾਲ ਦੇ ਅਕਾਲੀ ਆਗੂ ਭੁਪਿੰਦਰ ਸਿੰਘ ਮਾਨ ਨੇ ਕਿਹਾ ਕਿ ਇਸ ਜੋੜ ਮੇਲੇ ਮੌਕੇ ਸਾਰੀਆਂ ਮੁੱਖ ਸੜਕਾਂ ਅਤੇ ਬਟਾਲਾ ਸ਼ਹਿਰ ਦੀ ਸਾਫ਼ ਸਫਾਈ ਬੜੀ ਜ਼ਰੂਰੀ ਹੈ। ਸਾਡਾ ਸਭਨਾਂ ਦਾ ਫਰਜ਼ ਬਣਦਾ ਹੈ ਕੇ ਅਸੀਂ ਆਪੋ ਆਪਣੇ ਪਿੰਡਾਂ ਸ਼ਹਿਰਾਂ ਨੂੰ ਸਾਫ ਸੁਥਰਾ ਰੱਖੀਏ ਤਾਂ ਜੋ ਦੂਰ ਦੁਰਾਡੇ ਤੋਂ ਆਉਣ ਵਾਲੀਆਂ ਸੰਗਤਾਂ ਦਾ ਸਹੀ ਢੰਗ ਨਾਲ ਸਵਾਗਤ ਕਰ ਸਕੀਏ।ਪਿੰਡ ਸਾਰਚੂਰ ਦੇ ਸਰਪੰਚ ਸੁੱਖ ਬਾਜਵਾ ਨੇ ਵੀ ਵਿਚਾਰ ਰੱਖੇ।

# ਅੱਖਾਂ ਦਾ ਚੈੱਕਅੱਪ ਕੈਂਪ ਲਗਾਇਆ




ਚੋਹਲਾ ਸਾਹਿਬ (ਰਮਨ ਚੱਡਾ)-ਸਿਵਲ ਸਰਜਨ ਤਰਨ ਤਾਰਨ ਡਾਕਟਰ ਸੰਦੀਪ ਧਵਨ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਕਾਲਜ ਪ੍ਰਿੰਸੀਪਲ ਡਾ: ਹਰਮਨਦੀਪ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਕਾਲਜ ਵਿੱਚ ਅੱਖਾਂ ਦੀ ਜਾਂਚ ਦਾ ਮੁਫ਼ਤ ਮੈਡੀਕਲ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਸਮੇਂ ਅਪਥਾਲਮਿਕ ਅਫਸਰ ਪਰਮਜੀਤ ਕੌਰ ਵੱਲੋਂ 40 ਸਾਲ ਤੋਂ 70 ਸਾਲ ਤੱਕ ਦੇ ਵਿਅਕਤੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ 55 ਜ਼ਰੂਰਤਮੰਦ ਵਿਅਕਤੀਆਂ ਨੂੰ ਮੁਫ਼ਤ ਐਨਕਾਂ ਵੰਡੀਆਂ ਗਈਆਂ। ਉਹਨਾਂ ਕਿਹਾ ਕਿ ਸੀਐਚਸੀ ਸਰਹਾਲੀ ਵਿਖੇ ਜਾਂਚ ਤੋਂ ਬਾਅਦ ਜਰੂਰਤਮੰਦ ਵਿਅਕਤੀਆਂ ਨੂੰ ਮੁਫ਼ਤ ਐਨਕਾਂ ਵੰਡੀਆਂ ਜਾ ਰਹੀਆਂ ਹਨ। ਇਸ ਸਮੇਂ ਕਾਲਜ ਦਾ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਹਾਜ਼ਰ ਸੀ।

# ਜੋਬਨ ਰੰਧਾਵਾ ਦੀ ਅਗਵਾਈ ਹੇਠ ਕਾਲਾ ਅਫ਼ਗਾਨਾ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ' ਬੱਸ ਰਵਾਨਾ




ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਹਲਕਾ ਇੰਚਾਰਜ ਚੇਅਰਮੈਨ ਜੋਬਨ ਰੰਧਾਵਾ ਦੀ ਅਗਵਾਈ ਹੇਠ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਕਾਲਾ ਅਫ਼ਗਾਨਾ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਅਨਮੋਲ ਰੰਧਾਵਾ, ਜ਼ਿਲ੍ਹਾ ਵਾਈਸ ਕੁਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਅਤੇ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਅਤੇ ਸਰਪੰਚ ਅਵਤਾਰ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਮੌਜੂਦ ਰਹੇ ਸਨ।ਇਸ ਮੌਕੇ ਗੱਲਬਾਤ ਕਰਦਿਆਂ ਅਨਮੋਲ ਰੰਧਾਵਾਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਤੀਰਥ ਯਾਤਰਾ ਸਕੀਮ ਵਿੱਚ ਵਿਸਥਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਪਹਿਲੀ ਅਗਸਤ ਤੋਂ ਤਿੰਨ ਹੋਰ ਰੂਟ ਸ਼ੁਰੂ ਕੀਤੇ ਗਏ ਹਨ। ਖਾਟੂ ਸ਼ਿਆਮ ਜੀ ਅਤੇ ਸਾਲਾਸਰ, ਹਰਿਦੁਆਰ ਅਤੇ ਰਿਸੀਕੇਸ਼ ਅਤੇ ਮਥੁਰਾ ਅਤੇ ਵਿੰਦਾਵਨ ਸ਼ਾਮਲ ਹਨ।ਉਨ੍ਹਾਂ ਨੇ ਕਿਹਾ ਕਿ ਇਸ ਯੋਜਨਾ ਤਹਿਤ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ ਤੇ ਭੋਜਨ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਯਾਤਰੀ ਨੂੰ ਕੋਈ ਅਸੁਵਿਧਾ ਨਾ ਹੋਵੇ।ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਅੰਦਰ ਪੂਰੀ ਖੁਸ਼ੀ ਤੇ ਉਤਸ਼ਾਹ ਸੀ ਅਤੇ ਉਨ੍ਹਾਂ ਵਲੋਂ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਵੀਂ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਭਾਗ ਮਿਲਿਆ ਹੈ।

# ਸ਼੍ਰੋਮਣੀ ਕਮੇਟੀ ਵੱਲੋਂ ਨੇਪਾਲ ਸਰਕਾਰ ਨੂੰ ਸੇਵਾ ਕਾਰਜਾਂ ਲਈ ਖੁੱਲ੍ਹੀ ਪੇਸ਼ਕਸ਼



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਨੇਪਾਲ ਵਿੱਚ ਵਾਪਰੀ ਤ੍ਰਾਸਦੀ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੇ ਗਏ ਵਫ਼ਦ ਨੇ ਪ੍ਰੀਤਮ ਸਿੰਘ ਦੇ ਉਪਰਾਲੇ ਨਾਲ ਨੇਪਾਲ ਦੇ ਪ੍ਰਧਾਨ ਮੰਤਰੀ ਦਫ਼ਤਰ ਦੇ ਨੁਮਾਇੰਦਿਆਂ ਨਾਲ ਅਹਿਮ ਮੀਟਿੰਗ ਕੀਤੀ। ਸ਼੍ਰੋਮਣੀ ਕਮੇਟੀ ਦੇ ਵਫ਼ਦ ਵਿਚ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅਤੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਅਜ਼ਾਦ ਦੀਪ ਸਿੰਘ ਸ਼ਾਮਲ ਹਨ। ਵਫ਼ਦ ਨੇ ਨੇਪਾਲ ਵਿੱਚ ਕੁਦਰਤੀ ਆਫ਼ਤ ਤੋਂ ਬਾਅਦ ਪੈਦਾ ਹੋਏ ਹਾਲਾਤ, ਸਰਕਾਰ ਵੱਲੋਂ ਚਲਾਏ ਜਾ ਰਹੇ ਰਾਹਤ ਕਾਰਜਾਂ ਅਤੇ ਪ੍ਰਭਾਵਿਤ ਲੋਕਾਂ ਦੀਆਂ ਮੌਜੂਦਾ ਲੋੜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਮੀਟਿੰਗ ਦੌਰਾਨ ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਨੇਪਾਲ ਸਰਕਾਰ ਦੇ ਅਧਿਕਾਰੀਆਂ ਕੋਲੋਂ ਇਹ ਵੀ ਜਾਣਨ ਦੀ ਕੋਸ਼ਿਸ਼ ਕੀਤੀ ਕਿ ਇਸ ਸਮੇਂ ਤ੍ਰਾਸਦੀ ਪ੍ਰਭਾਵਿਤ ਲੋਕਾਂ ਨੂੰ ਸਭ ਤੋਂ ਵੱਧ ਕਿਹੜੀ ਰਾਹਤ ਸਮੱਗਰੀ ਦੀ ਲੋੜ ਹੈ, ਤਾਂ ਜੋ ਸ਼੍ਰੋਮਣੀ ਕਮੇਟੀ ਵੱਲੋਂ ਲੋੜ ਅਨੁਸਾਰ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ। ਨੇਪਾਲ ਤੋਂ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਵਫ਼ਦ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਦੱਸਿਆ ਕਿ ਨੇਪਾਲ ਵਿਚ ਕੁਦਰਤੀ ਆਫਤ ਤੋਂ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਸਹਾਇਤਾ ਲਈ ਸ਼੍ਰੋਮਣੀ ਕਮੇਟੀ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਦਿੱਤੀ ਜਾਣ ਵਾਲੀ ਅਗਲੀ ਜਾਣਕਾਰੀ ਅਤੇ ਲੋੜ ਅਨੁਸਾਰ ਰਾਹਤ ਕਾਰਜਾਂ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ। ਭਾਈ ਗਰੇਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਹਮੇਸ਼ਾ ਇਹ ਰਵਾਇਤ ਰਹੀ ਹੈ ਕਿ ਕੁਦਰਤੀ ਆਫ਼ਤਾਂ ਅਤੇ ਸੰਕਟ ਦੀ ਘੜੀ ਵਿੱਚ ਮਨੁੱਖਤਾ ਦੀ ਸੇਵਾ ਨੂੰ ਪਹਿਲ ਦਿੱਤੀ ਜਾਵੇ ਅਤੇ ਲੋੜਵੰਦਾਂ ਤੱਕ ਹਰ ਸੰਭਵ ਸਹਾਇਤਾ ਪਹੁੰਚਾਈ ਜਾਵੇ। ਉਨ੍ਹਾਂ ਦੱਸਿਆ ਕਿ ਨੇਪਾਲ ਸਰਕਾਰ ਦੇ ਨੁਮਾਇੰਦਿਆਂ ਨੇ ਸ਼੍ਰੋਮਣੀ ਕਮੇਟੀ ਵੱਲੋਂ ਕੁਦਰਤੀ ਆਫ਼ਤ ਸਮੇਂ ਮਨੁੱਖਤਾ ਦੀ ਸੇਵਾ ਲਈ ਕੀਤੀ ਪਹੁੰਚ ਲਈ ਧੰਨਵਾਦ ਕੀਤਾ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਲਈ ਬਣਾਈ ਰੂਪ ਰੇਖਾ ਦੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਵੀ ਨੇਪਾਲ ਸਰਕਾਰ ਦੀ ਸਹਿਮਤੀ ਅਤੇ ਉਸ ਵੱਲੋਂ ਉਲੀਕੇ ਪ੍ਰੋਗਰਾਮ ਅਨੁਸਾਰ ਹੀ ਰਾਹਤ ਕਾਰਜ ਕੀਤੇ ਜਾਣਗੇ। ਭਾਈ ਗਰੇਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨੇਪਾਲ ਸਰਕਾਰ ਦੇ ਨੁਮਾਇੰਦਿਆਂ ਨੂੰ ਸੇਵਾ ਕਾਰਜਾਂ ਲਈ ਖੁੱਲ੍ਹੀ ਪੇਸ਼ਕਸ਼ ਕੀਤੀ ਗਈ ਹੈ ਅਤੇ ਇਨ੍ਹਾਂ ਲਈ ਲੋੜੀਂਦੀ ਪ੍ਰਵਾਨਗੀ ਬਾਰੇ ਆਖਿਆ ਗਿਆ ਹੈ। ਸਰਕਾਰੀ ਨੁਮਾਇੰਦਿਆਂ ਅਨੁਸਾਰ ਉਹ ਜਲਦ ਹੀ ਸਾਰੀ ਰੂਪਰੇਖਾ ਸ਼੍ਰੋਮਣੀ ਕਮੇਟੀ ਨੂੰ ਦੱਸਣਗੇ, ਜਿਸ ਅਨੁਸਾਰ ਰਾਹਤ ਸੇਵਾਵਾਂ ਕੀਤੀਆਂ ਜਾਣਗੀਆਂ। ਇਸ ਮੀਟਿੰਗ ਵਿੱਚ ਸ਼੍ਰੋਮਣੀ ਕਮੇਟੀ ਦੇ ਵਫ਼ਦ ਮੈਂਬਰਾਂ ਤੋਂ ਇਲਾਵਾ ਨੇਪਾਲ ਤੋਂ ਸ. ਅੰਗਦ ਸਿੰਘ ਅਤੇ ਗੁਰਦੁਆਰਾ ਸਿੰਘ ਸਭਾ ਦੇ ਸਕੱਤਰ ਸ. ਪ੍ਰੀਤਮ ਸਿੰਘ ਹਾਜ਼ਰ ਰਹੇ।

# ਚੇਅਰਮੈਨ ਗੁਰਸੇਵਕ ਸਿੰਘ ਸ਼ੇਖ ਹਲਕਾ ਇੰਚਾਰਜ ਖਡੂਰ ਸਾਹਿਬ ਨਿਯੁਕਤ



ਝਬਾਲ (ਹਰਜਿੰਦਰ ਸਿੰਘ ਸੋਨੀ)-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸੀਨੀਅਰ ਅਕਾਲੀ ਆਗੂ ਤੇ ਚੈਅਰਮੈਨ ਗੁਰਸੇਵਕ ਸਿੰਘ ਸੇਖ ਨੂੰ ਹਲਕਾ ਇੰਚਾਰਜ ਖਡੂਰ ਸਾਹਿਬ ਅਤੇ ਯੂਥ ਅਕਾਲੀ ਦਲ ਦਾ ਵਰਕਿੰਗ ਪੰਜਾਬ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਪੂਰੇ ਹਲਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਇਸ ਮੌਕੇ ਗੁਰਸੇਵਕ ਸਿੰਘ ਸੇਖ ਨੂੰ ਮੁਬਾਰਕਬਾਦ ਦਿੰਦਿਆਂ ਹਲਕਾ ਤਰਨਤਾਰਨ ਤੋਂ ਸੀਨੀਅਰ ਨੌਜਵਾਨ ਅਕਾਲੀ ਆਗੂ ਤੇ ਆੜ੍ਹਤੀ ਜਸਬੀਰ ਸਿੰਘ ਬੱਬੂ ਠੱਠੀ ਸੋਹਲ, ਸਾਬਕਾ ਸਰਪੰਚ ਸ਼ਾਮ ਸਿੰਘ ਕੋਟ, ਨੌਜਵਾਨ ਅਕਾਲੀ ਆਗੂ ਗੁਰਸੇਵਕ ਸਿੰਘ ਦਿਉਲ ਕੋਟ ਸਿਵਿਆਂ, ਜਗਦੀਪ ਸਿੰਘ, ਯੁਵਰਾਜ ਸਿੰਘ, ਲਖਬੀਰ ਸਿੰਘ ਆਦਿ ਨੇ ਕਿਹਾ ਕਿ ਹਲਕਾ ਇੰਚਾਰਜ ਲੱਗਣ ਤੇ ਗੁਰਸੇਵਕ ਸਿੰਘ ਸੇਖ ਦੀ ਅਗਵਾਈ ਹੇਠ ਪੰਥਕ ਹਲਕਾ ਖਡੂਰ ਸਾਹਿਬ ਵਿੱਚ ਫਿਰ ਤੋਂ ਅਕਾਲੀ ਦਲ ਦਾ ਝੰਡਾ ਬੁਲੰਦ ਹੋਵੇਗਾ।ਨੌਜਵਾਨ ਅਕਾਲੀ ਆਗੂ ਜਸਬੀਰ ਸਿੰਘ ਬੱਬੂ ਨੇ ਕਿਹਾ ਕਿ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਖਡੂਰ ਸਾਹਿਬ ਤੋਂ ਗੁਰਸੇਵਕ ਸਿੰਘ ਸੇਖ ਨੂੰ ਇੰਚਾਰਜ ਨਿਯੁਕਤ ਕਰਨ ਦਾ ਲਿਆ ਗਿਆ ਫੈਸਲਾ ਬਿਲਕੁਲ ਸਹੀ ਹੈ ਕਿਉਂਕਿ ਗੁਰਸੇਵਕ ਸਿੰਘ ਸੇਖ ਅਕਾਲੀ ਦਲ ਦੇ ਯੂਥ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਅਤੇ ਬਤੌਰ ਚੈਅਰਮੈਨ ਬੜੇ ਲੰਮੇ ਸਮੇਂ ਤੋਂ ਅਕਾਲੀ ਦਲ ਪਾਰਟੀ ਦੀ ਮਜ਼ਬੂਤੀ ਲਈ ਖਡੂਰ ਸਾਹਿਬ ਹਲਕੇ ਵਿੱਚ ਵਿਚਰਦੇ ਆ ਰਹੇ ਹਨ।

# ਡਿਲਿਵਰੀਮੈਨ ਤੋਂ 19 ਹਜ਼ਾਰ ਖੋਹੇ, ਇੱਕ ਗ੍ਰਿਫ਼ਤਾਰ

ਧਾਰੀਵਾਲ, (ਮਨਦੀਪ ਵਿੱਕੀ)- ਗੈਸ ਏਜੰਸੀ ਦੇ ਡਿਲਿਵਰਮੈਨ ਨੂੰ ਘੇਰ ਕੇ 19,000 ਰੁਪਏ ਖੋਹਣ ਦੇ ਦੋਸ਼ ਹੇਠ ਥਾਣਾ ਧਾਰੀਵਾਲ ਦੀ ਪੁਲਸ ਨੇ ਚਾਰ ਜਣਿਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ 18,000 ਰੁਪਏ ਬਰਾਮਦ ਕਰ ਲਏ ਹਨ। ਬਾਕੀ ਮੁਲਜ਼ਮ ਫਰਾਰ ਹਨ। ਥਾਣਾ ਧਾਰੀਵਾਲ ਦੇ ਐਸ ਐਚ ਓ ਜਤਿੰਦਰਪਾਲ ਸਿੰਘ ਨੇ ਦੱਸਿਆ ਕਿ ਅਜੇ ਕੁਮਾਰ ਪੁੱਤਰ ਮੁੱਖਤਿਆਰ ਮਸੀਹ ਵਾਸੀ ਡੱਡਵਾ ਨੇ ਪੁਲਸ ਨੂੰ ਲਿਖਤੀ ਦਰਖਾਸਤ ਰਾਹੀਂ ਦੱਸਿਆ ਕਿ ਉਹ ਸ਼ਹਿਰ ਧਾਰੀਵਾਲ ਦੇ ਮੁਹੱਲਾ ਲਾਲ ਬਾਗ ਨੇੜੇ ਵੀਰ ਗੈਸ ਸਰਵਿਸ ਗੈਸ ਏਜੰਸੀ ਵਿਖੇ ਡਿਲਿਵਰੀਮੈਨ ਦਾ ਕੰਮ ਕਰਦਾ ਹੈ। ਗੈਸ ਸਿਲੰਡਰ ਡਿਲਿਵਰੀ ਕਰਕੇ ਵਾਪਸ ਆਉਂਦੇ ਸਮੇਂ ਸਵੇਰ ਦੇ ਕਰੀਬ 11 ਵਜੇ ਜਦੋਂ ਉਹ ਨੇੜੇ ਅਮਰਜੀਤ ਹਸਪਤਾਲ ਡੱਡਵਾ ਰੋਡ ਧਾਰੀਵਾਲ ਪੁੱਜਾ ਤਾਂ ਸੁਖਰਾਜ ਉਰਫ ਸੁੱਖ ਪੁੱਤਰ ਮੁੱਖਤਿਆਰ ਮਸੀਹ ਵਾਸੀ ਕੋਲੀਆਂ ਬਹਿਰਾਮਪੁਰ, ਕਵਲ ਪੁੱਤਰ ਮੀਦ ਮਸੀਹ ਵਾਸੀ ਮਾਨੇਪੁਰ ਥਾਣਾ ਕਲਾਨੌਰ ਅਤੇ 2 ਅਣਪਛਾਤੇ ਵਿਅਕਤੀਆਂ ਨੇ ਉਸ ਨੂੰ ਘੇਰ ਲਿਆ ਅਤੇ ਉਸ ਨਾਲ ਗਾਲੀ ਗਲੋਚ ਕੀਤਾ ਅਤੇ ਉਸ ਕੋਲੋਂ ਗੈਸ ਦੀ ਡਿਲਿਵਰੀ ਦੇ 19,000 ਰੁਪਏ ਅਤੇ ਗਲੇ ਵਿੱਚ ਪਾਈ ਚਾਂਦੀ ਦੀ ਚੈਨੀ ਖੋਹ ਕੇ ਭੱਜ ਗਏ।


ਇਸ ਮਾਮਲੇ ਦੇ ਤਫਤੀਸ਼ੀ ਅਫਸਰ ਏ ਐਸ ਆਈ ਗੁਰਦੀਪ ਸਿੰਘ ਨੇ ਅਜੇ ਕੁਮਾਰ ਦੇ ਬਿਆਨਾਂ ਅਨੁਸਾਰ ਸੁਖਰਾਜ ਉਰਫ ਸੁੱਖ, ਕਵਲ ਅਤੇ 2 ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਮੁਲਜ਼ਮ ਸੁਖਰਾਜ ਨੂੰ ਕਾਬੂ ਉਸ ਪਾਸੋਂ 18000 ਰੁਪਏ ਬਰਾਮਦ ਕੀਤੇ ਹਨ ਅਤੇ ਬਾਕੀ ਮੁਲਜ਼ਮਾਂ ਦੀ ਭਾਲ ਜਾਰੀ ਹੈ।

# ਖਾਲਸਾ ਕਾਲਜ ਵਿਖੇ ਮਿਲਟਰੀ ਲਿਟਰੇਚਰ ਫੈਸਟੀਵਲ 65 ਦੀ ਜੰਗ 'ਤੇ ਰਿਹਾ ਕੇਂਦਰਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਵਿਖੇ ਕਰਵਾਏ ਜਾ ਰਹੇ ਦੋ-ਰੋਜ਼ਾ ਮਿਲਟਰੀ ਲਿਟਰੇਚਰ ਫੈਸਟੀਵਲ ਦੇ ਦੂਜੇ ਦਿਨ ਸੰਨ 1965 ਦੀ ਭਾਰਤ-ਪਾਕਿਸਤਾਨ ਜੰਗ ਦੇ ਇਤਿਹਾਸ, ਜੰਗ ਦੌਰਾਨ ਅੰਮ੍ਰਿਤਸਰ ਅਤੇ ਸਰਹੱਦੀ ਖੇਤਰਾਂ ਦੀ ਰਣਨੀਤਿਕ ਮਹੱਤਤਾ ਅਤੇ ਸਥਾਨਕ ਲੋਕਾਂ ਵੱਲੋਂ ਨਿਭਾਈ ਭੂਮਿਕਾ 'ਤੇ ਬ੍ਰਿਗੇਡੀਅਰ ਸਤਿੰਦਰ ਸਿੰਘ ਨੇ ਵਿਸ਼ੇਸ਼ ਭਾਸ਼ਣ ਦਿੱਤਾ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਫ਼ੈਸਟੀਵਲ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦੇਸ਼ ਦੀ ਸੁਰੱਖਿਆ, ਸੈਨਿਕ ਇਤਿਹਾਸ ਅਤੇ ਸਰਹੱਦੀ ਇਲਾਕਿਆਂ ਦੇ ਲੋਕਾਂ ਦੀਆਂ ਕੁਰਬਾਨੀਆਂ ਨਾਲ ਜਾਣੂ ਕਰਵਾਇਆ। ਇਸ ਮੌਕੇ ਬ੍ਰਿਗੇਡੀਅਰ ਸਤਿੰਦਰ ਸਿੰਘ ਨੇ ਕਿਹਾ ਕਿ ਸਾਡੀ ਅਸਲ ਤਾਕਤ ਸਿਰਫ਼ ਹਥਿਆਰਾਂ 'ਚ ਨਹੀਂ, ਸਗੋਂ ਸੈਨਿਕਾਂ ਦੇ ਹੌਸਲੇ, ਲੋਕਾਂ ਦੀ ਏਕਤਾ ਅਤੇ ਦੇਸ਼ ਪ੍ਰਤੀ ਅਟੁੱਟ ਵਿਸ਼ਵਾਸ 'ਚ ਹੈ। ਉਨ੍ਹਾਂ ਕਿਹਾ ਕਿ 1965 ਦੀ ਜੰਗ ਦੀਆਂ ਯਾਦਾਂ ਸਾਨੂੰ ਇਹ ਸੰਦੇਸ਼ ਦਿੰਦੀਆਂ ਹਨ ਕਿ ਜਦੋਂ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਗੱਲ ਆਵੇ ਤਾਂ ਪੰਜਾਬ ਦੀ ਧਰਤੀ ਹਮੇਸ਼ਾ ਮੋਹਰੀ ਰਹੀ ਹੈ ਅਤੇ ਰਹੇਗੀ। ਉਨ੍ਹਾਂ 1965 ਦੀ ਜੰਗ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਦੌਰਾਨ ਪੰਜਾਬ ਦਾ ਸਰਹੱਦੀ ਖੇਤਰ ਜੰਗ ਦਾ ਇੱਕ ਮਹੱਤਵਪੂਰਨ ਮੋਰਚਾ ਬਣ ਗਿਆ ਸੀ। ਉਨ੍ਹਾਂ ਕਿਹਾ ਕਿ 6 ਸਤੰਬਰ 1965 ਨੂੰ ਭਾਰਤੀ ਫੌਜ ਨੇ ਪੰਜਾਬ ਦੇ ਰਸਤੇ ਅੰਤਰਰਾਸ਼ਟਰੀ ਸਰਹੱਦ ਪਾਰ ਕਰਕੇ ਲਾਹੌਰ ਸੈਕਟਰ 'ਚ ਕਾਰਵਾਈ ਕੀਤੀ। ਇਸ ਦਾ ਇੱਕ ਅਹਿਮ ਰਣਨੀਤਿਕ ਮਕਸਦ ਪਾਕਿਸਤਾਨੀ ਫੌਜ ਨੂੰ ਪੰਜਾਬ ਮੋਰਚੇ 'ਤੇ ਰੁਝਾਉਣਾ ਅਤੇ ਜੰਮੂ-ਕਸ਼ਮੀਰ 'ਚ ਉਸ ਦੀ ਕਾਰਵਾਈ ਨੂੰ ਪ੍ਰਭਾਵਿਤ ਕਰਨਾ ਸੀ। ਉਨ੍ਹਾਂ ਅੰਮ੍ਰਿਤਸਰ ਦੀ ਭੂਗੋਲਿਕ ਅਤੇ ਰਣਨੀਤਿਕ ਮਹੱਤਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਅੰਮ੍ਰਿਤਸਰ ਅੰਤਰਰਾਸ਼ਟਰੀ ਸਰਹੱਦ ਦੇ ਬਹੁਤ ਨੇੜੇ ਹੋਣ ਕਾਰਨ 1965 ਦੀ ਜੰਗ ਦੌਰਾਨ ਇੱਕ ਸੰਵੇਦਨਸ਼ੀਲ ਖੇਤਰ ਸੀ। ਅੰਮ੍ਰਿਤਸਰ ਦੇ ਆਲੇ-ਦੁਆਲੇ ਦੇ ਸਰਹੱਦੀ ਪਿੰਡਾਂ ਅਤੇ ਇਲਾਕਿਆਂ 'ਚ ਜੰਗ ਦਾ ਸਿੱਧਾ ਪ੍ਰਭਾਵ ਮਹਿਸੂਸ ਕੀਤਾ ਗਿਆ। ਸਰਹੱਦ ਦੇ ਨੇੜੇ ਹੋਣ ਕਾਰਨ ਇਨ੍ਹਾਂ ਖੇਤਰਾਂ ਦੇ ਲੋਕਾਂ ਨੂੰ ਸੁਰੱਖਿਆ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਅਤੇ ਕਈ ਪਰਿਵਾਰਾਂ ਨੂੰ ਅਸਥਾਈ ਤੌਰ 'ਤੇ ਸੁਰੱਖਿਅਤ ਥਾਵਾਂ ਵੱਲ ਜਾਣਾ ਪਿਆ। ਇਸ ਮੌਕੇ ਲੈਫਟੀਨੈਂਟ ਜਨਰਲ ਟੀ. ਐੱਸ. ਸ਼ੇਰਗਿੱਲ ਨੇ ਖੇਮਕਰਨ ਅਤੇ ਅਸਲ ਉੱਤਰ ਦੀ ਲੜਾਈ ਨੂੰ ਵਿਸ਼ੇਸ਼ ਤੌਰ 'ਤੇ ਯਾਦ ਕਰਦਿਆਂ ਕਿਹਾ ਕਿ 8 ਤੋਂ 10 ਸਤੰਬਰ ਦਰਮਿਆਨ ਹੋਈ ਅਸਲ ਉੱਤਰ ਦੀ ਲੜਾਈ ਨੇ ਪੰਜਾਬ ਦੇ ਮੋਰਚੇ 'ਤੇ ਭਾਰਤੀ ਫੌਜ ਦੀ ਰਣਨੀਤਿਕ ਸਮਰੱਥਾ ਅਤੇ ਬਹਾਦਰੀ ਦਾ ਇਤਿਹਾਸਕ ਉਦਾਹਰਨ ਪੇਸ਼ ਕੀਤਾ। ਇਸ ਲੜਾਈ 'ਚ ਪਾਕਿਸਤਾਨੀ ਫੌਜ ਦੇ ਵੱਡੀ ਗਿਣਤੀ 'ਚ ਪੈਟਨ ਟੈਂਕ ਤਬਾਹ ਹੋਏ ਅਤੇ ਭਾਰਤੀ ਰੱਖਿਆ ਨੇ ਉਸ ਦੇ ਅੱਗੇ ਵੱਧਣ ਨੂੰ ਰੋਕ ਦਿੱਤਾ। ਇਸੇ ਜੰਗ ਦੌਰਾਨ ਕੰਪਨੀ ਕੁਆਰਟਰ ਮਾਸਟਰ ਹਵਾਲਦਾਰ ਅਬਦੁਲ ਹਮੀਦ ਨੇ ਅਸਾਧਾਰਣ ਬਹਾਦਰੀ ਦਿਖਾਉਂਦਿਆਂ ਪਰਮਵੀਰ ਚੱਕਰ ਪ੍ਰਾਪਤ ਕੀਤਾ।

# ਐੱਸ ਆਈ ਆਰ : 6 ਨੂੰ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਲੱਗਣਗੇ ਵਿਸ਼ੇਸ਼ ਕੈਂਪ




ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਵਧੀਕ ਜ਼ਿਲ੍ਹਾ ਚੋਣ ਅਫ਼ਸਰ ਗੁਰਦਾਸਪੁਰ ਗੁਰਸਿਮਰਨ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸੁਧਾਈ ( ਐਸ.ਆਈ.ਆਰ-2026) ਦਾ ਮਹੱਤਵਪੂਰਨ ਕੰਮ ਚੱਲ ਰਿਹਾ ਹੈ। ਇਸ ਸਬੰਧੀ ਜਾਰੀ ਸ਼ਡਿਊਲ ਅਨੁਸਾਰ 13 ਅਗਸਤ ਨੂੰ ਫੋਟੋ ਵੋਟਰ ਸੂਚੀ ਦੀ ਮੁਢਲੀ ਪ੍ਰਕਾਸ਼ਨਾ ਕੀਤੀ ਗਈ ਸੀ। ਮਿਤੀ 13 ਅਗਸਤ ਤੋਂ 12 ਸਤੰਬਰ ਤੱਕ ਵੋਟਰਾਂ ਵੱਲੋਂ ਦਾਅਵੇ ਅਤੇ ਇਤਰਾਜ਼ ਸਬੰਧੀ ਫਾਰਮ ਨੰਬਰ 6, 6-ਏ, 7 ਅਤੇ 8 ਆਨਲਾਈਨ ਅਤੇ ਆਫਲਾਈਨ (ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਅਤੇ ਬੀ.ਐਲ.ਓ) ਭਰੇ ਜਾ ਸਕਦੇ ਹਨ।ਉਨ੍ਹਾਂ ਦੱਸਿਆ ਕਿ ਐਸ.ਆਈ.ਆਰ-2026 ਦੌਰਾਨ ਆਮ ਜਨਤਾ ਅਤੇ ਵੋਟਰਾਂ ਵੱਲੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਲਈ ਗੁਰਦਾਸਪੁਰ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਬੀ.ਐਲ.ਓਜ਼ ਦੁਆਰਾ 6 ਸਤੰਬਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਦੌਰਾਨ ਸਮੂਹ ਬੀ.ਐਲ.ਓਜ਼ ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿਣਗੇ ਅਤੇ ਵੋਟਰਾਂ ਨੂੰ ਨੋਟਿਸ ਫਾਰਮ ਅਤੇ ਦਾਅਵੇ-ਇਤਰਾਜ ਭਰਨ ਸਬੰਧੀ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਉਣਗੇ।ਵਧੀਕ ਜ਼ਿਲ੍ਹਾ ਚੋਣ ਅਫਸਰ ਨੇ ਇਹ ਵੀ ਦੱਸਿਆ ਕਿ ਸਪੈਸ਼ਲ ਕੈਂਪਾਂ ਦੌਰਾਨ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਵੱਲੋਂ ਨਿਯੁਕਤ ਕੀਤੇ ਗਏ ਬੂਥ ਲੈਵਲ ਏਜੰਟ ਦਾਅਵੇ ਅਤੇ ਇਤਰਾਜ਼ਾਂ ਦੇ ਕੰਮ ਸਬੰਧੀ ਬੀ.ਐਲ.ਓਜ਼ ਨੂੰ ਸਹਿਯੋਗ ਦੇਣਗੇ ਅਤੇ ਆਪਣੇ ਪਾਰਟੀ ਵਰਕਰਾਂ ਰਾਹੀਂ ਵੱਧ ਤੋਂ ਵੱਧ ਵੋਟਰ ਰਜਿਸਟ੍ਰੇਸ਼ਨ ਕਰਵਾਉਣਾ ਯਕੀਨੀ ਬਣਾਉਣਗੇ।

ਉਨ੍ਹਾਂ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਯੋਗਤਾ ਮਿਤੀ 01.10.2026 ਦੇ ਆਧਾਰ 'ਤੇ ਜਿਸ ਨਾਗਰਿਕ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੈ, ਉਹ ਆਪਣਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਨ ਲਈ ਫਾਰਮ ਨੰਬਰ 6 ਅਤੇ ਵੋਟਰ ਕਾਰਡ ਵਿੱਚ ਦਰਜ ਵੇਰਵਿਆਂ ਵਿੱਚ ਦਰੁਸਤੀ ਕਰਵਾਉਣ ਲਈ ਫਾਰਮ ਨੰਬਰ 8 ਭਰ ਕੇ ਪੋਲਿੰਗ ਬੂਥਾਂ 'ਤੇ ਮੌਜੂਦ ਬੀ.ਐਲ.ਓਜ਼ ਨੂੰ ਦੇਣ ਲਈ ਇਨ੍ਹਾਂ ਕੈਂਪਾਂ ਦਾ ਲਾਭ ਲੈ ਸਕਦਾ ਹੈ।


ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਵੋਟਰ ਹੈਲਪ ਲਾਈਨ ਨੰਬਰ 1950 (ਟੋਲ ਫਰੀ) 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਬਾਬਾ ਗੁਲਜ਼ਾਰ ਸਿੰਘ ਤੇ ਮਾਤਾ ਹਰਜਿੰਦਰ ਕੌਰ ਨੂੰ ਕੀਤਾ ਸਨਮਾਨਤ



ਝਬਾਲ (ਮੱਖਣ ਮਨੋਜ)-ਗੁਰਦੁਆਰਾ ਵੱਡਾ ਘਰ ਪਿੰਡ ਸਰਾਏ ਅਮਾਨਤ ਖਾਂ ਵਿਖੇ ਪਿਛਲੇ 35-40 ਸਾਲਾਂ ਤੋਂ ਨਿਸ਼ਕਾਮ ਭਾਵ ਨਾਲ ਗੁਰੂ ਘਰ ਦੀ ਸੇਵਾ ਕਰਦੇ ਆ ਰਹੇ ਸੇਵਾਦਾਰ ਬਾਬਾ ਗੁਲਜ਼ਾਰ ਸਿੰਘ ਤੇ ਮਾਤਾ ਹਰਜਿੰਦਰ ਕੌਰ ਆਪਣੀ ਇੱਛਾ ਅਨੁਸਾਰ ਸੇਵਾ ਤੋਂ ਮੁਕਤ ਹੋਏ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੱਕ ਸਨਮਾਨ ਸਮਾਰੋਹ ਕਰਵਾਇਆ ਗਿਆ। ਕਮੇਟੀ ਦੇ ਰਸੀਵਰ ਬਾਬਾ ਕੁਲਦੀਪ ਸਿੰਘ ਅਤੇ ਸਮੂਹ ਪੰਚਾਇਤ ਤੇ ਕਮੇਟੀ ਮੈਂਬਰ ਸਾਹਿਬਾਨ ਵੱਲੋਂ ਉਨ੍ਹਾਂ ਦੀ ਲੰਮੀ ਸੇਵਾ ਨੂੰ ਯਾਦ ਕਰਦਿਆਂ ਗੁਰੂ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਮਾਜ ਸੇਵਕ ਹਰਪ੍ਰੀਤ ਸਿੰਘ ਪੀਤਾ, ਮੇਜਰ ਸਿੰਘ ਭੋਲਾ, ਨੰਬਰਦਾਰ ਜਸਬੀਰ ਸਿੰਘ, ਨੰਬਰਦਾਰ ਰਾਮ ਸਿੰਘ,ਗੁਰਜੀਤ ਸਿੰਘ ਭੋਈ, ਡਾ. ਧਰਮਿੰਦਰ ਸਿੰਘ ਬਾਠ, ਗੁਰਦੇਵ ਸਿੰਘ ਰਾਂਝਾ, ਅੰਗਰੇਜ਼ ਸਿੰਘ, ਗੁਰਦੇਵ ਸਿੰਘ ਡਡਵਾਲ, ਸਾਬਕਾ ਸਰਪੰਚ ਲਖਵਿੰਦਰ ਸਿੰਘ, ਸੁਮਨਜੀਤ ਸਿੰਘ, ਕਸਤੂਰੀ, ਮਨਪ੍ਰੀਤ ਸਿੰਘ ਸੇਵਾਦਾਰ, ਪ੍ਰਧਾਨ ਲਖਬੀਰ ਸਿੰਘ, ਮੈਂਬਰ ਕੁਲਵਿੰਦਰ ਸਿੰਘ, ਮਾ. ਭੁਪਿੰਦਰ ਸਿੰਘ ਬਾਠ, ਸਰਪੰਚ ਬਲਜਿੰਦਰ ਕੌਰ, ਪਰਮਜੀਤ ਕੌਰ, ਮੈਂਬਰ ਪੰਚਾਇਤ ਜਗਪ੍ਰੀਤ ਸਿੰਘ, ਮੈਂਬਰ ਪੰਚਾਇਤ ਰਛਪਾਲ ਸਿੰਘ, ਮੋਹਨ ਸਿੰਘ ਹਲਵਾਈ, ਮੈਂਬਰ ਪੰਚਾਇਤ ਸਰਬਦੀਪ ਕੌਰ,ਡਾ ਦਿਲਬਾਗ ਸਿੰਘ, ਮੈਂਬਰ ਪੰਚਾਇਤ ਰਾਜ ਕੌਰ, ਮੈਂਬਰ ਪੰਚਾਇਤ ਗੁਰਪ੍ਰੀਤ ਸਿੰਘ, ਮੈਂਬਰ ਪੰਚਾਇਤ ਗੁਰਲਾਲ ਸਿੰਘ, ਕੁਲਵਿੰਦਰ ਸਿੰਘ ਡੀਸੀ ਬਲਜਿੰਦਰ ਕੌਰ, ਭਜਨ ਕੌਰ, ਸੁਰਿੰਦਰ ਸਿੰਘ ਆਦਿ ਹਾਜ਼ਰ ਸਨ।

# ਬਾਬਾ ਬਕਾਲਾ ਸਾਹਿਬ ਵਿਖੇ ਅੱਖਾਂ ਦਾ ਦਾਨ ਪੰਦਰਵਾੜਾ ਮਨਾਇਆ



ਬਿਆਸ ( ਪਰਮਜੀਤ ਸਿੰਘ ਰੱਖੜਾ)- ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਸਿਵਲ ਸਰਜਨ ਡਾਕਟਰ ਰਸ਼ਮੀ ਵਿੱਜ ਅਤੇ ਬਾਬਾ ਬਕਾਲਾ ਸਾਹਿਬ ਦੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਨੀਰਜ ਭਾਟੀਆ ਦੀ ਰਹਿਨੁਮਾਈ ਹੇਠ ਅੱਖਾਂ ਦਾ ਦਾਨ ਪੰਦਰਵਾੜਾ ਮਨਾਇਆ ਗਿਆ। ਇਸ ਮੌਕੇ ਡਾਕਟਰ ਬਿਕਰਮਜੀਤ ਸਿੰਘ ਨੇ ਹਸਪਤਾਲ ਵਿੱਚ ਆਏ ਹੋਏ ਮਰੀਜ਼ਾਂ ਅਤੇ ਆਮ ਲੋਕਾਂ ਨੂੰ ਅੱਖਾਂ ਦੇ ਦਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਉਨ੍ਹਾ ਦੱਸਿਆ ਕਿ ਇਸ ਮੌਕੇ ਇੱਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਲੋਕਾਂ ਨੂੰ ਸਮਝਾਇਆ ਗਿਆ ਕਿ ਅੱਖਾਂ ਦਾ ਦਾਨ ਇੱਕ ਮਹਾਨ ਅਤੇ ਮਨੁੱਖਤਾ ਦੀ ਸੇਵਾ ਵਾਲਾ ਕਾਰਜ ਹੈ। ਮੌਤ ਉਪਰੰਤ ਅੱਖਾਂ ਦਾਨ ਕਰਨ ਨਾਲ ਕਿਸੇ ਨੇਤਰਹੀਣ ਵਿਅਕਤੀ ਦੀ ਜ਼ਿੰਦਗੀ ਵਿੱਚ ਰੌਸ਼ਨੀ ਆ ਸਕਦੀ ਹੈ ਅਤੇ ਉਸ ਨੂੰ ਇਸ ਸੁੰਦਰ ਤੇ ਰੰਗੀਨ ਦੁਨੀਆ ਨੂੰ ਦੇਖਣ ਦਾ ਮੌਕਾ ਮਿਲ ਸਕਦਾ ਹੈ। ਸੈਮੀਨਾਰ ਦੌਰਾਨ ਹਾਜ਼ਰ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਅੱਖਾਂ ਦੇ ਦਾਨ ਲਈ ਅੱਗੇ ਆਉਣ ਅਤੇ ਆਪਣੇ ਪਰਵਾਰਕ ਮੈਂਬਰਾਂ ਨੂੰ ਵੀ ਇਸ ਮਹਾਨ ਕਾਰਜ ਲਈ ਪ੍ਰੇਰਿਤ ਕਰਨ। ਇਸ ਮੌਕੇ ਲੋਕਾਂ ਕੋਲੋਂ ਇਹ ਸੰਕਲਪ ਵੀ ਲਿਆ ਗਿਆ ਕਿ ਉਹ ਮੌਤ ਉਪਰੰਤ ਆਪਣੀਆਂ ਅੱਖਾਂ ਦਾਨ ਕਰਨ ਲਈ ਪ੍ਰੇਰਿਤ ਹੋਣਗੇ, ਤਾਂ ਜੋ ਉਨ੍ਹਾਂ ਦੀਆਂ ਅੱਖਾਂ ਕਿਸੇ ਨੇਤਰਹੀਣ ਵਿਅਕਤੀ ਦੀ ਜ਼ਿੰਦਗੀ ਵਿੱਚ ਰੌਸ਼ਨੀ ਬਣ ਸਕਣ।ਇਸ ਮੌਕੇ ਮਨਦੀਪ ਕੌਰ ਬੀ ਈ ਈ , ਜਗਜੀਤ ਕੌਰ ਏ ਐਨ ਐਮ, ਸਤਨਾਮ ਸਿੰਘ ਸੀਨੀਅਰ ਸਹਾਇਕ, ਸੁਖਜਿੰਦਰ ਸਿੰਘ ਲਵਲੀ ਕੰਪਿਊਟਰ ਅਪਰੇਟਰ, ਸੁਖਚੈਨ ਸਿੰਘ ਐਮ ਪੀ ਐੱਚ ਡਬਲਿਊ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਕ੍ਰਿਸ਼ਨ ਜਨਮ ਅਸ਼ਟਮੀ 'ਤੇ ਪ੍ਰਭਾਤ ਫੇਰੀਆਂ ਸੰਪੰਨ



ਅੰਮ੍ਰਿਤਸਰ (ਅਰੋੜਾ)-ਆਰਤੀ ਸ਼ਿਵ ਦੁਰਗਾ ਮੰਦਰ ਕਰਤਾਰ ਨਗਰ ਛੇਹਰਟਾ ਤੋਂ ਪਰਮ ਸੰਤ ਅਦਵੈਤ ਸਵਰੂਪ ਮਾਤਾ ਆਰਤੀ ਦੇਵਾ ਦੇ ਆਸ਼ੀਰਵਾਦ ਨਾਲ 25 ਅਗਸਤ ਤੋਂ ਸ਼ੁਰੂ ਕੀਤੀਆਂ ਗਈਆਂ ਪ੍ਰਭਾਤ ਫੇਰੀਆਂ ਦਾ ਸਿਲਸਿਲਾ ਬੜੀ ਸ਼ਰਧਾ ਭਾਵਨਾ ਨਾਲ ਸੰਪੰਨ ਹੋਇਆ। ਮੰਦਰ ਦੇ ਪ੍ਰਮੁੱਖ ਸੇਵਕ ਸੁਮਿਤ ਸ਼ਾਸਤਰੀ ਨੇ ਦੱਸਿਆ ਕਿ ਪ੍ਰਭਾਤਫੇਰੀਆਂ ਗੁਰੂ ਦੀ ਨਗਰੀ ਦੇ ਵੱਖ-ਵੱਖ ਖੇਤਰਾਂ ਵਿੱਚ ਹਰੇ ਰਾਮ ਹਰੇ ਕ੍ਰਿਸ਼ਨਾ ਦਾ ਜਾਪ ਕਰਦੇ ਹੋਏ ਲਗਾਤਾਰ ਕੱਢੀਆਂ ਜਾ ਰਹੀਆਂ ਸਨ ਜੋ ਸੰਪੰਨ ਹੋਣ ਤੋਂ ਬਾਅਦ 4 ਸਤੰਬਰ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਮੌਕੇ 8 ਵਜੇ ਮਹਾਂਮੰਤਰ ਦਾ ਜਾਪ ਹਰੇ ਰਾਮਾ ਹਰੇ ਕ੍ਰਿਸ਼ਨਾ ਦੇ ਨਾਲ ਮੰਦਰ ਪਰਿਸਰ ਵਿੱਚ ਹਵਨ ਯੱਗ ਹੋਵੇਗਾ। ਰਾਤ ਸਤਿਸੰਗ ਦਾ ਪ੍ਰੋਗਰਾਮ ਹੋਵੇਗਾ। ਸਾਰੇ ਸੰਤਾਂ, ਭਗਤਾਂ ਅਤੇ ਦੂਰ-ਦੁਰਾਡੇ ਤੋਂ ਆਉਣ ਵਾਲੀ ਸੰਗਤ ਦੇ ਬੈਠਣ, ਖਾਣ-ਪੀਣ ਦਾ ਪ੍ਰਬੰਧ ਆਰਤੀ ਸ਼ਿਵ ਦੁਰਗਾ ਮੰਦਰ ਟਰੱਸਟ ਵੱਲੋਂ ਕੀਤਾ ਜਾਵੇਗਾ। ਸਵੇਰ ਤੋਂ ਲੈ ਕੇ ਦੇਰ ਰਾਤ ਤੱਕ ਭੰਡਾਰਾ ਨਿਰੰਤਰ ਚੱਲਦਾ ਰਹੇਗਾ। ਮੰਦਰ ਟਰੱਸਟ ਦੇ ਪ੍ਰਧਾਨ ਬਾਬੂ ਬਾਲ ਕਿਸ਼ਨ, ਅਮਿਤ ਕੁਮਾਰ, ਪ੍ਰਮੁੱਖ ਸੇਵਕ ਪਵਨ ਅਰੋੜਾ, ਬਿੱਲੂ ਭਗਤ, ਅਸ਼ੋਕ ਬਿਜਲੀ ਵਾਲੇ, ਸੋਹਨ ਲਾਲ, ਮੋਹਨ ਲਾਲ, ਮਨਜੀਤ ਮਿੰਟਾ, ਮੰਦਰ ਦੇ ਸੇਵਾਦਾਰਾਂ ਨੇ ਸਮੂਹ ਸੰਗਤ ਨੂੰ ਇਸ ਵਿਸ਼ਾਲ ਧਾਰਮਿਕ ਪ੍ਰੋਗਰਾਮ ਅਤੇ ਹਵਨ ਯੱਗ ਵਿੱਚ ਸ਼ਾਮਲ ਹੋਣ ਦੀ ਬੇਨਤੀ ਕੀਤੀ ਹੈ। ਸਮਾਰੋਹ ਵਿੱਚ ਗੁਰੂ ਦੀ ਨਗਰੀ ਦੇ ਸਮੂਹ ਵਿਧਾਇਕ, ਵੱਖ-ਵੱਖ ਧਾਰਮਿਕ ਤੇ ਸਿਆਸੀ ਆਗੂ ਅਤੇ ਮਹਾਨਗਰ ਦੇ ਸਮੂਹ ਕੌਂਸਲਰ ਮਾਤਾ ਆਰਤੀ ਦੇਵਾ ਜੀ ਤੋਂ ਦੇਸ਼ ਅਤੇ ਸਮਾਜ ਸੇਵਾ ਦਾ ਆਸ਼ੀਰਵਾਦ ਲੈਣ ਪਹੁੰਚ ਰਹੇ ਹਨ।

# ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੋਸਾਇਟੀ ਦਾ ਪੰਜਵਾਂ ਸਾਲਾਨਾ ਸਮਾਗਮ



ਝਬਾਲ/ਪੱਟੀ (ਹਰਜਿੰਦਰ ਸਿੰਘ ਸੋਨੀ/ਬਲਦੇਵ ਸਿੰਘ ਸੰਧੂ ਕਿਰਤੋਵਾਲ)- ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੋਸਾਇਟੀ ਰਜਿ: ਪੰਜਾਬ ਵੱਲੋਂ ਮਨੁੱਖਤਾ ਦੇ ਰਹਿਬਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਨੂੰ ਮਨਾਉਂਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਇਲਾਕਾ ਨਿਵਾਸੀ ਅਤੇ ਐਨ. ਆਰ. ਆਈ. ਵੀਰਾਂ ਦੇ ਸਹਿਯੋਗ ਸਦਕਾ ਗੁਰਦੁਆਰਾ ਭਗਤ ਸੈਣ ਜੀ ਪਿੰਡ ਸੋਹਲ (ਤਰਨ ਤਾਰਨ) ਵਿਖੇ ਪੰਜਵਾਂ ਸਲਾਨਾ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੀਆਂ 13 ਸਕੂਲਾਂ ਦੀਆਂ ਟੀਮਾਂ ਵਿਚਕਾਰ ਸਵਾਲ ਜਵਾਬ ਅਤੇ 15 ਸਕੂਲਾਂ ਦੇ ਬੱਚਿਆਂ ਵਿਚਕਾਰ ਦਸਤਾਰ, ਦੁਮਾਲਾ ਮੁਕਾਬਲੇ ਕਰਵਾਏ ਗਏ।

ਸਵਾਲ ਜਵਾਬ ਮੁਕਾਬਲਿਆਂ ਵਿੱਚੋਂ ਗੁਰੂ ਹਰਗੋਬਿੰਦ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੋਬਲੀਆ ਅੱਡਾ, ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ, ਸ੍ਰੀ ਗੁਰੂ ਹਰਗੋਬਿੰਦ ਖਾਲਸਾ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਗੰਡੀਵਿੰਡ ਨੇ ਪਹਿਲਾ, ਸ਼ਿਵਾਲਿਕ ਪਬਲਿਕ ਸਕੂਲ ਝਬਾਲ ਨੇ ਦੂਸਰਾ ਅਤੇ ਸ੍ਰੀ ਗੁਰੂ ਹਰਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ ਸੁਰ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ। ਜਿਨਾਂ ਨੂੰ ਪਾਰਟੀ ਟੀਮ 3100, 2500, 2100 ਅਤੇ ਬਾਕੀ ਸਾਰੀਆਂ ਟੀਮਾਂ ਨੂੰ 600 ਰੁਪਏ ਨਗਦ ਰਾਸ਼ੀ ਅਤੇ ਨਾਲ ਸ਼ੀਲਡਾਂ ਦੇ ਸਨਮਾਨਤ ਕੀਤਾ ਗਿਆ। ਦਸਤਾਰ ਦੁਮਾਲਾ ਮੁਕਾਬਲੇ ਦੇ ਚਾਰ ਗਰੁੱਪਾਂ ਦੇ ਜੇਤੂ ਬੱਚਿਆਂ ਨੂੰ ਦਸਤਾਰਾਂ ਅਤੇ ਸ਼ੀਲਡਾਂ ਦੇ ਨਾਲ ਸਨਮਾਨਤ ਕੀਤਾ ਗਿਆ।

ਇਸ ਦੇ ਨਾਲ ਹੀ ਸਾਰੇ ਸਕੂਲਾਂ ਨੂੰ ਨਿਤਨੇਮ ਸਟੀਕ ਅਤੇ ਮੈਡਲਾਂ ਦੇ ਨਾਲ ਹੌਸਲਾ ਅਫਜ਼ਾਈ ਕੀਤੀ ਗਈ। ਇਸ ਸਮੇਂ ਇਲਾਕੇ ਦੇ ਸਮੂਹ ਪੱਤਰਕਾਰ, ਸਿੱਖ ਪ੍ਰਚਾਰਕ ਸਿੱਖ ਸੰਸਥਾਵਾਂ ਦੇ ਅਹੁਦੇਦਾਰ ਹਾਜ਼ਰ ਸਨ।

# ਸਤਨਾਮ ਸਿੰਘ ਪ੍ਰਧਾਨ ਤੇ ਸੁਖਜੀਤ ਸਿੰਘ ਸਕੱਤਰ ਬਣੇ



ਵਲਟੋਹਾ, (ਰਣਜੀਤ ਸਿੰਘ )- ਕੁੱਲ ਹਿੰਦ ਕਿਸਾਨ ਸਭਾ ਦੀ ਇੱਕ ਮੀਟਿੰਗ ਜ਼ਿਲ੍ਹਾ ਸਕੱਤਰ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਅਗਵਾਈ ਵਿੱਚ ਪਿੰਡ ਡੁੱਗਰੀ ਵਿਖੇ ਹੋਈ। ਮੀਟਿੰਗ ਵਿੱਚ ਇਕੱਤਰ ਹੋਏ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਸਭਾ ਦੇ ਆਗੂ ਗੰਡੀਵਿੰਡ ਨੇ ਕਿਹਾ ਕਿ ਅੱਜ ਕਿਸਾਨੀ ਮੰਗਾਂ ਤੇ ਪੰਜਾਬ ਸੂਬੇ ਦੇ ਹੱਕਾਂ ਦੀ ਪ੍ਰਾਪਤੀ ਲਈ ਚੰਡੀਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਇੱਕ ਹਫ਼ਤੇ ਲਈ ਮੋਰਚਾ ਲਾਇਆ ਹੋਇਆ ਹੈ। ਉਸ ਮੋਰਚੇ ਵਿੱਚ ਕੁੱਲ ਹਿੰਦ ਕਿਸਾਨ ਸਭਾ ਵਧ ਚੜ੍ਹ ਕੇ ਹਿੱਸਾ ਲੈ ਰਹੀ ਹੈ। ਇਸੇ ਤਰ੍ਹਾਂ ਸਯੁੰਕਤ ਕਿਸਾਨ ਮੋਰਚਾ ਤਰਨ ਤਾਰਨ ਜ਼ਿਲ੍ਹੇ ਦੀ ਕਮੇਟੀ ਵੱਲੋਂ ਸ਼ੇਰੋਂ ਖੰਡ ਮਿੱਲ ਮੁੜ ਚਾਲੂ ਕਰਨ ਅਤੇ ਇਸ ਦੀ ਮਲਕੀਅਤ ਨੂੰ ਤਬਦੀਲ ਕਰਨ ਵਿਰੁੱਧ ਪਿਛਲੇ ਸਾਢੇ ਤਿੰਨ ਮਹੀਨੇ ਤੋਂ ਮੋਰਚਾ ਜਾਰੀ ਹੈ। ਉਹਨਾਂ ਕਿਹਾ ਕਿ ਇਸ ਵੇਲੇ ਭਾਰਤ ਦੀ ਮੋਦੀ ਸਰਕਾਰ ਅਮਰੀਕਾ ਸਾਮਰਾਜ ਨਾਲ ਮੁਕਤ ਵਪਾਰ ਸਮਝੌਤਾ ਕਰਨਾ ਚਾਹੁੰਦੀ ਹੈ, ਜੋ ਹਕੀਕਤ ਵਿੱਚ ਕਿਸਾਨਾਂ ਮਜ਼ਦੂਰਾਂ ਤੇ ਹੋਰ ਛੋਟੇ ਕਾਰੋਬਾਰੀਆਂ ਨੂੰ ਤਬਾਹ ਕਰ ਦੇਵੇਗਾ। ਜੇਕਰ ਇਹ ਸਮਝੌਤਾ ਨੇਪਰੇ ਚੜ੍ਹ ਗਿਆ ਤਾਂ ਸਿਰਫ਼ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਹੋਵੇਗਾ। ਇਸ ਲਈ ਅਜ਼ਾਦੀ ਦੇ ਸੰਘਰਸ਼ ਤੋਂ ਲੈ ਕੇ ਗ਼ਦਰੀ ਬਾਬਿਆਂ ਦੀ ਅਗਵਾਈ ਵਿੱਚ ਸ਼ੁਰੂ ਹੋਈ ਕਿਸਾਨ ਸਭਾ ਹਮੇਸ਼ਾ ਸਮਾਜ ਵਿੱਚ ਲੁੱਟ ਖਸੁੱਟ ਦੇ ਵਿਰੁੱਧ ਸੰਘਰਸ਼ ਸ਼ੀਲ ਰਹੀ ਹੈ।ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਪਿੰਡ ਡੁੱਗਰੀ ਦੀ ਇਕਾਈ ਦਾ ਗਠਨ ਕੀਤਾ ਗਿਆ, ਜਿਸ ਵਿੱਚ ਪ੍ਰਧਾਨ ਸਤਨਾਮ ਸਿੰਘ, ਸਕੱਤਰ ਸੁਖਜੀਤ ਸਿੰਘ ਤੇ ਕੈਸ਼ੀਅਰ ਦਿਲਗੀਰ ਸਿੰਘ ਨੂੰ ਬਣਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਝਿਰਮਲ ਸਿੰਘ, ਜੇਠਾ ਸਿੰਘ, ਹਰਮਨਬੀਰ ਸਿੰਘ, ਅਨੋਖ ਸਿੰਘ, ਖਜ਼ਾਨ ਸਿੰਘ, ਨਿਸ਼ਾਨ ਸਿੰਘ, ਗੁਰਜੰਟ ਸਿੰਘ ਸਮੇਤ ਹੋਰ ਵੀ ਹਾਜ਼ਰ ਸਨ।

# ਆਰ ਡੀ ਖੋਸਲਾ ਸਕੂਲ ਦੇ ਅਭਿਜੀਤ ਸਿੰਘ ਦੀ ਹਾਕੀ ਮੁਕਾਬਲੇ ਲਈ ਚੋਣ



ਬਟਾਲਾ (ਤਰਲੋਕ ਬੱਗਾ, ਡਾ. ਮਲਵਿੰਦਰ ਸਿੰਘ)- ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਅੰਡਰ-17 ਹਾਕੀ ਟੀਮ ਨੇ ਪੰਜਾਬ ਸਕੂਲ ਖੇਡਾਂ ਦੇ ਹਿੱਸੇ ਵਜੋਂ ਹੋਏ ਜ਼ਿਲ੍ਹਾ ਪੱਧਰੀ ਹਾਕੀ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜ਼ਿਲ੍ਹਾ ਪੱਧਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਟੀਮ ਦੇ ਪ੍ਰਤਿਭਾਸ਼ਾਲੀ ਵਿਦਿਆਰਥੀ, ਅਭਿਜੀਤ ਸਿੰਘ ਨੂੰ ਰਾਜ ਪੱਧਰੀ ਹਾਕੀ ਮੁਕਾਬਲੇ ਲਈ ਚੁਣਿਆ ਗਿਆ। ਸਕੂਲ ਦੇ ਖਿਡਾਰੀਆਂ ਨੇ ਉਤਸ਼ਾਹ, ਅਨੁਸ਼ਾਸਨ, ਖੇਡ ਭਾਵਨਾ ਅਤੇ ਟੀਮ ਵਰਕ ਦਾ ਪ੍ਰਦਰਸ਼ਨ ਕੀਤਾ।ਸਕੂਲ ਟੀਮ ਨੇ ਮੁਕਾਬਲੇ ਦੌਰਾਨ ਬਹੁਤ ਵਧੀਆ ਪ੍ਰਦਰਸ਼ਨ ਕੀਤਾ।ਖਿਡਾਰੀਆਂ ਨੇ ਆਪਣੇ ਐਥਲੈਟਿਕ ਹੁਨਰ, ਹਮਲਾਵਰ ਰਣਨੀਤੀਆਂ ਅਤੇ ਮਜ਼ਬੂਤ ਰੱਖਿਆਤਮਕ ਸਮਰੱਥਾਵਾਂ ਦਾ ਪ੍ਰਦਰਸ਼ਨ ਕੀਤਾ, ਇੱਕ ਸਖ਼ਤ ਮੁਕਾਬਲੇ ਵਿੱਚ ਆਪਣੀ ਯੋਗਤਾ ਸਾਬਤ ਕੀਤੀ। ਸਾਰੇ ਖਿਡਾਰੀਆਂ ਨੇ ਇੱਕਜੁੱਟ ਹੋ ਕੇ ਖੇਡਦੇ ਹੋਏ ਸਕੂਲ ਨੂੰ ਜ਼ਿਲ੍ਹਾ ਪੱਧਰ 'ਤੇ ਇੱਕ ਵਧੀਆ ਸਥਾਨਪ੍ਰਾਪਤ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਅੰਡਰ-17 ਹਾਕੀ ਟੀਮ ਦੇ ਸਾਰੇ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ, ਅਭਿਜੀਤ ਸਿੰਘ ਅਤੇ ਉਨ੍ਹਾਂ ਦੇ ਕੋਚ ਇੰਦਰਜੀਤ ਸਿੰਘ ਨੂੰ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ।

# ਸੀਨੀਅਰ ਨਾਗਰਿਕਾਂ ਦੀ ਭਲਾਈ ਲਈ 598.75 ਲੱਖ ਦੇ ਸਟੇਟ ਐਕਸ਼ਨ ਪਲੈਨ ਨੂੰ ਪ੍ਰਵਾਨਗੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੀਨੀਅਰ ਨਾਗਰਿਕਾਂ ਨੂੰ ਸਨਮਾਨ, ਸੁਰੱਖਿਆ ਅਤੇ ਬਿਹਤਰ ਜੀਵਨ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਭਰ ਵਿੱਚ ਸਟੇਟ ਐਕਸ਼ਨ ਪਲੈਨ ਫਾਰ ਸੀਨੀਅਰ ਸਿਟੀਜ਼ਨ 2026-27 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਉੱਚ ਪੱਧਰੀ ਸਟੇਕਹੋਲਡਰ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਦੌਰਾਨ ਸੀਨੀਅਰ ਨਾਗਰਿਕਾਂ ਦੀ ਸਿਹਤ ਸੰਭਾਲ, ਦੇਖਭਾਲ, ਸਮਾਜਿਕ ਸੁਰੱਖਿਆ, ਮਾਨਸਿਕ ਤੰਦਰੁਸਤੀ ਅਤੇ ਖੁਸ਼ਹਾਲ ਜੀਵਨ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਵਿਭਾਗਾਂ ਵਿਚਕਾਰ ਹੋਰ ਪ੍ਰਭਾਵਸ਼ਾਲੀ ਤਾਲਮੇਲ ਸਥਾਪਤ ਕਰਨ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ 1 ਅਕਤੂਬਰ ਨੂੰ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਦੇ ਮੌਕੇ ਸ੍ਰੀ ਮੁਕਤਸਰ ਸਾਹਿਬ ਤੋਂ ਸੂਬਾ ਪੱਧਰੀ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਦੀ ਸ਼ੁਰੂਆਤ ਕੀਤੀ ਜਾਵੇਗੀ।



ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸੀਨੀਅਰ ਨਾਗਰਿਕਾਂ ਪ੍ਰਤੀ ਸਤਿਕਾਰ, ਸਨਮਾਨ ਅਤੇ ਸੰਵੇਦਨਸ਼ੀਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰੇਗੀ।

ਇਸ ਦੇ ਨਾਲ-ਨਾਲ ਬਜ਼ੁਰਗਾਂ ਦੇ ਅਧਿਕਾਰਾਂ, ਭਲਾਈ ਸਕੀਮਾਂ ਅਤੇ ਸਿਹਤ ਸੇਵਾਵਾਂ ਸਬੰਧੀ ਜਾਗਰੂਕਤਾ ਫੈਲਾਉਣ ਦੇ ਨਾਲ ਪਰਿਵਾਰਾਂ, ਵਿਦਿਅਕ ਸੰਸਥਾਵਾਂ, ਨੌਜਵਾਨਾਂ, ਸਮਾਜਿਕ ਸੰਸਥਾਵਾਂ ਅਤੇ ਸਥਾਨਕ ਭਾਈਚਾਰਿਆਂ ਨੂੰ ਵੀ ਉਨ੍ਹਾਂ ਦੀ ਦੇਖਭਾਲ ਅਤੇ ਸਨਮਾਨ ਲਈ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ। ਮੰਤਰੀ ਨੇ ਦੱਸਿਆ ਕਿ ਸਟੇਟ ਐਕਸ਼ਨ ਪਲੈਨ ਨੂੰ ਲਾਗੂ ਕਰਨ ਲਈ 598.75 ਲੱਖ ਦੀ ਵਿੱਤੀ ਵਿਵਸਥਾ ਕੀਤੀ ਗਈ ਹੈ।

# ਜ਼ਿਲ੍ਹਾ ਹੈੱਡਕੁਆਰਟਰ 'ਤੇ ਚੱਲ ਰਹੇ ਕਿਸਾਨ ਮੋਰਚੇ ਚੌਥੇ ਦਿਨ ਵੀ ਜਾਰੀ

## ਮੋਰਚਿਆਂ 'ਚ ਰੋਜ਼ ਗਿਣਤੀ ਵਧ ਰਹੀ ਹੈ, ਲੋਕਾਂ 'ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ

**ਚੰਡੀਗੜ੍ਹ (ਗਿਆਨ ਸੈਦਪੁਰੀ)**- ਕਿਸਾਨਾਂ ਮਜ਼ਦੂਰਾਂ ਦੀਆਂ ਭੱਖਦੀਆਂ ਮੰਗਾਂ ਲਈ ਡੀ ਸੀ ਦਫਤਰਾਂ ਅੱਗੇ ਚੱਲ ਰਹੇ ਪੱਕੇ ਕਿਸਾਨ ਮੋਰਚਿਆਂ ਚ ਅੱਜ ਚੌਥੇ ਦਿਨ ਹੋਏ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ,ਸੂਬਾ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ, ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ, ਜਗਤਾਰ ਸਿੰਘ ਕਾਲਾਝਾੜ, ਜਨਕ ਸਿੰਘ, ਰੂਪ ਸਿੰਘ ਛੰਨਾ ਨੇ ਕਿਹਾ ਕਿ ਗੱਦੀ ਤੇ ਬਹਿੰਦਿਆਂ ਸਾਰ ਮੁੱਖ ਮੰਤਰੀ ਨੇ ਕਿਸਾਨ ਆਗੂਆਂ ਨਾਲ ਮੀਟਿੰਗ ਕਰਕੇ ਕਿਸਾਨਾਂ ਦੇ ਸੁਝਾਅ ਵੀ ਮੰਗੇ ਤੇ ਵਾਅਦਾ ਵੀ ਕੀਤਾ ਤੇ ਖੇਤੀ ਮਾਹਰਾਂ ਤੋਂ ਇਹ ਖੇਤੀ ਨੀਤੀ ਦਾ ਖਰੜਾ ਤਿਆਰ ਵੀ ਕਰਵਾਇਆ ਗਿਆ। ਉਹਨਾਂ ਕਿਹਾ ਕਿ ਸਾਡੇ ਵੱਲੋਂ ਭੇਜੇ ਸੁਝਾਵਾਂ ਨੂੰ ਵਿੱਚ ਦਰਜ ਤਾਂ ਕੀ ਕਰਨਾ ਸੀ ਸਰਕਾਰ ਨੇ ਆਪਦੇ ਹੁਕਮਾਂ ਤੇ ਬਣਾਈ ਹੋਈ ਖੇਤੀ ਨੀਤੀ ਵੀ ਲਾਗੂ ਨਹੀਂ ਕੀਤੀ।ਔਰਤ ਆਗੂ ਹਰਿੰਦਰ ਕੌਰ ਬਿੰਦੂ ,ਕਮਲ ਬਰਨਾਲਾ ,ਕੁਲਦੀਪ ਕੌਰ ਕੁੱਸਾ ਨੇ ਕਿਹਾ ਕਿ ਸਾਡੇ ਦੇਸ਼ ਦੇ ਹਾਕਮਾਂ ਵੱਲੋਂ ਲੋਕ ਵਿਰੋਧੀ ਸਾਮਰਾਜੀ ਨੀਤੀਆਂ ਲਾਗੂ ਕਰਨ ਦੀ ਧੁੱਸ ਕਾਰਨ ਸਰਕਾਰ ਦੁਆਰਾ ਆਪਣੀ ਬਣਾਈ ਹੋਈ ਵੀ ਕਿਸਾਨ, ਮਜ਼ਦੂਰ,ਖੇਤੀ ਅਤੇ ਵਾਤਾਵਰਨ ਪੱਖੀ ਖੇਤੀ ਨੀਤੀ ਬਣਾ ਕੇ ਲਾਗੂ ਨਹੀਂ ਕੀਤੀ ਜਾ ਰਹੀ ਜੋ ਕਿਸਾਨਾਂ, ਮਜ਼ਦੂਰਾਂ ਦੀ ਆਰਥਿਕਤਾ ਅਤੇ ਵਾਤਾਵਰਨ ਨੂੰ ਕੁਝ ਰਾਹਤ ਦਿੰਦੀ ਹੈ। ਬੁਲਾਰਿਆਂ ਨੇ ਮੰਗ ਕੀਤੀ ਕਿ ਭਾਰਤ ਵਿਸ਼ਵ ਵਪਾਰ ਸੰਸਥਾ ਤੋਂ ਬਾਹਰ ਆਵੇ, ਅਮਰੀਕਾ ਭਾਰਤ ਸਮਝੌਤਾ ਵਾਰਤਾ ਰੱਦ ਕੀਤੀ ਜਾਵੇ, ਸਾਰੀਆਂ ਫਸਲਾਂ ਤੇ 32 ਫਾਰਮੂਲੇ ਤਹਿਤ ਐਮ ਐਸ ਪੀ ਤੇ ਸਰਕਾਰੀ ਖਰੀਦ ਦੀ ਕਾਨੂੰਨੀ ਗਰੰਟੀ ਕਰੇ,



ਵੱਖ ਵੱਖ ਅਦਾਰਿਆਂ ਤੇ ਖੇਤੀ ਨਾਲ ਸਬੰਧਿਤ ਨਿੱਜੀਕਰਨ ਦੇ ਲਿਆਂਦੇ ਜਾ ਰਹੇ ਕਾਨੂੰਨ ਅਤੇ ਬਿੱਲ ਰੱਦ ਕੀਤੇ ਜਾਣ, ਪਾਣੀਆਂ ਤੇ ਵਿਸਵ ਵਪਾਰ ਸੰਸਥਾ ਦਾ ਕਬਜ਼ਾ ਕਰਾਉਣਾ ਬੰਦ ਕੀਤਾ ਜਾਵੇ ਅਤੇ ਕੌਮਾਂਤਰੀ ਕਾਨੂੰਨਾਂ ਮੁਤਾਬਿਕ ਭਾਈਚਾਰਕ ਸਾਂਝ ਕਾਇਮ ਰੱਖਦਿਆਂ ਪਾਣੀਆਂ ਦੇ ਮਸਲੇ ਹੱਲ ਕੀਤੇ ਜਾਣ,ਪੰਜਾਬ ਸਰਕਾਰ ਲੈਂਡ ਪੂਲਿੰਗ ਦੀ ਨੀਤੀ ਦੁਬਾਰਾ ਲਿਆਉਣ ਦੀਆਂ ਕੋਸ਼ਿਸ਼ਾਂ ਬੰਦ ਕਰੇ। ਬੁਲਾਰਿਆਂ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਹੋਇਆਂ ਕਿਹਾ ਕਿ ਜੇ ਸਰਕਾਰ ਨੇ ਇਸੇ ਤਰ੍ਹਾਂ ਹੀ ਮੁਜਰਮਾਨਾ ਚੁੱਪ ਵੱਟੀ ਰੱਖੀ ਤਾਂ 5 ਸਤੰਬਰ ਨੂੰ ਸਰਕਾਰ ਤੇ ਦਾਬ ਵਧਾਉਣ ਵਾਲਾ ਐਕਸ਼ਨ ਕੀਤਾ ਜਾਵੇਗਾ ਇਸ ਲਈ ਬੁਲਾਰਿਆਂ ਨੇ ਸਮੂਹ ਲੋਕਾਂ ਨੂੰ ਪੰਜ ਸਤੰਬਰ ਨੂੰ ਵੱਡੀ ਗਿਣਤੀ ਦੇ ਵਿੱਚ ਮੋਰਚਿਆਂ ਵਿੱਚ ਇਕੱਠ ਵਧਾਉਣ ਦਾ ਸੱਦਾ ਦਿੱਤਾ। ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਨੇ ਕਿਹਾ ਕਿ ਸਰਕਾਰ ਦੀਆਂ ਇਹਨਾਂ ਨੀਤੀਆਂ ਕਾਰਨ ਇਕੱਲੇ ਕਿਸਾਨ ਨਹੀਂ ਮਜ਼ਦੂਰ ਵੀ ਨਪੀੜੇ ਜਾ ਰਹੇ ਹਨ। ਮਜ਼ਦੂਰਾਂ ਸਿਰ ਲਗਾਤਾਰ ਕਰਜ਼ਾ ਵੱਧਦਾ ਜਾ ਰਿਹਾ ਹੈ। ਰੁਜ਼ਗਾਰ ਦੇ ਮੌਕੇ ਸੁੰਘੜ ਰਹੇ ਹਨ।

# ਦੰਦਾਂ ਤੇ ਜਬਾੜ੍ਹਿਆਂ ਦਾ ਫਰੀ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਸੰਚਾਲਿਤ ਬਲੱਡ ਬੈਂਕ ਵਿਖੇ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਯਾਦ ਨੂੰ ਸਮਰਪਤ 483ਵਾਂ ਦੰਦਾਂ ਅਤੇ ਜਬਾੜਿਆਂ ਦਾ ਫਰੀ ਕੈਂਪ ਬਲਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਕੈਂਪ ਦੌਰਾਨ ਮੁੱਖ ਮਹਿਮਾਨ ਵਜੋਂ ਆਪ ਪਾਰਟੀ ਦੇ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਹਲਕਾ ਇੰਚਾਰਜ ਫਗਵਾੜਾ ਸ਼ਾਮਲ ਹੋਏ ਜਦਕਿ ਮੇਅਰ ਰਾਮਪਾਲ ਉੱਪਲ, ਕੌਂਸਲਰ ਪਦਮ ਦੇਵ ਸੁਧੀਰ ਨੇ ਵੀ ਉਚੇਚੇ ਤੌਰ ਤੇ ਹਾਜਰੀ ਲਗਵਾਈ। ਮਹਿਮਾਨਾਂ ਦਾ ਸਵਾਗਤ ਸਾਬਕਾ ਰੋਟਰੀ ਗਵਰਨਰ ਸਤਪਾਲ ਸੇਠੀ ਵਲੋਂ ਕੀਤਾ ਗਿਆ। ਇਸ ਦੌਰਾਨ ਸੀ.ਐਮ.ਸੀ. ਲੁਧਿਆਣਾ ਤੋਂ ਪਹੁੰਚੀ ਅਤਿ ਆਧੁਨਿਕ ਸੇਵਾਵਾਂ ਦੇ ਨਾਲ ਲੈੱਸ ਡੈਂਟਲ ਹੈਲਥ ਕੇਅਰ ਬੱਸ ਦਾ ਪਹਿਲੀ ਵਾਰ ਬਲੱਡ ਬੈਂਕ ਪੁੱਜਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਡਾ. ਰਾਜਕੁਮਾਰ ਚੱਬੇਵਾਲ ਵਲੋਂ ਰਸਮੀ ਉਦਘਾਟਨ ਉਪਰੰਤ ਡੈਂਟਲ ਕੇਅਰ ਬੱਸ ਵਿੱਚ ਸਵਾਰ ਸੀ.ਐਮ.ਸੀ. ਡੈਂਟਲ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਨਿਰਮਲ ਕੁਰੀਅਨ, ਡੈਂਟਲ ਵਿਭਾਗ ਦੇ ਹੈੱਡ ਡਾ. ਵਿਵੇਕ ਗੁਪਤਾ ਅਤੇ ਕੈਂਪ ਦੇ ਇੰਚਾਰਜ ਡਾ. ਤਮਨਪ੍ਰੀਤ ਸਿੰਘ ਸਮੇਤ ਦੰਦਾਂ ਦੇ ਮਾਹਿਰ ਡਾ. ਭਾਵਿਕਾ ਦੀ ਅਗਵਾਈ ਹੇਠ 25 ਮੈਂਬਰੀ ਮੋਬਾਇਲ ਟੀਮ ਨੇ ਮਰੀਜਾਂ ਦਾ ਚੈਕਅਪ ਕਰਕੇ ਲੋੜ ਅਨੁਸਾਰ ਇਲਾਜ ਦੀ ਪ੍ਰਕ੍ਰਿਆ ਨੂੰ ਨੇਪਰੇ ਚਾੜ੍ਹਿਆ। ਇਸ ਤੋਂ ਇਲਾਵਾ 10 ਤਿਆਰ ਜਬਾੜੇ ਲੋੜਵੰਦ ਬਜ਼ੁਰਗਾਂ ਨੂੰ ਵੰਡੇ ਗਏ ਅਤੇ 130 ਮਰੀਜਾਂ ਦੀ ਜਾਂਚ ਕਰਕੇ ਨਵੇਂ ਜਬਾੜੇ ਤਿਆਰ ਕਰਨ ਦੀ ਅਗਲੀ ਪ੍ਰਕ੍ਰਿਆ ਵੀ ਪੂਰੀ ਕੀਤੀ ਗਈ।



ਮਲਕੀਅਤ ਸਿੰਘ ਰਗਬੋਤਰਾ ਨੇ ਦੱਸਿਆ ਕਿ ਇਸ ਆਧੁਨਿਕ ਸੁਵਿਧਾਵਾਂ ਵਾਲੀ ਮੋਬਾਇਲ ਬੱਸ ਵਿੱਚ ਖਰਾਬ ਦੰਦ ਕੱਢਣ, ਦੰਦਾਂ ਦੀ ਭਰਾਈ ਸਫਾਈ ਅਤੇ ਐਕਸ-ਰੇ ਵਰਗੀਆਂ ਬਹੁਤ ਹੀ ਆਧੁਨਿਕ ਤਕਨੀਕ ਵਾਲੀਆਂ ਸੁਵਿਧਾਵਾਂ ਹਨ। ਉਹਨਾਂ ਨੇ ਦੱਸਿਆ ਕਿ ਅਗਲਾ ਕੈਂਪ 15 ਸਤੰਬਰ ਦਿਨ ਮੰਗਲਵਾਰ ਨੂੰ ਲਗਾਇਆ ਜਾਵੇਗਾ। ਇਸ ਮੌਕੇ ਹਰਬੰਸ ਲਾਲ, ਗੁਰਮੀਤ ਸਿੰਘ ਪਲਾਹੀ, ਗੁਲਸ਼ਨ ਕਪੂਰ, ਕ੍ਰਿਸ਼ਨ ਕੁਮਾਰ, ਗੁਲਾਬ ਸਿੰਘ ਠਾਕੁਰ, ਐਨ.ਐਸ. ਸੈਣੀ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਰੂਪ ਲਾਲ ਰਮਨ ਮਹਿਰਾ, ਅਮਰਜੀਤ ਡਾਂਗ, ਤਾਰਾ ਚੰਦ ਚੁੰਬਰ ਆਦਿ ਹਾਜ਼ਰ ਸਨ।

# ਸੋਨੇ ਦੇ ਗਹਿਣੇ ਤੇ ਨਕਦੀ ਚੋਰੀ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪਿੰਡ ਜੀਆ ਨੱਥਾ ਵਿੱਚ ਚੋਰਾਂ ਨੇ ਇੱਕ ਘਰ ਵਿੱਚ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੰਦੇ ਹੋਏ ਲੱਖਾਂ ਰੁਪਏ ਦੇ ਗਹਿਣੇ ਅਤੇ ਨਕਦੀ ਚੋਰੀ ਕਰ ਲਈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਚੋਰੀ ਦੀ ਵਾਰਦਾਤ ਦਾ ਸ਼ਿਕਾਰ ਹੋਏ ਸਵਰਨ ਸਿੰਘ ਪੁੱਤਰ ਸੰਤਾ ਰਾਮ ਨੇ ਦੱਸਿਆ ਕਿ ਬੀਤੀ 27 ਅਗਸਤ ਨੂੰ ਆਪਣੀ ਬੇਟੀ ਕਮਲਜੀਤ ਕੌਰ ਸਮੇਤ ਧਾਰਮਿਕ ਅਸਥਾਨ ਡੇਰਾ ਬਿਆਸ ਵਿਖੇ ਸੇਵਾ ਕਰਨ ਲਈ ਗਏ ਹੋਏ ਸਨ। ਜਦੋਂ 1 ਸਤੰਬਰ ਨੂੰ ਦੁਪਹਿਰ ਸਮੇਂ ਘਰ ਆ ਕੇ ਦੇਖਿਆ ਤਾਂ ਦਰਵਾਜੇ ਦੇ ਤਾਲੇ ਟੁੱਟੇ ਹੋਏ ਸਨ ਅੰਦਰ ਛਾਣਬੀਣ ਕਰਨ ਤੇ ਪਤਾ ਲੱਗਾ ਕਿ ਚੋਰਾਂ ਨੇ ਅਲਮਾਰੀ ਵਿੱਚ ਪਈ 7 ਹਜਾਰ ਰੁਪਏ ਦੀ ਨਕਦੀ ਅਤੇ ਕਰੀਬ 6 ਤੋਲੇ ਸੋਨੇ ਦੇ ਗਹਿਣੇ ਚੋਰੀ ਕਰ ਲਏ। ਚੋਰੀ ਦੀ ਇਸ ਵਾਰਦਾਤ ਸਬੰਧੀ ਟਾਂਡਾ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ।

ਇਸ ਸਬੰਧੀ ਪਿੰਡ ਨਿਵਾਸੀ ਕੂਕੇ ਅਕਾਲੀ ਆਗੂ ਵਰਿੰਦਰ ਸਿੰਘ ਜੀਆ ਨੱਥਾ ਨੇ ਮੰਗ ਕੀਤੀ ਹੈ ਕਿ ਚੋਰੀ ਦੀ ਚੋਰੀ ਦੀ ਇਸ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਚੋਰਾਂ ਨੂੰ ਕਾਬੂ ਕੀਤਾ ਜਾਵੇ।

# 'ਭਗਵਾਨ ਵਾਲਮੀਕੀ ਨੌਜਵਾਨ ਵੈੱਲਫੇਅਰ ਕਮੇਟੀ' ਦਾ ਗਠਨ

**ਬਲਾਚੌਰ (ਜਸਵਿੰਦਰ ਬੈਂਸ)**- ਭਗਵਾਨ ਵਾਲਮੀਕ ਦੇ ਆਉਣ ਵਾਲੇ ਪ੍ਰਕਾਸ਼ ਦਿਹਾੜੇ ਨੂੰ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਉਣ ਲਈ ਬਲਾਚੌਰ ਸ਼ਹਿਰ ਦੇ ਨੌਜਵਾਨਾਂ ਅਤੇ ਬੁੱਧੀਜੀਵੀਆਂ ਵੱਲੋਂ 'ਭਗਵਾਨ ਵਾਲਮੀਕੀ ਨੌਜਵਾਨ ਵੈੱਲਫੇਅਰ ਕਮੇਟੀ' ਦਾ ਗਠਨ ਕੀਤਾ ਗਿਆ ਹੈ। ਇਸ ਗਠਨ ਸਬੰਧੀ ਇੱਕ ਪ੍ਰੈਸ ਕਾਨਫਰੰਸ ਬਲਾਚੌਰ ਦੇ ਇੱਕ ਨਿੱਜੀ ਢਾਬੇ ਵਿਖੇ ਕੀਤੀ ਗਈ। ਇਸ ਮੌਕੇ ਕਮੇਟੀ ਦੇ ਨਵ-ਨਿਯੁਕਤ ਪ੍ਰਧਾਨ ਦਿਨੇਸ਼ ਕੁਮਾਰ ਬੈਂਸ ਅਤੇ ਪ੍ਰੈਸ ਸਕੱਤਰ ਪ੍ਰਦੀਪ ਬੈਂਸ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਮੇਟੀ ਦੇ ਉਦੇਸ਼ਾਂ ਅਤੇ ਆਉਣ ਵਾਲੇ ਸਮਾਗਮਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਕਮੇਟੀ ਦੇ ਅਹੁਦੇਦਾਰਾਂ ਨੇ ਦੱਸਿਆ ਕਿ 'ਭਗਵਾਨ ਵਾਲਮੀਕੀ ਨੌਜਵਾਨ ਵੈੱਲਫੇਅਰ ਕਮੇਟੀ' ਵਿੱਚ ਫਿਲਹਾਲ 21 ਮੈਂਬਰਾਂ ਦੀ ਚੋਣ ਕੀਤੀ ਗਈ ਹੈ, ਜਦਕਿ ਆਉਣ ਵਾਲੇ ਸਮੇਂ ਵਿੱਚ ਹੋਰ ਨੌਜਵਾਨਾਂ ਅਤੇ ਸਮਾਜ ਦੇ ਪਤਵੰਤੇ ਵਿਅਕਤੀਆਂ ਨੂੰ ਵੀ ਕਮੇਟੀ ਨਾਲ ਜੋੜਿਆ ਜਾਵੇਗਾ। ਕਮੇਟੀ ਦੀ ਨਵੀਂ ਬਣਤਰ ਤਹਿਤ ਚੇਅਰਮੈਨ ਸ਼ਿੰਗਾਰਾ ਰਾਮ ਬੈਂਸ , ਪ੍ਰਧਾਨ ਦਿਨੇਸ਼ ਬੈਂਸ , ਸਾਧੂ ਰਾਮ ਬੈਂਸ ਨੂੰ ਮੀਤ ਪ੍ਰਧਾਨ, ਰਾਜੇਸ਼ ਬੈਂਸ ਅਤੇ ਦਿਨੇਸ਼ ਗੱਗੀ ਬੈਂਸ ਨੂੰ ਖਜ਼ਾਨਚੀ, ਪਰਵਿੰਦਰ ਬੈਂਸ ਨੂੰ ਸਕੱਤਰ, ਪ੍ਰਦੀਪ ਬੈਂਸ ਨੂੰ ਪ੍ਰੈਸ ਸਕੱਤਰ ਅਤੇ ਅਮਿਤ ਬੈਂਸ ਨੂੰ ਸਲਾਹਕਾਰ ਨਿਯੁਕਤ ਕੀਤਾ ਗਿਆ ਹੈ।





ਇਸ ਤੋਂ ਇਲਾਵਾ ਆਕਾਸ਼ ਬੈਂਸ, ਪ੍ਰਵੀਨ ਬੈਂਸ, ਗੌਰਵ ਬੈਂਸ, ਹਰਵਿੰਦਰ ਬੈਂਸ, ਦੀਪਕ ਬੈਂਸ, ਸ਼ੰਕਰ ਬੈਂਸ, ਚੰਦਨ ਬੈਂਸ, ਚਰਨਜੀਤ ਬੈਂਸ, ਮਦਨ ਲਾਲ ਬੈਂਸ, ਰਜਤ ਬੈਂਸ, ਧੀਰਜ ਬੈਂਸ, ਸੁਰਿੰਦਰ ਸਹੋਤਾ, ਰੋਹਿਤ ਬੈਂਸ, ਕਮਲ ਬੈਂਸ, ਡਾਇਮੰਡ ਬੈਂਸ, ਰਾਜੇਸ਼ ਬੈਂਸ ਅਤੇ ਸ਼ੰਕਰ ਆਦਿ ਨੂੰ ਕਮੇਟੀ ਵਿੱਚ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ ਹੈ। ਕਮੇਟੀ ਵੱਲੋਂ ਮਹਿਲਾਵਾਂ ਦੀ ਭਾਗੀਦਾਰੀ ਨੂੰ ਵੀ ਯਕੀਨੀ ਬਣਾਉਂਦਿਆਂ ਮਹਿਲਾ ਵਿੰਗ ਦਾ ਗਠਨ ਕੀਤਾ ਗਿਆ ਹੈ।

ਮਹਿਲਾ ਵਿੰਗ ਵਿੱਚ ਪਵਨਾ ਬੈਂਸ, ਸੁਨੀਤਾ ਬੈਂਸ, ਸੀਮਾ ਬੈਂਸ, ਸ਼ਿਵਾਨੀ ਬੈਂਸ, ਅੰਜੂ ਬੈਂਸ, ਹਰਪ੍ਰੀਤ ਬੈਂਸ, ਗੀਤਾ ਬੈਂਸ, ਸੁਨੀਤਾ ਬੈਂਸ ਅਤੇ ਕੰਚਨ ਬੈਂਸ ਸਮੇਤ ਹੋਰ ਮਹਿਲਾਵਾਂ ਨੂੰ ਸ਼ਾਮਲ ਕੀਤਾ ਗਿਆ ਹੈ।

# ਕੇਸਰੀ ਪਲਾਜ਼ਾ 'ਚ ਫਾਇਰਿੰਗ ਤੋਂ ਬਾਅਦ ਮਚੀ ਭਗਦੜ


## ਪੁਲਸ ਨੇ ਮੌਕੇ 'ਤੇ ਪਹੁੰਚ ਕੇ ਕੀਤੀ ਜਾਂਚ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਜ਼ੀਰਕਪੁਰ ਦੇ ਵੀ ਆਈ ਪੀ ਰੋਡ 'ਤੇ ਸਥਿਤ ਕੇਸਰੀ ਪਲਾਜ਼ਾ ਵਿੱਚ ਗੋਲੀ ਚੱਲਣ ਦੀ ਘਟਨਾ ਨੇ ਇਲਾਕੇ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ। ਫਾਇਰਿੰਗ ਦੀ ਆਵਾਜ਼ ਸੁਣਦੇ ਹੀ ਪਲਾਜ਼ਾ ਅਤੇ ਆਸ-ਪਾਸ ਮੌਜੂਦ ਲੋਕਾਂ ਵਿੱਚ ਅਚਾਨਕ ਹਫੜਾ-ਦਫੜੀ ਮਚ ਗਈ ਅਤੇ ਲੋਕ ਸੁਰੱਖਿਅਤ ਥਾਵਾਂ ਵੱਲ ਜਾਣ ਲੱਗੇ। ਮੁੱਢਲੀ ਜਾਣਕਾਰੀ ਅਨੁਸਾਰ ਕੁਝ ਨੌਜਵਾਨ ਕੇਸਰੀ ਪਲਾਜ਼ਾ ਮਾਰਕੀਟ ਵਿੱਚ ਆਏ ਹੋਏ ਸਨ। ਇਸ ਦੌਰਾਨ ਕਿਸੇ ਗੱਲ ਨੂੰ ਲੈ ਕੇ ਉਨ੍ਹਾਂ ਦੀ ਇੱਕ ਸਵਿਗੀ ਡਿਲੀਵਰੀ ਬੁਆਏ ਨਾਲ ਕਹਾਸੁਣੀ ਹੋ ਗਈ। ਦੇਖਦੇ ਹੀ ਦੇਖਦੇ ਇਹ ਵਿਵਾਦ ਵਧ ਗਿਆ ਅਤੇ ਕਹਾਸੁਣੀ ਤੋਂ ਬਾਅਦ ਮਾਮਲਾ ਕਥਿਤ ਤੌਰ 'ਤੇ ਹੱਥੋਪਾਈ ਤੱਕ ਪਹੁੰਚ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਟੀਮ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਸਥਿਤੀ ਦਾ ਜਾਇਜ਼ਾ ਲੈਂਦਿਆਂ ਜਾਂਚ ਸ਼ੁਰੂ ਕਰ ਦਿੱਤੀ। ਪੁਲਸ ਵੱਲੋਂ ਹੁਣ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਫਾਇਰਿੰਗ ਕਿਸ ਵਿਅਕਤੀ ਵੱਲੋਂ ਕੀਤੀ ਗਈ ਅਤੇ ਇਸ ਦੇ ਪਿੱਛੇ ਅਸਲ ਕਾਰਨ ਕੀ ਸੀ। ਜਾਂਚ ਟੀਮ ਵੱਲੋਂ ਕੇਸਰੀ ਪਲਾਜ਼ਾ ਅਤੇ ਆਸ-ਪਾਸ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ, ਤਾਂ ਜੋ ਘਟਨਾ ਨਾਲ ਸਬੰਧਤ ਵਿਅਕਤੀਆਂ ਦੀ ਪਛਾਣ ਕੀਤੀ ਜਾ ਸਕੇ। ਪੁਲਸ ਵੱਲੋਂ ਕਿਸੇ ਆਪਸੀ ਰੰਜਿਸ਼, ਵਿਵਾਦ ਜਾਂ ਹੋਰ ਕਾਰਨਾਂ ਦੇ ਹੋਣ ਤੇ ਵੀ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਫਿਲਹਾਲ ਪੁਲਸ ਨੇ ਮਾਮਲੇ ਦੀ ਜਾਂਚ ਜਾਰੀ ਰੱਖਦਿਆਂ ਘਟਨਾ ਨਾਲ ਜੁੜੇ ਤੱਥ ਇਕੱਠੇ ਕਰਨੇ ਸ਼ੁਰੂ ਕਰ ਦਿੱਤੇ ਹਨ।ਘਟਨਾ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਜਾਂ ਹੋਰ ਨੁਕਸਾਨ ਸਬੰਧੀ ਜਾਣਕਾਰੀ ਦੀ ਵੀ ਜਾਂਚ ਕੀਤੀ ਜਾ ਰਹੀ ਹੈ।



# ਫਾਲਕਨ ਇੰਟਰਨੈਸ਼ਨਲ ਸਕੂਲ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

**ਸੁਲਤਾਨਪੁਰ ਲੋਧੀ (ਹਨੀ)**- ਫਗਵਾੜਾ ਵਿਖੇ ਆਯੋਜਿਤ ਜ਼ਿਲ੍ਹਾ ਪੱਧਰ ਦੇ ਫੁੱਟਬਾਲ ਮੁਕਾਬਲੇ 'ਚ ਸ਼ਿਰਕਤ ਕਰਦਿਆਂ ਫਾਲਕਨ ਇੰਟਰਨੈਸ਼ਨਲ ਸਕੂਲ ਸੁਲਤਾਨਪੁਰ ਲੋਧੀ ਦੀਆਂ ਖਿਡਾਰਨਾਂ ਨੇ ਅੰਡਰ 14 ਅਤੇ ਅੰਡਰ 17 ਵਿੱਚ ਬਲਾਕ ਸੁਲਤਾਨਪੁਰ ਲੋਧੀ 1 ਦੀ ਪ੍ਰਤੀਨਿਧਤਾ ਕੀਤੀ ਅਤੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਲੜਕੀਆਂ ਅੰਡਰ 14 ਵਰਗ ਵਿੱਚ ਦੂਜਾ ਅਤੇ ਅੰਡਰ 17 ਵਰਗ ਵਿੱਚ ਤੀਜਾ ਸਥਾਨ 'ਤੇ ਕਬਜ਼ਾ ਕਰਨ 'ਚ ਸਫਲ ਰਹੀਆਂ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਮੈਨੇਜਿੰਗ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਨੇ ਜੇਤੂ ਵਿਦਿਆਰਥਣਾਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਖਿਡਾਰੀਆਂ ਨੂੰ ਸੰਬੋਧਿਤ ਕਰਦੇ ਹੋਏ ਉਹਨਾਂ ਕਿਹਾ ਕਿ ਸਕੂਲ ਵਿੱਚ ਬੱਚਿਆਂ ਦੇ ਖੇਡਣ ਲਈ ਬਹੁਤ ਵਧੀਆ ਖੇਡ ਦਾ ਮੈਦਾਨ ਅਤੇ ਸਹੂਲਤਾਂ ਹਨ। ਤੁਸੀਂ ਮਨ ਲਗਾ ਕੇ ਮਿਹਨਤ ਕਰਦਿਆਂ ਆਪਣੇ ਸਕੂਲ, ਮਾਤਾ-ਪਿਤਾ, ਇਲਾਕੇ ਦਾ ਅਤੇ ਦੇਸ਼ ਦਾ ਨਾਮ ਰੋਸ਼ਨ ਕਰਨਾ ਹੈ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਮੈਡਮ ਰਵਿੰਦਰਜੀਤ ਕੌਰ ਸਪੋਰਟ ਇੰਚਾਰਜ ਜਤਿੰਦਰ ਸਿੰਘ, ਐੱਸ ਸੀ ਈ ਇੰਚਾਰਜ ਗੁਰਬਚਨ ਸਿੰਘ, ਡਿਸਿਪਲਨ ਇੰਚਾਰਜ ਸੁਨੀਲ ਕੁਮਾਰ, ਐਕਟੀਵਿਟੀ ਇੰਚਾਰਜ ਸ਼ਰਨਜੀਤ ਕੌਰ ਅਤੇ ਹੋਰ ਸਟਾਫ ਮੈਂਬਰ ਮੌਜੂਦ ਸਨ।



# ਹਰਿਆਣਾ ਸਰਕਾਰ ਜਾਤੀ ਪ੍ਰਮਾਣ-ਪੱਤਰਾਂ 'ਚ ਨਾਂਅ ਬਦਲਣ ਦੀ ਗ਼ਲਤੀ ਨਾ ਕਰੇ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹਰਿਆਣਾ ਸਟੇਟ ਵਿੱਚ ਜਾਤੀ ਪ੍ਰਮਾਣ-ਪੱਤਰ (ਕਾਸਟ ਸਰਟੀਫਿਕੇਟ) ਵਿੱਚ 'ਚਮਾਰ' ਸ਼ਬਦ ਦੀ ਜਗ੍ਹਾ 'ਮੇਘਵਾਲ' ਲਿਖੇ ਜਾਣ ਦੇ ਮੁੱਦੇ ਨੂੰ ਲੈ ਕੇ ਵਿਵਾਦ ਲਗਾਤਾਰ ਭਖਦਾ ਜਾ ਰਿਹਾ ਹੈ। ਇਸੇ ਮੁੱਦੇ ਨੂੰ ਲੈ ਕੇ ਬੇਗਮਪੁਰਾ ਟਾਈਗਰ ਫੋਰਸ ਦੇ ਕਾਰਕੁਨਾਂ ਨੇ ਹਰਿਆਣਾ ਦੀ ਸਰਕਾਰ ਦੇ ਖ਼ਿਲਾਫ਼ ਨਾਰਾਜ਼ਗੀ ਜਤਾਈ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਤੋਂ ਇਸ ਸਬੰਧ ਵਿੱਚ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ ਹੈ। ਇਸ ਪੂਰੇ ਮਾਮਲੇ ਸਬੰਧੀ ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਵੀਰਪਾਲ ਠਰੋਲੀ ਅਤੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਨੇ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਹਰਿਆਣਾ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ। ਆਗੂਆਂ ਨੇ ਸਪੱਸ਼ਟ ਕੀਤਾ ਕਿ 'ਚਮਾਰ' ਸ਼ਬਦ ਕੋਈ ਗਾਲ੍ਹ ਨਹੀਂ ਹੈ, ਸਗੋਂ ਇੱਕ ਸਤਿਕਾਰਯੋਗ ਇਤਿਹਾਸਕ ਬਿਰਾਦਰੀ ਦਾ ਨਾਮ ਹੈ। ਆਗੂਆਂ ਨੇ ਕਿਹਾ ਕਿ ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਵਿੱਚ ਜਿੰਨੇ ਵੀ ਸਲੋਕ ਦਰਜ ਹਨ, ਸਤਿਗੁਰੂ ਰਵਿਦਾਸ ਮਹਾਰਾਜ ਜੀ ਨੇ ਆਪਣੇ ਸਲੋਕਾਂ ਵਿੱਚ ਹਰੇਕ ਸਲੋਕ ਵਿੱਚ 'ਚਮਾਰ' ਸ਼ਬਦ ਵਰਤਿਆ ਹੈ। ਬੇਗਮਪੁਰਾ ਟਾਈਗਰ ਫੋਰਸ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਸਖ਼ਤ ਚੇਤਾਵਨੀ ਦਿੱਤੀ ਗਈ ਹੈ ਕਿ ਜਾਤੀ ਪ੍ਰਮਾਣ-ਪੱਤਰਾਂ ਵਿੱਚੋਂ ਚਮਾਰ ਸ਼ਬਦ ਨੂੰ ਬਦਲਣ ਦੀ ਗ਼ਲਤੀ ਨਾ ਕੀਤੀ ਜਾਵੇ।



# ਕਾਰਜਕਾਰੀ ਕਮੇਟੀ ਦੀਆਂ ਚੋਣਾਂ ਲਈ ਨਾਮਜ਼ਦਗੀ ਪੱਤਰ ਅੱਜ ਦਾਖਲ ਕੀਤੇ ਜਾਣਗੇ, ਵੋਟਾਂ 11 ਨੂੰ

**ਜਲੰਧਰ (ਰਾਜੇਸ਼ ਥਾਪਾ)**- ਜ਼ਿਲ੍ਹਾ ਬਾਰ ਐਸੋਸੀਏਸ਼ਨ ਜਲੰਧਰ ਦੇ ਵਿੱਚ 11 ਸੰਤਬਰ ਨੂੰ ਹੋਣ ਵਾਲੀਆਂ ਵਕੀਲ ਸਾਹਿਬਾਨਾਂ ਦੀ ਕਾਰਜਕਾਰੀ ਕਮੇਟੀ ਦੀਆਂ ਚੋਣਾਂ ਦੇ ਲਈ ਨਾਮਜ਼ਦਗੀ ਪੱਤਰ 3 ਸਤੰਬਰ ਨੂੰ ਦਾਖਲ ਕੀਤੇ ਜਾ ਰਹੇ ਨਾਮਜ਼ਦਗੀ ਪੱਤਰ ਸੌਂਪਣਗੇ ਨਾਮਜ਼ਦਗੀ ਪੱਤਰ ਦਾਖਲ ਕਰਨੇ ਦੇ ਸਮਾਂ 3 ਸਤੰਬਰ ਨੂੰ 12 ਵਜੇ ਤੋਂ ਲੈ ਕੇ 3 ਵਜੇ ਤੱਕ ਹੈ।

ਰਿਟਰਨਿੰਗ ਅਫਸਰ ਸਾਹਿਬਾਨਾ ਨੇ ਚੋਣਾਂ ਨੂੰ ਮੁੱਖ ਰੱਖਦਿਆਂ ਹੋਇਆਂ ਖਾਸ ਤੌਰ ਤੇ ਪੁਖਤਾ ਪ੍ਰਬੰਧ ਕੀਤੇ ਹਨ। ਕਮੇਟੀ ਦੇ ਅਧਿਕਾਰੀਆਂ ਦੇ ਵਿੱਚ ਚੋਣਾਂ ਦੇ ਲਈ ਪ੍ਰਧਾਨਗੀ, ਸੀਨੀਅਰ ਵਾਈਸ ਪ੍ਰਧਾਨ ਵਾਈਸ ਪ੍ਰਧਾਨ , ਜੂਨੀਅਰ ਵਾਈਸ ਪ੍ਰਧਾਨ ਸਕੱਤਰ, ਜੁਆਇੰਟ ਸੈਕਟਰੀ, ਸਹਿ ਸਕਤਰ ਅਤੇ 10 ਕਾਰਜਕਾਰੀ ਕਮੇਟੀ ਦੇ ਮੈਂਬਰਾਂ ਦੇ ਚੋਣਾਂ ਦੇ ਲਈ ਵਕੀਲ ਸਾਹਿਬਾਨ ਇਸ ਮੈਦਾਨ ਦੇ ਵਿੱਚ ਹਨ।



ਹਨ।ਕਾਰਜਕਾਰੀ ਕਮੇਟੀ ਦੀਆਂ ਇਹ ਚੋਣਾਂ ਤਕਰੀਬਨ ਡੇਢ ਸਾਲ ਦੇ ਬਾਅਦ ਹੋਣ ਜਾ ਰਹੀਆਂ ਹਨ।

ਚੋਣਾਂ ਦੇ ਲਈ ਗਠਿਤ ਰਿਟਰਨਿੰਗ ਅਫਸਰਾਂ ਦੀ ਕਮੇਟੀ ਜਿਸ ਨੂੰ ਕਿ ਮੁੱਖ ਤੌਰ ਤੇ ਐਡਵੋਕੇਟ ਬਲਵਿੰਦਰਜੀਤ ਸਿੰਘ ਲੱਕੀ ਸਾਬਕਾ ਪ੍ਰਧਾਨ, ਐਡਵੋਕੇਟ ਸੰਜੀਵ ਬਾਂਸਲ, ਐਡਵੋਕੇਟ ਰਾਜੀਵ ਕੋਹਲੀ, ਐਡਵੋਕੇਟ ਸਤਨਾਮ ਸਿੰਘ ਹੁੰਦਲ, ਐਡਵੋਕੇਟ ਮਧੂ ਰਚਨਾ ਐਡਵੋਕੇਟ ਤੇਜਿੰਦਰ ਸਿੰਘ ਧਾਲੀਵਾਲ, ਐਡਵੋਕੇਟ ਓ ਪੀ ਕੰਗਨੀਵਾਲ, ਐਡਵੋਕੇਟ ਗੁਰਬਚਨ ਲਾਲ ਗਗਨਜਾ ਨੂੰ ਚੋਣਾਂ ਲੜਨ ਵਾਲੇ ਵਕੀਲ ਸਾਹਿਬਾਨ ਆਪਣੇ

ਜਾਣਕਾਰੀ ਦਿੰਦਿਆਂ ਹੋਇਆਂ ਰਿਟਰਨਿੰਗ ਅਫਸਰ ਐਡਵੋਕੇਟ ਬੀਐਸ ਲੱਕੀ ਅਤੇ ਐਡਵੋਕੇਟ ਸੰਜੀਵ ਬਾਂਸਲ ਨੇ ਦੱਸਿਆ ਕਿ ਇਹ ਚੋਣਾਂ ਬਿਲਕੁਲ ਨਿਰਪੱਖ ਪਾਰਦਰਸ਼ੀ ਅਤੇ ਬਿਨਾਂ ਕਿਸੇ ਦਬਦਬੇ ਤੋ ਕਰਵਾਈਆਂ ਜਾਣਗੀਆਂ। ਉਹਨਾਂ ਨੇ ਇਹ ਵੀ ਦੱਸਿਆ ਕਿ ਮਹਿਲਾ ਵਕੀਲ ਸਾਹਿਬਾਨਾ ਦੇ ਲਈ ਬਾਰ ਕੌਂਸਲ ਆਫ ਇੰਡੀਆ ਵੱਲੋਂ ਰਾਖਵਾਂਕਰਨ ਕੀਤਾ ਗਿਆ ਹੈ।

# ਝਿੰਗੜ ਖੁਰਦ ਦੇ ਨੌਜਵਾਨਾਂ ਨੇ ਧਾਰਮਿਕ ਸਥਾਨਾਂ 'ਤੇ ਲਗਾਏ ਬੂਟੇ



**ਦਸੂਹਾ (ਕਰਨੈਲ ਮਾਂਗਟ)**- ਵਾਤਾਵਰਣ ਦੀ ਸੰਭਾਲ ਅਤੇ ਹਰਿਆਲੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਬਲਾਕ ਦਸੂਹਾ ਦੇ ਪਿੰਡ ਝਿੰਗੜ ਖੁਰਦ ਵਿਖੇ ਪੁਰਾਤਨ ਤੇ ਇਤਿਹਾਸਕ ਦਾਦੀ ਸਤਾਉਤੀ ਮਾਤਾ ਦੇ ਅਸਥਾਨ ਅਤੇ ਗੁਰਦੁਆਰਾ ਟਾਹਲੀ ਸਾਹਿਬ ਵਿਖੇ ਪ੍ਰਧਾਨ ਜਰਨੈਲ ਸਿੰਘ ਯੋਗ ਅਗਵਾਈ ਹੇਠ ਪਿੰਡ ਵਾਸੀਆਂ ਤੇ ਨੌਜਵਾਨਾਂ ਦੇ ਸਹਿਯੋਗ ਨਾਲ ਅਲੱਗ ਅਲੱਗ ਪ੍ਰਕਾਰ ਦੇ 400 ਬੂਟੇ ਲਗਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਜਰਨੈਲ ਸਿੰਘ ਅਤੇ ਦਲਜੀਤ ਸਿੰਘ ਸੇਵਾਦਾਰ ਨੇ ਦੱਸਿਆ ਕਿ ਵਣ ਵਿਭਾਗ ਦਸੂਹਾ ਤੋਂ ਟਾਹਲੀ, ਪਿਲਕੰਨ, ਸਹਗਬਣ, ਗੁਲਾਬੀ ਤੁਣ, ਧਰੇਕ ਆਦਿ ਅਲੱਗ ਅਲੱਗ ਪ੍ਰਕਾਰ ਦੇ ਮੁਫਤ ਬੂਟੇ ਪ੍ਰਾਪਤ ਕੀਤੇ ਗਏ ਜਿਨਾਂ ਨੂੰ ਪਿੰਡ ਵਾਸੀਆਂ ਅਤੇ ਨੌਜਵਾਨਾਂ ਦੇ ਸਹਿਯੋਗ ਨਾਲ ਲਗਾਇਆ ਗਿਆ ਹੈ। ਇਸ ਮੌਕੇ ਉਨ੍ਹਾਂ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਕੇ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਸਾਰੀਆਂ ਨੂੰ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇੱਕ ਬੂਟਾ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰੇ , ਵਧੀਆ ਅਤੇ ਹਰੇ-ਭਰੇ ਵਾਤਾਵਰਣ ਦੀ ਨੀਂਹ ਬਣ ਸਕਦਾ ਹੈ। ਉਨ੍ਹਾਂ ਸਾਰਿਆਂ ਨੂੰ ਬੂਟੇ ਲਗਾਉਣ , ਬੂਟਿਆਂ ਦੀ ਸਾਂਭ ਸੰਭਾਲ ਕਰਨ ਵਿੱਚ ਆਪਣਾ ਅਨਮੁੱਲਾ ਯੋਗਦਾਨ ਪਾਉਣ ਅਤੇ ਧਰਤੀ ਨੂੰ ਹਰਿਆ-ਭਰਿਆ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਤਨਾਮ ਸਿੰਘ, ਮੰਨੂ, ਗੱਗੂ, ਜਸਵਿੰਦਰ, ਦੀਪੂ, ਕਮਲਜੀਤਸਿੰਘ, ਸਮਨੀਤ, ਲੱਕੀ, ਅਮਨ, ਰਾਜਇੰਦਰ, ਟੀਟੂ, ਹਰਮੀਤ, ਹਰਪ੍ਰੀਤ,ਲਵ, ਲਾਲੀ, ਬਾਬੂ ਤੋਂ ਇਲਾਵਾ ਹੋਰ ਹਾਜ਼ਰ ਸਨ।

# ਪੁਰਾਲੇਖ ਵਿਭਾਗ ਵੱਲੋਂ ਇਤਿਹਾਸਕ ਤੇ ਦੁਰਲੱਭ ਦਸਤਾਵੇਜ਼ਾਂ ਦੀ ਪ੍ਰਦਰਸ਼ਨੀ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਿਵਲ ਸਕੱਤਰੇਤ-1 ਵਿਖੇ ਪੁਰਾਲੇਖ ਵਿਭਾਗ, ਹਰਿਆਣਾ ਵੱਲੋਂ ਇਤਿਹਾਸਕ, ਦੁਰਲਭ ਤੇ ਲਿਖਤ ਦਸਤਾਵੇਜ਼ਾਂ ਦੀ ਪ੍ਰਦਰਸ਼ਨੀ ਦਾ ਆਯੋਜਿਤ ਕੀਤਾ ਗਿਆ। ਇਸ ਪ੍ਰਦਰਸ਼ਨੀ ਦਾ ਮੁੱਖ ਉਦੇਸ਼ ਸੁਤੰਤਰਤਾ ਸੰਗਰਾਮ ਦੇ ਨਾਇਕਾਂ ਦੇ ਯੋਗਦਾਨ, ਤਿਆਗ ਤੇ ਬਲੀਦਾਨ ਦੀਆਂ ਗੌਰਵ-ਗਾਥਾਵਾਂ ਨੂੰ ਜਨ ਜਨ ਤੱਕ ਪਹੁੰਚਣਾ ਅਤੇ ਨਵੀਂ ਪੀੜ੍ਹੀ ਨੂੰ ਦੇਸ਼ ਦੇ ਸੁਤੰਤਰਤਾ ਅੰਦੋਲਨ ਦੇ ਇਤਿਹਾਸ ਤੋਂ ਜਾਣੂੰ ਕਰਵਾਉਣਾ ਹੈ। ਇਸ ਪ੍ਰਦਰਸ਼ਨੀ ਵਿੱਚ ਸੁਤੰਤਰਤਾ ਸੰਗਰਾਮ ਨਾਲ ਸਬੰਧਤ ਮਹੱਤਵਪੂਰਨ ਇਤਿਹਾਸਕ ਤੇ ਦੁਰਲਭ ਲਿਖਤ ਦਸਤਾਵੇਜ਼ਾਂ ਤੇ ਹੋਰ ਮਹੱਤਵਪੂਰਨ ਸਮੱਗਰੀ ਪ੍ਰਦਰਸ਼ਿਤ ਕੀਤੀ ਗਈ। ਇਸ ਪ੍ਰਦਰਸ਼ਨੀ ਦੇ ਮਾਧਿਅਮ ਰਾਹੀਂ ਇਹ ਦਰਸਾਇਆ ਗਿਆ ਹੈ ਕਿ ਭਾਰਤ ਦੇ ਸੁਤੰਤਰਤਾ ਸੰਗਰਾਮ ਵਿੱਚ ਮਹਿਲਾਵਾਂ ਦਾ ਅਤਿਅੰਤ ਮਹੱਤਵਪੂਰਨ ਤੇ ਜ਼ਿਕਰਯੋਗ ਯੋਗਦਾਨ ਵੀ ਰਿਹਾ ਹੈ। ਦੇਸ਼ ਦੀਆਂ ਅਨੇਕ ਵੀਰਾਂਗਣਾਂ ਨੇ ਸੁਤੰਤਰਤਾ ਪ੍ਰਾਪਤੀ ਦੇ ਸੰਘਰਸ਼ ਵਿੱਚ ਸਰਗਰਮ ਭੂਮਿਕਾ ਨਿਭਾਈ ਅਤੇ ਆਪਣੇ ਸਾਹਸ, ਤਿਆਗ ਅਤੇ ਬਲੀਦਾਨ ਨਾਲ ਸੁਤੰਤਰਤਾ ਅੰਦੋਲਨ ਨੂੰ ਸ਼ਕਤੀਸ਼ਾਲੀ ਬਣਾਇਆ। ਪ੍ਰਦਰਸ਼ਨੀ ਵਿੱਚ ਮਹਿਲਾਵਾਂ ਦੇ ਇਸ ਮਹੱਤਵਪੂਰਨ ਯੋਗਦਾਨ ਨੂੰ ਵੀ ਇਨ੍ਹਾਂ ਲਿਖਤਾਂ ਤੇ ਇਤਿਹਾਸਕ ਦਸਤਾਵੇਜ਼ਾਂ ਜ਼ਰੀਏ ਪ੍ਰਦਰਸ਼ਿਤ ਕੀਤਾ ਗਿਆ ਹੈ।



# ਵਿਦਿਆਰਥਣ ਜੋਤੀ ਰਾਣੀ ਜਲੰਧਰ ਜ਼ਿਲ੍ਹੇ 'ਚੋਂ ਅੱਵਲ

**ਗੁਰਾਇਆ (ਬਿੰਦਰ ਸੁਮਨ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਬੀ ਸੀ ਏ ਸਮੈਸਟਰ ਦੂਸਰੇ ਦੇ ਇਮਤਿਹਾਨ ਵਿੱਚੋਂ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ, ਜੰਡਿਆਲਾ ਮੰਜਕੀ, ਦੀ ਵਿਦਿਆਰਥਣ ਨੇ ਜ਼ਿਲ੍ਹਾ ਜਲੰਧਰ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਕਾਲਜ ਦੇ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ ਵਿਦਿਆਰਥੀ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਸਫ਼ਲਤਾ ਵਿਦਿਆਰਥੀ ਦੀ ਸਖ਼ਤ ਮਿਹਨਤ, ਅਧਿਆਪਕਾਂ ਦੀ ਯੋਗ ਅਗਵਾਈ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਉਨ੍ਹਾਂ ਨੇ ਕਿਹਾ ਕਿ ਸੰਸਥਾ ਨੂੰ ਆਪਣੇ ਇਸ ਹੋਣਹਾਰ ਵਿਦਿਆਰਥੀ 'ਤੇ ਨਾਜ਼ ਹੈ। ਜਲੰਧਰ ਜ਼ਿਲ੍ਹੇ ਵਿੱਚੋਂ ਅੱਵਲ ਆਏ ਵਿਦਿਆਰਥੀ ਨੇ ਆਪਣੀ ਇਸ ਪ੍ਰਾਪਤੀ ਦਾ ਸਿਹਰਾ ਆਪਣੇ ਮਾਤਾ-ਪਿਤਾ ਅਤੇ ਕਾਲਜ ਦੇ ਅਧਿਆਪਕਾਂ ਜਸ਼ਨਜੋਤ ਸਿੰਘ, ਮੈਡਮ ਪ੍ਰਦੀਪ ਕੌਰ, ਮੈਡਮ ਮਨਜੋਤ ਕੌਰ ਅਤੇ ਡਾ. ਤਰਨਪ੍ਰੀਤ ਕੌਰ ਸਿਰ ਬੰਨਿਆ। ਜ਼ਿਕਰਯੋਗ ਗੱਲ ਹੈ ਕਿ ਜੋਤੀ ਇਸ ਸਮੈਸਟਰ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚ ਆਉਣ ਵਾਲੀ ਕਾਲਜ ਦੀ ਚੌਥੀ ਵਿਦਿਆਰਥਣ ਬਣੀ ਹੈ। ਕਾਲਜ ਵੱਲੋਂ ਲੋੜਵੰਦ ਅਤੇ ਮੈਰਿਟ ਸੂਚੀ ਵਿੱਚ ਆਉਣ ਵਾਲੇ ਵਿਦਿਆਰਥੀਆਂ ਲਈ ਵੱਖ-ਵੱਖ ਕਿਸਮ ਦੀ ਸਕਾਲਰਸ਼ਿਪ ਉਪਲੱਬਧ ਕਰਵਾਈ ਜਾਂਦੀ ਹੈ।



# ਬਾਬਾ ਭਗਤ ਸਿੰਘ ਬਿਲਗਾ ਯਾਦਗਾਰ ਕਮੇਟੀ ਵੱਲੋਂ ਸਮਰਾ ਨੂੰ ਸ਼ਰਧਾਂਜਲੀ

**ਜਲੰਧਰ (ਨ ਜ਼ ਸ)**- ਗ਼ਦਰੀ ਬਾਬਾ ਕਾਮਰੇਡ ਭਗਤ ਸਿੰਘ ਬਿਲਗਾ ਯਾਦਗਾਰ ਕਮੇਟੀ ਬਿਲਗਾ (ਜਲੰਧਰ) ਵੱਲੋਂ ਕਾਮਰੇਡ ਅਜਮੇਰ ਸਿੰਘ ਸਮਰਾ ਦੇ ਸਦੀਵੀ ਵਿਛੋੜੇ 'ਤੇ ਇੱਕ ਸ਼ੋਕ ਸਭਾ ਕੀਤੀ ਗਈ। ਇਸ ਵਿੱਚ ਕਾਮਰੇਡ ਸਮਰਾ ਦੀਆਂ ਲੋਕ ਹਿਤੈਸ਼ੀ ਜਥੇਬੰਦੀ ਸੀ ਪੀ ਐੱਮ ਐੱਲ ਨਿਊ ਡੈਮੋਕਰੇਸੀ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਨੂੰ ਦਿੱਤੀਆਂ ਵਡੇਰੀਆਂ ਸਭਾਵਾਂ ਨੂੰ ਯਾਦ ਕਰਦਿਆਂ ਉਹਨਾਂ ਦੇ ਵਿਛੋੜੇ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਕਿਹਾ। ਇਸ ਮੌਕੇ ਕਾਮਰੇਡ ਸਮਰਾ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਮੇਟੀ ਦੇ ਉਪ ਪ੍ਰਧਾਨ ਪ੍ਰੋ. ਡਾ. ਗੋਪਾਲ ਸਿੰਘ ਬੁੱਟਰ ਨੇ ਕਿਹਾ ਕਿ ਕਾਮਰੇਡ ਅਜਮੇਰ ਸਿੰਘ ਸਮਰਾ ਜਿੱਥੇ ਲੋਕ ਹਿਤੈਸ਼ੀ ਸੰਘਰਸ਼ਾਂ ਦੇ ਸੁਹਿਰਦ ਆਗੂ ਸਨ ਤੇ ਗਰੀਬਾਂ ਮਜਲੂਮਾਂ ਦੇ ਦੁਖ ਸੁਖ ਦੇ ਸਾਥੀ ਸਨ। ਉਸ ਦੇ ਨਾਲ ਨਾਲ ਉਹਨਾਂ ਦਾ ਗ਼ਦਰੀ ਬਾਬਾ ਕਾਮਰੇਡ ਭਗਤ ਸਿੰਘ ਬਿਲਗਾ ਨਾਲ ਵੀ ਬੜਾ ਗਹਿਰਾ ਸੰਬੰਧ ਸੀ। ਬਾਬਾ ਬਿਲਗਾ ਉਹਨਾਂ ਨੂੰ ਆਪਣੇ ਪੁੱਤਰਾਂ ਕਾਮਰੇਡ ਕੁਲਬੀਰ ਸਿੰਘ ਸੰਘੇੜਾ ਅਤੇ ਕਾਮਰੇਡ ਗੁਰਪ੍ਰੇਮ ਸਿੰਘ ਸੰਘੇੜਾ ਵਾਂਗੂ ਹੀ ਪਿਆਰ ਅਤੇ ਅਪਣੱਤ ਦਿੰਦੇ ਰਹੇ ਸਨ, ਇਸ ਦੇ ਇਵਜ਼ ਵਿੱਚ ਕਾਮਰੇਡ ਸਮਰਾ ਨੇ ਵੀ ਬਾਬਾ ਬਿਲਗਾ ਨੂੰ ਹਮੇਸ਼ਾ ਆਪਣਾ ਬਜੁਰਗ ਸਮਝ ਕੇ ਸਤਿਕਾਰ ਦਿੱਤਾ ਅਤੇ ਉਹਨਾਂ ਦੀ ਹਰ ਸਲਾਹ ਨੂੰ ਖਿੜੇ ਮੱਥੇ ਪ੍ਰਵਾਨ ਕੀਤਾ। ਇਸ ਸ਼ੋਕ ਸਭਾ ਵਿੱਚ ਡਾ. ਜਸਵਿੰਦਰ ਸਿੰਘ ਬਿਲਗਾ, ਕਾ. ਸੰਤੋਖ ਸਿੰਘ ਸੰਧੂ, ਕਾ. ਸੰਤੋਖ ਸਿੰਘ ਬਿਲਗਾ ਤੇ ਕਾ. ਪ੍ਰਸ਼ੋਤਮ ਲਾਲ ਨੇ ਵੀ ਕਾ. ਅਜਮੇਰ ਸਿੰਘ ਸਮਰਾ ਨੂੰ ਸ਼ਰਧਾ ਸੁਮਨ ਭੇਟ ਕੀਤੇ।

# ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਪ੍ਰਬੰਧਕ ਕਮੇਟੀ ਵੱਲੋਂ ਸਾਲਾਨਾ ਲੰਗਰ ਦੀ ਸੇਵਾ ਸ਼ੁਰੂ



**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਇਲਾਕੇ ਦੇ ਪ੍ਰਸਿੱਧ ਪਿੰਡ ਡਰੋਲੀ ਕਲਾਂ ਵਿਖੇ ਆਯੋਜਿਤ ਕੀਤੇ ਜਾ ਰਹੇ 'ਸ਼ਹੀਦ ਬਾਬਾ ਮਤੀ ਜੀ ਮੈਮੋਰੀਅਲ ਖੇਡ ਟੂਰਨਾਮੈਂਟ' ਦੇ ਮੱਦੇਨਜ਼ਰ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਦੀ ਸਮੂਹ ਪ੍ਰਬੰਧਕ ਕਮੇਟੀ ਅਤੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਦੀ ਦੇਖ-ਰੇਖ ਹੇਠ ਸਾਲਾਨਾ ਲੰਗਰ ਦੀ ਸੇਵਾ ਸ਼ਰਧਾ ਤੇ ਉਤਸ਼ਾਹ ਨਾਲ ਸ਼ੁਰੂ ਕੀਤੀ ਗਈ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਨੇ ਦੱਸਿਆ ਕਿ ਖੇਡ ਮੇਲੇ ਦੌਰਾਨ ਆਉਣ ਵਾਲੀਆਂ ਸੰਗਤਾਂ ਅਤੇ ਖਿਡਾਰੀਆਂ ਲਈ ਹਰ ਸਾਲ ਲੰਗਰ ਦੀ ਸੇਵਾ ਗੁਰਦੁਆਰਾ ਸਾਹਿਬ ਵੱਲੋਂ ਨਿਭਾਈ ਜਾਂਦੀ ਹੈ। ਉਨ੍ਹਾਂ ਐਲਾਨ ਕੀਤਾ ਕਿ ਇਸ ਸਾਲ ਵੀ ਖੇਡ ਟੂਰਨਾਮੈਂਟ ਦੇ ਪੂਰੇ ਸੱਤ ਦਿਨ ਨਿਰੰਤਰ ਲੰਗਰ ਅਤੁੱਟ ਵਰਤਾਇਆ ਜਾਵੇਗਾ। ਕਮੇਟੀ ਦੇ ਪ੍ਰਬੰਧਕਾਂ ਨੇ ਸਮੂਹ ਇਲਾਕਾ ਨਿਵਾਸੀਆਂ ਅਤੇ ਖੇਡ ਪ੍ਰੇਮੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ-ਚੜ੍ਹ ਕੇ ਖੇਡ ਮੇਲੇ ਵਿੱਚ ਸ਼ਿਰਕਤ ਕਰਨ ਅਤੇ ਗੁਰੂ ਕੇ ਲੰਗਰ ਛਕ ਕੇ ਸੇਵਾ ਦਾ ਲਾਭ ਉਠਾਉਣ। ਇਸ ਮੌਕੇ ਦਿਲਬਾਗ ਸਿੰਘ ਹੈਡ ਗ੍ਰੰਥੀ, ਪਰਮਜੀਤ ਸਿੰਘ, ਸਰਵਣ ਸਿੰਘ, ਰਣਵੀਰ ਪਾਲ ਸਿੰਘ, ਗੁਰਜੀਤ ਸਿੰਘ, ਹਰਜਿੰਦਰ ਸਿੰਘ, ਅਮਨਦੀਪ ਸਿੰਘ, ਸੰਤੋਖ ਸਿੰਘ ਅਤੇ ਹੋਰ ਹਾਜ਼ਰ ਸਨ।

# ਪ੍ਰਕਾਸ਼ ਉਤਸਵ ਸੰਬੰਧੀ ਸੰਤ ਸੰਮੇਲਨ ਕਰਵਾਇਆ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਨੂੰ ਸਮਰਪਿਤ ਸ੍ਰੀ ਗੁਰੂ ਰਵਿਦਾਸ ਨੋਜਵਾਨ ਸਭਾ ਪਿੰਡ ਜੌਹਲ ਵੱਲੋਂ 15ਵਾਂ ਮਹਾਨ ਸੰਤ ਸੰਮੇਲਨ ਕਰਵਾਇਆ ਗਿਆ। ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਪਦਮ ਸ੍ਰੀ ਸੰਤ ਨਿਰੰਜਨ ਦਾਸ ਮਹਾਰਾਜ ਜੀ ਦੇ ਅਸ਼ੀਰਵਾਦ ਨਾਲ ਕਰਵਾਏ ਗਏ ਸਮਾਗਮ ਵਿੱਚ ਸਭ ਤੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਅੰਮ੍ਰਿਤ ਬਾਣੀ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸੰਤ ਸਮਾਗਮ ਦੌਰਾਨ ਸੰਤ ਲੇਖ ਰਾਜ ਨੂਰਪੁਰ ਵਾਲੇ, ਸੰਤ ਨਰੇਸ਼ ਗਿਰ ਨੰਗਲ ਖੰਗਾ ਵਾਲੇ, ਸੰਤ ਸੋਢੀ ਸ਼ਾਹ ਦਰਬਾਰ ਚੋਲੀਪੁਰ ਵਾਲੇ, ਸੰਤ ਪ੍ਰੇਮ ਦਾਸ ਰਸਪਾਲਮਾ ਵਾਲੇ, ਸੰਤ ਰਾਮ ਗਿਰ ਰਾਜਪੁਰ ਕੰਡੀ ਵਾਲੇ, ਸੇਵਾਦਾਰ ਦਵਿੰਦਰ ਦਾਸ ਬੱਲਾਂ, ਸੰਤ ਪ੍ਰੀਤਮ ਦਾਸ ਸੰਗਤਪੁਰ ਵਾਲੇ, ਸੰਤ ਗੁਰਦੀਪ ਗਿਰ ਪਠਾਨਕੋਟ ਵਾਲੇ, ਸੰਤ ਕ੍ਰਿਸ਼ਨ ਨਾਥ ਚਹੇੜੂ ਵਾਲੇ, ਸੰਤ ਜਸਪਾਲ ਸਿੰਘ ਓਡਰੇ ਵਾਲੇ, ਸੰਤ ਸੁਖਵਿੰਦਰ ਦਾਸ ਢੱਡੇ ਵਾਲੇ, ਸੰਤ ਕੈਲਾਸ਼ ਗਿਰ ਦਸੂਹੇ ਵਾਲੇ, ਸੰਤ ਸੁਖਵਿੰਦਰ ਸਿੰਘ ਓਡਰੇ ਵਾਲੇ, ਸੰਤ ਕ੍ਰਿਸ਼ਨਾ ਦੇਵੀ ਬੋਪਾਰਾਏ ਵਾਲੇ, ਸ੍ਰੀ ਗੁਰੂ ਰਵਿਦਾਸੀਆ ਧਰਮ ਸਮਾਜ ਦੇ ਪ੍ਰਚਾਰਕ ਪ੍ਰੋਫੈਸਰ ਸੋਮਨਾਥ ਫਗਵਾੜਾ ਤੇ ਹੋਰ ਸ੍ਰੀ ਗੁਰੂ ਰਵਿਦਾਸੀਆ ਧਰਮ ਦੇ ਪ੍ਰਚਾਰਕ ਸਰਬੱਤ ਸੰਗਤ ਨੂੰ ਪਵਿੱਤਰ ਬਾਣੀ ਦੁਆਰਾ ਨਿਹਾਲ ਕਰਦੇ ਹੋਏ ਸਤਿਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਪਵਿੱਤਰ ਵਿਚਾਰਧਾਰਾ ਤੋਂ ਜਾਣੂ ਕਰਵਾਉਂਦੇ ਹੋਏ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਮਹਾਨ ਸੰਦੇਸ਼ ਅਤੇ ਸਿਧਾਂਤਾਂ ਨੂੰ ਜੀਵਨ ਵਿੱਚ ਅਪਨਾਉਣ ਲਈ ਪ੍ਰੇਰਨਾ ਦਿੱਤੀ। ਇਸ ਮਹਾਨ ਸੰਤ ਸੰਮੇਲਨ ਦੌਰਾਨ ਪਿੰਡ ਜੌਹਲ ਦੀਆਂ ਸੰਗਤਾਂ ਤੋਂ ਇਲਾਵਾ ਨੇੜਲੇ ਪਿੰਡ ਨੰਗਲ ਖੂੰਗਾ, ਮਸੀਪਲ ਕੋਟ, ਬੁੱਢੀ ਪਿੰਡ, ਸਕਰਾਲਾ, ਹਰਸੀ ਪਿੰਡ, ਮੂਨਕ ਖੁਰਦ, ਮੂਨਕ ਕਲਾਂ, ਬੋਲੇਵਾਲ ਝਾਵਾਂ, ਕਲੋਏ, ਕੰਧਾਲਾ ਜੱਟਾਂ, ਹੁਸੈਨਪੁਰ, ਲਾਲੋਵਾਲ, ਧੁਰੀਆਂ ਸਰਾਈ, ਕੰਧਾਲੀ ਨਰੰਗਪੁਰ, ਕੁਰਾਲਾ, ਲੋਧੀ ਚੱਕ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਪਹੁੰਚ ਕੇ ਸੰਤ ਸੰਮੇਲਨ ਵਿੱਚ ਹਾਜਰੀ ਲਗਵਾਉਂਦੇ ਹੋਏ ਸਤਿਗੁਰੂ ਜੀ ਦੀ ਪਵਿੱਤਰ ਬਾਣੀ ਸਰਵਣ ਕੀਤੀ।ਸਮਾਗਮ ਦੀ ਸਮਾਪਤੀ ਤੇ ਸਮੂਹ ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਵੱਲੋਂ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਅਤੇ ਹੋਰਨਾਂ ਮੁੱਖ ਸ਼ਖ਼ਸ਼ੀਅਤਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਗਿਆ।ਸਮਾਗਮ ਵਿੱਚ ਪਹੁੰਚੀ ਸੰਗਤ ਦੀ ਸੇਵਾ ਵਾਸਤੇ ਚਾਹ-ਪਕੌੜੇ ਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਪ੍ਰਬੰਧਕ ਸੇਵਾਦਾਰ ਸਰਪੰਚ ਪਰਮਜੀਤ ਸਿੰਘ ਬਿੱਟੂ ਜੌਹਲ, ਬਲਦੇਵ ਸਿੰਘ, ਸੁਰਜੀਤ ਸਿੰਘ, ਮਨੋਹਰ ਲਾਲ, ਤੀਰਥ ਸਿੰਘ, ਜੀਵਨ ਲਾਲ, ਗੁਰਪ੍ਰੀਤ ਸਿੰਘ ਓਡਰਾ,ਜਸਵਿੰਦਰ ਸਿੰਘ, ਜਰਨੈਲ ਸਿੰਘ, ਬਲਵੀਰ ਸਿੰਘ, ਸੁਖਵਿੰਦਰ ਸਿੰਘ ਜੌਹਲ, ਸੇਵਾਦਾਰ ਪਰਮਿੰਦਰ ਕੁਮਾਰ ਸੋਢੀ, ਗੁਰਾਂ ਦਿੱਤਾ ਸੋਢੀ ਵਸਣ, ਅਮਰਜੀਤ ਕਲਸੀਆ, ਕੁਲਦੀਪ ਸਿੰਘ ਧੁੱਗਾ, ਗੁਰ ਚਰਨ ਸਿੰਘ ਭੱਟੀ, ਵਿੱਕੀ ਕੁਰਾਲਾ , ਜਸਵਿੰਦਰ ਸਿੰਘ ਝਾਵਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਵੋਟਰ ਰਜਿਸਟ੍ਰੇਸ਼ਨ ਕੈਂਪ ਲਗਾਇਆ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਉਚੇਰੀ ਸਿੱਖਿਆ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਰਕਾਰੀ ਕਾਲਜ ਡੇਰਾ ਬੱਸੀ ਵਿਖੇ ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ ਦੀ ਲੜੀ ਤਹਿਤ ਕਾਲਜ ਵਿਖੇ ਦੂਜਾ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਕਾਲਜ ਦੇ ਅਧਿਆਪਕ ਸਾਹਿਬਾਨਾਂ ਦੁਆਰਾ ਕਾਲਜ ਦੇ ਵਿਦਿਆਰਥੀਆਂ ਨੂੰ ਆਪਣੀ ਨਵੀਂ ਵੋਟ ਬਣਾਉਣ ਲਈ ਫਾਰਮ ਨੰਬਰ 6 ਨੂੰ ਭਰਨ ਬਾਰੇ ਦੱਸਿਆ ਗਿਆ ਅਤੇ ਜਿਹਨਾਂ ਵਿਦਿਆਰਥੀਆਂ ਦੀ ਵੋਟ ਪਹਿਲਾਂ ਬਣੀ ਹੋਈ ਹੈ, ਉਸ ਵਿੱਚ ਜੇਕਰ ਕੋਈ ਤਰੁੱਟੀ ਹੈ ਤਾਂ ਸੋਧ ਕਰਨ ਲਈ ਫਾਰਮ ਨੰਬਰ 8 ਭਰਨ ਦੇ ਨੁਕਤੇ ਦੱਸੇ ਗਏ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਵਿਨੀਤਾ ਰਾਓ ਨੇ ਸਮੂਹ ਵਿਦਿਆਰਥੀਆਂ ਨੂੰ ਆਪਣੀ ਵੋਟ ਬਨਾਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਹਰੇਕ ਨੌਜਵਾਨ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ। ਸਵੀਪ ਕਮੇਟੀ ਦੇ ਮੈਂਬਰ ਪ੍ਰੋ. ਸੁਨੀਲ ਕੁਮਾਰ ਨੇ ਵਿਦਿਆਰਥੀਆਂ ਨੂੰ ਆਨਲਾਈਨ ਵੋਟਰ ਰਜਿਸਟ੍ਰੇਸ਼ਨ ਬਾਰੇ ਸੰਖੇਪ ਵਿੱਚ ਜਾਣਕਾਰੀ ਦਿੱਤੀ ਕਿ ਕਿਵੇਂ ਅਸੀਂ ਘਰ ਬੈਠੇ ਹੀ ਵੋਟਰ ਐਪ ਰਾਹੀਂ ਰਜਿਸਟ੍ਰੇਸ਼ਨ ਕਰ ਸਕਦੇ ਹਾਂ। ਇਸ ਮੌਕੇ ਸਵੀਪ ਕਮੇਟੀ ਦੇ ਕਨਵੀਨਰ ਡਾ. ਪ੍ਰਭਜੋਤ ਕੌਰ ਨੇ ਦੱਸਿਆ ਕਿ ਇਸੇ ਲੜੀ ਦੇ ਤਹਿਤ ਜਿਹੜੇ ਵਿਦਿਆਰਥੀ ਰਹਿ ਗਏ ਹਨ, ਉਹਨਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਅਗਲਾ ਕੈਂਪ 8 ਸਤੰਬਰ ਨੂੰ ਕਾਲਜ ਕੈਂਪਸ ਵਿਖੇ ਹੀ ਲਗਾਇਆ ਜਾਵੇਗਾ ਤਾਂ ਜੋ ਕੋਈ ਵੀ ਯੋਗ ਵਿਦਿਆਰਥੀ ਵੋਟ ਬਣਾਉਣ ਤੋਂ ਵਾਂਝਾ ਨਾ ਰਹੇ।



# ਹੈਰੋਇਨ ਦਾ ਨਸ਼ਾ ਕਰਦਾ ਨੌਜਵਾਨ ਕਾਬੂ

**ਫਿਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**- ਥਾਣਾ ਫਿਲਵਾਂ ਦੀ ਪੁਲਿਸ ਨੇ ਹੈਰੋਇਨ ਦਾ ਨਸ਼ਾ ਕਰਦੇ ਇੱਕ ਨੌਜਵਾਨ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਫਿਲਵਾਂ ਜਸਦੀਪ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗ$ਤ ਕਰਦੀ ਹੋਈ ਰੇਲਵੇ ਸਟੇਸ਼ਨ ਢਿੱਲਵਾ ਨੇੜੇ ਪੁੱਜੀ ਤਾ ਇੱਕ ਨੌਜਵਾਨ ਝਾੜੀਆਂ ਵਿੱਚ ਬੈਠਾ ਨਸ਼ਾ (ਹੈਰੋਇੰਨ) ਦਾ ਸੇਵਨ ਕਰ ਰਿਹਾ ਸੀ ਜੋ ਕਿ ਸਿਲਵਰ ਪੇਪਰ ਹੇਠ ਲਾਈਟਰ ਨਾਲ ਅੱਗ ਲਗਾ ਕੇ 10 ਰੁਪਏ ਦੇ ਨੋਟ ਨਾਲ ਹੈਰੋਇੰਨ ਦਾ ਧੂਆਂ ਮੂੰਹ ਖਿੱਚ ਰਿਹਾ ਸੀਜੋ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਜਿਸ ਨੂੰ ਕਾਬੂ ਕਰਕੇ ਨਾਮ ਪਤਾ ਪੁਛਿਆ ਜਿਸ ਨੇ ਆਪਣਾ ਨਾਮ ਮਨਪ੍ਰੀਤ ਸਿੰਘ ਵਾਸੀ ਮਨਸੂਰਵਾਲ ਬੇਟ ਥਾਣਾ ਢਿੱਲਵਾ ਜਿਲਾ ਕਪੂਰਥਲਾ ਦੱਸਿਆ ਜਿਸ ਤੇ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ ਹੈ।

# ਵਰਕਰ ਬੂਥ ਪੱਧਰ 'ਤੇ ਪਾਰਟੀ ਦੀ ਮਜ਼ਬੂਤੀ ਲਈ ਹੁਣ ਤੋਂ ਹੀ ਜੁੱਟ ਜਾਣ : ਤਲਵਾੜ




**ਮੇਹਟਿਆਣਾ/ਹੁਸ਼ਿਆਰਪੁਰ (ਜਗਤਾਰ ਸਿੰਘ ਭੁੰਗਰਨੀ, ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਅਤੇ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਸੰਜੀਵ ਤਲਵਾੜ ਨੇ ਸਰਕਲ ਜਹਾਨ ਖੇਲਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਵਰਕਰਾਂ ਨੂੰ ਬੂਥ ਪੱਧਰ 'ਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਹੁਣ ਤੋਂ ਹੀ ਸਰਗਰਮ ਹੋਣ ਦਾ ਸੱਦਾ ਦਿੱਤਾ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦੇ ਹਿੱਤਾਂ ਦੀ ਮਜ਼ਬੂਤ ਆਵਾਜ਼ ਬਣ ਸਕਦਾ ਹੈ। ਸਰਕਲ ਪ੍ਰਧਾਨ ਜਗਤਾਰ ਸਿੰਘ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਨਿਰਦੇਸ਼ਾਂ ਅਨੁਸਾਰ ਹਲਕੇ ਵਿੱਚ ਪਾਰਟੀ ਨੂੰ ਬੂਥ ਪੱਧਰ 'ਤੇ ਮਜ਼ਬੂਤ ਕੀਤਾ ਜਾਵੇਗਾ। ਇਸ ਮੌਕੇ ਵਪਾਰ ਸੈੱਲ ਪੰਜਾਬ ਦੇ ਸੀਨੀਅਰ ਵਾਈਸ ਪ੍ਰਧਾਨ ਇਕਬਾਲ ਸਿੰਘ ਗੋਪੀ ਨੇ ਵਪਾਰੀਆਂ ਦੀ ਸੁਰੱਖਿਆ ਦਾ ਮੁੱਦਾ ਉਠਾਉਂਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਵਪਾਰੀਆਂ ਦੀਆਂ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣਗੀਆਂ। ਮੀਟਿੰਗ ਵਿੱਚ ਸਰਕਲ ਜਹਾਨ ਖੇਲਾਂ ਦੇ ਸਮੂਹ ਅਹੁਦੇਦਾਰ ਹਾਜ਼ਰ ਸਨ।

# ਬਾਬਾ ਮਾਹਨ ਦਾਸ ਦੇ ਜਨਮ ਉਤਸਵ ਸਮਾਗਮ ਸ਼ਰਧਾ-ਪੂਰਵਕ ਮਨਾਏ

**ਹੁਸ਼ਿਆਰਪੁਰ (ਓ ਪੀ ਰਾਣਾ)**- ਮਹਾਨ ਤਪੱਸਵੀ, ਬ੍ਰਹਮਲੀਨ ਸੰਤ ਬਾਬਾ ਮਾਹਨ ਦਾਸ ਦੇ ਜਨਮ ਉਤਸਵ ਸਮਾਗਮ ਡੇਰਾ ਮਹਾਨਪੁਰੀ ਸਾਹਰੀ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਬਾਬਾ ਬਲਵੀਰ ਦਾਸ ਦੀ ਰਹਿਨੁਮਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਅਖੰਡ ਪਾਠ ਦੇ ਭੋਗ ਤੇ ਸਰਬੱਤ ਦੇ ਭਲੇ ਦੀ ਅਰਦਾਸ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਜਥੇ ਭਾਈ ਨਿਰਮਾਣ ਸਿੰਘ ਹੈੱਡ ਗ੍ਰੰਥੀ ਡੇਰਾ ਮਹਾਨਪੁਰੀ ਸਾਹਰੀ, ਭਾਈ ਮਨਜਿੰਦਰ ਸਿੰਘ, ਭਾਈ ਜਗਰੂਪ ਸਿੰਘ ਭੁੰਗੇ ਵਾਲੇ, ਭਾਈ ਵਰਿੰਦਰ ਸਿੰਘ ਖੱਖ, ਭਾਈ ਮੋਹਣ ਸਿੰਘ ਬਾਵਾ, ਭਾਈ ਜਸ਼ਪਾਲ ਸਿੰਘ ਦੇ ਜਥੇ ਨੇ ਰਸਭਿੰਨਾ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।

ਇਸ ਮੌਕੇ ਪੰਜਾਬ ਦੇ ਵੱਖ ਵੱਖ ਡੇਰਿਆਂ ਅਤੇ ਸੰਪਰਦਾਵਾਂ ਦੇ ਸੰਤਾਂ ਮਹਾਂਪੁਰਸ਼ਾਂ, ਸਮਾਜਕ ਤੇ ਰਾਜਨੀਤਕ ਆਗੂਆਂ ਤੇ ਬੁੱਧੀਜੀਵੀਆਂ ਵੱਲੋਂ ਸੰਤ ਮਾਹਨ ਦਾਸ ਦੇ ਮਹਾਨ ਜੀਵਨ ਅਤੇ ਸੰਗਤਾਂ ਲਈ ਕੀਤੇ ਪਰਉਪਕਾਰਾਂ ਬਾਰੇ ਵੱਡੀ ਗਿਣਤੀ 'ਚ ਹਾਜ਼ਰ ਸੰਗਤਾਂ ਨੂੰ ਜਾਣੂ ਕਰਾਇਆ।

ਇਸ ਮੌਕੇ ਸੰਤ ਸਰਵਣ ਦਾਸ ਸਲੇਮਟਾਵਰੀ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਸਾਂਈ ਪੱਪਲ ਸ਼ਾਹ ਭਰੋਮਜਾਰਾ, ਸੰਤ ਧਰਮਪਾਲ ਸ਼ੇਰਗੜ, ਸੰਤ ਬਲਵੰਤ ਸਿੰਘ ਡਿੰਗਰੀਆਂ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਜਸ਼ਪਾਲ ਸਿੰਘ ਓਡਰਾ, ਸੰਤ ਗਵਰਧਨ ਦਾਸ ਰਹਿਮਾਬਾਦ, ਸੰਤ ਗੁਰਚਰਨ ਦਾਸ ਸ਼ਾਮ ਚੌਰਾਸੀ, ਸੰਤ ਬਾਬਾ ਬਿਕਰਮ ਦਾਸ ਨਾਰੰਗਪੁਰ ਕੋਠੀ, ਮਿਸ਼ਨਰੀ ਗਾਇਕ ਵਿੱਕੀ ਬਹਾਦਰਕੇ ਨੇ ਸੰਤ ਮਾਹਨ ਦਾਸ ਦੇ ਜਨਮ ਦਿਨ ਤੇ ਸੰਗਤਾਂ ਨੂੰ ਮੁਬਾਰਕਬਾਦ ਦਿੱਤੀ। ਸਟੇਜ ਸਕੱਤਰ ਦੀ ਸੇਵਾ ਪੱਤਰਕਾਰ ਸਤਵੰਤ ਸਿੰਘ ਥਿਆੜਾ ਨੇ ਨਿਭਾਈ। ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਅਤੇ ਕਈ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਵਲੋਂ ਵੀ ਹਾਜ਼ਰੀ ਭਰੀ। ਸੰਤ ਬਲਵੀਰ ਦਾਸ ਵੱਲੋਂ ਆਏ ਹੋਏ ਸੰਤਾਂ ਮਹਾਂਪੁਰਸ਼ਾਂ, ਸਮਾਜਕ ਤੇ ਰਾਜਨੀਤਕ ਸਖ਼ਸ਼ੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਅਤੇ ਧੰਨਵਾਦ ਕੀਤਾ। ਇਸ ਮੌਕੇ ਸੇਵਾਦਾਰ ਮਨਜਿੰਦਰ ਸਿੰਘ, ਪਰਮਵੀਰ ਸਿੰਘ, ਪ੍ਰੇਮ ਸਿੰਘ ਡਿਵਿਡਾ ਰਿਹਾਣਾ, ਪ੍ਰੇਮ ਪਾਲ ਦਿੱਲੀ, ਜੋਗਿੰਦਰ ਲਾਲਾ, ਰਾਜ ਕੁਮਾਰ ਸਾਹਰੀ, ਓਂਕਾਰ ਸਿੰਘ ਕੰਦੋਲਾ, ਓਂਕਾਰ ਸਿੰਘ ਕੰਧਾਲੀ, ਸੁਲਿੰਦਰਜੀਤ ਪਾਲ ਛਿੰਦਾ, ਅਰਮਾਨ ਸਿੰਘ ਸੰਧਰਾਂ ਸੋਢੀਆਂ, ਸੋਹਣ ਸਿੰਘ ਲੰਬੜਦਾਰ, ਸਰਪੰਚ ਜਸਵੀਰ ਸਿੰਘ ਗੋਲਡੀ, ਅਮਰਦੇਵ ਜੇਤੇਵਾਲੀ,ਬਿੱਟੂ ਜੇਤੇਵਾਲੀ, ਲਛਮੀ ਦੇਵੀ, ਜਸਵੀਰ ਕੌਰ, ਬਲਜੀਤ ਕੌਰ, ਰਾਜ ਰਾਣੀ, ਬਿੱਟੂ ਸੇਖੋ, ਸ਼ਾਮ ਲਾਲ ਕੰਧਾਲੀ ਨਾਰੰਗਪੁਰ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।



# ਪੰਜਾਬ 'ਵਰਸਿਟੀ ਦੀਆਂ ਚੋਣਾਂ 'ਚ ਭਿੰਡਰ ਨੇ ਜਿੱਤ ਹਾਸਲ ਕੀਤੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਵਿਦਿਆਰਥੀ ਚੋਣਾਂ ਵਿੱਚ ਲਾਅ ਵਿਭਾਗ ਦੇ ਵਿਦਿਆਰਥੀ ਅਤੇ ਪੰਜਾਬ ਯੂਨੀਵਰਸਿਟੀ ਡੈਮੋਕ੍ਰੇਟਿਕ ਫਰੰਟ ਦੇ ਉਮੀਦਵਾਰ ਅਰਮਾਨ ਸਿੰਘ ਭਿੰਡਰ ਨੇ ਸ਼ਾਨਦਾਰ ਜਿੱਤ ਦਰਜ ਕਰਦਿਆਂ ਆਪਣੀ ਲੀਡਰਸ਼ਿਪ ਦਾ ਲੋਹਾ ਮਨਵਾਇਆ ਹੈ। ਉਨ੍ਹਾਂ ਨੇ 3322 ਵੋਟਾਂ ਪ੍ਰਾਪਤ ਕਰਕੇ ਆਪਣੇ ਵਿਰੋਧੀ ਨੂੰ 511 ਵੋਟਾਂ ਦੇ ਵੱਡੇ ਫਰਕ ਨਾਲ ਮਾਤ ਦਿੱਤੀ। ਅਰਮਾਨ ਸਿੰਘ ਭਿੰਡਰ ਦੀ ਇਸ ਜਿੱਤ ਦੀ ਖਾਸ ਗੱਲ ਇਹ ਰਹੀ ਕਿ ਉਨ੍ਹਾਂ ਨੇ ਆਜ਼ਾਦ ਉਮੀਦਵਾਰ ਵਜੋਂ ਚੋਣ ਲੜੀ ਅਤੇ ਜਿੱਤ ਤੋਂ ਬਾਅਦ ਵੀ ਆਜ਼ਾਦ ਰਹਿ ਕੇ ਵਿਦਿਆਰਥੀਆਂ ਦੀ ਆਵਾਜ਼ ਬੁਲੰਦ ਕਰਨ ਦਾ ਸੰਕਲਪ ਪ੍ਰਗਟਾਇਆ।ਪੀ ਯੂ ਡੀ ਐੱਫ ਵੱਲੋਂ ਉਨ੍ਹਾਂ ਨੂੰ ਉਪ-ਪ੍ਰਧਾਨ ਦੇ ਅਹੁਦੇ ਲਈ ਮੈਦਾਨ ਵਿੱਚ ਉਤਾਰਿਆ ਗਿਆ ਸੀ। ਚੋਣ ਨਤੀਜਿਆਂ ਤੋਂ ਬਾਅਦ ਉਨ੍ਹਾਂ ਦੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਅਰਮਾਨ ਸਿੰਘ ਭਿੰਡਰ ਲੰਬੇ ਸਮੇਂ ਤੋਂ ਵਿਦਿਆਰਥੀ ਸਰਗਰਮੀਆਂ ਨਾਲ ਜੁੜੇ ਹੋਏ ਹਨ ਅਤੇ ਕੈਂਪਸ ਪ੍ਰਧਾਨ ਵਜੋਂ ਵੀ ਵਿਦਿਆਰਥੀਆਂ ਨਾਲ ਲਗਾਤਾਰ ਸੰਪਰਕ ਵਿੱਚ ਰਹੇ ਹਨ। ਉਹ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਅੱਗੇ ਰਹਿੰਦੇ ਹਨ। ਸੇਵਾ, ਮਿਹਨਤ ਅਤੇ ਲੋਕ-ਹਿਤ ਦੀ ਭਾਵਨਾ ਉਨ੍ਹਾਂ ਨੂੰ ਪਰਵਾਰਕ ਵਿਰਾਸਤ ਵਿੱਚੋਂ ਮਿਲੀ ਹੈ। ਅਰਮਾਨ ਸਿੰਘ ਭਿੰਡਰ ਦੀ ਜਿੱਤ 'ਤੇ ਸਾਬਕਾ ਕੈਬਨਿਟ ਮੰਤਰੀ ਤੇ ਅਕਾਲੀ ਦਲ ਦੇ ਬੁਲਾਰੇ ਡਾ. ਦਲਜੀਤ ਸਿੰਘ ਚੀਮਾ, ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਹਰਦੇਵ ਸਿੰਘ, ਪ੍ਰਿੰਸੀਪਲ ਡਾ. ਜਸਵੀਰ ਸਿੰਘ, ਬੀਬੀ ਕੁਲਵਿੰਦਰ ਕੌਰ, ਸੰਦੀਪ ਸਿੰਘ ਕਲੋਤਾ, ਜਥੇਦਾਰ ਸੰਤੋਖ ਸਿੰਘ, ਤਲਵਿੰਦਰ ਸਿੰਘ ਬੁਟਰ, ਪ੍ਰਿਤਪਾਲ ਸਿੰਘ ਗੰਡਾ ਅਤੇ ਦਵਿੰਦਰ ਸਿੰਘ ਢਿੱਲੋਂ ਸਮੇਤ ਵੱਖ-ਵੱਖ ਆਗੂਆਂ ਨੇ ਵਧਾਈ ਦਿੱਤੀ।




## ਜਨਮ ਦਿਨ ਮੁਬਾਰਕ



ਸਹਿਜਬੀਰ ਸਿੰਘ
ਜਲੰਧਰ



ਮਾਇਰਾ ਸੈਣੀ
ਹੁਸ਼ਿਆਰਪੁਰ